ਮੰਗਲਵਾਰ, 8 ਸਤੰਬਰ, 2026
23 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 98

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 8 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਐੱਸ ਕੇ ਐੱਮ ਵੱਲੋਂ ਮੋਰਚਾ ਫਤਿਹ

### ਪੰਜਾਬ ਸਰਕਾਰ ਦਰਿਆਈ ਪਾਣੀਆਂ ਦੇ ਸਮਝੌਤਿਆਂ ਦੀਆਂ ਕੁਝ ਮੱਦਾਂ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਰੱਦ ਕਰੇਗੀ

**ਮੁਹਾਲੀ (ਗੁਰਜੀਤ ਬਿੱਲਾ) :** ਪੰਜਾਬ ਸਰਕਾਰ ਅਤੇ ਸੰਯੁਕਤ ਕਿਸਾਨ ਮੋਰਚੇ ਵਿਚਾਲੇ ਬਣੀ ਸਹਿਮਤੀ ਮਗਰੋਂ ਚੰਡੀਗੜ੍ਹ ਦੀ ਸਰਹੱਦ 'ਤੇ ਪਿਛਲੇ ਸੱਤ ਦਿਨਾਂ ਤੋਂ ਚੱਲ ਰਿਹਾ ਕਿਸਾਨਾਂ ਦਾ ਧਰਨਾ ਸੋਮਵਾਰ ਸਮਾਪਤ ਹੋ ਗਿਆ। ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਖੁਦ ਧਰਨੇ ਵਾਲੇ ਸਥਾਨ 'ਤੇ ਪਹੁੰਚ ਕੇ ਕਿਸਾਨ ਆਗੂਆਂ ਨੂੰ ਪੰਜਾਬ ਸਰਕਾਰ ਦਾ ਪ੍ਰਵਾਨਗੀ ਪੱਤਰ ਸੌਂਪਿਆ ਅਤੇ ਸਟੇਜ ਤੋਂ ਸਰਕਾਰ ਨਾਲ ਸੰਬੰਧਤ ਸਾਰੀਆਂ ਮੰਗਾਂ ਨੂੰ ਪ੍ਰਵਾਨ ਕਰਨ ਦਾ ਐਲਾਨ ਕੀਤਾ। ਖੇਤੀਬਾੜੀ ਮੰਤਰੀ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੇ ਸਮਝੌਤਿਆਂ ਨੂੰ ਰੱਦ ਕਰਨ ਲਈ ਸੂਬਾ ਸਰਕਾਰ ਇਸੇ ਮਹੀਨੇ ਵਿਧਾਨ ਸਭਾ ਦਾ ਵਿਸ਼ੇਸ਼ ਅਜਲਾਸ ਸੱਦੇਗੀ। ਸਰਕਾਰ ਵੱਲੋਂ ਮੰਗਾਂ ਮੰਨੇ ਜਾਣ ਅਤੇ ਸਹਿਮਤੀ ਪੱਤਰ ਮਿਲਣ ਤੋਂ ਬਾਅਦ ਸੰਯੁਕਤ ਕਿਸਾਨ ਮੋਰਚੇ ਦੇ ਸਮੁੱਚੇ ਆਗੂ ਅਤੇ ਧਰਨੇ ਵਿੱਚ ਸ਼ਾਮਲ ਹਜ਼ਾਰਾਂ ਕਿਸਾਨ ਆਪੋ-ਆਪਣੇ ਘਰਾਂ ਨੂੰ ਰਵਾਨਾ ਹੋ ਗਏ।



ਇਸ ਤੋਂ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਦੇ ਸਮੁੱਚੇ ਆਗੂ ਫੇਜ਼-11 ਦੇ ਇੱਕ ਹੋਟਲ ਵਿੱਚ ਮੀਟਿੰਗ ਕਰਨ ਤੋਂ ਬਾਅਦ ਪੰਡਾਲ ਵੱਲ ਰਵਾਨਾ ਹੋਏ

• ਬਾਕੀ ਸਫਾ 2 'ਤੇ

## ਚੀਫ ਜਸਟਿਸ ਦੇ ਸਹੁੰ ਚੁੱਕ ਸਮਾਗਮ 'ਚ ਮਾਨ ਨਹੀਂ ਪਹੁੰਚੇ

**ਚੰਡੀਗੜ੍ਹ (ਨ ਜ਼ ਸ) :** ਪੰਜਾਬ ਕੈਬਨਿਟ ਵੱਲੋਂ ਕੇਂਦਰ ਸਰਕਾਰ ਨੂੰ ਸਹੁੰ ਚੁੱਕ ਸਮਾਗਮ ਰੋਕਣ ਦੀ ਅਪੀਲ ਦਰਮਿਆਨ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੇ ਸੋਮਵਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ 37ਵੇਂ ਚੀਫ ਜਸਟਿਸ ਵਜੋਂ ਸਹੁੰ ਚੁੱਕ ਲਈ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ ਵਿੱਚ ਉਨ੍ਹਾਂ ਨੂੰ ਸਹੁੰ ਚੁਕਾਈ। ਪੰਜਾਬ ਸਰਕਾਰ ਨੇ ਜਸਟਿਸ ਮਿਸ਼ਰਾ ਦੀ ਨਿਯੁਕਤੀ 'ਤੇ ਇਤਰਾਜ਼ ਜਤਾਇਆ ਸੀ ਅਤੇ ਸਹੁੰ ਚੁੱਕ ਸਮਾਗਮ ਤੋਂ ਪਹਿਲਾਂ ਕੇਂਦਰ ਨੂੰ ਪੰਜਾਬ ਸਰਕਾਰ ਦੀ ਸਹਿਮਤੀ ਲੈਣ ਦੀ ਪ੍ਰਕਿਰਿਆ ਨੂੰ ਮੁਕੰਮਲ ਕਰਨ ਲਈ ਕਿਹਾ ਸੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਮਾਗਮ 'ਚੋਂ ਗੈਰਹਾਜ਼ਰ ਰਹੇ, ਜਦੋਂ ਕਿ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਮੌਜੂਦ ਸਨ। ਪੰਜਾਬ ਦੀਆਂ ਸਿਆਸੀ ਹਸਤੀਆਂ 'ਚੋਂ ਸਿਰਫ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਮਜੀਠੀਆ ਹਾਜ਼ਰ ਹੋਏ। ਮੁੱਖ ਮੰਤਰੀ ਭਗਵੰਤ ਮਾਨ ਸਮੇਤ ਸਾਰੀਆਂ ਹਸਤੀਆਂ ਨੂੰ ਸੱਦਾ ਦਿੱਤਾ ਗਿਆ ਸੀ। ਪੰਜਾਬ ਦੇ ਮੁੱਖ ਸਕੱਤਰ ਸਿਨਹਾ, ਡੀ ਜੀ ਪੀ ਅਤੇ ਐਡਵੋਕੇਟ ਜਨਰਲ ਹਾਜ਼ਰ ਸਨ।

ਸਹੁੰ ਚੁੱਕਣ ਤੋਂ ਦੋ ਘੰਟਿਆਂ ਤੋਂ ਵੀ ਘੱਟ ਸਮੇਂ ਬਾਅਦ, ਚੀਫ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਨੇ ਸੋਮਵਾਰ ਮਹੱਤਵਪੂਰਨ ਮਹਿਗਾਈ ਭੱਤੇ (ਡੀ ਏ) ਦੇ ਮਾਮਲੇ ਦੀ ਸੁਣਵਾਈ ਦੌਰਾਨ ਆਪਣੇ ਕਾਰਜਕਾਲ ਦਾ ਸਖਤ ਰੁਖ ਸਪੱਸ਼ਟ ਕਰਦਿਆਂ ਕਿਹਾ ਕਿ ਅਦਾਲਤ ਕਿਸੇ ਵੀ ਦਬਾਅ ਅੱਗੇ ਨਹੀਂ ਝੁਕੇਗੀ ਅਤੇ ਕਾਨੂੰਨ ਦੇ ਰਾਜ ਤੇ ਸੰਵਿਧਾਨ ਪ੍ਰਤੀ ਆਪਣੀ ਸਹੁੰ ਦੇ ਦਾਇਰੇ ਵਿੱਚ ਕੰਮ ਕਰੇਗੀ। ਇਹ ਬਿਆਨ ਉਸ ਸਮੇਂ ਸਾਹਮਣੇ ਆਇਆ ਜਦੋਂ ਚੀਫ ਜਸਟਿਸ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੀ ਡਵੀਜ਼ਨ ਬੈਂਚ ਨੇ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਬਕਾਇਆ ਡੀ ਏ/ਡੀ ਆਰ ਦੀ ਅਦਾਇਗੀ ਸੰਬੰਧੀ ਅਦਾਲਤ ਦੇ ਹੁਕਮਾਂ ਦੀ ਪਾਲਣਾ ਨਾਲ ਜੁੜੀਆਂ ਅਰਜ਼ੀਆਂ ਦੀ ਸੁਣਵਾਈ ਦੌਰਾਨ ਸੂਬੇ ਦੇ ਵਕੀਲ ਵੱਲੋਂ ਉੱਚੀ ਆਵਾਜ਼ ਵਿੱਚ ਬੋਲਣ 'ਤੇ ਸਖਤ ਇਤਰਾਜ਼ ਜਤਾਇਆ।



ਚੀਫ ਜਸਟਿਸ ਮਿਸ਼ਰਾ ਨੇ ਕਿਹਾ, "ਇਹ ਅਦਾਲਤ ਕਾਨੂੰਨ ਦੇ ਰਾਜ ਅਧੀਨ ਚੱਲੇਗੀ ਅਤੇ ਇਹ ਸੰਸਥਾ ਕਿਸੇ ਵੀ ਕਿਸਮ ਦੇ ਹਥਕੰਡਿਆਂ ਅੱਗੇ ਨਹੀਂ ਝੁਕੇਗੀ। ਇਸ ਲਈ ਅਸੀਂ ਪੂਰੀ ਤਰ੍ਹਾਂ ਕਾਨੂੰਨ ਮੁਤਾਬਕ ਚੱਲਾਂਗੇ। ਅਸੀਂ ਸੰਵਿਧਾਨ ਦੀ ਸਹੁੰ ਚੁੱਕੀ ਹੈ ਅਤੇ ਅਸੀਂ ਜਾਣਦੇ ਹਾਂ ਕਿ ਆਪਣੀ ਸਹੁੰ ਨੂੰ ਕਿਵੇਂ ਨਿਭਾਉਣਾ ਹੈ ਅਤੇ ਇਸ ਦੀ ਰੱਖਿਆ ਕਿਵੇਂ ਕਰਨੀ ਹੈ।"

ਬੈਂਚ ਨੇ ਇਹ ਵੀ ਸਪੱਸ਼ਟ ਕਰ ਦਿੱਤਾ ਕਿ ਉਹ ਕਿਸੇ ਵੀ ਧਿਰ ਦੀਆਂ ਦਲੀਲਾਂ ਤੋਂ ਪ੍ਰਭਾਵਤ ਨਹੀਂ ਹੋਵੇਗੀ। ਚੀਫ ਜਸਟਿਸ ਨੇ ਕਿਹਾ, "ਕਿਸੇ ਵੀ ਪੱਖ ਵੱਲੋਂ ਟਿੱਪਣੀ ਨਾ ਕੀਤੀ ਜਾਵੇ! ਤੁਹਾਡੇ ਕੋਲ ਕਹਿਣ ਜਾਂ ਕਰਨ ਲਈ ਬਹੁਤ ਕੁਝ ਹੋ ਸਕਦਾ ਹੈ, ਪਰ ਅਸੀਂ ਕਾਨੂੰਨ ਮੁਤਾਬਕ ਚੱਲਾਂਗੇ। ਅਸੀਂ ਸੰਵਿਧਾਨ ਦੀ ਸਹੁੰ ਚੁੱਕੀ ਹੈ।"

ਇਹ ਟਿੱਪਣੀਆਂ ਬੈਂਚ ਦੇ ਉਸ ਅਗਸਤ ਮਹੀਨੇ ਦੇ ਆਦੇਸ਼ ਤੋਂ ਪੈਦਾ ਹੋਈਆਂ ਅਰਜ਼ੀਆਂ ਦੀ ਸੁਣਵਾਈ ਦੌਰਾਨ ਆਈਆਂ, ਜਿਸ ਵਿੱਚ ਪੰਜਾਬ ਸਰਕਾਰ ਨੂੰ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ ਏ/ਡੀ ਆਰ ਦੀਆਂ ਸਾਰੀਆਂ ਬਕਾਇਆ ਕਿਸ਼ਤਾਂ 31 ਅਗਸਤ ਤੱਕ ਜਾਰੀ ਕਰਨ ਅਤੇ ਪਾਲਣਾ ਹਲਫਨਾਮਾ ਦਾਖਲ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਅਦਾਲਤ ਨੇ ਇਹ ਵੀ ਹੁਕਮ ਦਿੱਤਾ ਸੀ ਕਿ ਜਦੋਂ ਤੱਕ ਬਕਾਏ ਨਹੀਂ ਕਲੀਅਰ ਕੀਤੇ ਜਾਂਦੇ, ਰਾਜ ਸਰਕਾਰ ਪ੍ਰਿੰਟ ਜਾਂ ਸੋਸ਼ਲ ਮੀਡੀਆ 'ਤੇ ਵਿਗਿਆਪਨ ਮੁਹਿੰਮਾਂ ਵਰਗੇ ਗੈਰ-ਉਤਪਾਦਕ ਖਰਚੇ ਨਾ ਕਰੇ। ਇਸ ਹੁਕਮ ਨੂੰ ਬਾਅਦ ਵਿੱਚ ਸੂਬਾ ਸਰਕਾਰ ਵੱਲੋਂ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਸੀ। ਇੱਕ ਅਰਜ਼ੀਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਸੰਜੇ ਕੌਸ਼ਲ ਨੇ ਦੱਸਿਆ ਕਿ ਪੰਜਾਬ ਨੇ 31 ਅਗਸਤ ਤੋਂ ਬਾਅਦ ਆਪਣੀ ਚੁਣੌਤੀ ਦਾਖਲ ਕੀਤੀ ਹੈ ਅਤੇ ਸੁਪਰੀਮ ਕੋਰਟ ਰਜਿਸਟਰੀ ਵੱਲੋਂ ਕੱਢੀਆਂ ਗਈਆਂ ਖਾਮੀਆਂ ਨੂੰ ਹਾਲੇ ਦੂਰ ਕੀਤਾ ਜਾਣਾ ਬਾਕੀ

• ਬਾਕੀ ਸਫਾ 2 'ਤੇ

## ਇੰਜੀਨੀਅਰਾਂ ਵੱਲੋਂ ਬਿਜਲੀ ਉਤਪਾਦਨ ਸਮਰੱਥਾ ਵਧਾਉਣ ਦੀ ਫੌਰੀ ਲੋੜ 'ਤੇ ਜ਼ੋਰ

**ਪਟਿਆਲਾ :** ਪੀ ਐੱਸ ਈ ਬੀ ਇੰਜੀਨੀਅਰਜ਼ ਐਸੋਸੀਏਸ਼ਨ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਪੱਤਰ ਲਿਖ ਕੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਸੁਰੱਖਿਅਤ ਰੱਖਣ ਅਤੇ ਬਿਜਲੀ ਦੇ ਸੰਕਟ ਨਾਲ ਨਜਿੱਠਣ ਲਈ ਸੂਬੇ ਵਿੱਚ ਬਿਜਲੀ ਉਤਪਾਦਨ ਸਮਰੱਥਾ ਨੂੰ ਤੁਰੰਤ ਵਧਾਉਣ 'ਤੇ ਜ਼ੋਰ ਦਿੱਤਾ ਹੈ।

ਐਸੋਸੀਏਸ਼ਨ ਨੇ ਲਿਖਿਆ ਹੈ ਕਿ ਪੰਜਾਬ ਦੇ ਬਿਜਲੀ ਇੰਜੀਨੀਅਰਾਂ ਦੀ ਨੁਮਾਇੰਦਗੀ ਕਰਨ ਵਾਲੀ ਪੇਸ਼ੇਵਰ ਐਸੋਸੀਏਸ਼ਨ ਹੋਣ ਦੇ ਨਾਤੇ ਸਾਡਾ ਗੰਭੀਰ ਫਰਜ਼ ਬਣਦਾ ਹੈ ਕਿ ਅਸੀਂ ਸਰਕਾਰ ਨੂੰ ਸੂਬੇ ਦੇ ਬਿਜਲੀ ਖੇਤਰ ਨੂੰ ਦਰਪੇਸ਼ ਵਿੱਤੀ ਅਤੇ ਬਿਜਲੀ ਸੰਕਟ ਬਾਰੇ ਸੁਚੇਤ ਕਰੀਏ। ਜਦੋਂ ਤੱਕ ਸੂਬੇ ਦੇ ਅੰਦਰ ਉਤਪਾਦਨ ਸਮਰੱਥਾ ਵਧਾਉਣ ਲਈ ਤੁਰੰਤ ਕਦਮ ਨਹੀਂ ਚੁੱਕੇ ਜਾਂਦੇ, ਆਉਣ ਵਾਲੇ ਸਾਲਾਂ ਵਿੱਚ ਸਥਿਤੀ ਹੋਰ ਵੀ ਗੰਭੀਰ ਹੋਣ ਦੀ ਸੰਭਾਵਨਾ ਹੈ।

ਪੱਤਰ ਵਿੱਚ ਅੱਗੇ ਜ਼ਿਕਰ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਸਬਸਿਡੀ ਦੇ ਬਕਾਏ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵੱਲੋਂ ਬਿਜਲੀ ਦੇ ਬਿੱਲਾਂ ਦੀ ਅਦਾਇਗੀ ਵਿੱਚ ਲਗਾਤਾਰ ਹੋ ਰਹੀ ਦੇਰੀ ਕਾਰਨ ਪੀ ਐੱਸ ਪੀ ਸੀ ਐੱਲ ਦੀ ਵਿੱਤੀ ਹਾਲਤ ਲਗਾਤਾਰ ਕਮਜ਼ੋਰ ਹੋ ਰਹੀ ਹੈ। ਚਾਲੂ ਵਿੱਤੀ ਸਾਲ ਦੌਰਾਨ ਹੀ ਇਸ ਨੂੰ ਆਪਣੀਆਂ ਅਸਲ ਖਰਚਾ ਜ਼ਰੂਰਤਾਂ ਦੇ ਮੁਕਾਬਲੇ ਲਗਭਗ 7,800 ਕਰੋੜ ਰੁਪਏ ਦੇ ਮਾਲੀਏ ਦੇ ਘਾਟੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਤੋਂ ਇਲਾਵਾ ਇਸ ਨੂੰ ਊਰਜਾ ਐਕਸਚੇਂਜਾਂ ਤੋਂ ਮਹਿੰਗੀ ਬਿਜਲੀ ਖਰੀਦਣ ਲਈ ਨਿਰਭਰ ਹੋਣਾ ਪੈਂਦਾ ਹੈ।



ਐਸੋਸੀਏਸ਼ਨ ਦੇ ਜਨਰਲ ਸਕੱਤਰ ਅਜੈਪਾਲ ਸਿੰਘ ਅਟਵਾਲ ਨੇ ਪੱਤਰ ਵਿੱਚ ਅੱਗੇ ਦੱਸਿਆ ਹੈ ਕਿ ਅੰਤਰ-ਰਾਜ ਬਿਜਲੀ ਬੈਂਕਿੰਗ ਪ੍ਰਬੰਧਾਂ ਦੀ ਵਧਦੀ ਗ਼ੈਰ-ਭਰੋਸੇਯੋਗਤਾ ਕਾਰਨ ਇਹ ਕਮਜ਼ੋਰੀ ਹੋਰ ਵੀ ਵਧ ਜਾਂਦੀ ਹੈ। ਉਦਾਹਰਣ ਵਜੋਂ ਹਿਮਾਚਲ ਪ੍ਰਦੇਸ਼ ਵਰਗੇ ਪਣ-ਬਿਜਲੀ ਨਾਲ ਭਰਪੂਰ ਰਾਜਾਂ ਨੇ ਪੰਜਾਬ ਨਾਲ ਬਿਜਲੀ ਬੈਂਕਿੰਗ ਕਰਨ ਦੀ ਬਜਾਏ ਗਰਮੀ ਦੇ ਪੀਕ ਮਹੀਨਿਆਂ ਦੌਰਾਨ ਓਪਨ-ਮਾਰਕੀਟ ਦੀਆਂ ਉੱਚੀਆਂ ਕੀਮਤਾਂ ਦਾ ਲਾਭ ਉਠਾਉਣ ਨੂੰ ਤਰਜੀਹ ਦਿੱਤੀ ਹੈ।

ਰਾਜ ਤੋਂ ਬਾਹਰੋਂ ਖਰੀਦੀ ਜਾ ਰਹੀ ਬਿਜਲੀ ਦੀ ਮਾਤਰਾ ਅਤੇ ਇਸ ਨਾਲ ਜੁੜੇ ਵਿੱਤੀ ਬੋਝ ਦੀ ਤੁਰੰਤ ਨੀਤੀਗਤ ਸਮੀਖਿਆ ਦੀ ਲੋੜ ਹੈ। ਐਸੋਸੀਏਸ਼ਨ ਨੇ ਅਪੀਲ ਕੀਤੀ ਹੈ ਕਿ ਉਤਪਾਦਨ ਸਮਰੱਥਾ ਨੂੰ ਵਧਾਉਣ ਨੂੰ ਤੁਰੰਤ ਅਤੇ ਗੰਭੀਰ ਰਣਨੀਤਕ ਤਰਜੀਹ ਵਜੋਂ ਲਿਆ ਜਾਵੇ ਅਤੇ ਪਾਵਰ ਕਾਰਪੋਰੇਸ਼ਨ ਨੂੰ ਤੁਰੰਤ ਆਧਾਰ 'ਤੇ ਹੇਠ ਲਿਖੇ ਉਤਪਾਦਨ ਪ੍ਰੋਜੈਕਟਾਂ ਨੂੰ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਜਾਣ।

### ਪੰਜਾਬ 'ਚ ਬਿਜਲੀ ਦੀ ਮੰਗ ਤੇ ਸਪਲਾਈ 'ਚ 1850 ਮੈਗਾਵਾਟ ਦਾ ਵੱਡਾ ਖੱਪਾ

**ਚੰਡੀਗੜ੍ਹ (ਨ ਜ਼ ਸ) :** ਦੇਸ਼-ਭਰ ਵਿੱਚ ਚੱਲ ਰਹੀ ਕੋਲੇ ਦੀ ਭਾਰੀ ਘਾਟ ਕਾਰਨ ਪੰਜਾਬ ਨੂੰ ਬਿਜਲੀ ਦੀ ਉਪਲੱਬਧਤਾ ਵਿੱਚ ਲੱਗਭੱਗ 1,850 ਮੈਗਾਵਾਟ ਦੀ ਵੱਡੀ ਕਮੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸੰਕਟ ਨੇ ਕੇਂਦਰੀ ਖੇਤਰ ਦੇ ਥਰਮਲ ਪਾਵਰ ਸਟੇਸ਼ਨਾਂ ਤੋਂ ਮਿਲਣ ਵਾਲੇ ਸੂਬੇ ਦੇ ਹਿੱਸੇ ਅਤੇ ਰਾਜਪੁਰਾ ਸਥਿਤ ਥਰਮਲ ਪਲਾਂਟ ਦੇ ਉਤਪਾਦਨ, ਦੋਵਾਂ ਨੂੰ ਹੀ ਗੰਭੀਰ ਰੂਪ ਵਿੱਚ ਪ੍ਰਭਾਵਤ ਕੀਤਾ ਹੈ। ਇਸ ਦੇ ਨਤੀਜੇ ਵਜੋਂ ਉਦਯੋਗਪਤੀਆਂ ਵਿੱਚ ਭਾਰੀ ਰੋਸ ਹੈ। ਇਸ ਤੋਂ ਇਲਾਵਾ ਅਣਐਲਾਨੇ ਬਿਜਲੀ ਕੱਟਾਂ ਕਾਰਨ ਘਰੇਲੂ ਅਤੇ ਖੇਤੀਬਾੜੀ ਖਪਤਕਾਰ ਵੀ ਬੁਰੇ ਤਰੀਕੇ ਨਾਲ ਪ੍ਰਭਾਵਤ ਹੋ ਰਹੇ ਹਨ। ਸੂਬਾ ਬਿਜਲੀ ਅਥਾਰਟੀ ਵੱਲੋਂ ਜਾਰੀ ਅੰਕੜਿਆਂ ਮੁਤਾਬਕ

• ਬਾਕੀ ਸਫਾ 2 'ਤੇ

## ਮ੍ਰਿਤਕ ਦੇ ਨਕਲੀ ਗੋਡੇ ਕੱਢ ਕੇ ਲੈ ਗਿਆ

**ਬਠਿੰਡਾ (ਪਰਵਿੰਦਰ ਜੀਤ ਸਿੰਘ) :** ਅਪਰਾਧ ਦੀ ਦੁਨੀਆ ਵਿੱਚ ਚੋਰੀ ਦੀਆਂ ਵਾਰਦਾਤਾਂ ਦੇ ਕਈ ਹੈਰਾਨ ਕਰਨ ਵਾਲੇ ਮਾਮਲੇ ਸਾਹਮਣੇ ਆਉਂਦੇ ਹਨ, ਪਰ ਬਠਿੰਡਾ ਦੇ ਪਿੰਡ ਭਾਈ ਬਖ਼ਤੌਰ ਵਿੱਚ ਸਾਹਮਣੇ ਆਈ ਘਟਨਾ ਨੇ ਲੋਕਾਂ ਨੂੰ ਹੈਰਾਨੀ ਵਿੱਚ ਪਾ ਦਿੱਤਾ। ਇੱਥੇ ਇੱਕ ਵਿਅਕਤੀ ਨੇ ਸ਼ਮਸ਼ਾਨਘਾਟ ਤੋਂ ਮ੍ਰਿਤਕ ਦੇ ਨਕਲੀ ਗੋਡੇ ਹੀ ਚੋਰੀ ਕਰ ਲਏ। ਮ੍ਰਿਤਕ ਦੇ ਪਰਵਾਰ ਵਾਲਿਆਂ ਨੇ ਜਦੋਂ ਫੁੱਲ (ਅਸਥੀਆਂ) ਚੁਗਣ ਲਈ ਸ਼ਮਸ਼ਾਨਘਾਟ ਪਹੁੰਚ ਕੇ ਇਹ ਨਜ਼ਾਰਾ ਦੇਖਿਆ ਤਾਂ ਉਨ੍ਹਾਂ ਦੇ ਹੋਸ਼ ਉਡ ਗਏ।

ਪਿੰਡ ਭਾਈ ਬਖ਼ਤੌਰ ਦੇ ਉਜਾਗਰ ਸਿੰਘ (65) ਦੀ ਦੋ ਦਿਨ ਪਹਿਲਾਂ ਮੌਤ ਹੋ ਗਈ ਸੀ। ਉਨ੍ਹਾ ਗੋਡਿਆਂ ਵਿੱਚ ਨਕਲੀ ਜੋੜ ਪਵਾ ਰੱਖੇ ਸਨ। ਪਰਵਾਰ ਨੇ ਧਾਰਮਿਕ ਰੀਤੀ-ਰਿਵਾਜ਼ਾਂ ਅਨੁਸਾਰ ਉਨ੍ਹਾ ਦਾ ਅੰਤਮ ਸੰਸਕਾਰ ਕਰ ਦਿੱਤਾ। ਅਗਲੇ ਦਿਨ ਜਦੋਂ ਪਰਵਾਰ ਦੇ ਜੀਅ ਅਸਥੀਆਂ ਚੁਗਣ ਲਈ ਸ਼ਮਸ਼ਾਨਘਾਟ ਪਹੁੰਚੇ ਤਾਂ ਉਨ੍ਹਾਂ ਨੂੰ ਪਤਾ ਲੱਗਾ ਕਿ ਮ੍ਰਿਤਕ ਦੇ ਸਰੀਰ ਵਿੱਚ ਲਗਾਏ ਗਏ ਦੋਵੇਂ ਨਕਲੀ ਗੋਡੇ ਗਾਇਬ ਹਨ। ਪਰਵਾਰ ਵਾਲਿਆਂ ਨੇ ਆਸ-ਪਾਸ ਭਾਲ ਸ਼ੁਰੂ ਕੀਤੀ ਤਾਂ ਇੱਕ ਸ਼ੱਕੀ ਵਿਅਕਤੀ ਚੋਰੀ ਕੀਤੇ ਗਏ ਨਕਲੀ ਗੋਡੇ ਲੈ ਕੇ ਉੱਥੋਂ ਨਿਕਲਦਾ ਦਿਖਾਈ ਦਿੱਤਾ। ਪਰਵਾਰ ਦੇ ਮੈਂਬਰਾਂ ਨੇ ਉਸ ਦਾ ਪਿੱਛਾ ਕੀਤਾ ਅਤੇ ਉਸ ਨੂੰ ਕਾਬੂ ਕਰ ਲਿਆ। ਫੜੇ ਗਏ ਵਿਅਕਤੀ ਕੋਲੋਂ ਮ੍ਰਿਤਕ ਦੇ ਗੋਡੇ ਬਰਾਮਦ ਹੋਣ ਦੀ ਗੱਲ ਸਾਹਮਣੇ ਆਈ ਹੈ। ਇਸ ਘਟਨਾ ਨੇ ਸ਼ਮਸ਼ਾਨਘਾਟਾਂ ਦੀ ਸੁਰੱਖਿਆ ਵਿਵਸਥਾ 'ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ।

### ਸਕੱਤਰੇਤ ਮੁਲਾਜ਼ਮਾਂ ਦੇ ਪ੍ਰਧਾਨ ਸੁਸ਼ੀਲ ਕੁਮਾਰ ਦਾ ਤਬਾਦਲਾ

**ਚੰਡੀਗੜ੍ਹ :** ਪੰਜਾਬ ਸਰਕਾਰ ਨੇ ਮੁਲਾਜ਼ਮਾਂ ਦੀ ਦੂਜੇ ਗੇੜ ਦੀ ਹੜਤਾਲ ਤੋਂ ਐਨ ਪਹਿਲਾਂ 'ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ' ਦੇ ਪ੍ਰਧਾਨ ਸੁਸ਼ੀਲ ਕੁਮਾਰ ਦਾ ਤਬਾਦਲਾ ਕਰ ਦਿੱਤਾ ਹੈ। ਸਾਂਝੀ ਤਾਲਮੇਲ ਕਮੇਟੀ ਨੇ ਮਹਿੰਗਾਈ ਭੱਤੇ ਦੇ ਬਕਾਏ ਸਮੇਤ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ 8 ਸਤੰਬਰ ਦੀ ਹੜਤਾਲ ਦਾ ਸੱਦਾ ਦਿੱਤਾ ਹੋਇਆ ਹੈ। ਸੁਸ਼ੀਲ ਕੁਮਾਰ ਨੂੰ ਸਕੱਤਰੇਤ ਦੀ ਲੇਖਾ-1 ਸ਼ਾਖਾ ਤੋਂ ਬਦਲ ਕੇ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਵਿੱਚ ਭੇਜ ਦਿੱਤਾ ਗਿਆ ਹੈ। ਬੋਰਡ ਦਾ ਦਫਤਰ ਮੁਹਾਲੀ 'ਚ ਹੈ। ਇਸ ਤੋਂ ਪਹਿਲਾਂ ਸਰਕਾਰ ਨੇ ਮੁਲਾਜ਼ਮ ਜਥੇਬੰਦੀ ਦੇ ਚੇਅਰਮੈਨ ਸੁਖਚੈਨ ਸਿੰਘ ਖਹਿਰਾ ਦਾ ਤਬਾਦਲਾ ਕੀਤਾ ਸੀ।

### ਮਾਨ ਸੰਜੀਵ ਅਰੋੜਾ ਨੂੰ ਮਿਲੇ

**ਗੁਰੂਗ੍ਰਾਮ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਅਰਵਿੰਦ ਕੇਜਰੀਵਾਲ ਸੋਮਵਾਰ ਨੂੰ ਗੁਰੂਗ੍ਰਾਮ ਦੀ ਭੋਂਡਸੀ ਜ਼ਿਲ੍ਹਾ ਜੇਲ੍ਹ ਵਿੱਚ ਬੰਦ ਕੈਬਨਿਟ ਮੰਤਰੀ ਸੰਜੀਵ ਅਰੋੜਾ ਨਾਲ 40 ਮਿੰਟ ਮੁਲਾਕਾਤ ਕੀਤੀ। ਯਾਦ ਰਹੇ ਕਿ ਤਿੰਨ ਮਹੀਨੇ ਪਹਿਲਾਂ 23 ਮਈ ਨੂੰ ਵੀ ਮਾਨ ਅਤੇ ਕੇਜਰੀਵਾਲ ਅਰੋੜਾ ਨੂੰ ਮਿਲੇ ਸਨ।

### ਭਾਰਦਵਾਜ 14 ਦਿਨਾਂ ਦੀ ਨਿਆਂਇਕ ਹਿਰਾਸਤ 'ਚ



**ਨਵੀਂ ਦਿੱਲੀ :** ਐਡੀਸ਼ਨਲ ਸੈਸ਼ਨ ਜੱਜ ਸੌਰਭ ਪ੍ਰਤਾਪ ਲਾਲੇਰ ਨੇ ਸੋਮਵਾਰ 38 ਸਾਲਾ ਸੱਜੇ-ਪੱਖੀ ਇਨਫਲੂੰਸਰ ਸਵਤੰਤਰ ਭਾਰਦਵਾਜ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ। ਸਵਤੰਤਰ ਭਾਰਦਵਾਜ ਆਪਣੀ ਪ੍ਰੋਫਾਈਲ 'ਤੇ ਆਪਣੇ ਆਪ ਨੂੰ 'ਸਵਤੰਤਰ ਸਨਾਤਨ ਯੋਧਾ' ਵਜੋਂ ਦਰਸਾਉਂਦਾ ਹੈ। ਉਸ ਨੇ ਜੰਤਰ-ਮੰਤਰ ਦੇ ਪ੍ਰੋਟੈੱਸਟ ਦੌਰਾਨ ਕਾਕਰੋਚ ਜਨਤਾ ਪਾਰਟੀ ਦੀ ਕਾਰਕੁੰਨ ਨਿਸ਼ੂ ਆਜ਼ਾਦ ਦੇ ਪਿਤਾ ਸੰਜੇ ਕੁਮਾਰ ਦਾ ਸਿਰ ਪਾੜਨ ਦਾ ਦਾਅਵਾ ਕੀਤਾ ਸੀ। ਇਸ ਤੋਂ ਬਾਅਦ ਪਏ ਦਬਾਅ ਹੇਠ ਪੁਲਸ ਨੇ ਉਸ ਨੂੰ ਯੂ ਪੀ ਤੋਂ ਗ੍ਰਿਫਤਾਰ ਕੀਤਾ ਸੀ।

## ਹਾਈ ਕੋਰਟ ਵੱਲੋਂ ਦਿੱਲੀ ਦੇ ਸਾਰੇ ਪੀ ਜੀ ਚੈੱਕ ਕਰਨ ਦੇ ਹੁਕਮ

**ਨਵੀਂ ਦਿੱਲੀ (ਨ ਜ਼ ਸ) :** ਦਿੱਲੀ ਹਾਈ ਕੋਰਟ ਨੇ ਸੱਤਿਆ ਨਿਕੇਤਨ ਵਿਖੇ ਇਮਾਰਤ ਦੇ ਢਹਿ ਜਾਣ ਦੀ ਘਟਨਾ ਨੂੰ ਮੰਦਭਾਗਾ ਦੱਸਦੇ ਹੋਏ ਨਗਰ ਨਿਗਮ ਨੂੰ ਉੱਚ ਕਾਰਜਕਾਰੀ ਪੱਧਰ 'ਤੇ ਜਾਂਚ ਕਰਨ ਦਾ ਨਿਰਦੇਸ਼ ਦਿੱਤਾ ਹੈ। ਕੋਰਟ ਨੇ ਸੋਮਵਾਰ ਕਿਹਾ ਕਿ ਜਾਂਚ ਟੀਮ ਵਿਸ਼ੇਸ਼ ਤੌਰ 'ਤੇ ਇਸ ਗੱਲ ਦੀ ਜਾਂਚ ਕਰੇ ਕਿ ਕੀ ਢਹਿ ਗਈ ਇਮਾਰਤ ਜਾਇਜ਼ ਅਤੇ ਲੋੜੀਂਦੀਆਂ ਇਜਾਜ਼ਤਾਂ ਨਾਲ ਬਣਾਈ ਗਈ ਸੀ, ਕਿਸੇ ਵੀ ਗਲਤੀ ਜਾਂ ਅਸਫਲਤਾ ਲਈ ਜ਼ਿੰਮੇਵਾਰ ਅਧਿਕਾਰੀਆਂ ਦੀ ਪਛਾਣ ਕੀਤੀ ਜਾਵੇ ਅਤੇ ਜ਼ਿੰਮੇਵਾਰ ਪਾਏ ਗਏ ਲੋਕਾਂ ਵਿਰੁੱਧ ਪ੍ਰਸਤਾਵਤ ਜਾਂ ਕੀਤੀ ਗਈ ਕਾਰਵਾਈ ਦਾ ਵੇਰਵਾ ਦਿੱਤਾ ਜਾਵੇ। ਅਦਾਲਤ ਨੇ ਨਿਗਮ ਨੂੰ ਇਹ ਵੀ ਨਿਰਦੇਸ਼ ਦਿੱਤਾ ਕਿ ਉਹ ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਸਾਰੀਆਂ ਪੀ ਜੀ ਰਿਹਾਇਸ਼ਾਂ ਦਾ ਇੱਕ ਹਫਤੇ ਦੇ ਅੰਦਰ ਵਿਆਪਕ ਨਿਰੀਖਣ ਕਰੇ।

ਇਹ ਨਿਰੀਖਣ ਮੁਲਾਂਕਣ ਕਰੇਗਾ ਕਿ ਕੀ ਇਮਾਰਤਾਂ ਲੋੜੀਂਦੀਆਂ ਇਜਾਜ਼ਤਾਂ ਅਤੇ ਲਾਗੂ ਇਮਾਰਤੀ ਉਪ-ਨਿਯਮਾਂ ਦੀ ਪਾਲਣਾ ਵਿੱਚ ਚਲਾਈਆਂ ਜਾ ਰਹੀਆਂ ਹਨ ਅਤੇ ਨਾਲ ਹੀ ਹਰੇਕ ਪੀ ਜੀ ਰਿਹਾਇਸ਼ ਵਿੱਚ ਰਹਿਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਨਿਰਧਾਰਤ ਕਰੇਗਾ। ਹਾਈ ਕੋਰਟ ਨੇ ਕਿਹਾ ਕਿ ਜੇ ਅਧਿਕਾਰੀ ਚੌਕਸ ਰਹਿੰਦੇ ਅਤੇ ਉਨ੍ਹਾਂ 'ਤੇ ਲਗਾਈਆਂ ਗਈਆਂ ਕਾਨੂੰਨੀ ਡਿਊਟੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਤਾਂ ਪਹਿਲੀ ਨਜ਼ਰੇ ਅਜਿਹੀ ਮੰਦਭਾਗੀ ਘਟਨਾ ਤੋਂ ਬਚਿਆ ਜਾ ਸਕਦਾ ਸੀ। ਕੋਰਟ ਨੇ ਨਿਗਮ ਨੂੰ ਇੱਕ ਹਲਫਨਾਮਾ ਦਾਇਰ ਕਰਨ ਲਈ ਕਿਹਾ ਹੈ, ਜਿਸ ਵਿੱਚ ਦੱਸਿਆ ਗਿਆ ਹੋਵੇ ਕਿ ਕੀ ਦਿੱਲੀ ਵਿੱਚ ਪੀ ਜੀ ਰਿਹਾਇਸ਼ਾਂ ਅਤੇ ਹੋਟਲਾਂ ਨੂੰ ਨਿਯੰਤਰਤ ਕਰਨ ਵਾਲੇ ਕੋਈ ਕਾਨੂੰਨੀ ਜਾਂ ਕਾਰਜਕਾਰੀ ਨਿਯਮ ਹਨ। ਦਿੱਲੀ ਯੂਨੀਵਰਸਿਟੀ ਨੂੰ ਇਹ ਵੀ ਨਿਰਦੇਸ਼ ਦਿੱਤਾ ਗਿਆ ਹੈ ਕਿ ਉਹ ਇੱਕ ਹਲਫਨਾਮਾ ਦਾਇਰ ਕਰੇ, ਜਿਸ ਵਿੱਚ ਦੱਸਿਆ ਜਾਵੇ ਕਿ ਇਸ ਦੇ ਮਾਨਤਾ ਪ੍ਰਾਪਤ ਕਾਲਜਾਂ ਵਿੱਚ ਕਿੰਨੇ ਬਾਹਰੀ ਵਿਦਿਆਰਥੀ ਦਾਖਲ ਹਨ ਅਤੇ ਯੂਨੀਵਰਸਿਟੀ ਜਾਂ ਸਰਕਾਰ ਦੁਆਰਾ ਕਿੰਨੇ ਹੋਸਟਲ ਚਲਾਏ ਜਾ ਰਹੇ ਹਨ।

ਇਸ ਮਾਮਲੇ ਦੀ ਅਗਲੀ ਸੁਣਵਾਈ 25 ਸਤੰਬਰ ਨੂੰ ਹੋਵੇਗੀ। ਸੁਣਵਾਈ ਦੌਰਾਨ ਕੇਂਦਰ, ਦਿੱਲੀ ਪੁਲਸ, ਦਿੱਲੀ ਸਰਕਾਰ ਅਤੇ ਨਿਗਮ ਵੱਲੋਂ ਪੇਸ਼

• ਬਾਕੀ ਸਫਾ 2 'ਤੇ

### 7 ਵਿੱਚੋਂ 5 ਮ੍ਰਿਤਕਾਂ ਦੀ ਪਛਾਣ

**ਨਵੀਂ ਦਿੱਲੀ :** ਏਮਜ਼ ਦਿੱਲੀ ਨੇ ਇਸ ਘਟਨਾ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਸੱਤ ਵਿੱਚੋਂ ਪੰਜ ਲੋਕਾਂ ਦੀ ਪਛਾਣ ਕੀਤੀ ਹੈ। ਇੱਕ ਦੀ ਪਛਾਣ ਮੱਧ ਪ੍ਰਦੇਸ਼ ਦੇ ਕਟਨੀ ਦੇ ਅਕਸ਼ਿਤ ਯਾਦਵ ਵਜੋਂ ਹੋਈ ਹੈ। ਯਾਦਵ ਦਿੱਲੀ ਯੂਨੀਵਰਸਿਟੀ ਦੇ ਪੀ ਡੀ ਜੀ ਡੀ ਏ ਵੀ ਕਾਲਜ ਵਿੱਚ ਬੈਚਲਰ ਆਫ ਕਾਮਰਸ (ਬੀ ਕਾਮ) ਦੀ ਪੜ੍ਹਾਈ ਕਰ ਰਿਹਾ ਸੀ। ਦੋ ਵਿਦਿਆਰਥੀ ਡੀ ਯੂ ਦੇ ਮੋਤੀ ਲਾਲ ਨਹਿਰੂ ਕਾਲਜ ਵਿੱਚ ਡਿਗਰੀਆਂ ਕਰ ਰਹੇ ਸਨ। ਪਵਨ ਨਾਥ ਬੀ ਐੱਸ ਸੀ ਦਾ ਪਹਿਲੇ ਸਾਲ ਦਾ ਵਿਦਿਆਰਥੀ ਸੀ ਅਤੇ ਯੂ ਪੀ ਦੇ ਓੜੀਆ ਦਾ ਰਹਿਣ ਵਾਲਾ ਸੀ। ਇੱਕ ਹੋਰ ਮ੍ਰਿਤਕ ਦੀ ਪਛਾਣ ਮੋਤੀ ਲਾਲ ਕਾਲਜ ਵਿੱਚ ਪੜ੍ਹਦੇ ਵਾਰਾਨਸੀ ਦੇ ਅਭਿਸ਼ੇਕ ਕੁਮਾਰ ਵਜੋਂ ਹੋਈ ਹੈ। ਅਰਪਿਤ ਜੈ ਦੇ ਪਰਵਾਰ ਨੇ ਉਸ ਦੀ ਦੁਖਦਾਈ ਮੌਤ ਤੋਂ ਬਾਅਦ ਉਸ ਦੀ ਯਾਦ ਨੂੰ ਸਤਿਕਾਰ ਦੇਣ ਲਈ ਬਹਾਦਰੀ ਨਾਲ ਉਸ ਦੇ ਕੌਰਨੀਆ ਦਾਨ ਕਰਨ ਦੀ ਚੋਣ ਕੀਤੀ ਹੈ।



ਜਾਨ ਗੁਆਉਣ ਵਾਲੇ 18 ਸਾਲਾ ਅਰਪਿਤ ਜੈ ਤੇ ਯੁਵਰਾਜ ਸੋਨੀ।

### ਜ਼ਹਿਰੀਲੀ ਸ਼ਰਾਬ ਨਾਲ ਮੌਤਾਂ ਦੀ ਗਿਣਤੀ 22

**ਭੋਪਾਲ (ਨ ਜ਼ ਸ) :** ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੀ ਗਿਣਤੀ 22 ਹੋ ਗਈ ਹੈ। ਮ੍ਰਿਤਕਾਂ ਵਿੱਚ ਇੱਕ ਪਿਤਾ ਅਤੇ ਪੁੱਤਰ ਵੀ ਸ਼ਾਮਲ ਹਨ। ਸਾਗਰ ਤੇ ਭੋਪਾਲ ਦੇ ਹਸਪਤਾਲਾਂ ਵਿੱਚ 112 ਲੋਕਾਂ ਨੂੰ ਦਾਖਲ ਕਰਵਾਇਆ ਗਿਆ ਹੈ। ਸ਼ਰਾਬ ਠੇਕੇਦਾਰ ਸਮੇਤ 30 ਲੋਕਾਂ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ ਅਤੇ ਉਨ੍ਹਾਂ ਵਿੱਚੋਂ 10 ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਬਾਂਦਾ ਪੁਲਸ ਸਟੇਸ਼ਨ ਵਿੱਚ ਦਰਜ ਐੱਫ ਆਈ ਆਰ ਮੁਤਾਬਕ ਸ਼ਿਕਾਇਤਕਰਤਾ ਅਨੂਪ ਸਿੰਘ ਲੋਧੀ ਨੇ ਦੱਸਿਆ ਕਿ ਉਸ ਦੇ ਪਿੰਡ ਵਿੱਚ ਲਗਭਗ ਅੱਠ ਲੋਕ ਗੈਰ-ਕਾਨੂੰਨੀ ਢੰਗ ਨਾਲ ਸ਼ਰਾਬ ਵੇਚਦੇ ਹਨ।

## ਕਬੂਤਰਖਾਨਿਆਂ 'ਚ ਰਹਿਣ ਲਈ ਮਜਬੂਰ ਦੇਸ਼ ਦਾ ਭਵਿੱਖ

**ਨਵੀਂ ਦਿੱਲੀ (ਨ ਜ਼ ਸ)** ਦਿੱਲੀ ਯੂਨੀਵਰਸਿਟੀ ਦੇ ਸਾਊਥ ਕੈਂਪਸ, ਸੱਤਿਆ ਨਿਕੇਤਨ ਦੇ ਨੇੜੇ ਇੱਕ ਇਮਾਰਤ ਦੇ ਢਹਿ ਜਾਣ ਨੇ ਇੱਕ ਵਾਰ ਫਿਰ ਸੀਮਤ ਹੋਸਟਲ ਸਹੂਲਤਾਂ ਅਤੇ ਵਧਦੇ ਕਿਰਾਏ ਦੇ ਵਿਚਕਾਰ ਪ੍ਰਾਈਵੇਟ ਪੇਇੰਗ ਗੈੱਸਟ (ਪੀ ਜੀ) ਰਿਹਾਇਸ਼ਾਂ 'ਤੇ ਨਿਰਭਰ ਵਿਦਿਆਰਥੀਆਂ ਦੇ ਖਤਰਨਾਕ ਰਹਿਣ-ਸਹਿਣ ਦੀਆਂ ਹਾਲਤਾਂ ਵੱਲ ਧਿਆਨ ਖਿੱਚਿਆ ਹੈ।

ਦਿੱਲੀ ਯੂਨੀਵਰਸਿਟੀ (ਡੀ ਯੂ) ਦੀ ਸਾਬਕਾ ਵਿਦਿਆਰਥਣ ਸਿਮਰਨ ਨੇ ਦੱਸਿਆ ਕਿ ਉਹ ਵੀ ਢਹਿ ਗਈ ਇਮਾਰਤ ਤੋਂ ਸਿਰਫ ਦੋ ਇਮਾਰਤਾਂ ਦੀ ਦੂਰੀ 'ਤੇ ਇੱਕ ਪੀ ਜੀ ਵਿੱਚ ਰਹਿੰਦੀ ਰਹੀ। ਆਪਣੇ ਤਜਰਬੇ ਨੂੰ ਯਾਦ ਕਰਦਿਆਂ ਸਿਮਰਨ ਨੇ ਕਿਹਾ ਕਿ ਕਾਲਜ ਦੀਆਂ ਸੀਟਾਂ ਵਿੱਚ ਵਾਧੇ ਦੇ ਨਾਲ-ਨਾਲ ਹੋਸਟਲ ਸਹੂਲਤਾਂ ਵਿੱਚ ਵੀ ਵਾਧਾ ਨਹੀਂ ਹੋਇਆ, ਜਿਸ ਕਾਰਨ ਵਿਦਿਆਰਥੀਆਂ ਕੋਲ ਆਪਣੇ ਕਾਲਜਾਂ ਦੇ ਨੇੜੇ ਨਿੱਜੀ ਰਿਹਾਇਸ਼ 'ਤੇ ਨਿਰਭਰ ਕਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਬਚਿਆ। ਮੰਗ ਸਪਲਾਈ ਤੋਂ ਕਿਤੇ ਜ਼ਿਆਦਾ ਹੋਣ ਕਰਕੇ ਡੀ ਯੂ ਦੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਮਹੀਨਾਵਾਰ ਕਿਰਾਇਆ 15,000 ਰੁਪਏ ਤੋਂ 18,000 ਰੁਪਏ ਜਾਂ ਇਸ ਤੋਂ ਵੱਧ ਹੋ ਸਕਦਾ ਹੈ। ਵਿਦਿਆਰਥੀ ਅਕਸਰ ਤੰਗ ਕਮਰੇ ਸਾਂਝੇ ਕਰਦੇ ਹਨ ਜਾਂ ਉਨ੍ਹਾਂ ਇਮਾਰਤਾਂ ਵਿੱਚ ਰਹਿੰਦੇ ਹਨ, ਜੋ ਬੁਨਿਆਦੀ ਸੁਰੱਖਿਆ ਅਤੇ ਰੱਖ-ਰਖਾਅ ਬਾਰੇ ਚਿੰਤਾਵਾਂ ਪੈਦਾ ਕਰਦੀਆਂ ਹਨ।



ਇਮਾਰਤ ਦਾ ਮਾਲਕ ਹਰੀ ਰਾਮ ਗੁਪਤਾ ਰਾਜਸਥਾਨ ਦੇ ਭਿਵਾੜੀ ਤੋਂ ਗ੍ਰਿਫਤਾਰ।

ਮੋਤੀ ਲਾਲ ਨਹਿਰੂ ਕਾਲਜ ਦੇ ਵਿਦਿਆਰਥੀ ਰੋਹਨ ਨੇ ਕਿਹਾ ਕਿ ਉਹ ਬਿਨਾਂ ਖਾਣੇ ਵਾਲੇ ਕਮਰੇ ਲਈ 10,000 ਰੁਪਏ ਪ੍ਰਤੀ ਮਹੀਨਾ ਅਦਾ ਕਰਦਾ ਹੈ ਅਤੇ ਉਸ ਨੂੰ ਤਿੰਨ ਮਹੀਨਿਆਂ ਦਾ ਕਿਰਾਇਆ ਪਹਿਲਾਂ ਹੀ ਦੇਣਾ ਪੈਂਦਾ ਹੈ। ਵਿਦਿਆਰਥੀਆਂ ਨੂੰ ਅਕਸਰ ਘੱਟ ਲੋਕਾਂ ਲਈ ਬਣਾਏ ਗਏ ਕਮਰਿਆਂ ਵਿੱਚ ਤੂੜਿਆ ਜਾਂਦਾ ਹੈ, ਤਿੰਨ ਵਿਦਿਆਰਥੀ ਇੱਕ ਕਮਰਾ ਸਾਂਝਾ ਕਰਦੇ ਹਨ ਅਤੇ ਚਾਰ ਵਿਦਿਆਰਥੀਆਂ ਨੂੰ ਇੱਕ ਬਾਥਰੂਮ ਸਾਂਝਾ ਕਰਨਾ ਪੈਂਦਾ ਹੈ। ਕੁਝ ਵਿਦਿਆਰਥੀਆਂ ਨੇ ਦੱਸਿਆ ਕਿ ਉਹ ਹਾਦਸੇ ਤੋਂ ਸਿਰਫ 10-20 ਮਿੰਟ ਪਹਿਲਾਂ ਇਮਾਰਤ ਤੋਂ ਬਾਹਰ ਨਿਕਲੇ ਸਨ। ਜਦੋਂ ਉਹ ਵਾਪਸ ਆਏ

• ਬਾਕੀ ਸਫਾ 2 'ਤੇ

## ਪਾਸ਼ ਸਮਾਗਮ ਦੀ ਤਿਆਰੀ ਕਰਦੇ ਆਗੂਆਂ 'ਤੇ ਹਮਲਾ

### ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਭਲਕੇ ਕਾਫਲੇ ਬੰਨ੍ਹ ਕੇ ਤਲਵੰਡੀ ਸਲੇਮ ਪੁੱਜਣ ਦਾ ਸੱਦਾ

**ਜਲੰਧਰ (ਨ ਜ਼ ਸ)-** ਗ਼ਦਰੀ ਬਾਬਿਆਂ, ਬੱਬਰ ਅਕਾਲੀ, ਕਿਰਤੀ ਅਤੇ ਭਗਤ/ ਸਰਾਭਿਆਂ ਦੇ ਸੱਚੇ ਬੌਧਿਕ ਇਨਕਲਾਬੀ ਕਵੀ ਅਵਤਾਰ ਪਾਸ਼ ਦੇ ਜਨਮ ਦਿਹਾੜੇ ਮੌਕੇ 9 ਸਤੰਬਰ ਨੂੰ ਪਾਸ਼ ਦੇ ਜੱਦੀ ਪਿੰਡ ਤਲਵੰਡੀ ਸਲੇਮ (ਜਲੰਧਰ) ਵਿਖੇ ਹੋ ਰਹੇ ਯਾਦਗਾਰੀ ਸੂਬਾਈ ਸਮਾਗਮ ਵਿੱਚ ਸਭਨਾਂ ਦੇਸ਼ ਭਗਤ, ਇਨਕਲਾਬੀ ਜਮਹੂਰੀ, ਸਾਹਿਤਕ/ ਸੱਭਿਆਚਾਰਕ, ਤਰਕਸ਼ੀਲ, ਜਮਹੂਰੀ ਅਤੇ ਜਨਤਕ ਜਥੇਬੰਦੀਆਂ, ਜਿਵੇਂ ਵੱਡੀ ਪੱਧਰ 'ਤੇ ਕਾਫ਼ਲੇ ਬੰਨ੍ਹ ਕੇ ਪੁੱਜ ਰਹੀਆਂ ਨੇ, ਇਸ ਭਰ ਵਗਦੇ ਲੋਕ ਦਰਿਆ ਵਿੱਚ ਦੇਸ਼ ਭਗਤ ਯਾਦਗਾਰ ਕਮੇਟੀ ਨੇ ਸਭਨਾਂ ਬੁੱਧੀਮਾਨਾਂ, ਸਮਾਜਕ ਸਰੋਕਾਰਾਂ ਪ੍ਰਤੀ ਚਿੰਤਨਸ਼ੀਲ ਸੰਸਥਾਵਾਂ ਨੂੰ ਭਰਵਾਂ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ। 9 ਸਤੰਬਰ ਦੇ ਸਮਾਗਮ ਦੇ ਪੰਡਾਲ ਦੀਆਂ ਤਿਆਰੀਆਂ ਲਈ ਤਲਵੰਡੀ ਸਲੇਮ ਪੁੱਜੇ ਵਲੰਟੀਅਰਾਂ 'ਤੇ ਆਮ ਆਦਮੀ ਪਾਰਟੀ ਦੇ ਕਹਾਉਂਦੇ ਸਰਪੰਚ ਪਰਦੀਪ ਸਿੰਘ ਵੱਲੋਂ ਸੋਮਵਾਰ ਆਪਣੇ ਨਾਲ ਲੱਠਮਾਰ ਲੈ ਕੇ ਹਮਲਾ ਕਰਨ, ਗਾਲ੍ਹਾਂ ਕੱਢਣ ਅਤੇ



ਮੋਬਾਇਲ ਖੋਹਣ ਵਰਗਾ ਭੜਕਾਹਟ ਭਰਿਆ ਹੱਲਾ ਬੋਲ ਕੇ ਸਮਾਗਮ ਨੂੰ ਨਾਕਾਮ ਕਰਨ ਦੀ ਪੁਰਜ਼ੋਰ ਨਿਖੇਧੀ ਕਰਦਿਆਂ ਦੇਸ ਭਗਤ ਯਾਦਗਾਰ ਕਮੇਟੀ ਨੇ ਜਮਹੂਰੀ ਹੱਕਾਂ 'ਤੇ ਹਮਲਾ ਕਰਾਰ ਦਿੱਤਾ ਹੈ। ਇਸ ਮੌਕੇ ਪਾਸ਼ ਦੇ ਪਿੰਡ ਮਜ਼ਦੂਰ ਆਗੂ ਹਰਮੇਸ਼ ਮਾਲੜੀ, ਲਛਮਣ ਸੇਵੇਵਾਲਾ, ਝੰਡਾ ਸਿੰਘ ਜੇਠੂਕੇ ਅਤੇ ਸਥਾਨਕ ਆਗੂ ਵਲੰਟੀਅਰਾਂ ਨਾਲ਼ ਪੰਡਾਲ਼ ਵਿਚ ਆਏ ਹੋਏ ਸਨ। ਸੋਮਵਾਰ ਦੇਸ਼ ਭਗਤ ਯਾਦਗਾਰ ਹਾਲ ਅੰਦਰ ਜੁੜੇ ਕਮੇਟੀ ਦੇ ਹਾਜ਼ਰ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਹੋ ਗਈ ਬਾਤ ਕਿਸਾਨਾਂ ਦੇ ਨਾਲ ਸੁਣਿਆ,
ਬਣੀ ਆ ਸਹਿਮਤੀ ਨਾਲ ਸਰਕਾਰ ਬੇਲੀ।
ਕਿਹੜੀ ਗੱਲ ਉਹ ਮੰਨੇ ਤੇ ਰਹੀ ਕਿਹੜੀ,
ਆਊਗਾ ਠਹਿਰ ਕੇ ਉਹ ਵੀ ਸਾਰ ਬੇਲੀ।
ਕਰੀ ਨਾ ਧਿਰ ਵਿਰੋਧੀ ਕੁਝ ਖਾਸ ਚਰਚਾ,
ਕਿਸੇ ਨੇ ਕਹੀ ਨਹੀਂ ਜਿੱਤ ਤੇ ਹਾਰ ਬੇਲੀ।
ਚੰਡੀਗੜ੍ਹੀਆਂ ਨੂੰ ਸੌਖੀ ਆ ਘੜੀ ਲੱਗਦੀ,
ਪਊਗਾ ਹੋਣਾ ਨਹੀਂ ਖੱਜਲ-ਖੁਆਰ ਬੇਲੀ।
ਮੁੱਕ ਗਿਆ ਮੋਰਚਾ ਇੱਕ ਤਾਂ ਅੱਜ ਬੇਲੀ,
ਲੱਗ ਜਾਊ ਕੱਲ੍ਹ ਨੂੰ ਕਿਤੇ ਵੀ ਹੋਰ ਬੇਲੀ।
ਬਣੇ ਪਏ ਜਥੇ ਕਿਸਾਨੀ ਦੇ ਬਹੁਤ ਸਾਰੇ,
ਸਾਂਝੀ ਨਾ ਵਾਗ ਨਾ ਕਿਸੇ ਦੀ ਡੋਰ ਬੇਲੀ।

-ਤੀਸ ਮਾਰ ਖਾਂ

## ਮਾਰਕਸਵਾਦ ਤੋਂ ਰੋਸ਼ਨੀ ਲੈ ਕੇ ਲੋਕਾਂ ਨੂੰ ਜਥੇਬੰਦ ਕਰੀਏ : ਜਗਰੂਪ

### ਪੰਜਾਬ ਰੋਡਵੇਜ਼ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਖਜ਼ਿਆਰ ਵਿਖੇ ਤਿੰਨ ਰੋਜ਼ਾ ਸਿਧਾਂਤਕ ਸਕੂਲ ਸਫਲਤਾਪੂਰਵਕ ਸੰਪੰਨ

**ਮੋਗਾ (ਇਕਬਾਲ ਸਿੰਘ ਖਹਿਰਾ)-** ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਅਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਵੱਲੋਂ ਪੰਜਾਬ ਰੋਡਵੇਜ਼ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਕਾਮਰੇਡ ਗੁਰਮੇਲ ਸਿੰਘ ਮੋਗਾ ਦੀ ਨਿੱਘੀ ਯਾਦ ਵਿੱਚ 22ਵਾਂ ਤਿੰਨ ਰੋਜ਼ਾ ਸਿਧਾਂਤਕ ਸਕੂਲ ਖਜ਼ਿਆਰ (ਹਿਮਾਚਲ ਪ੍ਰਦੇਸ਼) ਵਿਖੇ ਲਗਾਇਆ ਗਿਆ।

ਜਥੇਬੰਦੀ ਦੇ ਸੂਬਾ ਚੇਅਰਮੈਨ ਜਗਦੀਸ਼ ਸਿੰਘ ਚਾਹਲ, ਸੂਬਾ ਪ੍ਰਧਾਨ ਦੀਦਾਰ ਸਿੰਘ ਮੰਡ, ਜਨਰਲ ਸਕੱਤਰ ਗੁਰਜੰਟ ਸਿੰਘ ਕੋਕਰੀ, ਮੁੱਖ ਸਲਾਹਕਾਰ ਬਲਵਿੰਦਰ ਸਿੰਘ ਰੋਪੜ, ਮੀਤ ਪ੍ਰਧਾਨ ਗੁਰਜੀਤ ਸਿੰਘ, ਮੀਤ ਪ੍ਰਧਾਨ ਇਕਬਾਲ ਸਿੰਘ ਪਠਾਨਕੋਟ, ਵਿਕਰਮਜੀਤ ਸਿੰਘ ਛੀਨਾ, ਮਨਜੀਤ ਸਿੰਘ ਗਿੱਲ, ਰਣਜੀਤ ਸਿੰਘ ਰਾਣਾ, ਪੰਜਾਬ ਪੈਨਸ਼ਨਰ ਯੂਨੀਅਨ ਦੇ ਸੂਬਾਈ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਅਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਦੱਸਿਆ ਕਿ ਇਸ ਸਿਧਾਂਤਕ ਸਕੂਲ ਵਿੱਚ ਪੰਜਾਬ ਰੋਡਵੇਜ਼ ਦੇ 18 ਡਿੱਪੂਆਂ ਦੇ ਰੈਗੂਲਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਆਗੂਆਂ ਨੇ ਅੱਗੇ ਦੱਸਿਆ ਕਿ ਇਸ ਸਕੂਲ ਵਿੱਚ ਕਾਮਰੇਡ ਜਗਰੂਪ ਸਿੰਘ ਮੁੱਖ ਸਲਾਹਕਾਰ ਰੋਜ਼ਗਾਰ ਪ੍ਰਾਪਤੀ ਚੇਤਨਾ ਮੁਹਿੰਮ ਨੇ ਫਲਸਫਾ ਕੀ ਹੈ?, ਰਾਜਨੀਤਿਕ ਆਰਥਿਕਤਾ ਅਤੇ ਏ ਆਈ ਤਕਨੀਕ ਦਾ ਆਉਣ ਵਾਲੇ ਸਮੇਂ ਵਿੱਚ ਰੋਲ ਵਿਸ਼ਿਆਂ ਸੰਬੰਧੀ, ਡਾ. ਇੰਦਰਵੀਰ ਗਿੱਲ ਨੇ ਏਟਕ ਜਥੇਬੰਦੀ ਅਤੇ ਖੱਬੇ ਪੱਖੀ ਲਹਿਰ ਦਾ ਇਤਿਹਾਸ ਵਿਸ਼ੇ ਸੰਬੰਧੀ, ਕਾਮਰੇਡ ਚਰਨਜੀਤ ਛਾਗਾਂਰਾਏ ਐਡਵੋਕੇਟ ਨੇ ਇਤਿਹਾਸ ਦੀ ਪਦਾਰਥਵਾਦ ਵਿਆਖਿਆ ਅਤੇ ਪੈਨਸ਼ਨਰ ਆਗੂ ਪ੍ਰੇਮ ਚਾਵਲਾ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਮੌਜੂਦਾ ਸਮੇਂ ਦੌਰਾਨ ਦਰਪੇਸ਼ ਚੁਣੌਤੀਆਂ ਵਿਸ਼ਿਆਂ ਸੰਬੰਧੀ ਬਤੌਰ ਅਧਿਆਪਕ ਵਿਚਾਰ ਸਾਂਝੇ ਕੀਤੇ। ਕਾਮਰੇਡ ਜਗਰੂਪ ਸਿੰਘ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਸੱਦਾ ਦਿੱਤਾ ਕਿ ਮਾਰਕਸਵਾਦ ਸਾਡਾ ਸਾਰਿਆਂ ਦਾ ਅਸਲੀ ਰਾਹ-ਦਸੇਰਾ ਹੈ। ਇਸ ਕਰਕੇ ਆਓ ਸਾਰੇ ਇਸ ਸਿਧਾਂਤ ਤੋਂ ਰੌਸ਼ਨੀ ਲੈਂਦੇ ਹੋਏ



• ਬਾਕੀ ਸਫਾ 2 'ਤੇ

## ਕੇਂਦਰੀ ਪੰਜਾਬੀ ਲੇਖਕ ਸਭਾ ਦਾ ਤਿੰਨ ਸਾਲਾ ਅਜਲਾਸ 13 ਸਤੰਬਰ ਤੇ ਚੋਣ 25 ਅਕਤੂਬਰ ਨੂੰ

**ਚੰਡੀਗੜ੍ਹ (ਰੈਕਟਰ ਕਥੂਰੀਆ)** ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਦੀ ਤਿੰਨ ਸਾਲਾ ਚੋਣ 25 ਅਕਤੂਬਰ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੋਵੇਗੀ। ਇਸ ਤੋਂ ਪਹਿਲਾਂ ਸਭਾ ਦਾ ਤਿੰਨ ਸਾਲਾ ਅਜਲਾਸ 13 ਸਤੰਬਰ ਨੂੰ ਇਸੇ ਸਥਾਨ 'ਤੇ ਹੋਵੇਗਾ, ਜਿਸ ਵਿੱਚ ਸਭਾ ਦੀਆਂ ਪਿਛਲੇ ਤਿੰਨ ਸਾਲਾਂ ਦੀਆਂ ਜਥੇਬੰਦਕ ਤੇ ਸਾਹਿਤਕ ਸਰਗਰਮੀਆਂ ਦੀ ਰਿਪੋਰਟ ਅਤੇ ਵਿੱਤੀ ਰਿਪੋਰਟ ਪੇਸ਼ ਕੀਤੀ ਜਾਵੇਗੀ। ਅਜਲਾਸ ਵਿੱਚ ਸਮਕਾਲੀ ਦੌਰ ਵਿੱਚ ਲੇਖਕਾਂ ਅਤੇ ਚਿੰਤਕਾਂ ਦੀ ਭੂਮਿਕਾ ਬਾਰੇ ਪ੍ਰੋ. ਜੈਪਾਲ ਮੁੱਖ ਵਕਤਾ ਵਜੋਂ ਸੰਬੋਧਨ ਕਰਨਗੇ। ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਚੋਣ ਨੂੰ ਸੁਚੱਜੇ, ਨਿਰਪੱਖ ਅਤੇ ਜਮਹੂਰੀ ਢੰਗ ਨਾਲ ਕਰਵਾਉਣ ਲਈ ਲਖਵਿੰਦਰ ਸਿੰਘ ਜੌਹਲ ਨੂੰ ਮੁੱਖ ਚੋਣ ਅਧਿਕਾਰੀ ਅਤੇ ਸਤਨਾਮ ਸਿੰਘ ਮਾਣਕ ਤੇ ਤੇਜਿੰਦਰ ਵਿਰਲੀ ਨੂੰ ਸਹਾਇਕ ਚੋਣ ਅਧਿਕਾਰੀ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਸਾਰੇ ਫ਼ੈਸਲੇ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਕਾਰਜਕਾਰਨੀ ਦੀ ਮੀਟਿੰਗ ਵਿੱਚ ਸਰਬਸੰਮਤੀ ਨਾਲ ਲਏ ਗਏ। ਮੀਟਿੰਗ ਦੀ ਪ੍ਰਧਾਨਗੀ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ ਅਤੇ ਸੀਨੀਅਰ ਮੀਤ ਪ੍ਰਧਾਨ ਮੱਖਣ ਸਿੰਘ ਕੁਹਾੜ ਨੇ ਕੀਤੀ। ਉਨ੍ਹਾਂ ਦੱਸਿਆ ਕਿ 13 ਸਤੰਬਰ ਨੂੰ ਹੋਣ ਵਾਲੇ ਤਿੰਨ ਸਾਲਾ ਅਜਲਾਸ ਵਿੱਚ ਪਿਛਲੇ ਤਿੰਨ ਸਾਲਾਂ ਦੌਰਾਨ ਸਭਾ ਵੱਲੋਂ ਕੀਤੀਆਂ ਗਈਆਂ ਜਥੇਬੰਦਕ ਅਤੇ ਸਾਹਿਤਕ ਸਰਗਰਮੀਆਂ ਦਾ ਵਿਸਥਾਰਤ ਲੇਖਾ-ਜੋਖਾ ਮੈਂਬਰਾਂ ਸਾਹਮਣੇ ਰੱਖਿਆ ਜਾਵੇਗਾ। ਇਸ ਦੇ ਨਾਲ ਸਭਾ ਦੀ ਵਿੱਤੀ ਸਥਿਤੀ ਅਤੇ ਇਸ ਸਮੇਂ ਦੌਰਾਨ ਹੋਏ ਆਮਦਨ-ਖ਼ਰਚ ਦਾ ਵੇਰਵਾ ਵੀ ਪੇਸ਼ ਕੀਤਾ

• ਬਾਕੀ ਸਫਾ 2 'ਤੇ

## ਦੀਪਕ ਮੋਂਗਾ ਵੱਲੋਂ ਜਨਮ ਦਿਨ ਦੀ ਖ਼ੁਸ਼ੀ 'ਚ ਕਲੱਬ ਨੂੰ ਵਿੱਤੀ ਮਦਦ



**ਕੋਟਕਪੂਰਾ (ਰਛਪਾਲ ਭੁੱਲਰ)** : ਮਨੁੱਖਤਾ ਦੀ ਭਲਾਈ ਵਾਲੀ ਸੇਵਾ ਕਾਰਜਾਂ 'ਚ ਲਗਾਤਾਰ ਯਤਨਸ਼ੀਲ ਸੰਸਥਾ ਗੁੱਡ ਮੋਰਨਿੰਗ ਵੈੱਲਫੇਅਰ ਕਲੱਬ ਦੇ ਸੀਨੀਅਰ ਮੈਂਬਰ ਤੇ ਆਰਕਬ੍ਰਿਜ਼ ਵਰਲਡ ਸਕੂਲ ਦੇ ਐੱਮ ਡੀ ਦੀਪਕ ਸਿੰਘ ਮੋਂਗਾ ਦੇ ਜਨਮ ਦਿਨ ਦੀ ਖ਼ੁਸ਼ੀ ਵਿੱਚ ਕਲੱਬ ਦੇ ਸਥਾਨਕ ਮਿਉਂਸਪਲ ਪਾਰਕ ਵਿੱਚ ਸਥਿਤ ਮੰਚ 'ਤੇ ਚਾਹ ਪਾਰਟੀ ਦਾ ਪ੍ਰੋਗਰਾਮ ਤੇ ਸਾਦਾ ਸਮਾਗਮ ਕੀਤਾ ਗਿਆ।ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ, ਸੰਜੀਵ ਰਾਏ ਮਿੱਟਾ ਸ਼ਰਮਾ ਤੇ ਵਿਨੋਦ ਕੁਮਾਰ ਬਾਂਸਲ (ਪੱਪੂ ਲਹੌਰੀਆ) ਨੇ ਸ੍ਰ. ਮੋਂਗਾ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਚੰਗੇਰੇ ਭਵਿੱਖ ਤੇ ਸਿਹਤ ਤੰਦਰੁਸਤੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਦੀਪਕ ਮੋਂਗਾ ਨੇ ਕਲੱਬ ਦੇ ਸੇਵਾ ਕਾਰਜਾਂ ਲਈ 5,000 ਰੁਪਏ ਦੀ ਨਗਦ ਰਾਸ਼ੀ ਵਿੱਤ ਸਕੱਤਰ ਜਸਕਰਨ ਸਿੰਘ ਭੱਟੀ ਤੇ ਸਹਾਇਕ ਖ਼ਜ਼ਾਨਚੀ ਓਮ ਪ੍ਰਕਾਸ਼ ਗੁਪਤਾ ਨੂੰ ਸੌਂਪਦਿਆਂ ਆਖਿਆ ਕਿ ਉਹ ਕਲੱਬ ਦੇ ਪਰਿਵਾਰ ਨਾਲ ਇਹ ਖ਼ੁਸ਼ੀ ਸਾਂਝੀ ਕਰਨ ਲਈ ਚੰਡੀਗੜ੍ਹ ਤੋਂ ਉਚੇਚੇ ਤੌਰ 'ਤੇ ਵਾਪਸ ਪਰਤਿਆ ਹੈ।ਉਨ੍ਹਾਂ ਦੱਸਿਆ ਕਿ ਮੇਰੇ ਦੋਸਤਾਂ ਦੇ ਗਰੁੱਪ (ਫਰੈਂਡ ਸਰਕਲ) ਵਿੱਚ ਵੀ ਗੁੱਡ ਮੋਰਨਿੰਗ ਕਲੱਬ ਦੀਆਂ ਮਨੁੱਖਤਾ ਦੀ ਭਲਾਈ ਵਾਲੀਆਂ ਸੇਵਾਵਾਂ ਦੀ ਅਕਸਰ ਚਰਚਾ ਤੇ ਸ਼ਲਾਘਾ ਕੀਤੀ ਜਾਂਦੀ ਹੈ।ਉਨ੍ਹਾਂ ਗੁੱਡ ਮੋਰਨਿੰਗ ਕਲੱਬ ਵੱਲੋਂ ਸ਼ਾਨਦਾਰ ਸ਼ੈੱਡਾਂ ਦੀ ਉਸਾਰੀ, ਹਰਿਆਵਲ ਭਰਪੂਰ ਵਾਤਾਵਰਣ, ਸ਼ਾਨਦਾਰ ਸੀਟਾਂ, ਮਰਦ ਤੇ ਔਰਤਾਂ ਲਈ ਵੱਖ ਵੱਖਰੇ ਓਪਨ ਜਿੰਮ, ਸ਼ਾਨਦਾਰ ਵਾਸ਼ਰੂਮ, ਸੀਸੀਟੀਵੀ ਕੈਮਰਿਆਂ ਸਮੇਤ ਪਾਰਕ ਦੀ ਸੁੰਦਰਤਾ ਵਿੱਚ ਕੀਤੇ ਵਾਧੇ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ।ਡਾ. ਦੇਵ ਰਾਜ, ਗੁਰਚਰਨ ਸਿੰਘ ਬੁੱਟਰ ਤੇ ਗੋਂਦਾ ਰਾਮ ਨੇ ਸ਼ੇਅਰੋ ਸ਼ਾਇਰੀ ਤੇ ਚੁਟਕਲਿਆਂ ਰਾਹੀਂ ਮਹਿਫ਼ਲ ਦਾ ਰੰਗ ਹੋਰ ਮਨੋਰੰਜਨ ਭਰਪੂਰ ਕਰ ਦਿੱਤਾ।ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਮੋਂਗਾ ਪਰਿਵਾਰ ਵੱਲੋਂ ਵਪਾਰ, ਵਿੱਦਿਅਕ, ਧਾਰਮਿਕ ਤੇ ਸਮਾਜਸੇਵਾ ਦੇ ਖੇਤਰ 'ਚ ਨਿਭਾਈਆਂ ਜਾ ਰਹੀਆਂ ਸੇਵਾਵਾਂ ਦਾ ਜ਼ਿਕਰ ਕੀਤਾ।

## 'ਡਿਜੀਟਲ ਯੁੱਗ 'ਚ ਮਨੁੱਖੀ ਅਧਿਕਾਰ ਤੇ ਮੂਲ ਵਿਸ਼ੇ' 'ਤੇ ਸ਼ਾਰਟ ਟਰਮ ਕੋਰਸ ਅੱਜ ਤੋਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਯੂਜੀਸੀ-ਐੱਚ. ਆਰ. ਡੀ.ਸੀ, ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਵੱਲੋਂ ਸਾਂਝੇ ਤੌਰ 'ਤੇ 'ਡਿਜੀਟਲ ਯੁੱਗ ਵਿੱਚ ਮਨੁੱਖੀ ਅਧਿਕਾਰ ਤੇ ਮੂਲ ਵਿਸ਼ੇ' ਤੇ ਰਾਸ਼ਟਰੀ ਪੱਧਰੀ ਸ਼ਾਰਟ ਟਰਮ ਕੋਰਸ ਦਾ ਆਯੋਜਨ 8 ਤੋਂ 15 ਸਤੰਬਰ 2026 ਤੱਕ ਆਨਲਾਈਨ ਮੋਡ ਰਾਹੀਂ ਕੀਤਾ ਜਾ ਰਿਹਾ ਹੈ।ਇਹ ਕੋਰਸ ਪੰਜਾਬੀ ਯੂਨੀਵਰਸਿਟੀ ਦੇ ਯੂਜੀਸੀ-ਐੱਚ. ਆਰ. ਡੀਸੀ ਦੇ ਸਹਿਯੋਗ ਨਾਲ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ ਦੇ ਰਾਜਨੀਤੀ ਵਿਗਿਆਨ ਵਿਭਾਗ ਦੀ ਫੈਕਲਟੀ ਮੈਂਬਰ ਡਾ. ਸ਼ਵੇਤਾ ਧਾਲੀਵਾਲ ਵੱਲੋਂ ਤਿਆਰ ਕੀਤਾ ਗਿਆ ਹੈ।ਇਹ ਕੋਰਸ ਅੰਤਰ-ਵਿਸ਼ਿਆਈ ਪ੍ਰਕਿਰਤੀ ਦਾ ਹੈ, ਜਿਸ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ 76 ਭਾਗੀਦਾਰ ਸ਼ਾਮਲ ਹੋ ਰਹੇ ਹਨ।ਦੇਸ਼ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਾਈਸ-ਚਾਂਸਲਰ ਤੇ ਮਨੁੱਖੀ ਅਧਿਕਾਰਾਂ, ਕਾਨੂੰਨ, ਰਾਜਨੀਤੀ ਵਿਗਿਆਨ ਤੇ ਸੰਬੰਧਤ ਖੇਤਰਾਂ ਦੇ ਪ੍ਰਸਿੱਧ ਵਿਦਵਾਨ ਕੋਰਸ ਦੌਰਾਨ ਵਿਸ਼ੇਸ਼ ਲੈਕਚਰ ਦੇਣ ਦੇ ਨਾਲ-ਨਾਲ ਭਾਗੀਦਾਰਾਂ ਨਾਲ ਵਿਚਾਰ-ਵਟਾਂਦਰਾ ਵੀ ਕਰਨਗੇ। ਯੂਜੀਸੀ-ਐੱਚ ਆਰ.ਡੀਸੀ ਦੇ ਡਾਇਰੈਕਟਰ ਡਾ. ਰਮਨ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ, ਜਦੋਂ ਕੇਂਦਰ ਵੱਲੋਂ ਕਿਸੇ ਨੈਸ਼ਨਲ ਲਾਅ ਯੂਨੀਵਰਸਿਟੀ ਨਾਲ ਅਜਿਹੀ ਸਾਂਝੀ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਅਕਾਦਮਿਕ ਸਾਂਝ ਕੋਰਸਾਂ ਵਿੱਚ ਵਾਧੂ ਮੁੱਲ ਜੋੜਨ ਦੇ ਨਾਲ-ਨਾਲ ਦੋਵਾਂ ਸੰਸਥਾਵਾਂ ਦਰਮਿਆਨ ਸਹਿਯੋਗ ਨੂੰ ਵੀ ਮਜ਼ਬੂਤ ਕਰਦੀ ਹੈ।ਡਾ. ਰਮਨ ਨੇ ਆਸ ਪ੍ਰਗਟ ਕੀਤੀ ਕਿ ਇਹ ਕੋਰਸ ਦੋਵਾਂ ਸੰਸਥਾਵਾਂ ਦਰਮਿਆਨ ਅਕਾਦਮਿਕ ਭਾਈਵਾਲੀ ਦੇ ਇੱਕ ਨਵੇਂ ਪੜਾਅ ਦੀ ਸ਼ੁਰੂਆਤ ਕਰੇਗਾ।

## ਤੇਜ਼ ਰਫ਼ਤਾਰ ਕਾਰ ਪੁਲਸ ਮੁਲਾਜ਼ਮ 'ਤੇ ਚੜ੍ਹਾਈ, ਗ੍ਰਿਫ਼ਤਾਰ

**ਮਲੋਟ (ਰਜਿੰਦਰ ਜੁਨੇਜਾ)**-ਪੁਲਸ ਚੌਕੀ ਪੰਨੀਵਾਲਾ ਫੱਤਾ ਵਿਖੇ ਡਿਊਟੀ ਕਰ ਰਹੇ ਪੁਲਸ ਕਰਮਚਾਰੀ ਨੂੰ ਕਾਰ ਚਾਲਕ ਵੱਲੋਂ ਟੱਕਰ ਮਾਰਨ ਤੇ ਸਰਕਾਰੀ ਕੰਮ ਵਿੱਚ ਰੁਕਾਵਟ ਪਾਉਣ ਦੇ ਮਾਮਲੇ ਵਿੱਚ ਥਾਣਾ ਕਬਰਵਾਲਾ ਪੁਲਸ ਨੇ ਇੱਕ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਸਿਪਾਹੀ ਦਿਲਬਾਗ ਸਿੰਘ ਨੇ ਦੱਸਿਆ ਕਿ ਉਹ ਪੁਲਸ ਕਰਮਚਾਰੀ ਭੁਪਿੰਦਰ ਸਿੰਘ ਨਾਲ ਅੰਤਰਰਾਜੀ ਨਾਕੇ ਪੰਨੀਵਾਲਾ 'ਤੇ ਡਿਊਟੀ ਕਰ ਰਿਹਾ ਸੀ।ਇਸ ਦੌਰਾਨ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ।ਚੈਕਿੰਗ ਦੌਰਾਨ ਸਟਾਈਲੋ ਜੈੱਨ ਕਾਰ (ਪੀ ਬੀ 22 ਡਬਲਯੂ 6717) ਨੂੰ ਪੁਲਸ ਕਰਮਚਾਰੀ ਨੇ ਬੈਟਰੀ ਦਿਖਾ ਕੇ ਰੁਕਣ ਦਾ ਇਸ਼ਾਰਾ ਕੀਤਾ, ਪਰ ਚਾਲਕ ਨੇ ਕਾਰ ਰੋਕਣ ਦੀ ਬਜਾਏ ਰਫ਼ਤਾਰ ਤੇਜ਼ ਕਰ ਦਿੱਤੀ ਤੇ ਨਾਕੇ 'ਤੇ ਲੱਗੇ ਬੈਰੀਕੇਡ ਨੂੰ ਟੱਕਰ ਮਾਰ ਦਿੱਤੀ।ਬੈਰੀਕੇਡ ਦੀ ਲਪੇਟ ਵਿੱਚ ਆਉਣ ਕਾਰਨ ਪੁਲਸ ਕਰਮਚਾਰੀ ਜ਼ਖ਼ਮੀ ਹੋ ਗਿਆ।ਇਸ ਤੋਂ ਬਾਅਦ ਐੱਸ ਐੱਸ ਐੱਫ. ਦੀ ਗੱਡੀ ਨੇ ਮੌਕੇ 'ਤੇ ਪਹੁੰਚ ਕੇ ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ।ਉਕਤ ਕਾਰ ਚਾਲਕ ਦੀ ਪਛਾਣ ਜਤਿੰਦਰ ਸਿੰਘ ਨਿਵਾਸੀ ਭੋਡੀਪੁਰ (ਚੱਕ ਪੰਨੀਵਾਲਾ), ਸਦਰ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਦੇ ਰੂਪ ਵਿੱਚ ਹੋਈ ਹੈ।ਪੁਲਸ ਨੇ ਉਕਤ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੋਂ ਉਸ ਨੂੰ ਜੁਡੀਸ਼ੀਅਲ ਹਿਰਾਸਤ ਵਿੱਚ ਭੇਜ ਦਿੱਤਾ ਹੈ।

## ਫਰੀਦਕੋਟ 'ਚ ਕੂੜਾ ਸਫਾਈ ਮੁਹਿੰਮ ਫੋਟੋਆਂ ਖਿੱਚਣ ਤੱਕ ਹੀ ਸੀਮਤ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫਰੀਦਕੋਟ ਸ਼ਹਿਰ ਵਿੱਚ ਚੱਲ ਰਹੀ ਦਸ ਦਿਨਾਂ ਦੀ ਸਫਾਈ ਮੁਹਿੰਮ ਸਿਰਫ ਇੱਕ ਰਸਮੀ ਕਾਰਵਾਈ ਬਣ ਕੇ ਰਹਿ ਗਈ ਹੈ।ਸਰਕਾਰੀ ਦਫ਼ਤਰਾਂ ਦੇ ਬਾਹਰ ਵੀ ਕੂੜੇ ਦੇ ਢੇਰ ਦਿਖਾਈ ਦੇ ਰਹੇ ਹਨ, ਜੋ ਸਫਾਈ ਪ੍ਰਣਾਲੀ ਦੀ ਉਲੰਘਣਾ ਕਰਦੇ ਹਨ।ਸ਼ਹਿਰ ਦੇ ਬਾਹਰ ਵਿੱਚ ਸੜਕਾਂ ਦੇ ਕਿਨਾਰਿਆਂ ਤੇ ਖ਼ਾਲੀ ਥਾਵਾਂ 'ਤੇ ਕੂੜੇ ਦੇ ਢੇਰ ਲੱਗਣ ਕਾਰਨ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹੈਰਾਨੀ ਦੀ ਗੱਲ ਹੈ ਕਿ ਜ਼ਿਲ੍ਹਾ ਅਦਾਲਤ ਤੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਬਾਹਰ ਵੀ ਕੂੜੇ ਦੇ ਢੇਰ ਦਿਖਾਈ ਦਿੰਦੇ ਹਨ।ਉਨ੍ਹਾਂ ਥਾਵਾਂ ਦੇ ਬਾਹਰ ਗੰਦਗੀ ਫੈਲੀ ਹੋਈ ਹੈ, ਜਿੱਥੇ ਲੋਕ ਪ੍ਰਸ਼ਾਸਨ ਤੇ ਨਿਆਂਇਕ ਸੇਵਾਵਾਂ ਪ੍ਰਾਪਤ ਕਰਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਸਫਾਈ ਮੁਹਿੰਮ ਦਾ ਟੀਚਾ ਕੂੜਾ ਇਕੱਠਾ ਕਰਨ ਦੀ ਬਜਾਏ ਫੋਟੋਆਂ ਖਿੱਚਣ ਤੇ ਗਤੀਵਿਧੀਆਂ ਦਿਖਾਉਣ ਤੱਕ ਸੀਮਤ ਜਾਪਦਾ ਹੈ।ਕੂੜੇ ਦੇ ਢੇਰ ਬਦਬੂ, ਮੱਖੀਆਂ ਤੇ ਆਵਾਰਾ ਜਾਨਵਰਾਂ ਵਰਗੀਆਂ ਸਮੱਸਿਆਵਾਂ ਵਿੱਚ ਵੀ ਯੋਗਦਾਨ ਪਾ ਰਹੇ ਹਨ, ਜਿਸ ਨਾਲ ਬਿਮਾਰੀਆਂ ਫੈਲਣ ਦਾ ਖ਼ਤਰਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਫਾਈ ਮੁਹਿੰਮ ਸਿਰਫ ਇੱਕ ਰਸਮੀ ਕਾਰਵਾਈ ਨਾ ਰਹਿ ਜਾਵੇ ਤੇ ਨਿਯਮਤ ਸਫਾਈ ਅਤੇ ਕੂੜਾ ਇਕੱਠਾ ਕਰਨ ਦੀ ਇੱਕ ਮਜ਼ਬੂਤ ਪ੍ਰਣਾਲੀ ਲਾਗੂ ਕੀਤੀ ਜਾਵੇ, ਤਾਂ ਸ਼ਹਿਰ ਦਾ ਚਿਹਰਾ ਬਦਲਿਆ ਜਾ ਸਕਦਾ ਹੈ।ਹੁਣ ਸਵਾਲ ਇਹ ਹੈ ਕਿ ਜਦੋਂ ਸਰਕਾਰੀ ਦਫ਼ਤਰਾਂ ਦੇ ਬਾਹਰ ਕੂੜੇ ਦੇ ਢੇਰ ਸਫਾਈ ਦੀ ਘਾਟ ਦੀ ਗਵਾਹੀ ਦੇ ਰਹੇ ਹਨ, ਤਾਂ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਦੇ ਦਾਅਵਿਆਂ ਦੀ ਅਸਲੀਅਤ ਕੀ ਹੈ?

## ਸੈਨੇਟ ਚੋਣਾਂ ਲਈ ਉਮੀਦਵਾਰ ਅਸ਼ੋਕ ਗੋਇਲ ਨੇ ਕੀਤਾ ਚੋਣ ਪ੍ਰਚਾਰ



**ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਹੋਣ ਜਾ ਰਹੀਆਂ ਸੀਨੇਟ ਚੋਣਾਂ ਸਬੰਧੀ ਗ੍ਰੈਜੂਏਟ ਕੰਸਟੀਚੁਐਂਸੀ ਤੋਂ ਉਮੀਦਵਾਰ ਅਸ਼ੋਕ ਗੋਇਲ ਵੱਲੋਂ ਵੋਟਰਾਂ ਨਾਲ ਰਾਬਤਾ ਕਾਇਮ ਕਰਦਿਆਂ ਚੋਣ ਪ੍ਰਚਾਰ ਕੀਤਾ ਗਿਆ।ਉਨ੍ਹਾਂ ਵੋਟਰਾਂ ਨਾਲ ਮੁਲਾਕਾਤ ਕਰਕੇ ਆਪਣੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ।ਵਰਨਣਯੋਗ ਹੈ ਕਿ ਅਸ਼ੋਕ ਗੋਇਲ ਪੰਜਾਬ ਯੂਨੀਵਰਸਿਟੀ ਦੀ ਗ੍ਰੈਜੂਏਟ ਕੰਸਟੀਚੁਐਂਸੀ ਤੋਂ ਸੀਰੀਅਲ ਨੰਬਰ 8 ਤਹਿਤ ਚੋਣ ਲੜ ਰਹੇ ਹਨ। ਅਸ਼ੋਕ ਗੋਇਲ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਮਜ਼ਬੂਤੀ ਅਤੇ ਵਿਦਿਆਰਥੀਆਂ ਦੇ ਹਿੱਤਾਂ ਦੀ ਰਾਖੀ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ।ਉਨ੍ਹਾਂ ਕਿਹਾ ਕਿ ਉਹ ਸੀਨੇਟ ਵਿੱਚ ਵੋਟਰਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣਗੇ ਅਤੇ ਪੂਰੀ ਇਮਾਨਦਾਰੀ ਨਾਲ ਕੰਮ ਕਰਨਗੇ ਤੇ ਯੂਨੀਵਰਸਿਟੀ ਦੀ ਬਿਹਤਰੀ ਲਈ ਹਰ ਸੰਭਵ ਯਤਨ ਕਰਨਗੇ। ਚੋਣ ਪ੍ਰਚਾਰ ਦੌਰਾਨ ਉਨ੍ਹਾਂ ਵੱਲੋਂ ਵੋਟਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਯੂਨੀਵਰਸਿਟੀ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ ਗਏ।

## ਮੁਹੱਲਾ ਕਲੀਨਿਕ 'ਚ ਬਿਜਲੀ ਸਪਲਾਈ ਨਾ ਹੋਣ ਕਾਰਨ ਮਰੀਜ਼ ਤੇ ਸਟਾਫ਼ ਪ੍ਰੇਸ਼ਾਨ

**ਭੀਖੀ, (ਧਰਮਵੀਰ ਸ਼ਰਮਾ)**- ਪੰਜਾਬ ਸਰਕਾਰ ਨਾਗਰਿਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਪ੍ਰਤੀਬੱਧ ਹੈ, ਪ੍ਰੰਤੂ ਅਕਸਰ ਸਿਹਤ ਵਿਭਾਗ ਦੀਆਂ ਸਥਾਨਕ ਪੱਧਰ 'ਤੇ ਅਣਗਹਿਲੀਆਂ ਕਈ ਦਿੱਕਤਾਂ ਖੜੀਆਂ ਕਰ ਦਿੰਦੀਆਂ ਹਨ। ਅਜਿਹਾ ਹੀ ਦੇਖਣ ਨੂੰ ਮਿਲਿਆ ਕਿ ਸਰਕਾਰ ਵੱਲੋਂ ਵਾਰਡ ਨੰਬਰ 13 ਵਿੱਚ ਇੱਕ ਮੁਹੱਲਾ ਕਲੀਨਿਕ ਦੀ ਸ਼ੁਰੂਆਤ



ਬੀਤੀ 25 ਜੁਲਾਈ ਤੋਂ ਸ਼ੁਰੂ ਹੋ ਗਈ ਸੀ, ਪ੍ਰੰਤੂ ਹਾਲੇ ਤੱਕ ਵਿਭਾਗ ਵੱਲੋਂ ਬਿਜਲੀ ਦਾ ਕੁਨੈਕਸ਼ਨ ਨਹੀਂ ਲਗਵਾਇਆ ਗਿਆ ਤੇ ਇਸ ਦਰਮਿਆਨ ਮੁਹੱਲਾ ਕਲੀਨਿਕ ਦੇ ਨਿਰਮਾਣ ਸਮੇਂ ਠੇਕੇਦਾਰ ਵੱਲੋਂ ਜੋ ਆਰਜ਼ੀ ਬਿਜਲੀ ਕੁਨੈਕਸ਼ਨ ਲਿਆ ਗਿਆ ਸੀ, ਹੁਣ ਤੱਕ ਉਸੇ ਨਾਲ ਹੀ ਕੰਮ ਚਲਾਇਆ ਜਾ ਰਿਹਾ ਸੀ, ਪ੍ਰੰਤੂ ਕਲੀਨਿਕ ਦੀ ਇਮਾਰਤ ਦਾ ਨਿਰਮਾਣ ਕਾਰਜ ਪੂਰਾ ਹੋਣ ਉਪਰੰਤ ਬਿਜਲੀ ਦਾ ਮੀਟਰ ਪਾਵਰਕਾਮ ਨੂੰ ਵਾਪਸ ਜਮ੍ਹਾਂ ਕਰਾ ਦਿੱਤਾ ਗਿਆ ਸੀ, ਜਿਸ ਕਰਕੇ ਬਿਜਲੀ ਸਪਲਾਈ ਬੰਦ ਹੋਣ ਕਾਰਨ ਇਥੇ ਨਿਯੁਕਤ ਸਟਾਫ ਤੇ ਇਲਾਜ ਲਈ ਆਉਣ ਵਾਲੇ ਲੋਕਾਂ ਨੂੰ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜ਼ਿਕਰਯੋਗ ਹੈ ਕਿ ਬਿਜਲੀ ਸਪਲਾਈ ਨਾ ਹੋਣ ਕਾਰਨ ਏ.ਸੀ, ਪੱਖੇ, ਇੰਟਰਨੈੱਟ ਕੁਨੈਕਸ਼ਨ ਬੰਦ ਹਨ ਉਥੇ ਮਰੀਜ਼ਾਂ ਦੇ ਸੈਂਪਲ ਕੀਤੇ ਗਏ ਖੂਨ ਦੇ ਨਮੂਨੇ ਆਦਿ ਸਹੀ ਤਰੀਕੇ ਨਾਲ ਰੱਖਣ ਵਿੱਚ ਵੀ ਦਿੱਕਤ ਪੇਸ਼ ਆਉਂਦੀ ਹੈ। ਕਈ ਮਰੀਜ਼ਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਲੀਨਿਕ ਵਿਖੇ ਸਿਹਤ ਵਿਭਾਗ ਬਿਜਲੀ ਦੀ ਸਪਲਾਈ ਲਈ ਪੱਕੇ ਤੌਰ 'ਤੇ ਮੀਟਰ ਲਗਵਾਏ। ਉਧਰ ਐੱਸ.ਐੱਮ.ਓ. ਖਿਆਲਾ ਰਵਿੰਦਰ ਸਿੰਗਲਾ ਨੇ ਕਿਹਾ ਕਿ ਵਿਭਾਗ ਵੱਲੋਂ ਮੁਹੱਲਾ ਕਲੀਨਿਕ ਲਈ ਬਿਜਲੀ ਮੀਟਰ ਦਾ ਕੁਨੈਕਸ਼ਨ ਅਪਲਾਈ ਕਰ ਦਿੱਤਾ ਗਿਆ ਹੈ ਤੇ ਅਗਾਮੀ ਕੁਝ ਦਿਨਾਂ ਵਿੱਚ ਬਿਜਲੀ ਦੀ ਸਪਲਾਈ ਵਿਧੀਵਤ ਚਾਲੂ ਹੋ ਜਾਵੇਗੀ।

# ਕਲਾ ਸੰਗਮ ਦੀ ਇਕੱਤਰਤਾ 'ਚ ਕੌਂਕੇ ਦੇ ਕਾਵਿ ਸੰਗ੍ਰਹਿ 'ਤੇ ਚਰਚਾ

**ਸਮਰਾਲਾ (ਸੁਰਜੀਤ ਸਿੰਘ)**-ਸਾਹਿਤ ਸੰਸਥਾ ਕਲਾ ਸੰਗਮ ਨੀਲੋਂ ਪੁਲ ਦੀ ਮਾਸਿਕ ਇਕੱਤਰਤਾ ਉੱਘੇ ਸਾਹਿਤਕਾਰ ਸੁਰਿੰਦਰ ਰਾਮਪੁਰੀ ਦੀ ਪ੍ਰਧਾਨਗੀ ਹੇਠ ਹੋਈ।ਇਸ ਮੌਕੇ ਸ਼ਾਇਰ ਡਾ. ਅਮਰਜੀਤ ਕੌਂਕੇ ਦੇ ਨਵੇਂ ਕਾਵਿ-ਸੰਗ੍ਰਹਿ 'ਇਸ ਧਰਤੀ 'ਤੇ ਰਹਿੰਦਿਆਂ' ਉੱਪਰ ਗੰਭੀਰ ਵਿਚਾਰ-ਗੋਸ਼ਟੀ ਕਰਵਾਈ ਗਈ। ਸ਼ੁਰੂਆਤ ਵਿੱਚ ਜਨਰਲ ਸਕੱਤਰ ਬੁੱਧ ਸਿੰਘ ਨੀਲੋਂ ਨੇ ਆਏ ਸਾਹਿਤਕਾਰਾਂ ਨੂੰ ਨਿੱਘਾ ਜੀ ਆਇਆਂ ਆਖਿਆ ਤੇ ਡਾ. ਕੌਂਕੇ ਦੇ ਜੀਵਨ ਤੇ ਸਾਹਿਤਕ ਯਾਤਰਾ ਬਾਰੇ ਸੰਖੇਪ ਚਾਨਣਾ ਪਾਇਆ।ਹਾਜ਼ਰੀਨ ਦੇ ਰੂ-ਬ-ਰੂ ਹੁੰਦਿਆਂ ਡਾ. ਅਮਰਜੀਤ ਕੌਂਕੇ ਨੇ ਆਪਣੀ ਜ਼ਿੰਦਗੀ ਤੇ ਸਾਹਿਤਕ ਸਫਰ ਦੀ ਦਾਸਤਾਨ ਹਾਜ਼ਰ ਲੇਖਕਾਂ ਅੱਗੇ ਖੋਲ੍ਹ ਸੁਣਾਈ।ਉਨ੍ਹਾਂ ਪੰਜਾਬ ਦੇ ਕਾਲੇ ਦਿਨਾਂ ਦੇ ਪ੍ਰਭਾਵ ਤੇ ਆਪਣੀ ਸਿਰਜਣਾ-ਪ੍ਰਕਿਰਿਆ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਉਹ ਹੁਣ ਤੱਕ ਕਵਿਤਾ ਦੀਆਂ ਅੱਠ ਪੁਸਤਕਾਂ ਲਿਖ ਚੁੱਕੇ ਹਨ ਤੇ ਕਰੀਬ 45 ਕਿਤਾਬਾਂ ਦਾ ਅਨੁਵਾਦ ਕੀਤਾ ਹੈ।ਭਾਰਤੀ ਸਾਹਿਤ ਅਕਾਦਮੀ ਵੱਲੋਂ ਪੁਸਤਕ 'ਔਰਤ ਮੇਰੇ ਅੰਦਰ' ਦੇ ਅਨੁਵਾਦ ਲਈ ਸਾਹਿਤ ਅਕਾਦਮੀ ਅਨੁਵਾਦ



ਪੁਰਸਕਾਰ ਦਿੱਤਾ ਗਿਆ।ਸਾਲ 1988 ਵਿੱਚ ਉਨ੍ਹਾਂ ਨੂੰ ਰਾਮਪੁਰ ਲਿਖਾਰੀ ਸਭਾ ਵੱਲੋਂ ਸਨਮਾਨ ਮਿਲਿਆ ਤੇ ਬਾਅਦ 'ਚ 'ਔਰਤ ਮੇਰੇ ਅੰਦਰ' ਲਈ ਵੀ ਉਹ ਸਨਮਾਨਤ ਹੋਏ।ਉਹ ਸਾਲ 2003 ਤੋਂ ਸਾਹਿਤਕ ਮੈਗਜ਼ੀਨ 'ਪ੍ਰਤੀਮਾਨ' ਦਾ ਨਿਰੰਤਰ ਸੰਪਾਦਨ ਕਰ ਰਹੇ ਹਨ।ਇਸ ਮੌਕੇ ਉਨ੍ਹਾਂ ਆਪਣੀ ਨਵੀਂ ਕਿਤਾਬ ਵਿੱਚੋਂ ਚੋਣਵੀਆਂ ਕਵਿਤਾਵਾਂ ਦਾ ਪਾਠ ਹਾਜ਼ਰ ਲੇਖਕਾਂ ਦੀ ਨਜ਼ਰ ਕੀਤਾ।ਜਗਤ ਗੁਰੂ ਨਾਨਕ ਦੇਵ ਓਪਨ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਅਮਰਜੀਤ ਸਿੰਘ ਨੇ ਕਿਤਾਬ ਉੱਤੇ ਗੰਭੀਰ ਆਲੋਚਨਾਤਮਕ ਪਰਚਾ ਪੜ੍ਹਿਆ।ਵਿਚਾਰ-ਚਰਚਾ ਵਿੱਚ ਹਿੱਸਾ ਲੈਂਦਿਆਂ ਸ੍ਰੀ ਭੈਣੀ ਸਾਹਿਬ ਸਭਾ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਲਹਿੰਦੇ ਪੰਜਾਬ ਦੇ ਸ਼ਾਇਰ ਬਾਬਾ ਨਜ਼ਮੀ ਦੇ ਜਨਮ ਦਿਨ ਦੀ ਵਧਾਈ ਦਿੰਦਿਆਂ ਕਿਹਾ ਕਿ ਕੌਂਕੇ ਦੀ ਕਵਿਤਾ ਜੀਵਨ ਸੰਘਰਸ਼ ਵਿੱਚੋਂ ਉਪਜੀ ਹੋਣ ਕਰਕੇ ਅੱਗੇ ਵਧਣ ਦੀ ਪ੍ਰੇਰਨਾ ਦਿੰਦੀ ਹੈ।ਦੀਪ ਦਿਲਬਰ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਅਮਰਜੀਤ ਕੌਂਕੇ ਜ਼ਮੀਨੀ ਹਕੀਕਤਾਂ ਨਾਲ ਜੁੜੇ ਲੋਕਾਂ ਦੇ ਕਵੀ ਹਨ।ਪ੍ਰਧਾਨਗੀ ਭਾਸ਼ਣ ਵਿੱਚ ਸੁਰਿੰਦਰ ਰਾਮਪੁਰੀ ਨੇ ਕੌਂਕੇ ਦੀਆਂ ਕਵਿਤਾਵਾਂ ਵਿਚਲੀ ਮਾਨਵੀ ਸੰਵੇਦਨਾ ਦੀ ਤਾਰੀਫ਼ ਕੀਤੀ। ਸਮਾਗਮ ਦੇ ਦੂਜੇ ਪੜਾਅ ਵਿੱਚ ਹੋਏ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਨੇ ਆਪੋ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਅੰਤ ਵਿੱਚ ਸਭਾ ਦੇ ਮੀਤ ਪ੍ਰਧਾਨ ਕਰਨੈਲ ਸਿਵੀਆ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।ਪ੍ਰਬੰਧਕੀ ਜ਼ਿੰਮੇਵਾਰੀਆਂ ਨੂੰ ਬਲਵੰਤ ਮਾਂਗਟ ਨੇ ਬਾਖ਼ੂਬੀ ਨਿਭਾਇਆ।

## ਨਲੀਨਾ ਕਲਾਂ ਦਾ ਸਰਪੰਚ ਮੈਂਬਰਾਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ

### ਵਿਧਾਇਕ ਰਾਏ ਨੇ ਸਿਰੋਪਾਓ ਪਾ ਕੇ ਕੀਤਾ ਸਨਮਾਨਤ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਹਲਕਾ ਫਤਿਹਗੜ੍ਹ ਸਾਹਿਬ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਬਲ ਮਿਲਿਆ, ਜਦੋਂ ਗ੍ਰਾਮ ਪੰਚਾਇਤ ਨਲੀਨਾ ਕਲਾਂ ਦੇ ਸਰਪੰਚ ਗੁਰਜਿੰਦਰ ਸਿੰਘ ਗੁਰੀ ਸਮੂਹ ਪੰਚਾਇਤ ਮੈਂਬਰਾਂ ਤੇ ਕੋ-ਆਪ੍ਰੇਟਿਵ ਡਾਇਰੈਕਟਰ ਦੇ ਨਾਲ ਆਮ



ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਉਨ੍ਹਾਂ ਦਾ ਸਵਾਗਤ ਕਰਨ ਲਈ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ, ਉਨ੍ਹਾਂ ਪਾਰਟੀ 'ਚ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਗ੍ਰਾਮ ਪੰਚਾਇਤ ਨਲੀਨਾ ਕਲਾਂ ਦੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਣ ਨਾਲ ਉਨ੍ਹਾਂ ਨੂੰ ਵੱਡਾ ਹੁਲਾਰਾ ਮਿਲਿਆ ਹੈ। ਇਨ੍ਹਾਂ ਦੀ ਸ਼ਮੂਲੀਅਤ ਨਾਲ ਹੁਣ ਰਲ-ਮਿਲ ਕੇ ਪਿੰਡ ਦਾ ਵਿਕਾਸ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਗੁਰਜਿੰਦਰ ਸਿੰਘ ਗੁਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਪ 'ਚ ਸ਼ਾਮਲ ਹੋਏ ਹਨ ਤੇ ਆਸ ਕਰਦੇ ਹਨ ਕਿ ਪਾਰਟੀ ਸੂਬੇ ਦੇ ਲੋਕਾਂ ਦੀ ਬਿਹਤਰੀ ਲਈ ਇਸੇ ਤਰ੍ਹਾਂ ਕੰਮ ਕਰਦੀ ਰਹੇਗੀ।ਪਾਰਟੀ ਵੱਲੋਂ ਉਨ੍ਹਾਂ ਨੂੰ ਜੋ ਵੀ ਜ਼ਿੰਮੇਵਾਰੀ ਸੌਂਪੀ ਜਾਵੇਗੀ, ਉਹ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਸਰਪੰਚ ਗੁਰਜਿੰਦਰ ਸਿੰਘ ਗੁਰੀ ਤੋਂ ਇਲਾਵਾ ਪੰਚ ਗੁਰਮੀਤ ਕੌਰ, ਪੰਚ ਰਜਿੰਦਰ ਸਿੰਘ, ਪੰਚ ਰੁਲਦਾ ਖਾਨ, ਕੋ-ਆਪ੍ਰੇਟਿਵ ਸੁਸਾਇਟੀ ਦੇ ਗੁਰਮੁਖ ਸਿੰਘ, ਕਿਰਨਜੀਤ ਕੌਰ, ਅਮਰਜੀਤ ਸਿੰਘ, ਗੁਰਵਿੰਦਰ ਸਿੰਘ, ਦਰਸ਼ਨ ਸਿੰਘ ਆਦਿ ਦੇ ਨਾਮ ਸ਼ਾਮਲ ਹਨ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਲਜਿੰਦਰ ਸਿੰਘ, ਅਮਰਿੰਦਰ ਸਿੰਘ ਮੰਡੋਫਲ, ਬਲਾਕ ਸੰਮਤੀ ਮੈਂਬਰ ਸਤਬੀਰ ਸਿੰਘ ਜੱਲਾ ਆਦਿ ਹਾਜ਼ਰ ਸਨ।

## ਨਵੇਂ ਥਾਣਾ ਮੁਖੀ ਰਣਜੀਤ ਸਿੰਘ ਨੂੰ ਕੀਤਾ ਸਨਮਾਨਤ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਪੰਜਾਬ ਪੁਲਸ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਤਰੱਕੀਆਂ ਤਹਿਤ ਕਸਬਾ ਭਦੌੜ ਨਾਲ ਸਬੰਧਤ ਸਬ-ਇੰਸਪੈਕਟਰ ਰਣਜੀਤ ਸਿੰਘ ਢੀਂਡਸਾਂ ਨੂੰ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਐੱਸ.ਐੱਚ.ਓ. ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਨਿਯੁਕਤੀ 'ਤੇ ਡਾਕਟਰ ਕੁਲਦੀਪ ਸਿੰਘ ਪੰਚ ਮਾਛੀਕੇ ਤੇ ਉਨ੍ਹਾਂ ਦੇ ਪੁੱਤਰ



ਰੋਮਨ ਵੱਲੋਂ ਨਿੱਘਾ ਸਵਾਗਤ ਕਰਦਿਆਂ ਸਨਮਾਨਤ ਕੀਤਾ ਗਿਆ।ਇਸ ਮੌਕੇ ਡਾਕਟਰ ਕੁਲਦੀਪ ਸਿੰਘ ਪੰਚ ਮਾਛੀਕੇ ਨੇ ਕਿਹਾ ਕਿ ਢੀਂਡਸਾ ਪਰਵਾਰ ਨਾਲ ਉਨ੍ਹਾਂ ਦੀ ਕਾਫ਼ੀ ਲੰਮੇ ਸਮੇਂ ਤੋਂ ਦੋਸਤੀ ਹੈ।ਉਨ੍ਹਾਂ ਰਣਜੀਤ ਸਿੰਘ ਢੀਂਡਸਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸ਼ੁੱਭ-ਕਾਮਨਾਵਾਂ ਦਿੰਦਿਆਂ ਉਮੀਦ ਪ੍ਰਗਟਾਈ ਕਿ ਉਹ ਇਲਾਕੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ ਤਨਦੇਹੀ ਨਾਲ ਕੰਮ ਕਰਨਗੇ। ਇਸ ਦੌਰਾਨ ਥਾਣਾ ਨਿਹਾਲ ਸਿੰਘ ਵਾਲਾ ਦੇ ਨਵੇਂ ਐੱਸ.ਐੱਚ.ਓ. ਰਣਜੀਤ ਸਿੰਘ ਢੀਂਡਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਪੁਲਸ ਵੱਲੋਂ ਸਖ਼ਤੀ ਨਾਲ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਅਮਨ-ਕਾਨੂੰਨ ਦੀ ਸਥਿਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

## ਨੌਜਵਾਨ 'ਤੇ ਤਸ਼ੱਦਦ ਦੇ ਵਿਰੋਧ 'ਚ ਕਾਂਗਰਸ ਨੇ ਮੁੱਖ ਮੰਤਰੀ ਨੂੰ ਦਿਖਾਈਆਂ ਕਾਲੀਆਂ ਝੰਡੀਆਂ

**ਜ਼ੀਰਾ, (ਨਰਿੰਦਰ ਅਨੇਜਾ)**-ਸੰਗਰੂਰ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੇ ਪ੍ਰੋਗਰਾਮ ਦੌਰਾਨ ਆਪਣੇ ਹੱਕ ਦੀ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨ ਮੋਹਨਜੀਤ ਸ਼ੇਰੋਂ ਨਾਲ ਪੁਲਸ ਵੱਲੋਂ ਕੀਤੇ ਕਥਿਤ ਤਸ਼ੱਦਦ ਦੇ ਵਿਰੋਧ ਵਿੱਚ ਕਾਂਗਰਸ ਪਾਰਟੀ ਵੱਲੋਂ ਜ਼ੀਰਾ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰੈਲੀ ਦੌਰਾਨ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਤੇ ਸਾਬਕਾ



ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ ਹੇਠ ਸੀਨੀਅਰ ਕਾਂਗਰਸੀ ਆਗੂਆਂ ਤੇ ਵਰਕਰਾਂ ਨੇ ਕਾਲੀਆਂ ਝੰਡੀਆਂ ਦਿਖਾ ਕੇ ਆਪਣਾ ਵਿਰੋਧ ਦਰਜ ਕਰਵਾਇਆ। ਕਾਂਗਰਸੀ ਆਗੂਆਂ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਆਪਣੀ ਗੱਲ ਰੱਖਣ ਤੇ ਸਰਕਾਰ ਤੋਂ ਸਵਾਲ ਪੁੱਛਣ ਦਾ ਅਧਿਕਾਰ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਦੀ ਆਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣਾ ਲੋਕਤੰਤਰਿਕ ਕਦਰਾਂ ਕੀਮਤਾਂ ਦੇ ਅਨੁਕੂਲ ਨਹੀਂ ਹੈ।ਉਨ੍ਹਾਂ ਸੰਗਰੂਰ ਵਿੱਚ ਵਾਪਰੀ ਘਟਨਾ ਦੀ ਨਿੰਦਾ ਕਰਦਿਆਂ ਕਿਹਾ ਕਿ ਲੋਕਾਂ ਦੇ ਹੱਕਾਂ ਤੇ ਆਵਾਜ਼ ਨੂੰ ਦਬਾਉਣ ਦੀ ਬਜਾਏ ਸਰਕਾਰ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨੀਆਂ ਚਾਹੀਦੀਆਂ ਹਨ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਜ਼ੀਰਾ ਪਹੁੰਚਣ ਮੌਕੇ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਵੱਲੋਂ ਕੀਤੇ ਗਏ ਵਿਰੋਧ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ।ਪਿੰਡਾਂ ਵਿੱਚੋਂ ਕਾਂਗਰਸੀ ਵਰਕਰ ਅਤੇ ਸਮਰਥਕ ਕਾਫ਼ਲਿਆਂ ਦੇ ਰੂਪ ਵਿੱਚ ਜ਼ੀਰਾ ਪਹੁੰਚੇ। ਰੋਸ ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਕਾਲੀਆਂ ਝੰਡੀਆਂ ਲਹਿਰਾ ਕੇ ਸਰਕਾਰ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਗੁਰਦੀਪ ਸਿੰਘ ਢਿੱਲੋਂ, ਆਸ਼ੂ ਬਾਂਗੜ ਸਮੇਤ ਕਾਂਗਰਸ ਪਾਰਟੀ ਦੇ ਹੋਰ ਅਹੁਦੇਦਾਰ ਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।ਕਾਂਗਰਸੀ ਆਗੂਆਂ ਨੇ ਕਿਹਾ ਕਿ ਪਾਰਟੀ ਵਰਕਰਾਂ ਦੀ ਇਕਜੁੱਟਤਾ ਨਾਲ ਲੋਕਾਂ ਦੇ ਮੁੱਦਿਆਂ ਨੂੰ ਹੋਰ ਮਜ਼ਬੂਤੀ ਨਾਲ ਉਠਾਇਆ ਜਾਵੇਗਾ। ਕੈਪਸ਼ਨ ਫੋਟ—ਮੁੱਖ ਮੰਤਰੀ ਮਾਨ ਦਾ ਜ਼ੀਰਾ ਕਾਲੀਆਂ ਕਾਲੀਆਂ ਪੱਟੀਆਂ ਬੰਨ ਕੇ ਰੋਸ ਕਰਦੇ ਹੋਏ ਕਾਂਗਰਸੀ ਆਗੂ।

## ਐੱਸ. ਪੀ. ਗੁਰਿੰਦਰਜੀਤ ਸਿੰਘ ਸੰਧੂ ਡੀ.ਜੀ.ਪੀ. ਡਿਸਕ ਨਾਲ ਸਨਮਾਨਤ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ)** : ਪੰਜਾਬ ਪੁਲਸ ਵਿੱਚ ਆਪਣੀ ਡਿਊਟੀ ਪ੍ਰਤੀ ਸਮਰਪਣ, ਮਿਹਨਤ ਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਬਦਲੇ ਐੱਸ.ਪੀ. (ਐੱਚ) ਸ੍ਰੀ ਗੁਰਿੰਦਰਜੀਤ ਸਿੰਘ



ਸੰਧੂ ਨੂੰ ਮਾਣਯੋਗ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ. ਡੀ.ਜੀ.ਪੀ. ਪੰਜਾਬ ਵੱਲੋਂ ਡੀ.ਜੀ.ਪੀ. ਡਿਸਕ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐੱਸ. ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਨੇ ਐੱਸ.ਪੀ. (ਐੱਚ) ਸ੍ਰੀ ਗੁਰਿੰਦਰਜੀਤ ਸਿੰਘ ਸੰਧੂ ਨੂੰ ਆਪਣੇ ਹੱਥੀਂ ਡੀ.ਜੀ.ਪੀ. ਡਿਸਕ ਲਗਾ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਵੱਲੋਂ ਸ੍ਰੀ ਗੁਰਿੰਦਰਜੀਤ ਸਿੰਘ ਸੰਧੂ ਦੀ ਡਿਊਟੀ ਪ੍ਰਤੀ ਲਗਨ, ਇਮਾਨਦਾਰੀ, ਮਿਹਨਤ ਤੇ ਪੁਲਸ ਵਿਭਾਗ ਪ੍ਰਤੀ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ।

## ਸਫਾ 1 ਦੇ ਬਾਕੀ...

### ਐੱਸ ਕੇ ਐੱਮ ਵੱਲੋਂ ਮੋਰਚਾ ਫਤਿਹ

ਸਨ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਨਾਲ ਐਤਵਾਰ ਰਾਤੀਂ ਪੰਜਾਬ ਭਵਨ ਵਿਖੇ ਹੋਈ ਮੀਟਿੰਗ ਵਿੱਚ ਕਿਸਾਨ ਜਥੇਬੰਦੀਆਂ ਦੀ ਪ੍ਰਮੁੱਖ ਮੰਗ ਦਰਿਆਈ ਪਾਣੀਆਂ ਦੇ ਸਮਝੌਤਿਆਂ ਦੀਆਂ ਕੁਝ ਮੱਦਾਂ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾ ਕੇ ਰੱਦ ਕਰਨ ਦੀ ਪੰਜਾਬ ਸਰਕਾਰ ਵੱਲੋਂ ਪ੍ਰਵਾਨ ਕਰ ਲਈ ਗਈ ਸੀ।

ਇਸ ਦੇ ਨਾਲ ਬਿਜਲੀ ਸੋਧ ਬਿੱਲ, ਬੀਜ ਬਿੱਲ ਅਤੇ ਕਿਸਾਨਾਂ ਦੇ ਕਰਜ਼ਿਆਂ ਲਈ ਇੱਕ ਮੁਸ਼ਤ ਸੈਟਲਮੈਂਟ ਸਮੇਤ ਕੁਝ ਹੋਰ ਮੰਗਾਂ ਵੀ ਪ੍ਰਵਾਨੀਆਂ ਗਈਆਂ ਸਨ, ਜਿਨ੍ਹਾਂ ਵਿੱਚ ਗੰਨੇ ਦਾ ਭਾਅ ਵਧਾਉਣ ਦੀ ਮੰਗ ਵੀ ਸ਼ਾਮਲ ਸੀ।

### ਹਾਈ ਕੋਰਟ ਵੱਲੋਂ ਦਿੱਲੀ...

ਹੋਏ ਸੋਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਅਧਿਕਾਰੀ ਬਚਾਅ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡਣਗੇ। ਸਰਕਾਰ ਸਥਿਤੀ 'ਤੇ ਸਰਗਰਮੀ ਨਾਲ ਨਜ਼ਰ ਰੱਖ ਰਹੀ ਹੈ ਅਤੇ ਸਾਰੇ ਸੰਬੰਧਤ ਲੋਕਾਂ ਦੇ ਹਿੱਤ ਵਿੱਚ ਸਾਰੇ ਫੈਸਲੇ ਲਵੇਗੀ।

### ਕਬੂਤਰਖਾਨਿਆਂ 'ਚ ਰਹਿਣ ਲਈ ਮਜਬੂਰ ਦੇਸ਼ ਦਾ ਭਵਿੱਖ

ਤਾਂ ਸਭ ਕੁਝ ਬਰਬਾਦ ਹੋ ਚੁੱਕਾ ਸੀ। ਬੇਸਮੈਂਟ ਵਿੱਚ ਲਗਭਗ ਇੱਕ ਹਫਤੇ ਤੋਂ ਕੰਮ ਚੱਲ ਰਿਹਾ ਸੀ।

ਇਮਾਰਤ ਲਗਭਗ 40 ਸਾਲ ਪੁਰਾਣੀ ਸੀ। ਪ੍ਰਿਅੰਕਾ, ਜੋ ਲਗਭਗ 20 ਸਾਲਾਂ ਤੋਂ ਇਸ ਇਲਾਕੇ ਵਿੱਚ ਰਹਿ ਰਹੀ ਹੈ, ਨੇ ਕਿਹਾ ਕਿ ਇੱਥੇ ਬਹੁਤ ਸਾਰੇ ਪੁਰਾਣੇ ਘਰਾਂ ਨੂੰ ਮੁੰਡਿਆਂ ਲਈ 5-6 ਮੰਜ਼ਲਾ ਪੀ ਜੀ ਵਿੱਚ ਬਦਲ ਦਿੱਤਾ ਗਿਆ ਹੈ।

ਮਾਲਕ ਕਿਤੇ ਹੋਰ ਰਹਿੰਦੇ ਹਨ, ਆਨਲਾਈਨ ਕਿਰਾਇਆ ਵਸੂਲਦੇ ਹਨ, ਅਤੇ ਇਮਾਰਤਾਂ ਦੀ ਦੇਖਭਾਲ ਨਹੀਂ ਕਰਦੇ। ਢਹਿ ਗਈ ਇਮਾਰਤ ਦੀ ਲੰਮੇ ਸਮੇਂ ਤੋਂ ਦੇਖਭਾਲ ਨਹੀਂ ਕੀਤੀ ਗਈ ਸੀ।

### ਪੰਜਾਬ 'ਚ ਬਿਜਲੀ ਦੀ ਮੰਗ ਤੇ ਸਪਲਾਈ 'ਚ 1850 ਮੈਗਾਵਾਟ ...

ਰਾਜ ਤੋਂ ਬਾਹਰ ਸਥਿਤ ਕੇਂਦਰੀ ਖੇਤਰ ਦੇ ਥਰਮਲ ਪਾਵਰ ਸਟੇਸ਼ਨਾਂ ਵਿੱਚ ਪੰਜਾਬ ਦਾ ਨਿਰਧਾਰਤ ਹਿੱਸਾ ਲੱਗਭੱਗ 2,814 ਮੈਗਾਵਾਟ ਹੈ। ਹਾਲਾਂਕਿ ਇਸ ਵੇਲੇ ਇਨ੍ਹਾਂ ਪਲਾਂਟਾਂ ਤੋਂ ਪੰਜਾਬ ਨੂੰ ਔਸਤਨ ਸਿਰਫ 1,621 ਮੈਗਾਵਾਟ ਬਿਜਲੀ ਹੀ ਮਿਲ ਰਹੀ ਹੈ। ਇਸ ਨਾਲ ਸੂਬੇ ਦੇ ਅਸਲ ਹਿੱਸੇ ਅਤੇ ਪ੍ਰਾਪਤ ਹੋ ਰਹੀ ਬਿਜਲੀ ਦੇ ਵਿਚਕਾਰ ਲੱਗਭੱਗ 1,193 ਮੈਗਾਵਾਟ ਦਾ ਵੱਡਾ ਪਾੜਾ ਪੈ ਗਿਆ ਹੈ। ਸਥਿਤੀ ਨੂੰ ਹੋਰ ਵੀ ਚਿੰਤਾਜਨਕ ਨਾਭਾ ਪਾਵਰ ਲਿਮਟਿਡ ਵੱਲੋਂ ਚਲਾਏ ਜਾ ਰਹੇ ਰਾਜਪੁਰਾ ਥਰਮਲ ਪਲਾਂਟ ਨੇ ਬਣਾ ਦਿੱਤਾ ਹੈ, ਜਿੱਥੇ ਕੋਲੇ ਦੀ ਵੰਡ ਕੇਂਦਰ ਸਰਕਾਰ ਵੱਲੋਂ ਕੀਤੀ ਜਾਂਦੀ ਹੈ। ਇਸ ਪਲਾਂਟ ਦੀ ਕੁੱਲ ਉਤਪਾਦਨ ਸਮਰੱਥਾ 1,330 ਮੈਗਾਵਾਟ ਹੈ, ਪਰ ਕੋਲੇ ਦੀ ਕਮੀ ਕਾਰਨ ਇਹ ਪਿਛਲੇ ਕੁਝ ਦਿਨਾਂ ਤੋਂ ਆਪਣੀ ਅੱਧੀ ਸਮਰੱਥਾ (ਲੱਗਭੱਗ 660 ਮੈਗਾਵਾਟ) 'ਤੇ ਹੀ ਚੱਲ ਰਿਹਾ ਹੈ। ਕੇਂਦਰੀ ਥਰਮਲ ਸਟੇਸ਼ਨਾਂ ਤੋਂ 1,193 ਮੈਗਾਵਾਟ ਦੀ ਘਾਟ ਅਤੇ ਰਾਜਪੁਰਾ ਪਲਾਂਟ ਤੋਂ 660 ਮੈਗਾਵਾਟ ਦਾ ਉਤਪਾਦਨ ਘਟਣ ਨਾਲ ਪੰਜਾਬ ਨੂੰ ਕੁੱਲ ਮਿਲਾ ਕੇ 1,850 ਮੈਗਾਵਾਟ ਦਾ ਵੱਡਾ ਝਟਕਾ ਲੱਗਾ ਹੈ। ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸੰਕਟ ਨੂੰ ਹੱਲ ਕਰਨ ਲਈ ਤੁਰੰਤ ਠੋਸ ਕਦਮ ਚੁੱਕੇ ਜਾਣ।

### ਪਾਸ਼ ਸਮਾਗਮ ਦੀ ਤਿਆਰੀ ਕਰਦੇ ਆਗੂਆਂ 'ਤੇ...

ਆਗੂਆਂ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ, ਸਹਾਇਕ ਸਕੱਤਰ ਪ੍ਰੋ. ਗੋਪਾਲ ਸਿੰਘ ਬੁੱਟਰ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੀਤੇ 38 ਵਰ੍ਹਿਆਂ ਤੋਂ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿੱਚ ਪਾਸ਼ ਦਾ ਜਨਮ ਦਿਹਾੜਾ ਅਤੇ ਸ਼ਹੀਦੀ ਦਿਹਾੜਾ ਕਿਸੇ ਨਾ ਕਿਸੇ ਰੂਪ ਵਿੱਚ ਮਨਾਇਆ ਜਾ ਰਿਹਾ ਹੈ। ਅਫ਼ਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦੀ ਇਤਿਹਾਸਕ ਵਿਰਾਸਤੀ ਦਿੱਖ ਅਤੇ ਇਸ ਵਿੱਚ ਹੋਣ ਵਾਲੇ ਸਮਾਗਮਾਂ, ਸਰਗਰਮੀਆਂ ਅਤੇ ਵਰਤੋਂ ਦਾ ਮੁਹਾਂਦਰਾ ਬਦਲਣ ਅਤੇ ਪਿੰਡ ਦਾ ਮਾਹੌਲ ਵਿਗਾੜਨ ਲਈ ਕੋਝੇ ਹੱਥਕੰਡੇ ਅਪਣਾਏ ਜਾ ਰਹੇ ਹਨ। ਪ੍ਰੈੱਸ ਨੋਟ 'ਚ ਜ਼ੋਰ ਦੇ ਕੇ ਕਿਹਾ ਗਿਆ ਕਿ 9 ਸਤੰਬਰ ਨੂੰ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿੱਚ ਸਿਜਦਾ ਕਰਨ ਉਪਰੰਤ ਪਾਸ਼ ਅਤੇ ਹੰਸ ਰਾਜ ਦੇ ਲਹੂ ਨਾਲ ਸਿੰਜੇ ਖੇਤਾਂ ਵਿੱਚ ਲੱਗ ਰਹੇ ਵਿਸ਼ਾਲ ਪੰਡਾਲ ਵਿੱਚ ਜੁੜ ਕੇ ਅਹਿਦ ਕੀਤਾ ਜਾਏਗਾ ਕਿ ਪਾਸ਼ ਨੇ ਸਮਾਜਕ ਸਰੋਕਾਰਾਂ ਦੀ ਬਾਂਹ ਫੜੀ ਰੱਖਣ ਅਤੇ ਮਨੁੱਖਤਾ ਲਈ ਖ਼ੂਬਸੂਰਤ ਨਿਜ਼ਾਮ ਸਿਰਜਣ ਲਈ ਕਾਵਿ ਅਤੇ ਮੁੱਲਵਾਨ ਵਾਰਤਕ ਸਿਰਜਣਾ ਕੀਤੀ, ਉਸ ਧਰੋਹਰ ਨੂੰ ਸੰਭਾਲਣ ਲਈ ਸਾਨੂੰ ਸਭਨਾਂ ਨੂੰ ਸਿਰ ਜੋੜਨ ਦੀ ਲੋੜ ਹੈ। ਉਹਨਾਂ ਦੱਸਿਆ ਕਿ 9 ਸਤੰਬਰ ਸਮਾਗਮ ਮੌਕੇ ਡਾ. ਸਵਰਾਜਬੀਰ ਦਾ ਲਿਖਿਆ ਕੇਵਲ ਧਾਲੀਵਾਲ ਦੁਆਰਾ ਨਿਰਦੇਸ਼ਤ ਨਾਟਕ 'ਅਸੀਂ ਲੜਾਂਗੇ ਸਾਥੀ' ਵਿਰਸਾ ਵਿਹਾਰ ਅੰਮ੍ਰਿਤਸਰ ਵਿੱਚ ਮੰਚ ਰੰਗਮੰਚ ਵੱਲੋਂ ਲੱਗੀ ਵਰਕਸ਼ਾਪ ਚ ਅੰਤਮ ਛੋਹਾਂ 'ਤੇ ਹੈ। ਇਸ ਤੋਂ ਇਲਾਵਾ ਬੁੱਧੀਮਾਨ ਵਕਤਾ ਵਿਚਾਰਾਂ ਕਰਨਗੇ ਅਤੇ ਗੀਤ-ਸੰਗੀਤ ਹੋਏਗਾ।

### ਚੀਫ ਜਸਟਿਸ ਦੇ ਸਹੁੰ ਚੁੱਕ ਸਮਾਗਮ 'ਚ ਮਾਨ ਨਹੀਂ ਪਹੁੰਚੇ

ਹੈ। ਕੌਸ਼ਲ ਨੇ ਇਹ ਵੀ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਅਖ਼ਬਾਰਾਂ ਵਿੱਚ ਹੁਣ ਵੀ ਵਿਗਿਆਪਨ ਜਾਰੀ ਕੀਤੇ ਜਾ ਰਹੇ ਹਨ ਅਤੇ ਰੱਖੜੀ ਦੇ ਮੌਕੇ 'ਤੇ ਔਰਤਾਂ ਲਈ ਕਰੋੜਾਂ ਰੁਪਏ ਜਾਰੀ ਕਰਨ ਦਾ ਹਵਾਲਾ ਵੀ ਦਿੱਤਾ। ਇੱਕ ਹੋਰ ਅਰਜ਼ੀਕਾਰ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਚੇਤਨ ਮਿੱਤਲ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਹਾਈ ਕੋਰਟ ਵੱਲੋਂ ਨਿਰਦੇਸ਼ਤ ਪਾਲਣਾ ਹਲਫਨਾਮਾ ਹਾਲੇ ਤੱਕ ਦਾਖਲ ਨਹੀਂ ਕੀਤਾ ਹੈ। ਹਾਲਾਂਕਿ ਬੈਂਚ ਨੇ ਕਿਹਾ ਕਿ ਉਹ ਕੇਸ ਦੀ ਫਾਈਲ ਨੂੰ ਦੇਖਣ ਤੋਂ ਬਾਅਦ ਹੀ ਅਰਜ਼ੀਆਂ 'ਤੇ ਸੁਣਵਾਈ ਕਰੇਗੀ। ਇਹ ਮਾਮਲਾ ਹੁਣ ਵੀਰਵਾਰ ਨੂੰ ਅੱਗੇ ਦੀ ਸੁਣਵਾਈ ਲਈ ਆਉਣ ਦੀ ਸੰਭਾਵਨਾ ਹੈ। ਸਹੁੰ ਚੁੱਕਣ ਵਾਲੇ ਦਿਨ ਹੀ ਆਏ ਇਸ ਬਿਆਨ ਨੇ ਇਸ ਗੱਲ ਦਾ ਸ਼ੁਰੂਆਤੀ ਸੰਕੇਤ ਦੇ ਦਿੱਤਾ ਹੈ ਕਿ ਚੀਫ ਜਸਟਿਸ ਮਿਸ਼ਰਾ ਹਾਈ ਕੋਰਟ ਵਿੱਚ ਕਿਸ ਕਿਸਮ ਦਾ ਸੰਸਥਾਗਤ ਰੁਖ ਅਪਣਾਉਣ ਦਾ ਇਰਾਦਾ ਰੱਖਦੇ ਹਨ।

### ਮਾਰਕਸਵਾਦ ਤੋਂ ਰੋਸ਼ਨੀ ਲੈ ਕੇ ਲੋਕਾਂ ਨੂੰ ਜਥੇਬੰਦ ਕਰੀਏ-ਜਗਰੂਪ

ਆਪਣੇ ਜੀਵਨ ਅਤੇ ਲੋਕਾਂ ਨੂੰ ਜਥੇਬੰਦ ਕਰਨ ਵਿੱਚ ਅਮਲ ਕਰੀਏ। ਉਹਨਾਂ ਅੱਗੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਕਿਤਾਬਾਂ ਅਤੇ ਲਾਇਬ੍ਰੇਰੀਆਂ ਨਾਲ ਜੁੜਨਾ ਚਾਹੀਦਾ ਹੈ, ਕਿਉਂਕਿ ਕਿਤਾਬਾਂ ਹੀ ਸਾਡਾ ਸੱਚਾ ਮਿੱਤਰ ਸਾਬਿਤ ਹੋ ਸਕਦੀਆਂ ਹਨ। ਇਹ ਸਿਧਾਂਤਕ ਸਕੂਲ ਸਫਲਤਾ-ਪੂਰਵਕ ਨੇਪਰੇ ਚੜ੍ਹਾਉਣ ਵਿੱਚ ਰੋਡਵੇਜ਼ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਇਕਬਾਲ ਸਿੰਘ ਪਠਾਨਕੋਟ ਅਤੇ ਹੋਰ ਸਾਥੀਆਂ ਨੇ ਅਹਿਮ ਭੂਮਿਕਾ ਨਿਭਾਈ ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਸੀਰ ਸਿੰਘ ਖੋਸਾ ਨਰੇਗਾ ਮਜ਼ਦੂਰ ਆਗੂ, ਰੋਡਵੇਜ਼ ਮੁਲਾਜ਼ਮ ਆਗੂ ਅਜੇ ਕੁਮਾਰ ਸਨੋਤਰਾ ਅੰਮ੍ਰਿਤਸਰ, ਕੁਲਦੀਪ ਸਿੰਘ ਖਹਿਰਾ ਜਗਰਾਓਂ, ਜਗਸੀਰ ਸਿੰਘ ਨੇਰੀ, ਸੰਦੀਪ ਸਿੰਘ ਜਲੰਧਰ, ਰਜਿੰਦਰ ਸਿੰਘ ਗੋਨੀ ਰੋਪੜ, ਜਸਵਿੰਦਰ ਸਿੰਘ ਜਲੰਧਰ, ਜੋਗਿੰਦਰ ਸਿੰਘ ਕਾਹਲੋਂ ਬਟਾਲਾ, ਗੁਰਦੀਪ ਸਿੰਘ ਪਠਾਨਕੋਟ, ਯਸ਼ਪਾਲ ਪਠਾਨਕੋਟ, ਪ੍ਰਿਤਪਾਲ ਸਿੰਘ ਪੰਡੋਰੀ ਜਗਰਾਉਂ, ਅਮਰੀਕ ਸਿੰਘ ਬਟਾਲਾ, ਮਲਕੀਤ ਭੱਟੀ, ਕੁਲਵਿੰਦਰ ਸਿੰਘ ਬੱਲ, ਜਗਦੀਪ ਸਿੰਘ ਬਰਗਾੜੀ ਫਿਰੋਜ਼ਪੁਰ ਡਿਪੂ, ਗੁਰਲਾਲ ਸਿੰਘ ਪੱਟੀ, ਗੁਰਭੇਜ ਸਿੰਘ ਪੱਟੀ, ਮਿਲਖ ਰਾਜ ਸ੍ਰੀ ਮੁਕਤਸਰ ਸਾਹਿਬ, ਨਰੇਸ਼ ਪਾਲ ਸੋਢੀ, ਮੋਹਨਜੀਤ ਸਿੰਘ ਗਰੇਵਾਲ, ਹਰਬੰਸ ਸਿੰਘ ਪੰਧੇਰ, ਹਰਜਿੰਦਰ ਸਿੰਘ ਸੀਲੋਂ, ਨਸੀਬ ਸਿੰਘ ਜੜੌਤ, ਮਹਿੰਦਰ ਸਿੰਘ ਰੋਪੜ, ਚਮਕੌਰ ਸਿੰਘ ਮੋਗਾ, ਤਰਸੇਮ ਨਰੂਲਾ ਫਰੀਦਕੋਟ, ਸੋਢੀ ਸਿੰਘ ਪਠਾਨਕੋਟ, ਜਗਪਾਲ ਸਿੰਘ ਪ੍ਰਧਾਨ ਮੋਗਾ, ਅਜਮੇਰ ਸਿੰਘ ਅਖਾੜਾ, ਭੁਪਿੰਦਰ ਸਿੰਘ ਭਿੰਦਾ ਮੋਗਾ ਅਤੇ ਦਲਜੀਤ ਸਿੰਘ ਜਗਰਾਉਂ ਆਦਿ ਹਾਜ਼ਰ ਸਨ।

### ਕੇਂਦਰੀ ਪੰਜਾਬੀ ਲੇਖਕ ਸਭਾ ਦਾ ਤਿੰਨ ਸਾਲਾ ਅਜਲਾਸ 13 ਸਤੰਬਰ ...

ਜਾਵੇਗਾ। ਜਨਰਲ ਸਕੱਤਰ ਵੱਲੋਂ ਸਭਾ ਦੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਅਜਲਾਸ ਦਾ ਕੇਂਦਰੀ ਵਿਸ਼ਾ ਸਿਰਫ਼ ਸਭਾ ਦੀ ਪਿਛਲੀ ਕਾਰਗੁਜ਼ਾਰੀ ਦਾ ਮੁਲਾਂਕਣ ਨਹੀਂ ਹੋਵੇਗਾ, ਸਗੋਂ ਮੌਜੂਦਾ ਸਮਾਜਿਕ, ਰਾਜਨੀਤਕ ਅਤੇ ਸੱਭਿਆਚਾਰਕ ਪ੍ਰਸਥਿਤੀਆਂ ਵਿੱਚ ਲੇਖਕਾਂ ਅਤੇ ਚਿੰਤਕਾਂ ਦੀ ਭੂਮਿਕਾ ਬਾਰੇ ਵੀ ਵਿਚਾਰ-ਵਟਾਂਦਰਾ ਹੋਵੇਗਾ। ਇਸੇ ਸੰਦਰਭ ਵਿੱਚ ਪ੍ਰੋ. ਜੈਪਾਲ 'ਸਮਕਾਲ ਵਿੱਚ ਲੇਖਕਾਂ, ਚਿੰਤਕਾਂ ਦੀ ਜ਼ਿੰਮੇਵਾਰੀ' ਵਿਸ਼ੇ 'ਤੇ ਮੁੱਖ ਵਕਤਾ ਵਜੋਂ ਆਪਣੇ ਵਿਚਾਰ ਪੇਸ਼ ਕਰਨਗੇ। ਸਭਾ ਦੇ ਆਗੂਆਂ ਨੇ ਦੱਸਿਆ ਕਿ 25 ਅਕਤੂਬਰ ਦੀ ਚੋਣ ਕੇਂਦਰੀ ਪੰਜਾਬੀ ਲੇਖਕ ਸਭਾ ਦੀ ਜਥੇਬੰਦਕ ਪ੍ਰਕਿਰਿਆ ਦਾ ਅਹਿਮ ਪੜਾਅ ਹੋਵੇਗੀ। ਦੇਸ਼-ਵਿਦੇਸ਼ ਦੀਆਂ ਸੰਬੰਧਤ ਸਾਹਿਤਕ ਸਭਾਵਾਂ ਅਤੇ ਉਨ੍ਹਾਂ ਦੇ ਨੁਮਾਇੰਦੇ ਇਸ ਚੋਣ ਪ੍ਰਕਿਰਿਆ ਵਿੱਚ ਹਿੱਸਾ ਲੈਣਗੇ। ਸਭਾ ਦੀ ਕਾਰਜਕਾਰਨੀ ਨੇ ਚੋਣ ਅਧਿਕਾਰੀਆਂ ਦੀ ਨਿਯੁਕਤੀ ਕਰਦਿਆਂ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਰਪੱਖ ਅਤੇ ਜਮਹੂਰੀ ਢੰਗ ਨਾਲ ਨੇਪਰੇ ਚਾੜ੍ਹਨ ਦੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਹੈ।

## ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ



**ਮਾਨਸਾ (ਆਤਮਾ ਸਿੰਘ ਪਮਾਰ)**- ਵਿਧਾਨ ਸਭਾ ਹਲਕਾ ਮਾਨਸਾ ਦੇ ਇਸਤਰੀ ਅਕਾਲੀ ਦਲ ਦੀ ਪਹਿਲੀ ਮੀਟਿੰਗ ਗੁਰੂਦੁਆਰਾ ਬੂੰਗਾ ਸਾਹਿਬ ਵਿਖੇ ਬੀਬਾ ਚਰਨਜੀਤ ਕੌਰ ਬੀਰੋਕੇ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਇਸਤਰੀ ਅਕਾਲੀ ਦਲ ਦੀ ਨਵ ਨਿਯੁਕਤ ਪ੍ਰਧਾਨ ਜ਼ਿਲ੍ਹਾ ਪ੍ਰਧਾਨ ਬੀਬਾ ਚਰਨਜੀਤ ਕੌਰ ਬੀਰੋਕੇ ਨੂੰ ਕਸਬਾ ਭੀਖੀ ਦੀਆਂ ਬੀਬੀਆਂ ਵੱਲੋਂ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਮੀਟਿੰਗ ਨੂੰ ਸਾਬਕਾ ਵਿਧਾਇਕ ਸੁਖਵਿੰਦਰ ਔਲਖ, ਬੀਬਾ ਚਰਨਜੀਤ ਕੌਰ ਬੀਰੋਕੇ, ਜਥੇਦਾਰ ਮਨਜੀਤ ਸਿੰਘ ਬੱਪੀਆਣਾ ਅਤੇ ਜੱਥੇਦਾਰ ਪਰਮਜੀਤ ਸਿੰਘ ਭੀਖੀ ਨੇ ਕਿਹਾ ਕਿ ਆਗਾਮੀ ਚੋਣਾਂ ਨੂੰ ਧਿਆਨ ਹਿਤ ਰੱਖਦਿਆਂ ਪਾਰਟੀ ਦੀ ਮਜ਼ਬੂਤੀ ਲਈ ਜ਼ਿਲ੍ਹੇ ਦੇ ਹਰ ਪਿੰਡ 'ਚ ਲੋਕਾਂ ਤੱਕ ਪਹੁੰਚ ਕਰਕੇ ਪਿੰਡ ਅਤੇ ਬੂਥ ਪੱਧਰ ਦੀਆਂ ਇਕਾਈਆਂ ਕਾਇਮ ਕੀਤੀਆਂ ਜਾਣੀਆਂ ਹਨ, ਜਿਨ੍ਹਾਂ ਦੀ ਤਿਆਰੀ ਲਈ ਵਰਕਰਾਂ ਅਤੇ ਵਿਸ਼ੇਸ਼ ਕਰਕੇ ਬੀਬੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਜਾਣਗੀਆਂ। ਮੀਟਿੰਗ 'ਚ ਕੜਾਹ ਪ੍ਰਸ਼ਾਦ ਦੀਆਂ ਦੇਗਾਂ ਤਿਆਰ ਕਰਕੇ ਗੁਰੂਦੁਆਰਾ ਸਾਹਿਬ 'ਚ ਅਰਦਾਸ ਕਰਕੇ ਅਕਾਲੀ ਦਲ ਵਾਰਿਸ ਪੰਜਾਬ ਦੀ ਚੜ੍ਹਦੀ ਕਲਾ ਲਈ ਹਲਕ ਮਾਨਸਾ ਤੋਂ ਬਾਕਾਇਦਾ ਰੂਪ 'ਚ ਪ੍ਰਚਾਰ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਆਗੂਆਂ ਨੇ ਕਿਹਾ ਕਿ ਹਰ ਰੋਜ਼ ਵੱਖ-ਵੱਖ ਪਿੰਡਾਂ 'ਚ ਵਰਕਰਾਂ ਦੀਆਂ ਦੀਆਂ ਮੀਟਿੰਗਾਂ ਕੀਤੀਆ ਜਾਇਆ ਕਰਨਗੀਆਂ ਅਤੇ ਪਾਰਟੀ ਦੀਆਂ ਹਰ ਪਿੰਡ 'ਚ ਇਕਾਈਆਂ ਸਥਾਪਤ ਕੀਤੀਆਂ ਜਾਣਗੀਆਂ।ਮੀਟਿੰਗ ਦੌਰਾਨ ਵੱਡੀ ਗਿਣਤੀ ਬੀਬੀਆਂ ਨੇ ਸਿਰੋਪਾਓ ਲੈ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜਨ ਦਾ ਫੈਸਲਾ ਕੀਤਾ।

## ਮਾਊਂਟ ਲਿਟਰਾ ਸਕੂਲ ਨੇ ਡ੍ਰੀਮਲੈਂਡ 'ਚ ਕੀਤਾ ਅਧਿਆਪਕਾਂ ਦਾ ਸਨਮਾਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਅਧਿਆਪਕ ਦਿਵਸ ਮੌਕੇ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਨੇ ਡ੍ਰੀਮਲੈਂਡ ਰਾਮਪੁਰਾ ਵਿਖੇ ਅਧਿਆਪਕਾਂ ਦਾ ਸਨਮਾਨ ਕਰਦੇ ਹੋਏ ਇੱਕ ਸ਼ਾਨਦਾਰ ਤੇ ਖੁਸ਼ੀ ਭਰਿਆ ਜਸ਼ਨ ਮਨਾਇਆ।ਇਹ ਜਸ਼ਨ ਅਧਿਆਪਕਾਂ ਪ੍ਰਤੀ ਸਤਿਕਾਰ, ਸ਼ੁਕਰਗੁਜ਼ਾਰੀ ਤੇ ਪਿਆਰ ਦੀ ਭਾਵਨਾ ਨੂੰ ਸਮਰਪਤ ਸੀ।ਜਸ਼ਨ ਦਾ ਮਾਹੌਲ ਹਾਸੇ ਤੇ ਉਤਸ਼ਾਹ




ਨਾਲ ਭਰਿਆ ਹੋਇਆ ਸੀ।ਅਧਿਆਪਕਾਂ ਨੇ ਉਤਸ਼ਾਹ ਨਾਲ ਵੱਖ-ਵੱਖ ਮਜ਼ੇਦਾਰ ਖੇਡਾਂ ਵਿੱਚ ਹਿੱਸਾ ਲਿਆ, ਆਪਣੀ ਪ੍ਰਤਿਭਾ ਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਅਧਿਆਪਕਾਂ ਨੇ ਖੇਡਾਂ ਤੇ ਮਨੋਰੰਜਨ ਗਤੀਵਿਧੀਆਂ ਦਾ ਭਰਪੂਰ ਆਨੰਦ ਮਾਣਿਆ।ਇਸ ਮੌਕੇ ਸਕੂਲ ਨੇ ਸਾਰੇ ਅਧਿਆਪਕਾਂ ਨੂੰ ਪਿਆਰ ਤੇ ਸਤਿਕਾਰ ਦੇ ਪ੍ਰਤੀਕ ਵਜੋਂ ਤੋਹਫ਼ੇ ਭੇਟ ਕੀਤੇ। ਸਕੂਲ ਪਰਿਵਾਰ ਵੱਲੋਂ ਇਹ ਪਿਆਰ ਤੇ ਸਤਿਕਾਰ ਉਨ੍ਹਾਂ ਲਈ ਇੱਕ ਭਾਵਨਾਤਮਕ ਅਤੇ ਯਾਦਗਾਰੀ ਪਲ ਬਣ ਗਿਆ।ਸਮਾਰੋਹ ਲਈ ਸੁਆਦੀ ਰਿਫਰੈਸ਼ਮੈਂਟ ਤੇ ਖਾਣੇ ਦਾ ਵੀ ਪ੍ਰਬੰਧ ਕੀਤਾ ਗਿਆ।ਸਕੂਲ ਦੇ ਚੇਅਰਮੈਨ ਭੂਸ਼ਣ ਬਾਂਸਲ, ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੇ ਨੇ ਕਿਹਾ ਕਿ ਅਧਿਆਪਕ ਸੱਚੇ ਮਾਰਗਦਰਸ਼ਕ ਹਨ, ਜੋ ਵਿਦਿਆਰਥੀਆਂ ਦੇ ਜੀਵਨ ਨੂੰ ਗਿਆਨ, ਕਦਰਾਂ-ਕੀਮਤਾਂ ਤੇ ਸਹੀ ਦਿਸ਼ਾ ਪ੍ਰਦਾਨ ਕਰਦੇ ਹਨ।ਸਮਾਰੋਹ ਦੇ ਅੰਤ ਵਿੱਚ ਸਾਰੇ ਅਧਿਆਪਕਾਂ ਨੇ ਇਸ ਖ਼ੁਸ਼ੀ ਭਰੇ ਸਮਾਗਮ ਲਈ ਸਕੂਲ ਪ੍ਰਬੰਧਨ ਦਾ ਧੰਨਵਾਦ ਕੀਤਾ ਤੇ ਇਨ੍ਹਾਂ ਯਾਦਗਾਰੀ ਪਲਾਂ ਨੂੰ ਯਾਦ ਕੀਤਾ।

## ਬਿਨਾਂ ਕੀਤੇ ਵਾਅਦੇ ਵੀ ਪੂਰੇ ਕਰ ਰਹੀ ਹੈ ਮਾਨ ਸਰਕਾਰ : ਖੇੜੀ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਬਲਾਕ ਸੰਮਤੀ ਸ਼ੇਰਪੁਰ ਦੇ ਚੇਅਰਮੈਨ ਸ੍ਰ. ਚਰਨ ਸਿੰਘ ਖੇੜੀ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਤਰਜੀਹੀ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ਼ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਹੀ ਅਮਲੀ ਰੂਪ ਨਹੀਂ ਦਿੱਤਾ, ਸਗੋਂ ਲੋਕ ਹਿੱਤ ਵਿੱਚ ਕਈ ਅਜਿਹੇ ਕੰਮ ਵੀ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਪਹਿਲਾਂ ਕੋਈ ਵਾਅਦਾ ਨਹੀਂ ਕੀਤਾ ਗਿਆ ਸੀ। ਸ੍ਰੀ ਖੇੜੀ ਨੇ ਕਿਹਾ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਸੜਕਾਂ ਤੇ ਪਿੰਡਾਂ ਦੇ ਬੁਨਿਆਦੀ ਢਾਂਚੇ ਸਮੇਤ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਵਿਕਾਸ ਕਾਰਜਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਕਰਦਿਆਂ ਚੇਅਰਮੈਨ ਖੇੜੀ ਨੇ ਕਿਹਾ ਕਿ ਵਿਰੋਧੀ ਧਿਰਾਂ ਕੋਲ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਦਨਾਮ ਕਰਨ ਤੇ ਹਰ ਮੁੱਦੇ 'ਤੇ ਭੰਡਣ ਤੋਂ ਇਲਾਵਾ ਕੋਈ ਠੋਸ ਮੁੱਦਾ ਨਹੀਂ ਹੈ।ਉਨ੍ਹਾਂ ਕਿਹਾ ਕਿ ਜੇਕਰ ਵਿਰੋਧੀ ਪਾਰਟੀਆਂ ਕੋਲ ਸਰਕਾਰ ਦੇ ਕੰਮਾਂ ਸਬੰਧੀ ਕੋਈ ਤੱਥਪੂਰਨ ਇਤਰਾਜ਼ ਹੈ ਤਾਂ ਉਹ ਲੋਕਾਂ ਸਾਹਮਣੇ ਤੱਥਾਂ ਤੇ ਅੰਕੜਿਆਂ ਨਾਲ ਗੱਲ ਕਰਨ, ਨਾ ਕਿ ਸਿਰਫ਼ ਸਿਆਸੀ ਬਿਆਨਬਾਜ਼ੀ ਤੱਕ ਸੀਮਤ ਰਹਿਣ।ਸ੍ਰੀ ਖੇੜੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦਾ ਮੁੱਖ ਉਦੇਸ਼ ਪੰਜਾਬ ਨੂੰ ਵਿਕਾਸ ਤੇ ਖੁਸ਼ਹਾਲੀ ਦੀ ਰਾਹ 'ਤੇ ਅੱਗੇ ਲਿਜਾਣਾ ਹੈ ਅਤੇ ਲੋਕ ਹਿੱਤ ਦੇ ਕੰਮ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹਿਣਗੇ।ਇਸ ਮੌਕੇ ਹੈਪੀ ਔਲਖ ਹਰਪ੍ਰੀਤ ਸਿੰਘ ਠੁੱਲੀਵਾਲ, ਕੁਲਦੀਪ ਸਿੰਘ ਕਾਲਾ ਪੰਡੋਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹੋਰ ਆਗੂ ਹਾਜ਼ਰ ਸਨ।

## ਪੰਜਾਬ ਦੀ ਚੜ੍ਹਦੀ ਕਲਾ ਲਈ ਖੇਤਰੀ ਪਾਰਟੀ ਦਾ ਹੋਣਾ ਲਾਜ਼ਮੀ: ਨਰਿੰਦਰ ਕੌਸ਼ਿਕ

**ਧੂਰੀ, (ਮੋਹਿਤ ਗਰਗ)** ਸਮਾਜਿਕ ਚਿੰਤਕ ਤੇ ਪ੍ਰਵਾਸੀ ਭਾਰਤੀ ਨਰਿੰਦਰ ਕੌਸ਼ਿਕ ਨੇ ਪੰਜਾਬ ਦੀ ਮੌਜੂਦਾ ਸਮਾਜਿਕ ਤੇ ਆਰਥਿਕ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਉਂਦਿਆਂ ਆਖਿਆ ਹੈ ਕਿ ਸੂਬੇ ਦੀ ਖ਼ੁਸ਼ਹਾਲੀ, ਅਮਨ-ਸ਼ਾਂਤੀ ਅਤੇ ਬਹੁਪੱਖੀ ਵਿਕਾਸ ਲਈ ਮਜ਼ਬੂਤ ਖੇਤਰੀ ਪਾਰਟੀ ਦੀ ਸਖ਼ਤ ਲੋੜ ਹੈ। ਉਨ੍ਹਾਂ ਕਿਹਾ ਕਿ ਸਾਲ 2007 ਤੋਂ 2017 ਤੱਕ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਰੂਪ ਵਿੱਚ ਪੰਜਾਬ ਦੀ ਆਪਣੀ ਖੇਤਰੀ ਧਿਰ ਸੱਤਾ ਵਿੱਚ ਸੀ, ਤਾਂ ਸੂਬਾ ਨਿਰੰਤਰ ਤਰੱਕੀ ਦੀਆਂ ਲੀਹਾਂ 'ਤੇ ਅੱਗੇ ਵਧ ਰਿਹਾ ਸੀ।ਉਸ ਦੌਰਾਨ ਸੜਕੀ



ਨੈੱਟਵਰਕ, ਬਿਜਲੀ ਸਰਪਲੱਸ ਸਥਿਤੀ ਤੇ ਹੋਰ ਵੱਡੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜ ਪ੍ਰਤੱਖ ਵੇਖਣ ਨੂੰ ਮਿਲੇ।ਉਨ੍ਹਾਂ ਅਫ਼ਸੋਸ ਜਤਾਇਆ ਕਿ 2017 ਵਿੱਚ ਰਾਸ਼ਟਰੀ ਪਾਰਟੀਆਂ ਦੇ ਆਗਮਨ ਨਾਲ ਹਾਲਾਤ ਪੂਰੀ ਤਰ੍ਹਾਂ ਬਦਲ ਗਏ।ਰਾਸ਼ਟਰੀ ਧਿਰਾਂ ਨੇ ਆਪਣੀਆਂ ਨਾਕਾਮੀਆਂ ਦਾ ਭਾਂਡਾ ਖੇਤਰੀ ਪਾਰਟੀ ਦੇ ਸਿਰ ਭੰਨ ਕੇ ਉਸ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ।ਇਸ ਤੋਂ ਬਾਅਦ ਪੰਜਾਬ ਦੇ ਸਮਾਜਿਕ ਤੇ ਆਰਥਿਕ ਹਾਲਾਤ ਦਿਨ-ਬ-ਦਿਨ ਨਿਘਾਰ ਵੱਲ ਚਲੇ ਗਏ। ਨਰਿੰਦਰ ਕੌਸ਼ਿਕ ਅਨੁਸਾਰ, ਰਾਸ਼ਟਰੀ ਪਾਰਟੀਆਂ ਦਾ ਕੇਂਦਰੀਕਰਨ ਨੀਤੀਆਂ 'ਤੇ ਵੱਧ ਧਿਆਨ ਹੁੰਦਾ ਹੈ, ਜਦਕਿ ਖੇਤਰੀ ਪਾਰਟੀ ਸੂਬੇ ਦੇ ਵਿਲੱਖਣ ਸੱਭਿਆਚਾਰ, ਪਾਣੀਆਂ, ਖੇਤੀਬਾੜੀ ਤੇ ਸਥਾਨਕ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਦੀ ਹੈ।ਜੇਕਰ ਅੱਜ ਪੰਜਾਬ ਦੇ ਵਿਕਾਸ ਦੇ ਸੁਨਹਿਰੀ ਦੌਰ 'ਤੇ ਝਾਤ ਮਾਰੀਏ ਤਾਂ ਸਾਰੇ ਵੱਡੇ ਪ੍ਰੋਜੈਕਟ ਖੇਤਰੀ ਸ਼ਾਸਨ ਕਾਲ ਦੌਰਾਨ ਹੀ ਅਮਲ ਵਿੱਚ ਆਏ ਸਨ।

## 'ਆਪ' ਆਗੂਆਂ 'ਚ ਪੋਸਟਰ ਵਾਰ, ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਦੇ ਪੋਸਟਰ ਕੀਤੇ ਹੇਠਾਂ

**ਭੀਖੀ, (ਧਰਮਵੀਰ ਸ਼ਰਮਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਾਨਸਾ ਫੇਰੀ 'ਤੇ ਉਨ੍ਹਾਂ ਨੂੰ ਖ਼ੁਸ਼ਆਮਦੀਦ ਕਹਿਣ ਲਈ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਜਿੱਥੇ ਉਤਸ਼ਾਹ ਹੈ, ਉਥੇ ਉਹ ਇੱਕ-ਦੂਜੇ ਨਾਲ ਖਹਿਣ 'ਤੇ ਤੁਲੇ ਹੋਏ ਹਨ। ਕਸਬੇ 'ਚੋਂ ਲੰਘਦੇ ਮੁੱਖ ਮਾਰਗ 'ਤੇ ਸਥਿਤ ਲਾਇਟ ਪੋਲਾਂ 'ਤੇ ਉੱਪਰ ਜ਼ਿਲ੍ਹਾ ਪ੍ਰੀਸ਼ਦ ਚੇਅਰਮੈਨ ਚੁਸ਼ਪਿੰਦਰਬੀਰ ਚਹਿਲ ਦੇ ਸਮਰਥਕਾਂ ਵੱਲੋਂ ਉਨ੍ਹਾਂ ਦੇ ਪੋਸਟਰ ਲਾਏ ਗਏ ਸਨ, ਪ੍ਰੰਤੂ ਨਗਰ ਪੰਚਾਇਤ ਦੇ ਕੌਂਸਲਰਾਂ ਤੇ ਆਗੂਆਂ ਦੀਆਂ ਅੱਖਾਂ ਵਿੱਚ ਰੜਕੇ। ਉਨ੍ਹਾਂ ਨਗਰ ਪੰਚਾਇਤ ਦੇ ਸਫਾਈ ਕ੍ਰਮਚਾਰੀਆਂ ਨੂੰ ਚੁਸ਼ਪਿੰਦਰਬੀਰ ਸਿੰਘ ਦੇ ਪੋਸਟਰ ਹੇਠਾਂ ਕਰਨ ਲਈ ਕਹਿ



ਦਿੱਤਾ ਤੇ ਪੋਸਟਰ ਹੇਠਾਂ ਹੋਣ ਉਪਰੰਤ ਕੌਂਸਲਰਾਂ ਅਤੇ ਆਗੂਆਂ ਦੇ ਪੋਸਟਰ ਉੱਪਰ ਲਾ ਦਿੱਤੇ, ਜਿਸ ਨੂੰ ਲੈ ਕੇ ਸ਼ਹਿਰੀਆਂ 'ਚ ਤਰ੍ਹਾਂ-ਤਰ੍ਹਾਂ ਦੇ ਚਰਚੇ ਛੇੜ ਦਿੱਤੇ ਹਨ। ਉਧਰ ਚੁਸ਼ਪਿੰਦਰਬੀਰ ਚਹਿਲ ਦੇ ਸਮਰਥਕਾਂ ਡਾ. ਅਰੁਨ, ਬਲਰਾਜ ਬਾਂਸਲ, ਆਪ ਆਗੂ ਕੁਲਵੰਤ ਸਿੰਘ, ਸਿਕੰਦਰ ਸਿੰਘ ਚਹਿਲ, ਗੁਰੀ ਭੀਖੀ, ਗੁਰਮੇਲ ਕਟੌਦੀਆ, ਗੁਰਜੰਟ ਅਤਲਾ ਨੇ ਇਸ ਘਟਨਾ ਨੂੰ ਹੋਛਾ ਦੱਸਦਿਆਂ ਕਿਹਾ ਕਿ ਇਸ ਤਰਾਂ ਨਾਲ ਚੁਸ਼ਪਿੰਦਰਬੀਰ ਚਹਿਲ ਦੇ ਪੋਸਟਰ ਹੇਠਾਂ ਕਰਨਾ ਕੌਂਸਲਰਾਂ ਤੇ ਸਥਾਨਕ ਆਗੂਆਂ ਵਿੱਚ ਪਾਈ ਜਾ ਰਹੀ ਬੁਖਲਾਹਟ ਦਾ ਨਤੀਜਾ ਹੈ।

## 1 ਕਿੱਲੋ 964 ਗ੍ਰਾਮ ਆਈਸ ਡਰੱਗ ਤੇ ਕਰੂਜ਼ ਗੱਡੀ ਸਮੇਤ ਨਸ਼ਾ ਤਸਕਰ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਜ਼ਿਲ੍ਹਾ ਫਿਰੋਜ਼ਪੁਰ ਦੇ ਥਾਣਾ ਕੁੱਲਗੜ੍ਹੀ ਦੀ ਪੁਲਸ ਨੂੰ ਨਸ਼ਾ ਤਸਕਰੀ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਇਕ ਸਫ਼ਲਤਾ ਹਾਸਲ ਹੋਈ ਹੈ। ਪੁਲਸ ਨੇ ਇਕ ਗੁਪਤ ਇਤਲਾਹ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਇਕ ਨਸ਼ਾ ਤਸਕਰ ਨੂੰ 1 ਕਿੱਲੋ 964 ਗ੍ਰਾਮ ਆਈਸ ਡਰੱਗ ਆਈਸ ਡਰੱਗ, ਇਕ ਕਰੂਜ ਗੱਡੀ ਤੇ ਮੋਬਾਇਲ ਫੋਨ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਸਬੰਧੀ ਮੌਜੂਦ ਸਨ। ਇਸੇ ਦੌਰਾਨ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਦੋਸ਼ੀ ਹਰਸ਼ਦੀਪ ਸਿੰਘ ਉਰਫ਼ ਪਿਊਸ਼ ਪੁੱਤਰ ਕਵਰ ਪਾਲ ਸਿੰਘ ਵਾਸੀ ਮਕਾਨ ਨੰਬਰ 1329, ਗਲੀ ਨੰਬਰ 05, ਨੇੜੇ ਬਾਬਾ ਦੀਪ ਸਿੰਘ ਗੁਰਦੁਆਰਾ, ਅਸ਼ੋਕ ਨਗਰ, ਖਜੂਰ ਚੌਂਕ, ਥਾਣਾ ਸਲੇਮ ਟਾਬਰੀ, ਜ਼ਿਲ੍ਹਾ ਲੁਧਿਆਣਾ ਆਈਸ ਡਰੱਗ ਵੇਚਣ ਦਾ ਧੰਦਾ ਕਰਦਾ ਹੈ। ਮੁਖਬਰ ਨੇ ਦੱਸਿਆ ਕਿ ਦੋਸ਼ੀ ਅੱਜ ਵੀ ਭਾਰੀ ਮਾਤਰਾ ਵਿੱਚ ਆਈਸ ਡਰੱਗ ਵੇਚਣ ਦੀ ਤਾਕ ਵਿੱਚ ਆਪਣੀ ਕਰੂਜ਼ ਗੱਡੀ ਵਿੱਚ ਸਵਾਰ ਹੋ ਕੇ ਦਾਣਾ ਮੰਡੀ ਪਿੰਡ ਸਾਂਦੇ ਹਾਸ਼ਮ ਵਿਖੇ ਗਾਹਕ ਦੀ ਉਡੀਕ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਮੁਖਬਰ ਦੀ ਇਤਲਾਹ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਦੋਸ਼ੀ ਹਰਸ਼ਦੀਪ ਸਿੰਘ ਉਰਫ਼ ਪਿਊਸ਼ ਨੂੰ ਮੌਕੇ 'ਤੇ ਰੰਗੇ ਹੱਥੀਂ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 'ਚੋਂ 1 ਕਿੱਲੋ 964 ਗ੍ਰਾਮ ਆਈਸ ਡਰੱਗ (ਕ੍ਰਿਸਟਲ ਮੈਥਾਮਫੇਟਾਮਾਈਨ), 1 ਗੱਡੀ ਕਰੂਜ਼ ਨੰਬਰ ਪੀਬੀ-10-ਏਈ-6262 ਤੇ ਮੋਬਾਇਲ ਫੋਨ ਬਰਾਮਦ ਕੀਤਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ਼ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਮਜੀਠੀਆ ਨੇ ਮੁੱਖ ਮੰਤਰੀ ਨੂੰ ਮਜੀਠਾ ਤੋਂ ਚੋਣ ਲੜਨ ਦਾ ਕੀਤਾ ਚੈਲੰਜ

**ਮਜੀਠਾ (ਸੋਇਮ ਆਨੰਦ)**- ਬਿਕਰਮ ਸਿੰਘ ਮਜੀਠੀਆ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵਿਧਾਨ ਸਭਾ ਹਲਕਾ ਮਜੀਠਾ ਤੋਂ ਚੋਣ ਲੜਨ ਦਾ ਖੁੱਲ੍ਹਾ ਚੈਲੰਜ ਕੀਤਾ ਅਤੇ ਕਿਹਾ ਕਿ ਮਜੀਠਾ ਤੋਂ ਕਿਸੇ ਹੋਰ ਉਮੀਦਵਾਰ ਨੂੰ ਬਲੀ ਦਾ ਬੱਕਰਾ ਨਾ ਬਣਾਇਆ ਜਾਵੇ ਕਿਉਂਕਿ ਹਲਕੇ ਲੋਕਾਂ ਦੇ ਦਿਲਾਂ ਵਿਚ ਸ਼੍ਰੋਮਣੀ ਅਕਾਲੀ ਦਲ ਵੱਸਿਆ ਪਿਆ ਹੈ ਅਤੇ ਲੋਕ ਸ਼੍ਰੋਮਣੀ ਅਕਾਲੀ ਦਲ (ਬ) ਦੇ ਹੱਕ ਵਿਚ ਵੋਟਾਂ ਪਾਉਣਗੇ। ਬਿਕਰਮ ਸਿੰਘ ਮਜੀਠੀਆ ਬੀਤੀ ਸ਼ਾਮ ਪਿੰਡ ਸੋਹੀਆਂ ਕਲਾਂ ਵਿਖੇ ਵਰਕਰਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਪਿੰਡ ਸੋਹੀਆਂ ਕਲਾਂ ਤੋਂ ਕਾਂਗਰਸ ਪਾਰਟੀ ਦੀ ਟਿਕਟ ਤੇ ਬਲਾਕ ਸੰਮਤੀ ਮਜੀਠਾ ਤੋਂ ਚੋਣ ਜਿੱਤਣ ਵਾਲੀ ਮੌਜੂਦਾ ਮੈਂਬਰ ਬੀਬੀ ਮਨਪ੍ਰੀਤ ਕੌਰ ਆਪਣੇ ਵੱਡੀ ਗਿਣਤੀ ਵਿਚ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ (ਬ) ਵਿਚ ਸ਼ਾਮਲ ਹੋਏ।ਜਿਨ੍ਹਾਂ ਵੱਲੋਂ ਪਿੰਡ ਸੋਹੀਆਂ ਕਲਾਂ ਵਿਖੇ ਵੱਡਾ ਇਕੱਠ ਕੀਤਾ ਗਿਆ ਜਿਸ ਵਿਚ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਿਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ (ਬ) ਵਿਚ ਸ਼ਾਮਲ ਹੋਣ ਵਾਲੇ ਬਲਾਕ ਸੰਮਤੀ ਮੈਂਬਰ ਮਨਪ੍ਰੀਤ ਕੌਰ ਉਨ੍ਹਾਂ ਦੇ ਪਤੀ ਜੰਗਬੀਰ ਸਿੰਘ ਸਮੇਤ ਗੁਰਬੀਰ ਸਿੰਘ, ਨੰਬਰਦਾਰ ਗੁਰਦੀਪ ਸਿੰਘ, ਹਰਪਾਲ ਸਿੰਘ ਬਾਜਵਾ, ਸਰਬਜੀਤ ਮਸੀਹ, ਜੋਗਾ ਸਿੰਘ, ਬਿਕਰਮਜੀਤ ਸਿੰਘ, ਅੰਮ੍ਰਿਤਪਾਲ ਸਿੰਘ, ਪ੍ਰਤਾਪ ਸਿੰਘ ਆਦਿ ਨੂੰ ਸਨਮਾਨਤ ਕੀਤਾ ਅਤੇ ਪਾਰਟੀ ਵਿਚ ਜੀ ਆਇਆਂ ਕਿਹਾ। ਮਜੀਠੀਆ ਨੇ ਕਿਹਾ ਕਿ ਪੰਜਾਬ ਵਿਚ ਡਰ ਅਤੇ ਦਬਾਅ ਦੀ ਰਾਜਨੀਤੀ ਚੱਲ ਰਹੀ ਹੈ। ਪੁਲਸ ਦੇ ਡਰ ਨਾਲ ਵੋਟਾਂ ਪਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ 2027 ਵਿਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣਨ ਤੇ ਇਨ੍ਹਾਂ ਸਭਨਾਂ ਪਾਸੋਂ ਕੀਤੀਆਂ ਧੱਕੇਸ਼ਾਹੀਆਂ ਦਾ ਹਿਸਾਬ ਲਿਆ ਜਾਵੇਗਾ। ਇਸ ਮੌਕੇ ਮਜੀਠੀਆ ਦੇ ਨਾਲ ਕੁਲਜੀਤ ਸਿੰਘ ਬਰਾੜ, ਗਗਨਦੀਪ ਸਿੰਘ ਭਕਨਾ, ਜਥੇਦਾਰ ਸਰਬਜੀਤ ਸਿੰਘ ਸੁਪਾਰੀਵਿੰਡ, ਨੌਜਵਾਨ ਅਕਾਲੀ ਆਗੂ ਜੋਬਨਪ੍ਰੀਤ ਸਿੰਘ, ਮਾਸਟਰ ਬਲਰਾਜ ਸਿੰਘ, ਮਾਸਟਰ ਜਸਪਾਲ ਸਿੰਘ, ਰਘਪਾਲ ਸਿੰਘ ਗਿੱਲ, ਲਵਪ੍ਰੀਤ ਸਿੰਘ ਗਿੱਲ, ਪਲਵਿੰਦਰ ਸਿੰਘ, ਮੁਖਵੰਤ ਸਿੰਘ ਗਿੱਲ, ਹਰਿੰਦਰ ਸਿੰਘ ਕੱਕੋ, ਦਿਲਬਾਗ ਸਿੰਘ ਗਿੱਲ, ਅਮਰਪ੍ਰੀਤ ਸਿੰਘ, ਰਾਜਾ ਗਿੱਲ, ਮੰਨਾ ਕੱਥੂ, ਗੁਰਮੇਜ਼ ਸਿੰਘ, ਰੂੜ ਸਿੰਘ, ਨਿਰਮਲ ਸਿੰਘ ਦੇਧੀ, ਰਿਪੂ ਸੋਹੀ, ਮੁਖਤਾਰ ਸਿੰਘ ਸਾਬਕਾ ਸਰਪੰਚ, ਸਵਰਨ ਸਿੰਘ ਰੰਧਾਵਾ, ਬੱਬੀ ਕੱਕੋ, ਅਜੀਤਪਾਲ ਸਿੰਘ, ਗੋਲਡੀ ਦਬੁਰਜੀ, ਤਲਵਿੰਦਰ ਸਿੰਘ ਦਬੁਰਜੀ, ਸੋਨੀ ਬੱਲ, ਜੁਗਰਾਜ ਸਿੰਘ, ਬਿਕਰਮਜੀਤ ਸਿੰਘ ਮੰਨਾ, ਦੀਪ ਸੋਹੀ ਸਮੇਤ ਵੱਡੀ ਗਿਣਤੀ ਵਿਚ ਅਕਾਲੀ ਵਰਕਰ ਹਾਜ਼ਰ ਸਨ।



# ਸਵਾਈਨ ਫਲੂ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ

**ਗੁਰਦਾਸਪੁਰ (ਜਨਕ ਮਹਾਜਨ)**- ਸਿਹਤ ਮੰਤਰੀ ਪੰਜਾਬ ਵਲੋਂ ਜਾਰੀ ਹਦਾਇਤਾਂ ਅਨੁਸਾਰ ਡਾਇਰੈਕਟਰ ਸਿਹਤ ਵਿਭਾਗ ਵਲੋਂ ਸਵਾਈਨ ਫਲੂ ਦੇ ਸੰਬੰਧ ਵਿੱਚ ਅਡਵਾਈਜ਼ਰੀ ਜਾਰੀ ਕੀਤੀ ਗਈ ਹੈ ਜਿਸ ਅਨੁਸਾਰ ਸਵਾਈਨ ਫਲੂ ਤੋਂ ਘਬਰਾਉਣ ਦੀ ਲੋੜ ਨਹੀਂ, ਸਗੋਂ ਇਸ ਸਾਵਧਾਨੀ ਰਖਣੀ ਜ਼ਰੂਰੀ ਹੈ। ਪੰਜਾਬ ਵਿੱਚ ਮੌਸਮ ਵਿੱਚ ਬਦਲਾਅ ਅਤੇ ਨਮੀ ਦੇ ਵਧੇ ਪੱਧਰ ਕਾਰਨ ਐੱਚ1ਐੱਨ1 ਯਾਨੀ ਸਵਾਈਨ ਫਲੂ ਦੇ ਮਾਮਲਿਆਂ ਦਾ ਖਤਰਾ ਹੈ। ਇਸ ਸਬੰਧੀ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹਿੰਦਰ ਕੁਮਾਰ ਪ੍ਰਭਾਕਰ ਨੇ ਕਿਹਾ ਕਿ ਆਮ ਜਨਤਾ ਨੂੰ ਸਵਾਈਨ ਫਲੂ ਤੋਂ ਘਬਰਾਉਣ ਦੀ ਬਿਲਕੁਲ ਲੋੜ ਨਹੀਂ । ਸਰਕਾਰੀ ਹਸਪਤਾਲਾਂ ਵਿੱਚ ਟੈਸਟਿੰਗ ਅਤੇ ਇਲਾਜ ਦੀਆਂ ਸਾਰੀਆਂ ਸਹੂਲਤਾਂ ਮੁਫ਼ਤ ਅਤੇ ਪੁਖਤਾ ਇੰਤਜ਼ਾਮ ਹਨ।

ਇਹ ਵਾਇਰਸ ਦਾ ਇੱਕ ਹਲਕਾ ਰੂਪ ਹੈ ਪਰ ਫਿਰ ਵੀ ਬਜ਼ੁਰਗਾਂ, ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਵਧੇਰੇ ਸਾਵਧਾਨ ਰਹਿਣ ਦੀ ਲੋੜ ਹੈ। ਖੰਘ ਅਤੇ ਜ਼ੁਕਾਮ ਨੂੰ ਆਮ ਸਮਝ ਕੇ ਅਣਗੌਲਿਆ ਨਾ ਕੀਤਾ ਜਾਵੇ। ਸਵਾਈਨ ਫਲੂ ਦੇ ਮੁੱਖ ਲੱਛਣ ਜਿਨ੍ਹਾਂ ਵਿੱਚ ਤੇਜ਼ ਬੁਖਾਰ ਅਤੇ ਖੰਘ, ਗਲੇ ਵਿੱਚ ਖਰਾਸ਼ ਜਾਂ ਦਰਦ ਅਤੇ ਨੱਕ ਦਾ ਵਗਣਾ ਜਾਂ ਬੰਦ ਹੋਣਾ ਹੈ। ਸਰੀਰ ਅਤੇ ਸਿਰ ਵਿੱਚ ਤੇਜ਼ ਦਰਦ ਹੁੰਦੀ ਹੈ। ਬਹੁਤ ਜ਼ਿਆਦਾ ਥਕਾਵਟ ਅਤੇ ਸਾਹ ਲੈਣ ਵਿੱਚ ਤਕਲੀਫ਼ ਹੈ। ਇਸ ਤੋਂ ਬਚਾਅ ਲਈ ਜ਼ਰੂਰੀ ਹੈ ਕਿ ਹੱਥਾਂ ਦੀ ਸਫ਼ਾਈ ਰੱਖੀ ਜਾਵੇ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਅਤੇ ਪਾਣੀ ਨਾਲ ਧੋਵੋ ਜਾਂ ਸੈਨੀਟਾਈਜ਼ਰ ਦੀ ਵਰਤੋਂ ਕਰੋ। ਮਾਸਕ ਦੀ ਵਰਤੋਂ ਕੀਤੀ ਜਾਵੇ।

ਭੀੜ ਵਾਲੀਆਂ ਥਾਵਾਂ 'ਤੇ ਜਾਣ ਸਮੇਂ ਮਾਸਕ ਜ਼ਰੂਰ ਪਹਿਨੋ। ਖੰਘ ਜਾਂ ਜ਼ੁਕਾਮ ਤੋਂ ਪੀੜਤ ਵਿਅਕਤੀਆਂ ਤੋਂ ਉਚਿਤ ਦੂਰੀ ਬਣਾਈ ਜਾਵੇ। ਛਿੱਕਣ ਜਾਂ ਖੰਘਣ ਵੇਲੇ ਮੂੰਹ ਨੂੰ ਰੁਮਾਲ ਨਾਲ ਢੱਕੋ। ਕਿਸੇ ਵੀ ਹਾਲਤ ਵਿਚ ਡਾਕਟਰੀ ਸਲਾਹ ਜ਼ਰੂਰ ਲਈ ਜਾਵੇ। ਲੱਛਣ ਦਿਖਾਈ ਦੇਣ 'ਤੇ ਆਪਣੇ ਆਪ ਦਵਾਈਆਂ ਲੈਣ ਤੋਂ ਬਚੋ ਅਤੇ ਤੁਰੰਤ ਨਜ਼ਦੀਕੀ ਸਰਕਾਰੀ ਹਸਪਤਾਲ ਵਿਚ ਜਾ ਕੇ ਡਾਕਟਰ ਦੀ ਸਲਾਹ ਲਓ।

# ਬਟਾਲਾ 'ਚ 'ਹਮਾਰੇ ਰਾਮ' ਨਾਟਕ ਦਾ ਸ਼ਾਨਦਾਰ ਮੰਚਨ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਭਗਵਾਨ ਸ੍ਰੀ ਰਾਮ ਦੇ ਜੀਵਨ, ਆਦਰਸ਼ਾਂ ਅਤੇ ਸਦੀਵੀ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਪ੍ਰਸਿੱਧ ਨਾਟਕ 'ਹਮਾਰੇ ਰਾਮ' ਦਾ ਮੰਚਨ ਸਥਾਨਕ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਬਟਾਲਾ ਵਿਖੇ ਕੀਤਾ ਗਿਆ।ਇਸ ਮੌਕੇ ਬਲਬੀਰ ਕੌਰ ਮਾਤਾ ਵਿਧਾਇਕ ਸ਼ੈਰੀ ਕਲਸੀ, ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ)- ਕਮ-ਕਮਿਸ਼ਨਰ ਕਾਰਪਰੇਸ਼ਨ ਬਟਾਲਾ, ਸਾਰੰਗਪ੍ਰੀਤ ਸਿੰਘ ਐੱਸ ਡੀ ਐੱਮ ਬਟਾਲਾ, ਵਿਧਾਇਕ ਸ਼ੈਰੀ ਕਲਸੀ ਦੇ ਭਰਾ ਅੰਮ੍ਰਿਤ ਕਲਸੀ, ਕਾਰਪਰੇਸ਼ਨ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ, ਚੇਅਰਮੈਨ ਮਾਨਿਕ ਮਹਿਤਾ, ਸੀਨੀਅਰ ਡਿਪਟੀ ਮੇਅਰ ਸੁਖਰਾਜ ਕੌਰ, ਹਨੀ ਚੌਹਾਨ, ਪਰਦੀਪ ਕੁਮਾਰ, ਚੇਅਰਮੈਨ ਗਗਨ ਮਹਾਜਨ ਗੁਰਦਾਸਪੁਰ, ਚੇਅਰਮੈਨ ਕਿਰਪਾਲ ਸਿੰਘ ਉਦੋਵਾਲੀ, ਚੇਅਰਮੈਨ ਰਾਜੀਵ ਸੈਣੀ ਦੀਨਾਨਗਰ, ਚੇਅਰਮੈਨ ਰਾਕੇਸ਼ ਨੰਦਾ ਗੁਰਦਾਸਪੁਰ, ਤਹਿਸੀਲਦਾਰ ਅਰਜਨ ਸਿੰਘ ਗਰੇਵਾਲ, ਅਮਿਤ ਸੋਢੀ, ਗਗਨ ਮੰਨੀ, ਅਜਮੇਰ ਸਿੰਘ ਬੰਟੀ, ਸਮਾਜ ਸੇਵੀ ਨੀਰਜ ਮਹਾਜਨ, ਧਾਰੀਵਾਲ ਸਮੇਤ ਬਟਾਲਾ ਵਾਸੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਮੇਅਰ ਭੁਪਿੰਦਰ ਸਿੰਘ ਬਾਜਵਾ ਅਤੇ ਅੰਮ੍ਰਿਤ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਮੀਰ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਇਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਇਸੇ ਉਦੇਸ਼ ਤਹਿਤ 6 ਅਤੇ 11 ਸਤੰਬਰ ਨੂੰ ਬਟਾਲਾ ਵਿੱਚ 'ਹਮਾਰੇ ਰਾਮ' ਦੇ ਮੁਫ਼ਤ ਸ਼ੋਅ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ੋਆਂ ਵਿੱਚ ਬਟਾਲਾ ਨੂੰ ਸ਼ਾਮਲ ਕੀਤਾ ਜਾਣਾ ਜ਼ਿਲ੍ਹੇ ਦੇ ਲੋਕਾਂ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ 'ਹਮਾਰੇ ਰਾਮ' ਰਾਮਾਇਣ 'ਤੇ ਆਧਾਰਿਤ ਇੱਕ ਸ਼ਾਨਦਾਰ ਨਾਟਕ ਪੇਸ਼ਕਾਰੀ ਹੈ, ਜਿਸ ਵਿੱਚ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ ਰਾਵਣ ਦੀ ਭੂਮਿਕਾ ਵਿੱਚ ਆਪਣੇ ਦਮਦਾਰ ਅਭਿਨੈ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕਰ ਰਹੇ ਹਨ। ਸ਼ਾਨਦਾਰ ਮੰਚ ਸਜਾਵਟ, ਪ੍ਰਭਾਵਸ਼ਾਲੀ ਸੰਵਾਦ, ਸੰਗੀਤ, ਵਿਜ਼ੂਅਲਜ਼ ਅਤੇ ਅਭਿਨੈ ਰਾਹੀਂ ਇਹ ਨਾਟਕ ਭਗਵਾਨ ਸ੍ਰੀ ਰਾਮ ਦੇ ਜੀਵਨ ਨਾਲ ਜੁੜੇ ਸੱਚ, ਧਰਮ, ਦਇਆ, ਮਰਿਆਦਾ ਅਤੇ ਸਦਭਾਵਨਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦਾ ਹੈ।ਉਨ੍ਹਾਂ ਕਿਹਾ ਕਿ 'ਹਮਾਰੇ ਰਾਮ' ਦਾ ਸ਼ੋਅ ਜਨਤਾ ਲਈ ਪੂਰੀ ਤਰ੍ਹਾਂ ਮੁਫ਼ਤ ਹੈ, ਤਾਂ ਜੋ ਸਮਾਜ ਦੇ ਹਰ ਵਰਗ ਦੇ ਲੋਕ ਇਸ ਸ਼ਾਨਦਾਰ ਨਾਟਕ ਪੇਸ਼ਕਾਰੀ ਨੂੰ ਦੇਖ ਸਕਣ ਅਤੇ ਭਗਵਾਨ ਸ੍ਰੀ ਰਾਮ ਦੇ ਆਦਰਸ਼ਾਂ ਤੋਂ ਪ੍ਰੇਰਨਾ ਲੈ ਸਕਣ।ਉਨ੍ਹਾਂ ਦੱਸਿਆ ਕਿ 11 ਸਤੰਬਰ ਨੂੰ ਵੀ ਦੁਪਹਿਰ 2 ਵਜੇ ਅਤੇ ਸ਼ਾਮ 6 ਵਜੇ ਦੋ ਸ਼ੋਅ ਕਰਵਾਏ ਜਾਣਗੇ।



# 50 ਸਾਲਾਂ 'ਚ ਜੋ ਨਾ ਹੋ ਸਕਿਆ, ਉਹ 'ਆਪ' ਨੇ ਕੁਝ ਸਮੇਂ 'ਚ ਕਰ ਦਿਖਾਇਆ : ਸਰਪੰਚ ਕੰਗ

**ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ)**: ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੇ ਪਿਛਲੇ 50 ਸਾਲਾਂ ਦੇ ਵਿਕਾਸ ਕਾਰਜਾਂ ਨੂੰ ਪਿੱਛੇ ਛੱਡ ਦਿੱਤਾ ਹੈ।ਇਹ ਪ੍ਰਗਟਾਵਾ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਨਜ਼ਦੀਕੀ ਸਾਥੀ ਅਤੇ ਪਿੰਡ ਬੋੜੇਵਾਲ ਕੰਗ ਦੇ ਸਰਪੰਚ ਚਮਕੌਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਸਰਪੰਚ ਚਮਕੌਰ ਸਿੰਘ ਨੇ ਕਿਹਾ ਕਿ ਹਲਕਾ ਮਜੀਠਾ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਪ੍ਰੋਜੈਕਟ ਚੱਲ ਰਹੇ ਹਨ।

ਨਵੀਆਂ ਸੜਕਾਂ, ਸਰਕਾਰੀ ਇਮਾਰਤਾਂ, ਸਕੂਲਾਂ ਅਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨਾਲ ਜੁੜੀਆਂ ਹੋਰ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ-ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ ਅਤੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਅਤੇ ਲੋਕਾਂ ਨੂੰ ਮਿਲ ਰਹੀਆਂ ਸਹੂਲਤਾਂ ਕਾਰਨ ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ।

ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਮਜੀਠਾ ਤਲਬੀਰ ਸਿੰਘ ਗਿੱਲ ਦੇ ਨਾਲ ਚਟਾਨ ਵਾਂਗ ਖੜ੍ਹਾ ਰਹੇਗਾ।ਸਰਪੰਚ ਚਮਕੌਰ ਸਿੰਘ ਨੇ ਕਿਹਾ ਕਿ ਕੁਝ ਲੋਕ ਆਏ ਦਿਨ ਬੇਬੁਨਿਆਦ ਸਿਆਸੀ ਦੂਸ਼ਣਬਾਜ਼ੀ ਕਰਕੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਹਲਕਾ ਮਜੀਠਾ ਦੇ ਲੋਕ ਵਿਕਾਸ ਅਤੇ ਕੰਮ ਦੀ ਰਾਜਨੀਤੀ ਨੂੰ ਸਮਝ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਲੋਕ ਹੁਣ ਸਿਆਸੀ ਦੂਸ਼ਣਬਾਜ਼ੀ ਦੇ ਪ੍ਰਭਾਵ ਹੇਠ ਆਉਣ ਵਾਲੇ ਨਹੀਂ, ਸਗੋਂ ਆਪਣੇ ਇਲਾਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨੂੰ ਦੇਖ ਕੇ ਹੀ ਫੈਸਲਾ ਕਰਨਗੇ।ਇਸ ਮੌਕੇ ਉਨ੍ਹਾਂ ਪਿੰਡ ਬੋੜੇਵਾਲ ਕੰਗ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਅਤੇ ਕਿਹਾ ਕਿ ਪਿੰਡ ਦੇ ਵਿਕਾਸ ਨੂੰ ਹੋਰ ਗਤੀ ਦੇਣ ਲਈ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਉਪਰਾਲੇ ਕੀਤੇ ਜਾਣਗੇ।ਇਸ ਮੌਕੇ ਮੌਜੂਦਾ ਨੰਬਰਦਾਰ ਅਤੇ ਸਾਬਕਾ ਸਰਪੰਚ ਭਗਵਾਨ ਸਿੰਘ, ਨੰਬਰਦਾਰ ਕਵਲਜੀਤ ਸਿੰਘ, ਹਰਵੇਲ ਸਿੰਘ ਅਤੇ ਬਿਕਰਮਜੀਤ ਸਿੰਘ ਵੀ ਹਾਜ਼ਰ ਸਨ।



# ਲੋਕਾਂ ਦੀ ਹਰ ਜਾਇਜ਼ ਮੁਸ਼ਕਲ ਦੇ ਹੱਲ ਲਈ ਹਮੇਸ਼ਾ ਵਚਨਬੱਧ ਹਾਂ : ਤਲਬੀਰ ਸਿੰਘ ਗਿੱਲ

**ਮਜੀਠਾ (ਸੋਇਮ ਆਨੰਦ)**- ਲੋਕਾਂ ਦੀ ਹਰ ਜਾਇਜ਼ ਸਮੱਸਿਆ ਦਾ ਹੱਲ ਕਰਨਾ ਮੇਰਾ ਮੁੱਢਲਾ ਫਰਜ਼ ਹੈ ਅਤੇ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਜਾਰੀ ਰਹਿਣਗੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪਿੰਡ ਸੁਪਾਰੀਵਿੰਡ ਵਿਖੇ ਲੋਕ ਮਿਲਣੀ ਦੌਰਾਨ ਸਰਪੰਚ, ਪੰਚ, ਮੋਹਤਬਰ ਅਤੇ ਪਿੰਡ ਵਾਸੀਆਂ ਨਾਲ ਨਿੱਘੀ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਮੌਕੇ ਸੰਬੋਧਨ ਕਰਦਿਆਂ ਕੀਤਾ। ਤਲਬੀਰ ਸਿੰਘ ਗਿੱਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਲੋਕਾਂ ਵੱਲੋ ਮਿਲੇ ਪਿਆਰ, ਸਤਿਕਾਰ ਅਤੇ ਵਿਸ਼ਵਾਸ ਲਈ ਦਿਲੋ ਧੰਨਵਾਦ ਕੀਤਾ। ਗਿੱਲ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਹਲਕਾ ਮਜੀਠਾ ਵਿਚ ਵਿਕਾਸ ਕਾਰਜ ਰੁਕੇ ਸਨ ਜਾਂ ਅਧੂਰੇ ਸਨ ਜਦ ਤੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿਚ ਆਈ ਹੈ ਵਿਕਾਸ ਕਾਰਜਾਂ ਵਿਚ ਤੇਜ਼ੀ ਆਈ ਹੈ ਅਤੇ ਹਲਕੇ ਦੇ ਹਰੇਕ ਪਿੰਡ ਵਿਚ ਵਿਕਾਸ ਕਾਰਜ ਜੰਗੀ ਪਧਰ 'ਤੇ ਚੱਲ ਰਹੇ ਹਨ। ਗਿੱਲ ਨੇ ਅਗੇ ਕਿਹਾ ਕਿ ਸੂਬੇ ਦੇ ਲੋਕ ਮਾਨ ਸਰਕਾਰ ਵੱਲੋਂ ਸੂਬਾ ਵਾਸੀਆਂ ਨਾਲ ਕੀਤੀਆਂ ਗਾਰੰਟੀਆਂ ਨੂੰ ਪੂਰਾ ਹੋਣ ਤੇ ਖੁਸ਼ ਹਨ ਅਤੇ 2027 ਵਿਚ ਦੁਬਾਰਾ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਰਕਾਰ ਬਣਾਉਣ ਲਈ ਉਤਾਵਲੇ ਹਨ।ਇਸ ਮੌਕੇ ਤਲਬੀਰ ਸਿੰਘ ਗਿੱਲ ਦੇ ਨਾਲ ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ ਗਿੱਲ, ਸਤਿੰਦਰ ਸਿੰਘ ਸ਼ਾਹ ਮਜੀਠਾ, ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਯਾਦਵਿੰਦਰ ਸਿੰਘ ਚੇਅਰਮੈਨ ਬਲਾਕ ਸੰਮਤੀ, ਮਨਦੀਪ ਸਿੰਘ, ਰੋਸ਼ਨ ਸਿੱਧੂ ਸੁਪਾਰੀਵਿੰਡ, ਦਲਬੀਰ ਸਿੰਘ, ਹਜ਼ਾਰਾ ਸਿੰਘ, ਜ਼ਸਬੀਰ ਸਿੰਘ, ਸ਼ਸਪਾਲ ਸਿੰਘ, ਜ਼ਸਵਿੰਦਰ ਸਿੰਘ, ਵਿਜੇ ਮਸੀਹ, ਲਾਲ ਮਸੀਹ, ਰਾਮ ਲਾਲ ਸਾਬਕਾ ਸਰਪੰਚ, ਦੇਸ ਰਾਜ ਸਮੇਤ ਵੱਡੀ ਗਿਣਤੀ ਵਿਚ ਆਪ ਵਰਕਰ ਹਾਜ਼ਰ ਸਨ।



# ਰਾਮ ਨਾਮ ਦੇ ਮੰਤਰ ਦਾ ਜਾਪ ਸਭ ਤੋਂ ਉੱਤਮ : ਅਸ਼ਵਨੀ ਬੇਦੀ





**ਅੰਮ੍ਰਿਤਸਰ (ਅਰੋੜਾ)**-ਪੂਰੇ ਵਿਸ਼ਵ ਵਿੱਚ ਅੰਮ੍ਰਿਤਵਾਣੀ ਪਾਠ ਦਾ ਸੰਚਾਰ ਕਰਨ ਵਾਲੇ ਸਵਾਮੀ ਸਤਿਆਨੰਦ ਮਹਾਰਾਜ ਦੇ ਪਰਮ ਸ਼ਿਸ਼ ਸੰਤ ਪ੍ਰੇਮ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਸੰਤ ਅਸ਼ਵਨੀ ਮਹਾਰਾਜ ਦੁਆਰਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਨੇੜੇ ਰੂਪਮਹਿਲ ਵਿੱਚ ਅੰਮ੍ਰਿਤਵਾਣੀ ਪਾਠ ਅਤੇ ਸੰਕੀਰਤਨ ਦਾ ਆਯੋਜਨ ਕੀਤਾ ਗਿਆ। ਹਜ਼ਾਰਾਂ ਦੀ ਗਿਣਤੀ ਵਿੱਚ ਗੁਰੂ ਦੀ ਨਗਰੀ ਦੇ ਪਤਵੰਤੇ, ਧਾਰਮਿਕ ਅਤੇ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਪਰਵਾਰਾਂ ਸਮੇਤ ਰਾਮ ਨਾਮ ਦੇ ਜਾਪ ਵਿੱਚ ਹਿੱਸਾ ਲਿਆ।ਸੰਗਤ ਨੂੰ ਸੰਬੋਧਨ ਕਰਦਿਆਂ ਅਸ਼ਵਿਨੀ ਬੇਦੀ ਮਹਾਰਾਜ ਨੇ ਕਿਹਾ ਕਿ ਸਾਨੂੰ ਰਾਮ ਨਾਮ ਦੇ ਪਾਠ ਦੇ ਨਾਲ-ਨਾਲ ਆਪਣੇ ਪਰਿਵਾਰਕ ਧਰਮ ਨੂੰ ਵੀ ਨਿਭਾਉਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਤੁਸੀਂ ਚਾਹੇ ਜਿੰਨੇ ਵੀ ਧਰਮ-ਕਰਮ ਦੇ ਕੰਮ ਕਰੋ, ਰੋਜ਼ਾਨਾ ਮੰਦਰਾਂ ਅਤੇ ਗੁਰਦੁਆਰਿਆਂ ਵਿੱਚ ਜਾ ਕੇ ਨਤਮਸਤਕ ਹੋਵੋ, ਰੋਜ਼ਾਨਾ ਹੀ ਸਵੇਰ ਤੋਂ ਲੈ ਕੇ ਸ਼ਾਮ ਤੱਕ ਉਸ ਪਰਮ ਪਿਤਾ ਪਰਮਾਤਮਾ ਨੂੰ ਯਾਦ ਕਰਦੇ ਰਹੋ, ਪਰ ਜਦੋਂ ਤੱਕ ਤੁਸੀਂ ਪਰਮਾਤਮਾ ਦੇ ਨਾਲ-ਨਾਲ ਮਾਤਾ-ਪਿਤਾ ਦੀ ਸੇਵਾ ਦਾ ਫ਼ਰਜ਼ ਨਹੀਂ ਨਿਭਾਉਂਦੇ, ਉਦੋਂ ਤੱਕ ਸਭ ਕੁਝ ਬੇਕਾਰ ਹੈ।ਮਾਤਾ-ਪਿਤਾ ਹੀ ਤੁਹਾਡੇ ਇਸ਼ਟ ਦੇਵ ਹਨ।ਉਹਨਾਂ ਕਿਹਾ ਕਿ ਮਾਤਾ-ਪਿਤਾ ਦੀ ਸੇਵਾ ਰੋਗਾਂ ਅਤੇ ਦੁੱਖਾਂ ਨੂੰ ਦੂਰ ਕਰਨ ਦੀ ਸਭ ਤੋਂ ਵੱਡੀ ਔਸ਼ਧੀ ਹੈ। ਬੇਦੀ ਨੇ ਕਿਹਾ ਕਿ ਰਾਮ ਨਾਮ ਦੇ ਮੰਤਰ ਦਾ ਜਾਪ ਸਭ ਤੋਂ ਉੱਤਮ ਹੈ।ਸਮਾਗਮ ਦੀ ਸ਼ੁਰੂਆਤ ਸੁਚਿਤਰਾ ਦੁੱਗਲ ਅਤੇ ਮਨਮੀਤ ਬੇਦੀ ਦੁਆਰਾ ਕੀਤੀ ਗਈ। ਇਸ ਵਿਸ਼ਾਲ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਜੀ ਅਤੇ ਸੁਮਿਤ ਸ਼ਾਸਤਰੀ ਨੇ ਸੰਗਤ ਨੂੰ ਆਸ਼ੀਰਵਾਦ ਦਿੱਤਾ। ਸਮਾਗਮ ਵਿੱਚ ਕਮਲ ਡਾਲਮੀਆ ਚੈਰੀਟੇਬਲ ਟਰੱਸਟ ਦੇ ਮੁੱਖ ਸਮਾਜ ਸੇਵੀ ਕਮਲ ਡਾਲਮੀਆ, ਦੀਪਕ ਖੰਨਾ, ਰਾਜੀਵ ਖੰਨਾ, ਸਾਬਕਾ ਵਿਧਾਇਕ ਸੁਨੀਲ ਦੱਤੀ, ਸਾਬਕਾ ਕੈਬਨਿਟ ਮੰਤਰੀ ਡਾ. ਰਾਜਕੁਮਾਰ ਵੇਰਕਾ, ਰਾਸ਼ਟਰੀ ਕਲਿਆਣ ਬੋਰਡ ਦੇ ਮੈਂਬਰ ਰਾਜੀਵ ਅਨੇਜਾ, ਸਹਾਇਕ ਨਗਰ ਨਿਗਮ ਕਮਿਸ਼ਨਰ ਵਿਸ਼ਾਲ ਵਧਾਵਨ, ਕੌਂਸਲਰ ਸੁਨੀਤਾ ਸ਼ਰਮਾ, ਕੁਮਾਰ ਅਮਿਤ, ਮਮਤਾ ਦੱਤਾ, ਸਤੀਸ਼ ਬੱਲੂ, ਬਲਜੀਤ ਸਿੰਘ ਨਾਗੀ, ਵਰਿੰਦਰ ਬੇਦੀ, ਰਵਿੰਦਰ ਸੇਠੀ, ਅਮਨ ਸ਼ਰਮਾ, ਵਿਕਰਮਜੀਤ ਸਿੰਘ, ਰੋਹਿਤ ਸ਼ਰਮਾ, ਉਪਾਸਨਾ ਸੂਰੀ, ਵਿਨੋਦ ਦਵੇਸਰ, ਰਮੇਸ਼ ਕਾਲੀਆ, ਪ੍ਰੀਤਮ ਸਿੰਘ ਸਮੇਤ ਭਾਰੀ ਗਿਣਤੀ ਵਿੱਚ ਰਾਮ ਪ੍ਰੇਮੀ ਮੌਜੂਦ ਸਨ।

# ਮਜੀਠਾ 'ਚ ਕਾਂਗਰਸ ਨੂੰ ਝਟਕਾ, ਬਲਾਕ ਪ੍ਰਧਾਨ ਸਮੇਤ ਦਰਜਨ ਪਰਵਾਰ ਅਕਾਲੀ ਦਲ 'ਚ ਸ਼ਾਮਲ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਭੀਲੋਵਾਲ ਵਿੱਚ ਉਸ ਵੇਲੇ ਕਾਂਗਰਸ ਨੂੰ ਭਾਰੀ ਝਟਕਾ ਲੱਗਾ ਜਦੋਂ ਕਾਂਗਰਸ ਤੇ ਬਲਾਕ ਪ੍ਰਧਾਨ ਸਮੇਤ ਹੋਰ ਪਰਵਾਰ ਕਾਂਗਰਸ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ ਜਿਨ੍ਹਾਂ ਦਾ ਸਵਾਗਤ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਵਿਸ਼ਵਾਸ ਦਿਵਾਇਆ ਕਿ ਉਹਨਾਂ ਦਾ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਕਾਂਗਰਸ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲਿਆਂ ਵਿੱਚ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਇਕਬਾਲ ਸਿੰਘ, ਕਿਰਪਾਲ ਸਿੰਘ, ਸਵਿੰਦਰ ਸਿੰਘ, ਹਰਦੇਵ ਸਿੰਘ, ਤਰਸੇਮ ਸਿੰਘ (ਸਾਬਕਾ ਪੰਚਾਇਤ ਮੈਂਬਰ) ਗੁਰਦਿਆਲ ਸਿੰਘ ਅਤੇ ਸੁਖਦੇਵ ਸਿੰਘ ਆਪਣੇ ਸਮਰਥਕਾਂ ਸਮੇਤ ਸ਼ਾਮਲ ਸਨ । ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਪੰਜਾਬ ਤੇ ਪੰਜਾਬੀਅਤ ਦੇ ਭਲੇ ਦੀ ਗੱਲ ਕੀਤੀ ਹੈ ਅਤੇ ਪੰਜਾਬ ਦੇ ਲੋਕਾਂ ਨੂੰ ਉਹ ਸਾਰੀਆਂ ਸੁੱਖ ਸਹੂਲਤਾਂ ਜਾਰੀ ਕੀਤੀਆਂ ਜਿਨ੍ਹਾਂ ਦੀ ਪੰਜਾਬ ਵਾਸੀਆਂ ਨੂੰ ਲੋੜ ਸੀ। ਉਹਨਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਹਲਕਾ ਮਜੀਠਾ ਦੇ ਵਿਕਾਸ ਦੀ ਗਤੀ ਨੂੰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪ੍ਰੇਮ ਸਿੰਘ ਭੀਲੋਵਾਲ, ਧਰਮਵੀਰ ਸਿੰਘ ਭੀਲੋਵਾਲ, ਲਾਲਕਾ ਭੀਲੋਵਾਲ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਗਾਂਧੀ ਨਿਬਰਵਿੰਡ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ ।

# ਜ਼ਿਲ੍ਹਾ ਹੈੱਡਕੁਆਟਰ ਤੋਂ ਲੰਮੇ ਰੂਟ ਦੀਆਂ ਬੱਸਾਂ ਚਲਾਉਣ ਦੀ ਮੰਗ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਜ਼ਿਲ੍ਹਾ ਹੈਡ ਕੁਆਟਰ ਹੋਣ ਦੇ ਬਾਵਜੂਦ ਇੱਥੇ ਲੰਬੇ ਰੂਟ ਦੀਆਂ ਬੱਸਾਂ ਨਾ ਮਾਤਰ ਹੀ ਚੱਲਦੀਆਂ ਹਨ ਸਿਵਾਏ ਚੰਡੀਗੜ੍ਹ ਦੇ ਕਿਸੇ ਵੱਡੇ ਸ਼ਹਿਰ ਨੂੰ ਕੋਈ ਬੱਸ ਨਹੀਂ ਚੱਲ ਰਹੀ। ਅੱਜ ਤੋਂ 25-30 ਸਾਲ ਪਹਿਲਾਂ ਗੁਰਦਾਸਪੁਰ ਤੇ ਦਿੱਲੀ ਵਰਗੇ ਸ਼ਹਿਰਾਂ ਨੂੰ ਸਵੇਰੇ 7 ਵਜੇ ਅਤੇ 8 ਵਜੇ ਪੈਪਸੂ ਰੋਡਵੇਜ਼ ਡੀਪੂ ਕਪੂਰਥਲਾ ਦੀਆਂ 2 ਬੱਸਾਂ ਗੁਰਦਾਸਪੁਰ ਤੋਂ ਵਾਇਆ ਬਟਾਲਾ, ਕਪੂਰਥਲਾ, ਜਲੰਧਰ ਤੋਂ ਦਿੱਲੀ ਜਾਂਦੀਆਂ ਸਨ ਅਤੇ ਇਸੇ ਤਰ੍ਹਾਂ ਦਿੱਲੀ ਤੋਂ ਸਵੇਰੇ ਵਾਪਸ ਚੱਲ ਕੇ ਸ਼ਾਮ ਨੂੰ ਦੋਵੇਂ ਬੱਸਾਂ ਗੁਰਦਾਸਪੁਰ ਆਉਂਦੀਆਂ ਸਨ। ਅਜਿਹੀਆਂ ਬੱਸਾਂ ਦੀ ਗਿਣਤੀ ਵਧਣ ਦੀ ਬਜਾਏ ਬਿਲਕੁਲ ਹੀ ਬੰਦ ਹੋ ਗਈਆਂ ਹਨ। ਇਨ੍ਹਾਂ ਬੱਸਾਂ ਤੋਂ ਇਲਾਵਾ ਪੰਜਾਬ ਦੇ ਹੋਰਨਾਂ ਸ਼ਹਿਰਾਂ ਨੂੰ ਵੀ ਇੱਥੋਂ ਬੱਸਾਂ ਚੱਲਦੀਆਂ ਸਨ ਜੋ ਮੌਜੂਦਾ ਸਮੇਂ ਵਿੱਚ ਬੰਦ ਹੋ ਚੁੱਕੀਆਂ ਹਨ। ਹੈਰਾਨੀ ਦੀ ਗੱਲ ਹੈ ਕਿ ਪੰਜਾਬ ਦੇ ਲਗਭਗ ਹਰ ਜ਼ਿਲ੍ਹੇ ਤੋਂ ਵੋਲਵੋ ਬੱਸਾਂ ਰੋਜ਼ਾਨਾ ਦਿੱਲੀ ਨੂੰ ਜਾਂਦੀਆਂ ਹਨ। ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਪਿਛਲੇ 25-30 ਸਾਲਾਂ ਦੌਰਾਨ ਕਈ ਸਰਕਾਰਾਂ ਆਈਆਂ ਪਰ ਕਿਸੇ ਨੇ ਵੀ ਇਸ ਮਸਲੇ ਵੱਲ ਧਿਆਨ ਨਹੀਂ ਦਿੱਤਾ ਜਿਸ ਕਾਰਨ ਇਸ ਸ਼ਹਿਰ ਵਿੱਚੋਂ ਕਈ ਚਾਲੂ ਪਏ ਰੂਟ ਤਾਂ ਬੰਦ ਹੋ ਗਏ ਪਰ ਪੁਰਾਣੇ ਚੱਲਦੇ ਰੂਟ ਵੀ ਦੁਬਾਰਾ ਚਾਲੂ ਨਹੀਂ ਕਰਵਾਏ ਗਏ। ਗੁਰਦਾਸਪੁਰ ਸ਼ਹਿਰ ਵਾਸੀਆਂ ਦੀ ਪੰਜਾਬ ਸਰਕਾਰ ਦੇ ਆਗੂਆਂ ਪਾਸੋਂ ਮੰਗ ਹੈ ਕਿ ਇਸ ਸ਼ਹਿਰ ਵਿਖੇ ਰੋਡਵੇਜ਼ ਦਾ ਡੀਪੂ ਬਣਾਉਸਣ ਤੋਂ ਇਲਾਵਾ ਇਥੋਂ ਰੋਜ਼ਾਨਾਂ ਦਿੱਲੀ, ਸ਼ਿਮਲਾ, ਹਰੀਦੁਆਰ, ਗੰਗਾਨਗਰ, ਕਟੜਾ, ਬਠਿੰਡਾ, ਮੁਕਤਸਰ ਆਦਿ ਸਾਰੇ ਜਿਲ੍ਹਾ ਹੈਡਕੁਆਟਰਾਂ ਨੂੰ ਸਿੱਧੀਆਂ ਬੱਸਾਂ ਚਲਾਈਆਂ ਜਾਣ ਜਿਸ ਨਾਲ ਲੋਕਾਂ ਨੂੰ ਰਾਹਤ ਮਿਲ ਸਕੇ। ਲੋਕਾਂ ਦੀ ਇਹ ਵੀ ਮੰਗ ਹੈ ਕਿ ਗੁਰਦਾਸਪੁਰ ਤੋਂ ਚੰਡੀਗੜ੍ਹ ਨੂੰ ਰੋਜ਼ਾਨਾ ਸਵੇਰੇ ਰੋਡਵੇਜ਼ ਦੀਆਂ ਵੋਲਵੋ ਬੱਸਾਂ ਚਲਾਈਆਂ ਜਾਣ ਜਿਸ 'ਤੇ ਘੱਟ ਕਿਰਾਏ ਦਾ ਲੋਕ ਲਾਭ ਲੈ ਸਕਣ। ਲੋਕਾਂ ਨੇ ਕਿਹਾ ਕਿ ਪੰਜਾਬ ਦੇ ਕਈ ਸ਼ਹਿਰਾਂ ਤੋਂ ਰਾਤ ਬੱਸ ਸਰਵਿਸ ਚਾਲੂ ਹੈ, ਇਸੇ ਤਰ੍ਹਾਂ ਗੁਰਦਾਸਪੁਰ ਤੋਂ ਵੀ ਵੱਡੇ-ਵੱਡੇ ਸ਼ਹਿਰਾਂ ਨੂੰ ਜਾਣ ਵਾਸਤੇ ਰਾਤ ਨੂੰ ਬਸ ਸਰਵਿਸ ਸ਼ੁਰੂ ਕੀਤੀ ਜਾਵੇ। ਉਨ੍ਹਾਂ ਕਿਹਾ ਰਾਤ ਸਮੇਂ ਹਰਿਦੁਆਰ, ਕਟੜਾ ਆਦਿ ਸ਼ਹਿਰਾਂ ਨੂੰ ਬਸ ਵੀ ਚਲਾਈ ਜਾਵੇ ਜਿਸ ਨੂੰ ਮਾਤਾ ਵੈਸ਼ਨੋਂ ਦੇਵੀ ਆਦਿ ਧਾਰਮਿਕ ਸਥਾਨਾਂ ਦੇ ਦਰਸ਼ਨ ਆਸਾਨੀ ਨਾਲ ਕਰ ਸਕਣ। ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਰਾਤ ਬਸ ਸਰਵਿਸ ਸ਼ੁਰੂ ਹੋਣ ਨਾਲ ਲੋਕਾਂ ਦੀ ਸਮੇਂ ਦੀ ਵੀ ਬਚਤ ਹੋਵੇਗੀ। ਇਸ ਤੋਂ ਇਲਾਵਾ ਰਾਤ ਨੂੰ ਵੀ ਬਸ ਸਰਵਿਸ ਨੂੰ ਚਾਲੂ ਕਰਵਾਉਣਾ ਚਾਹੀਦਾ ਹੈ। ਜਦ ਇਸ ਸਬੰਧੀ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਹ ਜਲਦੀ ਹੀ ਇਸ ਸਬੰਧੀ ਟਰਾਂਸਪੋਰਟ ਮੰਤਰੀ ਪੰਜਾਬ ਨਾਲ ਗੱਲਬਾਤ ਕਰਕੇ ਗੁਰਦਾਸਪੁਰ ਤੋਂ ਲੰਬੇ ਰੂਟ ਦੀਆਂ ਬੱਸਾਂ ਚਲਾਉਣ 'ਤੇ ਜ਼ੋਰ ਦੇਣਗੇ। ਉਨ੍ਹਾਂ ਕਿਹਾ ਗੁਰਦਾਸਪੁਰ ਵਿਖੇ ਵੀ ਰੋਡਵੇਜ਼ ਡੀਪੂ ਖੁਲ੍ਹਵਾਉਣ ਦੀ ਹਰ ਸੰਭਵ ਕੋਸ਼ਿਸ਼ ਕਰਨਗੇ।



# ਡੀ ਆਰ ਹੈਰੀਟੇਜ ਪਬਲਿਕ ਸਕੂਲ 'ਚ ਜਨਮ ਅਸ਼ਟਮੀ ਦਾ ਤਿਉਹਾਰ ਮਨਾਇਆ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)** ਬੀਤੇ ਦਿਨ ਡੀ ਆਰ ਹੈਰੀਟੇਜ ਪਬਲਿਕ ਸਕੂਲ ਵਿਖੇ ਜਨਮ ਅਸਟਮੀ ਦਾ ਤਿਉਹਾਰ ਮਨਾਇਆ ਗਿਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਹਰਪ੍ਰੀਤ ਕੌਰ ਜੀ ਸਮੂਹ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਸ਼ਾਮਲ ਹੋਏ।ਇਸ ਮੌਕੇ ਵਿਦਿਆਰਥੀਆਂ ਨੂੰ ਭਾਸ਼ਣ ਰਾਹੀਂ ਇਸ ਤਿਉਹਾਰ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ।ਇਸ ਸਮਰੋਹ ਦਾ ਮੁੱਖ ਆਕਰਸ਼ਣ ਨੰਨ੍ਹੇ ਮੁੰਨੇ ਬੱਚੇ ਰਹੇ ਜੋ ਸ੍ਰੀ ਕ੍ਰਿਸ਼ਨ ਜੀ ਅਤੇ ਰਾਧਾ ਦੇ ਸੁੰਦਰ ਰੂਪਾਂ ਵਿੱਚ ਸੱਜ ਕੇ ਆਏ ਸਨ। ਉਹਨਾਂ ਦੀਆਂ ਮਨ ਮੋਹਕ ਅਦਾਵਾਂ ਨੇ ਸਭ ਦਾ ਮਨ ਮੋਹ ਲਿਆ।ਇਸ ਮੌਕੇ ਬੱਚਿਆਂ ਵੱਲੋਂ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਬਾਲ ਲੀਲਾਵਾਂ ਮਟਕੀ ਫੋੜ ਅਤੇ ਮਨਮੋਹਕ ਰਾਮਲੀਲਾ ਉੱਤੇ ਪਦਾਰਥ ਰੰਗਾ ਰੰਗ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਬੱਚਿਆਂ ਨੇ ਭਜਨਾ ਤੇ ਸੁੰਦਰ ਨਾਚ ਪੇਸ਼ ਕਰਕੇ ਸਾਰਿਆਂ ਨੂੰ ਮੰਤਰ ਮੁਗਦ ਕਰ ਦਿੱਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਹਰਪ੍ਰੀਤ ਕੌਰ ਨੇ ਸਭ ਨੂੰ ਜਨਮ ਅਸ਼ਟਮੀ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ।ਉਹਨਾਂ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਪ੍ਰੇਮ ਸੱਚਾਈ ਨੇਕੀ ਅਤੇ ਧਰਮ ਦੇ ਮਾਰਗ ਤੇ ਚੱਲਣਾ ਚਾਹੀਦਾ ਹੈ।




# ਸੱਚਰ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਵਾਲਿਆਂ ਦਾ ਹਾਲ-ਚਾਲ ਜਾਣਨ ਲਈ ਪਹੁੰਚੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜਿਨ੍ਹਾਂ ਦੀ ਸਿਹਤ ਕੁਝ ਢਿੱਲੀ ਸੀ, ਦਾ ਹਾਲ ਚਾਲ ਜਾਣਨ ਵਾਸਤੇ ਕਾਂਗਰਸ ਪਾਰਟੀ ਵੱਲੋਂ ਹਲਕਾ ਮਜੀਠਾ ਦੇ ਇੰਚਾਰਜ ਭਗਵੰਤਪਾਲ ਸਿੰਘ ਸੱਚਰ ਆਪਣੇ ਸਾਥੀਆਂ ਸਮੇਤ ਗੁਰਦੁਆਰਾ ਸਾਹਿਬ ਪਹੁੰਚੇ ਅਤੇ ਉਹਨਾਂ ਬਾਬਾ ਜੀ ਦੀ ਸਿਹਤਯਾਬੀ ਦੀ ਕਾਮਨਾ ਕੀਤੀ। ਸੱਚਰ ਨੇ ਸੰਤ ਬਾਬਾ ਸੱਜਣ ਸਿੰਘ ਨਾਲ ਬੈਠ ਕੇ ਉਹਨਾਂ ਦੀ ਸਿਹਤ ਸਬੰਧੀ ਵਿਚਾਰਾਂ ਕੀਤੀਆਂ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ, ਝਿਲਮਿਲ ਸਿੰਘ ਸਾਧਪੁਰ, ਤਜਿੰਦਰ ਸਿੰਘ ਤਰਫਾਨ, ਭਾਈ ਰਣਜੀਤ ਸਿੰਘ ਰਾਣਾ ਬਾਬੋਵਾਲ, ਜਗਰੂਪ ਸਿੰਘ ਬੋਪਾਰਾਏ, ਪ੍ਰਿੰਸੀਪਲ ਗੁਰਸੇਵਕ ਸਿੰਘ, ਬਾਬਾ ਰਾਜਾ ਸਿੰਘ ਬਲਾਰਾ ਅਤੇ ਹੋਰ ਆਗੂ ਹਾਜ਼ਰ ਸਨ। ਸੰਤ ਬਾਬਾ ਸੱਜਣ ਸਿੰਘ ਨੇ ਸਾਰਿਆਂ ਦਾ ਹੀ ਧੰਨਵਾਦ ਕੀਤਾ।

# ਹਰ ਕਿਸਾਨ ਲਈ ਫਾਰਮਰ ਰਜਿਸਟਰੀ ਬਣਵਾਉਣਾ ਜ਼ਰੂਰੀ : ਡਾ. ਚੀਮਾ

**ਗੁਰਦਾਸਪੁਰ (ਜਨਕ ਮਹਾਜਨ)**- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਤੇ ਸਹੂਲਤਾਂ ਨਾਲ ਜੋੜਨ ਲਈ ਹਰੇਕ ਕਿਸਾਨ ਦੀ ਫਾਰਮਰ ਰਜਿਸਟਰੀ ਤਿਆਰ ਕੀਤੀ ਜਾ ਰਹੀ ਹੈ। ਇਸ ਸੰਬੰਧੀ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾ. ਸ਼ਾਹਬਾਜ਼ ਸਿੰਘ ਚੀਮਾ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਫਾਰਮਰ ਰਜਿਸਟਰੀ ਜ਼ਰੂਰ ਬਣਵਾਉਣ, ਤਾਂ ਜੋ ਆਉਣ ਵਾਲੇ ਸਮੇਂ ਵਿਚ ਸਰਕਾਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਅਤੇ ਹੋਰ ਖੇਤੀਬਾੜੀ ਸੰਬੰਧੀ ਸਰਕਾਰੀ ਸਹੂਲਤਾਂ ਦਾ ਲਾਭ ਲੈਣ ਵਿਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਡਾ. ਚੀਮਾ ਨੇ ਦੱਸਿਆ ਕਿ ਜਿਸ ਕਿਸਾਨ ਦੇ ਨਾਮ 'ਤੇ ਵਾਹੀਯੋਗ ਜ਼ਮੀਨ ਦਰਜ ਹੈ, ਉਸ ਲਈ ਫਾਰਮਰ ਰਜਿਸਟਰੀ ਬਣਵਾਉਣਾ ਜ਼ਰੂਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਫਾਰਮਰ ਰਜਿਸਟਰੀ ਬਣਵਾਉਣ ਲਈ ਜ਼ਮੀਨ ਦੀ ਮਾਤਰਾ ਸੰਬੰਧੀ ਕੋਈ ਸ਼ਰਤ ਨਹੀਂ ਹੈ। ਭਾਵੇਂ ਕਿਸੇ ਕਿਸਾਨ ਕੋਲ ਘੱਟ ਜ਼ਮੀਨ ਹੈ ਜਾਂ ਵੱਧ, ਉਹ ਆਪਣੀ ਫਾਰਮਰ ਰਜਿਸਟਰੀ ਬਣਵਾ ਸਕਦਾ ਹੈ। ਇਸੇ ਤਰ੍ਹਾਂ ਜੇਕਰ ਕੋਈ ਕਿਸਾਨ ਖੇਤੀਬਾੜੀ ਦੇ ਨਾਲ ਕੋਈ ਕਾਰੋਬਾਰ ਕਰਦਾ ਹੈ ਜਾਂ ਨੌਕਰੀ ਕਰਦਾ ਹੈ, ਤਾਂ ਵੀ ਉਹ ਫਾਰਮਰ ਰਜਿਸਟਰੀ ਬਣਵਾਉਣ ਲਈ ਯੋਗ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਗੱਲ ਨੂੰ ਵਿਸ਼ੇਸ਼ ਤੌਰ 'ਤੇ ਯਕੀਨੀ ਬਣਾਉਣ ਕਿ ਪਰਵਾਰ ਦੇ ਜਿਨ੍ਹਾਂ-ਜਿਨ੍ਹਾਂ ਮੈਂਬਰਾਂ ਦੇ ਨਾਮ 'ਤੇ ਵਾਹੀਯੋਗ ਜ਼ਮੀਨ ਦਰਜ ਹੈ, ਉਨ੍ਹਾਂ ਸਾਰਿਆਂ ਦੀ ਵੱਖ-ਵੱਖ ਫਾਰਮਰ ਰਜਿਸਟਰੀ ਬਣਵਾਈ ਜਾਵੇ। ਉਨ੍ਹਾਂ ਕਿਹਾ ਕਿ ਸਿਰਫ਼ ਪਰਵਾਰ ਦੇ ਇੱਕ ਮੈਂਬਰ ਦੀ ਰਜਿਸਟਰੀ ਬਣਵਾਉਣਾ ਕਾਫ਼ੀ ਨਹੀਂ ਹੋਵੇਗਾ, ਸਗੋਂ ਜਿਸ-ਜਿਸ ਵਿਅਕਤੀ ਦੇ ਨਾਮ 'ਤੇ ਖੇਤੀਯੋਗ ਜ਼ਮੀਨ ਹੈ, ਉਸ ਦੀ ਫਾਰਮਰ ਰਜਿਸਟਰੀ ਬਣਾਉਣੀ ਜ਼ਰੂਰੀ ਹੈ। ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਫਾਰਮਰ ਰਜਿਸਟਰੀ ਕਿਸਾਨਾਂ ਦੀ ਖੇਤੀਬਾੜੀ ਨਾਲ ਸੰਬੰਧਤ ਜਾਣਕਾਰੀ ਨੂੰ ਸਰਕਾਰੀ ਪ੍ਰਣਾਲੀ ਵਿੱਚ ਦਰਜ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਇਸ ਰਾਹੀਂ ਭਵਿੱਖ ਵਿੱਚ ਕਿਸਾਨਾਂ ਨੂੰ ਸਰਕਾਰੀ ਸਕੀਮਾਂ, ਸਬਸਿਡੀਆਂ ਅਤੇ ਹੋਰ ਸਹੂਲਤਾਂ ਦਾ ਲਾਭ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇਗਾ। ਇਸ ਲਈ ਕਿਸਾਨਾਂ ਨੂੰ ਇਸ ਕੰਮ ਨੂੰ ਸਿਰਫ਼ ਇੱਕ ਰਸਮੀ ਕਾਰਵਾਈ ਨਾ ਸਮਝਦਿਆਂ ਸਮੇਂ ਸਿਰ ਆਪਣੀ ਫਾਰਮਰ ਰਜਿਸਟਰੀ ਬਣਵਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਫਾਰਮਰ ਰਜਿਸਟਰੀ ਸਬੰਧੀ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਲੋੜੀਂਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।



# ਵਿਦਿਆ ਜੋਤ ਸਮਾਗਮ ਦੌਰਾਨ 200 ਦੇ ਕਰੀਬ ਪ੍ਰਿੰਸੀਪਲਾਂ ਦਾ ਸਨਮਾਨ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਅਗਵਾਈ ਹੇਠ ਸੰਤ ਗਿਆਨੀ ਗੁਰਬਚਨ ਸਿੰਘ ਖ਼ਾਲਸਾ ਅਕੈਡਮੀ ਮਹਿਤਾ ਚੌਕ ਵਿਖੇ 'ਵਿੱਦਿਆ ਜੋਤ' ਸਮਾਗਮ ਦੌਰਾਨ ਸਿੱਖਿਆ ਦੇ ਖੇਤਰ ਵਿਚ ਅਹਿਮ ਯੋਗਦਾਨ ਪਾਉਣ ਵਾਲੀਆਂ 200 ਦੇ ਕਰੀਬ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਸਮਾਗਮ ਦੇ ਵਿੱਚ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਪੰਜਾਬ ਦੇ ਨਾਲ ਲੱਗਦੇ ਸੂਬਿਆਂ ਤੋਂ ਵੀ ਸਿੱਖਿਆ ਖੇਤਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਡੀ ਗਿਣਤੀ ਵਿਚ ਪੁੱਜੀਆਂ ਹੋਈਆ ਸਨ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਅਮਰੀਕਾਸ (ਡੀ.ਬੀ.ਯੂ.ਏ.) ਨੇ ਖ਼ਾਲਸਾ ਪੈਰਾ ਮੈਡੀਕਲ ਹਸਪਤਾਲ ਨਾਲ ਹੱਥ ਮਿਲਾਉਣ ਅਤੇ ਸਿੱਖਿਆ ਅਤੇ ਸਿਹਤ ਸੰਭਾਲ ਸਹਿਯੋਗ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇੱਕ ਸਮਝੌਤਾ ਪੱਤਰ (ਐੱਮ.ਓ.ਯੂ.) 'ਤੇ ਹਸਤਾਖ਼ਰ ਕਰਕੇ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਸਥਾਪਿਤ ਕੀਤਾ।ਇਸ ਮੌਕੇ ਡੀ.ਬੀ.ਯੂ ਅਮਰੀਕਾਸ ਦੇ ਡਾਇਰੈਕਟਰ ਸੰਚਾਲਨ ਇੰਜੀਨੀਅਰ ਅਰੁਣ ਮਲਿਕ ਨੇ ਅੰਤਰਰਾਸ਼ਟਰੀ ਮੌਕਿਆਂ, ਗਲੋਬਲ ਕਲੀਨੀਕਲ ਸਿਖਲਾਈ ਅਤੇ ਉੱਤਰੀ ਅਮਰੀਕਾ ਅਤੇ ਹੋਰ ਦੇਸ਼ਾਂ ਵਿੱਚ ਸਫਲ ਡਾਕਟਰੀ ਕੈਰੀਅਰ ਬਣਾਉਣ ਦੇ ਚਾਹਵਾਨ ਵਿਦਿਆਰਥੀਆਂ ਲਈ ਕੈਰੀਅਰ ਮਾਰਗਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਾਡਾ ਪਾਠਕ੍ਰਮ ਪਹਿਲੇ ਦਿਨ ਤੋਂ ਹੀ ਯੂ ਐੱਸ ਐੱਮ ਐੱਲ ਈ ਦੀ ਤਿਆਰੀ ਦਾ ਸਮਰਥਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਦੋਂ ਕਿ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਕਲੀਨੀਕਲ ਐਕਸਪੋਜ਼ਰ, ਤਜਰਬੇਕਾਰ ਫੈਕਲਟੀ ਮਾਰਗ ਦਰਸ਼ਨ, ਅਤੇ ਤਕਨਾਲੋਜੀ-ਯੋਗ ਸਿਖਲਾਈ ਪ੍ਰਦਾਨ ਕਰਦਾ ਹੈ। ਸਾਡਾ ਉਦੇਸ਼ ਵਿਸ਼ਵ ਭਰ ਦੇ ਭਾਈਚਾਰਿਆਂ ਦੀ ਸੇਵਾ ਕਰਨ ਦੇ ਸਮਰੱਥ ਆਤਮਵਿਸ਼ਵਾਸੀ, ਹਮਦਰਦਜ਼ਦ ਅਤੇ ਅਭਿਆਸ ਲਈ ਤਿਆਰ ਸਿਹਤ ਸੰਭਾਲ ਪੇਸ਼ਾਵਰਾਂ ਨੂੰ ਵਿਕਸਤ ਕਰਨਾ ਹੈ। ਡੀ.ਬੀ.ਯੂ ਦੇ ਪਬਲਿਕ ਰਿਲੇਸ਼ਨ ਅਫ਼ਸਰ ਪਰਮਵੀਰ ਜਨਾਗਲ ਨੇ ਵੀ ਕਾਨਫ਼ਰੰਸ ਦੌਰਾਨ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਦਮਦਮੀ ਟਕਸਾਲ ਦੇ ਮੁਖੀ ਸੰਤ ਹਰਨਾਮ ਸਿੰਘ ਖ਼ਾਲਸਾ ਵੱਲੋਂ 200 ਦੇ ਕਰੀਬ ਪ੍ਰਿੰਸੀਪਲਾਂ ਅਤੇ ਸਿੱਖਿਆ ਦੇ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕਿ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਆਲ ਇੰਡੀਆ ਸਕੂਲਜ਼ ਐਸੋਸੀਏਸ਼ਨ ਦੇ ਪ੍ਰਧਾਨ ਮਨਦੀਪ ਮਾਲੜਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ ਅਤੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਵੀ ਮੌਜੂਦ ਸਨ।



# ਹਲਕਾ ਗੁਰਦਾਸਪੁਰ 'ਚ ਵਿਕਾਸ ਦੀ ਰਫ਼ਤਾਰ ਰੁਕਣ ਨਹੀਂ ਦੇਵਾਂਗਾ : ਰਮਨ ਬਹਿਲ

**ਗੁਰਦਾਸਪੁਰ (ਜਨਕ ਮਹਾਜਨ)**- ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਵਿਚ ਵਿਕਾਸ ਦੀ ਰਫ਼ਤਾਰ ਨਾ ਪਹਿਲਾਂ ਰੁਕੀ ਹੈ ਅਤੇ ਨਾ ਹੀ ਉਹ ਇਸ ਨੂੰ ਰੁਕਣ ਦੇਣਗੇ। ਉਨ੍ਹਾਂ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਵਿਕਾਸ ਦੇ ਪੱਖੋਂ ਪਿੱਛੇ ਰਹਿ ਗਏ ਗੁਰਦਾਸਪੁਰ ਹਲਕੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸਰਬਪੱਖੀ ਵਿਕਾਸ ਦੇ ਕੰਮ ਤੇਜ਼ੀ ਨਾਲ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਅਗਸਤ 2025 ਦੌਰਾਨ ਗੁਰਦਾਸਪੁਰ ਸ਼ਹਿਰ ਵਿੱਚ ਭਾਰੀ ਮੀਂਹ ਅਤੇ ਹੜ੍ਹਾਂ ਕਾਰਨ ਕਈ ਲੋਕਾਂ ਦੇ ਘਰਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਸੀ।

ਉਸ ਸਮੇਂ ਉਨ੍ਹਾਂ ਅਤੇ ਉਨ੍ਹਾਂ ਦੀ ਟੀਮ ਵੱਲੋਂ ਨੁਕਸਾਨੇ ਗਏ ਘਰਾਂ ਦੀ ਪਛਾਣ ਕਰਕੇ ਪ੍ਰਭਾਵਿਤ ਪਰਵਾਰਾਂ ਦੀ ਜਾਣਕਾਰੀ ਇਕੱਠੀ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖ਼ੁਸ਼ੀ ਹੈ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਨਿਰਮਾਣ ਯੋਜਨਾ ਤਹਿਤ ਗੁਰਦਾਸਪੁਰ ਹਲਕੇ ਦੇ 80 ਪ੍ਰਭਾਵਿਤ ਪਰਵਾਰਾਂ ਲਈ ਕੁੱਲ 28 ਲੱਖ ਰੁਪਏ ਦੀ ਰਾਸ਼ੀ ਮਨਜ਼ੂਰ ਕਰਕੇ ਭੇਜੀ ਗਈ ਹੈ। ਰਮਨ ਬਹਿਲ ਨੇ ਦੱਸਿਆ ਕਿ ਸੋਮਵਾਰ ਉਨ੍ਹਾਂ ਦੇ ਲਾਇਬ੍ਰੇਰੀ ਰੋਡ ਗੁਰਦਾਸਪੁਰ ਸਥਿਤ ਦਫ਼ਤਰ ਵਿਖੇ ਪ੍ਰਭਾਵਿਤ ਪਰਵਾਰਾਂ ਨੂੰ 35-35 ਹਜ਼ਾਰ ਰੁਪਏ ਦੇ ਚੈੱਕ ਵੰਡੇ ਗਏ। ਉਨ੍ਹਾਂ ਕਿਹਾ ਕਿ ਇਹ ਰਾਸ਼ੀ ਭਾਵੇਂ ਬਹੁਤ ਵੱਡੀ ਨਹੀਂ ਹੈ, ਪਰ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਲਈ ਆਪਣੇ ਘਰਾਂ ਦੀ ਮੁਰੰਮਤ ਕਰਵਾਉਣ ਵਿਚ ਇਹ ਸਹਾਇਤਾ ਜ਼ਰੂਰ ਸਹਾਈ ਹੋਵੇਗੀ। ਇਸ ਰਾਸ਼ੀ ਨਾਲ ਉਹ ਆਪਣੇ ਘਰਾਂ ਦੀਆਂ ਛੱਤਾਂ, ਫਰਸ਼ ਜਾਂ ਹੜ੍ਹਾਂ ਅਤੇ ਮੀਂਹ ਕਾਰਨ ਹੋਏ ਹੋਰ ਨੁਕਸਾਨ ਦੀ ਮੁਰੰਮਤ ਕਰਵਾ ਸਕਣਗੇ। ਉਨ੍ਹਾਂ ਕਿਹਾ ਕਿ ਜਦੋਂ ਅਗਸਤ 2025 ਵਿੱਚ ਹੜ੍ਹਾਂ ਅਤੇ ਭਾਰੀ ਮੀਂਹ ਕਾਰਨ ਲੋਕਾਂ ਦੇ ਘਰਾਂ ਦਾ ਨੁਕਸਾਨ ਹੋਇਆ ਸੀ, ਉਸ ਸਮੇਂ ਵੀ ਉਨ੍ਹਾਂ ਵੱਲੋਂ ਲੋਕਾਂ ਨੂੰ ਭਰੋਸਾ ਦਿੱਤਾ ਗਿਆ ਸੀ ਕਿ ਪੰਜਾਬ ਸਰਕਾਰ ਵਲੋਂ ਪ੍ਰਭਾਵਿਤ ਲੋਕਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਸਰਕਾਰ ਵਲੋਂ ਇਹ ਸਹਾਇਤਾ ਰਾਸ਼ੀ ਜਾਰੀ ਕਰਨਾ ਇਸ ਗੱਲ ਦਾ ਸਬੂਤ ਹੈ ਕਿ ਮਾਨ ਸਰਕਾਰ ਜੋ ਕਹਿੰਦੀ ਹੈ, ਉਹ ਕਰਕੇ ਵੀ ਦਿਖਾਉਂਦੀ ਹੈ। ਇਸ ਮੌਕੇ ਵਾਈਸ ਚੇਅਰਮੈਨ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮਟਿਡ ਗੁਰਦਾਸਪੁਰ ਅਸ਼ਵਨੀ ਕੁਮਾਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਬਲਾਕ ਪ੍ਰਧਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਟਰੱਸਟੀ ਹਿਤੇਸ਼ ਮਹਾਜਨ, ਪ੍ਰਧਾਨ ਵਪਾਰ ਮੰਡਲ ਅਸ਼ੋਕ ਮਹਾਜਨ, ਹਲਕਾ ਮੁੱਖ ਮੰਤਰੀ ਤੀਰਥ ਯਾਤਰਾ ਕੋਆਰਡੀਨੇਟਰ ਗਗਨ ਮਹਾਜਨ, ਹਲਕਾ ਸੈਣੀ ਵੈਲਫੇਅਰ ਬੋਰਡ ਦੇ ਦਵਿੰਦਰ ਸਿੰਘ, ਬਲਾਕ ਪ੍ਰਧਾਨ ਨਰਿੰਦਰ ਸਿੰਘ ਨਾਬੀਪੁਰ, ਹਲਕਾ ਵਪਾਰ ਮੰਡਲ ਦੇ ਚੇਅਰਮੈਨ ਰਾਜਿੰਦਰ ਨੰਦਾ, ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਪਿੰਟਾ, ਚੇਅਰਮੈਨ ਸਪੋਰਟਸ ਸਵਿੰਦਰ ਸਿੰਘ, ਚੇਅਰਮੈਨ ਵੈਲਫੇਅਰ ਮਸੀਹ ਅਜੀਤ ਮਸੀਹ, ਚੇਅਰਮੈਨ ਵਿਮੁਕਤ ਵੈਲਫੇਅਰ ਕੁਲਦੀਪ ਕੁਮਾਰ ਸਮੇਤ ਪਾਰਟੀ ਦੀ ਸਮੂਹ ਲੀਡਰਸ਼ਿਪ ਹਾਜ਼ਰ ਸੀ।




# ਗਤਕਾ ਟੂਰਨਾਮੈਂਟ 'ਚ ਗੁਰੂ ਨਾਨਕ ਦੇਵ ਅਕੈਡਮੀ ਤਰਨ ਤਾਰਨ ਨੇ ਗੋਲਡ, ਸਿਲਵਰ ਤੇ ਬਰੌਂਜ ਮੈਡਲ ਜਿੱਤੇ



**ਤਰਨ ਤਾਰਨ (ਪ੍ਰਿਤਪਾਲ ਸਿੰਘ)** ਸ਼ਹੀਦ ਬਾਬਾ ਬੋਤਾ ਸਿੰਘ, ਸ਼ਹੀਦ ਬਾਬਾ ਗਰਜਾ ਸਿੰਘ ਦੀ ਯਾਦ ਵਿਚ ਸੰਤ ਬਾਬਾ ਜਗਤਾਰ ਸਿੰਘ ਅਤੇ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਵੱਲੋਂ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਨੂਰਦੀ, ਤਰਨ ਤਾਰਨ ਦੇ ਵਿਦਿਆਰਥੀਆਂ ਨੇ 70ਵੀਆਂ ਜ਼ਿਲ੍ਹਾ ਸਕੂਲ ਗਤਕਾ 05 ਸਤੰਬਰ, 2026 ਨੂੰ ਸੇਵਾ ਦੇਵੀ ਕਾਲਜ, ਤਰਨ ਤਾਰਨ ਵਿਖੇ ਗਤਕੇ ਦੇ ਮੁਕਾਬਲਿਆਂ ਵਿਚ ਹਿੱਸਾ ਲਿਆ।ਜਿਸ ਵਿਚ ਬੱਚਿਆਂ ਨੇ 12 ਗੋਲਡ ਮੈਡਲ, 16 ਸਿਲਵਰ ਮੈਡਲ, 3 ਬਰੌਂਜ ਮੈਡਲ ਜਿੱਤ ਕੇ ਗੁਰੂ ਨਾਨਕ ਦੇਵ ਅਕੈਡਮੀ ਦੇ ਵਿਦਿਆਰਥੀਆਂ ਨੇ ਸਟੇਟ ਗੇਮਾਂ ਦੇ ਵਿਚ ਆਪਣੀ ਜਗ੍ਹਾ ਬਣਾਈ। ਸਕੂਲ ਪਹੁੰਚਣ ਤੇ ਸਮੂਹ ਮੈਨੇਜਮੈਂਟ ਤੇ ਪ੍ਰਿੰਸੀਪਲ ਮੈਡਮ ਜਸਪਾਲ ਕੌਰ ਸਿੱਧੂ ਵੱਲੋਂ ਬੱਚਿਆਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਬਹੁਤ ਮੁਬਾਰਕਬਾਦ ਦਿੰਦਿਆਂ ਹੋਇਆ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਬਲੱਗਣ ਦੇ ਸੱਭਿਆਚਾਰਕ ਮੇਲੇ ਸਮੇਂ ਗਾਇਕਾਂ ਨੇ ਕੀਤਾ ਸਰੋਤਿਆਂ ਦਾ ਮਨੋਰੰਜਨ

**ਚੇਤਨਪੁਰਾ (ਸੁਖਵੰਤ ਚੇਤਨਪੁਰੀ )**- 'ਆਪ' ਆਗੂ ਦਲਜੀਤ ਸਿੰਘ ਸੋਨੀ ਅਤੇ ਦਲੇਰ ਸਿੰਘ ਮਾਨ ਵੱਲੋਂ ਸਮੂਹ ਗ੍ਰਾਮ ਪੰਚਾਇਤ ਬਲੱਗਣ ਦੇ ਸਹਿਯੋਗ ਨਾਲ ਪਿੰਡ ਬਲੱਗਣ ਵਿਖੇ ਸੱਭਿਆਚਾਰਕ ਮੇਲਾ ਬੜੀ ਧੂਮਧਾਮ ਨਾਲ ਕਰਵਾਇਆ ਗਿਆ।ਮੇਲੇ ਦੌਰਾਨ ਵੱਖ-ਵੱਖ ਗਾਇਕਾਂ ਨੇ ਆਪਣੇ ਚਰਚਿਤ ਗੀਤਾਂ ਰਾਹੀਂ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ।ਸੱਭਿਆਚਾਰਕ ਮੇਲੇ ਦੀ ਸ਼ੁਰੂਆਤ ਦੋ ਗਾਣਾ ਜੋੜੀ ਰਾਜ ਅਟੱਲਗੜ੍ਹ ਬੀਬਾ ਨੀਲਮ ਵੱਲੋਂ ਕੀਤੀ ਗਈ।ਇਸ ਉਪਰੰਤ ਪੰਜਾਬ ਦੇ ਨਾਮਵਰ ਗਾਇਕ ਰੰਮੀ ਰੰਧਾਵਾ, ਪ੍ਰਿੰਸ ਰੰਧਾਵਾ, ਨਵਜੋਤ ਗਿੱਲ ਅਤੇ ਕੁਲਦੀਪ ਰੰਧਾਵਾ ਨੇ ਆਪਣੇ ਨਵੇਂ ਤੇ ਪੁਰਾਣੇ ਚਰਚਿਤ ਗੀਤ ਪੇਸ਼ ਕਰਕੇ ਮੇਲੇ ਨੂੰ ਸੰਗੀਤਮਈ ਰੰਗਤ ਦਿੱਤੀ।ਗਾਇਕਾਂ ਦੀਆਂ ਪੇਸ਼ਕਾਰੀਆਂ ਦਾ ਦਰਸ਼ਕਾਂ ਨੇ ਖ਼ੂਬ ਆਨੰਦ ਮਾਣਿਆ।ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਹਲਕਾ ਰਾਜਾਸਾਂਸੀ ਦੇ ਇੰਚਾਰਜ ਸੋਨੀਆ ਮਾਨ ਨੇ ਕਿਹਾ ਕਿ ਸੱਭਿਆਚਾਰਕ ਮੇਲੇ ਸਾਡੀ ਅਮੀਰ ਵਿਰਾਸਤ ਨੂੰ ਸੰਭਾਲਣ ਦੇ ਨਾਲ-ਨਾਲ ਭਾਈਚਾਰਕ ਸਾਂਝ ਨੂੰ ਵੀ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਅਜਿਹੇ ਮੇਲੇ ਕਰਵਾਉਣੇ ਚਾਹੀਦੇ ਹਨ, ਤਾਂ ਜੋ ਨੌਜਵਾਨ ਪੀੜ੍ਹੀ ਆਪਣੇ ਸੱਭਿਆਚਾਰ ਅਤੇ ਵਿਰਸੇ ਨਾਲ ਜੁੜੀ ਰਹੇ। ਇਸ ਮੌਕੇ ਡੀ.ਐੱਸ.ਪੀ. ਇੰਦਰਦੀਪ ਸਿੰਘ, ਡੀ.ਐੱਸ.ਪੀ. ਜਗਬੀਰ ਸਿੰਘ ਔਲਖ, ਡੀ.ਐੱਸ.ਪੀ. ਬਲਬੀਰ ਸਿੰਘ, ਐੱਸ. ਐਚ. ਓ. ਜਗਦੀਪ ਸਿੰਘ ਬਲੱਗਣ ਸੀ. ਆਈ. ਸਟਾਫ਼ ਅੰਮ੍ਰਿਤਸਰ, ਐੱਸ.ਐੱਚ.ਓ. ਰਮਦਾਸ ਨਰਿੰਦਰ ਸਿੰਘ, ਸਬ-ਇੰਸਪੈਕਟਰ ਭੁਪਿੰਦਰ ਸਿੰਘ, ਕੁਲਮੀਤ ਜਰਮਨ, ਬਚਿੱਤਰ ਸਿੰਘ, ਗੁਰਜੀਤ ਸਿੰਘ, ਨਿਸ਼ਾਨ ਸਿੰਘ, ਅੰਗਰੇਜ਼ ਸਿੰਘ ਬਲੱਗਣ, ਸਰਪੰਚ ਸੁਖਵਿੰਦਰ ਸਿੰਘ, ਜਸਕਰਨ ਸਿੰਘ ਸੰਧੂ, ਰਾਜਬੀਰ ਸਿੰਘ ਤੋਲਾ ਨੰਗਲ, ਸਰਪੰਚ ਪਰਜੀਤ ਸਿੰਘ ਬੋਪਾਰਾਏ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।



# ਪੰਜਾਬ ਸਰਕਾਰ 15 ਤੋਂ ਝੋਨੇ ਦੀ ਖਰੀਦ ਸ਼ੁਰੂ ਕਰੇ : ਮੀਆਂਵਿੰਡ, ਭਲੋਜਲਾ




**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਜੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਧਾਨ ਜਗਜੀਤ ਸਿੰਘ ਭਲੋਜਲਾ, ਸਕੱਤਰ ਸੁਖਚੈਨ ਸਿੰਘ ਵੈਰੋਵਾਲ ਦਾਰਾਪੁਰ, ਸਤਨਾਮ ਸਿੰਘ ਖੋਜਕੀਪੁਰ ਹਰਜਿੰਦਰ ਸਿੰਘ ਘੱਗੇ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਮੀਤ ਪ੍ਰਧਾਨ ਦਿਆਲ ਸਿੰਘ ਮੀਆਂ ਵਿੰਡ ਨੇ ਇਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਬਲਾਕ ਖਡੂਰ ਸਾਹਿਬ ਦੇ ਆਸ ਪਾਸ ਦੇ ਜੋ ਪਿੰਡ ਹਨ ਉਨ੍ਹਾਂ ਵਿੱਚ ਅਗੇਤਾ ਲੱਗਾ ਹੋਇਆ ਝੋਨਾ ਜੋ ਕਿ ਪੱਕ ਚੁਕਾ ਹੈ ਜਿਸ ਦੀ ਵਢਾਈ ਚਾਲੂ ਹੋ ਚੁੱਕੀ ਹੈ ਜੋ ਕਿ ਮੰਡੀਆਂ ਵਿੱਚ ਜਾ ਰਿਹਾ ਹੈ ਜਿਸਦੀ ਪ੍ਰਾਈਵੇਟ ਏਜੰਸੀਆਂ ਵੱਲੋਂ ਸਮਰਥਨ ਮੁੱਲ ਤੋ ਘੱਟ ਦੀ ਖਰੀਦ ਕਰਕੇ ਕਿਸਾਨਾਂ ਦੀ ਅੰਨੀ ਲੁੱਟ ਕੀਤੀ ਜਾ ਰਹੀ ਹੈ ਉਨ੍ਹਾਂ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਕਿਸਾਨਾਂ ਦੀ ਹੁੰਦੀ ਲੁੱਟ ਨੂੰ ਰੋਕਣ ਲਈ 15 ਸਤੰਬਰ ਤੋਂ ਸਰਕਾਰੀ ਖਰੀਦ ਸ਼ੁਰੂ ਕੀਤੀ ਜਾਵੇ ਉਨ੍ਹਾਂ ਕਿਹਾ ਕਿ ਇਹ ਸਾਰਾ ਇਲਾਕਾ ਜੋ ਸਬਜੀ ਦੀ ਬੈਲਟ ਮੰਨੀ ਜਾਂਦੀ ਹੈ ਕਿਉਂਕਿ ਝੋਨੇ ਦੀ ਕਟਾਈ ਤੋਂ ਤੁਰੰਤ ਬਾਅਦ ਮਟਰ, ਗੋਭੀ, ਫਲੀਆਂ ਦੀ ਬਿਜਾਈ ਬੜੀ ਵੱਡੇ ਪੱਧਰ ਤੇ ਹੁੰਦੀ ਹੈ ਇਸ ਲਈ ਟਿਊਬਵੈਲਾਂ ਲਈ ਬਿਜਲੀ ਦਾ ਵੀ ਬਹੁਤ ਬੁਰਾ ਹਾਲ ਹੈ 8 ਘੰਟੇ ਬਿਜਲੀ ਦੀ ਸਪਲਾਈ ਨਾ ਦੇ ਬਰਾਬਰ ਹੈ ਦਿਨ ਵਿੱਚ ਬਹੁਤ ਵੱਡੇ ਵੱਡੇ ਕੱਟ ਲਗਾਏ ਜਾਂਦੇ ਹਨ ਸਿਰਫ 8 ਘੰਟੇ ਦੀ ਬਜਾਏ ਸਿਰਫ਼ 2-3 ਘੰਟੇ ਹੀ ਤੇ ਹੀ ਸਿਮਟ ਕੇ ਰਹਿ ਗਈ ਹੈ ਜਿਸ ਨਾਲ ਕਿਸਾਨਾਂ ਵੱਲੋਂ ਬੀਜੀ ਪਛੇਤੀ ਝੋਨੇ ਦੀ ਫ਼ਸਲ ਨੂੰ ਪਾਣੀ ਨਾ ਮਿਲਣ ਕਰਕੇ ਬਹੁਤ ਨੁਕਸਾਨ ਹੋ ਰਿਹਾ ਹੈ ਇਸ ਲਈ ਪਾਵਰਕੌਮ ਦੇ ਉਚ ਅਧਿਕਾਰੀਆਂ ਤੋ ਵੀ ਕਿਸਾਨ ਆਗੂਆਂ ਨੇ ਮੰਗ ਕਰਦੇ ਹੋਏ ਕਿਹਾ ਕਿ 8 ਘੰਟੇ ਬਿਜਲੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਬਿਜਲੀ ਦੀ ਸਪਲਾਈ ਨੂੰ ਦਿਨ ਵੇਲੇ ਕੀਤਾ ਜਾਵੇ ਇਸ ਮੌਕੇ ਪ੍ਰਮਜੀਤ ਸਿੰਘ ਬਾਠ, ਸਾਹਿਬ ਸਿੰਘ ਨਰੋਤਮਪੁਰ, ਬਲਜਿੰਦਰ ਸਿੰਘ ਆਲਮਪੁਰ, ਲਵਜੀਤ ਸਿੰਘ ਖੋਜਕੀਪੁਰ, ਹਰਵਿੰਦਰ ਸਿੰਘ ਭਲੋਜਲਾ, ਜਸਵਿੰਦਰ ਸਿੰਘ ਖੋਜਕੀਪੁਰ, ਤਜਿੰਦਰ ਸਿੰਘ ਬਹਾਦਰਪੁਰ, ਅਵਤਾਰ ਸਿੰਘ ਭਲੋਜਲਾ, ਹਰਜਿੰਦਰ ਸਿੰਘ ਜਲਾਲਾਬਾਦ, ਧਰਮਿੰਦਰ ਸਿੰਘ ਆਲਮਪੁਰ, ਵਿਰਸਾ ਸਿੰਘ ਜਲਾਲਾਬਾਦ, ਬਿਕਰਮਜੀਤ ਸਿੰਘ ਮੀਆਂ ਵਿੰਡ, ਰੂਪ ਸਿੰਘ ਵੈਰੋਵਾਲ ਬਾਵਿਆਂ, ਸੁਖਚੈਨ ਸਿੰਘ ਨਰੋਤਮਪੁਰ, ਹਰਜੀਤ ਸਿੰਘ ਹੋਠੀਆਂ, ਰਾਜਿੰਦਰ ਸਿੰਘ ਫਾਜਲਪੁਰ ਤੋਂ ਇਲਾਵਾ ਵੱਖ ਵੱਖ ਪਿੰਡਾਂ ਤੋ ਕਿਸਾਨ ਆਗੂ ਹਾਜ਼ਰ ਸਨ।

# ਹੈਰੋਇਨ ਸਮੇਤ ਨੌਜਵਾਨ ਕਾਬੂ

**ਧਾਰੀਵਾਲ (ਮਨਦੀਪ ਵਿੱਕੀ)**- ਥਾਣਾ ਧਾਰੀਵਾਲ ਦੀ ਪੁਲਸ ਨੇ ਇੱਕ ਨੌਜਵਾਨ ਨੂੰ 7 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਕੇ ਉਸ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।ਇਸ ਸਬੰਧੀ ਥਾਣਾ ਧਾਰੀਵਾਲ ਦੇ ਐਸ ਐਚ ਓ ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਏ ਐਸ ਆਈ ਰਣਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਗਸਤ ਦੌਰਾਨ ਅੰਡਰ ਬਰਿਜ ਰਣੀਆ ਤੋਂ ਸ਼ੱਕ ਦੇ ਅਧਾਰ ਤੇ ਇੱਕ ਨੌਜਵਾਨ ਨੂੰ ਕਾਬੂ ਕਰਕੇ ਤਲਾਸੀ ਲਈ ਤਾਂ ਉਸ ਕੋਲੋਂ ਮਿਲੇ ਮੋਮੀ ਲਫਾਫੇ ਵਿੱਚੋਂ 7 ਗ੍ਰਾਮ ਹੈਰੋਇੰਨ ਬ੍ਰਾਮਦ ਹੋਈ ਹੈ।ਮੁਲਜ਼ਮ ਦੀ ਕੁਲਦੀਪ ਮਸੀਹ ਉਰਫ ਗਬਲੀ ਪੁੱਤਰ ਸੁਰਜੀਤ ਮਸੀਹ ਵਾਸੀ ਆਲੋਵਾਲ ਵਜੋਂ ਹੋਈ। ਪੁਲੀਸ ਨੇ ਕੁਲਦੀਪ ਮਸੀਹ ਨੂੰ 7 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

# ਮਾਤਾ ਸੁਲੱਖਣੀ ਦੇ ਵਿਆਹ ਪੁਰਬ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਤਾਦਾਦ ਵਿਚ ਸੰਗਤਾਂ ਗੁਰਦੁਆਰਾ ਕੰਧ ਸਾਹਿਬ ਬਟਾਲਾ ਵਿਖੇ ਨਤਮਸਤਕ ਹੋਣ ਲਈ ਪੁੱਜਦੀਆਂ ਹਨ।ਇਸ ਦੌਰਾਨ ਆਸ ਪਾਸ ਦੇ ਪਿੰਡਾਂ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਇਸ ਤੋਂ ਇਲਾਵਾ ਵੱਖ ਵੱਖ ਪਕਵਾਨਾਂ ਦੇ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ।ਇਸ ਸੰਬੰਧੀ ਅਮਰੀਕਾ ਵਿਚ ਰਹਿ ਰਹੇ ਪੰਥ ਪ੍ਰਸਿੱਧ ਕੀਰਤਨੀਏ ਭਾਈ ਸਤਿੰਦਰਬੀਰ ਸਿੰਘ ਜੀ ਨੇ ਮੀਡੀਆ ਨਾਲ ਗੱਲਬਾਤ ਕਰਦਿਆ ਕਿਹਾ ਕੇ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਤੇ ਮਾਤਾ ਸੁਲੱਖਣੀ ਜੀ ਦੇ ਪਵਿੱਤਰ ਵਿਆਹ ਪੁਰਬ ਮੌਕੇ ਬਟਾਲਾ ਸ਼ਹਿਰ ਵਿਚ ਇਕ ਅਲੌਕਿਕ ਨਜ਼ਾਰਾ ਵੇਖਣ ਨੂੰ ਮਿਲਦਾ ਹੈ।ਇਸ ਵਿਆਹ ਪੁਰਬ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਤਦਾਦ ਵਿੱਚ ਪਹੁੰਚਦੀਆਂ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਵੇਖਕੇ ਇੰਝ ਲੱਗਦਾ ਜਿਵੇਂ ਸਾਰੇ ਪੰਜਾਬ ਤੇ ਦੁਨੀਆਂ ਭਰ ਦੀ ਸੰਗਤ ਬਾਬਾ ਨਾਨਕ ਜੀ ਦੇ ਵਿਆਹ ਪੁਰਬ ਵਿਚ ਸ਼ਾਮਲ ਹੋਣ ਬਟਾਲਾ ਸ਼ਹਿਰ ਆ ਗਈ ਹੋਵੇ।ਇਸ ਮੌਕੇ ਸੜਕੀ ਆਵਾਜਾਈ ਅਤੇ ਮੈਡੀਕਲ ਸਹੂਲਤਾਂ ਦਾ ਖਾਸ ਖਿਆਲ ਰੱਖਿਆ ਜਾਵੇ ਤਾਂ ਜੋ ਬਾਹਰਲੇ ਇਲਾਕਿਆਂ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਪੁਲਸ ਪ੍ਰਸ਼ਾਸਨ ਨੂੰ ਬੇਨਤੀ ਕਰਦਿਆ ਕਿਹਾ ਕਿ ਇਸ ਪਵਿੱਤਰ ਪੁਰਬ ਮੌਕੇ ਕੁਝ ਸਮਾਜ ਵਿਰੋਧੀ ਅਨਸਰ ਆਪਣੀਆਂ ਮਾੜੀਆਂ ਹਰਕਤਾਂ ਨਾਲ ਮਾਹੌਲ ਵਿਗਾੜਨ ਦੀ ਕੋਸ਼ਿਸ਼ ਕਰਦੇ ਹਨ ਉਹਨਾਂ ਨਾਲ ਪੂਰੀ ਸਖਤੀ ਨਾਲ ਨਜਿੱਠਿਆ ਜਾਵੇ।

# ਵਿਦਿਆਰਥੀ ਪੁੱਛਦਾ ਹੈ...

*ਜੁਲਾਈ ਵਿੱਚ ਦਿੱਲੀ ਦੇ ਜੰਤਰ-ਮੰਤਰ 'ਤੇ ਪ੍ਰੋਟੈੱਸਟ ਚੱਲ ਰਿਹਾ ਸੀ, ਤਾਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਵਿਦਿਆਰਥੀ ਏਕਤਾ ਦਿਖਾਉਣ ਲਈ ਪਹੁੰਚ ਰਹੇ ਸਨ। ਉਦੋਂ ਉਨ੍ਹਾਂ ਕਿਹਾ ਸੀ ਕਿ ਇਹ ਕਿਸੇ ਇੱਕ ਵਿਅਕਤੀ, ਸੰਗਠਨ ਜਾਂ ਨੇਤਾ ਦੀ ਲੜਾਈ ਨਹੀਂ, ਸਗੋਂ ਦੇਸ਼-ਭਰ ਦੇ ਲੱਖਾਂ ਵਿਦਿਆਰਥੀਆਂ ਦੇ ਭਵਿੱਖ ਦੀ ਲੜਾਈ ਹੈ। ਲੋਕਤੰਤਰ ਵਿੱਚ ਸਰਕਾਰ ਤੋਂ ਜਵਾਬ ਮੰਗਣਾ ਹਰ ਨਾਗਰਿਕ ਦਾ ਅਧਿਕਾਰ ਹੈ, ਇੱਕ ਅਜਿਹਾ ਅਧਿਕਾਰ, ਜਿਸ ਨੂੰ ਕੋਈ ਨਹੀਂ ਖੋਹ ਸਕਦਾ। ਪਿਛਲੇ ਦੋ ਮਹੀਨਿਆਂ ਵਿੱਚ ਦੇਸ਼-ਭਰ ਦੀਆਂ ਕਈ ਯੂਨੀਵਰਸਿਟੀਆਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਇਸ ਅਧਿਕਾਰ ਦੀ ਵਰਤੋਂ ਕੀਤੀ ਹੈ ਅਤੇ ਵੱਖ-ਵੱਖ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕੀਤੀ ਹੈ।*

*ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਜਾਮੀਆ ਮਿਲੀਆ ਇਸਲਾਮੀਆ ਅਤੇ ਦਿੱਲੀ ਯੂਨੀਵਰਸਿਟੀ ਵਰਗੇ ਕੈਂਪਸਾਂ ਵਿੱਚ ਵਿਦਿਆਰਥੀ ਸਿਆਸਤ ਅਤੇ ਪ੍ਰੋਟੈੱਸਟ ਨਵੇਂ ਨਹੀਂ ਹਨ, ਪਰ ਪਿਛਲੇ ਦੋ ਮਹੀਨਿਆਂ ਵਿੱਚ ਉਨ੍ਹਾਂ ਕੈਂਪਸਾਂ ਵਿੱਚ ਵੀ ਵਿਦਿਆਰਥੀਆਂ ਦੀਆਂ ਆਵਾਜ਼ਾਂ ਉੱਠੀਆਂ ਹਨ, ਜਿੱਥੇ ਅਜਿਹੇ ਪ੍ਰੋਟੈੱਸਟ ਜਾਂ ਅੰਦੋਲਨ ਮੁਕਾਬਲਤਨ ਘੱਟ ਹੁੰਦੇ ਹਨ। ਇਸ ਸਮੇਂ ਦੌਰਾਨ ਆਈ ਆਈ ਟੀ ਦਿੱਲੀ, ਇੰਡੀਅਨ ਇੰਸਟੀਚਿਊਟ ਆਫ ਸਾਇੰਸ ਐਜੂਕੇਸ਼ਨ ਐਂਡ ਰਿਸਰਚ (ਪੁਣੇ), ਐੱਨ ਐੱਲ ਐੱਸ ਏ ਆਰ ਹੈਦਰਾਬਾਦ, ਐੱਨ ਐੱਲ ਐੱਸ ਆਈ ਯੂ ਬੇਂਗਲੂਰੂ ਅਤੇ ਮਹਾਤਮਾ ਗਾਂਧੀ ਇੰਟਰਨੈਸ਼ਨਲ ਹਿੰਦੀ ਯੂਨੀਵਰਸਿਟੀ (ਵਰਧਾ) ਵਰਗੇ ਅਦਾਰਿਆਂ ਦੇ ਵਿਦਿਆਰਥੀਆਂ ਨੇ ਵੀ ਵੱਖ-ਵੱਖ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕੀਤੀ ਹੈ। ਇਹ ਵੀ ਦਿਲਚਸਪ ਹੈ ਕਿ ਬਹੁਤ ਸਾਰੇ ਮਾਮਲਿਆਂ ਵਿੱਚ ਵਿਦਿਆਰਥੀ ਨਾ ਸਿਰਫ ਆਪਣੀ ਸੰਸਥਾ ਦੇ ਕੁਝ ਪ੍ਰਸ਼ਾਸਕੀ ਫੈਸਲਿਆਂ 'ਤੇ ਸਵਾਲ ਉਠਾ ਰਹੇ ਹਨ, ਸਗੋਂ ਯੂਨੀਵਰਸਿਟੀ ਦੀ ਖੁਦਮੁਖਤਿਆਰੀ, ਪ੍ਰਗਟਾਵੇ ਦੀ ਆਜ਼ਾਦੀ, ਜਵਾਬਦੇਹੀ ਅਤੇ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਵਿਦਿਆਰਥੀਆਂ ਦੀ ਭੂਮਿਕਾ ਵਰਗੇ ਸਵਾਲ ਵੀ ਉਠਾ ਰਹੇ ਹਨ।*

*ਮਹਾਤਮਾ ਗਾਂਧੀ ਅੰਤਰਰਾਸ਼ਟਰੀ ਹਿੰਦੀ ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਦਾ ਵਿਰੋਧ ਪ੍ਰਦਰਸ਼ਨ 8 ਜੁਲਾਈ ਤੋਂ ਜਾਰੀ ਹੈ। ਉਨ੍ਹਾਂ ਦੀਆਂ ਮੰਗਾਂ ਵਿੱਚ 2022-23 ਸੈਸ਼ਨ ਲਈ ਪੈਂਡਿੰਗ ਪੀ ਐੱਚ ਡੀ ਦਾਖਲਾ ਪ੍ਰਕਿਰਿਆ ਨੂੰ ਪੂਰਾ ਕਰਨਾ, ਮੁੱਖ ਕੈਂਪਸ ਵਿੱਚ ਮਹਿਲਾ ਅਧਿਐਨ ਅਤੇ ਫਿਲਮ ਅਧਿਐਨ ਵਿਭਾਗਾਂ ਨੂੰ ਦੁਬਾਰਾ ਖੋਲ੍ਹਣਾ, ਲਾਇਬ੍ਰੇਰੀ ਨੂੰ 24 ਘੰਟੇ ਖੁੱਲ੍ਹਾ ਰੱਖਣਾ ਅਤੇ ਭੋਜਨ, ਪਾਣੀ, ਦਵਾਈ ਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਸ਼ਾਮਲ ਹੈ। ਲਖਨਊ ਯੂਨੀਵਰਸਿਟੀ ਦੇ ਵਿਦਿਆਰਥੀ ਹੋਸਟਲ ਫੀਸਾਂ ਵਿੱਚ ਵਾਧੇ ਦਾ ਵਿਰੋਧ ਕਰ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਸਾਰੇ 18 ਹੋਸਟਲਾਂ ਦੀਆਂ ਫੀਸਾਂ ਵਧਾ ਦਿੱਤੀਆਂ ਗਈਆਂ ਹਨ ਅਤੇ ਰਣਵੀਰ ਸਿੰਘ ਬਿਸ਼ਟ ਹੋਸਟਲ ਦੀ ਸਾਲਾਨਾ ਫੀਸ ਲੱਗਭੱਗ ਚਾਰ ਗੁਣਾ ਵਧਾ ਦਿੱਤੀ ਗਈ ਹੈ। ਫੀਸ ਵਾਧੇ ਦਾ ਫੈਸਲਾ ਲੈਣ ਤੋਂ ਪਹਿਲਾਂ ਉਨ੍ਹਾਂ ਨਾਲ ਸਲਾਹ-ਮਸ਼ਵਰਾ ਨਹੀਂ ਕੀਤਾ ਗਿਆ। ਉਨ੍ਹਾਂ ਫੀਸ ਨਾਲ ਸੰਬੰਧਤ ਮਾਮਲਿਆਂ ਨੂੰ ਨਿਯਮਤ ਕਰਨ ਲਈ ਵਿਦਿਆਰਥੀ ਪ੍ਰਤੀਨਿਧੀਆਂ ਦੀ ਇੱਕ ਕਮੇਟੀ ਦੇ ਗਠਨ ਦੀ ਵੀ ਮੰਗ ਕੀਤੀ ਹੈ। ਕਰਨਾਟਕ ਦੀ ਦਯਾਨੰਦ ਸਾਗਰ ਯੂਨੀਵਰਸਿਟੀ ਦੇ ਹਰਹੱਲੀ ਕੈਂਪਸ ਵਿੱਚ ਸਥਿਤ ਐੱਸ-ਰੈਜ਼ੀਡੈਂਸ ਹੋਸਟਲ ਦੇ ਸੈਂਕੜੇ ਵਿਦਿਆਰਥੀਆਂ ਨੇ 2 ਸਤੰਬਰ ਦੀ ਰਾਤ ਨੂੰ ਬੁਨਿਆਦੀ ਸਹੂਲਤਾਂ ਦੀ ਘਾਟ ਨੂੰ ਲੈ ਕੇ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਹੋਸਟਲ ਵਾਰਡਨ ਵਿਰੁੱਧ ਪ੍ਰਦਰਸ਼ਨ ਕੀਤਾ। ਅਗਸਤ ਦੇ ਆਖਰੀ ਹਫਤੇ, ਪੱਛਮੀ ਬੰਗਾਲ ਦੀ ਜਾਧਵਪੁਰ ਯੂਨੀਵਰਸਿਟੀ ਵਿੱਚ ਕੰਧਾਂ 'ਤੇ ਲਿਖੇ ਨਾਅਰਿਆਂ ਨੂੰ ਲੈ ਕੇ ਇੱਕ ਵਿਵਾਦ ਸਿਆਸੀ ਟਕਰਾਅ ਵਿੱਚ ਬਦਲ ਗਿਆ। 29 ਅਗਸਤ ਨੂੰ, ਯੂਨੀਵਰਸਿਟੀ ਪ੍ਰਸ਼ਾਸਨ ਦੇ ਨਿਰਦੇਸ਼ਾਂ 'ਤੇ, ਕੈਂਪਸ ਦੀਆਂ ਕੰਧਾਂ 'ਤੇ ਸਾਲਾਂ ਤੋਂ ਪੇਂਟ ਕੀਤੀ ਗਈ ਗ੍ਰੈਫਿਟੀ ਨੂੰ ਚੂਨੇ ਨਾਲ ਮਿਟਾ ਦਿੱਤਾ ਗਿਆ। ਇਨ੍ਹਾਂ ਵਿੱਚ ਫਲਸਤੀਨ, ਮਨੂੰਵਾਦ, ਰਬਿੰਦਰਨਾਥ ਟੈਗੋਰ, ਪੰਡਿਤ ਰਘੂਨਾਥ ਮੁਰਮੂ, ਚੇ ਗਵੇਰਾ ਅਤੇ ਹੋਰ ਸਿਆਸੀ ਅਤੇ ਸਮਾਜਿਕ ਮੁੱਦਿਆਂ ਨਾਲ ਸੰਬੰਧਤ ਲਿਖਤਾਂ ਸ਼ਾਮਲ ਸਨ। ਅਗਲੇ ਦਿਨ ਵਿਦਿਆਰਥੀਆਂ ਨੇ ਕਾਰਲ ਮਾਰਕਸ ਅਤੇ ਹੋ ਚੀ ਮਿਨ੍ਹ ਦੇ ਨਾਂਅ ਜੋੜਦੇ ਹੋਏ, ਉਨ੍ਹਾਂ ਹੀ ਕੰਧਾਂ 'ਤੇ ਲਿਖਣਾ ਦੁਬਾਰਾ ਸ਼ੁਰੂ ਕਰ ਦਿੱਤਾ। ਇਹ ਕਾਰਵਾਈ ਪੱਛਮੀ ਬੰਗਾਲ ਦੇ ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਵੱਲੋਂ ਯੂਨੀਵਰਸਿਟੀ ਬਾਰੇ ਦਿੱਤੇ ਗਏ ਬਿਆਨਾਂ ਤੋਂ ਬਾਅਦ ਕੀਤੀ ਗਈ। ਅਧਿਕਾਰੀ ਨੇ ਯੂਨੀਵਰਸਿਟੀ ਵਿੱਚ 'ਕਿਸ਼ਨਜੀ ਨੂੰ ਲਾਲ ਸਲਾਮ' ਅਤੇ 'ਕਸ਼ਮੀਰ ਆਜ਼ਾਦੀ ਚਾਹੁੰਦਾ ਹੈ' ਵਰਗੇ ਨਾਅਰਿਆਂ 'ਤੇ ਇਤਰਾਜ਼ ਜਤਾਇਆ ਅਤੇ ਯੂਨੀਵਰਸਿਟੀ ਵਿੱਚ 'ਬੇਸਮਝ ਨਕਸਲੀਆਂ' ਦੇ ਸਰਗਰਮ ਹੋਣ ਦਾ ਦੋਸ਼ ਲਗਾਇਆ। ਉਨ੍ਹਾ ਕਿਹਾ, 'ਜਾਂ ਤਾਂ ਉਹ ਰਹਿਣਗੇ ਜਾਂ ਅਸੀਂ ਰਹਾਂਗੇ।' ਯੂਨੀਵਰਸਿਟੀ ਪ੍ਰਸ਼ਾਸਨ ਨੇ ਬਾਅਦ ਵਿੱਚ ਗ੍ਰੈਫਿਟੀ ਹਟਾ ਦਿੱਤੀ, ਪਰ ਵਿਦਿਆਰਥੀਆਂ ਨੇ ਦੁਬਾਰਾ ਪ੍ਰਗਟ ਹੋ ਕੇ ਵਿਰੋਧ ਕੀਤਾ। ਵਿਦਿਆਰਥੀਆਂ ਨੇ ਦੋਸ਼ ਲਗਾਇਆ ਕਿ ਖੱਬੇ-ਪੱਖੀ ਵਿਦਿਆਰਥੀ ਸੰਗਠਨਾਂ ਨਾਲ ਜੁੜੇ ਚਿੱਤਰ ਅਤੇ ਪੋਸਟਰ ਹਟਾ ਦਿੱਤੇ ਗਏ ਹਨ, ਜਦੋਂ ਕਿ ਆਰ ਐੱਸ ਐੱਸ ਦੀ ਵਿਦਿਆਰਥੀ ਜਥੇਬੰਦੀ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਨਾਲ ਜੁੜੀ ਪ੍ਰਚਾਰ ਸਮੱਗਰੀ ਕਈ ਥਾਵਾਂ 'ਤੇ ਨਹੀਂ ਹਟਾਈ ਗਈ। ਵਿਦਿਆਰਥੀਆਂ ਨੇ 2020 ਤੋਂ ਲਟਕ ਰਹੀਆਂ ਵਿਦਿਆਰਥੀ ਯੂਨੀਅਨ ਚੋਣਾਂ ਕਰਵਾਉਣ ਦੀ ਮੰਗ ਨੂੰ ਆਪਣੇ ਅੰਦੋਲਨ ਦਾ ਇੱਕ ਮੁੱਖ ਮੁੱਦਾ ਬਣਾ ਲਿਆ ਹੈ। ਉਨ੍ਹਾਂ ਦਲੀਲ ਦਿੱਤੀ ਹੈ ਕਿ ਯੂਨੀਵਰਸਿਟੀ ਵਿੱਚ ਸਿਆਸੀ ਸਰਗਰਮੀਆਂ ਨੂੰ ਪ੍ਰਸ਼ਾਸਨਿਕ ਕਾਰਵਾਈ ਜਾਂ ਬਾਹਰੀ ਸਿਆਸੀ ਲਾਮਬੰਦੀ ਰਾਹੀਂ ਨਹੀਂ, ਸਗੋਂ ਲੋਕਤੰਤਰੀ ਚੋਣਾਂ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ। ਹੈਦਰਾਬਾਦ ਸਥਿਤ ਨੈਸ਼ਨਲ ਅਕੈਡਮੀ ਆਫ ਲੀਗਲ ਸਟੱਡੀਜ਼ ਐਂਡ ਰਿਸਰਚ (ਨਾਲਸਰ) ਵਿੱਚ ਵੱਡਾ ਵਿਵਾਦ ਖੜ੍ਹਾ ਹੋਇਆ, ਜਦੋਂ ਜੁਲਾਈ ਦੇ ਅਖੀਰ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਭਾਰਤ ਦੇ ਚੀਫ ਜਸਟਿਸ ਸੂਰੀਆ ਕਾਂਤ ਨੂੰ ਕਨਵੋਕੇਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸੱਦਣ 'ਤੇ ਇਤਰਾਜ਼ ਜਤਾਇਆ। ਵਿਦਿਆਰਥੀਆਂ ਨੇ ਕਿਹਾ ਕਿ ਉਹ ਕਿਸੇ ਅਜਿਹੇ ਵਿਅਕਤੀ ਤੋਂ ਡਿਗਰੀ ਸਵੀਕਾਰ ਕਰਨ ਵਿੱਚ ਅਸਹਿਜ ਹੋਣਗੇ, ਜਿਸ ਦੀ ਹਾਲੀਆ ਜਨਤਕ ਭੂਮਿਕਾ ਉਸ ਨੂੰ ਯੂਨੀਵਰਸਿਟੀ ਵਿੱਚ ਸਿਖਾਈਆਂ ਗਈਆਂ ਸੰਵਿਧਾਨਕ ਕਦਰਾਂ-ਕੀਮਤਾਂ ਨਾਲ ਮੇਲ ਨਹੀਂ ਖਾਂਦੀ। ਚੀਫ ਜਸਟਿਸ ਨਹੀਂ ਪੁੱਜੇ।*

*ਮੁੱਦੇ ਵੱਖਰੇ ਹਨ, ਸੰਸਥਾਵਾਂ ਵੱਖਰੀਆਂ ਹਨ ਅਤੇ ਪ੍ਰੋਟੈੱਸਟ ਦੀ ਪ੍ਰਕਿਰਤੀ ਵੀ ਵੱਖਰੀ ਹੈ। ਫਿਰ ਵੀ, ਇਨ੍ਹਾਂ ਘਟਨਾਵਾਂ ਵਿੱਚ ਇੱਕ ਸਾਂਝਾ ਧਾਗਾ ਇਹ ਹੈ ਕਿ ਵਿਦਿਆਰਥੀ ਪ੍ਰਸ਼ਾਸਨ ਦੇ ਫੈਸਲਿਆਂ ਨੂੰ ਅੰਤਮ ਮੰਨਣ ਅਤੇ ਚੁੱਪ ਰਹਿਣ ਦੀ ਬਜਾਏ, ਪ੍ਰਕਿਰਿਆ ਅਤੇ ਜਵਾਬਦੇਹੀ 'ਤੇ ਸਵਾਲ ਉਠਾ ਰਹੇ ਹਨ। ਉਹ ਸਵਾਲ ਕਰ ਰਹੇ ਹਨ ਕਿ ਇੱਕ ਯੂਨੀਵਰਸਿਟੀ ਕਿਸ ਆਧਾਰ 'ਤੇ ਇੱਕ ਜਨਤਕ ਅਹੁਦੇ 'ਤੇ ਬੈਠੇ ਵਿਅਕਤੀ ਨੂੰ ਸੱਦਾ ਦਿੰਦੀ ਹੈ। ਕੁਝ ਵਿਦਿਆਰਥੀਆਂ ਦੀ ਮੌਤ ਤੋਂ ਬਾਅਦ ਸੰਸਥਾ ਦੀ ਜ਼ਿੰਮੇਵਾਰੀ 'ਤੇ ਸਵਾਲ ਉਠਾ ਰਹੇ ਹਨ। ਦਾਖਲਾ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਬੁਨਿਆਦੀ ਸਹੂਲਤਾਂ ਦੀ ਮੰਗ ਨੂੰ ਲੈ ਕੇ ਕਿਤੇ ਪ੍ਰੋਟੈੱਸਟ ਕੀਤੇ ਜਾ ਰਹੇ ਹਨ। ਇਹ ਹਾਲੀਆ ਪ੍ਰੋਟੈੱਸਟ ਸਿਰਫ ਕੈਂਪਸਾਂ ਦੇ ਅੰਦਰ ਹੀ ਵੱਖਰੇ-ਵੱਖਰੇ ਵਿਵਾਦ ਕਾਰਨ ਨਹੀਂ ਹਨ। ਇਹ ਉੱਚ ਸਿੱਖਿਆ ਸੰਸਥਾਵਾਂ ਵਿੱਚ ਵਿਦਿਆਰਥੀਆਂ ਅਤੇ ਪ੍ਰਸ਼ਾਸਨ ਵਿਚਕਾਰ ਬਦਲਦੇ ਸੰਬੰਧਾਂ ਵੱਲ ਵੀ ਇਸ਼ਾਰਾ ਕਰਦੇ ਹਨ। ਹਾਲਾਂਕਿ ਇਹ ਕਹਿਣਾ ਸਮੇਂ ਤੋਂ ਪਹਿਲਾਂ ਹੋਵੇਗਾ ਕਿ ਦੇਸ਼-ਭਰ ਵਿੱਚ ਇੱਕ ਸੁਮੇਲ ਵਿਦਿਆਰਥੀ ਅੰਦੋਲਨ ਉਭਰਿਆ ਹੈ, ਪਰ ਇੱਕ ਗੱਲ ਸਪੱਸ਼ਟ ਹੈ : ਦੇਸ਼ ਦੇ ਕੁਝ ਸਭ ਤੋਂ ਵੱਕਾਰੀ ਕੈਂਪਸਾਂ ਵਿੱਚ, ਵਿਦਿਆਰਥੀ ਹੁਣ ਸਿਰਫ ਅਕਾਦਮਿਕ ਅਤੇ ਡਿਗਰੀਆਂ ਤੱਕ ਸੀਮਤ ਸਵਾਲ ਨਹੀਂ ਪੁੱਛ ਰਹੇ। ਉਹ ਇਹ ਵੀ ਪੁੱਛ ਰਹੇ ਹਨ ਕਿ ਕੈਂਪਸ ਦੇ ਫੈਸਲੇ ਕਿਵੇਂ ਲਏ ਜਾਂਦੇ ਹਨ, ਉਨ੍ਹਾਂ ਪ੍ਰਤੀ ਕੌਣ ਜਵਾਬਦੇਹ ਹੈ ਅਤੇ ਅਸਹਿਮਤੀ ਲਈ ਕਿੰਨੀ ਜਗ੍ਹਾ ਹੈ?*

# ਜੀ ਡੀ ਪੀ ਦੇ ਅੰਕੜਿਆਂ ਨੂੰ ਜ਼ਮੀਨੀ ਹਕੀਕਤ ਨਾਲ ਦੇਖਣਾ ਜ਼ਰੂਰੀ

**ਮੂਲ : ਅਰੁਣ ਕੁਮਾਰ**
**ਅਨੁਵਾਦ : ਐੱਮ ਐੱਸ ਭਾਟੀਆ**

ਭਾਰਤੀ ਅਰਥ ਵਿਵਸਥਾ ਨਾਲ ਜੁੜੇ ਤਾਜ਼ਾ ਜੀ ਡੀ ਪੀ ਅੰਕੜੇ ਇੱਕ ਅਜਿਹੀ ਤਸਵੀਰ ਪੇਸ਼ ਕਰਦੇ ਹਨ, ਜੋ ਜ਼ਮੀਨੀ ਹਕੀਕਤ ਨਾਲ ਮੇਲ ਨਹੀਂ ਖਾਂਦੀ। ਸਰਕਾਰ ਦੇ ਅੰਕੜਿਆਂ ਅਨੁਸਾਰ ਵਿੱਤੀ ਸਾਲ 2026-27 ਦੀ ਪਹਿਲੀ ਤਿਮਾਹੀ (ਅਪ੍ਰੈਲ-ਜੂਨ 2026) ਵਿੱਚ ਭਾਰਤ ਦੀ ਜੀ ਡੀ ਪੀ ਵਿਕਾਸ ਦਰ 7.8 ਫ਼ੀਸਦੀ ਰਹੀ, ਜਦਕਿ ਪਿਛਲੇ ਸਾਲ ਦੀ ਇਸੇ ਤਿਮਾਹੀ ਵਿੱਚ ਇਹ 6.9 ਫ਼ੀਸਦੀ ਸੀ।

ਇਹ ਅੰਕੜੇ ਇਸ ਲਈ ਹੈਰਾਨ ਕਰਦੇ ਹਨ, ਕਿਉਂਕਿ ਇਸੇ ਤਿਮਾਹੀ ਦੇ ਸ਼ੁਰੂਆਤੀ ਮਹੀਨਿਆਂ ਵਿੱਚ ਪੱਛਮੀ ਏਸ਼ੀਆ ਦੇ ਸੰਕਟ ਕਾਰਨ ਕੱਚੇ ਤੇਲ ਅਤੇ ਗੈਸ ਦੀ ਸਪਲਾਈ ਪ੍ਰਭਾਵਤ ਹੋਈ। ਇਸ ਦਾ ਅਸਰ ਉਦਯੋਗ, ਖੇਤੀਬਾੜੀ, ਆਵਾਜਾਈ ਅਤੇ ਆਮ ਖਪਤਕਾਰਾਂ 'ਤੇ ਪੈਣਾ ਸੁਭਾਵਿਕ ਸੀ। ਇਸ ਦੇ ਬਾਵਜੂਦ ਜੀ ਡੀ ਪੀ ਵਿੱਚ ਤੇਜ਼ ਵਾਧਾ ਦਰਸਾਇਆ ਗਿਆ ਹੈ।

ਪ੍ਰਧਾਨ ਮੰਤਰੀ ਨੇ ਵੀ ਇਨ੍ਹਾਂ ਅੰਕੜਿਆਂ ਨੂੰ ਸਰਕਾਰ ਦੀ ਆਰਥਿਕ ਨੀਤੀ ਦੀ ਸਫ਼ਲਤਾ ਵਜੋਂ ਪੇਸ਼ ਕਰਦਿਆਂ ਕਿਹਾ ਕਿ ਨਿਰਾਸ਼ਾਵਾਦੀਆਂ ਦੀਆਂ ਭਵਿੱਖਬਾਣੀਆਂ ਗਲਤ ਸਾਬਤ ਹੋਈਆਂ ਅਤੇ ਭਾਰਤ ਮੁੜ ਤਰੱਕੀ ਦੇ ਰਾਹ 'ਤੇ ਹੈ, ਪਰ ਸਵਾਲ ਇਹ ਹੈ ਕਿ ਕੀ ਜੀ ਡੀ ਪੀ ਦੇ ਇਹ ਅੰਕੜੇ ਅਰਥ ਵਿਵਸਥਾ ਦੀ ਅਸਲ ਤਸਵੀਰ ਪੇਸ਼ ਕਰਦੇ ਹਨ?

**ਜ਼ਮੀਨੀ ਪੱਧਰ 'ਤੇ ਵੱਖਰੀ ਤਸਵੀਰ**

ਪੱਛਮੀ ਏਸ਼ੀਆ ਦੇ ਸੰਕਟ ਦੌਰਾਨ ਗੈਸ ਦੀ ਸਪਲਾਈ ਪ੍ਰਭਾਵਤ ਹੋਈ। ਕਈ ਉਦਯੋਗਾਂ ਨੂੰ ਗੈਸ ਦੀ ਕਮੀ ਦਾ ਸਾਹਮਣਾ ਕਰਨਾ ਪਿਆ। ਅਸੰਗਠਿਤ ਖੇਤਰ ਦੇ ਕਈ ਖਪਤਕਾਰਾਂ ਨੂੰ ਮਹਿੰਗੀ ਗੈਸ ਖਰੀਦਣੀ ਪਈ। ਇਸ ਨਾਲ ਮਜ਼ਦੂਰ ਪਰਵਾਰਾਂ ਦੇ ਘਰੇਲੂ ਬਜਟ 'ਤੇ ਵਾਧੂ ਬੋਝ ਪਿਆ। ਕਈ ਹੋਟਲ ਅਤੇ ਰੈਸਟੋਰੈਂਟ ਬੰਦ ਹੋਏ ਅਤੇ ਜਿਹੜੇ ਚਲਦੇ ਰਹੇ, ਉਨ੍ਹਾਂ ਵਿੱਚ ਖਾਣ-ਪੀਣ ਦੀਆਂ ਕੀਮਤਾਂ ਵਧੀਆਂ। ਖਾਦ, ਐਲੂਮੀਨੀਅਮ, ਹੀਲੀਅਮ ਅਤੇ ਰਸਾਇਣ ਵਰਗੀਆਂ ਕਈ ਵਸਤੂਆਂ ਦੀ ਸਪਲਾਈ ਵੀ ਪ੍ਰਭਾਵਤ ਹੋਈ। ਕਿਸਾਨਾਂ ਨੂੰ ਖਾਦ ਦੀ ਕਮੀ ਅਤੇ ਵੱਧ ਕੀਮਤਾਂ ਦੀ ਸ਼ਿਕਾਇਤ ਰਹੀ।ਡੀਜ਼ਲ ਦੀ ਮਹਿੰਗਾਈ ਨੇ ਖੇਤੀ ਦੀ ਲਾਗਤ ਹੋਰ ਵਧਾ ਦਿੱਤੀ।

ਇਸ ਤਰ੍ਹਾਂ ਸਪਲਾਈ ਚੇਨ ਵਿੱਚ ਵਿਘਨ, ਵਧੀਆਂ ਕੀਮਤਾਂ ਅਤੇ ਉਤਪਾਦਨ ਵਿੱਚ ਰੁਕਾਵਟਾਂ ਦਾ ਅਰਥ ਵਿਵਸਥਾ 'ਤੇ ਪ੍ਰਭਾਵ ਪੈਣਾ ਚਾਹੀਦਾ ਸੀ, ਪਰ ਸਰਕਾਰੀ ਜੀ ਡੀ ਪੀ ਅੰਕੜਿਆਂ ਵਿੱਚ ਇਸ ਦਾ ਪ੍ਰਭਾਵ ਬਹੁਤ ਘੱਟ ਦਿਖਾਈ ਦਿੰਦਾ ਹੈ।

**ਜੀ ਡੀ ਪੀ ਦੇ ਅੰਕੜੇ ਕੀ ਦੱਸਦੇ ਹਨ?**

ਅੰਕੜਿਆਂ ਅਨੁਸਾਰ ਸੇਵਾ ਖੇਤਰ ਵਿੱਚ 10 ਫੀਸਦੀ ਵਾਧਾ ਹੋਇਆ। ਇਸ 'ਚ ਹੋਟਲਾਂ, ਰੈਸਟੋਰੈਂਟਾਂ ਅਤੇ ਯਾਤਰਾ ਖੇਤਰ ਨੂੰ ਪਏ ਝਟਕੇ ਦਾ ਪ੍ਰਭਾਵ ਸਪੱਸ਼ਟ ਨਹੀਂ ਹੈ।

ਸੈਕੰਡਰੀ ਖੇਤਰ ਵਿੱਚ 8.6 ਫੀਸਦੀ ਵਾਧਾ ਦਰਜ ਕੀਤਾ ਗਿਆ। ਗੈਸ ਦੀ ਕਮੀ, ਸਪਲਾਈ ਚੇਨ ਵਿੱਚ ਵਿਘਨ ਅਤੇ ਮਜ਼ਦੂਰਾਂ ਨਾਲ ਜੁੜੀਆਂ ਸਮੱਸਿਆਵਾਂ ਦਾ ਪ੍ਰਭਾਵ ਵੀ ਇੱਥੇ ਨਜ਼ਰ ਨਹੀਂ ਆਉਂਦਾ। ਪ੍ਰਾਇਮਰੀ ਖੇਤਰ ਦੀ ਵਿਕਾਸ ਦਰ 2.9 ਫੀਸਦੀ ਰਹੀ, ਜਦਕਿ ਖਣਨ ਖੇਤਰ ਵਿੱਚ 2.4 ਫੀਸਦੀ ਗਿਰਾਵਟ ਦਰਜ ਕੀਤੀ ਗਈ।

ਖਰਚੇ ਦੇ ਪੱਖ ਤੋਂ ਨਿੱਜੀ ਅੰਤਮ ਖਪਤ ਖਰਚ ਵਿੱਚ 7.1 ਫੀਸਦੀ ਵਾਧਾ ਦਰਸਾਇਆ ਗਿਆ ਹੈ, ਪਰ ਮਹਿੰਗਾਈ ਕਾਰਨ ਅਸੰਗਠਿਤ ਖੇਤਰ ਦੇ ਮਜ਼ਦੂਰਾਂ ਦੀ ਖਰੀਦ ਸ਼ਕਤੀ ਅਤੇ ਖਪਤ ਵਿੱਚ ਆਈ ਕਮੀ ਦਾ ਪੂਰਾ ਪ੍ਰਭਾਵ ਇਸ ਅੰਕੜੇ ਵਿੱਚ ਦਿਖਾਈ ਨਹੀਂ ਦਿੰਦਾ।ਇਹ ਉਸ ਸਮੇਂ ਹੈ, ਜਦੋਂ ਰਿਜ਼ਰਵ ਬੈਂਕ ਦੇ ਅੰਕੜੇ ਸਮਰੱਥਾ ਦੀ ਘੱਟ ਵਰਤੋਂ ਵੱਲ ਇਸ਼ਾਰਾ ਕਰਦੇ ਹਨ ਅਤੇ ਦੇਸ਼ ਵਿੱਚ ਨਿਵੇਸ਼ ਨੂੰ ਲੈ ਕੇ ਵੀ ਕਈ ਚੁਣੌਤੀਆਂ ਮੌਜੂਦ ਹਨ।

**ਅਸਲ ਰਹੱਸ ਜੀ ਡੀ ਪੀ ਦੀ ਮਿਣਤੀ ਦੀ ਵਿਧੀ ਵਿੱਚ ਹੈ**

ਇਨ੍ਹਾਂ ਅੰਕੜਿਆਂ ਦਾ ਰਹੱਸ ਸਮਝਣ ਲਈ ਜੀ ਡੀ ਪੀ ਦੀ ਤਿਮਾਹੀ ਮਿਣਤੀ ਦੀ ਵਿਧੀ ਨੂੰ ਸਮਝਣਾ ਜ਼ਰੂਰੀ ਹੈ।ਮਿਨਿਸਟਰੀ ਆਫ਼ ਸਟੈਟਿਕਸ ਐਂਡ ਇੰਪਲੀਮੈਂਟੇਸ਼ਨ ਦੀ ਪ੍ਰੈੱਸ ਰਿਲੀਜ਼ ਵਿੱਚ ਦੱਸਿਆ ਗਿਆ ਹੈ ਕਿ ਤਿਮਾਹੀ ਜੀ ਡੀ ਪੀ ਦਾ ਅਨੁਮਾਨ 'ਬੈਂਮਾਰਕ -ਇੰਡੀਕੇਟਰ ਮੈਥੋਡੌਲੋਜੀ' ਦੇ ਆਧਾਰ 'ਤੇ ਲਗਾਇਆ ਜਾਂਦਾ ਹੈ। ਇਸ ਵਿਧੀ ਵਿੱਚ ਪਿਛਲੇ ਵਿੱਤੀ ਸਾਲ ਲਈ ਤਿਆਰ ਕੀਤੇ ਅਨੁਮਾਨਾਂ ਨੂੰ ਵੱਖ-ਵੱਖ ਸੂਚਕਾਂ ਦੇ ਆਧਾਰ 'ਤੇ ਅੱਗੇ ਵਧਾਇਆ ਜਾਂਦਾ ਹੈ।

ਇਸ ਦਾ ਮਤਲਬ ਹੈ ਕਿ ਤਿਮਾਹੀ ਜੀ ਡੀ ਪੀ ਦਾ ਇੱਕ ਵੱਡਾ ਹਿੱਸਾ ਉਸੇ ਤਿਮਾਹੀ ਦੇ ਸਿੱਧੇ ਅਤੇ ਪੂਰੇ ਅੰਕੜਿਆਂ 'ਤੇ ਆਧਾਰਤ ਨਹੀਂ ਹੁੰਦਾ, ਸਗੋਂ ਪਿਛਲੇ ਸਾਲ ਦੇ ਅੰਕੜਿਆਂ ਨੂੰ ਵੱਖ-ਵੱਖ ਸੂਚਕਾਂ ਦੇ ਆਧਾਰ 'ਤੇ ਪ੍ਰੋਜੈਕਟ ਕੀਤਾ ਜਾਂਦਾ ਹੈ।

ਇਸ ਲਈ ਜੇ ਪਿਛਲੇ ਸਾਲ ਅਰਥ ਵਿਵਸਥਾ ਨੇ ਚੰਗੀ ਕਾਰਗੁਜ਼ਾਰੀ ਕੀਤੀ ਹੋਵੇ ਅਤੇ ਅਗਲੀ ਤਿਮਾਹੀ ਵਿੱਚ ਅਚਾਨਕ ਕੋਈ ਵੱਡਾ ਆਰਥਿਕ ਝਟਕਾ ਆ ਜਾਵੇ ਤਾਂ ਤਿਮਾਹੀ ਜੀ ਡੀ ਪੀ ਉਸ ਝਟਕੇ ਨੂੰ ਪੂਰੀ ਤਰ੍ਹਾਂ ਦਰਸਾਉਣ ਵਿੱਚ ਅਸਮਰੱਥ ਹੋ ਸਕਦੀ ਹੈ।

**ਅਸੰਗਠਿਤ ਖੇਤਰ ਦੀ ਸਮੱਸਿਆ**

ਇਸ ਵਿਧੀ ਦੀ ਇੱਕ ਵੱਡੀ ਕਮਜ਼ੋਰੀ ਇਹ ਹੈ ਕਿ ਅਸੰਗਠਿਤ ਖੇਤਰ ਦੀ ਆਰਥਕ ਗਤੀਵਿਧੀ ਦਾ ਵੱਡਾ ਹਿੱਸਾ ਸੰਗਠਿਤ ਖੇਤਰ ਦੇ ਅੰਕੜਿਆਂ ਦੇ ਆਧਾਰ 'ਤੇ ਅਨੁਮਾਨਿਤ ਕੀਤਾ ਜਾਂਦਾ ਹੈ।

ਭਾਰਤ ਵਰਗੇ ਦੇਸ਼ ਵਿੱਚ ਜਿੱਥੇ ਕਰੋੜਾਂ ਲੋਕ ਅਸੰਗਠਿਤ ਖੇਤਰ ਵਿੱਚ ਕੰਮ ਕਰਦੇ ਹਨ, ਇਹ ਇੱਕ ਗੰਭੀਰ ਸਮੱਸਿਆ ਹੈ। ਜੇਕਰ ਛੋਟੇ ਵਪਾਰੀ, ਦਿਹਾੜੀਦਾਰ ਮਜ਼ਦੂਰ, ਛੋਟੇ ਉਤਪਾਦਕ, ਰੈਸਟੋਰੈਂਟ, ਟਰਾਂਸਪੋਰਟਰ ਅਤੇ ਹੋਰ ਅਸੰਗਠਿਤ ਖੇਤਰ ਸੰਕਟ ਕਾਰਨ ਪ੍ਰਭਾਵਤ ਹੁੰਦੇ ਹਨ, ਤਾਂ ਉਨ੍ਹਾਂ ਦੀ ਅਸਲ ਸਥਿਤੀ ਤੁਰੰਤ ਜੀ ਡੀ ਪੀ ਦੇ ਅੰਕੜਿਆਂ ਵਿੱਚ ਨਹੀਂ ਆਉਂਦੀ।

ਇਸ ਤੋਂ ਇਲਾਵਾ ਟੈਕਸ, ਨਿਰਯਾਤ-ਆਯਾਤ ਅਤੇ ਹੋਰ ਸੂਚਕਾਂ ਵਿੱਚ ਕੀਮਤਾਂ ਦਾ ਪ੍ਰਭਾਵ ਵੀ ਸ਼ਾਮਲ ਹੁੰਦਾ ਹੈ। ਇਸ ਕਰਕੇ ਕੀਮਤਾਂ ਵਿੱਚ ਵਾਧਾ ਕਈ ਵਾਰ ਆਰਥਕ ਗਤੀਵਿਧੀ ਵਿੱਚ ਵਾਧੇ ਵਜੋਂ ਵੀ ਦਿਖਾਈ ਦੇ ਸਕਦਾ ਹੈ, ਜਦਕਿ ਅਸਲ ਉਤਪਾਦਨ ਜਾਂ ਲੋਕਾਂ ਦੀ ਖਰੀਦ ਸ਼ਕਤੀ ਵਿੱਚ ਵਾਧਾ ਨਾ ਹੋਇਆ ਹੋਵੇ।

**ਨੋਟਬੰਦੀ ਤੋਂ ਮਿਲਦਾ ਸਬਕ**

ਇਹ ਪਹਿਲੀ ਵਾਰ ਨਹੀਂ ਕਿ ਜੀ ਡੀ ਪੀ ਦੇ ਸਰਕਾਰੀ ਅੰਕੜਿਆਂ ਅਤੇ ਜ਼ਮੀਨੀ ਹਕੀਕਤ ਵਿਚਕਾਰ ਸਵਾਲ ਉੱਠੇ ਹਨ। ਲੇਖਕ ਅਨੁਸਾਰ ਨੋਟਬੰਦੀ ਦੇ ਦੌਰ ਵਿੱਚ ਵੀ ਅਜਿਹਾ ਹੀ ਵਿਰੋਧਾਭਾਸ ਸਾਹਮਣੇ ਆਇਆ ਸੀ, ਜਦੋਂ ਆਮ ਲੋਕ ਅਤੇ ਛੋਟੇ ਕਾਰੋਬਾਰ ਲੰਮੇ ਸਮੇਂ ਤੱਕ ਨਕਦੀ ਦੀ ਕਮੀ ਅਤੇ ਆਰਥਿਕ ਮੁਸ਼ਕਲਾਂ ਨਾਲ ਜੂਝ ਰਹੇ ਸਨ, ਉਸੇ ਦੌਰ ਵਿੱਚ ਸਰਕਾਰੀ ਵਿਕਾਸ ਦਰ ਕਾਫ਼ੀ ਮਜ਼ਬੂਤ ਦਿਖਾਈ ਦਿੱਤੀ।

2016-17 ਤੋਂ ਜੀ ਡੀ ਪੀ ਦੀ ਗਣਨਾ ਦੀਆਂ ਦੋ ਵੱਖ-ਵੱਖ ਵਿਧੀਆਂ ਵਿਚਕਾਰ ਅੰਤਰ ਵੀ ਵਧਿਆ ਹੈ। ਹੁਣ ਇਹ ਅੰਤਰ ਪਿਛਲੇ ਸਾਲ ਦੇ +0.8 ਫ਼ੀਸਦੀ ਤੋਂ ਬਦਲ ਕੇ -0.8 ਫ਼ੀਸਦੀ ਹੋ ਗਿਆ ਹੈ—ਅਰਥਾਤ 1.6 ਫ਼ੀਸਦੀ ਜੀ ਡੀ ਪੀ ਦਾ ਸਵਿੰਗ।

**ਜੀ ਡੀ ਪੀ ਤੋਂ ਪਰ੍ਹੇ ਅਰਥ ਵਿਵਸਥਾ ਨੂੰ ਦੇਖਣ ਦੀ ਲੋੜ**

ਜੀ ਡੀ ਪੀ ਕਿਸੇ ਵੀ ਅਰਥ ਵਿਵਸਥਾ ਦੀ ਕਾਰਗੁਜ਼ਾਰੀ ਮਾਪਣ ਦਾ ਮਹੱਤਵਪੂਰਨ ਸਾਧਨ ਹੈ, ਪਰ ਇਹ ਆਪਣੇ ਆਪ ਵਿੱਚ ਪੂਰੀ ਤਸਵੀਰ ਨਹੀਂ। ਖ਼ਾਸ ਕਰਕੇ ਭਾਰਤ ਵਰਗੀ ਅਰਥ ਵਿਵਸਥਾ ਵਿੱਚ ਜਿੱਥੇ ਅਸੰਗਠਿਤ ਖੇਤਰ ਦਾ ਵੱਡਾ ਹਿੱਸਾ ਹੈ, ਉੱਥੇ ਰੁਜ਼ਗਾਰ, ਅਸਲ ਆਮਦਨ, ਖਪਤ, ਮਹਿੰਗਾਈ, ਛੋਟੇ ਕਾਰੋਬਾਰਾਂ ਦੀ ਸਥਿਤੀ ਅਤੇ ਲੋਕਾਂ ਦੀ ਖਰੀਦ ਸ਼ਕਤੀ ਵਰਗੇ ਸੂਚਕਾਂ ਨੂੰ ਵੀ ਨਾਲ ਦੇਖਣਾ ਜ਼ਰੂਰੀ ਹੈ।

ਜੇਕਰ ਜੀ ਡੀ ਪੀ ਤੇਜ਼ੀ ਨਾਲ ਵਧ ਰਹੀ ਹੈ, ਪਰ ਬੇਰੁਜ਼ਗਾਰੀ, ਖ਼ਾਸ ਕਰਕੇ ਪੜ੍ਹੇ-ਲਿਖੇ ਨੌਜਵਾਨਾਂ ਦੀ ਬੇਰੁਜ਼ਗਾਰੀ, ਇੱਕ ਵੱਡੀ ਸਮੱਸਿਆ ਬਣੀ ਹੋਈ ਹੈ ਅਤੇ ਅਸੰਗਠਿਤ ਖੇਤਰ ਦੇ ਲੋਕ ਆਰਥਿਕ ਦਬਾਅ ਹੇਠ ਹਨ, ਤਾਂ ਸਿਰਫ਼ ਜੀ ਡੀ ਪੀ ਦੇ ਉੱਚੇ ਅੰਕੜਿਆਂ ਦੇ ਆਧਾਰ 'ਤੇ ਅਰਥ ਵਿਵਸਥਾ ਦੀ ਸਿਹਤਮੰਦ ਤਸਵੀਰ ਪੇਸ਼ ਨਹੀਂ ਕੀਤੀ ਜਾ ਸਕਦੀ।

ਇਸ ਲਈ ਸੰਕਟ ਦੇ ਸਮੇਂ ਜੀ ਡੀ ਪੀ ਦੇ ਅੰਕੜਿਆਂ ਨੂੰ ਜ਼ਮੀਨੀ ਹਕੀਕਤ ਅਤੇ ਹੋਰ ਆਰਥਿਕ ਸੂਚਕਾਂ ਦੇ ਨਾਲ ਦੇਖਣਾ ਜ਼ਰੂਰੀ ਹੈ। ਨਹੀਂ ਤਾਂ ਅੰਕੜਿਆਂ ਵਿੱਚ ਅਰਥ ਵਿਵਸਥਾ ਖੁਸ਼ਹਾਲ ਦਿਖਾਈ ਦੇ ਸਕਦੀ ਹੈ, ਜਦਕਿ ਲੋਕਾਂ ਦੀ ਜ਼ਿੰਦਗੀ ਵਿੱਚ ਸੰਕਟ ਡੂੰਘਾ ਹੁੰਦਾ ਜਾ ਸਕਦਾ ਹੈ।

**(ਪ੍ਰੋ. ਅਰੁਣ ਕੁਮਾਰ 'ਇੰਡੀਅਨ ਇਕਾਨਮੀਜ਼ ਗ੍ਰੇਟੈਸਟ ਕਰਾਈਸਿਜ਼: ਦ ਇੰਪੈਕਟ ਆਫ਼ ਦ ਕਰੋਨਾਵਾਇਰਸ ਐਂਡ ਦ ਰੋਡ ਅਹੈੱਡ' (2020) ਦੇ ਲੇਖਕ ਹਨ)**

# ਸੰਪੂਰਨ ਸਾਖਰਤਾ ਲਈ ਗੰਭੀਰ ਯਤਨ ਕੀਤੇ ਜਾਣੇ ਚਾਹੀਦੇ


ਅਰੁਣ ਕੁਮਾਰ ਕੈਹਰਬਾ

ਕੋਈ ਵੀ ਦੇਸ਼ ਜਾਂ ਸਮਾਜ ਸਿੱਖਿਆ ਤੋਂ ਬਿਨਾਂ ਤਰੱਕੀ ਨਹੀਂ ਕਰ ਸਕਦਾ। ਸਾਖਰਤਾ ਅਤੇ ਸਿੱਖਿਆ ਨੂੰ ਵਿਕਾਸ ਦੀ ਨੀਂਹ ਕਿਹਾ ਗਿਆ ਹੈ। ਆਜ਼ਾਦੀ ਤੋਂ ਬਾਅਦ ਦੇਸ਼ ਨੇ ਸਾਖਰਤਾ ਵਿੱਚ ਬਹੁਤ ਤਰੱਕੀ ਕੀਤੀ ਹੈ। 1951 ਵਿੱਚ ਪ੍ਰਾਪਤ ਅੰਕੜਿਆਂ ਅਨੁਸਾਰ ਭਾਰਤ ਦੀ ਸਾਖਰਤਾ ਦਰ ਸਿਰਫ 18.33 ਪ੍ਰਤੀਸ਼ਤ ਸੀ। ਇਹ 1961 ਵਿੱਚ 28 ਪ੍ਰਤੀਸ਼ਤ, 1971 ਵਿੱਚ 34 ਪ੍ਰਤੀਸ਼ਤ, 1981 ਵਿੱਚ 43 ਪ੍ਰਤੀਸ਼ਤ ਅਤੇ 2011 ਵਿੱਚ ਲੱਗਭੱਗ 73 ਪ੍ਰਤੀਸ਼ਤ ਤੱਕ ਪਹੁੰਚ ਗਈ। 2023-24 ਦੇ ਇੱਕ ਸਰਕਾਰੀ ਅਧਿਐਨ ਅਨੁਸਾਰ, ਸਾਖਰਤਾ ਦਰ 80 ਪ੍ਰਤੀਸ਼ਤ ਤੋਂ ਵੱਧ ਪਹੁੰਚ ਗਈ ਹੈ। ਅੱਜ ਤੱਕ ਸਾਖਰਤਾ ਵਿੱਚ ਇਹ ਸੁਧਾਰ ਤਸੱਲੀਬਖਸ਼ ਮੰਨਿਆ ਜਾ ਸਕਦਾ ਹੈ। ਹਾਲਾਂਕਿ ਵੱਖ-ਵੱਖ ਰਾਜਾਂ ਵਿੱਚ ਪ੍ਰਭਾਵਸ਼ਾਲੀ ਸਾਖਰਤਾ ਮੁਹਿੰਮਾਂ ਦੇ ਬਾਵਜੂਦ ਅਸੀਂ ਇੱਕ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਅਤੇ ਇਸ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨ ਵਿੱਚ ਰਾਸ਼ਟਰੀ ਪੱਧਰ 'ਤੇ ਬਹੁਤ ਪਿੱਛੇ ਹਾਂ।

ਕੇਰਲ, ਮਿਜ਼ੋਰਮ, ਨਾਗਾਲੈਂਡ, ਮੇਘਾਲਿਆ, ਤ੍ਰਿਪੁਰਾ, ਗੋਆ, ਮਨੀਪੁਰ, ਚੰਡੀਗੜ੍ਹ ਅਤੇ ਪੁਡੂਚੇਰੀ ਨੇ ਪ੍ਰਭਾਵਸ਼ਾਲੀ ਸਾਖਰਤਾ ਅੰਕੜੇ ਦਿਖਾਏ ਹਨ। ਕੇਰਲ ਦੀ ਸਾਖਰਤਾ ਮੁਹਿੰਮ ਨੇ ਪੂਰੇ ਦੇਸ਼ ਲਈ ਰਾਹ ਦਿਖਾਇਆ ਅਤੇ ਇਸ ਨੇ 1988 ਵਿੱਚ ਰਾਸ਼ਟਰੀ ਸਾਖਰਤਾ ਮਿਸ਼ਨ ਦੀ ਸਥਾਪਨਾ ਨੂੰ ਪ੍ਰੇਰਿਤ ਕੀਤਾ। ਹਾਲਾਂਕਿ ਆਂਧਰਾ ਪ੍ਰਦੇਸ਼, ਬਿਹਾਰ, ਮੱਧ ਪ੍ਰਦੇਸ਼, ਰਾਜਸਥਾਨ, ਝਾਰਖੰਡ ਅਤੇ ਤੇਲੰਗਾਨਾ ਵਰਗੇ ਰਾਜ ਤੁਲਨਾਤਮਕ ਤੌਰ 'ਤੇ ਪਿੱਛੇ ਹਨ। ਇਸੇ ਤਰ੍ਹਾਂ ਔਰਤਾਂ ਦੀ ਸਾਖਰਤਾ ਦਰ ਮਰਦਾਂ ਨਾਲੋਂ ਘੱਟ ਹੈ। 1951 ਵਿੱਚ ਮਰਦਾਂ ਦੀ ਸਾਖਰਤਾ 27 ਪ੍ਰਤੀਸ਼ਤ ਤੋਂ ਵੱਧ ਸੀ, ਜਦੋਂ ਕਿ ਔਰਤਾਂ ਦੀ ਸਾਖਰਤਾ ਲੱਗਭੱਗ 9 ਪ੍ਰਤੀਸ਼ਤ ਸੀ। 2011 ਵਿੱਚ ਮਰਦਾਂ ਦੀ ਸਾਖਰਤਾ 81 ਪ੍ਰਤੀਸ਼ਤ ਸੀ ਅਤੇ ਔਰਤਾਂ ਦੀ ਸਾਖਰਤਾ ਲੱਗਭੱਗ 64 ਪ੍ਰਤੀਸ਼ਤ ਸੀ। ਇਹ ਪਾੜਾ ਅੱਜ ਵੀ ਕਾਇਮ ਹੈ, ਜੋ ਸਮਾਜ ਵਿੱਚ ਲਿੰਗ ਭੇਦਭਾਵ ਦੀ ਭਿਆਨਕ ਸਥਿਤੀ ਨੂੰ ਉਜਾਗਰ ਕਰਦਾ ਹੈ। ਪੇਂਡੂ ਖੇਤਰਾਂ ਵਿੱਚ ਸ਼ਹਿਰਾਂ ਦੇ ਮੁਕਾਬਲੇ ਅਤੇ ਸਮਾਜ ਦੇ ਉੱਨਤ ਵਰਗਾਂ ਦੇ ਮੁਕਾਬਲੇ ਅਨੁਸੂਚਿਤ ਜਾਤੀਆਂ, ਅਨੁਸੂਚਿਤ ਜਨਜਾਤੀਆਂ ਅਤੇ ਆਦਿਵਾਸੀਆਂ ਵਿੱਚ ਸਾਖਰਤਾ ਦਰ ਕਾਫ਼ੀ ਘੱਟ ਹੈ। ਰਾਸ਼ਟਰੀ ਸਾਖਰਤਾ ਮਿਸ਼ਨ ਦੀ ਸਥਾਪਨਾ ਦੇ ਨਾਲ ਪੂਰਨ ਸਾਖਰਤਾ ਲਈ ਇੱਕ ਪ੍ਰਣ ਲਿਆ ਗਿਆ। ਪੂਰਨ ਸਾਖਰਤਾ ਪ੍ਰੋਗਰਾਮ, ਉੱਤਰ ਸਾਖਰਤਾ ਪ੍ਰੋਗਰਾਮ ਨਿਰੰਤਰ ਸਿੱਖਿਆ ਪ੍ਰੋਗਰਾਮ, ਅਤੇ ਸਾਕਸ਼ਰ ਭਾਰਤ ਪ੍ਰੋਗਰਾਮ ਨੇ ਦੇਸ਼ ਵਿੱਚ ਸਾਖਰਤਾ ਅਤੇ ਸਿੱਖਿਆ ਦਾ ਮਾਹੌਲ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਆਜ਼ਾਦੀ ਤੋਂ ਬਾਅਦ ਜੇਕਰ ਸਮਾਜ ਵਿੱਚ ਕਿਸੇ ਵੱਡੀ ਸਿੱਖਿਆ ਅਤੇ ਸਮਾਜਿਕ ਸੁਧਾਰ ਲਹਿਰ ਦੀ ਆਵਾਜ਼ ਸੁਣਾਈ ਦਿੱਤੀ ਤਾਂ ਉਹ ਸਾਖਰਤਾ ਲਹਿਰ ਦੌਰਾਨ ਸੀ। ਹਰਿਆਣਾ ਵਿੱਚ ਸਾਖਰਤਾ ਮੁਹਿੰਮ ਨੂੰ ਪਾਣੀਪਤ ਦੀ ਚੌਥੀ ਲੜਾਈ ਦਾ ਨਾਂਅ ਦਿੱਤਾ ਗਿਆ ਸੀ। ਸਾਖਰਤਾ ਮੁਹਿੰਮ ਨੇ ਸਮਾਜ ਵਿੱਚ ਦਿਮਾਗੀ ਸਟਰਮਿੰਗ ਅਤੇ ਚਰਚਾ ਦੀ ਪ੍ਰਕਿਰਿਆ ਨੂੰ ਤੇਜ਼ ਕੀਤਾ। ਸਾਖਰਤਾ ਸਿਰਫ਼ ਸਾਖਰਤਾ ਤੱਕ ਹੀ ਸੀਮਿਤ ਨਹੀਂ ਸੀ; ਇਸ ਦਾ ਵਿਸਤਾਰ ਵਿਹਾਰਕ ਪੜ੍ਹਨ, ਅੰਕਾਂ ਅਤੇ ਸਿੱਖਿਆ ਦੇ ਇੱਕ ਵਿਸ਼ਾਲ ਖੇਤਰ ਨੂੰ ਸ਼ਾਮਲ ਕਰਨ ਲਈ ਕੀਤਾ ਗਿਆ ਸੀ। ਸਾਖਰਤਾ ਮਿਸ਼ਨ ਦੇ ਅਨੁਸਾਰ ਸਾਖਰਤਾ ਦਾ ਅਰਥ ਹੈ ਕਿ ਲੋਕ ਗਰੀਬੀ ਦੇ ਕਾਰਨਾਂ ਨੂੰ ਸਮਝਣ ਅਤੇ ਪਛਾਣਨ ਦੇ ਯੋਗ ਹੋਣ ਅਤੇ ਉਹਨਾਂ ਨੂੰ ਹੱਲ ਕਰਨ ਲਈ ਮਿਲ ਕੇ ਕੰਮ ਕਰਨ। ਸਾਖਰਤਾ ਮੁਹਿੰਮਾਂ ਨੇ ਸਮਾਜਿਕ ਸੁਧਾਰ ਅਤੇ ਪੁਨਰਜਾਗਰਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ। ਪੜ੍ਹਨ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਪਿੰਡ ਪੱਧਰ 'ਤੇ ਜਨਤਕ ਜਾਗਰੂਕਤਾ ਕੇਂਦਰ ਸਥਾਪਤ ਕੀਤੇ ਗਏ ਸਨ। ਜ਼ਿਲ੍ਹਾ ਪੱਧਰ 'ਤੇ ਸਾਖਰਤਾ ਕਮੇਟੀਆਂ ਅਤੇ ਜ਼ਮੀਨੀ ਪੱਧਰ 'ਤੇ ਰਾਜ ਸਰੋਤ ਕੇਂਦਰਾਂ ਦੀ ਭੂਮਿਕਾ ਵੀ ਮਹੱਤਵਪੂਰਨ ਸੀ।

ਸਾਖਰ ਭਾਰਤ ਪ੍ਰੋਗਰਾਮ 2019 ਤੱਕ ਜਾਰੀ ਰਿਹਾ, ਭਾਵੇਂ ਕੁਝ ਅਸਥਾਈ ਤੌਰ 'ਤੇ ਬਾਅਦ ਵਿੱਚ ਸਾਖਰਤਾ ਪ੍ਰੋਗਰਾਮ ਠੱਪ ਹੋ ਗਏ। ਹੌਲੀ-ਹੌਲੀ ਸਰਕਾਰ ਨੇ ਅਚਾਨਕ ਰਾਜ ਸਰੋਤ ਕੇਂਦਰਾਂ ਨੂੰ ਵਿੱਤੀ ਸਹਾਇਤਾ ਬੰਦ ਕਰ ਦਿੱਤੀ। ਸਾਖਰਤਾ ਨੂੰ ਉਤਸ਼ਾਹਿਤ ਕਰਨ ਲਈ ਬਣਾਈਆਂ ਗਈਆਂ ਸੰਸਥਾਵਾਂ ਨੂੰ ਜਾਂ ਤਾਂ ਢਾਹ ਦਿੱਤਾ ਗਿਆ ਜਾਂ ਕਮਜ਼ੋਰ ਕਰ ਦਿੱਤਾ ਗਿਆ। 2022 ਵਿੱਚ ਕੇਂਦਰ ਸਰਕਾਰ ਨੇ ਨਵ ਭਾਰਤ ਸਾਖਰਤਾ ਪ੍ਰੋਗਰਾਮ ਸ਼ੁਰੂ ਕੀਤਾ, ਇੱਕ ਕੇਂਦਰੀ ਸਪਾਂਸਰਡ ਯੋਜਨਾ ਜਿਸ ਨੂੰ ਆਮ ਤੌਰ 'ਤੇ 'ਉੱਲਾਸ' ਕਿਹਾ ਜਾਂਦਾ ਹੈ। ਇਹ ਯੋਜਨਾ 2022 ਤੋਂ 2027 ਤੱਕ ਪੰਜ ਸਾਲਾਂ ਦੀ ਮਿਆਦ ਲਈ ਲਾਗੂ ਕੀਤੀ ਜਾ ਰਹੀ ਹੈ। ਇਸ ਯੋਜਨਾ ਦਾ ਮੁੱਖ ਉਦੇਸ਼ 15 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸਾਰੇ ਬਾਲਗਾਂ ਨੂੰ ਸਸ਼ਕਤ ਬਣਾਉਣਾ ਹੈ, ਜੋ ਸਿੱਖਿਆ ਤੋਂ ਵਾਂਝੇ ਰਹਿ ਗਏ ਹਨ।

ਸਿਧਾਂਤਕ ਤੌਰ 'ਤੇ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਪੜ੍ਹਨ, ਲਿਖਣ ਅਤੇ ਅੰਕਾਂ ਦੇ ਹੁਨਰਾਂ ਨੂੰ ਪ੍ਰਾਪਤ ਕਰਨ ਦਾ ਮੌਕਾ ਵੀ ਪ੍ਰਦਾਨ ਕਰਦਾ ਹੈ, ਉਹਨਾਂ ਨੂੰ ਮਹੱਤਵਪੂਰਨ ਜੀਵਨ ਹੁਨਰਾਂ ਦੀ ਸਮਝ ਨਾਲ ਭਰਪੂਰ ਬਣਾਉਂਦਾ ਹੈ ਅਤੇ ਜੀਵਨ ਭਰ ਸਿੱਖਣ ਨੂੰ ਉਤਸ਼ਾਹਿਤ ਕਰਦਾ ਹੈ। ਹਾਲਾਂਕਿ ਅਭਿਆਸ ਵਿੱਚ ਪਿਛਲੇ ਪ੍ਰੋਗਰਾਮਾਂ ਦੇ ਉਲਟ, ਇਸ ਨੂੰ ਪੂਰੀ ਤਰ੍ਹਾਂ ਸਕੂਲ ਅਧਿਆਪਕਾਂ ਅਤੇ ਵਿਦਿਆਰਥੀਆਂ ਦੁਆਰਾ ਲਾਗੂ ਕੀਤਾ ਜਾ ਰਿਹਾ ਹੈ। ਸਕੂਲਾਂ 'ਤੇ ਇਸ ਨਿਰਭਰਤਾ ਦੇ ਨਤੀਜੇ ਵਜੋਂ ਪ੍ਰੋਗਰਾਮ ਲਾਗੂ ਕਰਨ ਵਿੱਚ ਨਿਰੰਤਰਤਾ ਦੀ ਘਾਟ ਹੁੰਦੀ ਹੈ। ਅਧਿਆਪਕਾਂ, ਜੋ ਪਹਿਲਾਂ ਹੀ ਕਈ ਕੰਮਾਂ ਦੇ ਬੋਝ ਹੇਠ ਦੱਬੇ ਹੋਏ ਹਨ, ਨੂੰ ਪ੍ਰੀਖਿਆ ਤੋਂ ਪਹਿਲਾਂ ਅਨਪੜ੍ਹਾਂ ਜਾਂ ਸਿਖਿਆਰਥੀਆਂ ਨੂੰ ਰਜਿਸਟਰ ਕਰਨ ਦੇ ਨਿਰਦੇਸ਼ ਦਿੱਤੇ ਜਾਂਦੇ ਹਨ। ਪਾਲਣਾ ਕਰਨ ਲਈ ਉਹ ਆਪਣੇ ਵਿਦਿਆਰਥੀਆਂ ਨੂੰ ਸਿਖਿਆਰਥੀਆਂ ਦੇ ਨਾਲ-ਨਾਲ ਸਵੈ-ਇੱਛੁਕ ਅਧਿਆਪਕਾਂ ਵਜੋਂ ਰਜਿਸਟਰ ਕਰਦੇ ਹਨ। ਵਲੰਟੀਅਰ ਅਧਿਆਪਕਾਂ ਨੂੰ ਸਿਖਲਾਈ ਦੇਣ ਅਤੇ ਪੰਚਾਇਤੀ ਰਾਜ ਸੰਸਥਾਵਾਂ ਨੂੰ ਸ਼ਾਮਲ ਕਰਨ ਦੇ ਯਤਨਾਂ ਦੀ ਘਾਟ ਹੈ। ਔਨਲਾਈਨ ਪੋਰਟਲ ਹੀ ਸਿੱਖਿਆ ਸਮੱਗਰੀ ਦਾ ਇੱਕੋ-ਇੱਕ ਉਪਲੱਬਧ ਸਰੋਤ ਹਨ। ਅਕਸਰ ਨਾ ਤਾਂ ਵਲੰਟੀਅਰ ਅਧਿਆਪਕ ਅਤੇ ਨਾ ਹੀ ਰਜਿਸਟਰਡ ਸਿਖਿਆਰਥੀ ਕੁਝ ਸਿੱਖਦੇ ਹਨ। ਪ੍ਰੀਖਿਆ ਅਤੇ ਮੁਲਾਂਕਣ ਦੀਆਂ ਰਸਮਾਂ ਵੀ ਬੇਤਰਤੀਬ ਢੰਗ ਨਾਲ ਪੂਰੀਆਂ ਕੀਤੀਆਂ ਜਾਂਦੀਆਂ ਹਨ। ਹਾਲਾਂਕਿ ਨਵਭਾਰਤ ਸਾਖਰਤਾ ਪ੍ਰੋਗਰਾਮ ਦਾ ਉਦੇਸ਼ ਗੁਆਚ ਜਾਂਦਾ ਹੈ।

ਤਜਰਬਾ ਦਰਸਾਉਂਦਾ ਹੈ ਕਿ ਰੋਜ਼ੀ-ਰੋਟੀ ਵਿੱਚ ਰੁੱਝੇ ਹੋਏ ਬਾਲਗਾਂ ਨੂੰ ਪੜ੍ਹਨਾ ਅਤੇ ਸਿਖਾਉਣਾ ਓਨਾ ਆਸਾਨ ਨਹੀਂ ਹੈ, ਜਿੰਨਾ ਉਲਾਸ ਪ੍ਰਬੰਧਕਾਂ ਨੇ ਮੰਨਿਆ ਹੈ। ਬਜ਼ੁਰਗਾਂ, ਖਾਸ ਕਰਕੇ ਔਰਤਾਂ ਅਤੇ ਸਮਾਜ ਦੇ ਪੱਛੜੇ ਵਰਗਾਂ ਦੇ ਲੋਕਾਂ ਨੂੰ ਸਿਖਾਉਣ ਲਈ ਇੱਕ ਅਨੁਕੂਲ ਵਾਤਾਵਰਣ ਬਣਾਉਣ ਦੀ ਲੋੜ ਹੁੰਦੀ ਹੈ। ਜੇਕਰ ਅਸੀਂ ਸੱਚਮੁੱਚ ਉਨ੍ਹਾਂ ਨੂੰ ਸਾਖਰਤਾ ਦੇ ਦਾਇਰੇ ਵਿੱਚ ਲਿਆਉਣਾ ਚਾਹੁੰਦੇ ਹਾਂ ਅਤੇ ਜੀਵਨ ਭਰ ਸਿੱਖਿਆ ਦਾ ਰਾਹ ਪੱਧਰਾ ਕਰਨਾ ਚਾਹੁੰਦੇ ਹਾਂ ਤਾਂ ਸਾਨੂੰ ਵੱਡੇ ਪੱਧਰ 'ਤੇ ਕੰਮ ਕਰਨਾ ਪਵੇਗਾ। ਇਹ ਕੰਮ ਸਕੂਲਾਂ ਅਤੇ ਅਧਿਆਪਕਾਂ 'ਤੇ ਨਹੀਂ ਛੱਡਿਆ ਜਾ ਸਕਦਾ। ਪੁਰਾਣੀਆਂ ਸੰਸਥਾਵਾਂ ਨੂੰ ਮੁੜ ਸੁਰਜੀਤ ਕਰਨ ਅਤੇ ਪਿੰਡ ਪੱਧਰ 'ਤੇ ਜਨਤਕ ਭਾਗੀਦਾਰੀ ਨੂੰ ਯਕੀਨੀ ਬਣਾਉਣ ਲਈ ਗੰਭੀਰ ਯਤਨਾਂ ਦੀ ਲੋੜ ਹੋਵੇਗੀ।

**# ਸੰਪਰਕ : 94662-20145**

# ਇਨਕਲਾਬੀ ਲਹਿਰ ਦਾ ਮਜ਼ਬੂਤ ਥੰਮ੍ਹ ਕਾਮਰੇਡ ਅਜਮੇਰ ਸਿੰਘ ਸਮਰਾ

**ਸਰਦਾਰਾ ਸਿੰਘ ਮਾਹਿਲ**

2 ਸਤੰਬਰ 2026 ਦੀ ਉਹ ਕੁਲਹਿਣੀ ਰਾਤ ਸੀ ਜਦੋਂ ਸਾਡੇ ਮਹਿਬੂਬ ਆਗੂ, ਪ੍ਰਪੱਕ ਸਿਧਾਂਤਕਾਰ, ਨਿਪੁੰਨ ਜੱਥੇਬੰਦਕਾਰ ਅਤੇ ਨਿੱਘ ਭਰਪੂਰ ਇਨਸਾਨ ਕਾਮਰੇਡ ਅਜਮੇਰ ਸਿੰਘ ਸਮਰਾ ਸਾਨੂੰ ਇੱਕ ਖਾਮੋਸ਼ ਸਦੀਵੀ ਅਲਵਿਦਾ ਕਹਿ ਕੇ ਸਦਾ ਲਈ ਤੁਰ ਗਏ। ਅਜੇ ਸ਼ਾਮ 8 ਵਜੇ ਦੇ ਕਰੀਬ ਉਹਨਾਂ ਨੇ ਮੇਰੇ ਨਾਲ ਫੋਨ 'ਤੇ ਲੰਬੀ ਗੱਲਬਾਤ ਕੀਤੀ ਸੀ। ਇਹ ਗੱਲਬਾਤ ਰਾਜਨੀਤਕ ਸਥਿਤੀ, ਚੰਡੀਗੜ੍ਹ ਵਿੱਚ ਲੱਗੇ ਕਿਸਾਨ ਮੋਰਚੇ, 26 ਸਤੰਬਰ ਨੂੰ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ, ਸਾਡੀ ਪਾਰਟੀ, ਵੱਲੋਂ ਮੋਗਾ ਵਿੱਚ ਕੀਤੇ ਜਾ ਰਹੇ ਸੂਬਾਈ ਇਕੱਠ ਦੀ ਤਿਆਰੀ ਬਾਰੇ ਅਤੇ ਉਹਨਾਂ ਦੀ ਸਿਹਤ ਬਾਰੇ ਸੀ। ਕਿਸੇ ਸਾਥੀ ਦਾ ਫੋਨ ਆ ਜਾਣ ਕਰਕੇ ਕਾਲ ਕੱਟੀ ਗਈ ਤਾਂ ਉਹਨਾਂ ਮੁੜ ਫੋਨ ਲਾ ਲਿਆ। ਜਿਵੇਂ ਅੱਜ ਉਹ ਜ਼ਿੰਦਗੀ ਦੀਆਂ ਰਹਿੰਦੀਆਂ ਸਾਰੀਆਂ ਗੱਲਾਂ ਮੁਕਾ ਦੇਣੀਆਂ ਚਾਹੁੰਦੇ ਸਨ। ਉਹਨਾਂ ਦੇ ਦਿਲ 'ਤੇ ਦਬਾਅ ਨਾ ਪਵੇ, ਮੈਂ ਗੱਲ ਖ਼ਤਮ ਕਰਨੀ ਚਾਹੁੰਦਾ ਸਾਂ, ਪਰ ਉਹ ਹੋਰ ਅੱਗੇ ਗੱਲ ਤੋਰ ਲੈਂਦੇ। ਉਹਨਾਂ ਦੀ ਗੱਲਬਾਤ, ਅੰਦਾਜ਼ ਅਤੇ ਆਵਾਜ਼ ਦਾ ਮੜਕਾ, ਉਹਨਾਂ ਦੇ ਸਿਹਤਮੰਦ ਹੋਣ ਦੀ ਗਵਾਹੀ ਭਰਦਾ ਸੀ। ਇੱਕ ਤਸੱਲੀ ਨਾਲ ਮੈਂ ਸੌਂ ਗਿਆ, ਪਰ ਤੜਕੇ 5 ਵਜੇ ਬੂਹਾ ਖੜਕਿਆ। ਕਾਮਰੇਡ ਕੁਲਵਿੰਦਰ ਸਿੰਘ ਵੜੈਚ ਰੁਆਂਸੇ ਚਿਹਰੇ ਨਾਲ ਸਾਹਮਣੇ ਖੜਾ ਸੀ। ਭਰੀਆਂ ਅੱਖਾਂ ਨਾਲ "ਕਾਮਰੇਡ ਚਲਾ ਗਿਆ" ਕਹਿ ਕੇ ਉਹ ਕੁਰਸੀ 'ਤੇ ਢਹਿ ਪਿਆ। ਮੈਂ ਅਵਾਕ ਸੀ, ਯਕੀਨ ਨਹੀਂ ਸੀ ਆ ਰਿਹਾ।

ਕਾਮਰੇਡ ਅਜਮੇਰ ਸਿੰਘ ਜਿੱਥੋਂ ਤੱਕ ਮੈਂ ਜਾਣਦਾਂ, ਆਪਣੀ ਜ਼ਿੰਦਗੀ ਵਿੱਚ ਹਸਪਤਾਲ ਦਾਖਲ ਨਹੀਂ ਹੋਏ ਸਨ। ਦੋ ਵਾਰੀ ਉਨ੍ਹਾਂ ਨੂੰ 'ਫੇਸ਼ੀਅਲ ਪੈਲੇਸੀ' ਦੀ ਸਮੱਸਿਆ ਆਈ, ਪਰ ਉਹ ਦਵਾਈ ਲੈ ਕੇ ਠੀਕ ਹੋ ਗਏ। ਹੁਣ ਵੀ ਜਦੋਂ ਉਹਨਾਂ ਨੂੰ ਇਨਫੈਕਸ਼ਨ ਤੇ ਬੁਖਾਰ ਹੋਇਆ ਤਾਂ ਉਹ ਕੁੱਝ ਦਿਨ ਸਥਾਨਕ ਪੱਧਰ 'ਤੇ ਦਵਾ-ਦਾਰੂ ਅਤੇ ਓਹੜ-ਪੋਹੜ ਕਰਦੇ ਰਹੇ। ਜ਼ਿਆਦਾ ਕਹਿਣ 'ਤੇ ਉਹ ਜਲੰਧਰ ਪਿਮਸ ਵਿੱਚ ਦਾਖਲ ਹੋ ਗਏ। ਇੱਥੋਂ ਉਹ ਠੀਕ ਹੋ ਕੇ ਪਿੰਡ ਚਲੇ ਗਏ। ਲੱਗਭੱਗ ਦੋ ਹਫਤੇ ਠੀਕ ਰਹੇ, ਪਰ ਫਿਰ ਬੁਖਾਰ ਹੋ ਗਿਆ ਤੇ ਉਹ ਫਿਰ ਪਿਮਸ 'ਚ ਦਾਖਲ ਹੋ ਗਏ। ਜਿੱਥੇ ਉਹਨਾਂ ਨੂੰ ਹਾਰਟ ਅਟੈਕ ਆਇਆ, ਫੌਰੀ ਉਹਨਾਂ ਨੂੰ ਹੀਰੋ ਹਾਰਟ ਸੈਂਟਰ ਲਿਜਾਇਆ ਗਿਆ। ਉਦੋਂ ਤੱਕ ਉਹਨਾਂ ਦੇ ਦਿਲ ਦਾ ਵੱਡਾ ਹਿੱਸਾ ਨੁਕਸਾਨਿਆ ਗਿਆ। ਹਫਤਾ ਭਰ ਹਸਪਤਾਲ 'ਚ ਰੱਖਣ ਤੋਂ ਬਾਅਦ ਉਹਨਾਂ ਨੂੰ ਛੁੱਟੀ ਦੇ ਦਿੱਤੀ ਗਈ ਤੇ ਉਹ ਘਰ ਆ ਗਏ। ਅਗਲੇ ਦਿਨ ਅੱਧੀ ਰਾਤ ਨੂੰ ਫਿਰ ਦਿਲ ਦਾ ਦੌਰਾ ਪਿਆ, ਜੋ ਜਾਨਲੇਵਾ ਸਾਬਿਤ ਹੋਇਆ।



ਕਾਮਰੇਡ ਅਜਮੇਰ ਸਿੰਘ ਦਾ ਪੂਰਾ ਜੀਵਨ ਸੰਘਰਸ਼ਮਈ ਰਿਹਾ ਹੈ। ਉਹ ਫਗਵਾੜੇ ਬੀ.ਐੱਸ.ਸੀ. ਦੇ ਵਿਦਿਆਰਥੀ ਸਨ, ਜਦੋਂ ਉਹ ਕਮਿਊਨਿਸਟ ਇਨਕਲਾਬੀ ਲਹਿਰ ਨਾਲ ਜੁੜ ਗਏ। ਇਹ ਕੋਈ ਚਾਣਚੱਕ ਨਹੀਂ ਸੀ। ਕਾਮਰੇਡ ਅਜਮੇਰ ਸਿੰਘ ਹੁਰਾਂ ਦਾ ਪਰਵਾਰ ਇੱਕ ਕਮਿਊਨਿਸਟ ਪਰਵਾਰ ਸੀ। ਉਹਨਾਂ ਦਾ ਘਰ ਕਮਿਊਨਿਸਟ ਪਾਰਟੀ ਦਾ ਸਥਾਨਕ ਅੱਡੇ ਦੀ ਤਰ੍ਹਾਂ ਸੀ। ਹਰਕਿਸ਼ਨ ਸਿੰਘ ਸੁਰਜੀਤ ਦੀ ਪੱਕੀ ਠਾਹਰ ਸੀ। ਅਜਮੇਰ ਸਿੰਘ ਦੇ ਵੱਡੇ ਭਰਾ ਨਿਰਮਲ ਦਾ ਰਿਸ਼ਤਾ ਵੀ ਸੁਰਜੀਤ ਨੇ ਕਰਵਾਇਆ ਸੀ। ਖੁਸ਼ਹੈਸੀਅਤੀ ਟੈਕਸ ਵਿਰੋਧੀ ਮੋਰਚੇ ਵਿੱਚ ਉਹਨਾਂ ਦੇ ਤਾਇਆ ਜੀ (ਜਿਹਨਾਂ ਨੂੰ ਉਹ ਭਾਈਆ ਕਿਹਾ ਕਰਦੇ ਸਨ), ਧਰਮ ਸਿੰਘ 'ਤੇ ਧਾਰੀਵਾਲ ਪਿੰਡ ਵਿੱਚ ਪੁਲਸ ਨੇ ਗੋਲੀ ਚਲਾਈ ਤਾਂ ਉਹਨਾਂ ਦੀ ਪੱਗ ਵਿੱਚੀਂ ਮੱਥੇ ਨੂੰ ਛੂਹ ਕੇ ਲੰਘ ਗਈ ਸੀ। ਇਸ ਕਮਿਊਨਿਸਟ ਪਰਵਾਰ ਦਾ ਸਭ ਤੋਂ ਛੋਟਾ ਬੇਟਾ ਸੀ ਅਜਮੇਰ। ਇਸ ਮਹੌਲ ਵਿੱਚ ਪ੍ਰਵਾਨ ਚੜ੍ਹਿਆ ਅਜਮੇਰ, ਨਕਸਲਬਾੜੀ ਲਹਿਰ ਚੱਲੀ ਤਾਂ ਉਹ ਬੀ.ਐੱਸ.ਸੀ. ਦੀ ਪੜ੍ਹਾਈ ਛੱਡ ਕੇ ਇਸ ਇਨਕਲਾਬੀ ਲਹਿਰ ਵਿੱਚ ਕੁਲਵਕਤੀ ਬਣ ਕੇ ਸ਼ਾਮਲ ਹੋ ਗਿਆ।

ਇਹ ਉਹ ਸਮਾਂ ਸੀ ਜਦੋਂ ਨਕਸਲਬਾੜੀ ਲਹਿਰ 'ਵਿਅਕਤੀਗਤ ਸਫ਼ਾਏ' ਦੀ ਖੱਬੂ ਮਾਅਰਕੇਬਾਜ਼ ਲਾਈਨ ਤਿਆਗ ਕੇ ਖਾੜਕੂ ਜਨਤਕ ਸੇਧ ਲਾਗੂ ਕਰਨ ਵੱਲ ਵਧ ਰਹੀ ਸੀ। ਪਾਰਟੀ ਵੱਲੋਂ ਪ੍ਰਕਾਸ਼ਿਤ ਪਰਚੇ 'ਰੋਹਲੇ ਬਾਣ' ਦਾ ਉਹਨਾਂ ਨੂੰ ਸੰਪਾਦਕ ਬਣਾਇਆ ਗਿਆ। ਕਾਲਾ ਸੰਘਿਆਂ ਦੇ ਇਨਕਲਾਬੀ ਘੋਲ ਵਿੱਚ ਉਹਨਾਂ ਦੀ ਸ਼ਾਨਦਾਰ ਭਾਗੀਦਾਰੀ ਸੀ। ਇਸ ਤੋਂ ਬਾਅਦ ਉਹਨਾਂ ਨੂੰ ਸੂਬਾ ਕਮੇਟੀ ਵਿੱਚ ਲੈ ਲਿਆ ਗਿਆ ਅਤੇ ਉਹ ਰੂਪੋਸ਼ ਹੋ ਗਏ। ਜ਼ਿੰਦਗੀ ਦੇ ਆਖਰੀ ਸਮੇਂ ਤੱਕ ਉਹ ਪਾਰਟੀ ਸੂਬਾ ਕਮੇਟੀ ਦੇ ਸੀਨੀਅਰ ਮੈਂਬਰ ਅਤੇ ਬੁਲਾਰੇ ਸਨ। 1977 ਵਿੱਚ ਇੰਦਰਾ ਗਾਂਧੀ ਵੱਲੋਂ ਲਗਾਈ ਐਮਰਜੈਂਸੀ ਹਟਾ ਲਏ ਜਾਣ ਤੋਂ ਬਾਅਦ ਉਹ ਖੁੱਲ੍ਹੇਆਮ ਕੰਮ ਕਰਨ ਲੱਗੇ। ਉਹਨਾਂ ਦੀ ਅਗਵਾਈ ਵਿੱਚ ਕਈ ਮਹੱਤਵਪੂਰਨ ਘੋਲ ਲੜੇ ਗਏ। 2001 ਵਿੱਚ ਪੰਜਾਬ ਸੂਬਾ ਕਮੇਟੀ ਦੀ ਨਿਊ ਡੈਮੋਕਰੇਸੀ ਪਾਰਟੀ ਨਾਲ ਏਕਤਾ ਦੇ ਅਮਲ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। 2011 ਵਿੱਚ ਉਹਨਾਂ ਨੂੰ ਪਾਰਟੀ ਦੀ ਸੂਬਾ ਕਮੇਟੀ ਦਾ ਸਕੱਤਰ ਬਣਾਇਆ ਗਿਆ ਅਤੇ ਉਹ 2013 ਤੱਕ ਇਹ ਜ਼ਿੰਮੇਵਾਰੀ ਨਿਭਾਉਂਦੇ ਰਹੇ। 2015 ਵਿੱਚ ਉਹਨਾਂ ਨੂੰ ਪਾਰਟੀ ਦੀ ਕੇਂਦਰੀ ਕਮੇਟੀ ਵਿੱਚ ਲੈ ਲਿਆ ਗਿਆ ਅਤੇ ਉਹਨਾਂ ਨੂੰ ਕੇਂਦਰੀ ਕੰਟਰੋਲ ਕਮਿਸ਼ਨ ਦਾ ਚੇਅਰਮੈਨ ਬਣਾਇਆ ਗਿਆ। 2024 ਵਿੱਚ ਪਾਰਟੀ ਕਾਂਗਰਸ ਵਿੱਚ ਉਹਨਾਂ ਦੀ ਬੇਨਤੀ 'ਤੇ ਉਹਨਾਂ ਨੂੰ ਕੇਂਦਰੀ ਕਮੇਟੀ ਦਾ ਵਿਸ਼ੇਸ਼ ਇਨਵਾਇਟੀ ਬਣਾਇਆ ਗਿਆ। ਆਪਣੇ ਆਖਰੀ ਸਾਹ ਤੱਕ ਪਾਰਟੀ ਵੱਲੋਂ ਲਗਾਈ ਹਰ ਜ਼ਿੰਮੇਵਾਰੀ ਨੂੰ ਉਨ੍ਹਾਂ ਤਨਦੇਹੀ ਨਾਲ ਨਿਭਾਇਆ। ਰੋਹਲੇ ਬਾਣ ਤੋਂ ਬਿਨਾਂ ਉਹ ਇਨਕਲਾਬੀ ਜਮਹੂਰੀ ਪਰਚੇ, ਹਿਰਾਵਲ ਦਸਤਾ ਅਤੇ ਇਨਕਲਾਬੀ ਸਾਡਾ ਰਾਹ ਦੇ ਸੰਪਾਦਕ ਵੀ ਰਹੇ ਹਨ।

ਦੇਸ਼ ਭਗਤ ਯਾਦਗਾਰ ਦੇ ਸੰਸਥਾਪਕਾਂ ਵਿੱਚੋਂ ਅਤੇ ਲੰਬਾ ਸਮਾਂ ਟਰੱਸਟ ਦੇ ਪ੍ਰਧਾਨ ਰਹੇ ਭਗਤ ਸਿੰਘ ਬਿਲਗਾ ਜੀ ਨੇ ਅਜਮੇਰ ਸਿੰਘ ਨੂੰ ਟਰੱਸਟ ਦਾ ਮੈਂਬਰ ਬਣਾਇਆ। 2017 ਵਿੱਚ ਉਹਨਾਂ ਨੂੰ ਟਰੱਸਟ ਦਾ ਮੀਤ ਪ੍ਰਧਾਨ ਚੁਣਿਆ ਗਿਆ, ਪ੍ਰਧਾਨ ਗੁਰਮੀਤ ਸਿੰਘ ਢੱਡਾ ਦੇ ਵਿਛੋੜੇ ਤੋਂ ਬਾਅਦ ਉਹਨਾਂ ਨੂੰ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਤੋਂ ਬਾਅਦ ਵੀ ਉਹ ਦੋ ਵਾਰੀ ਪ੍ਰਧਾਨ ਚੁਣੇ ਗਏ। ਤਾਜ਼ਾ ਹੋਈ ਚੋਣ ਵਿੱਚ ਪਾਰਟੀ ਵਿੱਚ ਆਪਣੀਆਂ ਵਧੀਆਂ ਜ਼ਿੰਮੇਵਾਰੀਆਂ ਕਾਰਨ ਉਹਨਾਂ ਨੇ ਟਰੱਸਟ ਦਾ ਕੋਈ ਵੀ ਅਹੁਦਾ ਲੈਣ ਤੋਂ ਇਨਕਾਰ ਕਰ ਦਿੱਤਾ। ਦੇਸ਼ ਭਗਤ ਯਾਦਗਾਰ ਟਰੱਸਟ ਵਿੱਚ ਲੱਗਭੱਗ ਸਾਰੀਆਂ ਖੱਬੀਆਂ ਧਿਰਾਂ ਦੀ ਮੌਜੂਦਗੀ ਹੈ, ਪਰ ਉਹ ਆਪਣੀ ਪ੍ਰਪੱਕਤਾ ਅਤੇ ਠਰ੍ਹੰਮੇ ਵਾਲੇ ਸੁਭਾਅ ਕਾਰਨ ਸਭ ਨੂੰ ਨਾਲ ਲੈ ਕੇ ਚੱਲਦੇ ਰਹੇ ਅਤੇ ਕਦੀ ਵੀ ਕੋਈ ਖਾਸ ਕੁੜੱਤਣ ਪੈਦਾ ਨਹੀਂ ਹੋਣ ਦਿੱਤੀ। ਦੇਸ਼ ਭਗਤ ਯਾਦਗਾਰ ਟਰੱਸਟ ਵਿੱਚ ਉਹਨਾਂ ਦਾ ਰੋਲ ਮਿਸਾਲੀ ਰਿਹਾ ਹੈ।

ਕਾਮਰੇਡ ਅਜਮੇਰ ਸਿੰਘ ਮਾਨਵੀ ਗੁਣਾਂ ਦਾ ਅਨਮੋਲ ਖਜ਼ਾਨਾ ਸਨ। ਪਾਰਟੀ ਦੇ ਅੰਦਰ ਜੇਕਰ ਕਿਸੇ ਦਾ ਗੁੱਸਾ ਗਿਲਾ ਹੋ ਜਾਂਦਾ ਤਾਂ ਫਾਇਰ ਫਾਈਟਰ ਦਾ ਕੰਮ ਕਾਮਰੇਡ ਅਜਮੇਰ ਸਿੰਘ ਹੁੰਦੇ ਸਨ। ਜੇਕਰ ਕਿਸੇ ਸਾਥੀ ਦੀ ਕੋਈ ਨਿੱਜੀ ਜਾਂ ਘਰੇਲੂ ਸਮੱਸਿਆ ਹੁੰਦੀ ਤਾਂ ਕਾਮਰੇਡ ਬਿਨਾਂ ਰਸਮੀ ਬੁਲਾਵੇ ਨਾਲ ਖੜਾ ਹੁੰਦਾ। ਪਾਰਟੀ ਨੂੰ ਕੋਈ ਕਿਸੇ ਪ੍ਰਕਾਰ ਦੀ ਜ਼ਰੂਰਤ ਹੁੰਦੀ ਤਾਂ ਅਜਮੇਰ ਵੱਲ ਵੇਖਿਆ ਜਾਂਦਾ ਸੀ ਅਤੇ ਉਹ ਮੁਸ਼ਕਿਲਕੁਸ਼ਾ ਸਾਬਿਤ ਹੁੰਦਾ। ਉਹ ਕਿਸੇ ਦੀ ਅਲੋਚਨਾ ਵੀ ਕਰਦੇ ਤਾਂ ਇਸ ਤਰ੍ਹਾਂ ਕਰਦੇ ਕਿ ਕਿਸੇ ਨੂੰ ਹੇਠੀ ਮਹਿਸੂਸ ਨਾ ਹੋਵੇ। ਉਹ ਸਿਧਾਂਤ ਦੇ ਪੱਕੇ, ਅਸੂਲਾਂ ਦੇ ਦ੍ਰਿੜ੍ਹ ਅਤੇ ਵਰਤਾਅ ਵਿੱਚ ਲਚਕਦਾਰ। ਉਹ 53 ਸਾਲਾਂ ਤੱਕ ਸੰਘਰਸ਼ਾਂ ਦੀ ਕੁਠਾਲੀ ਵਿੱਚ ਢਲਿਆ ਖਰਾ ਸੋਨਾ ਸੀ। ਉਨ੍ਹਾਂ ਨੇ ਜਿਸ ਪਾਰਟੀ ਵਿੱਚ ਆਪਣਾ ਰਾਜਨੀਤਕ ਜੀਵਨ ਸ਼ੁਰੂ ਕੀਤਾ, 53 ਸਾਲਾਂ ਬਾਅਦ ਉਸੇ ਪਾਰਟੀ ਦੇ ਆਗੂ ਵਜੋਂ ਰੁਖਸਤ ਹੋਏ। ਉਨ੍ਹਾਂ ਲਈ ਰਾਜਨੀਤਕ ਰਿਸ਼ਤੇ, ਸਭ ਰਿਸ਼ਤਿਆਂ ਤੋਂ ਉੱਪਰ ਸਨ, ਪਰ ਹਰ ਰਿਸ਼ਤੇ ਦਾ ਬਣਦਾ ਮਾਣ ਰੱਖਣਾ ਉਹਨਾਂ ਦੀ ਕਮਾਲ ਦੀ ਰਾਜਨੀਤਕ ਵਿਸ਼ੇਸ਼ਤਾ ਸੀ।

ਸਾਮਰਾਜ, ਦਲਾਲ ਸਰਮਾਏਦਾਰੀ, ਜਗੀਰਦਾਰੀ ਦੇ ਗਠਜੋੜ ਦੇ ਰਾਜ ਦੇ ਖ਼ਾਤਮੇ ਅਤੇ ਮਜ਼ਦੂਰਾਂ-ਕਿਸਾਨਾਂ ਅਤੇ ਹੋਰ ਕਿਰਤੀਆਂ ਦਾ ਰਾਜ ਲਿਆਉਣ ਲਈ ਉਹ ਲੜਦੇ ਰਹੇ। ਮਨੁੱਖ ਹੱਥੋਂ ਮਨੁੱਖ ਦੀ ਲੁੱਟ ਦਾ ਖਾਤਮਾ ਕਰਕੇ ਬਰਾਬਰੀ ਵਾਲਾ ਸਮਾਜ ਸਿਰਜਣਾ ਉਨ੍ਹਾਂ ਦਾ ਸੁਪਨਾ ਸੀ। ਉਨ੍ਹਾਂ ਦੇ ਸੁਪਨੇ ਨੂੰ ਸਾਕਾਰ ਕਰਨ ਦਾ ਪ੍ਰਣ ਕਰਨ ਅਤੇ ਉਹਨਾਂ ਨੂੰ ਸੰਗਰਾਮੀ ਸ਼ਰਧਾਂਜ਼ਲੀ ਦੇਣ ਲਈ 8 ਸਤੰਬਰ ਨੂੰ ਉਹਨਾਂ ਦੇ ਜੱਦੀ ਪਿੰਡ ਸਮਰਾਏ ਪਹੁੰਚੀਏ।

**# ਸੰਪਰਕ : 98152-11079**

# ਗੈਰ-ਸੰਵਿਧਾਨਕ ਤੇ ਗੈਰ-ਵਿਗਿਆਨਕ ਵਿਚਾਰਾਂ ਦਾ ਪ੍ਰਚਾਰ ਆਰ ਐੱਸ ਐੱਸ ਦੇ ਏਜੰਡੇ ਦਾ ਹਿੱਸਾ-ਸੀ ਪੀ ਆਈ

**ਆਈ ਆਈ ਟੀ ਮੰਡੀ ਵਿਖੇ ਜਾਤੀ ਅਧਾਰਤ ਵਿਤਕਰੇ ਨੂੰ ਉਤਸ਼ਾਹਤ ਕਰਨ ਵਾਲੇ ਪੋਸਟਰਾਂ ਦੀ ਹੋਵੇ ਜਾਂਚ**

**ਲੁਧਿਆਣਾ (ਐੱਮ ਐੱਸ ਭਾਟੀਆ)**- ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਲੁਧਿਆਣਾ ਜ਼ਿਲ੍ਹਾ ਇਕਾਈ ਨੇ ਆਈ ਆਈ ਟੀ ਮੰਡੀ ਵਿਖੇ ਜਾਤੀ-ਅਧਾਰਤ ਵਿਤਕਰੇ ਤੇ ਉੱਤਮਤਾ ਅਤੇ ਹੀਣਤਾ ਦੀਆਂ ਧਾਰਨਾਵਾਂ ਨੂੰ ਉਤਸ਼ਾਹਤ ਕਰਨ ਵਾਲੇ ਪੋਸਟਰ ਚਿਪਕਾਉਣ ਦੀ ਜਾਂਚ ਦੀ ਮੰਗ ਕੀਤੀ ਹੈ। ਪਾਰਟੀ ਨੇ ਇਹ ਵੀ ਮੰਗ ਕੀਤੀ ਹੈ ਕਿ ਜ਼ਿੰਮੇਵਾਰ ਲੋਕਾਂ ਦੀ ਪਛਾਣ ਕੀਤੀ ਜਾਵੇ ਤੇ ਉਨ੍ਹਾਂ ਨੂੰ ਸਜ਼ਾ ਦਿੱਤੀ ਜਾਵੇ।ਪਾਰਟੀ ਵੱਲੋਂ ਜਾਰੀ ਇੱਕ ਬਿਆਨ ਵਿੱਚ, ਇਸ ਦੇ ਆਗੂਆਂ ਨੇ ਕਿਹਾ ਕਿ ਅਜਿਹਾ ਕੰਮ ਨਾ ਸਿਰਫ਼ ਗੈਰ-ਸੰਵਿਧਾਨਕ ਹੈ, ਸਗੋਂ ਜਦੋਂ ਆਈ ਆਈ ਟੀ ਵਰਗੀ ਪ੍ਰਮੁੱਖ ਵਿਗਿਆਨਕ ਸੰਸਥਾ ਵਿੱਚ ਕੀਤਾ ਜਾਂਦਾ ਹੈ, ਤਾਂ ਇਹ ਸਮਾਜ ਨੂੰ ਪਿੱਛੇ ਧੱਕਣ ਤੇ ਵੰਡੀਆਂ ਨੂੰ ਕਾਇਮ ਰੱਖਣ ਦੀ ਸਾਜ਼ਿਸ਼ ਦੇ ਬਰਾਬਰ ਹੈ।ਜੇਕਰ ਅਧਿਕਾਰੀਆਂ ਨੂੰ ਅਜਿਹੀਆਂ ਗਤੀਵਿਧੀਆਂ ਬਾਰੇ ਪਤਾ ਸੀ, ਤਾਂ ਮਾਮਲਾ ਹੋਰ ਵੀ ਗੰਭੀਰ ਹੈ, ਕਿਉਂਕਿ ਅਜਿਹੇ ਅਦਾਰਿਆਂ ਦੇ ਅਧਿਕਾਰੀ ਵਿਗਿਆਨਕ ਗਿਆਨ ਤੇ ਵਿਗਿਆਨਕ ਸੁਭਾਅ ਨੂੰ ਉਤਸ਼ਾਹਤ ਕਰਨ ਲਈ ਹੁੰਦੇ ਹਨ, ਨਾ ਕਿ ਮਿੱਥਾਂ ਤੇ ਅੰਧਵਿਸ਼ਵਾਸਾਂ ਦਾ ਪ੍ਰਚਾਰ ਕਰਨ ਲਈ।ਆਈ ਆਈ ਟੀ ਦਿੱਲੀ ਸਰਕਾਰ ਦੇ ਸਵਰੋਪ (ਪੰਚਗਵਯ 'ਤੇ ਵਿਗਿਆਨਕ ਪ੍ਰਮਾਣਿਕਤਾ ਤੇ ਖੋਜ) ਪ੍ਰੋਗਰਾਮ ਦੇ ਤਹਿਤ ਗਊ ਮੂਤਰ ਤੇ ਦੁੱਧ ਸੰਬੰਧੀ ਖੋਜ ਪ੍ਰਸਤਾਵਾਂ ਵਿੱਚ ਸ਼ਾਮਲ ਰਹੀ ਹੈ।2017 ਵਿੱਚ, ਰਿਪੋਰਟਾਂ ਦੇ ਅਨੁਸਾਰ, ਆਈਆਈਟੀ ਦਿੱਲੀ ਨੂੰ ਵੱਖ-ਵੱਖ ਅਕਾਦਮਿਕ ਤੇ ਖੋਜ ਸੰਸਥਾਵਾਂ ਤੋਂ 50 ਖੋਜ ਪ੍ਰਸਤਾਵ ਪ੍ਰਾਪਤ ਹੋਏ ਸਨ।ਆਈ ਆਈ ਟੀ ਮਦਰਾਸ ਦੇ ਖੋਜਕਰਤਾਵਾਂ ਨੇ ਤਕਨੀਕੀ ਉਪਯੋਗਾਂ ਲਈ ਗਾਂ ਦੇ ਗੋਬਰ ਦਾ ਵੀ ਅਧਿਐਨ ਕੀਤਾ ਹੈ।ਉਦਾਹਰਣ ਵਜੋਂ, ਆਈ ਆਈ ਟੀ ਮਦਰਾਸ ਦੇ ਖੋਜਕਰਤਾਵਾਂ ਨੇ ਰਿਪੋਰਟ ਦਿੱਤੀ ਕਿ ਗਾਂ ਦਾ ਗੋਬਰ ਧਾਤਾਂ ਲਈ ਖੋਰ ਰੋਕਣ ਵਜੋਂ ਕੰਮ ਕਰ ਸਕਦਾ ਹੈ।ਇਸ ਮੁੱਦੇ ਨੇ ਹਾਲ ਹੀ ਵਿੱਚ ਹੋਰ ਧਿਆਨ ਖਿਚਿਆ ਸੀ, ਕਿਉਂਕਿ ਇਸ ਦੇ ਡਾਇਰੈਕਟਰ ਵੀ. ਕਾਮਾਕੋਟੀ ਨੇ ਜਨਤਕ ਤੌਰ 'ਤੇ ਗਊ ਮੂਤਰ ਦੇ ਸੰਭਾਵਿਤ ਐਂਟੀਬੈਕਟੀਰੀਅਲ ਤੇ ਐਂਟੀਫੰਗਲ ਗੁਣਾਂ 'ਤੇ ਟਿੱਪਣੀ ਕੀਤੀ ਸੀ।ਉਨ੍ਹਾਂ ਦੀਆਂ ਟਿੱਪਣੀਆਂ ਨੇ ਕਾਫ਼ੀ ਵਿਵਾਦ ਪੈਦਾ ਕਰ ਦਿੱਤਾ।2026 ਦੀ ਇੱਕ ਰਿਪੋਰਟ ਵਿੱਚ ਇਹ ਵੀ ਦਰਜ ਕੀਤਾ ਗਿਆ ਸੀ ਕਿ ਸਰਕਾਰ ਦੇ ਸੂਤਰਾ-ਪਿਕ ਪ੍ਰੋਗਰਾਮ ਦੇ ਤਹਿਤ, ਆਈਆਈਟੀ ਖੋਜਕਰਤਾਵਾਂ ਨੇ ਪੰਚਗਵਯ, ਗਊ ਮੂਤਰ ਤੇ ਗੋਬਰ ਨਾਲ ਸਬੰਧਤ ਖੋਜ ਕੀਤੀ ਸੀ।ਅਜਿਹੇ ਬੇਤੁਕੇ ਤੇ ਗੈਰ-ਵਿਗਿਆਨਕ ਵਿਚਾਰਾਂ ਦਾ ਪ੍ਰਚਾਰ ਆਰ ਐੱਸ ਐੱਸ ਦੇ ਏਜੰਡੇ ਦਾ ਹਿੱਸਾ ਹੈ, ਜਿਸ ਵਿੱਚ ਲੋਕਾਂ ਨੂੰ ਮਿੱਥਾਂ ਵਿੱਚ ਫਸਾਇਆ ਜਾਂਦਾ ਹੈ ਅਤੇ ਵਿਗਿਆਨਕ ਸੋਚ ਤੋਂ ਦੂਰ ਰੱਖਿਆ ਜਾਂਦਾ ਹੈ।ਸਮਾਜ ਵਿੱਚ ਵੰਡੀਆਂ ਪਾ ਕੇ, ਭਾਵੇਂ ਧਰਮ ਦੇ ਨਾਮ 'ਤੇ ਹੋਵੇ ਜਾਂ ਜਾਤ ਦੇ ਨਾਮ 'ਤੇ, ਉਹ ਇੱਕ ਬ੍ਰਾਹਮਣਵਾਦੀ ਸਮਾਜਿਕ ਵਿਵਸਥਾ ਸਥਾਪਤ ਕਰਨ ਦੀ ਕੋਸ਼ਿਸ਼ ਕਰਦੇ ਹਨ।ਇਤਿਹਾਸ ਇਸ ਤੱਥ ਦਾ ਗਵਾਹ ਹੈ ਕਿ ਉਨ੍ਹਾਂ ਨੇ ਕਦੇ ਵੀ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਨਹੀਂ ਲਿਆ।ਮੋਹਨ ਭਾਗਵਤ ਹਾਲ ਹੀ ਵਿੱਚ ਅਮਰੀਕਾ ਤੇ ਯੂਰਪ ਦੇ ਦੌਰੇ ਤੋਂ ਵਾਪਸ ਆਏ ਹਨ, ਜਿੱਥੇ ਉਨ੍ਹਾਂ ਨੇ ਸਦਭਾਵਨਾ ਬਾਰੇ ਬਿਆਨ ਦਿੱਤੇ ਸਨ, ਪਰ ਇੱਥੇ ਦੇਸ਼ ਵਿੱਚ, ਉਹ ਧਰਮ ਦੇ ਨਾਮ 'ਤੇ ਹਿੰਸਾ ਬਾਰੇ ਇੱਕ ਵੀ ਸ਼ਬਦ ਨਹੀਂ ਬੋਲਦੇ।ਬਿਆਨ ਜਾਰੀ ਕਰਨ ਵਾਲਿਆਂ ਵਿੱਚ ਕਾਰਜਕਾਰੀ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਲੁਧਿਆਣਾ ਸ਼ਹਿਰੀ ਸਕੱਤਰ ਐੱਮ ਐੱਸ ਭਾਟੀਆ, ਜ਼ਿਲ੍ਹਾ ਸਹਾਇਕ ਸਕੱਤਰ ਡਾ. ਰਜਿੰਦਰ ਪਾਲ ਸਿੰਘ ਔਲਖ, ਡਾਕਟਰ ਅਰੁਣ ਮਿੱਤਰਾ, ਰਮੇਸ਼ ਰਤਨ, ਕੇਵਲ ਸਿੰਘ ਬਨਵੈਤ ਤੇ ਵਿਜੇ ਕੁਮਾਰ ਸ਼ਾਮਲ ਹਨ।

# ਆਂਗਣਵਾੜੀ ਵਰਕਰਜ਼-ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਡੀ ਸੀ ਨੂੰ ਮੰਗ ਪੱਤਰ

**ਆਂਗਣਵਾੜੀ ਵਰਕਰਾਂ ਰਾਸ਼ਨ ਕਾਰਡ ਵੈਰੀਫਿਕੇਸ਼ਨ ਦੀ ਡਿਊਟੀ ਨਹੀਂ ਕਰਨਗੀਆ-ਸਰੋਜ ਛੱਪੜੀਵਾਲਾ, ਸੁਨੀਲ ਕੌਰ ਬੇਦੀ**

**ਜਲਾਲਾਬਾਦ, (ਜੀਤ ਕੁਮਾਰ)**-ਆਲ ਇੰਡੀਆ ਆਂਗਣਵਾੜੀ ਵਰਕਰਜ਼ ਤੇ ਹੈਲਪਰਜ਼ ਯੂਨੀਅਨ (ਏਟਕ) ਵੱਲੋਂ ਡਿਪਟੀ ਕਮਿਸ਼ਨਰ ਫਾਜ਼ਿਲਕਾ ਦਫਤਰ ਵਿਖੇ ਵੱਡੀ ਗਿਣਤੀ ਵਿੱਚ ਇਕੱਠ ਕਰਕੇ ਡਿਪਟੀ



ਕਮਿਸ਼ਨਰ ਦੇ ਨਾਂਅ ਸੁਪਰਡੈਂਟ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਸਬੰਧੀ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਸਰੋਜ ਛੱਪੜੀਵਾਲਾ ਤੇ ਸੂਬਾ ਜਨਰਲ ਸਕੱਤਰ ਸੁਨੀਲ ਕੌਰ ਬੇਦੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਜਾ ਰਹੇ ਰਾਸ਼ਨ ਕਾਰਡ ਦੀ ਵੈਰੀਫਿਕੇਸ਼ਨ ਕਰਵਾਉਣ ਲਈ ਆਂਗਣਵਾੜੀ ਵਰਕਰਾਂ ਦੀ ਡਿਊਟੀ ਲਗਾਈ ਗਈ ਹੈ, ਪਰ ਆਂਗਣਵਾੜੀ ਵਰਕਰ ਕੋਲ ਪਹਿਲਾਂ ਹੀ ਮੋਬਾਇਲ ਫੋਨ 'ਤੇ ਕੰਮ ਜ਼ਿਆਦਾ ਹੈ, ਜਿਸ ਵਿੱਚ ਲਾਭਪਾਤਰੀ ਨੂੰ ਰਾਸ਼ਨ ਦੇਣ ਸਮੇਂ ਐੱਫ.ਆਰ.ਐੱਸ. ਕਰਨ ਲਈ ਕਈ-ਕਈ ਵਾਰ ਫੋਟੋ ਕੈਪਚਰ ਕਰਨੀ ਪੈਂਦੀ ਹੈ। ਫਿਰ ਵੀ 90 ਫੀਸਦੀ ਕੰਮ ਪੂਰਾ ਨਹੀਂ ਹੁੰਦਾ, ਕਿਉਂਕਿ ਕਈ ਵਾਰ ਫੋਟੋ ਕੈਪਚਰ ਨਹੀਂ ਹੁੰਦੀ। ਐੱਮ ਸੇਵਾ ਤੇ ਪੈਡ ਵੰਡਣ ਦਾ ਕੰਮ ਵੀ ਫੋਟੋ ਕੈਪਚਰ ਕਰਕੇ ਕਰਨਾ ਹੁੰਦਾ ਹੈ। ਹਾਲੇ ਤੱਕ ਤਾਂ ਮਾਵਾਂ-ਧੀਆਂ ਸਕੀਮ ਤਹਿਤ ਕੰਮ ਵੀ ਚੱਲ ਰਿਹਾ ਹੈ। ਕੁਝ ਲਾਭਪਾਤਰੀਆਂ ਦੇ ਪੈਸੇ ਨਾ ਆਉਣ ਕਰਕੇ ਵਾਰ ਵਾਰ ਗੇੜੇ ਲਾਉਂਦੇ ਹਨ। ਕੰਮ ਜ਼ਿਆਦਾ ਹੋਣ ਕਰਕੇ ਵਰਕਰ ਸੈਂਟਰ ਟਾਇਮ ਤੋਂ ਬਾਅਦ ਵੀ ਰਾਤ 10 ਵਜੇ ਤੱਕ ਪੋਸ਼ਣ ਟਰੈਕਰ ਦਾ ਕੰਮ ਕਰਦੀ ਹੈ। ਫਿਰ ਵੀ ਕੰਮ ਪੂਰਾ ਨਹੀਂ ਹੁੰਦਾ। ਆਂਗਣਵਾੜੀ ਵਰਕਰ ਤੋਂ ਪਹਿਲਾਂ ਮਸ਼ੀਨ ਦੀ ਤਰ੍ਹਾਂ ਤੇ ਹੁਣ ਏ. ਆਈ. ਸਮਝ ਕੇ ਕੰਮ ਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਪਹਿਲਾਂ ਹੀ ਜ਼ਿਆਦਾ ਕੰਮ ਹੋਣ 'ਤੇ ਸਾਡੀ ਮੰਗ ਹੈ ਕਿ ਆਂਗਣਵਾੜੀ ਵਰਕਰਾਂ ਵੱਲੋਂ ਇਹ ਕੰਮ ਨਾ ਕਰਵਾਇਆ ਜਾਵੇ। ਇਹ ਕੰਮ ਉਨ੍ਹਾਂ ਵੱਲੋਂ ਨਹੀਂ ਕੀਤਾ ਜਾਵੇਗਾ। ਇਸ ਮੌਕੇ ਬਲਵਿੰਦਰ ਕੌਰ ਮੁਹੰਮਦੇਵਾਲਾ, ਸੁਖਵਿੰਦਰ ਕੌਰ ਅਬੋਹਰ, ਭਗਵੰਤ ਕੌਰ ਨਕੇਰੀਆਂ, ਰਾਜ ਕੌਰ ਲਮੋਚੜ, ਕੈਲਾਸ਼ ਕੌਰ ਜਲਾਲਾਬਾਦ, ਕੁਸਮ ਲਤਾ ਨੇ ਵੀ ਭਾਗ ਲਿਆ।

# ਮਾਰਕਸਵਾਦ ਰਾਹ ਦਸੇਰਾ ਤੇ ਕਮਿਊਨਿਸਟ ਪਾਰਟੀ ਸਮਾਜਵਾਦ ਦੇ ਸਿਧਾਂਤ ਨੂੰ ਲਾਗੂ ਕਰਨ ਵਾਲੀ ਮੋਹਰੀ ਤਾਕਤ : ਡਾਕਟਰ ਮਿੱਤਰਾ

**ਲੁਧਿਆਣਾ (ਐੱਮ ਐੱਸ ਭਾਟੀਆ)**-ਸੀ ਪੀ ਆਈ ਜ਼ਿਲ੍ਹਾ ਲੁਧਿਆਣਾ ਦੀ ਹੈਵੋਵਾਲ ਬ੍ਰਾਂਚ ਵੱਲੋਂ ਪਾਰਟੀ ਸਕੂਲ ਦਾ ਆਯੋਜਨ ਕੀਤਾ ਗਿਆ।ਪਾਰਟੀ ਦਾ ਸਕੂਲ ਸੀਨੀਅਰ ਪਾਰਟੀ ਆਗੂ ਤੇ ਸਾਬਕਾ ਕੌਮੀ ਕੌਂਸਲ ਮੈਂਬਰ ਡਾਕਟਰ ਅਰੁਣ ਮਿੱਤਰਾ ਵੱਲੋਂ ਲਿਆ ਗਿਆ।ਉਨ੍ਹਾਂ ਕਿਹਾ ਕਿ ਸਮਾਜਵਾਦ ਰਾਹ ਦਸੇਰਾ ਹੈ ਤੇ ਲੁੱਟ ਖਸੁੱਟ ਦੇ ਪੂੰਜੀਵਾਦੀ ਪ੍ਰਬੰਧ ਨੂੰ ਖ਼ਤਮ ਕਰਕੇ ਸਮਾਜਵਾਦ ਲਿਆਉਣਾ ਹੀ ਮਨੁੱਖਤਾ ਲਈ ਲਾਹੇਵੰਦ ਹੈ।ਇਸ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਮੋਹਰੀ ਰੋਲ ਅਦਾ ਕਰ ਰਹੀ ਹੈ। ਮਾਰਕਸਵਾਦ ਦੀ ਵਿਆਖਿਆ ਕਰਦੇ ਹੋਏ ਉਨ੍ਹਾਂ ਕਿਹਾ ਕਿ ਇਹ ਵਿਗਿਆਨ ਦੇ ਮੁਤਾਬਕ ਸਮਾਜ ਦੀ ਗਤੀਸ਼ੀਲਤਾ ਦਾ ਉਲੇਖ ਹੈ ਤੇ ਰਾਜਨੀਤਕ ਤੌਰ 'ਤੇ ਵਿਕਾਸ ਪਰਿਵਰਤਨ ਦੀ ਦਿਸ਼ਾ ਦਿੰਦਾ ਹੈ। ਮਾਰਕਸ ਤੇ ਉਨ੍ਹਾਂ ਦੇ ਸਹਿਯੋਗੀ ਫੈਡਰਿਕ ਐਂਗਲਸ ਨੇ ਕਮਿਊਨਿਸਟ ਮੈਨੀਫੈਸਟੋ ਲਿਖਿਆ, ਜਿਸ ਨੇ ਕਿ ਬਾਅਦ ਵਿੱਚ ਦੁਨੀਆ ਦੇ ਅਨੇਕਾਂ ਦੇਸ਼ਾਂ ਦੇ ਵਿੱਚ ਸਮਾਜਵਾਦੀ ਇਨਕਲਾਬ ਲਿਆਉਣ ਦੀ ਪ੍ਰੇਰਨਾ ਦਿੱਤੀ।ਵਲਾਦੀਮੀਰ ਇਲੀਚ ਲੈਨਿਨ ਦੀ ਅਗਵਾਈ ਦੇ ਹੇਠ ਸਮਾਜਵਾਦੀ ਇਨਕਲਾਬ ਲਿਆ ਕੇ ਸੋਵੀਅਤ ਸੰਘ ਦੀ ਸਥਾਪਨਾ ਕੀਤੀ ਗਈ।ਉਥੇ ਲੋਕਾਂ ਦੀਆਂ ਰੋਜ਼ ਮਰਾ ਦੀਆਂ ਲੋੜਾਂ ਜਿਨ੍ਹਾਂ ਵਿੱਚ ਸਿੱਖਿਆ, ਸਿਹਤ, ਰੁਜ਼ਗਾਰ, ਇਸਤਰੀਆਂ ਦੇ ਹੱਕ, ਕਿਸਾਨਾਂ ਦੇ ਹੱਕ, ਕਾਮਿਆਂ ਦੇ ਹੱਕ, ਸਾਰਿਆਂ ਦੇ ਬਾਰੇ ਭਰਪੂਰ ਚਰਚਾ ਕਰਕੇ ਲੋਕਾਂ ਨੂੰ ਨਾਲ ਲੈ ਕੇ ਸਮਾਜਵਾਦ ਸਿਰਜਿਆ ਗਿਆ।ਇਸੇ ਸਦਕਾ ਹੀ ਦੂਸਰੀ ਜੰਗ ਦੇ ਵਿੱਚ ਸੋਵੀਅਤ ਸੰਘ ਨੇ ਹਿਟਲਰ ਨੂੰ ਹਾਰ ਦਿੱਤੀ।ਬਾਅਦ ਵਿੱਚ



ਸੋਵੀਅਤ ਸੰਘ ਨੇ ਨਵੇਂ ਆਜ਼ਾਦ ਹੋਏ ਵਿਕਾਸਸ਼ੀਲ ਦੇਸ਼ਾਂ ਦੀ ਨਾਲ ਸਹਿਯੋਗ ਕਰਕੇ ਉਨ੍ਹਾਂ ਨੂੰ ਉਸਾਰਨ ਵਿੱਚ ਪੂਰਨ ਯੋਗਦਾਨ ਪਾਇਆ।ਇਸ ਨੇ ਸਾਬਿਤ ਕਰ ਦਿੱਤਾ ਕਿ ਸਰਮਾਏਦਾਰੀ ਦੇ ਵਿੱਚ ਮੁਨਾਫਾ ਹੀ ਪ੍ਰਧਾਨ ਹੁੰਦਾ ਹੈ, ਜਦੋਂਕਿ ਸਮਾਜਵਾਦ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵੱਲ ਕਾਰਜਸ਼ੀਲ ਹੁੰਦਾ ਹੈ।ਅੱਜ ਸਾਰੀ ਦੁਨੀਆ ਭਰ ਵਿੱਚ ਜੰਗਾਂ ਦਾ ਮਾਹੌਲ ਹੈ। ਹਥਿਆਰ ਬਣਾਉਣ ਵਾਲੇ ਉਦਯੋਗ ਅਥਾਹ ਮੁਨਾਫਾ ਕਮਾਉਣ ਦੇ ਵਿੱਚ ਲੱਗੇ ਹੋਏ ਹਨ।ਭਾਰਤ ਅੰਦਰ ਤਾਨਾਸ਼ਾਹੀ ਸਰਕਾਰ ਕਾਮਿਆਂ ਦੇ ਹੱਕਾਂ ਦਾ ਘਾਣ ਕਰ ਰਹੀ ਹੈ, ਧੰਨ ਕੁਬੇਰਾਂ ਦੀ ਸੇਵਾ ਕਰ ਰਹੀ ਹੈ ਤੇ ਮਿਥਿਆ ਦਾ ਪ੍ਰਚਾਰ ਕਰਕੇ ਲੋਕਾਂ ਦੀ ਆਸਥਾ ਨੂੰ ਵਰਤ ਕੇ ਸੱਤਾ ਵਿੱਚ ਕਾਬਜ਼ ਰਹਿਣ ਦੀ ਕੋਸ਼ਿਸ਼ ਵਿੱਚ ਲੱਗੀ ਹੋਈ ਹੈ।ਇਸ ਨਾਲ ਸਮਾਜ ਪਿੱਛੇ ਨੂੰ ਧੱਕਿਆ ਜਾ ਰਿਹਾ ਹੈ।ਉਹ ਸਮਾਜ ਦੇ ਵਿੱਚ ਝਗੜੇ ਕਰਵਾ ਕੇ ਘੱਟ ਗਿਣਤੀਆਂ, ਦਲਿਤਾਂ ਅਤੇ ਔਰਤਾਂ 'ਤੇ ਅੱਤਿਆਚਾਰ ਕਰਕੇ ਅਰਾਜਕਤਾ ਫੈਲਾਉਣ ਵਿੱਚ ਲੱਗੀ ਹੋਈ ਹੈ।ਅੱਜ ਕਮਿਊਨਿਸਟਾਂ ਦਾ ਕੰਮ ਵਿਸ਼ਵ ਸ਼ਾਂਤੀ, ਲੋਕ ਏਕਤਾ ਤੇ ਸਦਭਾਵਨਾ ਨੂੰ ਅੱਗੇ ਵਧਾਉਣਾ ਤੇ ਕਾਮਿਆਂ ਦੀ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਨਾ ਹੈ।ਪਹਿਲੀ ਸਤੰਬਰ 2026 ਨੂੰ ਦਿੱਲੀ ਵਿਖੇ ਪਾਰਟੀ ਵੱਲੋਂ ਕੀਤੀ ਗਈ ਵਿਸ਼ਾਲ ਰੈਲੀ ਇਸ ਦਿਸ਼ਾ ਵੱਲ ਕਦਮ ਹੈ।ਇਸ ਸੰਦਰਭ ਵਿੱਚ ਪਾਰਟੀ ਵੱਲੋਂ ਉਲੀਕੇ ਗਏ ਦੋ ਅਕਤੂਬਰ ਨੂੰ ਸਦਭਾਵਨਾ ਦਿਵਸ, 7 ਨਵੰਬਰ ਨੂੰ ਅਕਤੂਬਰ ਇਨਕਲਾਬ ਦਿਵਸ ਮਨਾਉਣ ਤੇ ਫਿਰ ਇੱਕ ਦੋ-ਤਿੰਨ ਦਸੰਬਰ ਨੂੰ ਲੋਕ ਹਿਤੂ ਮੰਗਾਂ ਲਈ ਗ੍ਰਿਫਤਾਰੀਆਂ ਦੇਣ ਦਾ ਪ੍ਰੋਗਰਾਮ ਮਹੱਤਵਪੂਰਨ ਹਨ। ਇਸ ਮੌਕੇ ਪਾਰਟੀ ਦੀ ਜ਼ਿਲ੍ਹਾ ਐਗਜੈਕਟਿਵ ਮੈਂਬਰ ਕਾਮਰੇਡ ਕੁਲਵੰਤ ਕੌਰ, ਜ਼ਿਲ੍ਹਾ ਕੌਂਸਲ ਮੈਂਬਰ ਅਜੀਤ ਜਵੱਦੀ, ਅਵਤਾਰ ਛਿੱਬੜ, ਰਣਧੀਰ ਸਿੰਘ ਧੀਰਾ, ਸ਼ਹਿਰੀ ਸਹਾਇਕ ਸਕੱਤਰ ਡਾਕਟਰ ਵਿਨੋਦ, ਅਨਿਲ ਕੁਮਾਰ, ਰਾਮਾਧਾਰ ਸਿੰਘ, ਅਜੈ ਰਾਮ, ਗੁੱਡੂ ਕੁਮਾਰ ਤੋਂ ਇਲਾਵਾ ਹੋਰ ਅਨੇਕਾਂ ਸਾਥੀ ਸ਼ਾਮਲ ਹੋਏ।

## ਕਾਤਰਾਂ

### ਢਾਬੇ ਦੇ ਬਾਹਰੋਂ ਸਰੀਏ ਦਾ ਭਰਿਆ ਕੈਂਟਰ ਚੋਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** : ਸਰਹਿੰਦ ਨੇੜਲੇ ਪਿੰਡ ਭੱਟਮਾਜਰਾ ਵਿਖੇ ਇੱਕ ਢਾਬੇ ਦੇ ਬਾਹਰੋਂ ਸਰੀਏ ਦਾ ਭਰਿਆ ਕੈਂਟਰ ਚੋਰੀ ਹੋ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕੈਂਟਰ ਮਾਲਕ ਗੁਰਦੀਪ ਸਿੰਘ ਵਾਸੀ ਲੁਧਿਆਣਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦਾ ਡਰਾਈਵਰ ਸ਼ਿਵ ਕੁਮਾਰ ਕੈਂਟਰ ਵਿੱਚ ਕਰੀਬ 8 ਲੱਖ ਰੁਪਏ ਦਾ ਸਰੀਆ ਲੱਦ ਕੇ ਲੁਧਿਆਣਾ ਤੋਂ ਅੰਬਾਲਾ ਸਾਈਡ ਨੂੰ ਜਾ ਰਿਹਾ ਸੀ।ਰਾਤ ਕਰੀਬ ਸਵਾ ਬਾਰਾਂ ਵਜੇ ਸਰਹਿੰਦ ਨੇੜਲੇ ਪਿੰਡ ਭੱਟਮਾਜਰਾ ਵਿਖੇ ਜੀ ਟੀ ਰੋਡ 'ਤੇ ਸਥਿਤ ਨੰਬਰਦਾਰ ਢਾਬੇ ਸਾਹਮਣੇ ਸ਼ਿਵ ਕੁਮਾਰ ਨੇ ਹਾਈਵੇ 'ਤੇ ਕੈਂਟਰ ਰੋਕਿਆ ਤੇ ਢਾਬੇ ਅੰਦਰ ਚਾਹ ਪੀਣ ਲਈ ਚਲਾ ਗਿਆ।ਕਰੀਬ 10 ਮਿੰਟ ਬਾਅਦ ਜਦੋਂ ਸ਼ਿਵ ਕੁਮਾਰ ਢਾਬੇ 'ਚੋਂ ਨਿਕਲ ਕੇ ਕੈਂਟਰ ਕੋਲ ਵਾਪਸ ਆਇਆ ਤਾਂ ਏਨੇ ਚਿਰ ਤੱਕ ਨਾਮਾਲੂਮ ਵਿਅਕਤੀ ਉਸ ਦਾ ਸਰੀਏ ਦਾ ਭਰਿਆ ਕੈਂਟਰ ਉਥੋਂ ਚੋਰੀ ਕਰਕੇ ਲਿਜਾ ਚੁੱਕੇ ਸਨ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਸਰਹਿੰਦ ਵਿਖੇ ਨਾਮਾਲੂਮ ਵਿਅਕਤੀ/ਵਿਅਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕਰਵਾ ਕੇ ਨਜ਼ਦੀਕੀ ਚੌਂਕੀਆਂ ਦੀ ਪੁਲਸ ਨੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

### ਹਰਭਜਨ ਸੇਲਬਰਾਹ ਦੀਆਂ ਲਿਖਤਾਂ 'ਤੇ ਰਾਜ ਪੱਧਰੀ ਗੋਸ਼ਟੀ 17 ਨੂੰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਪਿੰਡ ਸੇਲਬਰਾਹ ਦੇ ਜੰਮਪਲ ਤੇ ਰਾਮਪੁਰਾ ਫੂਲ ਵਿਖੇ ਰਹਿ ਰਹੇ ਪ੍ਰਸਿੱਧ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਨੂੰ ਹਰਿਆਣਾ ਸਰਕਾਰ ਦੇ 'ਹਰਿਆਣਾ ਸਾਹਿਤ ਤੇ ਸੰਸਕ੍ਰਿਤੀ ਅਕਾਦਮੀ' ਜੋ ਕਿ ਹਰਿਆਣਾ ਸਰਕਾਰ ਦੁਆਰਾ ਸਥਾਪਤ ਇਕ ਖੁਦ ਮੁਖਤਿਆਰ ਸੰਸਥਾ ਹੈ, ਵੱਲੋਂ ਹਰਭਜਨ ਸਿੰਘ ਸੇਲਬਰਾਹ ਦਾ ਸਤਿਕਾਰ ਕਰਦੇ ਹੋਏ ਉਨ੍ਹਾਂ ਦੀਆਂ ਸਾਰੀਆਂ ਲਿਖਤਾਂ ਉੱਤੇ ਇਕ ਰਾਜ ਪੱਧਰੀ ਗੋਸ਼ਟੀ 17 ਸਤੰਬਰ ਨੂੰ ਕਰਵਾਈ ਜਾ ਰਹੀ ਹੈ।ਇਸ ਵਿੱਚ ਸਾਹਿਤ ਜਗਤ ਦੀਆਂ ਮਹਾਨ ਸ਼ਖਸੀਅਤਾਂ ਆਪਣੇ ਵਿਚਾਰ ਰੱਖਣਗੀਆਂ।ਇਸ ਤੋਂ ਇਲਾਵਾ ਵਿਦਵਾਨ ਡਾਕਟਰ ਜਸਵੰਤ ਸਿੰਘ ਤੇ ਡਾਕਟਰ ਜਗਪਾਲ ਸਿੰਘ ਉਨ੍ਹਾਂ ਉੱਤੇ ਪਰਚੇ ਪੜ੍ਹਨਗੇ।ਉਨ੍ਹਾਂ ਨੂੰ ਇਸ ਤਰ੍ਹਾਂ ਦਾ ਰਾਜ ਪੱਧਰੀ ਸਨਮਾਨ ਮਿਲਣਾ ਇਲਾਕਾ ਨਿਵਾਸੀਆਂ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ।

### ਇੱਕ ਹਫ਼ਤੇ 'ਚ 6 ਗ੍ਰਾਮ ਚਿੱਟਾ, 128 ਨਸ਼ੀਲੀਆਂ ਗੋਲੀਆਂ ਤੇ 103 ਬੋਤਲਾਂ ਦੇਸੀ ਸ਼ਰਾਬ ਠੇਕਾ ਬਰਾਮਦ

**ਧੂਰੀ, (ਮੋਹਿਤ ਗਰਗ)**- ਜ਼ਿਲ੍ਹਾ ਸੰਗਰੂਰ ਪੁਲਿਸ ਮੁਖੀ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ 31 ਅਗਸਤ ਤੋਂ 6 ਸਤੰਬਰ ਤੱਕ ਚਲਾਈ ਗਈ ਇਸ ਵਿਸ਼ੇਸ਼ ਕਾਰਵਾਈ ਦੌਰਾਨ ਪੁਲਿਸ ਨੇ ਨਸ਼ਾ ਤਸਕਰੀ, ਟ੍ਰੈਫਿਕ ਨਿਯਮਾਂ ਦੀ ਉਲੰਘਣਾ ਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ 'ਤੇ ਸਖ਼ਤ ਸ਼ਿਕੰਜਾ ਕੱਸਿਆ ਹੈ।ਨਸ਼ਿਆਂ ਵਿਰੁੱਧ ਵਿੱਢੇ ਯੁੱਧ ਦੌਰਾਨ ਧੂਰੀ ਅਧੀਨ ਆਉਂਦੇ ਵੱਖ-ਵੱਖ ਥਾਣਿਆਂ ਦੀ ਪੁਲਿਸ ਨੇ 07 ਮੁਕੱਦਮੇ ਦਰਜ ਕਰਕੇ 08 ਦੋਸ਼ੀਆਂ ਨੂੰ ਕਾਬੂ ਕੀਤਾ ਹੈ।ਇਨ੍ਹਾਂ ਕੋਲੋਂ 06 ਗ੍ਰਾਮ ਹੀਰੋਇਨ (ਚਿੱਟਾ), 128 ਨਸ਼ੀਲੀਆਂ ਗੋਲੀਆਂ ਅਤੇ 103 ਬੋਤਲਾਂ ਦੇਸੀ ਸ਼ਰਾਬ ਠੇਕਾ ਬਰਾਮਦ ਕੀਤੀ ਗਈ।ਪੁਲਸ ਵੱਲੋਂ ਕੇਵਲ ਕਾਨੂੰਨੀ ਕਾਰਵਾਈ ਹੀ ਨਹੀਂ ਕੀਤੀ ਗਈ, ਸਗੋਂ ਮਾਨਵਤਾਵਾਦੀ ਪਹੁੰਚ ਅਪਣਾਉਂਦਿਆਂ ਨਸ਼ੇ ਦੀ ਗ੍ਰਿਫ਼ਤ ਵਿੱਚ ਆਏ 09 ਵਿਅਕਤੀਆਂ ਨੂੰ ਮੁੜ-ਵਸੇਬੇ ਲਈ ਓਏਟ ਸੈਂਟਰ ਤੋਂ ਦਵਾਈ ਦਿਵਾਈ ਗਈ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਪੁਲਿਸ ਨੇ 11 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਦੋਸ਼ੀਆਂ ਖ਼ਿਲਾਫ਼ ਅਦਾਲਤ ਵਿੱਚ ਚਲਾਨ ਪੇਸ਼ ਕਰ ਦਿੱਤੇ ਹਨ।ਜਨਤਕ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਣਦਿਆਂ 44 ਦਰਖ਼ਾਸਤਾਂ ਦਾ ਨਿਪਟਾਰਾ ਕੀਤਾ ਗਿਆ।ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਮੋਟਰ ਵਹੀਕਲ ਐਕਟ ਤਹਿਤ 196 ਵਾਹਨਾਂ ਦੇ ਚਲਾਨ ਕੀਤੇ ਗਏ, ਜਦਕਿ ਸ਼ੱਕੀ ਵਿਅਕਤੀਆਂ ਦੀ ਜਾਂਚ ਦੌਰਾਨ 121 ਵਿਅਕਤੀਆਂ ਵਿਰੁੱਧ 172 ਬੀਐਨਐਸਐਸ ਤਹਿਤ ਰੋਕਥਾਮ ਕਾਰਵਾਈ ਕੀਤੀ ਗਈ।

# ਡੀ ਏ ਤੇ ਓ ਪੀ ਐੱਸ ਸਮੇਤ ਪੰਜਾਬ ਦੇ ਅਹਿਮ ਮੁੱਦਿਆਂ 'ਤੇ ਕਾਂਗਰਸ ਨੇ ਸਰਕਾਰ ਨੂੰ ਘੇਰਿਆ




**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ (ਸ਼ਹਿਰੀ ਤੇ ਦਿਹਾਤੀ) ਵੱਲੋਂ ਪਟਿਆਲਾ ਵਿਖੇ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਸਬੰਧਤ ਮਹਿੰਗਾਈ ਭੱਤੇ ਤੇ ਪੁਰਾਣੀ ਪੈਨਸ਼ਨ ਸਕੀਮ ਸਮੇਤ ਪੰਜਾਬ ਦੇ ਵੱਖ-ਵੱਖ ਭਖਦੇ ਮੁੱਦਿਆਂ ਨੂੰ ਲੈ ਕੇ ਵਿਸ਼ੇਸ਼ ਪ੍ਰੈੱਸ ਵਾਰਤਾ ਕੀਤੀ ਗਈ।ਇਸ ਦੌਰਾਨ ਕਾਂਗਰਸ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਦੇ ਲੰਬਿਤ ਮਾਮਲਿਆਂ ਦਾ ਜਲਦ ਹੱਲ ਕਰਨ ਤੇ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਮੰਗ ਕੀਤੀ। ਪ੍ਰੈੱਸ ਵਾਰਤਾ ਨੂੰ ਮਾਣਯੋਗ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ ਨੇ ਸੰਬੋਧਨ ਕੀਤਾ।ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ (ਸ਼ਹਿਰੀ) ਦੇ ਪ੍ਰਧਾਨ ਸ਼੍ਰੀ ਨਰੇਸ਼ ਕੁਮਾਰ ਦੁੱਗਲ, ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ (ਦਿਹਾਤੀ) ਦੀ ਪ੍ਰਧਾਨ ਸ਼੍ਰੀਮਤੀ ਗੁਰਸ਼ਰਨ ਕੌਰ ਰੰਧਾਵਾ ਤੇ ਸਾਬਕਾ ਏ ਡੀ ਜੀ ਪੀ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਸਰਵਿਸਮੈਨ ਸੈੱਲ ਚੇਅਰਮੈਨ ਗੁਰਿੰਦਰ ਸਿੰਘ ਢਿੱਲੋਂ ਨੇ ਆਪਣੇ ਵਿਚਾਰ ਰੱਖੇ।ਇਸ ਮੌਕੇ ਪੰਜਾਬ ਕਾਂਗਰਸ ਦੀ ਬੁਲਾਰਾ ਤੇ ਪਟਿਆਲਾ ਸੋਸ਼ਲ ਮੀਡੀਆ ਇੰਚਾਰਜ ਮਿਸ ਯਾਮਿਨੀ ਵਰਮਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕਾਂਗਰਸ ਆਗੂਆਂ ਨੇ ਕਿਹਾ ਕਿ ਸਰਕਾਰੀ ਮੁਲਾਜ਼ਮ ਪੰਜਾਬ ਦੇ ਪ੍ਰਸ਼ਾਸਨਕ ਢਾਂਚੇ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਨੇ ਆਪਣੀ ਜ਼ਿੰਦਗੀ ਦੇ ਮਹੱਤਵਪੂਰਨ ਸਾਲ ਪੰਜਾਬ ਤੇ ਲੋਕਾਂ ਦੀ ਸੇਵਾ ਵਿੱਚ ਲਗਾਏ ਹਨ।ਅਜਿਹੇ ਵਿੱਚ ਡੀ ਏ ਦੇ ਲੰਬਿਤ ਬਕਾਏ ਤੇ ਓ ਪੀ ਐੱਸ ਵਰਗੇ ਮਹੱਤਵਪੂਰਨ ਮੁੱਦਿਆਂ ਨੂੰ ਲਗਾਤਾਰ ਟਾਲਣਾ ਮੁਲਾਜ਼ਮਾਂ ਨਾਲ ਬੇਇਨਸਾਫ਼ੀ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਨੂੰ ਸਿਰਫ਼ ਐਲਾਨਾਂ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਉਨ੍ਹਾਂ ਨੂੰ ਸਮਾਂਬੱਧ ਢੰਗ ਨਾਲ ਲਾਗੂ ਕੀਤਾ ਜਾਵੇ।ਡੀ ਏ ਦੇ ਲੰਬਿਤ ਮਾਮਲਿਆਂ ਦਾ ਹੱਲ ਕਰਨ ਦੇ ਨਾਲ-ਨਾਲ ਓ ਪੀ ਐੱਸ ਨੂੰ ਲੈ ਕੇ ਸਰਕਾਰ ਆਪਣਾ ਸਪੱਸ਼ਟ ਰੁਖ ਤੇ ਠੋਸ ਰੋਡਮੈਪ ਵੀ ਸਾਹਮਣੇ ਲਿਆਵੇ।ਕਾਂਗਰਸ ਆਗੂਆਂ ਨੇ ਕਿਹਾ ਕਿ ਪੰਜਾਬ ਅੱਜ ਸਿਰਫ਼ ਮੁਲਾਜ਼ਮਾਂ ਨਾਲ ਜੁੜੇ ਮੁੱਦਿਆਂ ਤੱਕ ਸੀਮਤ ਨਹੀਂ ਹੈ, ਸਗੋਂ ਨਸ਼ਾ, ਕਾਨੂੰਨ-ਵਿਵਸਥਾ, ਵਧਦਾ ਕਰਜ਼ਾ, ਬੇਰੁਜ਼ਗਾਰੀ, ਨੌਜਵਾਨਾਂ ਦਾ ਵਿਦੇਸ਼ਾਂ ਵੱਲ ਪਲਾਇਨ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਉਦਯੋਗ ਤੇ ਨਿਵੇਸ਼ ਦੀ ਕਮੀ ਵਰਗੀਆਂ ਗੰਭੀਰ ਚੁਣੌਤੀਆਂ ਦਾ ਵੀ ਸਾਹਮਣਾ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਨੂੰ ਖਤਮ ਕਰਨ ਲਈ ਸਿਰਫ਼ ਗ੍ਰਿਫ਼ਤਾਰੀਆਂ ਤੇ ਸਰਕਾਰੀ ਮੁਹਿੰਮਾਂ ਕਾਫ਼ੀ ਨਹੀਂ ਹਨ।ਪੰਜਾਬ ਦੇ ਵਧਦੇ ਕਰਜ਼ੇ 'ਤੇ ਚਿੰਤਾ ਜ਼ਾਹਰ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਸੂਬੇ ਦੀ ਜਨਤਾ ਦੇ ਸਾਹਮਣੇ ਆਰਥਿਕ ਸਥਿਤੀ ਬਾਰੇ ਪਾਰਦਰਸ਼ਤਾ ਰੱਖਣੀ ਚਾਹੀਦੀ ਹੈ ਅਤੇ ਦੱਸਣਾ ਚਾਹੀਦਾ ਹੈ ਕਿ ਵਧਦੇ ਕਰਜ਼ੇ ਦੇ ਵਿਚਕਾਰ ਪੰਜਾਬ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰਨ ਲਈ ਕਿਹੜੇ ਠੋਸ ਕਦਮ ਚੁੱਕੇ ਜਾ ਰਹੇ ਹਨ।ਕਾਂਗਰਸ ਆਗੂਆਂ ਨੇ ਪੰਜਾਬ ਦੇ ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਲਾਇਨ 'ਤੇ ਵੀ ਚਿੰਤਾ ਜ਼ਾਹਰ ਕੀਤੀ।ਕਿਸਾਨਾਂ ਦੇ ਮੁੱਦੇ 'ਤੇ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਫ਼ਸਲਾਂ ਦੀ ਯਕੀਨੀ ਖਰੀਦ, ਸਮੇਂ ਸਿਰ ਮੁਆਵਜ਼ਾ, ਫ਼ਸਲੀ ਵਿਭਿੰਨਤਾ ਲਈ ਅਸਲ ਸਹਾਇਤਾ ਅਤੇ ਵਧ ਰਹੀ ਖੇਤੀ ਲਾਗਤ ਤੇ ਕਰਜ਼ੇ ਤੋਂ ਰਾਹਤ ਦੀ ਲੋੜ ਹੈ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਾਰੇ ਮੁੱਦਿਆਂ 'ਤੇ ਰਾਜਨੀਤੀ ਤੋਂ ਉੱਪਰ ਉੱਠ ਕੇ ਠੋਸ ਤੇ ਸਮਾਂਬੱਧ ਕਾਰਵਾਈ ਕੀਤੀ ਜਾਵੇ।ਪ੍ਰੈੱਸ ਵਾਰਤਾ ਦੌਰਾਨ ਕਾਂਗਰਸ ਆਗੂਆਂ ਨੇ ਇਕਜੁੱਟ ਹੋ ਕੇ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਉਨ੍ਹਾਂ ਦਾ ਹੱਕ, ਨੌਜਵਾਨਾਂ ਨੂੰ ਰੁਜ਼ਗਾਰ, ਕਿਸਾਨਾਂ ਨੂੰ ਰਾਹਤ, ਉਦਯੋਗ ਨੂੰ ਉਤਸ਼ਾਹ ਤੇ ਆਮ ਲੋਕਾਂ ਨੂੰ ਸੁਰੱਖਿਅਤ ਮਾਹੌਲ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਹੈ।

# 29 ਗ੍ਰਾਮ ਹੈਰੋਇਨ ਸਮੇਤ 4 ਨਸ਼ਾ ਤਸਕਰ ਗ੍ਰਿਫ਼ਤਾਰ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** : ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਫ਼ਰੀਦਕੋਟ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ 4 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ।ਪੁਲਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿੱਲੋ 29 ਗ੍ਰਾਮ ਹੈਰੋਇਨ, ਇੱਕ ਬਰੀਜ਼ਾ ਗੱਡੀ ਤੇ 3 ਆਈ-ਫੋਨ ਬਰਾਮਦ ਕੀਤੇ ਹਨ।ਐਸ.ਐਸ.ਪੀ. ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਤੇ ਥਾਣਾ ਸਦਰ ਕੋਟਕਪੂਰਾ ਦੀ ਟੀਮ ਨੇ ਪਿੰਡ ਖਾਰਾ ਨੇੜੇ ਬੰਦ ਪਏ ਪੈਟਰੋਲ ਪੰਪ ਕੋਲ ਖੜ੍ਹੀ ਸ਼ੱਕੀ ਗੱਡੀ ਨੂੰ ਘੇਰ ਕੇ ਇਹ ਬਰਾਮਦਗੀ ਕੀਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸੰਦੀਪ ਸਿੰਘ ਉਰਫ਼ ਸੀਪਾ (ਹਰੀਕੇ ਕਲਾਂ), ਮਨਵੀਰ ਸਿੰਘ ਉਰਫ਼ ਹਨੀ (ਖਾਰਾ), ਪ੍ਰਵੇਸ਼ ਤੇ ਵਾਸੂ ਬਿਰਲਾ (ਦੋਵੇਂ ਕੋਟਕਪੂਰਾ) ਵਜੋਂ ਹੋਈ ਹੈ।ਪੁਲਸ ਨੇ ਥਾਣਾ ਸਦਰ ਕੋਟਕਪੂਰਾ ਵਿਖੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਦਾਲਤ ਤੋਂ 2 ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਹੈ ਤਾਂ ਜੋ ਨਸ਼ਾ ਸਪਲਾਈ ਦੇ ਨੈੱਟਵਰਕ ਤੇ ਪਿਛਲੇ ਲਿੰਕਾਂ ਦਾ ਪਰਦਾਫ਼ਾਸ਼ ਕੀਤਾ ਜਾ ਸਕੇ।

# ਹੱਲਾ ਬੋਲ ਮੁਹਿੰਮ ਤਹਿਤ ਡੇਂਗੂ ਵਿਰੋਧੀ ਗਤੀਵਿਧੀਆਂ ਜਾਰੀ



**ਮੂਨਕ (ਰਾਜਪਾਲ ਸਿੰਗਲਾ)**- ਸਿਵਲ ਸਰਜਨ ਸੰਗਰੂਰ ਡਾ. ਅਮਰਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਸੀਨੀਅਰ ਮੈਡੀਕਲ ਅਫ਼ਸਰ ਮੂਨਕ ਡਾ ਬਲਵਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਹੱਲਾ ਬੋਲ ਮੁਹਿੰਮ ਤਹਿਤ ਮੂਨਕ ਵਿਖੇ (ਪ੍ਰਾਇਮਰੀ ਹੈਲਥ ਸੈਂਟਰ ਮੂਨਕ) ਦੀ ਟੀਮ ਵੱਲੋਂ ਡੇਂਗੂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ।ਲੋਕਾਂ ਨੂੰ ਡੇਂਗੂ ਤੋਂ ਬਚਾਅ, ਰੋਕਥਾਮ ਤੇ ਇਲਾਜ ਸਬੰਧੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਡੇਂਗੂ ਏਡੀਜ਼ ਅਟਪਟੀ ਨਾਂਅ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ।ਇਹ ਮੱਛਰ ਸਾਫ਼ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਤੇ ਦਿਨ ਵੇਲੇ ਕੱਟਦਾ ਹੈ।ਉਨ੍ਹਾਂ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਤੇਜ਼ ਬੁਖਾਰ,ਸਿਰ ਦਰਦ, ਮਾਸਪੇਸ਼ੀਆਂ ਦਰਦ, ਚਮੜੀ ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਸੂੜੇ ਤੇ ਨੱਕ ਵਿਚੋਂ ਖ਼ੂਨ ਦਾ ਵਗਣਾ ਆਦਿ ਇਸ ਦੇ ਲੱਛਣ ਹਨ।ਸੋ ਡੇਂਗੂ ਤੋਂ ਬਚਾਅ ਲਈ ਆਲੇ-ਦੁਆਲੇ ਸਫ਼ਾਈ ਦੇ ਨਾਲ-ਨਾਲ ਹਰ ਹਫ਼ਤੇ ਕੂਲਰਾਂ ਫਰਿੱਜਾਂ ਤੇ ਗਮਲਿਆਂ, ਟਰੇਅ ਵਿੱਚ ਖੜ੍ਹੇ ਪਾਣੀ ਨੂੰ ਜ਼ਰੂਰ ਸਾਫ਼ ਕਰੋ।

# ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ

**ਤਲਵੰਡੀ ਸਾਬੋ (ਜਗਦੀਪ ਗਿੱਲ)**- ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ, ਪੰਜਾਬੀ ਯੂਨੀਵਰਸਿਟੀ ਕੈਂਪਸ, ਤਲਵੰਡੀ ਸਾਬੋ ਵਿਖੇ ਸੈਸ਼ਨ 2026-27 ਦੌਰਾਨ ਬੀ.ਟੈੱਕ, ਡਿਪਲੋਮਾ, ਐੱਮ.ਸੀ.ਏ. ਤੇ ਬੀ.ਸੀ.ਏ. ਕੋਰਸਾਂ ਦੇ ਪਹਿਲੇ ਸਾਲ ਵਿੱਚ ਦਾਖਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਨਵਦੀਪ ਗੋਇਲ,




ਪ੍ਰੋਫ਼ੈਸਰ ਤੇ ਮੁਖੀ ਯਾਦਵਿੰਦਰਾ ਇੰਜੀਨੀਅਰਿੰਗ ਵਿਭਾਗ ਦੇ ਸੁਆਗਤੀ ਭਾਸ਼ਣ ਨਾਲ ਹੋਈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਭਾਗ ਅਤੇ ਕੈਂਪਸ ਦਾ ਹਿੱਸਾ ਬਣਨ 'ਤੇ ਵਧਾਈ ਦਿੰਦਿਆਂ ਸੱਦਾ ਦਿੱਤਾ ਕਿ ਉਹ ਵਿਭਾਗ ਦੇ ਬਹੁਤ ਹੀ ਯੋਗ ਤੇ ਤਜ਼ਰਬੇਕਾਰ ਅਧਿਆਪਕਾਂ ਦੀ ਯੋਗ ਅਗਵਾਈ ਅਤੇ ਪ੍ਰੇਰਨਾ ਸਦਕਾ ਗੇਟ ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਪਾਸ ਕਰਨ ਵਰਗੇ ਟੀਚੇ ਹਾਸਲ ਕਰਨ ਲਈ ਸਿਰਤੋੜ ਯਤਨ ਕਰਨ। ਕੈਂਪਸ ਡਾਇਰੈਕਟਰ ਪ੍ਰੋ. ਅਮਨਦੀਪ ਸਿੰਘ ਨੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਨੂੰ ਸ਼ੁਭ ਇੱਛਾਵਾਂ ਭੇਜਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਡਾ. ਗਗਨਦੀਪ ਕੌਸ਼ਲ, ਐਸੋਸੀਏਟ ਪ੍ਰੋਫ਼ੈਸਰ ਵੱਲੋਂ ਵਿਦਿਆਰਥੀਆਂ ਨੂੰ ਅਕਾਦਮਿਕ ਕਾਰਜਾਂ, ਪੜ੍ਹਾਈ ਦੇ ਢੰਗ ਤੇ ਵਿਭਾਗ ਵਿੱਚ ਉਪਲਬਧ ਵੱਖ-ਵੱਖ ਤਰ੍ਹਾਂ ਦੀਆਂ ਸਹੂਲਤਾਂ ਬਾਰੇ ਵਿਸਥਾਰਪੂਰਵਕ ਜਾਣੂ ਕਰਾਇਆ ਗਿਆ।ਉਨ੍ਹਾਂ ਕਾਲਜ ਵਿੱਚ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦੀਆਂ ਵੱਖ-ਵੱਖ ਗਤੀਵਿਧੀਆਂ ਨੂੰ ਪ੍ਰਫੁੱਲਤ ਕਰਨ ਲਈ ਕਾਇਮ ਕੀਤੇ ਵੱਖ-ਵੱਖ ਕਲੱਬਾਂ ਦੀ ਵਿਸਥਾਰਤ ਜਾਣਕਾਰੀ ਦਿੱਤੀ। ਸਹਾਇਕ ਪ੍ਰੋਫ਼ੈਸਰ ਡਾ. ਮਨੋਜ ਕੁਮਾਰ ਵੱਲੋਂ ਵਿਦਿਆਰਥੀਆਂ ਨੂੰ ਐੱਨ.ਸੀ.ਸੀ. ਤੇ ਐੱਨ.ਐੱਸ.ਐੱਸ. ਦੀ ਮਹੱਤਤਾ ਅਤੇ ਇਨ੍ਹਾਂ ਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਨੋਡਲ ਅਫ਼ਸਰ ਇੰਜੀ ਪ੍ਰਦੀਪ ਜਿੰਦਲ ਵੱਲੋਂ ਵਿਦਿਆਰਥੀਆਂ ਨੂੰ ਪੋਸਟ-ਮੈਟ੍ਰਿਕ ਤੇ ਕੌਮੀ ਪੱਧਰ ਦੀਆਂ ਸਕਾਲਰਸ਼ਿਪ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

# ਲਾਇਨਜ਼ ਕਲੱਬ ਵੱਲੋਂ ਪ੍ਰਾਇਮਰੀ ਸਕੂਲ ਮਧੇਕੇ ਦੇ ਸਟਾਫ਼ ਦਾ ਸਨਮਾਨ

**ਬੱਚਿਆਂ ਦੇ ਦੰਦਾਂ ਤੇ ਅੱਖਾਂ ਦਾ ਕੀਤਾ ਚੈੱਕਅਪ**

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** : ਅਧਿਆਪਕ ਦਿਵਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਮਧੇਕੇ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਮੌਕੇ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਵੱਲੋਂ ਸਕੂਲ ਦੇ ਸਮੂਹ ਸਟਾਫ਼ ਨੂੰ ਸਨਮਾਨਤ ਕੀਤਾ ਗਿਆ।ਇਸ ਦੌਰਾਨ ਅਧਿਆਪਕਾਂ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਿਭਾਈ ਜਾ ਰਹੀ ਅਹਿਮ ਭੂਮਿਕਾ ਦੀ ਸ਼ਲਾਘਾ ਕੀਤੀ ਗਈ।ਸਮਾਗਮ ਦੌਰਾਨ ਡਾਕਟਰ ਸਤਿੰਦਰਪਾਲ ਸਿੰਘ ਸੋਢੀ ਵੱਲੋਂ ਸਕੂਲ ਦੇ ਬੱਚਿਆਂ ਦੇ ਦੰਦਾਂ ਦਾ ਚੈੱਕਅਪ ਕੀਤਾ ਗਿਆ।ਇਸ ਤੋਂ ਇਲਾਵਾ ਬੱਚਿਆਂ ਦੀਆਂ ਅੱਖਾਂ ਦੀ ਵੀ ਜਾਂਚ ਕੀਤੀ ਗਈ।ਬੱਚਿਆਂ ਨੂੰ ਸਿਹਤ ਸੰਭਾਲ, ਦੰਦਾਂ ਤੇ ਅੱਖਾਂ ਦੀ ਸਫ਼ਾਈ ਸਬੰਧੀ ਜ਼ਰੂਰੀ ਜਾਣਕਾਰੀ ਵੀ ਦਿੱਤੀ ਗਈ।ਇਸ ਮੌਕੇ ਸਕੂਲ ਦੇ ਹੈੱਡ ਟੀਚਰ ਸਤਪਾਲ ਸਿੰਘ, ਅਧਿਆਪਕ ਮਨਦੀਪ ਕੌਰ, ਰਜਿੰਦਰ ਕੁਮਾਰ, ਮਨਜਿੰਦਰ ਕੌਰ, ਮਨਜੀਤ ਕੌਰ ਤੇ ਅਮਰਜੀਤ ਕੌਰ ਤੋਂ ਇਲਾਵਾ ਸਕੂਲ ਦੇ ਕੁੱਕ ਜਗਦੀਪ ਸਿੰਘ, ਕਮਲਪ੍ਰੀਤ ਕੌਰ, ਜੋਤੀ ਕੌਰ ਤੇ ਸਵੀਪਰ ਵੀਰਪਾਲ ਕੌਰ ਨੂੰ ਵੀ ਸਨਮਾਨਤ ਕੀਤਾ ਗਿਆ।ਬੁਲਾਰਿਆਂ ਨੇ ਕਿਹਾ ਕਿ ਅਧਿਆਪਕ ਬੱਚਿਆਂ ਨੂੰ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਚੰਗੇ ਭਵਿੱਖ ਦੀ ਨੀਂਹ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਅਧਿਆਪਕਾਂ ਦਾ ਸਨਮਾਨ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਲਾਇਨਜ਼ ਕਲੱਬ ਨਿਹਾਲ ਸਿੰਘ ਵਾਲਾ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਸਮਾਗਮ ਵਿੱਚ ਪਲਾਨਿੰਗ ਬੋਰਡ ਜ਼ਿਲ੍ਹਾ ਮੋਗਾ ਦੇ ਚੇਅਰਮੈਨ



ਬਰਿੰਦਰ ਸ਼ਰਮਾ ਨਿਹਾਲ ਸਿੰਘ ਵਾਲਾ, ਮਾਰਕੀਟ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਖਾਲਸਾ, ਡਾਕਟਰ ਗੋਰਾ ਮਧੇਕੇ, ਜਸਵੰਤ ਮਧੇਕੇ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ, ਸਮੂਹ ਗ੍ਰਾਮ ਪੰਚਾਇਤ ਮੈਂਬਰ ਆਦਿ ਹਾਜ਼ਰ ਸਨ।ਇਸ ਮੌਕੇ ਲਾਇਨਜ਼ ਕਲੱਬ ਦੇ ਪ੍ਰਧਾਨ ਸੋਨੂੰ ਮੰਗਲਾਂ, ਰਜਿੰਦਰ ਗਰਗ, ਪ੍ਰਦੀਪ ਗਰਗ, ਪਵਨ ਗੋਇਲ, ਰਾਮ ਲਾਲ ਜੈਨ, ਚੇਅਰਮੈਨ ਵਿਸ਼ਾਲ ਮਿੱਤਲ, ਬਲਜਿੰਦਰ ਬਾਂਸਲ, ਦੀਸ਼ ਦੀਪਕ ਬਿੱਟਾ, ਆਸ਼ੂ ਸਿੰਗਲਾ, ਪ੍ਰਦੀਪ ਗੋਇਲ, ਰੋਹਿਤ ਗਰਗ, ਰੇਸ਼ਮ ਜੜਾ, ਮਨੋਜ ਬਾਂਸਲ ਆਦਿ ਸਮੇਤ ਕਲੱਬ ਦੇ ਹੋਰ ਮੈਂਬਰ ਮੌਜੂਦ ਸਨ।

# ਹੁਣ ਅਧਿਆਪਕ ਰਾਸ਼ਨ ਕਾਰਡਾਂ ਦੀ ਕਰਨਗੇ ਪੜਤਾਲ !

**ਅਖੌਤੀ ਸਿੱਖਿਆ ਕ੍ਰਾਂਤੀ ਦੇ ਡਰਾਮੇ 'ਚ ਸਕੂਲ ਹੋਣਗੇ ਖਾਲੀ : ਡੀ ਟੀ ਐੱਫ਼**

**ਮਾਨਸਾ, (ਆਤਮਾ ਸਿੰਘ ਪਮਾਰ)**- ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਨੇ ਨਵੇਂ ਰਾਸ਼ਨ ਕਾਰਡਾਂ ਲਈ ਆਈਆਂ ਅਰਜ਼ੀਆਂ ਦੀ ਪੜਤਾਲ ਕਰਨ ਵਾਸਤੇ 658 ਸਰਕਾਰੀ ਸਕੂਲ ਅਧਿਆਪਕਾਂ ਨੂੰ ਤਾਇਨਾਤ ਕਰ ਦਿੱਤਾ ਹੈ।ਪਹਿਲਾਂ ਹੀ ਐੱਸ ਆਈ ਆਰ, ਡਰੱਗ ਸਰਵੇ, ਜਣਗਣਨਾ ਤੇ ਹੋਰ ਗ਼ੈਰ ਵਿਦਿਅਕ ਕੰਮਾਂ 'ਚ ਉਲਝੇ ਅਧਿਆਪਕਾਂ ਨੂੰ ਇੱਕ ਇੱਕ ਵਾਰ ਫਿਰ ਸਕੂਲਾਂ ਤੋਂ ਬਾਹਰ ਕਰ ਦਿੱਤਾ ਹੈ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਤਾਇਨਾਤੀ ਉਸ ਸਮੇਂ ਕੀਤੀ ਗਈ ਹੈ, ਜਦੋਂ ਸੂਬੇ ਦੇ ਸਰਕਾਰੀ ਸਕੂਲਾਂ 'ਚ ਘਰੇਲੂ ਪ੍ਰੀਖਿਆਵਾਂ ਸ਼ੁਰੂ ਹੋਣ ਵਾਲੀਆਂ ਹਨ ਤੇ ਪਹਿਲਾਂ ਹੀ ਲਗਭਗ 25000 ਅਧਿਆਪਕ ਵੱਖ ਵੱਖ ਗ਼ੈਰ-ਵਿੱਦਿਅਕ ਕੰਮਾਂ ਲਈ ਸਕੂਲਾਂ ਤੋਂ ਬਾਹਰ ਕੀਤਾ ਹੋਇਆ ਹੈ। ਆਗੂਆਂ ਨੇ ਕਿਹਾ ਕਿ ਸਿੱਖਿਆ ਮਹਿਕਮੇ 'ਚ ਮਨਜ਼ੂਰ ਲਗਭਗ ਸਵਾ ਲੱਖ ਅਧਿਆਪਕਾਂ 'ਚੋਂ 35000 ਦੇ ਕਰੀਬ ਪੋਸਟਾਂ ਪਹਿਲਾਂ ਹੀ ਖਾਲੀ ਹਨ ਤੇ 25000 ਦੇ ਕਰੀਬ ਅਧਿਆਪਕ ਗ਼ੈਰ-ਵਿੱਦਿਅਕ ਕੰਮਾਂ 'ਚ ਲਾਏ ਹੋਏ ਹਨ ਤਾਂ ਸਕੂਲਾਂ ਦਾ ਕੀ ਹਾਲ ਹੋਵੇਗਾ ? ਡੀ ਟੀ ਐੱਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬਹਿਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਨਵੰਬਰ ਮਹੀਨੇ ਤੋਂ ਹੋਣ ਵਾਲੀ ਜਨ ਗਣਨਾ 'ਚ ਲਗਭਗ 65000 ਅਧਿਆਪਕਾਂ ਨੂੰ ਸਕੂਲਾਂ 'ਚੋਂ ਬਾਹਰ ਕਰ ਦਿੱਤਾ ਜਾਵੇਗਾ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਸਿੰਘ ਕਿਹਾ ਕਿ ਇਹ ਵਿਦਿਆਰਥੀਆਂ ਦੇ ਭਵਿੱਖ ਨਾਲ ਸਿੱਧਾ ਖਿਲਵਾੜ ਹੈ। ਸਰਕਾਰ ਰਾਜਨੀਤਕ ਹਿੱਤਾਂ ਦੀ ਪੂਰਤੀ ਲਈ ਅਧਿਆਪਕਾਂ ਨੂੰ ਪੜ੍ਹਾਉਣ ਦੀ ਬਜਾਏ ਹੋਰ ਕੰਮਾਂ ਵਿੱਚ ਉਲਝਾ ਕੇ ਸਕੂਲਾਂ ਤੋਂ ਦੂਰ ਕਰ ਰਹੀ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਅਧਿਆਪਕਾਂ ਨੂੰ ਹਰ ਤਰ੍ਹਾਂ ਦੇ ਗ਼ੈਰ-ਵਿੱਦਿਅਕ ਕੰਮਾਂ ਤੋਂ ਫਾਰਗ ਕਰਕੇ ਸਕੂਲਾਂ 'ਚ ਵਿਦਿਆਰਥੀਆਂ ਨੂੰ ਪੜ੍ਹਾਉਣ ਤੱਕ ਹੀ ਸੀਮਤ ਕੀਤਾ ਜਾਵੇ।ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਕੁਲਦੀਪ ਅੱਕਾਂਵਾਲੀ, ਜਰਨੈਲ ਬੋਹਾ, ਸੰਦੀਪ ਚਹਿਲ ਉੱਡਤ, ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪ੍ਰਸ਼ੋਤਮ ਜੰਡੂ, ਕੁਲਜੀਤ ਪਾਠਕ, ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ ਆਦਿ ਆਗੂ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦਾ ਧਰਨਾ ਨੌਵੇਂ ਦਿਨ 'ਚ

**ਲੁਧਿਆਣਾ (ਰੈਕਟਰ ਕਥੂਰੀਆ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਨੌਵੇਂ ਦਿਨ ਵਿੱਚ ਡੀਸੀ ਦਫਤਰ ਅੱਗੇ ਪੱਕੇ ਮੋਰਚੇ ਦਾ ਧਰਨਾ ਜਾਰੀ ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਤੇ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੇ ਦੱਸਿਆ ਕਿ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਨੀਤੀਆਂ ਬਣਾ ਕੇ ਭਾਰਤ ਨੂੰ ਉਨ੍ਹਾਂ ਕੰਪਨੀਆਂ ਦੇ ਹਵਾਲੇ ਕਰਨ ਜਾ ਰਹੀਆਂ ਹਨ। ਸਹੂਲਤੀ ਅਦਾਰਿਆਂ ਦਾ ਨਿੱਜੀਕਰਨ ਕਰਕੇ ਉਨ੍ਹਾਂ ਕੰਪਨੀਆਂ ਨੂੰ ਦਿੱਤਾ ਜਾ ਰਿਹਾ ਹੈ। ਇਸ ਨਾਲ ਆਉਣ ਵਾਲੇ ਸਮੇਂ ਵਿੱਚ ਮਹਿੰਗਾਈ ਤੇ ਬੇਰੁਜ਼ਗਾਰੀ ਵਿੱਚ ਹੋਰ ਵਾਧਾ ਹੋਵੇਗਾ। ਲੈਂਡ ਪੂਲਿੰਗ ਤਹਿਤ ਸਾਡੀਆਂ ਜ਼ਮੀਨਾਂ ਉਨ੍ਹਾਂ ਨੂੰ ਸੰਭਾਲੀਆਂ ਜਾ ਰਹੀਆਂ



ਹਨ। ਨੀਤੀ ਆਯੋਗ ਦੇ ਤਹਿਤ ਸਾਡੀਆਂ ਜ਼ਮੀਨਾਂ ਅਕਵਾਇਰ ਕੀਤੀਆਂ ਜਾ ਰਹੀਆਂ ਹਨ। ਭਾਰਤ ਅਮਰੀਕਾ ਮੁਕਤ ਵਪਾਰ ਵਰਗੇ ਸਮਝੌਤੇ ਕਰਕੇ ਸਾਡੀਆਂ ਫ਼ਸਲਾਂ ਨੂੰ ਮੰਡੀਆਂ ਵਿੱਚ ਰੋਲ ਕੇ ਤੇ ਸਾਨੂੰ ਖੇਤੀ ਵਿੱਚੋਂ ਬਾਹਰ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਇਸ ਲਈ ਸਾਡੀਆਂ 13 ਮੰਗਾਂ ਜਿਨ੍ਹਾਂ ਦੇ ਤਹਿਤ ਲਗਾਤਾਰ ਮੋਰਚਾ ਚੱਲ ਰਿਹਾ ਹੈ। ਕਿਸਾਨ ਆਗੂ ਜਗਮੀਤ ਸਿੰਘ ਕਲਾਹੜ ਨੇ ਕਿਹਾ ਕਿ ਕਿਹਾ ਕਿ ਸਰਕਾਰ ਕਿਸਾਨਾਂ ਪ੍ਰਤੀ ਸੁਹਿਰਦ ਨਹੀਂ ਹੈ, ਸੋ ਸਮੇਂ ਦੀ ਮੰਗ ਹੈ ਕਿ ਆਪਾਂ ਕਿਸਾਨ ਮਜ਼ਦੂਰ ਮੁਲਾਜ਼ਮ ਸਾਰੇ ਇਕੱਠੇ ਹੋ ਕੇ ਸਾਂਝੇ ਸੰਘਰਸ਼ ਰਾਹੀਂ ਆਪਣੀ ਆਵਾਜ਼ ਬੁਲੰਦ ਕਰੀਏ ਤਾਂ ਜੁ ਆਪਾਂ ਇਹਨਾਂ ਨੀਤੀਆਂ ਪਾਲਸੀਆਂ ਨੂੰ ਰੱਦ ਕਰਾ ਸਕੀਏ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਤੇ ਸਿੱਖਿਆਵਾਂ 'ਤੇ ਆਧਾਰਤ ਦਿਖਾਈ ਦਸਤਾਵੇਜ਼ੀ ਫਿਲਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਕਰਾਏ ਜਾ ਰਹੇ ਵੱਖ-ਵੱਖ ਸਮਾਗਮਾਂ ਦੀ ਲੜੀ ਤਹਿਤ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ



ਮਹਾਰਾਜ ਜੀ ਦੇ ਜੀਵਨ, ਫਲਸਫੇ ਤੇ ਮਹਾਨ ਸਿੱਖਿਆਵਾਂ 'ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਉਣ ਦਾ ਸਿਲਸਲਾ ਲਗਾਤਾਰ ਜਾਰੀ ਹੈ। ਹਲਕਾ ਫਾਜ਼ਿਲਕਾ ਦੇ ਪਿੰਡ ਹੀਰਾ ਵਾਲੀ, ਬੇਗਾਂ ਵਾਲੀ, ਜੋੜਕੀ ਕੰਕਰ ਵਾਲੀ, ਮਹਾਤਮ ਨਗਰ, ਚੱਕ ਰੁਹੇਲਾ ਤੇ ਰੇਤੇਵਾਲੀ ਭੈਣੀ ਸਮੇਤ ਵੱਖ ਵੱਖ ਪਿੰਡਾਂ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਅਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਤੇ ਲੋਕਾਂ ਨੇ ਇਹ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।30 ਮਿੰਟ ਦੀ ਇਸ ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਹਨਾਂ ਦੇ ਵਿਲੱਖਣ ਯੋਗਦਾਨ, ਮਨੁੱਖੀ ਕਦਰਾਂ—ਕੀਮਤਾਂ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਭਾਵਨਾ ਅਤੇ ਕਿਰਤ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਤੇ ਸਰਲ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਜਿਸ ਨੇ ਦਰਸ਼ਕਾਂ 'ਤੇ ਡੂੰਘਾ ਪ੍ਰਭਾਵ ਛੱਡਿਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਤੇ ਉਪਦੇਸ਼ਾਂ ਨੂੰ ਆਮ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਫਿਲਮਾਂ ਦਾ ਪ੍ਰਦਰਸ਼ਨ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਹੋਰ ਨੇੜਿਓਂ ਜੁੜ ਸਕਣਗੇ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।

# ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਦੇ ਅਧਿਆਪਕ ਸਨਮਾਨਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ, ਘੱਗਾ ਦੇ ਮੈਂਬਰਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ, ਸਮਰਪਣ ਸਨਮਾਨਤ ਕੀਤਾ



ਗਿਆ।ਸਕੂਲ ਦੇ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੂੰ ਪਬਲਿਕ ਕਾਲਜ, ਸਮਾਣਾ ਵੱਲੋਂ ਤੇ ਸਾਇੰਸ ਅਧਿਆਪਕਾ ਨਿਧੀ ਨੂੰ ਵੀ ਅਧਿਆਪਕ ਦਿਵਸ ਮੌਕੇ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਉਨ੍ਹਾਂ ਦੀ ਸ਼ਾਨਦਾਰ ਅਧਿਆਪਨ ਸੇਵਾ, ਵਿਚਦਿਆਰਥੀਆਂ ਪ੍ਰਤੀ ਸਮਰਪਣ ਤੇ ਵਿਗਿਆਨ ਵਿਸ਼ੇ ਨੂੰ ਰੁਚਿਕਰ ਢੰਗ ਨਾਲ ਪੜ੍ਹਾਉਣ ਲਈ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

# ਅੰਤਰਰਾਜੀ ਅਸਲਾ ਤਸਕਰੀ ਗਰੋਹ ਦੇ 2 ਮੈਂਬਰ 7 ਪਿਸਟਲਾਂ ਸਮੇਤ ਕਾਬੂ

**ਪਟਿਆਲਾ, (ਰਾਜਿੰਦਰ ਥਿੰਦ)**-ਸ੍ਰੀ ਹਰਮਨਦੀਪ ਸਿੰਘ ਹਾਂਸ ਆਈ.ਪੀ.ਐੱਸ ਸੀਨੀਅਰ ਕਪਤਾਨ ਪੁਲਸ ਨੇ ਪ੍ਰੈੱਸ ਨੋਟ ਰਾਹੀਂ ਦੱਸਿਆ ਕਿ ਮਾਨਯੋਗ ਸ਼੍ਰੀ ਗੌਰਵ ਯਾਦਵ ਆਈ.ਪੀ.ਐੱਸ. ਡਾਇਰੈਕਟਰ ਜਨਰਲ ਪੁਲਸ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ 'ਗੈਂਗਸਟਰਾਂ



'ਤੇ ਵਾਰ' ਤਹਿਤ ਚਲਾਈ ਗਈ ਮੁਹਿੰਮ ਦੌਰਾਨ ਤੇ ਮਾਨਯੋਗ ਸ੍ਰੀ ਕੁਲਦੀਪ ਸਿੰਘ ਚਾਹਲ ਡੀ.ਆਈ.ਜੀ. ਪਟਿਆਲਾ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਸ ਵਕਤ ਕਾਮਯਾਬੀ ਮਿਲੀ ਜਦੋਂ ਐੱਸ. ਪੀ. (ਇਨਵੈਸਟੀਗੇਸ਼ਨ) ਦਵਿੰਦਰ ਅੱਤਰੀ ਤੇ ਡੀ. ਐੱਸ. ਪੀ. (ਡੀ) ਗੁਰਵੀਰ ਸਿੰਘ ਅਤੇ ਇੰਸ. ਸਿਮਰਜੀਤ ਸਿੰਘ ਸ਼ੇਰਗਿੱਲ ਇੰਚਾਰਜ ਸੀ. ਆਈ. ਏ. ਪਟਿਆਲਾ ਦੀ ਟੀਮ ਵੱਲੋਂ ਚਲਾਏ ਗਏ ਅਪ੍ਰੇਸ਼ਨ ਦੌਰਾਨ ਮੱਧ ਪ੍ਰਦੇਸ ਤੋਂ ਭਾਰੀ ਮਾਤਰਾ ਵਿੱਚ ਅਸਲਾ ਐਮੋਨੀਸ਼ਨ ਲਿਆ ਕੇ ਪੰਜਾਬ ਵਿੱਚ ਸਪਲਾਈ ਕਰਨ ਵਾਲੇ ਮਨਦੀਪ ਸਿਘ ਉਰਫ ਫੌਜੀ ਪੁੱਤਰ ਸਰਬਨ ਸਿੰਘ ਵਾਸੀ ਪਿੰਡ ਤਲਵੰਡੀ ਥਾਣਾ ਭਦੌੜ ਜ਼ਿਲ੍ਹਾ ਬਰਨਾਲਾ, ਜੋ ਕਿ ਸ਼ਾਸਤਰ ਸੀਮਾਂ ਬਲ (ਛਛਨ) ਵਿੱਚ ਨੌਕਰੀ ਕਰਦਾ ਹੈ ਅਤੇ ਇਸ ਦੇ ਸਾਥੀ ਗੁਰਦੀਪ ਸਿੰਘ ਪੁੱਤਰ ਈਸ਼ਰ ਸਿੰਘ ਉਰਫ ਰੇਸਮ ਸਿੰਘ ਵਾਸੀ ਪਿੰਡ ਜੰਗੀਆਣਾ ਥਾਣਾ ਭਦੌੜ ਜ਼ਿਲ੍ਹਾ ਬਰਨਾਲਾ ਨੂੰ ਮਿਤੀ 06.09.2026 ਨੂੰ ਪਟਿਆਲਾ ਸੰਗਰੂਰ ਰੋਡ ਨੇੜੇ ਪਿੰਡ ਵਜੀਦਪੁਰ ਤੋਂ ਗ੍ਰਿਫਤਾਰ ਕਰਕੇ ਇਨ੍ਹਾਂ ਪਾਸੋਂ 07 ਪਿਸਟਲ ਸਮੇਤ 25 ਰੌਂਦ (ਜਿਨ੍ਹਾਂ ਵਿੱਚ 1 ਪਿਸਟਲ 30 ਬੋਰ ਤੇ 6 ਪਿਸਟਲ 32 ਬੋਰ ਸ਼ਾਮਲ ਹਨ) ਬਰਾਮਦ ਕਰਨ ਦੀ ਸਫਲਤਾ ਹਾਸਲ ਕੀਤੀ ਗਈ ਹੈ। ਸ੍ਰੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ 6 ਸਤੰਬਰ ਨੂੰ ਸੀ.ਆਈ.ਏ. ਪਟਿਆਲਾ ਦੀ ਪੁਲਸ ਪਾਰਟੀ ਦੇ ਥਾਣਾ ਪਸਿਆਣਾ ਦੇ ਏਰੀਆਂ ਵਿੱਚ ਮੌਜੂਦ ਸੀ, ਜਿਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਮਨਦੀਪ ਸਿਘ ਉਰਫ ਫੌਜੀ ਪੁੱਤਰ ਸਰਬਨ ਸਿੰਘ ਵਾਸੀ ਪਿੰਡ ਤਲਵੰਡੀ ਥਾਣਾ ਭਦੌੜ ਜ਼ਿਲ੍ਹਾ ਬਰਨਾਲਾ, ਜੋ ਕਿ ਸ਼ਾਸਤਰ ਸੀਮਾਂ ਬਲ (ਛਛਨ) ਵਿੱਚ ਨੌਕਰੀ ਕਰਦਾ ਹੈ ਆਪਣੇ ਸਾਥੀ ਗੁਰਦੀਪ ਸਿੰਘ ਪੁੱਤਰ ਈਸ਼ਰ ਸਿੰਘ ਉਰਫ ਰੇਸ਼ਮ ਸਿੰਘ ਵਾਸੀ ਪਿੰਡ ਜੰਗੀਆਣਾ ਥਾਣਾ ਭਦੌੜ ਜ਼ਿਲ੍ਹਾ ਬਰਨਾਲਾ ਰਲਕੇ ਮੱਧ ਪ੍ਰਦੇਸ ਤੋਂ ਅਸਲਾ ਐਮੋਨੀਸ਼ਨ ਲਿਆ ਕੇ ਪੰਜਾਬ ਵਿੱਚ ਕਰੀਮੀਨਲ ਵਿਅਕਤੀਆਂ ਨੂੰ ਸਪਲਾਈ ਕਰਦੇ ਹਨ, ਜਿਸ 'ਤੇ ਮਨਦੀਪ ਸਿੰਘ ਫੌਜੀ ਤੇ ਗੁਰਦੀਪ ਸਿੰਘ ਉਕਤਾਨ ਖਿਲਾਫ ਮੁਕੱਦਮਾ ਨੰਬਰ 183 ਮਿਤੀ 06.09.2026 ਅ/ਧ 25(7) ਅਸਲਾ ਐਕਟ ਥਾਣਾ ਪਸਿਆਣਾ ਦਰਜ ਕੀਤਾ ਗਿਆ।ਤਫਤੀਸ਼ ਦੌਰਾਨ ਦੋਸ਼ੀਆਨ ਉਕਤਾਨ ਦੇ ਕਬਜ਼ੇ ਵਿੱਚੋਂ 07 ਪਿਸਟਲ ਸਮੇਤ 25 ਰੋਂਦ ਬਰਾਮਦ ਹੋਏ ਹਨ, ਜਿਨ੍ਹਾਂ ਵਿੱਚ 1 ਪਿਸਟਲ 30 ਬੋਰ ਤੇ 6 ਪਿਸਟਲ 32 ਬੋਰ ਸ਼ਾਮਲ ਹਨ। ਗ੍ਰਿਫਤਾਰ ਕੀਤੇ ਦੋਸ਼ੀਆਨ ਉਕਤਾਨ ਪਾਸੋਂ ਬਰਾਮਦ ਹੋਏ ਹਥਿਆਰਾਂ ਬਾਰੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰਕੇ, ਪੁਲਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

# ਪਟਵਾਰੀ ਬਲਵਿੰਦਰ ਸਿੰਘ ਗਿੱਲ ਨਮਿੱਤ ਸ਼ਰਧਾਂਜਲੀ ਸਮਾਗਮ

**ਧਰਮ ਦੇ ਓਟ ਆਸਰੇ ਅਧੀਨ ਹੀ ਨਸ਼ਿਆਂ ਦਾ ਖ਼ਾਤਮਾ ਸੰਭਵ : ਬੁੱਕਣਵਾਲਾ**

**ਮੋਗਾ, (ਇਕਬਾਲ ਸਿੰਘ ਖਹਿਰਾ)**-ਮੁਲਾਜ਼ਮ ਆਗੂ ਰਹੇ ਤੇ ਪਟਵਾਰੀ ਦੇ ਅਹੁਦੇ ਤੋਂ ਸੇਵਾ ਮੁਕਤ ਹੋਏ ਸ੍ਰ. ਬਲਵਿੰਦਰ ਸਿੰਘ ਗਿੱਲ ਦੀ ਅੰਤਿਮ ਅਰਦਾਸ ਮੌਕੇ ਉਨ੍ਹਾਂ ਦੇ ਗ੍ਰਹਿ ਵਿਖੇ ਰਖਾਏ ਗਏ ਸਹਿਜ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਅੰਤਿਮ ਅਰਦਾਸ ਤੋਂ ਬਾਅਦ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਸ਼ਰਧਾਂਜਲੀ ਸਮਾਗਮ ਰੱਖਿਆ ਗਿਆ, ਜਿਸ ਵਿੱਚ ਪਟਵਾਰੀ ਬਲਵਿੰਦਰ ਸਿੰਘ ਦੇ ਜੇਲ੍ਹ ਵਿੱਚ ਬੰਦ ਪੁੱਤਰ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਧਾਨ ਸਭਾ ਹਲਕਾ ਮੋਗਾ ਤੋਂ ਉਮੀਦਵਾਰ ਐਲਾਨੇ ਗਏ ਗੁਰਮੀਤ ਸਿੰਘ ਬੁੱਕਣਵਾਲਾ ਨੇ ਵੀ ਹਿੱਸਾ ਲਿਆ।ਜ਼ਿਕਰਯੋਗ ਹੈ ਕਿ ਗੁਰਮੀਤ ਸਿੰਘ ਬੁੱਕਣਵਾਲਾ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਡਿਬਰੂਗੜ੍ਹ ਦੀ ਜੇਲ੍ਹ ਵਿੱਚ ਐੱਨ.ਐੱਸ.ਏ. ਅਧੀਨ ਵੀ ਨਜ਼ਰਬੰਦ ਰਹੇ ਹਨ।ਇਸ ਮੌਕੇ ਗੁਰਮੀਤ ਸਿੰਘ ਬੁੱਕਣਵਾਲਾ ਨੇ ਕਿਹਾ ਕਿ ਉਹ ਜਦੋਂ ਜੇਲ੍ਹ ਵਿੱਚ ਗਏ ਸਨ ਤਾਂ ਨੌਜਵਾਨਾਂ ਨੂੰ ਨਸ਼ਾ ਮੁਕਤ ਕਰਨ ਦੀ ਮੁਹਿੰਮ ਚੱਲ ਰਹੀ ਸੀ ਅਤੇ ਨੌਜਵਾਨਾਂ ਨੂੰ ਅੰਮ੍ਰਿਤਧਾਰੀ ਬਣਾਇਆ ਜਾ ਰਿਹਾ ਸੀ, ਜਿਸ ਨਾਲ ਸਮਾਜ ਵਿੱਚੋਂ ਕੁਰੀਤੀਆਂ ਖਤਮ ਹੋਣ ਦਾ ਰਾਹ ਪੱਧਰਾ ਹੋਣਾ ਸ਼ੁਰੂ ਹੋ ਗਿਆ ਸੀ।ਉਨ੍ਹਾਂ ਦਾਅਵਾ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹੀ ਧਰਮ ਦੇ ਓਟ ਆਸਰੇ ਅਧੀਨ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੇ ਸਮਰੱਥ ਬਣੇਗਾ।ਸ਼ਰਧਾਂਜਲੀ ਸਮਾਗਮ ਦੌਰਾਨ ਭਾਈ ਰਾਜਦੀਪ ਸਿੰਘ ਮੋਗੇ ਵਾਲੇ (ਗੁਰਦੁਆਰਾ ਟਿੱਲਾ ਬਾਬਾ ਫਰੀਦ ਜੀ ਫਰੀਦਕੋਟ) ਦੇ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਐਡਵੋਕੇਟ ਇਮਾਨ ਸਿੰਘ ਖਾਰਾ, ਡਾ. ਸੁਖਪ੍ਰੀਤ ਸਿੰਘ ਉਗੋਕੇ, ਵਿਧਾਇਕ ਤੇ ਅਕਾਲੀ ਦਲ ਵਾਰਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਮਨਪ੍ਰੀਤ ਸਿੰਘ ਇਆਲੀ, ਬੀਬੀ ਬਲਵਿੰਦਰ ਕੌਰ ਮਾਤਾ ਐੱਮ.ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ, ਭਾਈ ਗੁਰਚਰਨ ਸਿੰਘ ਪਿਤਾ ਜਗਤਾਰ ਸਿੰਘ ਹਵਾਰਾ, ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਦਵਿੰਦਰ ਸਿੰਘ ਰਣੀਆ, ਸੀਨੀਅਰ ਆਗੂ ਅਮਰਜੀਤ ਸਿੰਘ ਲੰਢੇਕੇ, ਸ਼੍ਰੋਮਣੀ ਅਕਾਲੀ ਦਲ ਫਤਿਹ ਦੇ ਪ੍ਰਧਾਨ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਸੀਨੀਅਰ ਕਾਂਗਰਸੀ ਆਗੂ ਤੇ ਕੌਂਸਲਰ ਮਨਜੀਤ ਸਿੰਘ ਮਾਨ, ਮਨਦੀਪ



ਸਿੰਘ ਸਿੱਧੂ, ਨਿਹੰਗ ਸਿੰਘ ਜਥੇਬੰਦੀ ਦੇ ਜਥੇਦਾਰ ਬਾਬਾ ਰਾਜਾ ਰਾਮ ਸਿੰਘ ਤੇ ਭਾਈ ਮਨਦੀਪ ਸਿੰਘ ਰੁਪਾਲੋ ਆਦਿ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਟਵਾਰੀ ਬਲਵਿੰਦਰ ਸਿੰਘ ਗਿੱਲ ਦੇ ਇਸ ਫ਼ਾਨੀ ਸੰਸਾਰ ਤੋਂ ਜਾਣ ਨਾਲ ਇੱਥੇ ਪਰਿਵਾਰ ਤੇ ਇਲਾਕੇ ਨੂੰ ਵੱਡਾ ਘਾਟਾ ਪਿਆ ਹੈ, ਜਿਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ।ਆਗੂਆਂ ਨੇ ਕਿਹਾ ਕਿ ਪਟਵਾਰੀ ਬਲਵਿੰਦਰ ਸਿੰਘ ਨੇ ਹਮੇਸ਼ਾ ਹੀ ਲੋਕਾਂ ਦੀ ਭਲਾਈ ਦੇ ਕੰਮਾਂ ਨੂੰ ਤਰਜ਼ੀਹ ਦਿੱਤੀ।ਆਗੂਆਂ ਨੇ ਕਿਹਾ ਕਿ ਅੰਤਲੇ ਸਮੇਂ ਵਿੱਚ ਜਦੋਂ ਉਨ੍ਹਾਂ ਦਾ ਇੱਕਲੌਤਾ ਪੁੱਤਰ ਜੇਲ੍ਹ ਵਿੱਚ ਬੰਦ ਸੀ ਤੇ ਸਰਕਾਰ ਦਾ ਕੁਹਾੜਾ ਉਨ੍ਹਾਂ ਦੇ ਰੁਜ਼ਗਾਰ 'ਤੇ ਵੀ ਚੱਲਿਆ, ਜਿਸ ਕਾਰਨ ਉਨ੍ਹਾਂ ਨੂੰ ਭਾਰੀ ਸਦਮਾ ਲੱਗਿਆ ਸੀ।ਆਗੂਆਂ ਨੇ ਕਿਹਾ ਕਿ ਹਮੇਸ਼ਾ ਹੀ ਜਦੋਂ ਪੰਜਾਬ ਨੇ ਆਪਣੇ ਹੱਕਾਂ ਦੀ ਗੱਲ ਸਰਕਾਰਾਂ ਕੋਲ ਚੁੱਕੀ ਤਾਂ ਸਰਕਾਰਾਂ ਵੱਲੋਂ ਉਨ੍ਹਾਂ ਮੰਗਾਂ ਨੂੰ ਅੱਖੋਂ ਪਰੋਖੇ ਕਰਦਿਆਂ ਸਿੱਖ ਨੌਜਵਾਨਾਂ ਦਾ ਘਾਣ ਕਰਨਾ ਸ਼ੁਰੂ ਕਰ ਦਿੱਤਾ ਗਿਆ। ਇਸ ਮੌਕੇ ਬਾਬਾ ਬਲਦੇਵ ਸਿੰਘ ਜੋਗੇਵਾਲਾ, ਬਾਬਾ ਮਹਿੰਦਰ ਸਿੰਘ ਜਨੇਰ, ਬਾਬਾ ਗੁਰਦੀਪ ਸਿੰਘ ਚੰਦ ਪੁਰਾਣਾ, ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਬਾਬਾ ਰੇਸ਼ਮ ਸਿੰਘ ਖੁਖਰਾਣਾ, ਬਾਬਾ ਕੁਲਦੀਪ ਸਿੰਘ ਧੱਲੇਕੇ, ਬਾਬਾ ਇਕਬਾਲ ਸਿੰਘ ਬੁੱਕਣ ਵਾਲਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਤੇ ਪੀ.ਏ.ਸੀ ਮੈਂਬਰ ਬਲਰਾਜ ਸਿੰਘ ਖਾਲਸਾ, ਬੀਬੀ ਮਨਦੀਪ ਕੌਰ ਖਾਲਸਾ, ਭਾਈ ਰਣਜੀਤ ਸਿੰਘ ਵਾਂਦਰ, ਕਾਂਗਰਸੀ ਆਗੂ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਡਾਇਰੈਕਟਰ ਅਜੇ ਸ਼ਰਮਾ, ਮਜ਼ਦੂਰ ਆਗੂ ਐਡਵੋਕੇਟ ਵਿਜੇ ਧੀਰ, ਰਾਜਾ ਖੁਖਰਾਣਾ, ਤਰਨਦੀਪ ਸਿੰਘ ਸਿੰਘਾਂਵਾਲਾ, ਜਗਜਿੰਦਰ ਸਿੰਘ ਬੁੱਕਣ ਵਾਲਾ, ਗੁਰਜੰਟ ਸਿੰਘ ਭੁੱਟੋ ਰੋਡੇ, ਜਸ ਮੰਡ ਮੰਗੇਵਾਲਾ, ਸਿੱਖ ਆਗੂ ਭਾਈ ਬਲਵਿੰਦਰ ਸਿੰਘ ਰੋਡੇ, ਬੀਬੀ ਚਰਨਜੀਤ ਕੌਰ ਮਾਤਾ ਭਾਈ ਅਵਤਾਰ ਸਿੰਘ ਖੰਡਾ, ਸਾਬਕਾ ਮੇਅਰ ਪ੍ਰਵੀਨ ਕੁਮਾਰ, ਸਾਬਕਾ ਵਿਧਾਇਕ ਰਮਿੰਦਰ ਆਵਲਾ, ਕ੍ਰਿਸ਼ਨ ਸੂਦ ਸਮੇਤ ਵੱਡੀ ਗਿਣਤੀ ਵਿੱਚ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚ ਅਤੇ ਪਤਵੰਤੇ ਹਾਜ਼ਰ ਸਨ।

# ਬਾਬਾ ਖੇਤਰਪਾਲ ਮੰਦਰ ’ਚ ਦੁਰਗਾ ਮਾਤਾ ਤੇ ਸ੍ਰੀ ਬਾਂਕੇ ਬਿਹਾਰੀ ਦਾ ਮੂਰਤੀ ਸਥਾਪਨਾ ਦਿਵਸ ਮਨਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਬਾਬਾ ਖੇਤਰਪਾਲ ਮੰਦਰ ਵਿਖੇ ਦੁਰਗਾ ਮਾਤਾ ਜੀ ਤੇ ਸ੍ਰੀ ਬਾਂਕੇ ਬਿਹਾਰੀ ਜੀ ਦੇ ਮੂਰਤੀ ਸਥਾਪਨਾ ਦਿਵਸ ਮੌਕੇ ਧਾਰਮਿਕ ਸਮਾਗਮ ਸ਼ਰਧਾ ਤੇ ਭਗਤੀ ਭਾਵਨਾ ਨਾਲ ਕਰਾਇਆ ਗਿਆ। ਵੱਡੀ ਗਿਣਤੀ ’ਚ ਸੰਗਤਾਂ ਨੇ ਮੰਦਰ ਵਿਖੇ ਪਹੁੰਚ ਕੇ ਮੱਥਾ ਟੇਕਿਆ ਤੇ ਮਾਤਾ ਰਾਣੀ ਅਤੇ ਸ੍ਰੀ ਬਾਂਕੇ ਬਿਹਾਰੀ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਮਾਗਮ ਦੌਰਾਨ ਰਾਧੇ ਕ੍ਰਿਸ਼ਨਾ ਭਜਨ ਮੰਡਲੀ ਵੱਲੋਂ ਮਾਤਾ ਰਾਣੀ ਜੀ ਤੇ ਸ੍ਰੀ ਬਾਂਕੇ ਬਿਹਾਰੀ ਜੀ ਦੇ ਮਨਮੋਹਕ ਭਜਨਾਂ ਦਾ ਗੁਣਗਾਨ ਕੀਤਾ ਗਿਆ।ਭਜਨ ਮੰਡਲੀ ਵੱਲੋਂ ਪੇਸ਼ ਕੀਤੇ ਗਏ ਧਾਰਮਿਕ ਭਜਨਾਂ ਨਾਲ ਮੰਦਰ ਦਾ ਵਾਤਾਵਰਨ ਭਗਤੀਮਈ ਹੋ ਗਿਆ।ਸਮਾਗਮ ਦੀ ਸਮਾਪਤੀ ਉਪਰੰਤ ਮੰਦਰ ਵਿਖੇ ਪਹੁੰਚੀਆਂ ਸਮੂਹ ਸੰਗਤਾਂ ਨੂੰ ਪ੍ਰਸ਼ਾਦ ਵਰਤਾਇਆ ਗਿਆ।ਸੇਵਾਦਾਰਾਂ ਵੱਲੋਂ ਸਮਾਗਮ ਦੀਆਂ ਤਿਆਰੀਆਂ ਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ।

# ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਵਿਖੇ ‘ਬੈਗਲੈੱਸ ਡੇਅ’ ਮਨਾਇਆ

**ਕੋਟਕਪੂਰਾ (ਰਛਪਾਲ ਭੁੱਲਰ)** : ਸਿੱਖਿਆ ਵਿਭਾਗ ਫਰੀਦਕੋਟ ਦੀਆਂ ਹਦਾਇਤਾਂ ਅਨੁਸਾਰ ਪੀ. ਐੱਮ. ਸ਼੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵਿਖੇ ਸਕੂਲ ਹੈੱਡਮਾਸਟਰ ਸ਼੍ਰੀ ਮਨੀਸ਼ ਛਾਬੜਾ ਦੀ ਯੋਗ ਤੇ ਕੁਸ਼ਲ ਅਗਵਾਈ ਹੇਠ ਅਧਿਆਪਕ ਦਿਵਸ ਨੂੰ ਸਮਰਪਤ ‘ਬੈਗਲੈੱਸ ਡੇਅ’ ਬੜੇ ਉਤਸ਼ਾਹ, ਚਾਅ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ?ਇਸ ਮੌਕੇ ਵਿਦਿਆਰਥੀ ਬਿਨਾਂ ਸਕੂਲੀ ਬਸਤਿਆਂ ਤੋਂ ਸਕੂਲ ਪੁੱਜੇ ਤੇ ਦਿਨ ਭਰ ਚੱਲੀਆਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ।ਦਿਨ ਦੀ ਸ਼ੁਰੂਆਤ ਦੌਰਾਨ ਵਿਦਿਆਰਥੀਆਂ ਲਈ ਕਈ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਰੰਗੋਲੀ ਮੁਕਾਬਲਾ, ਅਧਿਆਪਕਾਂ ਲਈ ਸ਼ੁਭਕਾਮਨਾ ਕਾਰਡ (ਗਰੀਟਿੰਗ ਕਾਰਡ) ਬਣਾਉਣਾ, ਕਲਾਸਰੂਮ ਸਜਾਵਟ ਤੇ ਪੋਸਟਰ ਮੇਕਿੰਗ ਮੁਕਾਬਲੇ ਮੁੱਖ ਆਕਰਸ਼ਣ ਰਹੇ।ਵਿਦਿਆਰਥੀਆਂ ਨੇ ਆਪਣੇ ਕੋਮਲ ਹੱਥਾਂ ਨਾਲ ਬਣਾਏ ਖ਼ੂਬਸੂਰਤ ਕਾਰਡਾਂ, ਆਕਰਸ਼ਕ ਰੰਗੋਲੀਆਂ ਤੇ ਪ੍ਰੇਰਨਾਦਾਇਕ ਸੁਵਿਚਾਰਾਂ ਨਾਲ ਸਜੀਆਂ ਜਮਾਤਾਂ ਰਾਹੀਂ ਆਪਣੇ ਅਧਿਆਪਕਾਂ ਪ੍ਰਤੀ ਦਿਲੋਂ ਸਤਿਕਾਰ, ਪ੍ਰੇਮ ਤੇ ਧੰਨਵਾਦ ਦਾ ਪ੍ਰਗਟਾਵਾ ਕੀਤਾ।ਇਸ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਹੈੱਡਮਾਸਟਰ ਮਨੀਸ਼ ਛਾਬੜਾ ਨੇ ਦੱਸਿਆ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ, ਬਿਨਾਂ ਬਸਤੇ ਦੇ ਸਕੂਲ ਆਉਣ ਨਾਲ ਜਿੱਥੇ ਬੱਚਿਆਂ ਦਾ ਮਾਨਸਿਕ ਤਣਾਅ ਘਟਦਾ ਹੈ, ਉੱਥੇ ਹੀ ਉਨ੍ਹਾਂ ਅੰਦਰ ਛੁਪੀ ਰਚਨਾਤਮਕਤਾ, ਕਲਾਤਮਕ ਸੋਚ ਤੇ ਜੀਵਨ ਹੁਨਰ (ਲਾਈਫ ਸਕਿੱਲਜ਼) ਦਾ ਵਿਕਾਸ ਹੁੰਦਾ ਹੈ।ਉਨ੍ਹਾਂ ਵਿਦਿਆਰਥੀਆਂ ਦੀਆਂ ਬਣਾਈਆਂ ਕਲਾਕ੍ਰਿਤੀਆਂ ਦੀ ਸ਼ਲਾਘਾ ਕੀਤੀ ਤੇ ਸਮੂਹ ਅਧਿਆਪਕਾਂ ਨੂੰ ਵੀ ਅਧਿਆਪਕ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ, ਜਿਨ੍ਹਾਂ ਨੇ ਮਿਲ ਕੇ ਇਸ ਦਿਨ ਨੂੰ ਯਾਦਗਾਰੀ ਬਣਾਇਆ।



# ਹਡਾਣਾ ਵਿਖੇ ਖੇਡ ਗਰਾਊਂਡ ਦਾ ਰਸਮੀ ਉਦਘਾਟਨ

## 36.20 ਲੱਖ ਦੀ ਲਾਗਤ ਨਾਲ ਤਿਆਰ ਹੋਵੇਗਾ ਆਧੁਨਿਕ ਖੇਡ ਮੈਦਾਨ



**ਦੇਵੀਗੜ੍ਹ (ਰਾਜਿੰਦਰ ਸਿੰਘ ਬਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਨੌਜਵਾਨ ਪੀੜ੍ਹੀ ਨੂੰ ਖੇਡ ਮੈਦਾਨਾਂ ਨਾਲ ਜੋੜਨ ਅਤੇ ਖੇਡਾਂ ਨੂੰ ਪ੍ਰਫੁੱਲਤ ਕਰਨ ਦੇ ਮਕਸਦ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਪਿੰਡ ਹਡਾਣਾ ਵਿਖੇ 36.20 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਆਧੁਨਿਕ ਖੇਡ ਮੈਦਾਨ ਦਾ ਉਦਘਾਟਨ ਕੀਤਾ।ਪਿੰਡ ਦੇ ਖਿਡਾਰੀਆਂ, ਨੌਜਵਾਨਾਂ ਤੇ ਸਮੂਹ ਨਿਵਾਸੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਖੇਡ ਪ੍ਰੇਮੀਆਂ ਤੇ ਇਕੱਤਰ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਨੌਜਵਾਨ ਸਾਡੇ ਸੂਬੇ ਦਾ ਸਰਮਾਇਆ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਕੋਹੜ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਵਚਨਬੱਧ ਹੈ ਤੇ ਇਹ ਤਾਂ ਹੀ ਸੰਭਵ ਹੈ ਜੇਕਰ ਸਾਡੀ ਜਵਾਨੀ ਨੂੰ ਖੇਡ ਮੈਦਾਨਾਂ ਵਿੱਚ ਉਤਾਰਿਆ ਜਾਵੇ।ਉਨ੍ਹਾਂ ਕਿਹਾ ਕਿ ਪਿੰਡ ਹਡਾਣਾ ਵਿਖੇ 36.20 ਲੱਖ ਰੁਪਏ ਦੀ ਲਾਗਤ ਨਾਲ ਅਜਿਹਾ ਸ਼ਾਨਦਾਰ ਖੇਡ ਮੈਦਾਨ ਤਿਆਰ ਕੀਤਾ ਜਾ ਰਿਹਾ ਹੈ, ਜਿੱਥੇ ਨੌਜਵਾਨਾਂ ਨੂੰ ਵੱਖ-ਵੱਖ ਖੇਡਾਂ ਦੇ ਕੋਰਟ ਅਤੇ ਬੁਨਿਆਦੀ ਸਹੂਲਤਾਂ ਮਿਲਣਗੀਆਂ। ਪਿੰਡ ਦੇ ਖਿਡਾਰੀਆਂ ਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਖੇਡ ਗਰਾਊਂਡ ਦਾ ਤੋਹਫ਼ਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਪੰਜਾਬੀ ਸਾਹਿਤ ਸਭਾ ਫ਼ਰੀਦਕੋਟ (ਸੇਖੋਂ) ਦੀ ਮਾਸਿਕ ਇਕੱਤਰਤਾ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**- ਪੰਜਾਬੀ ਸਾਹਿਤ ਸਭਾ ਫ਼ਰੀਦਕੋਟ (ਸੇਖੋਂ) ਦੀ ਸਤੰਬਰ ਮਹੀਨੇ ਦੀ ਮਾਸਿਕ ਇਕੱਤਰਤਾ 6 ਸਤੰਬਰ ਐਤਵਾਰ ਨੂੰ ਸਥਾਨਕ ਪੈਨਸ਼ਨਰਜ਼ ਭਵਨ ਨਜ਼ਦੀਕ ਧੁੱਪੀ ਕੈਂਪ ਵਿਖੇ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਉੱਘੇ ਕਹਾਣੀਕਾਰ ਬਲਜੀਤ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਤਕਰੀਬਨ ਡੇਢ ਦਰਜਨ ਤੋਂ ਉੱਪਰ ਮੈਂਬਰਾਂ ਨੇ ਭਾਗ ਲਿਆ।ਸਭਾ ਵੱਲੋਂ ਸਭ ਤੋਂ ਪਹਿਲਾਂ 13 ਸਤੰਬਰ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ (ਸੇਖੋਂ) ਦੀ ਹੋਣ ਵਾਲੀ ਮੀਟਿੰਗ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਇਸ ਤੋਂ ਇਲਾਵਾ ਸਭਾ ਵੱਲੋਂ 27 ਸਤੰਬਰ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ ਸੇਖੋਂ ਦੇ ਹੋਣ ਵਾਲੇ ਸਮਾਗਮ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ।ਇਸ ਤੋਂ ਇਲਾਵਾ ਸਭਾ ਵੱਲੋਂ ਕੁਝ ਸੋਗ ਮਤੇ ਵੀ ਪਾਏ ਗਏ, ਜਿਨ੍ਹਾਂ ਵਿੱਚ ਪ੍ਰਸਿੱਧ ਲੇਖਕ ਸੁਰਜੀਤ ਸਿੰਘ ਭਦੌੜ, ਬਲਜੀਤ ਸਿੰਘ, ਸ੍ਰ. ਹਰਭਜਨ ਸਿੰਘ ਤੇ ਸ੍ਰੀ ਵਲਾਇਤੀ ਰਾਮ ਦੀ ਬੇਵਕਤੀ ਮੌਤ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਸਭਾ ਦੇ ਸਮੂਹਕ ਮੈਂਬਰਾਂ ਵੱਲੋਂ ਸਭਾ ਦੇ ਮੈਂਬਰ ਤੇ ਪੱਤਰਕਾਰ ਧਰਮ ਪ੍ਰਵਾਨਾ ਨੂੰ ਪੰਜਾਬ ਸਰਕਾਰ ਵੱਲੋਂ ਸਾਹਿਤਕ ਖੇਤਰ ਤੇ ਪੱਤਰਕਾਰੀ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਲਈ 15 ਅਗਸਤ ਨੂੰ ਆਜ਼ਾਦੀ ਦਿਵਸ ਮੌਕੇ ਜ਼ਿਲ੍ਹਾ ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਸਾਹਿਬ ਤੇ ਐੱਮ ਐੱਲ ਏ ਸ੍ਰ. ਗੁਰਦਿੱਤ ਸਿੰਘ ਸੇਖੋਂ ਵੱਲੋਂ ਸਨਮਾਨਤ ਕਰਨ ’ਤੇ ਵਧਾਈ ਦਿੱਤੀ ਗਈ।ਇਸ ਤੋਂ ਬਾਅਦ ਰਚਨਾਵਾਂ ਦੇ ਦੌਰ ਵਿੱਚ ਸਭਾ ਦੇ ਜਨਰਲ ਸਕੱਤਰ ਪ੍ਰਿੰਸੀਪਲ ਕ੍ਰਿਸ਼ਨ ਲਾਲ ਬਕੌਲੀਆ, ਬਿਕਰਮਜੀਤ ਨੂਰ, ਹਰਸੰਗੀਤ ਸਿੰਘ ਗਿੱਲ, ਬਲਵੰਤ ਰਾਏ ਗੱਖੜ, ਪ੍ਰੋ. ਪਾਲ ਸਿੰਘ ਪਾਲ, ਇਕਬਾਲ ਘਾਰੂ, ਜਗਦੀਪ ਹਸਰਤ, ਬਲਜੀਤ ਸਿੰਘ ਸੰਧੂ, ਕੁਲਜ਼ਸ ਸਿੰਘ, ਵਤਨਵੀਰ ਜ਼ਖਮੀ, ਸਿਕੰਦਰ ਮਾਨਵ, ਪ੍ਰਧਾਨ ਸੁਖਚੈਨ ਸਿੰਘ ਬਾਂਦਵਾਲਾ, ਗੁਰਤੇਜ ਸਿੰਘ ਪੱਖੀ ਕਲਾਂ, ਸਾਧੂ ਸਿੰਘ ਚਮੇਲੀ, ਬਲਵਿੰਦਰ ਫਿੱਡੇ, ਜਲੌਰ ਸਿੰਘ ਪੀ. ਆਰ. ਟੀ. ਸੀ. ਫ਼ਰੀਦਕੋਟ, ਮੁਖਤਿਆਰ ਸਿੰਘ ਬੰਗੜ, ਧਰਮ ਪ੍ਰਵਾਨਾ, ਪਰਮ ਪੰਜਾਬੀ ਆਦਿ ਲੇਖਕਾਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰ ਕੇ ਮਾਹੌਲ ਨੂੰ ਖ਼ੁਸ਼ਗਵਾਰ ਬਣਾਇਆ।ਸਟੇਜ ਸਕੱਤਰ ਦੀ ਭੂਮਿਕਾ ਜਗਦੀਪ ਹਸਰਤ ਨੇ ਬਾਖੂਬੀ ਨਿਭਾਈ।

## ਲਾਪਤਾ 5 ਮਾਸੂਮ ਬੱਚੇ ਲੱਭ ਕੇ ਕੀਤੇ ਮਾਪਿਆਂ ਦੇ ਹਵਾਲੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐੱਸ., ਸੀਨੀਅਰ ਕਪਤਾਨ ਪੁਲਿਸ, ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਅੰਦਰ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਤੇ ਸ਼ਰਾਰਤੀ ਅਨਸਰਾਂ ’ਤੇ ਨਕੇਲ ਕੱਸਣ ਲਈ ਦਿੱਤੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਵਿੱਚ ਵੱਖ-ਵੱਖ ਪੁਲਸ ਟੀਮਾਂ ਬਣਾ ਕੇ ਨਾਕਾਬੰਦੀ, ਗਸ਼ਤ ਅਤੇ ਚੈਕਿੰਗ ਕੀਤੀ ਜਾ ਰਹੀ ਹੈ।ਇਸੇ ਤਹਿਤ ਸ੍ਰੀ ਅਸ਼ੋਕ ਮੀਨਾ, ਆਈ.ਪੀ.ਐੱਸ., ਐੱਸ.ਪੀ. (ਡੀ.) ਤੇ ਸ੍ਰੀ ਬਚਨ ਸਿੰਘ, ਡੀ.ਐੱਸ.ਪੀ., ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਇੰਸਪੈਕਟਰ ਰਵਿੰਦਰ ਕੌਰ, ਮੁੱਖ ਅਫ਼ਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਤੇ ਪੁਲਿਸ ਪਾਰਟੀ ਵੱਲੋਂ ਲਾਪਤਾ ਹੋਏ 05 ਮਾਸੂਮ ਬੱਚਿਆਂ ਨੂੰ ਸੁਰੱਖਿਅਤ ਲੱਭ ਕੇ ਉਨ੍ਹਾਂ ਦੇ ਮਾਪਿਆਂ ਦੇ ਹਵਾਲੇ ਕੀਤਾ ਗਿਆ। ਥਾਣਾ ਸਿਟੀ ਵਿਖੇ ਦੋ ਪਰਵਾਰਾਂ ਵੱਲੋਂ ਦਰਖਾਸਤ ਦਿੱਤੀ ਗਈ ਕਿ ਉਨ੍ਹਾਂ ਦੇ ਤਕਰੀਬਨ 05 ਬੱਚੇ, ਜਿਨ੍ਹਾਂ ਵਿੱਚ 04 ਲੜਕੀਆਂ ਤੇ 01 ਲੜਕਾ ਸ਼ਾਮਲ ਹਨ ਅਤੇ ਜਿਨ੍ਹਾਂ ਦੀ ਉਮਰ ਕਰੀਬ 03 ਸਾਲ, 05 ਸਾਲ, 07 ਸਾਲ, 08 ਸਾਲ ਅਤੇ 10 ਸਾਲ ਹੈ, ਘਰ ਤੋਂ ਬਾਹਰ ਜਾਣ ਉਪਰੰਤ ਕਾਫ਼ੀ ਭਾਲ ਕਰਨ ਦੇ ਬਾਵਜੂਦ ਨਹੀਂ ਮਿਲ ਰਹੇ।ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਪੁਲਸ ਵੱਲੋਂ ਦਰਖਾਸਤ ’ਤੇ ਤੁਰੰਤ ਕਾਰਵਾਈ ਕਰਦਿਆਂ ਮਾਮਲਾ ਸੀਨੀਅਰ ਅਫ਼ਸਰਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਤੇ ਬੱਚਿਆਂ ਦੀ ਭਾਲ ਲਈ ਪੁਲਿਸ ਦੀਆਂ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ।ਪੁਲਿਸ ਟੀਮਾਂ ਵੱਲੋਂ ਸ਼ਹਿਰ ਅੰਦਰ ਵੱਖ-ਵੱਖ ਥਾਵਾਂ ’ਤੇ ਬੱਚਿਆਂ ਦੀ ਭਾਲ ਸ਼ੁਰੂ ਕੀਤੀ ਗਈ।ਪੁਲਸ ਦੀ ਤੁਰੰਤ ਕਾਰਵਾਈ ਤੇ ਸਾਂਝੇ ਯਤਨਾਂ ਸਦਕਾ ਪੰਜੇ ਬੱਚਿਆਂ ਨੂੰ ਇਲਾਕੇ ਵਿੱਚੋਂ ਸੁਰੱਖਿਅਤ ਲੱਭ ਲਿਆ ਗਿਆ।ਜਾਂਚ ਦੌਰਾਨ ਸਾਹਮਣੇ ਆਇਆ ਕਿ ਸ਼ਹਿਰ ਅੰਦਰ ਦੂਰ ਕਿਧਰੇ ਸਾਰੇ ਬੱਚੇ ਇਕੱਠੇ ਹੋ ਕੇ ਸਤਿਸੰਗ ਵਿੱਚ ਪਹੁੰਚ ਗਏ ਸਨ।



# ਐਫ ਐਲ ਸੀ ਆਰ ਪੀਜ਼ ਦੀ 6 ਦਿਨਾ ਟ੍ਰੇਨਿੰਗ ਮੁਕੰਮਲ



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ ਕੰਮ ਕਰ ਰਹੇ ਸਵੈ ਸਹਾਇਤਾ ਸਮੂਹਾਂ ਦੀਆਂ ਮੈਂਬਰ ਔਰਤਾਂ ਨੂੰ ਵਿੱਤੀ ਪ੍ਰਬੰਧਨ, ਡਿਜੀਟਲ ਬੈਂਕਿੰਗ, ਆਨਲਾਈਨ ਧੋਖਾਧੜੀ ਤੋਂ ਬਚਾਅ ਤੇ ਛੋਟੀਆਂ ਬੱਚਤਾਂ ਬਾਰੇ ਜਾਗਰੂਕ ਕਰਨ ਹਿੱਤ ਚੁਣੀਆਂ ਗਈਆਂ 21 ਵਿੱਤੀ ਪ੍ਰਬੰਧਨ ਕਮਿਊਨਿਟੀ ਰਿਸੋਰਸ ਪਰਸਨ (ਐਫ.ਐਲ.ਸੀ.ਆਰ.ਪੀਜ਼) ’ਚੋਂ 19 ਨੂੰ 6 ਦਿਨਾਂ ਵਿਸ਼ੇਸ਼ ਟ੍ਰੇਨਿੰਗ ਸਟੇਟ ਬੈਂਕ ਆਫ ਇੰਡੀਆ ਦੀ ਪੇਂਡੂ ਸਵੈ ਰੋਜ਼ਗਾਰ ਸਿਖਲਾਈ ਸੰਸਥਾ (ਆਰਸੇਟੀ) ਵਿਖੇ ਟ੍ਰੇਨਿੰਗ ਮੁਕੰਮਲ ਕਰ ਲਈ ਹੈ। ਟ੍ਰੇਨਿੰਗ ਦੇ ਅੰਤਿਮ ਦਿਨ ਆਰਸੇਟੀ ਵਿਖੇ ਪੰਜਾਬ ਇੰਸਟੀਚਿਊਟ ਆਫ ਕਮਿਸ਼ਨ ਤੋਂ ਡਿਪਟੀ ਐਡਵਾਈਜ਼ਰ ਡਾ. ਰਣਜੀਤ ਕੌਰ, ਆਰਸੇਟੀ ਡਾਇਰੈਕਟਰ ਸੁਚੇਤਾ ਕੁਮਾਰੀ ਤੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਪੀ.ਐਸ.ਆਰ.ਐਲ.ਐਮ ਸੁਖਵਿੰਦਰ ਸਿੰਘ ਚੱਠਾ ਵੱਲੋਂ ਸਫ਼ਲ ਹੋਏ ’ਤੇ ਟ੍ਰੇਨਿੰਗ ਮੁਕੰਮਲ ਕਰਨ ਵਾਲੀਆਂ ਐਫ.ਐਲ.ਸੀ.ਆਰ.ਪੀਜ਼ ਨੂੰ ਸਰਟੀਫਿਕੇਟ ਵੀ ਭੇਟ ਕੀਤੇ ਗਏ। ਡਾਇਰੈਕਟਰ ਆਰਸੇਟੀ ਨੇ ਦੱਸਿਆ ਕਿ 6 ਦਿਨਾਂ ਦੌਰਾਨ ਐਫ.ਐਲ.ਸੀ.ਆਰ.ਪੀਜ਼ ਨੂੰ ਜਿਥੇ ਪਿੰਡਾਂ ’ਚ ਜਾ ਕੇ ਸਵੈ ਸਹਾਇਤਾ ਸਮੂਹਾਂ ਦੀਆਂ ਪੇਂਡੂ ਮਹਿਲਾ ਮੈਂਬਰਾਂ ਨੂੰ ਵਿੱਤੀ ਪ੍ਰਬੰਧਨ ਬਾਰੇ ਜਾਣਕਾਰੀ ਦੇਣ ਲਈ ਸਿੱਖਿਅਤ ਕੀਤਾ ਗਿਆ ਹੈ, ਉੱਥੇ ਪੇਂਡੂ ਖੇਤਰ ਵਿੱਚ ਰੋਜ਼ਾਨਾ ਆਮਦਨ ਦੇਣ ਵਾਲੇ ਛੋਟੇ ਕਾਰੋਬਾਰ ਕਰਨ ਸਬੰਧੀ ਵੀ ਵਿਸ਼ੇਸ਼ ਸਿਖਲਾਈ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਐਫ.ਐਲ.ਸੀ.ਆਰ.ਪੀਜ਼ ਪਿੰਡਾਂ ਵਿੱਚ ਜਾ ਕੇ ਤਸਵੀਰਾਂ ਵਾਲੇ ਚਾਰਟਾਂ ਅਤੇ ਗੇਮਾਂ ਰਾਹੀਂ ਸੌਖੇ ਤਰੀਕੇ ਨਾਲ ਸਵੈ ਸਹਾਇਤਾ ਸਮੂਹਾਂ ਨੂੰ ਜਾਗਰੂਕ ਕਰਨਗੀਆਂ।ਆਜੀਵਿਕਾ ਮਿਸ਼ਨ ਦੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਨੇ ਦੱਸਿਆ ਕਿ ਸਿਖਲਾਈ ਪ੍ਰਾਪਤ ਐਫ.ਐਲ.ਸੀ.ਆਰ.ਪੀਜ਼ ਨੂੰ ਪਿੰਡਾਂ ਵਿੱਚ ਜਾ ਕੇ ਸਿਖਲਾਈ ਦੇਣ ਲਈ 9 ਆਇਟਮਾਂ ਵਾਲੀਆਂ ਵਿਸ਼ੇਸ਼ ਕਿੱਟਾਂ ਬਿਲਕੁੱਲ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ ਹਨ, ਜਿਸ ਦੀ ਵਰਤੋਂ ਉਹ ਪਿੰਡਾਂ ਵਿੱਚ ਜਾਗਰੂਕਤਾ ਕੈਂਪਾਂ ਦੌਰਾਨ ਕਰ ਸਕਣਗੀਆਂ।

# ਕਿਰਤੀਆਂ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਕੇਂਦਰ ਤੇ ਪੰਜਾਬ ਸਰਕਾਰ ਗੰਭੀਰ ਨਹੀਂ : ਐਡਵੋਕੇਟ ਦਲਿਓ

**ਬੁਢਲਾਡਾ (ਅਸ਼ੋਕ ਲਾਕੜਾ)**- ਆਲ ਇੰਡੀਆ ਕਿਸਾਨ ਸਭਾ ਪੰਜਾਬ ਦੇ ਸੱਦੇ ’ਤੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਜਸਵੰਤ ਸਿੰਘ ਬੀਰੋਕੇ ਦੀ ਅਗਵਾਈ ਵਿੱਚ ਨਾਇਬ ਤਹਿਸੀਲਦਾਰ ਬੁਢਲਾਡਾ ਨੂੰ ਮੁੱਖ ਮੰਤਰੀ ਪੰਜਾਬ ਅਤੇ ਪ੍ਰਧਾਨ ਮੰਤਰੀ ਭਾਰਤ ਸਰਕਾਰ ਦੇ ਨਾਂਅ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਆਲ ਇੰਡੀਆ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਐਡਵੋਕੇਟ ਸਵਰਨਜੀਤ ਸਿੰਘ ਦਲਿਓ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਕਿਰਤੀਆਂ ਕਿਸਾਨਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ ਅਤੇ ਦੇਸ਼ ਦੀ ਆਬਾਦੀ ਦੇ ਸਭ ਤੋਂ ਅਹਿਮ ਤਬਕੇ ਮਜ਼ਦੂਰਾਂ ਅਤੇ ਕਿਸਾਨਾਂ ਦੀ ਆਰਥਿਕ ਹਾਲਤ ਦਿਨੋ ਦਿਨ ਨਿੱਘਰਦੀ ਜਾ ਰਹੀ ਹੈ। ਕਿਸਾਨ ਆਗੂ ਨੇ ਕਿਹਾ ਕਿ ਜੇਕਰ ਸਰਕਾਰਾਂ ਨੇ ਇਨ੍ਹਾਂ ਮੰਗਾਂ ਵੱਲ ਤਵੱਜੋਂ ਨਾ ਦਿੱਤੀ ਤਾਂ ਭਵਿੱਖ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਉਪਰੋਕਤ ਆਗੂਆਂ ਤੋਂ ਇਲਾਵਾ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਜਗਸੀਰ ਸਿੰਘ ਜੱਗਾ ਬਰੇਟਾ, ਸੀਪੀਆਈ(ਐਮ) ਦੇ ਤਹਿਸੀਲ ਸਕੱਤਰ ਕਾਮਰੇਡ ਸੰਤ ਰਾਮ ਬੀਰੋਕੇ ਤੇ ਕਾਮਰੇਡ ਰੂਪਾ ਸਿੰਘ ਬੁਢਲਾਡਾ ਮੰਗ ਕੀਤੀ ਕਿ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ, ਪੰਜਾਬ ਦੇ ਪਾਣੀਆਂ ਦੀ ਨਿਆਂਇਕ ਵੰਡ ਕੀਤੀ ਜਾਵੇ, ਹਰ ਖੇਤ ਨੂੰ ਨਹਿਰੀ ਪਾਣੀ ਦਿੱਤਾ ਜਾਵੇ, ਹਰ ਘਰ ਨੂੰ ਸ਼ੁੱਧ ਪੀਣ ਵਾਲਾ ਪਾਣੀ ਦਿੱਤਾ ਜਾਵੇ, ਕਿਸਾਨਾਂ ਨੂੰ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਸੀ-2+50 ਪ੍ਰਤੀਸ਼ਤ ਲਾਭ ਦੇ ਅਧਾਰ ਤੇ ਦਿੱਤਾ ਜਾਵੇ, ਤਜਵੀਜਤ ਬਿਜਲੀ ਸੋਧ ਬਿੱਲ 2025 ਅਤੇ ਤਜਵੀਜਤ ਬੀਜ ਸੋਧ ਬਿੱਲ ਵਾਪਸ ਲਿਆ ਜਾਵੇ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਸਹਿਕਾਰੀ ਸੁਸਾਇਟੀਆਂ ’ਚ ਕਰਜ਼ੇ ਦੀ ਹੱਦ ਵਧਾਈ ਜਾਵੇ, ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮਾਫ਼ ਕੀਤੇ ਜਾਣ, ਆਜ਼ਾਦੀ ਤੋਂ ਬਾਅਦ ਜਮੀਨਾਂ ਆਬਾਦ ਕਰਨ ਵਾਲੇ ਆਬਾਦਕਾਰਾਂ ਨੂੰ ਜ਼ਮੀਨੀ ਮਾਲਕੀ ਦੇ ਹੱਕ ਦਿੱਤੇ ਜਾਣ, ਕੇਂਦਰ ਸਰਕਾਰ ਬਾਰਡਰ ਦੇ ਪਾਰ ਜ਼ਮੀਨਾਂ ਦਾ 30 ਹਜ਼ਾਰ ਰੁਪਏ ਮੁਆਵਜ਼ਾ ਦੇਵੇ, ਸਰਹੱਦ ਨੇੜੇ ਤਾਰ ਤੋਂ ਪਾਰ ਦੀਆਂ ਜਮੀਨਾਂ ਵਿੱਚ ਕਿਸਾਨੀ ਦੇ ਕੰਮ ਕਰਨ ਦੇ ਘੰਟੇ ਵਧਾਏ ਜਾਣ, ਪਿਛਲੇ ਸਾਲ ਹੜ੍ਹਾਂ ਕਾਰਨ ਫਸਲਾਂ ਤੇ ਮਕਾਨਾਂ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ, ਡੀਜ਼ਲ-ਪੈਟਰੋਲ ਅਤੇ ਰਸੋਈ ਗੈਸ ਦੀਆਂ ਕੀਮਤਾਂ ’ਚ ਕੀਤਾ ਵਾਧਾ ਵਾਪਸ ਲਿਆ ਜਾਵੇ, ਯੂਰੀਆ ਤੇ ਡੀਏਪੀ ਖਾਦ ਨਾਲ ਹੋਰ ਸਮੱਗਰੀ ਦੇਣ ਦੇ ਨਾਂਅ ’ਤੇ ਲੁੱਟ ਬੰਦ ਕੀਤੀ ਜਾਵੇ, ਵੱਧ ਰਹੀ ਮਹਿੰਗਾਈ ਨੂੰ ਸਰਕਾਰ ਠੱਲ੍ਹ ਪਾਵੇ, ਦਿੱਲੀ ਕਿਸਾਨ ਮੋਰਚੇ ਦੌਰਾਨ ਸ਼ਹੀਦਾਂ ਦੀ ਯਾਦਗਾਰ ਵਾਸਤੇ ਜ਼ਮੀਨ ਮੁਹੱਈਆ ਕਰਾਈ ਜਾਵੇ।



# ਬੀਬਾ ਬਾਦਲ ਵੱਲੋਂ ਪਿੰਡ ਧਲੇਵਾਂ ਤੇ ਮਿਊਂਸਪਲ ਪਾਰਕ ਲਈ ਗ੍ਰਾਂਟ ਜਾਰੀ



**ਭੀਖੀ, (ਧਰਮਵੀਰ ਸ਼ਰਮਾ)**- ਪਿੰਡ ਧਲੇਵਾਂ ਦੇ ਵੱਖ ਵੱਖ ਵਿਕਾਸ ਕਾਰਜਾਂ ਲਈ ਲੋਕ ਸਭਾ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਨੇ ਆਪਣੇ ਅਖਤਿਆਰੀ ਫੰਡ ਵਿਚੋਂ 10 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ। ਗ੍ਰਾਂਟ ਦਾ ਪੱਤਰ ਪਿੰਡ ਵਾਸੀਆਂ ਨੂੰ ਸੌਂਪਦੇ ਹੋਏ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਨੇ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਹਮੇਸ਼ਾ ਪੰਜਾਬ ਤੇ ਇਲਾਕੇ ਦੀ ਤਰੱਕੀ ਲਈ ਤਤਪਰਤਾ ਨਾਲ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਬੀਬਾ ਹਰਸਿਮਰਤ ਕੌਰ ਬਾਦਲ ਵਲੋਂ ਨਿਰੰਤਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਆਪਣੇ ਅਖਤਿਆਰੀ ਫੰਡ ਵਿਚੋਂ ਬਿਨਾਂ ਕਿਸੇ ਭੇਦਭਾਵ ਦੇ ਗਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਇਸ ਅਵਸਰ ’ਤੇ ਸਰਪੰਚ ਸੁਖਵਿੰਦਰ ਸਿੰਘ ਨੇ ਬੀਬਾ ਹਰਸਿਮਰਤ ਕੌਰ ਬਾਦਲ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਭਾਰੀ ਜ਼ਰੂਰਤ ਹੈ ਤੇ ਅਜਿਹੇ ਵਿੱਚ ਉਨਾਂ ਵਲੋਂ ਆਪਣੇ ਅਖਤਿਆਰੀ ਫੰਡ ਵਿਚੋਂ ਗ੍ਰਾਂਟ ਜਾਰੀ ਕਰਨ ਨਾਲ ਵਿਕਾਸ ਕਾਰਜਾਂ ਨੂੰ ਤੇਜ਼ੀ ਮਿਲੇਗੀ। ਹੋਰਨਾਂ ਤੋਂ ਇਲਾਵਾ ਕੁਲਸ਼ੇਰ ਸਿੰਘ ਰੂਬਲ, ਪ੍ਰਸ਼ੋਤਮ ਸਿੰਘ, ਸੁਖਵਿੰਦਰ ਸਿੰਘ ਸ਼ੈਲੀ, ਅਮਰੀਕ ਸਿੰਘ, ਗੁਰਦੀਪ ਸਿੰਘ, ਮਾ. ਬਲਦੇਵ ਸਿੰਘ, ਉਂਕਾਰ ਸਿੰਘ ਮਿੱਤਲ ਤੇ ਬਿੰਦਰ ਸਿੰਘ ਸਮੇਤ ਪਤਵੰਤੇ ਮੌਜੂਦ ਸਨ। ਉਧਰ ਭੀਖੀ ਵਿਖੇ ਲਾਲਾ ਦੌਲਤ ਮੱਲ ਮਿਉਂਸਪਲ ਪਾਰਕ ਦੇ ਵਿਕਾਸ ਲਈ ਵੀ ਬੀਬਾ ਹਰਸਿਮਰਤ ਕੌਰ ਬਾਦਲ ਦੇ ਅਖਿਤਆਰੀ ਫੰਡ ਵਿਚੋਂ 2 ਲੱਖ ਰੁਪਏ ਦੀ ਗ੍ਰਾਂਟ ਦਾ ਪੱਤਰ ਵੀ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ ਨੇ ਸੌਂਪਦਿਆਂ ਕਿਹਾ ਕਿ ਸ਼ੁੱਧ ਵਾਤਾਵਰਨ ਤੇ ਸਾਫ ਚੌਗਿਰਦਾ ਜਿਥੇ ਮਨੁੱਖੀ ਸਿਹਤ ਲਈ ਅਤਿ ਅਹਿਮ ਹੈ, ਉਥੇ ਦਰੱਖਤ ਪੰਛੀਆਂ ਦਾ ਵੀ ਟਿਕਾਣਾ ਬਣਦੇ ਹਨ। ਸਾਨੂੰ ਸਾਰਿਆਂ ਨੂੰ ਮਿਲ ਕੇ ਵਾਤਾਵਰਨ ਬਚਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਾਰਕ ਦੇ ਸੁੰਦਰੀਕਰਨ ਅਤੇ ਵਿਕਾਸ ਲਈ 2 ਲੱਖ ਰੁਪਏ ਦੀ ਗ੍ਰਾਂਟ ਯਕੀਨਨ ਲਾਹੇਵੰਦ ਸਹਾਈ ਹੋਵੇਗੀ।

## ਸ਼ੈਂਕੀ ਗੋਇਲ ਦੀ ਮਿਹਨਤ ਰੰਗ ਲਿਆਈ, 25 ਦਿਨਾਂ ਬਾਅਦ ਮਿਲੇਗਾ ਸਿਲੰਡਰ



**ਬਠਿੰਡਾ, (ਰਾਜੀਵ ਗੋਇਲ)** : ਪਿਛਲੇ ਕਾਫੀ ਲੰਮੇ ਸਮੇਂ ਤੋਂ ਆਮ ਲੋਕ ਘਰੇਲੂ ਗੈਸ ਸਿਲੰਡਰ ਦੀ 45 ਦਿਨਾਂ ਵਾਲੀ ਬੁਕਿੰਗ ਲਾਗੂ ਹੋਣ ਕਾਰਨ ਚਿੰਤਤ ਦਿਖਾਈ ਦੇ ਰਹੇ ਸਨ ਤੇ ਵੱਡੇ ਪਰਿਵਾਰਾਂ ਸਮੇਤ ਜ਼ਿਆਦਾ ਵਰਤੋਂ ਕਰਨ ਵਾਲੇ ਲੋਕ ਸਿਲੰਡਰ ਦੀ ਬੁਕਿੰਗ ਨਾ ਹੋਣ ਕਾਰਨ ਪ੍ਰੇਸ਼ਾਨੀ ਦੇ ਆਲਮ ਵਿੱਚੋਂ ਗੁਜ਼ਰ ਰਹੇ ਸਨ ਅਤੇ ਇਸ ਗੰਭੀਰ ਮਸਲੇ ਨੂੰ ਲੈ ਕੇ ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਦੇ ਯੂਥ ਵਪਾਰ ਮੰਡਲ ਦੇ ਪ੍ਰਧਾਨ ਸ਼ੈਂਕੀ ਗੋਇਲ ਵੱਲੋਂ ਆਪਣੇ ਸਾਥੀਆਂ ਨਾਲ ਰਲ ਕੇ ਬੀੜਾ ਚੁੱਕਿਆ ਗਿਆ ਅਤੇ ਉੱਚ ਪੱਧਰ ਦੇ ਅਫਸਰਾਂ ਨਾਲ ਮੁਲਾਕਾਤ ਕਰਕੇ ਲੋਕਾਂ ਨੂੰ ਆ ਰਹੀ ਇਸ ਮੁਸ਼ਕਲ ਤੋਂ ਨਿਜ਼ਾਤ ਦਿਵਾਇਆ ਗਿਆ। ਇਸ ਮਸਲੇ ਦਾ ਹੱਲ ਕਰਵਾਉਂਦਿਆਂ ਉਨ੍ਹਾਂ ਵੱਲੋਂ ਭਗਤਾ ਸ਼ਹਿਰ ਦੇ ਲੋਕਾਂ ਲਈ 45 ਦੀ ਥਾਂ 25 ਦਿਨਾਂ ਬਾਅਦ ਬੁਕਿੰਗ ਵਾਲਾ ਫਾਰਮੂਲਾ ਲਾਗੂ ਕਰਵਾ ਦਿੱਤਾ ਹੈ। ਜਾਣਕਾਰੀ ਦਿੰਦਿਆਂ ਸ਼ੈਂਕੀ ਗੋਇਲ ਨੇ ਦੱਸਿਆ ਕਿ ਇਸ ਗੰਭੀਰ ਮਸਲੇ ਨੂੰ ਲੈ ਕੇ ਉਨ੍ਹਾਂ ਵੱਲੋਂ ਚੰਡੀਗੜ੍ਹ ਪੱਧਰ ਤੱਕ ਅਧਿਕਾਰੀਆਂ ਨਾਲ ਕਾਫੀ ਵਾਰ ਮੁਲਾਕਾਤ ਕੀਤੀ ਗਈ ਅਤੇ ਆਖੀਰ ਇਹ ਮਸਲਾ ਹੱਲ ਕਰਵਾ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇੱਕ ਦੋ-ਦਿਨਾਂ ਅੰਦਰ 25 ਦਿਨ ਵਾਲੀ ਬੁਕਿੰਗ ਸ਼ੁਰੂ ਹੋ ਜਾਵੇਗੀ। ਇਸ ਮਸਲੇ ਨੂੰ ਲੈ ਕੇ ਮਾਡਰਨ ਗੈਸ ਏਜੰਸੀ ਦੇ ਸੰਚਾਲਕ ਰਾਜੀਵ ਰਾਜਨ ਵੱਲੋਂ ਵੀ ਖੁਸ਼ੀ ਜ਼ਾਹਰ ਕੀਤੀ ਗਈ ਤੇ ਉਨ੍ਹਾਂ ਵੱਲੋਂ ਸ਼ੈਂਕੀ ਗੋਇਲ ਦਾ ਧੰਨਵਾਦ ਕੀਤਾ ਗਿਆ ਹੈ, ਕਿਉਂਕਿ ਬੁਕਿੰਗ ਲੇਟ ਹੋਣ ਕਾਰਨ ਉਨ੍ਹਾਂ ਨੂੰ ਆਰਥਿਕ ਤੌਰ ’ਤੇ ਮੰਦਹਾਲੀ ਦਾ ਸਾਹਮਣਾ ਕਰਨਾ ਪੈਂਦਾ ਸੀ।

## ਨਸ਼ਾ ਤਸਕਰੀ ਦੇ ਮਾਮਲੇ ’ਚ ਨੌਜਵਾਨ ਨੂੰ 15 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** : ਨਸ਼ਾ ਤਸਕਰੀ ਦੇ ਇੱਕ ਮਾਮਲੇ ਪਹਿਲਾਂ ਵੀ ਦੋਸ਼ੀ ਕਰਾਰ ਦੇ ਕੇ ਜੇਲ੍ਹ ਭੇਜੇ ਜਾ ਚੁੱਕੇ ਇੱਕ ਨੌਜਵਾਨ ਨੂੰ ਨਸ਼ੇ ਦੇ ਟੀਕਿਆਂ ਦੀ ਬਰਾਮਦਗੀ ਦੇ ਇੱਕ ਵੱਖਰੇ ਮਾਮਲੇ ਵਿੱਚ ਸਥਾਨਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦੀ ਸੂਚਨਾ ਹੈ।ਪ੍ਰਾਪਤ ਵੇਰਵਿਆਂ ਅਨੁਸਾਰ ਮਿਤੀ 16/3/19 ਨੂੰ ਥਾਣਾ ਸਰਹਿੰਦ ਵਿਖੇ ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਇੱਕ ਮੁਕੱਦਮੇ ਵਿੱਚ ਮਨਜਿੰਦਰ ਸਿੰਘ ਉਰਫ਼ ਸੋਨੂੰ ਵਾਸੀ ਪਿੰਡ ਡੇਰਾ ਮੀਰ ਮੀਰਾਂ ਨੂੰ ਗ੍ਰਿਫ਼ਤਾਰ ਕਰਦੇ ਹੋਏ ਪੁਲਸ ਨੇ ਦਾਅਵਾ ਕੀਤਾ ਸੀ ਕਿ ਸੀ.ਆਈ.ਏ. ਸਟਾਫ਼ ਸਰਹਿੰਦ ਦੀ ਇੱਕ ਟੀਮ ਵੱਲੋਂ ਸ਼ਾਮ ਨੂੰ ਸਰਹਿੰਦ ਵਿਖੇ ਜੀ.ਟੀ. ਰੋਡ ਦੇ ਨਾਲ ਲੰਘਦੀ ਸਰਵਿਸ ਰੋਡ ’ਤੇ ਕੀਤੀ ਜਾ ਰਹੀ ਚੈਕਿੰਗ ਦੌਰਾਨ ਇੱਕ ਚਿੱਟੇ ਰੰਗ ਦੀ ਜ਼ੈੱਨ ਕਾਰ ’ਚ ਸਰਹਿੰਦ ਸਾਈਡ ਤੋਂ ਆ ਰਹੇ ਮਨਜਿੰਦਰ ਸਿੰਘ ਉਰਫ ਸੋਨੂੰ ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ ਤਾਂ ਉਸ ਨੇ ਮੌਕੇ ਤੋਂ ਕਾਰ ਭਜਾਉਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਪੁਲਸ ਕਰਮਚਾਰੀਆਂ ਦੀ ਮਦਦ ਨਾਲ ਸ਼ੱਕ ਦੇ ਆਧਾਰ ’ਤੇ ਕਾਬੂ ਕਰਕੇ ਸੀ.ਆਈ.ਏ. ਸਟਾਫ਼ ਦੇ ਸਹਾਇਕ ਥਾਣੇਦਾਰ ਸਤਵਿੰਦਰ ਸਿੰਘ ਨੇ ਜਦੋਂ ਡੀ.ਐੱਸ.ਪੀ. ਰਮਿੰਦਰ ਸਿੰਘ ਕਾਹਲੋਂ ਦੀ ਹਾਜ਼ਰੀ ਵਿੱਚ ਉਸ ਦੀ ਤਲਾਸ਼ੀ ਲਈ ਤਾਂ ਉਸ ਦੇ ਕਬਜ਼ੇ ਵਾਲੇ ਬੈਗ ਵਿੱਚੋਂ 100 ਟੀਕੇ ਬਿਊਪ੍ਰੇਨੋਰਫਿਨ ਬਰਾਮਦ ਹੋਏ।ਇਸ ਸਬੰਧੀ ਸਥਾਨਕ ਅਦਾਲਤ ਵਿੱਚ ਚੱਲੀ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ ’ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਮਨਜਿੰਦਰ ਸਿੰਘ ਉਰਫ਼ ਸੋਨੂੰ ਨੂੰ ਇਸ ਮਾਮਲੇ ਵਿੱਚ ਅ/ਧ 22(ਸੀ) ਐੱਨ.ਡੀ.ਪੀ.ਐਸ. ਐਕਟ ਤਹਿਤ ਦੋਸ਼ੀ ਮੰਨਦੇ ਹੋਏ 15 ਸਾਲ ਕੈਦ ਬਾਮੁਸ਼ੱਕਤ ਤੇ 1,50,000/- ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਏਕਤਾ ਉਗਰਾਹਾਂ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੱਗੇ 9ਵੇਂ ਦਿਨ ਵੀ ਮੋਰਚਾ ਜਾਰੀ

**ਮੋਗਾ, (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਸੂਬਾ ਕਮੇਟੀ ਦੇ ਸੱਦੇ ਅਨੁਸਾਰ ਡਿਪਟੀ ਕਮਿਸ਼ਨਰ ਮੋਗਾ ਦੇ ਦਫਤਰ ਸਾਹਮਣੇ ਲਾਇਆ ਧਰਨਾ ਅੱਜ 9ਵੇਂ ਦਿਨ ਵੀ ਜਾਰੀ ਹੈ। ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਂ, ਜ਼ਿਲ੍ਹਾ ਜਨਰਲ ਸਕੱਤਰ ਗੁਰਮੀਤ ਸਿੰਘ ਕਿਸ਼ਨਪੁਰਾ, ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲ ਕਲਾਂ ਨੇ ਕਿਹਾ ਕਿ ਜੋ ਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰਨ ਜਾ ਰਹੀ ਹੈ, ਜੇਕਰ ਇਹ ਸਮਝੌਤਾ ਲਾਗੂ ਹੋ ਗਿਆ ਤਾਂ ਸਾਡੇ ਦੇਸ਼ ਦੀ ਆਰਥਿਕਤਾ ਨੂੰ ਵੱਡਾ ਨੁਕਸਾਨ ਪਹੁੰਚੇਗਾ। ਇਹ ਸਮਝੌਤਾ ਵਿਦੇਸ਼ੀ ਤੇ ਦੇਸੀ ਕਾਰਪੋਰੇਟਾਂ ਪੱਖੀ ਸਮਝੌਤਾ ਹੈ, ਇਹ ਸਮਝੌਤੇ ਨਾਲ ਪਹਿਲਾਂ ਹੀ ਅਮਰ ਵੇਲ ਵਾਂਗ ਵੱਧ ਰਹੀ ਮਹਿੰਗਾਈ ਹੋਰ ਛੜੱਪੇ ਮਾਰ ਕੇ ਵਧੇਗੀ। ਦਿੱਲੀ ਸੰਘਰਸ਼ ਵੇਲੇ ਜੋ ਕਿਸਾਨਾਂ ਨੇ ਮੋਦੀ ਸਰਕਾਰ ਤੋਂ ਤਿੰਨ ਕਾਲੇ ਕਾਨੂੰਨ ਰੱਦ ਕਰਵਾਏ ਸੀ, ਇਹ ਸਮਝੌਤਾ ਉਨ੍ਹਾਂ ਦਾ ਹੀ ਬਦਲਵਾਂ ਰੂਪ ਹੈ। ਆਗੂਆਂ ਨੇ ਦੱਸਿਆ ਕਿ ਕੱਲ੍ਹ ਨੂੰ ਮੁਲਾਜ਼ਮ ਜਥੇਬੰਦੀਆਂ ਇਕ ਦਿਨ ਦੀ ਛੁੱਟੀ ਲੈ ਕੇ ਦਫਤਰਾਂ ਦਾ ਕੰਮ ਕਾਜ ਠੱਪ ਕਰ ਰਹੀਆਂ ਹਨ। ਅੱਜ ਦੇ ਇਕੱਠ ਨੇ ਇੱਕ ਮਤੇ ਰਾਹੀਂ ਉਨ੍ਹਾਂ ਦੀ ਹਮਾਇਤ ਕਰਨ ਦਾ ਫੈਸਲਾ ਕੀਤਾ ਹੈ। ਅੱਜ ਦਾ ਇਕੱਠ ਸਰਕਾਰ ਪਾਸੋਂ ਮੰਗ ਕਰਦਾ ਕਿ ਉਨ੍ਹਾਂ ਦੀਆਂ ਮੰਗਾਂ ਮੰਨੀਆਂ ਜਾਣ। ਆਗੂਆਂ ਨੇ ਕਿਹਾ ਕਿ ਜਿੰਨਾ ਚਿਰ ਕਿਸਾਨਾਂ ਦੇ ਮੰਗਾਂ ਮਸਲਿਆਂ ਦਾ ਹੱਲ ਨਹੀਂ ਹੁੰਦਾ, ਉਨਾ ਚਿਰ ਇਹ ਸੰਘਰਸ਼ ਜਾਰੀ ਰਹੇਗਾ। ਆਗੂਆਂ ਨੇ ਦਸਿਆ ਕਿ ਕਿਸਾਨਾਂ ਦੇ ਲੋਕਲ ਮਸਲਿਆਂ ਸਬੰਧੀ ਜ਼ਿਲ੍ਹਾ ਕਮੇਟੀ ਨੇ ਡਿਪਟੀ ਕਮਿਸ਼ਨਰ ਮੋਗਾ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਤੇ ਉਨ੍ਹਾਂ ਮਸਲਿਆਂ ’ਤੇ ਗੱਲਬਾਤ ਵੀ ਕੀਤੀ। ਡਿਪਟੀ ਕਮਿਸ਼ਨਰ ਨੇ ਮਸਲਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ। ਅੱਜ ਦੇ ਧਰਨੇ ਨੂੰ ਉਪਰੋਕਤ ਤੋਂ ਬਿਨਾਂ ਗੁਰਦੇਵ ਸਿੰਘ ਕਿਸ਼ਨਪੁਰਾ, ਲਖਵੀਰ ਸਿੰਘ ਕਿਸ਼ਨਪਰਾ, ਸੁਖਜੀਤ ਸਿੰਘ ਲੰਡੇਕੇ, ਜਸਵਿੰਦਰ ਸਿੰਘ ਘਲ ਕਲਾਂ, ਕੁਲਦੀਪ ਕੌਰ ਕੁੱਸਾ, ਹਰਮੇਲ ਸਿੰਘਾ ਘਾਲੀ, ਬਲਵੀਰ ਸਿੰਘ ਸਮਾਲਸਰ, ਗੁਰਦੇਵ ਸਿੰਘ ਡੇਮਰੂ, ਹੁਕਮ ਸਿੰਘ ਰਾਮਾ ਨੇ ਸੰਬੋਧਨ ਕੀਤਾ।



# ਮਾਵਾਂ-ਧੀਆਂ ਦਾ ਸਤਿਕਾਰ ਪੰਜਾਬ ਸਰਕਾਰ ਦੀ ਪਹਿਲੀ ਤਰਜੀਹ : ਪੰਡੋਰੀ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**- ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਅਗਵਾਈ ਹੇਠ ਸ਼ਗਨ ਪੈਲਸ ਮਹਿਲ ਕਲਾਂ ਵਿਖੇ ਮਾਵਾਂ-ਧੀਆਂ ਦੇ ਸਤਿਕਾਰ ਤੇ ਮਹਿਲਾਵਾਂ ਨੂੰ ਸਰਕਾਰੀ ਭਲਾਈ ਸਕੀਮਾਂ ਨਾਲ ਜੋੜਨ ਦੇ ਮਕਸਦ ਨਾਲ ਵਿਸ਼ੇਸ਼ ਸਮਾਗਮ ਕਰਾਇਆ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ, ‘ਆਪ’ ਆਗੂਆਂ ਤੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਵਿਧਾਇਕ ਪੰਡੋਰੀ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਮਾਵਾਂ-ਧੀਆਂ ਦੇ ਸਨਮਾਨ, ਸੁਰੱਖਿਆ ਤੇ ਖੁਸ਼ਹਾਲੀ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸਿਰਫ਼ ਵੋਟ ਬੈਂਕ ਸਮਝਣ ਵਾਲੀਆਂ ਰਵਾਇਤੀ ਪਾਰਟੀਆਂ ਨੇ ਲੰਮੇ ਸਮੇਂ ਤੱਕ ਸੱਤਾ ਵਿੱਚ ਰਹਿ ਕੇ ਮਹਿਲਾਵਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ, ਪਰ ਉਨ੍ਹਾਂ ਨੂੰ ਹਕੀਕਤੀ ਤੌਰ ’ਤੇ ਸਸ਼ਕਤ ਬਣਾਉਣ ਵੱਲ ਕੋਈ ਠੋਸ ਕਦਮ ਨਹੀਂ ਚੁੱਕਿਆ। ਵਿਧਾਇਕ ਪੰਡੋਰੀ ਨੇ ਵਿਰੋਧੀ ਪਾਰਟੀਆਂ ’ਤੇ ਤੰਜ ਕੱਸਦਿਆਂ ਕਿਹਾ ਕਿ ਜਿਹੜੇ ਆਗੂ ਸਾਲਾਂ ਤੱਕ ਸਰਕਾਰਾਂ ਵਿੱਚ ਰਹਿ ਕੇ ਮਹਿਲਾਵਾਂ ਦੀਆਂ ਸਮੱਸਿਆਵਾਂ ਨੂੰ ਅਣਗੌਲਿਆ ਕਰਦੇ ਰਹੇ, ਉਹ ਅੱਜ ਲੋਕਾਂ ਨੂੰ ਗੁੰਮਰਾਹ ਕਰਨ ਲਈ ਬਿਆਨਬਾਜ਼ੀ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕੰਮ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਸਿੱਧਾ ਲੋਕਾਂ ਤੱਕ ਪੁਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਮਾਜ ਦੀ ਤਰੱਕੀ ਉਸ ਸਮੇਂ ਹੀ ਸੰਭਵ ਹੈ, ਜਦੋਂ ਔਰਤਾਂ ਨੂੰ ਬਰਾਬਰ ਦਾ ਸਨਮਾਨ ਅਤੇ ਅੱਗੇ ਵਧਣ ਦੇ ਮੌਕੇ ਮਿਲਣ।ਸਰਕਾਰ ਮਹਿਲਾਵਾਂ ਨੂੰ ਸਿਰਫ਼ ਭਲਾਈ ਸਕੀਮਾਂ ਦਾ ਲਾਭ ਦੇਣ ਤੱਕ ਸੀਮਤ ਨਹੀਂ ਰਹਿਣਾ ਚਾਹੁੰਦੀ, ਸਗੋਂ ਉਨ੍ਹਾਂ ਨੂੰ ਰੁਜ਼ਗਾਰ, ਸਵੈ-ਰੁਜ਼ਗਾਰ ਤੇ ਹੁਨਰ ਵਿਕਾਸ ਦੇ ਮੌਕੇ ਦੇ ਕੇ ਆਤਮ-ਨਿਰਭਰ ਬਣਾਉਣ ਲਈ ਵੀ ਯਤਨਸ਼ੀਲ ਹੈ।ਪੰਡੋਰੀ ਨੇ ਕਿਹਾ ਕਿ ਔਰਤਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਤੇ ਉਨ੍ਹਾਂ ਨੂੰ ਹੁਨਰਮੰਦ ਬਣਾਉਣ ਵੱਲ ਸਰਕਾਰ ਵੱਲੋਂ ਹੋਰ ਉਪਰਾਲੇ ਕੀਤੇ ਜਾਣਗੇ।ਇਸ ਨਾਲ ਮਾਵਾਂ-ਧੀਆਂ ਆਪਣੇ ਪਰਿਵਾਰ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾ ਸਕਣਗੀਆਂ। ਮੈਡਮ ਜਸਵਿੰਦਰ ਕੌਰ ਨੇ ਸਮਾਗਮ ਵਿੱਚ ਪਹੁੰਚੀਆਂ ਸਮੂਹ ਸਖੀਆਂ ਤੇ ਔਰਤਾਂ ਦਾ ਧੰਨਵਾਦ ਕੀਤਾ।ਜ਼ਿਲ੍ਹਾ ਇਸਤਰੀ ਵਿੰਗ ਦੀ ਪ੍ਰਧਾਨ ਨਿਸ਼ਾ ਸਰਮਾ ਨੇ ਮਹਿਲਾਵਾਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਜਿਨ੍ਹਾਂ ਮਹਿਲਾਵਾਂ ਨੇ ਅਜੇ ਤੱਕ ਸਬੰਧਤ ਫਾਰਮ ਅਪਲਾਈ ਨਹੀਂ ਕੀਤੇ, ਉਹ ਫਾਰਮ ਭਰ ਕੇ ਸਕੀਮਾਂ ਦਾ ਲਾਭ ਲੈ ਸਕਦੀਆਂ ਹਨ।



## ਚੋਰੀਸ਼ੁਦਾ ਮੋਟਰਸਾਈਕਲ ਸਣੇ ਗ੍ਰਿਫਤਾਰ

**ਜਲਾਲਾਬਾਦ, (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਇਕ ਵਿਅਕਤੀ ਨੂੰ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪੁਲ ਨਹਿਰ ਰੱਤਾ ਖੇੜਾ ਕੋਲ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ, ਜੋ ਇਤਲਾਹ ਠੋਸ ਤੇ ਭਰੋਸੇਯੋਗ ਹੋਣ ’ਤੇ ਪੁਲਸ ਪਾਰਟੀ ਨੇ ਇਥੇ ਨਾਕਾਬੰਦੀ ਕਰਕੇ ਮਨਪ੍ਰੀਤ ਸਿੰਘ ਉਰਫ ਪੀਤਾ ਪੁੱਤਰ ਕੁਲਵੰਤ ਸਿੰਘ ਵਾਸੀ ਖੁੜੰਜ ਨੂੰ ਇਕ ਮੋਟਰਸਾਈਕਲ ਪਲਟੀਨਾ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਥਾਣਾ ਵੈਰੋਕੇ ਵਿਖੇ ਮੁਕੱਦਮਾ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

## ਨਹਿਰੀ ਪਾਣੀ ਚੋਰੀ ਕਰਨ ਤੇ ਪ੍ਰਾਪਰਟੀ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ’ਚ ਕੇਸ ਦਰਜ

**ਜਲਾਲਾਬਾਦ, (ਜੀਤ ਕੁਮਾਰ)**-ਥਾਣਾ ਅਮੀਰ ਦੀ ਪੁਲਸ ਵੱਲੋਂ ਪਿੰਡ ਬਲੇਲ ਕੇ ਮਾਈਨਰ ਵਿੱਚੋਂ ਪਾਣੀ ਦੀ ਚੋਰੀ ਕਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੰਦੀਪ ਕੁਮਾਰ ਨੇ ਦੱਸਿਆ ਕਿ ਮੰਡਲ ਕੈਨਾਲ ਅਫਸਰ ਫਾਜ਼ਿਲਕਾ ਦਾ ਪੱਤਰ ਨੰਬਰ 475 ਦੀ ਜਾਂਚ ਪੜਤਾਲ ਉਪਰੰਤ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਵੱਲੋਂ ਅਪਰੂਵਲ ਥਾਣਾ ਅਮੀਰ ਖਾਸ ਵਿਖੇ ਆਈ ਹੈ। ਇਸ ਪੱਤਰ ਮੁਤਾਬਿਕ ਰਾਜ ਕੁਮਾਰ ਤੇ ਕਰਨ ਕੰਬੋਜ ਵਾਸੀਆਨ ਘੁੱਲਾ ਵੱਲੋਂ ਬਲੇਲ ਕੇ ਮਾਈਨ ਵਿੱਚੋਂ ਪਾਣੀ ਦੀ ਚੋਰੀ ਕਰਨ, ਨਹਿਰ ਦੀ ਪੱਟੜੀ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ ਵਿੱਚ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਨੰਬਰ 98 ਮਿਤੀ 6 ਸਤੰਬਰ 2026 ਨੂੰ ਵੱਖ ਵੱਖ ਧਰਾਵਾਂ ਅਧੀਨ ਦਰਜ ਕੀਤਾ ਗਿਆ ਹੈ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਦੀ ਤਰਫ ਤੋਂ ਕੰਮ ਕਰਦੇ ਹੋਏ ਹੇਠਾ ਦਿਤੀ ਗਈ ਸ਼ੀਰਸ਼ਕ ਵਾਲੀ ਟੈਂਡਰਾਂ ਵਿਰੁਧ ਖੁਲੀ ਟੈਂਡਰਾ ਈ-ਟੈਂਡਰਾ ਮੰਗ ਕਰਦੀ ਹੈ ਇਹ ਉਪਲਬਧ ਹੈ ਜਿਨ੍ਹਾਂ ਦੀ ਆਖਰੀ ਮਿਤੀ 25.09.2026 ਨੂੰ 15 ਵਜੇ ਤਕ ਹੈ। ਬੋਲੀਦਾਤਾ ਅਪਣੀ ਮੂਲਵਸਾਖਰੀਯੁਕਤ ਬੋਲੀਆਂ ਕੇਵਲ ਪੂਰਾ ਕਰਨ ਦੀ ਮਿਤੀ ਅਤੇ ਸਮੇਂ ਤਕ ਹੀ ਜਮਾਂ ਕਰ ਸਕਣਗੇ। ਇਨ੍ਹਾਂ ਟੈਂਡਰਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਅਨੁਮਤੀ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਨਜ਼ਰਅੰਦਾਜ ਕਰ ਦਿਤਾ ਜਾਵੇਗਾ। ਠੇਕੇਦਾਰ ਨੂੰ ਇਸ ਟੈਂਡਰ ਦੇ ਵਿਰੁਧ ਟੈਂਡਰ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ (IREPS) ਪੋਰਟਲ ਉਤੇ ਭੁਗਤਾਨ ਵਿਧੀਆਂ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਤੋਂ ਕਰਨ ਦੀ ਅਨੁਮਤੀ ਹੈ।

| ਲ. ਨੰ: | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | ਵਿਗਿਆਪਿਤ ਮੁਲ (ਰੁ:) | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|---|---|
| 1 | 42-2026-27-DRM-JAT | ਸੀਨੀਅਰ ਸਹਾਇਕ ਮੰਡਲ ਇੰਜੀਨੀਅਰ-II/ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਅੰਤਰਗਤ ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਸੈਕਸ਼ਨ ਵਿਚ 5 ਸਾਲਾਂ ਦੇ ਲਈ ਟ੍ਰੈਕ ਆਧਾਰਿਤ ਇਲੈਕਟ੍ਰਾਨਿਕ ਪ੍ਰਕਾਰ ਦੇ ਰੇਲ ਗੇਜ ਫੇਸ ਲੁਬ੍ਰਿਕੇਟਰ ਦੀ 62 ਨਗ ਦੀ ਆਪੂਰਤੀ, ਸਥਾਪਨਾ ’ਤੇ ਕਮੀਸ਼ਨਿੰਗ ਦਾ ਕੰਮ (62x12x5 ਸਾਲ = 3720) ਮਹੀਨੇ। | 10,80,09,340.10 | 90 ਦਿਨ | 60 ਮਹੀਨੇ |
| 2 | 43-2026-27-DRM-JAT | ਸੀਨੀਅਰ ਸਹਾਇਕ ਮੰਡਲ ਇੰਜੀਨੀਅਰ-II/ਜੰਮੂ ਤਵੀ ਦੇ ਅਧਿਕਾਰ ਖੇਤਰ ਦੇ ਅੰਤਰਗਤ ਸਹਾਇਕ ਮੰਡਲ ਇੰਜੀਨੀਅਰ/ਪਠਾਨਕੋਟ ਦੇ ਸੈਕਸ਼ਨ ਵਿਚ 5 ਸਾਲਾਂ ਦੇ ਲਈ ਟ੍ਰੈਕ ਆਧਾਰਿਤ ਇਲੈਕਟ੍ਰਾਨਿਕ ਪ੍ਰਕਾਰ ਦੇ ਰੇਲ ਗੇਜ ਫੇਸ ਲੁਬ੍ਰਿਕੇਟਰ ਦੀ 68 ਨਗ ਦੀ ਆਪੂਰਤੀ, ਸਥਾਪਨਾ ’ਤੇ ਕਮੀਸ਼ਨਿੰਗ ਦਾ ਕੰਮ (68x12x5 ਸਾਲ = 4080 ਮਹੀਨੇ)। | 11,84,04,800.60 | 90 ਦਿਨ | 60 ਮਹੀਨੇ |

ਟਿਪਣੀਆਂ :- 1. ਠੇਕੇਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੋਲੀ ਪੇਸ਼ ਕਰਨ ਤੋਂ ਪਹਿਲਾ ਇਸ ਟੈਂਡਰ ਦੇ ਵਿਰੁਧ ਜਾਰੀ ਕਿਸੀ ਵੀ ਸ਼ੁੱਧੀਪੱਤਰ (Corrigendum) ਦੇ ਲਈ ਆਈਆਰਈਪੀਐਸ (IREPS) ਵੈੱਬਸਾਈਟ ਜ਼ਰੂਰ ਦੇਖੋ। 2. ਜੇਕਰ ਹਿੰਦੀ ਵਿਗਿਆਪਨ ਵਿਚ ਕੋਈ ਗੁਲਤੀ ਪਾਈ ਜਾਂਦੀ ਹੈ, ਤਾਂ ਅੰਗ੍ਰੇਜ਼ੀ ਵਿਗਿਆਪਨ ਮਾਨਯ ਹੋਵੇਗਾ। ਟੈਂਡਰ ਸੂਚਨਾ ਨੰਬਰ: 770-W/01/WA/JAT/2025 42-2026-27-DRM-JAT, 43-2026-27-DRM-JAT (to be opened on 25.09.2026)

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3058/26



**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਮੰਡਲ ਇੰਜੀਨੀਅਰ-ਹੈਡਕੁਆਟਰ ਫਿਰੋਜਪੁਰ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀਆਂ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in ’ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 28.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ** |
| 04.09.2026 | 14.09.2026 | 28.09.2026 15:00 ਵਜੇ |

| ਲ. ਨੰ. | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 116-2026-27-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ ਜਗਰਾਂਵ ਸੈਕਸ਼ਨ ਵਿਚ LHS ਤੋਂ ਪਾਣੀ ਕੱਢਣਾ। | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 1499720.09 | 30000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: “ਕੋਈ ਨਹੀਂ।” | | | |
| 2. | 127-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ ਜਲਾਲਾਬਾਦ ਸੈਕਸ਼ਨ ਵਿਚ ਫਿਰੋਜਪੁਰ ਸ਼ਹਿਰ ਤੋਂ ਫਾਜਿਲਕਾ ਅਤੇ ਅਬੋਹਰ ਤੋਂ ਫਾਜਿਲਕਾ (ਇਸ ਨੂੰ ਛੱਡ ਕੇ) ਤੋਂ ਫਿਰੋਜਪੁਰ ਸ਼ਹਿਰ (ਜੋਨ-1) ਤਕ ਦੇ ਸੈਕਸ਼ਨ ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸਟ੍ਰਕਚਰ ਵਿਚ ਬਦਲਾਅ ਅਤੇ ਜਰੂਰੀ ਕੰਮ (2026-27) | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 8998531.26 | 180000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: “ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।” | | | |
| 3. | 128-2026-27-ADEN-2-FZR | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ ਵਰਕਸ/ ਲੋਹਿਯਾ ਖਾਸ ਦੇ ਸੈਕਸ਼ਨ ਵਿਚ ਫਿਰੋਜਪੁਰ (ਛੱਡਿਆ ਹੋਇਆ)-ਜਲੰਧਰ ਸ਼ਹਿਰ (ਛੱਡਿਆ ਹੋਇਆ) (ਜੋਨ ਨੰਬਰ-2) ਤਕ ਦੇ ਸੈਕਸ਼ਨ ਵਿਚ ਸਟੇਸ਼ਨ ਬਿਲਡਿੰਗ ਅਤੇ ਹੋਰ ਸਰਵਿਸ ਬਿਲਡਿੰਗ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਸਟ੍ਰਕਚਰ ਵਿਚ ਬਦਲਾਅ ਅਤੇ ਜਰੂਰੀ ਕੰਮ (2026-27) | | | |
| | | ਵਿਗਿਆਪਨ ਮੁੱਲ (ਰੁ) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 4999150.39 | 100000.00 | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ: “ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।” | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ। ਨਿਵਿਦਾ ਨੰਬਰ: 116-2026-27-ADEN-1-FZR & 127,128-2026-27-ADEN-2-FZR ਤਾਰੀਕ : 04.09.2026 3053/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਟਾਈਟਲ ਵਾਲੀ ਈ-ਟੈਂਡਰਾਂ ਦੀ ਮੰਗ ਕਰਦੇ ਹਨ ਜੋ www.ireps.gov.in ’ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 28.09.2026 ਦੁਪਹਿਰ15:00 ਵਜੇ ਤਕ ਹੈ।ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ/ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਦੇ ਹਨ।। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਦੀ ਇਜਾਜਤ ਨਹੀਂ ਹੈ ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੇ ਵੀ ਮੈਨੂੰਅਲ ਪ੍ਰਸਤਾਵ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰਾਂ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਫੀਸ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਭੁਗਤਾਨ ਮੋਡ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ, ਡਿਮਾਂਡ ਡ੍ਰਾਫਟ ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in. ਲਾਗ ਇਨ ਕਰੋ

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| **ਨਿਵਿਦਾ ਅਪਲੋਡ ਕਰਨ ਦੀ ਮਿਤੀ** | **ਬੋਲੀ ਸ਼ੁਰੂ ਦੀ ਮਿਤੀ** | **ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ** |
| 03.09.2026 | 14.09.2026 | 28.09.2026 / 15:00 ਵਜੇ |

| ਲ. ਨੰ. | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1. | 130-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਐਲਸੀ ਦੀ ਜਗ੍ਹਾ ਵਖ-ਵਖ ROB/RUB ਸਾਈਟਾਂ ਦੇ ਲਈ DPR ਤਿਆਰ ਕਰਨਾ ਅਤੇ ਜਮ੍ਹਾ ਕਰਨਾ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 12730829.59 | 254600.00 | 60 ਦਿਨ | 04 ਮਹੀਨੇ |
| | | ਸਮਾਨ ਨੇਚਰ ਦਾ ਕੰਮ: ``RUB/ROB/ROR ਵਾਟਰਵੇ ਬ੍ਰਿਜ ਦੇ ਲਈ ਡਿਟੇਲਡ ਰਿਪੋਰਟ (DPR) ਤਿਆਰ ਕਰਨ ਸਮੇਤ ਕੋਈ ਵੀ ਕੰਮ।” | | | |
| 2. | 131-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ, ਟਾਈਪ ਪਲਾਨ ਨੰਬਰ HQ/01/02-2017/R-1 ਦੇ ਅਨੁਸਾਰ 5 ਲੇਵਲ ਕ੍ਰਾਸਿੰਗ (LC) ਗੇਟਸ ਦੀ ਇੰਟਰਲਾਕਿੰਗ ਦਾ ਕੰਮ (ਉਹ ਕੰਮ ਕੁਲ 74 ਐਲਸੀ ਗੇਟਸ ਦੀ ਇੰਟਰਲਾਕਿੰਗ ਦਾ ਹਿਸਾ ਹੈ- ਜਿਨ੍ਹਾਂ ਵਿਚ ਫਿਰੋਜਪੁਰ ਡਵੀਜਨ ਦੇ 55 ਅਤੇ JAT ਡਵੀਜਨ ਦੇ 19 ਗੇਟ ਸ਼ਾਮਲ ਹਨ, ਜਿਨ੍ਹਾਂ ਦਾ TVU 20,000 ਤੋਂ ਜਿਆਦਾ ਅਤੇ 50,000 ਤੋਂ ਘੱਟ ਹੈ) | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 5259630.79 | 105200.00 | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ: ‘ਇਮਾਰਤ/ਆਵਾਸ ਦੀ ਉਸਾਰੀ।’ | | | |
| 3. | 132-2026-27-SrDEN-I-FZR | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਅਧਿਕਾਰ ਖੇਤਰ ਵਿਚ, ਟਾਈਪ ਪਲਨ ਨੰਬਰ 0-97/-2017/R-1 ਦੇ ਅਨੁਸਾਰ 5 ਲੇਵਲ ਕ੍ਰਾਸਿੰਗ (LC) ਗੇਟਸ ਦੀ ਇੰਟਰਲਾਕਿੰਗ ਦਾ ਕੰਮ (ਉਹ ਕੰਮ ਕੁਲ 74 ਐਲਸੀ ਗੇਟਸ ਦੀ ਇੰਟਰਲਾਕਿੰਗ ਦਾ ਹਿਸਾ ਹੈ- ਜਿਨ੍ਹਾਂ ਵਿਚ ਫਿਰੋਜਪੁਰ ਡਵੀਜਨ ਦੇ 55 ਅਤੇ JAT ਡਵੀਜਨ ਦੇ 19 ਗੇਟ ਸ਼ਾਮਲ ਹਨ, ਜਿਨ੍ਹਾਂ ਦਾ TVU 20,000 ਤੋਂ ਜਿਆਦਾ ਅਤੇ 50,000 ਤੋਂ ਘੱਟ ਹੈ) | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 6115905.73 | 122300.00 | 60 ਦਿਨ | 06 ਮਹੀਨੇ |
| | | ਸਮਾਨ ਨੇਚਰ ਦਾ ਕੰਮ: “ਪ੍ਰੀ-ਕਾਸਟ PSC/RCC ਪੈਨਲ ਨਾਲ ਬਣਿਆ ਕੋਈ ਵੀ ਸਟ੍ਰਕਚਰਲ ਕੰਮ।” | | | |
| 4. | 133-2026-27-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਛਾਉਣੀ ਦੇ ਤਹਿਤ ਫਿਲੌਰ-ਲੋਹਿਯਾਨ ਖਾਸ ਸੈਕਸ਼ਨ ਉਤੇ 05 LHS (C-24, C-35, C-59, C-67 ਅਤੇ C-76) ਦੇ ਉਪਰ ਕਵਰ ਸ਼ੈਡ ਲਗਾਉਣ ਦਾ ਪ੍ਰਬੰਧ। | | | |
| | | ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 52703664.36 | 1054100.00 | 60 ਦਿਨ | 09 ਮਹੀਨੇ |
| | | ਸਮਾਨ ਨੇਚਰ ਦਾ ਕੰਮ: ‘ਟ੍ਰੈਕ ਦੇ ਇਲਾਵਾ ਕੋਈ ਵੀ ਸਿਵਿਲ ਕੰਮ।’ | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨਹੀ ਮਾਨਯ ਹੋਣਗੇ। ਨਿਵਿਦਾ ਸੂਚਨਾ ਪੱਤਰ ਨੰ.: 130,131,132-2026-27-SrDEN-I-FZR & 133-2026-27-ADEN-JRC ਤਾਰੀਕ: 04.09.2026 3050/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਲਾਸੀਫਾਈਡ ਇਸ਼ਤਿਹਾਰ

## Change of Name

I Anudeep Kaur W/O Gagandeep Singh Sandhu R/O 2170-C Block Ranjit Avenue Distt Amritsar. Have Changed My Name From Anudeep Kaur To Anudeep Kaur Sandhu

I, Jatinder Singh S/o Yadwinder Singh R/o Narain Garh Byepass PO Chheharta, Amritsar have declare that Jatinder is my Give name and Singh is my Surname

I, Daljit Singh S/o Avtar Singh R/o Basarke, Gumanpura, Amritsar 143105 have declare that Daljit is my given name and Singh is my Surname

I, Gulzar Singh S/o Dalip Singh R/o H No 923, Gali No 5, Dr Het Ram Colony, Naraingarh, Chheharta, Amritsar, Punjab have changed my name from Gulzar Singh to Guljar Singh

I, Pawan Brij Kumar Sarkaria D/o Mohinder Singh Sarkaria W/o Rajinder Singh R/o H.No.5163, Roop Mahal, Ajaib Garh Dr Surat Singh Road, Amritsar have changed my name from Pawan Brij Kaur to Pawan Brij Kaur Sarkaria

I, Meena Wife of Ravi Kumar R/o 2126, Gali Ghumiara Wali, Mori Gate, Jandiala Guru, Distt. Amritsar, Punjab-143115, India have changed my name from Meena to Meena Kumari Concerned Note.

I, Paramjeet Singh S/o Balwant Singh R/o VPO Dharar, Distt Amritsar, have declared that Singh is my surname and Paramjeet is my given name. Concerned Note

I, Surajit Kour wife of Lakha Singh R/o Permanent Address Near Talab, Dumri No-4, Kalme Gha, Jharkhand current address Vpo Bhangwan, Teh & Distt. Amritsar India have declare That in some of my documents my name is written as Surajit Kour and some other documents my name is written as Sarwajeet Kaur and I am the same person with both name Surajit Kour and Sarwajeet Kaur. Concerned note

I, Harjinder Kaur W/o Harpal Singh R/o Nazdik Telephone Exchange VPO Majitha Amritsar have declare that Harjinder is my Given name and Kaur is my Surname

I, Jagpreet Singh S/o Balbir Singh R/o Vill Gurchak P.o. Shahzada Teh. Dera Baba Nanak Gurdaspur declare that Jagpreet is my given name & Singh is my Surname

I, Narinder Singh S/o Tarlok Singh R/o L-2/1021 Gali No. 2 New Gurnam Nagar Sultanwind Road Amritsar declare that Narinder is my given name & Singh is my Surname

I, Hardev Singh S/o Gursharan Singh Gulari R/o H.No.9, Gali No. 2, Vijay Nagar Batala Road, Amritsar have changed my name from Hardev Singh to Hardev Singh Gulri

I, Charanjeet Kaur W/o Sarwan Singh R/o VPO Bahoru Amritsar have changed my name from Charanjeet Kaur to Sharanjit Kaur

I, Parabjot Singh S/o Dilbagh Singh R/o H.No.L-6/1775 Gali No.2, New Shaheed Udham Singh Nagar, Amritsar have changed my name from Parabhjot Singh to Prabhjot Singh

I, Prabhjot Kaur W/o Amardeep Singh R/o H.No.161, Gali No.7, Kot Atma Ram, Sultanwind Road, Amritsar have changed my name from Prabjot Kaur to Prabhjot Kaur

I, Bindu Kumari W/o Harminder Singh R/o 35, Khalsa Nagar, Kot Mit Singh Amritsar have changed my name from Bindu Kumari to Bindu Kaur

I, Gursahib Singh S/o Darshan Singh R/o Village Sarai Amant Khan Tehsil and District Tarn Taran have declare that Gursahib is my Given name and Singh is my Surname

I Sakatar Singh Sandhu Son Of Dawinder Singh Resident Of Village Bagrian, Po Attari, Tehsil And District Amritsar Have Changed My Name To Sakatar Singh

I, Rekha Hastir W/o Sh. Sanjeev Kumar Hastir Resident of 14/635, Tirath Nagar, Verka, Amritsar. I have changed my name from Rekha Hastir to Rekha Sharma. All concerned please note.

I, Sanimar Kaur W/o Jaskirat Singh Sidhu R/o Near Telephone Exchange, VTC Majitha, PO Majitha, Distt. Amritsar, Punjab- 143601 have changed my name from Sanimar Kaur to Sanimar Kaur Sidhu.

I, Gurmit Singh son of Mela Singh resident of Village Lamme, PO. Jaid, District Kapurthala, Punjab have changed my name as Gurmeet Singh. All Concerned note.

I, Gurmit Lal s/o Shankar Dass R/o 109, Mohalla Ramgarhia ward No. 5 Alawalpur jalandhar declare that in some Documents my name written as Gurmit Lal but my Actual name is Gurmeet Ram . Now Gurmit Lal and Gurmeet Ram is one and the same person.

I, Jyoti Trehan W/O Sourav Bhalla R/O 859/2, Jail Gali, Hall Bazar,Amritsar,Punjab have changed my name from Jyoti Trehan to Jyoti Trehan Bhalla. Concerned note.

I, Balwinder Pal S/O Thakur Dass R/O H.No.F21/310,Ward No.13, Batala Road, Sandhu Colony, Khuh Cundyan Wala, Amritsar, Punjab have changed my name from Balwinder Pal to Palwinder Pal. Concerned note.

I, Assawari Sidhu D/O Surinder Singh R/O H.No. 30, Opp. Petrol Pump, Sitara Colony Verka, Amritsar, Punjab inform that Assawari Sidhu and Assawari Kaur Sidhu both names are mine and one and the same person and have equal value.

I, Raman Kumar S/o Gopi Chand R/o A-569, New Amritsar have changed my name from Raman Kumar to Raman Arora

I, Kanwarmeet Singh S/o Narinder Pal Singh R/o B-57, Bhalla Colony, Chhehrta, Amritsar have changed my name from Kanwarmeet Singh to Kanwarmeet Singh Sandhu

I, Deepak S/o Somnath R/o H.No. 314, Gali Mangalpuri, Ghanupur Road, Near Pani Wali Tanki, Khandwala, Chheharta, Amritsar have changed my name from Deepak to Deepak Kumar.

## Change of Name

I, Hav. MD. Yunus Shah, Service No. 15164814F, son of Late Anwar Hussain, permanent resident of Village + Post Office Betabur Kallan, District Ghazipur, Uttar Pradesh - 232341, India, presently posted at 56 APO, Old Cantt, Amritsar, Punjab, declare that in my Army service records my daughter name written as "Shama Parbin" instead of her correct name "Shama Parveen". "Shama Parbin" and "Shama Parveen" refer to one and the same person.

I, Deepak Kumar S/o Vijay Kumar R/o VPO Chak Ramun, Tehsil Banga, Distt. S.B.S Nagar - 144504, Punjab have changed my name from Deepak Kumar to Deepak as given name and Kumar as surname. All concerned please note.

I, Sushma W/o Rajinder Singh R/o H.no. 53, Old Jawahar Nagar, Ladowali Road, Jalandhar - 144001, Punjab have changed my name from Sushma to Sushma Rani. Sushma as given name and Rani as surname. All concerned please note.

I, Rajit Kumar S/O Sukhdev Lal R/O VPO. Paddi Jagir, Tehsil Phillaur, Distt. Jalandhar, Punjab Have Changed My Name From Rajit Kumar To Given Name As Rajat And Surname As Kumar. Please Note.

I, Reema Rani W/O Tarsem Lal R/O Vill. Kala, Po. Bara Pind, Distt. Jalandhar, Punjab Have Change My Name From Reema Rani To Given Name As Reema And Surname As Rani. Please Note.

I, Richa W/o Ankit Verma R/o House No. NN 357, Gopal Nagar, Jalandhar, Punjab-144001 have changed my name to Richa Verma after marriage. All concerned please note.

I, Bimla Devi W/o Parminder Singh R/o Vill. Lesriwal, PO. Adampur, Distt. Jalandhar (PB) have changed my name to Given Name Bimla & Surname as Devi. All concerned please note.

I, Satinder Singh S/O joginder Singh R/O Vill. Model Town ,PO. Talwara , District Kapurthala, Punjab declare that have changed my name from Satinder Singh to Singh Satinder. All concerned please note.

I Gurpreet Singh S/O Harbhajan Singh R/O Village Mander bet tehsil dhilwan district Kapurthala declare that have changed my name from Gurpreet Singh to Singh as surname and Gurpreet as given name. Please note.

I, Gurinder Singh son of Pritam Singh resident of Vill. Suchi Pind, PO. Chogitti, Jalandhar -144009, Punjab have changed my minor daughter's name from Loveleen Kaur to Given Name as Loveleen & Surname as Kaur.

I Waheguru S/O Harwinder Singh R/O H No 1372 Gali Sudh Singh Chawal Mandi Amritsar Have Changed My Name From Waheguru To Waheguru Singh.

I, Savita Rani D/o Neelkanth W/o Rajinder Kumar R/o VPO Bhagowal, Patti Shah Purian, Gurdaspur, Punjab-143511 changed my name to Savita.

I, Surajpal S/O Vijay Kumar R/O H. No. 324, Arya Nagar, Kartarpur, Jalandhar Have Changed My Name From Surajpal To Suraj Pal. All Concerned Noted.

I, Sukhwinder S/o Harbans Lal R/o VPO. Mehli, Distt. Shahid Bhagat Singh Nagar, Punjab have changed my name from Sukhwinder to Sukhwinder Basra. All Please Note.

I, Parwinder Kaur Alias Parminder Kaur w/o Late Narinder Singh r/o H.No. W N-282, Balmiki Mohalla, Jalandhar have changed my name from Parwinder Kaur Alias Parminder Kaur to Parminder Kaur. All Please Note.

I, Rimpy Kaur w/o Nirmal Singh r/o VPO. Poonian, Teh .Shahkot, distt.Jalandhar have changed my Given name as Rimpy & Surname as Kaur. All Please Note.

I, Mohammad Raffy s/o Afzal Ahmad r/o Ward No. 11, Mohalla Ahmadiyya, Po. Qadian, Teh.Batala, Distt. Gurdaspur, have changed my name from Mohammad Raffy to Rafay Saifi. All Please Note.

I, Rajni Bala W/o Shamsher Singh R/o H.No. 14, Talhan Road, Bhullar Enclave, Dakoha, Distt. Jalandhar have changed my name from Rajni Bala to Harmanpreet Kaur. All Please Note.

I, Gagandeep Singh S/o Dalip Singh R/o H.No. 2, Chanan Nagar, Distt. Jalandhar. I declare that Gagandeep as my given name and Singh as my surname. All Please Note.

I, Ravinder Kaur W/o Sat Pal Dadra R/o VPO. Dhogri, Distt. Jalandhar. I declare that Ravinder as my given name and Kaur as my surname. All Please Note.

## ਨਾਂਅ ਦੀ ਬਦਲੀ

ਮੈਂ ਸੁਨੀਤਾ ਰਾਣੀ ਪਤਨੀ ਰਾਕੇਸ਼ ਕੁਮਾਰ ਪਿੰਡ ਖੇਪੜਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣਾ ਨਾਮ ਸੁਨੀਤਾ ਰਾਣੀ ਤੋਂ ਬਦਲ ਕੇ ਸੂਨੀਤਾ ਦੇਵੀ ਰੱਖ [illegible]

[illegible]

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਅਖ਼ਬਾਰ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਦੀ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਬੇਦਖ਼ਲੀ ਨੋਟਿਸ

[illegible]

## ਬੇਦਖ਼ਲੀ ਨੋਟਿਸ

[illegible]

## ਆਮ ਸੂਚਨਾ

[illegible]

## PUBLIC NOTICE

I, Vidya Devi W/o Late Mohinder Pal R/o Village Dhanowali, Jalandhar Cantt, District Jalandhar, Punjab declare that my son Ashwani Kumar is out of my control. So I disinherit him from all my moveable and immoveable properties. I and my family shall not be held responsible for any of his act, deed and things related to him. All concerned please note.

# ਟਰੱਸਟ ਸਦਾਵਰਤ ਪੰਚਾਇਤੀ ਨੇ ਲੋੜਵੰਦ ਵਿਧਵਾਵਾਂ ਨੂੰ ਦਿੱਤਾ ਰਾਸ਼ਨ

ਫਿਰੋਜ਼ਪੁਰ 7 ਸਤੰਬਰ (ਅਸ਼ੋਕ ਸ਼ਰਮਾ) : ਮਨੁੱਖਤਾ ਦੀ ਸੇਵਾ ਵਿੱਚ ਹਮੇਸ਼ਾ ਮੋਹਰਲੀ ਕਤਾਰ ਵਿੱਚ ਰਹਿਣ ਵਾਲੀ ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਲੋੜਵੰਦ ਵਿਧਵਾਵਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਟਰੱਸਟ ਸਦਾਵਰਤ ਪੰਚਾਇਤੀ ਦੇ ਆਗੂ ਅਸ਼ਵਨੀ ਮੌਂਗਾ, ਪੀ ਸੀ ਕੁਮਾਰ, ਓਮ ਪ੍ਰਕਾਸ਼ ਕਟਾਰੀਆ, ਡੀ ਕੇ ਬਜਾਜ, ਮਦਨ ਲਾਲ ਆਗੂ ਹਾਜ਼ਰ ਸਨ। ਇਸ ਮੌਕੇ ਸਭ ਤੋਂ ਪਹਿਲਾਂ, ਜਿਨ੍ਹਾਂ ਨੇ 1914 ਵਿੱਚ ਇਹ ਟੱਸਟ ਬਣਾਇਆ, ਉਨ੍ਹਾਂ ਬਾਰੇ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਉਹ ਮਹਾਨ ਆਤਮਾਵਾਂ ਸਨ, ਜਿਨ੍ਹਾਂ ਨੇ ਉਸ ਵੇਲੇ ਇਹ ਟਰੱਸਟ ਬਣਾਇਆ, ਜਦੋਂ ਇਥੇ ਅਕਾਲ ਪੈ ਗਿਆ ਸੀ ਅਤੇ ਲੋਕ ਦਾਣੇ-ਦਾਣੇ ਤੋਂ ਤਰਸ ਰਹੇ ਸੀ। ਕੁਝ ਸਮਾਜ ਸੇਵੀ ਦਾਨੀ ਸੱਜਣ ਅੱਗੇ ਆਏ ਤੇ ਉਨ੍ਹਾਂ ਆਪਣੀਆਂ ਜਾਇਦਾਦਾਂ ਇਸ ਟਰੱਸਟ ਦੇ ਨਾਮ ਕਰ ਦਿੱਤੀਆਂ ਤਾਂ ਕਿ ਕੋਈ ਭੁੱਖਾ ਨਾ ਸੌਂ ਸਕੇ, ਜੋ ਕਿ 112 ਸਾਲਾਂ ਤੋਂ ਚੱਲ ਰਿਹਾ ਹੈ ਤੇ ਹਰ ਲੋੜਵੰਦ ਦੀ ਮਦਦ ਕੀਤੀ ਜਾਂਦੀ ਹੈ। ਇਸ ਮੌਕੇ ਸਮੂਹ ਅਹੁਦੇਦਾਰਾਂ, ਵਰਕਰਾਂ ਤੇ ਲੋੜਵੰਦ ਪਰਵਾਰ ਹਾਜ਼ਰ ਸਨ। ਇਸ ਮੌਕੇ ਜਨਮ ਅਸ਼ਟਮੀ ਦਾ ਤਿਉਹਾਰ ਬੜੀ ਸ਼ਰਧਾ ਤੇ ਸੇਵਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਟਰੱਸਟ ਦੇ ਅਹੁਦੇਦਾਰਾਂ, ਜਿਨ੍ਹਾਂ ਵਿਚ ਅਸ਼ਵਨੀ ਮੌਂਗਾ, ਪੀ.ਸੀ ਕੁਮਾਰ, ਉਮ ਪ੍ਰਕਾਸ਼, ਡੀ ਕੇ ਬਜਾਜ, ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਸ਼ਾਮਲ ਸਨ, ਨੇ ਵੀ ਆਪਣੇ ਵਿਚਾਰ ਰੱਖੇ।



## ਜਨਤਕ ਸੂਚਨਾ

ਸ੍ਰੀਮਤੀ ਸਰਬਜੀਤ ਕੌਰ ਪਤਨੀ ਮਹਿੰਗਾ ਸਿੰਘ, ਮੂਲ ਨਿਵਾਸੀ ਪਿੰਡ ਲੱਧਰਾਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ, ਵਰਤਮਾਨ ਨਿਵਾਸੀ ਟੋਰਾਂਟੋ, ਕੈਨੇਡਾ, ਇਹ ਘੋਸ਼ਣਾ ਕਰਦੀ ਹੈ ਕਿ ਉਸ ਨੇ ਆਪਣੇ ਪੁੱਤਰ ਸੁਰਜੀਤ ਸਿੰਘ ਸਿੱਧੂ, ਉਸ ਦੀ ਪਤਨੀ ਬਲਜੀਤ ਕੌਰ ਸਿੱਧੂ ਅਤੇ ਉਨ੍ਹਾਂ ਦੇ ਬੱਚੇ ਕਰਨਵੀਰ ਸਿੰਘ ਸਿੱਧੂ ਅਤੇ ਜਸਪ੍ਰੀਤ ਕੌਰ ਸਿੱਧੂ ਨਾਲ ਸਾਰੇ ਸੰਬੰਧ ਤੋੜ ਦਿੱਤੇ ਹਨ ਅਤੇ ਉਨ੍ਹਾਂ ਨੂੰ ਪਰਿਵਾਰ ਅਤੇ ਆਪਣੀਆ ਚੱਲ ਤੇ ਅਚੱਲ ਜਇਦਾਤ ਤੋਂ ਬੇਦਖ਼ਲ ਕਰ ਦਿੱਤਾ ਹੈ। ਹੁਣ ਉਹਨਾਂ ਦੇ ਕਿਸੇ ਵੀ ਕੰਮ ਜਾਂ ਲੈਣ-ਦੇਣ ਲਈ ਸਰਬਜੀਤ ਕੌਰ ਅਤੇ ਉਸਦਾ ਪਰਿਵਾਰ ਜ਼ਿੰਮੇਵਾਰ ਨਹੀਂ ਹੋਵੇਗਾ। ਜੋ ਕੋਈ ਵੀ ਉਨ੍ਹਾਂ ਨਾਲ ਲੈਣ-ਦੇਣ ਕਰੇਗਾ, ਉਹ ਆਪਣੇ ਖ਼ਤਰੇ ਤੇ ਕਰੇਗਾ।ਜਾਰੀ ਕਰਨ ਵਾਲਾ: ਜਸਵਿੰਦਰ ਪਾਲ ਸਿੰਘ (SPA ਹੋਲਡਰ) ਸਥਾਨ: ਜਲੰਧਰ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ ਦਸੂਹਾ।
Mail Id:- tehsildasuya@gmail.com
ਤਕਸੀਮ ਕੇਸ : 2026
ਵਾਕਿਆ ਰਕਬਾ ਪਿੰਡ ਬੋਦਲ/93, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ।
ਖੇਵਟ ਨੰਬਰ 652, 654, 655, 656
ਧਿਰਾਂ : ਦਵਿੰਦਰ ਸਿੰਘ ਵਗੈਰਾ ਬਨਾਮ ਰਘਵੀਰ ਸਿੰਘ ਵਗੈਰਾ

ਉਪਰੋਕਤ ਮੁਕੱਦਮੇ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਉੱਤਰਵਾਦੀਆਂ ਨੂੰ ਅਖਬਾਰ ਨੋਟਿਸ/ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮਿਤੀ 17.09.2026 ਨੂੰ ਬਾਅਦ ਦੁਪਹਿਰ 3:00 ਵਜੇ ਅਸਾਲਤਨ ਜਾਂ ਵਕਾਲਤਨ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿੱਚ ਹਾਜ਼ਰ ਹੋਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼/ਉਜ਼ਰ ਮੰਨਣਯੋਗ ਨਹੀਂ ਹੋਵੇਗਾ।

ਅੱਜ ਮਿਤੀ 01.09.2026 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।
ਨੰਬਰ : 146/ ਰੀਡਰ-1 ਮਿਤੀ : 01.09.2026
ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ ਦਸੂਹਾ।

ਉੱਤਰਵਾਦੀ ਧਿਰ ਦਾ ਨਾਂਅ :- 1) ਰਘਵੀਰ ਸਿੰਘ ਪੁੱਤਰ ਨਰੰਜਨ ਸਿੰਘ 2) ਕੁਲਵਿੰਦਰ ਸਿੰਘ ਪੁੱਤਰ ਨਰੰਜਨ ਸਿੰਘ ਵਾਸੀ ਲੰਗਰਪੁਰ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ 3. ਨਿਰਮਲ ਸਿੰਘ ਪੁੱਤਰ ਭਾਨ ਸਿੰਘ।4. ਕੁਲਦੀਪ ਕੌਰ ਪਤਨੀ ਨਿਰਮਲ ਸਿੰਘ 5. ਕਮਲਜੀਤ ਸਿੰਘ ਪੁੱਤਰ ਕਾਬਲ ਸਿੰਘ 6. ਸਰਵਜੀਤ ਸਿੰਘ ਪੁੱਤਰ ਕਾਬਲ ਸਿੰਘ 7. ਜਗਪ੍ਰੀਤਪਾਲ ਸਿੰਘ ਪੁੱਤਰ ਪਿਆਰਾ ਸਿੰਘ 8. ਜਗਤਾਰ ਸਿੰਘ ਪੁੱਤਰ ਸਮਿੰਦਰ ਸਿੰਘ।9. ਜੋਗਿੰਦਰ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀਆਨ ਪਿੰਡ ਬੋਦਲ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ।10. ਡਾਇਓਸਿਸ ਆਫ ਜਲੰਧਰ ਰਜਿਸਟਰਡ ਚੈਰੀਟੇਬਲ ਸੁਸਾਇਟੀ ਜਲੰਧਰ ਬਜਰੀਆ ਮੈਨੇਜਰ 11. ਪੰਜਾਬ ਐਂਡ ਸਿੰਧ ਬੈਂਕ ਬਰਾਂਚ ਬੋਦਲ ਬਜਰੀਆ ਮੈਨੇਜਰ।

## COURT NOTICE

(U/o 5 Rule 20 CPC)
In the Court of
Ms. Krishnanuja Mittal
Additional Civil Judge
(Senior Division), Sunam
CNR No. PBSGA0-001272-2026
Next Date :- 12-11-2026
Harman Kaur Minor
Vs.
General Public
Publication Issued to :
General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 12-11-2026 at 10:00 A.M.

For details logon to https://highcourtchd.gov.in/?trs=district_notice&district=mogacourt

Additional Civil Judge
(Senior Division), Sunam
Dated, this day of 05 .09.2026

## COURT NOTICE

(U/o 5 Rule 20 CPC)
In the Court of
Sh. Varinder Kumar
Additional Civil Judge Senior Division, Nabha
CNR No. PBPTB0-000311-2026
Next Date :- 17-12-2026
Parwinder Singh
Vs.
General Public
Publication Issued to :
General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17-12-2026 at 10:00 A.M.

For details logon to https://highcourtchd.gov.in/?trs=district_notice&district=patiala

Additional Civil Judge Senior Division, Nabha
Dated, this day of 07.09.2026

## PUBLIC NOTICE

It hereby informs to public at large that Harshpinder Singh has avail loan from AU SMALL FINANCE BANK LIMITED have its branch office a JALANDHAR. Property i.e. Property Measuring 5 Marla Comprising Under Khasra No. 14//12, 14//19, 14//20/1, 14//21/1, 14//21/2, 14//22/1 Situated at Village Baba Bakala Sahib, Tehsil Baba Bakala Sahib, District Amritsar is owned by Manjit Kaur W/o Harshpinder Singh vide Sale Deed No.2040 dated 26.12.2025. Earlier Sale Deed No.3020 dated 16.03.2015 and Sale Deed No.760 dated 23.06.2017 and GPA No.68 dated 13.08.2024 has been lost and not tracable. There is no third party interest involve in owner and title is clear. If anybody have any Objection regarding the ownership of the property mention below then may contact to undersigned and anybody having claim or claiming any prior rights or interest in any manner in this property or has raised Loan by depositing the aforesaid document to any person/bank/corporation/financial institution may approach the Lalit Kakkar (Advocate) Off. : Chamber No. 24, New Courts, Jalandhar. M.No. 98761-07449 and submit objection within 7 days from the date of this notice. After the expiry of period of this no claim shall be entertained and such claim shall be deemed to be false, fake, frivolous, fraudulent and baseless claim and shall have no value in the eyes of law.

## COURT NOTICE

(U/o 5 Rule 20 CPC)
In The Court of
Rajdeep Singh Mann
Civil Judge (Junior Division)
Khadoor Sahib

Next Date, Purpose of Case, Orders and Judgments as well as other case, information is available on http://districts.ecourts.gov.in

CNR No. PBTTB0-000063-2026
Next Date : 28.09.2026
Rajwinder Kaur
Vs Meeni Devi
Publication Issued To:
Meeni Devi W/o Vishva Nath Thakur S/o Harihar Thakur R/o Village Goindwal Sahib, Tehsil Khadur Sahib, Distt. Tarn Taran.

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 28.09.2026 at 10:00 A.M.

For details logon to https://highcourtchd.gov.in/?trs=district_notice&district=Tarn Taran

Civil Judge (Junior Division)
Khadoor Sahib
Dated this day of 03-09-2026

## ਅਦਾਲਤੀ ਇਸ਼ਤਿਹਾਰ

ਨਾਇਬ-ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਨਵਾਂਸ਼ਹਿਰ
ਮਿਸਲ ਨੰ : 02 ਐਨ.ਟੀ, ਦਾਇਰ ਮਿਤੀ 6/04/2026, ਕਿਸਮ : ਤਕਸੀਮ, ਫੈਸਲਾ ਮਿਤੀ ਪਿੰਡ :-ਲੰਗੜੋਆ
ਅਨੁਵਾਨ ਮੁਕੱਦਮਾ- ਸਤਨਾਮ ਸਿੰਘ ਵਗੈਰਾ ਬਨਾਮ ਜਗਦੀਸ਼ ਸਿੰਘ ਵਗੈਰਾ

1. ਸਤਨਾਮ ਸਿੰਘ ਪੁੱਤਰ ਚੰਨਣ ਸਿੰਘ 2. ਗੁਰਮੇਲ ਸਿੰਘ ਪੁੱਤਰ ਚੰਨਣ ਸਿੰਘ ਵਾਸੀਆਨ ਪਿੰਡ ਲੰਗੜੋਆ, ਤਹਿ. ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਬਨਾਮ

1. ਜਗਦੀਸ਼ ਸਿੰਘ ਪੁੱਤਰ ਗੁਰਮੀਤ ਸਿੰਘ 2 ਸਤਪਾਲ ਸਿੰਘ ਪੁੱਤਰ ਗੁਰਮੀਤ ਸਿੰਘ 3. ਜਗਤ ਸਿੰਘ ਪੁੱਤਰ ਚੂਹੜ ਸਿੰਘ ਵੱਲੋਂ ਕੁਦਰਤੀ ਵਾਰਸ :- ਏ. ਤਾਰੋ ਪਤਨੀ, ਬੀ. ਸਤਨਾਮ ਸਿੰਘ ਪੁੱਤਰ, ਸੀ. ਅਮਰਜੀਤ ਸਿੰਘ ਪੁੱਤਰ, ਡੀ. ਸਤਨਾਮ ਕੌਰ ਪੁੱਤਰੀ, ਈ. ਪਰਮਜੀਤ ਕੌਰ ਪੁੱਤਰੀ 4. ਕਸ਼ਮੀਰ ਸਿੰਘ ਪੁੱਤਰ ਰਾਮ ਧੰਨ 5. ਸੰਤੋਖ ਸਿੰਘ ਪੁੱਤਰ ਰਾਮ ਕ੍ਰਿਸ਼ਨ 6. ਜੋਗਾ ਸਿੰਘ ਪੁੱਤਰ ਰਾਮ ਕ੍ਰਿਸ਼ਨ 7. ਮੋਹਨ ਸਿੰਘ ਪੁੱਤਰ ਰਾਮ ਕ੍ਰਿਸ਼ਨ 8. ਸੋਹਨ ਸਿੰਘ ਪੁੱਤਰ ਰਾਮ ਕ੍ਰਿਸ਼ਨ 9. ਲਖਵੀਰ ਸਿੰਘ ਪੁੱਤਰ ਰਾਮ ਕ੍ਰਿਸ਼ਨ 10. ਸਵਰਨ ਕੌਰ ਵਿਧਵਾ ਨੰਦ ਸਿੰਘ ਏ. ਅਵਤਾਰ ਸਿੰਘ, ਬੀ. ਜਗਤਾਰ ਸਿੰਘ, ਸੀ. ਪਿਆਰਾ ਸਿੰਘ ਪੁੱਤਰ, ਡੀ. ਪਿਆਰੀ ਪੁੱਤਰੀ, ਈ. ਜਮਨਾ ਪੁੱਤਰੀ, ਐਫ. ਭਜਨ ਕੌਰ ਪੁੱਤਰੀ ਜੀ. ਕਰਮਜੀਤ ਕੌਰ ਪੁੱਤਰੀ 11. ਅਵਤਾਰ ਸਿੰਘ ਪੁੱਤਰ ਨੰਦ ਸਿੰਘ 12. ਜਗਤਾਰ ਸਿੰਘ ਪੁੱਤਰ ਨੰਦ ਸਿੰਘ 13. ਹਰਮਨ ਦੀਪ ਸਿੰਘ ਪੁੱਤਰ ਬਲਵੀਰ ਸਿੰਘ ਸਾਰੇ ਵਾਸੀਆਨ ਪਿੰਡ ਲੰਗੜੋਆ, ਤਹਿ. ਨਵਾਂਸ਼ਹਿਰ 14. ਸਲੀਮਾ ਪਤਨੀ ਰਹਿਮਤ ਅਲੀ 15. ਰਾਣੋ ਪਤਨੀ ਮੁਹੰਮਦ ਸਦੀਕ 16. ਪੰਜਾਬ ਨੈਸ਼ਨਲ ਬੈਂਕ ਬਰਾਂਚ ਲੰਗੜੋਆ ਰਾਹੀਂ ਮੈਨੇਜਰ 17. ਪੰਜਾਬ ਨੈਸ਼ਨਲ ਬੈਂਕ ਬਰਾਂਚ ਓਲਡ ਕੋਰਟ ਰੋਡ ਰਾਹੀਂ ਮੈਨੇਜਰ। .......ਫਰੀਕ ਦੋਇਮ

ਦਰਖਾਸਤ ਕੀਏ ਜਾਣੇ ਤਕਸੀਮ ਅਰਾਜੀ ਖੇਵਟ ਨੰ. 32 ਖਤੌਨੀ ਨੰ. 34, 35, 36, 37 (ਰਕਬਾ 41 ਕਨਾਲ 08 ਮਰਲੇ), ਖੇਵਟ ਨੰ. 31 ਖਤੌਨੀ ਨੰ. 32, 33 (ਰਕਬਾ 16 ਕਨਾਲ 18 ਮਰਲੇ), ਰਕਬਾ ਪਿੰਡ ਲੰਗੜੋਆ : ਬਰੂਏ ਜਮ੍ਹਾਂਬੰਦੀ ਸਾਲ 2020-2021.

ਉਕਤ ਮੁਕੱਦਮੇ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ, ਇਸ ਲਈ ਮਿਤੀ 23/09/2026 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ, ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 02/09/2026 ਨੂੰ ਮੇਰੇ ਦਸਤਖਤ ਅਤੇ ਮੋਹਰ ਅਦਾਲਤ ਨਾਲ ਇਹ ਪਬਲੀਕੇਸ਼ਨ ਨੋਟਿਸ ਜਾਰੀ ਕੀਤਾ ਜਾਂਦਾ ਹੈ।

ਸਹੀ/-ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਨਵਾਂਸ਼ਹਿਰ।
ਪੱਤਰ ਨੰ: 174 ਆਰ-2 ਮਿਤੀ : 02.09.26

## YES BANK

ਰਜਿਸਟਰਡ ਅਤੇ ਕਾਰਪੋਰੇਟ ਦਫ਼ਤਰ : ਯੈੱਸ ਬੈਂਕ ਹਾਊਸ, ਆਫ ਵੈਸਟਰਨ ਐਕਸਪ੍ਰੈੱਸ ਹਾਈਵੇ, ਸਾਂਤਾਕਰੂਜ਼ ਈਸਟ, ਮੁੰਬਈ-400055 ਭਾਰਤ
ਵੈੱਬਸਾਈਟ : www.yesbank.in ਈ-ਮੇਲ : comminications@yesbank.in,
CIN : L65190MH2003PLC143249

### ਕਬਜ਼ਾ ਨੋਟਿਸ

(ਸਕਿਰਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8(1) ਤਹਿਤ ਕਰਜ਼ਾ ਖਾਤਾ # ਏ ਐੱਫ ਐੱਚ 002302064006 'ਚ ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਸਰਫੇਸੀ ਐਕਟ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ ਸ੍ਰੀ ਹਨੀ ਸਹਿਗਲ ਪੁੱਤਰ ਹਰੀਸ਼ ਕੁਮਾਰ (ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ #7265-1 ਗਲੀ #20, ਡਾਬਾ ਰੋਡ, ਲੁਧਿਆਣਾ, ਪੰਜਾਬ-141014. (2) ਸ੍ਰੀਮਤੀ ਅੰਜਲੀ ਸਹਿਗਲ ਪਤਨੀ ਹਨੀ ਸਹਿਗਲ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਵਾਸੀ ਮਕਾਨ #7265-1, ਗਲੀ #20, ਡਾਬਾ ਰੋਡ, ਲੁਧਿਆਣਾ, ਪੰਜਾਬ-141014 ਨੂੰ 15.06.2026 ਨੂੰ ਨੋਟਿਸ 'ਚ ਦਰਸਾਈ ਰਕਮ ਰੁਪਏ 16,55,538.00/- (ਸੋਲਾਂ ਲੱਖ ਪਚਵੰਜਾ ਹਜ਼ਾਰ ਪੰਜ ਸੌ ਅਠੱਤੀ ਰੁਪਏ ਕੇਵਲ) ਸਮੇਤ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ ਇਸ 'ਤੇ ਅਗਲਾ ਵਿਆਜ, ਲਾਗਤਾਂ, ਖਰਚੇ ਅਤੇ ਚਾਰਜਿਜ਼ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ ਮਿਤੀ 17.06.2026 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਮੁਕੰਮਲ ਬਕਾਇਆ ਅਦਾ ਕਰਨ 'ਚ ਅਸਫਲ ਰਹੇ ਹਨ। ਕਰਜ਼ਦਾਰ, ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 05 ਸਤੰਬਰ 2026 ਨੂੰ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ। ਕਰਜ਼ਦਾਰ/ਰਹਿਣਕਾਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਉਕਤ ਜਾਇਦਾਦ ਸੰਬੰਧੀ ਸੌਦੇਬਾਜ਼ੀ ਕਰਨ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਉਕਤ ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਯੈੱਸ ਬੈਂਕ ਲਿਮਟਿਡ ਦੀ 15.06.2026 ਨੂੰ ਬਕਾਇਆ ਰਕਮ ਰੁਪਏ 16,55,538.00/- (ਸੋਲਾਂ ਲੱਖ ਪਚਵੰਜਾ ਹਜ਼ਾਰ ਪੰਜ ਸੌ ਅਠੱਤੀ ਰੁਪਏ ਕੇਵਲ) ਅਤੇ ਇਸ ਉਪਰ ਵਿਆਜ ਅਤੇ ਲਾਗਤਾਂ ਖਰਚੇ ਅਤੇ ਇਕਰਾਰਨਾਮੇ ਦੀ ਦਰ 'ਤੇ ਚਾਰਜਿਜ਼ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ/ਰਹਿਣਕਾਰ ਦਾ ਧਿਆਨ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 8 ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

| ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਹੱਦਾਂ ਹੇਠ ਅਨੁਸਾਰ | ਰਹਿਣਕਾਰ |
|---|---|---|
| ਜਾਇਦਾਦ, ਜੋ ਕਿ ਮਕਾਨ ਰਕਬਾ 82-1/2 ਵਰਗ ਗਜ਼, ਖਸਰਾ #596, ਖੱਤਾ #912/1296, ਜਮ੍ਹਾਂਬੰਦੀ ਸਾਲ 2010-2011 ਪਿੰਡ ਗਿੱਲ #1 ਵਿਖੇ ਸਥਿਤ, ਹੱਦਬਸਤ #263, ਅਬਾਦੀ ਨਿਊ ਜਨਤਾ ਨਗਰ, ਲੁਧਿਆਣਾ, ਪੰਜਾਬ ਨਾਲ ਜਾਣੀ ਜਾਂਦੀ | ਪੂਰਬ : ਗਲੀ 18', ਚੌੜੀ, ਪੱਛਮ : ਹੋਰ, ਉੱਤਰ : ਹਰਵਿੰਦਰ ਸਿੰਘ, ਦੱਖਣ : ਕ੍ਰਿਸ਼ਨ ਲਾਲ। | ਸ੍ਰੀ ਹਨੀ ਸਹਿਗਲ ਪੁੱਤਰ ਹਰੀਸ਼ ਕੁਮਾਰ ਅਤੇ ਸ੍ਰੀਮਤੀ ਅੰਜਲੀ ਸਹਿਗਲ ਪਤਨੀ ਹਨੀ ਸਹਿਗਲ |

ਮਿਤੀ : 08.09.2026, ਸਥਾਨ : ਲੁਧਿਆਣਾ (ਅਧਿਕਾਰਤ ਅਫ਼ਸਰ) ਯੈੱਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ/ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਸ਼ੀਰਸ਼ਕ ਵਾਲੀ ਖੁਲੀ ਈ-ਟੈਂਡਰਾ ਮੰਗ ਕਰਦੇ ਹਨ, ਜੋ www.ireps.gov.in ਉਤੇ ਉਪਲਬਧ ਹੈ ਅਤੇਜਿਨ੍ਹਾਂ ਦੀ ਟੈਂਡਰ ਬੰਦ ਹੋਣ ਦੀ ਮਿਤੀ 24.09.2026 ਦੁਪਿਹਰ 15.00 ਵਜੇ ਤਕ ਹੈ। ਟੈਂਡਰਕਰਤਾ ਕੇਵਲ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਅਪਣੀ ਮੂਲ ਜਾਂ ਸੰਸ਼ੋਧਿਤ ਟੈਂਡਰਾ ਪੇਸ਼ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂੰਅਲ ਪ੍ਰਸਤਾਵ ਸਵੀਕਾਰ ਨਹੀਂ ਕੀਤੇ ਜਾਣਗੇ ਅਤੇ ਪ੍ਰਾਪਤ ਹੋਣ ਵਾਲੇ ਕਿਸੀ ਵੀ ਮੈਨੂੰਅਲ ਪ੍ਰਸਤਾਵ ਉਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਇਸ ਟੈਂਡਰ ਦੇ ਲਈ ਟੈਂਡਰ ਪ੍ਰਪੱਤਰ ਸ਼ੁਲਕ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਭੁਗਤਾਨ ਦੁਆਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਦੇ ਦੁਆਰਾ ਹੀ ਕਰ ਸਕਣਗੇ। ਡਿਮਾਂਡ ਡਰਾਫਟ, ਚੈਕਰਸ ਚੈਕ, ਜਮਾਂ ਰਸੀਦ, ਐਫ.ਡੀ.ਆਰ. ਆਦਿ ਦੇ ਦੁਆਰਾ ਤੋਂ ਮੈਨੂੰਅਲ ਭੁਗਤਾਨ ਸਵੀਕਾਰ ਕੀਤਾ ਜਾਵੇਗਾ। ਜ਼ਿਆਦਾ ਜਾਣਕਾਰੀ ਦੇ ਲਈ www.ireps.gov.in ਉਤੇ ਲਾਗ ਇਨ ਕਰੋਂ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ | 02.09.2026 | 10.09.2026 | 24.09.2026/15:00 ਵਜੇ |

| ਲ.ਨੰ: | ਟੈਂਡਰ ਨੰ: | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 108-2026-27-SrDEN-III-FZR | ਸੀਨੀਅਰ ਮੰਡਲ-ਤੀਸਰੀ ਸੈਕਸ਼ਨ ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ 20 ਲੇਵਲ ਕਰੋਸਿੰਗ ਉਤੇ ਸਟੈਂਡਰਡ ਡਯੂਟੀ ਹੱਟ ਦੀ ਵਿਵਸਥਾ ਅਤੇ ਫ਼ਿਰੋਜ਼ਪੁਰ ਡਵੀਜਨ ਵਿਚ 55 ਮੈਨਡ ਲੇਵਲ ਕਰੋਸਿੰਗ ਗੇਟਸ ਦੀ ਇੰਟਰਲਾਕਿੰਗ ਦੇ ਤਹਿਤ 4 ਲੇਵਲ ਕਰੋਸਿੰਗ ਗੇਟਸ ਦੀ ਇੰਟਰਲਾਕਿੰਗ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 25756179.11 | 515100.00 | 60 ਦਿਨ | 12 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - "ਟ੍ਰੈਕ ਦੇ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 2 | 126-2026-27-ADEN-JUC | ਫ਼ਿਰੋਜ਼ਪੁਰ, ਜਲੰਧਰ ਸਿਟੀ, ਸ਼ਹੀਦ ਕੈਪਟਨ ਤੁਸ਼ਾਰ ਮੇਹਤਾ ਅਤੇ ਸ੍ਰੀ ਵੈਸ਼ਣੋ ਦੇਵੀ ਕਟਰਾ ਵਿਚ ਰਨਿੰਗ ਰੂਮਸ ਨੂੰ ਵਧਾਨ ਦੇ ਨਾਲ-ਨਾਲ ਜਲੰਧਰ ਸਿਟੀ ਵਿਚ ਵੀ ਰਨਿੰਗ ਰੂਮ ਦਾ ਵਿਸਤਾਰ ਕੀਤਾ ਜਾਵੇਗਾ, ਜਿਸਦੇ ਤਹਿਤ 10 ਅਤਿਰਿਕਤ ਕਮਰੇ ਬਣਾਏ ਜਾਣਗੇ। | | | |
| | | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 8024077.24 | 160500.00 | 60 ਦਿਨ | 12 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - "ਇਮਾਰਲ/ਆਵਾਸ ਦਾ ਨਿਰਮਾਣ।" | | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ: 108-2026-27-SrDEN-III-FZR & 126-2026-27-ADEN-JUC Date: 03.09.2026

3052/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## CHIEF KHALSA DIWAN - TENDER NOTICE

### TENDER ON PERCENTAGE BASIS OF LATEST (C.S.R.+C.P. 2020) OVER ALL FOR THE CONSTRUCTION OF WORKS IN VARIOUS SCHOOLS OF C.K.D.

Name of Work : CONSTRUCTION WORK OF SRI GURU HARKRISHAN PUBLIC SCHOOLS AT NANDACHOUR, RASOOLPUR & NAWA PIND
Date of Issue : 10/09/2026 to 25/09/2026 up to 4:00 PM
Last Date for Submission : By 04:00 PM on 25/09/2026
Date of Opening : By 03:00 PM on 28/09/2026

**Eligibility Criteria :** Contractor shall submit following documents in two sealed envelope i.e. Technical and Financial Bid separately. (A)The bidder shall submit Documentary proof in support of the having carried out successfully two works amounting to 80% of estimated cost or one work of tendered amount. (B)The contractor shall submit the detail of Man power & Machinery available with him. (C) The contractor submit registration of GST. (D) The contractor shall submit copy of Pan Card/ Adhar Card (Registration of E.S.I, E.P.F of labour as per government rules) (E) Rate should be quoted in percentage above (+) or below (-) on C S R 2020 Rates. (F) Term of negotiation will be applicable & Tender decided after negotiation.

Tender Receiving Authority :Honorary Secretary, Chief Khalsa Diwan Charitable Society, G.T. Road, Amritsar.
Contact Nos. :0183-2228771, 6283282075

| Sr. No. | Description | Estimated Cost | Cost of Tender Document | Earnest Money Deposit | Time of Completion |
|---|---|---|---|---|---|
| 1 | Construction of Classroom & Hall at Nandachour | Rs.210 Lacs | Rs.5000/- | 2% of Tendered Amount | 12 Months |
| 2 | Construction of Classroom & Multi Purpose Hall at Rasoolpur | Rs.327 Lacs | Rs.5000/- | 2% of Tendered Amount | 16 Months |
| 3 | Renovation of Rooms at Nawapind | Rs.59 Lacs | Rs.5000/- | 2% of Tendered Amount | 06 Months |

## ਉੱਤਰ ਰੇਲਵੇ

### ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਨਿਵਿਦਾਵਾਂ ਨੰ. 2025-26-17ਬੀ ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਮਿਤੀ 01.10.2026 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨਾਂ ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਨਾਲ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਵੇਂ ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਜਮ੍ਹਾ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਟੈਂਡਰ ਸੰਖਿਆ | ਕੰਮ ਦਾ ਵੇਰਵਾ | ਅੰਦਾਜਨ ਲਾਗਤ ਲਾਗਤ (ਰੁ.) | ਟੈਂਡਰ ਦੀ ਕੀਮਤ (ਰੁ.) | ਨਿਵਿਦਾ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ.) | ਕੰਮ ਦੀ ਅਵਧੀ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 2025-26-17B | ਇਲੈਕਟ੍ਰਿਕ ਲੋਕੋ ਸ਼ੈਡ, ਲੁਧਿਆਣਾ ਵਿਚ ਤਿੰਨ-ਫੇਜ ਇਲੈਕਟ੍ਰਿਕ ਲੋਕੋਮੋਟਿਵ ਦੇ ਲਈ ਟ੍ਰੈਕਸ਼ਨ ਮੋਟਰ ਡ੍ਰਾਪ ਡਿਟੇਕਸ਼ਨ ਸਿਸਟਮ (TMDDS) ਦਾ ਪ੍ਰਬੰਧ। | 25,75,000/- | 0 | 01.10.2026 15:00 ਵਜੇ ਤਕ | 51,500/- | 24 ਮਹੀਨੇ | 01.10.2026 15:00 ਵਜੇ ਦੇ ਬਾਅਦ | www.ireps.gov.in |

ਨੰ.: Tender Notice No. 230-Elect/TRS/LDH/WC/TMDDS/2025-26/17B ਤਾਰੀਕ : 07.09.2026

3076/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਨਾਜਾਇਜ਼ ਹਥਿਆਰ ਸਮੇਤ ਇੱਕ ਕਾਬੂ

**ਮੁਹਾਲੀ (ਗੁਰਜੀਤ ਬਿੱਲਾ)**- ਸੀਨੀਅਰ ਕਪਤਾਨ ਪੁਲਸ ਐਸ ਏ ਐਸ ਨਗਰ ਵਰੁਣ ਸ਼ਰਮਾ ਦੀ ਦਿਸ਼ਾ-ਨਿਰਦੇਸ਼ਾਂ ਅਤੇ ਕਪਤਾਨ ਪੁਲਿਸ (ਸਿਟੀ) ਦਿਲਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਐਸ ਏ ਐਸ ਨਗਰ ਪੁਲਿਸ ਵੱਲੋਂ ਨਾਜਾਇਜ਼ ਹਥਿਆਰਾਂ ਦੀ ਤਸਕਰੀ ਅਤੇ ਗੈਂਗਸਟਰ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਮੁਹਿੰਮ ਤੇਜ਼ ਕੀਤੀ ਗਈ ਹੈ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਉਪ ਕਪਤਾਨ ਪੁਲਿਸ (ਸਿਟੀ-1) ਗੁਰਚਰਨ ਸਿੰ ਨੇ ਦੱਸਿਆ ਕਿ ਥਾਣਾ ਫੇਜ਼-1, ਮੋਹਾਲੀ ਦੀ ਪੁਲਿਸ ਟੀਮ ਨੇ ਐੱਸ ਐੱਚ ਓ ਇੰਸਪੈਕਟਰ ਸੁਖਬੀਰ ਸਿੰਘ ਦੀ ਅਗਵਾਈ ਹੇਠ ਭਰੋਸੇਯੋਗ ਸੂਚਨਾ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਇੱਕ ਵਿਅਕਤੀ ਨੂੰ ਨਾਜਾਇਜ਼ ਹਥਿਆਰ ਸਮੇਤ ਕਾਬੂ ਕੀਤਾ।ਇਸ ਸਬੰਧੀ ਥਾਣਾ ਫੇਜ਼-1, ਮੋਹਾਲੀ ਵਿਖੇ ਐਫ ਆਈ ਆਰ ਨੰਬਰ ਦਰਜ ਕੀਤੀ ਗਈ ਹੈ।ਗ੍ਰਿਫ਼ਤਾਰ ਕੀਤੇ ਮੁਲਜ਼ਮ ਦੀ ਪਛਾਣ ਹਰਿੰਦਰ ਉਰਫ਼ ਬਾਦਲ (25), ਪੁੱਤਰ ਅਜਵੀਰ, ਵਾਸੀ ਪਿੰਡ ਪਿੰਡ ਪੰਧੇੜਾ, ਤਹਿਸੀਲ ਲਾਖਣੀ ਦਾਰੋ, ਜ਼ਿਲ੍ਹਾ ਮੁਰਾਦਾਬਾਦ, ਉੱਤਰ ਪ੍ਰਦੇਸ਼, ਹਾਲ ਵਾਸੀ ਦਾਰੇ ਦਾ ਪੀ ਜੀ, ਸ਼ਿਵ ਮੰਦਰ ਨੇੜੇ, ਆਜ਼ਾਦ ਨਗਰ, ਬਲੌਂਗੀ, ਜ਼ਿਲ੍ਹਾ ਐਸ ਏ ਐਸ ਨਗਰ ਵਜੋਂ ਹੋਈ ਹੈ।ਪੁਲਸ ਵੱਲੋਂ ਮੁਲਜ਼ਮ ਕੋਲੋਂ ਇੱਕ .315 ਬੋਰ ਦੇਸੀ ਕੱਟਾ ਅਤੇ ਇੱਕ ਜ਼ਿੰਦਾ .315 ਬੋਰ ਕਾਰਤੂਸ ਬਰਾਮਦ ਕੀਤਾ ਗਿਆ ਹੈ।



ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਹੋਰ ਜਾਂਚ ਲਈ ਉਸ ਦਾ ਦੋ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਨਾਜਾਇਜ਼ ਹਥਿਆਰ ਉੱਤਰ ਪ੍ਰਦੇਸ਼ ਤੋਂ ਲਿਆਂਦਾ ਗਿਆ ਸੀ ਅਤੇ ਮੁਲਜ਼ਮ ਸਥਾਨਕ ਪੱਧਰ 'ਤੇ ਆਪਣਾ ਪ੍ਰਭਾਵ ਕਾਇਮ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਹੁਣ ਤੱਕ ਮੁਲਜ਼ਮ ਦਾ ਕੋਈ ਪਿਛਲਾ ਅਪਰਾਧਿਕ ਰਿਕਾਰਡ ਸਾਹਮਣੇ ਨਹੀਂ ਆਇਆ ਹੈ। ਹਥਿਆਰ ਦੇ ਸਰੋਤ ਅਤੇ ਨਾਜਾਇਜ਼ ਹਥਿਆਰਾਂ ਜਾਂ ਗੈਂਗਸਟਰ ਗਤੀਵਿਧੀਆਂ ਨਾਲ ਜੁੜੇ ਹੋਰ ਵਿਅਕਤੀਆਂ ਨਾਲ ਸੰਭਾਵਿਤ ਸਬੰਧਾਂ ਦਾ ਪਤਾ ਲਗਾਉਣ ਲਈ ਪੁੱਛਗਿੱਛ ਜਾਰੀ ਹੈ।

# ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ 'ਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਅਹਿਮ ਯੋਗਦਾਨ : ਮੋਹਿੰਦਰ ਭਗਤ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸਥਾਨਕ ਸਰਕਾਰੀ ਆਰਟਸ ਤੇ ਸਪੋਰਟਸ ਕਾਲਜ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਬਲਾਕ ਜਲੰਧਰ ਪੱਛਮੀ ਦੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਹਰ ਸਾਲ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਕਰਵਾਏ ਜਾਂਦੇ ਖੇਡ ਮੁਕਾਬਲਿਆਂ ਨੇ ਜਿਥੇ ਵੱਡੀ ਗਿਣਤੀ ਨੌਜਵਾਨਾਂ ਦਾ ਰੁਖ਼ ਖੇਡ ਮੈਦਾਨਾਂ ਵੱਲ ਮੋੜਿਆ ਹੈ ਉਥੇ ਹਰ ਉਮਰ ਦੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਮੰਚ ਵੀ ਪ੍ਰਦਾਨ ਕੀਤਾ ਹੈ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਸ਼ੇਸ਼ ਯਤਨਾ ਸਦਕਾ ਸੂਬੇ ਵਿੱਚ ਖੇਡਾਂ ਦਾ ਇਕ ਨਵਾਂ ਦੌਰ ਸ਼ੁਰੂ ਹੋਇਆ ਹੈ ਅਤੇ ਪੰਜਾਬ ਦੇ ਖਿਡਾਰੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਸੂਬੇ ਤੇ ਦੇਸ਼ ਨਾਂਅ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਦਿਨ-ਰਾਤ ਮਿਹਨਤ ਕਰ ਰਹੀ ਹੈ, ਇਸੇ ਸੋਚ ਤਹਿਤ 'ਖੇਡਾਂ ਵਤਨ ਪੰਜਾਬ ਦੀਆਂ' ਦਾ ਆਗਾਜ਼ ਕੀਤਾ ਗਿਆ ਸੀ ਤਾਂ ਜੋ ਸੂਬੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਨ੍ਹਾਂ ਦੀ ਊਰਜਾ ਨੂੰ ਸਹੀ ਪਾਸੇ ਲਗਾਇਆ ਜਾ ਸਕੇ।ਕੈਬਨਿਟ ਮੰਤਰੀ ਨੇ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਦੀ ਸਿਰਜਣਾ ਲਈ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਖੇਡਾਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਦਾ ਸੱਦਾ ਵੀ ਦਿੱਤਾ।ਭਗਤ ਨੇ ਇਸ ਮੌਕੇ ਐਥਲੈਟਿਕਸ ਕੋਚਿੰਗ ਸੈਂਟਰ ਸਪੋਰਟਸ ਸਕੂਲ ਦੇ ਖਿਡਾਰੀ ਗੁਰਿੰਦਰਬੀਰ ਸਿੰਘ (100 ਮੀ. ਰੇਸ) ਅਤੇ ਰਸ਼ਦੀਪ ਕੌਰ (4×100 ਰਿਲੇਅ) ਨੂੰ ਏਸ਼ੀਅਨ ਗੇਮਾਂ ਲਈ ਚੁਣੇ ਜਾਣ 'ਤੇ ਮੁਬਾਰਕਬਾਦ ਵੀ ਦਿੱਤੀ। ਇਸ ਤੋਂ ਪਹਿਲਾਂ ਭਗਤ ਨੇ ਵਾਲੀਬਾਲ ਦੇ ਸ਼ੋਅ ਮੈਚ ਦਾ ਆਗਾਜ਼ ਕਰਵਾਇਆ ਅਤੇ ਖਿਡਾਰੀਆਂ ਨਾਲ ਜਾਣ-ਪਛਾਣ ਕਰਦਿਆਂ ਉਨ੍ਹਾਂ ਨੂੰ ਹਮੇਸ਼ਾ ਖੇਡਾਂ ਦੀ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ।ਸਮਾਗਮ ਵਿੱਚ ਪਹੁੰਚਣ 'ਤੇ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਦਾ ਸਵਾਗਤ ਕੀਤਾ ਗਿਆ। ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਬਲਾਕ ਖੇਡਾਂ ਦੇ ਪਹਿਲੇ ਦਿਨ ਬਲਾਕ ਨੂਰਮਹਿਲ, ਨਕੋਦਰ, ਲੋਹੀਆਂ, ਸ਼ਾਹਕੋਟ, ਜਲੰਧਰ ਪੱਛਮੀ ਅਤੇ ਮਹਿਤਪੁਰ ਵਿਖੇ ਅਥਲੈਟਿਕਸ, ਵਾਲੀਬਾਲ ਸਮੈਸ਼ਿੰਗ ਤੇ ਸ਼ੂਟਿੰਗ, ਕਬੱਡੀ ਸਰਕਲ ਤੇ ਨੈਸ਼ਨਲ ਸਟਾਈਲ, ਖੋ-ਖੋ ਅਤੇ ਫੁੱਟਬਾਲ ਦੇ ਮੁਕਾਬਲੇ ਕਰਵਾਏ ਗਏ ਹਨ।ਇਸ ਮੌਕੇ ਬੀ ਡੀ ਪੀ ਓ ਸੇਵਾ ਸਿੰਘ, ਐਥਲੈਟਿਕਸ ਕੋਚ ਬਿਕਰਮਜੀਤ ਸਿੰਘ, ਸਰਬਜੀਤ ਸਿੰਘ ਤੇ ਸੁਨੀਲ ਕੁਮਾਰ, ਵਾਲੀਬਾਲ ਕੋਚ ਅੰਮ੍ਰਿਤਪਾਲ ਸਿੰਘ, ਟਵਿੰਕਲ ਚੌਧਰੀ ਜੂਨੀਅਰ ਅਥਲੈਟਿਕਸ ਕੋਚ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।



# ਭਾਜਪਾ ਮੰਡਲ ਘਾਹ ਮੰਡੀ ਦੀ ਨਵੀਂ ਕਾਰਜਕਾਰਨੀ ਦਾ ਗਠਨ

**ਜਲੰਧਰ (ਇਕਬਾਲ ਸਿੰਘ ਉਭੀ)**- ਭਾਰਤੀ ਜਨਤਾ ਪਾਰਟੀ ਮੰਡਲ ਘਾਹ ਮੰਡੀ ਦੀ ਨਵੀਂ ਕਾਰਜਕਾਰਨੀ ਦਾ ਗਠਨ ਮੰਡਲ ਪ੍ਰਧਾਨ ਅਜੇ ਠਾਕੁਰ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਅਤੇ ਕਾਰਜਕਾਰਨੀ ਮੈਂਬਰਾਂ ਨੂੰ ਸੰਗਠਨ ਦੀਆਂ ਮਹੱਤਵਪੂਰਨ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਮੰਡਲ ਪ੍ਰਧਾਨ ਅਜੇ ਠਾਕੁਰ ਨੇ ਨਵੀਂ ਕਾਰਜਕਾਰਨੀ ਦੀ ਘੋਸ਼ਣਾ ਕਰਦਿਆਂ ਦੱਸਿਆ ਕਿ ਉਪ ਪ੍ਰਧਾਨ ਦੇ ਅਹੁਦੇ ਲਈ ਐਮ.ਪੀ. ਸ਼ਰਮਾ, ਦੀਪਕ ਤਨੇਜਾ, ਅਸ਼ੋਕ ਭਗਤ, ਦਵਾਰਕਾ ਦਾਸ ਅਤੇ ਅਰੁਣ ਨਾਰੰਗ ਨੂੰ ਨਿਯੁਕਤ ਕੀਤਾ ਗਿਆ ਹੈ।ਜਨਰਲ ਸਕੱਤਰ ਦੇ ਅਹੁਦੇ ਦੀ ਜ਼ਿੰਮੇਵਾਰੀ ਦਿਨੇਸ਼ ਕੁਮਾਰ ਬਬਲੂ ਅਤੇ ਪਰਮਿੰਦਰ ਪਾਲ ਸਿੰਘ ਨੂੰ ਸੌਂਪੀ ਗਈ ਹੈ। ਇਸੇ ਤਰ੍ਹਾਂ ਸਕੱਤਰ ਦੇ ਅਹੁਦੇ ਲਈ ਮਲਕੀਤ ਸਿੰਘ, ਜੇ ਕਿਸ਼ੋਰ, ਸਾਧਨਾ ਚਾਵਲਾ, ਰੋਹਿਤ ਕੁਮਾਰ ਤੇ ਜਤਿੰਦਰ ਕੁਮਾਰ ਨੂੰ ਨਿਯੁਕਤ ਕੀਤਾ ਗਿਆ ਹੈ।ਖਜ਼ਾਨਚੀ ਦੀ ਜ਼ਿੰਮੇਵਾਰੀ ਡਾ. ਨਰੇਸ਼ ਠਾਕੁਰ ਨੂੰ ਦਿੱਤੀ ਗਈ ਹੈ। ਭਾਜਪਾ ਯੁਵਾ ਮੋਰਚਾ ਮੰਡਲ ਪ੍ਰਧਾਨ ਵਜੋਂ ਸੁਰੇਸ਼ ਖੁਰਾਨਾ, ਮਹਿਲਾ ਮੋਰਚਾ ਮੰਡਲ ਪ੍ਰਧਾਨ ਵਜੋਂ ਡਾ. ਸਵਿਤਾ ਅਤੇ ਐੱਸ ਸੀ ਮੋਰਚਾ ਮੰਡਲ ਪ੍ਰਧਾਨ ਵਜੋਂ ਗਗਨ ਕੁਮਾਰ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ।ਮੀਡੀਆ ਇੰਚਾਰਜ ਮੋਹਿਤ ਕੁਮਾਰ, ਦਫ਼ਤਰ ਸਕੱਤਰ ਅਨਿਲ ਮਹਾਜਨ, ਸਹਾਇਕ ਦਫ਼ਤਰ ਸਕੱਤਰ ਦਾ ਦਾਇਤਵ ਤਾਰਾ ਚੰਦ ਅਤੇ ਸੋਸ਼ਲ ਮੀਡੀਆ ਇੰਚਾਰਜ ਦੀ ਜ਼ਿੰਮੇਵਾਰੀ ਵਰੁਣ ਸ਼ਰਮਾ ਨੂੰ ਦਿੱਤੀ ਗਈ ਹੈ।ਕਾਰਜਕਾਰਨੀ ਮੈਂਬਰ ਰਾਮ ਸਰੂਪ, ਵਿਜੇ ਭਗਤ, ਰਾਕੇਸ਼ ਕੁਮਾਰ, ਤ੍ਰਿਪਾਠੀ, ਸੰਜੀਵ, ਬੱਬੀ ਭਗਤ, ਰਾਜੇਸ਼ ਕੁਮਾਰ (ਰਾਮ), ਵਿਨੋਦ ਕੁਮਾਰ, ਸੁਭਾਸ਼ ਭਗਤ ਅਤੇ ਸਾਹਿਲ ਭਾਟੀਆ ਨੂੰ ਸ਼ਾਮਲ ਕੀਤਾ ਗਿਆ ਹੈ।ਇਸ ਮੌਕੇ ਮੰਡਲ ਪ੍ਰਧਾਨ ਅਜੇ ਠਾਕੁਰ ਨੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਅਤੇ ਕਾਰਜਕਾਰਨੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਾਜਪਾ ਦਾ ਸੰਗਠਨ ਕਾਰਕੁਨਾਂ ਦੀ ਮਿਹਨਤ, ਸਮਰਪਣ ਅਤੇ ਅਨੁਸ਼ਾਸਨ ਦੇ ਬਲ 'ਤੇ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਨਵੀਂ ਕਾਰਜਕਾਰਨੀ ਆਉਣ ਵਾਲੇ ਸਮੇਂ ਵਿੱਚ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

# ਵਣ ਵਿਭਾਗ ਵੱਲੋਂ ਨਾਜਾਇਜ਼ ਐਲਾਨੇ ਸਟੋਨ ਕਰੱਸ਼ਰ ਨੇ 150 ਕਨਾਲ ਪੰਚਾਇਤੀ ਜ਼ਮੀਨ ਪੁੱਟੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨੇੜਲੇ ਪਿੰਡ ਚੱਕ ਅਲੇਰਾ ਵਿਖੇ ਵਣ ਵਿਭਾਗ ਦੀ ਦਫ਼ਾ ਅੰਦਰ ਚੱਲ ਰਹੇ ਨਾਜਾਇਜ਼ ਸਟੋਨ ਕਰੱਸ਼ਰ ਨੇ ਅਮਰੋਹ ਪੰਚਾਇਤ ਦੀ 150 ਕਨਾਲ ਜ਼ਮੀਨ 'ਚ ਪੁੱਟ ਲਈ ਹੈ। ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਪੰਜਾਬ, ਮੰਡਲ ਦਸੂਹਾ ਨੇ ਇਸ ਸਟੋਨ ਕਰੱਸ਼ਰ ਨੂੰ ਨਿਯਮਾਂ ਦੇ ਉਲਟ ਕਰਾਰ ਦਿੱਤਾ ਹੈ। ਵਿਭਾਗ ਨੇ ਇਸ ਨੂੰ ਬੰਦ ਕਰਨ ਲਈ ਡਿਪਟੀ ਕਮਿਸ਼ਨਰ ਨੂੰ ਪੱਤਰ ਵੀ ਜਾਰੀ ਕੀਤਾ ਹੋਇਆ ਹੈ। ਪਰ ਉਸ ਦੇ ਬਾਵਜੂਦ ਇਹ ਸਟੋਨ ਕਰੱਸ਼ਰ ਚੱਲ ਰਿਹਾ ਹੈ। ਇਹ ਜਾਣਕਾਰੀ ਪਿੰਡ ਅਮਰੋਹ ਦੇ ਸਾਬਕਾ ਸਰਪੰਚ ਤੇ ਸਾਬਕਾ ਬਲਾਕ ਸਮਿਤੀ ਮੈਂਬਰ ਅਤੇ ਖਣਨ ਰੋਕੋ ਜ਼ਮੀਨ ਬਚਾਓ ਸੰਘਰਸ਼ ਕਮੇਟੀ ਤਲਵਾੜਾ ਦੇ ਮੈਂਬਰ ਨਰੇਸ਼ ਕੁਮਾਰ ਨੀਤੂ ਨੇ ਸਾਂਝੀ ਕੀਤੀ ਹੈ। ਵਣ ਮੰਡਲ ਦਸੂਹਾ ਵੱਲੋਂ ਜਾਰੀ ਪੱਤਰ ਦੀ ਕਾਪੀ ਦਿਖਾਉਂਦੇ ਹੋਇਆਂ ਨੀਤੂ ਨੇ ਦਸਿਆ ਕਿ ਪਿੰਡ ਅਮਰੋਹ ਦੀ ਹੱਦ 'ਤੇ ਸਵਾਂ ਦਰਿਆ ਕੰਢੇ ਪਿੰਡ ਚੱਕ ਅਲੇਰਾ 'ਚ ਸਥਿਤ ਮਾਸਟਰ ਸਟੋਨ ਕਰੱਸ਼ਰ ਨੂੰ ਵਣ ਵਿਭਾਗ ਨੇ ਦਫਾ 4 ਤਹਿਤ ਨਾਜਾਇਜ਼ ਗਰਦਾਨਿਆ ਹੋਇਆ ਹੈ। ਪਰ ਉਕਤ ਸਟੋਨ ਕਰੱਸ਼ਰ ਵੱਲੋਂ ਲੰਮੇ ਸਮੇਂ ਤੋਂ ਪੰਚਾਇਤੀ ਜ਼ਮੀਨ 'ਤੇ ਪੁਟਾਈ ਕੀਤੀ ਜਾ ਰਹੀ ਹੈ। ਜਿਸ ਦੀ ਸ਼ਿਕਾਇਤ ਉਨ੍ਹਾਂ ਹੇਠਲੇ ਪੱਧਰ ਤੋਂ ਲੈ ਕੇ ਉੱਚ ਅਧਿਕਾਰੀਆਂ ਤੱਕ ਕੀਤੀ। ਵਣ ਮੰਡਲ ਦਸੂਹਾ ਨੇ ਇਸੇ ਸਾਲ ਜਨਵਰੀ ਮਹੀਨੇ ਦੀ 13 ਤਾਰੀਕ ਨੂੰ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਪੱਤਰ ਲਿਖ ਕੇ ਉਕਤ ਸਟੋਨ ਕਰੱਸ਼ਰ ਨੂੰ ਬੰਦ ਕਰਨ ਦੀ ਮੰਗ ਕੀਤੀ ਸੀ। ਉਨ੍ਹਾਂ ਮਾਈਨਿੰਗ ਅਤੇ ਪ੍ਰਦੂਸ਼ਣ ਕੰਟਰੋਲ ਵਿਭਾਗ ਹੁਸ਼ਿਆਰਪੁਰ ਨੂੰ ਇਸ ਸਟੋਨ ਕਰੱਸ਼ਰ ਦਾ ਇਤਰਾਜ਼ਹੀਣਤਾ ਸਰਟੀਫਿਕੇਟ (ਐਨ ਓ ਸੀ) ਰੱਦ ਕਰਨ ਦੀ ਵੀ ਸਿਫਾਰਿਸ਼ ਕੀਤੀ ਸੀ। ਪਰ ਅੱਠ ਮਹੀਨੇ ਬੀਤ ਜਾਣ ਬਾਅਦ ਵੀ ਉਕਤ ਸਟੋਨ ਕਰੱਸ਼ਰ ਬੇਰੋਕ ਚੱਲ ਰਿਹਾ ਹੈ। ਵਣ ਮੰਡਲ ਦਸੂਹਾ ਨੇ ਆਪਣੀ ਚਿੱਠੀ 'ਚ ਵਣ ਵਿਭਾਗ ਨੇ ਉਕਤ ਸਟੋਨ ਕਰੱਸ਼ਰ ਵੱਲੋਂ ਮਾਈਨਿੰਗ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਜਾਰੀ ਐਨ ਓ ਸੀ ਦੀ ਆੜ ਹੇਠ ਗਾਹੇ ਬਿਗਾਹੇ, ਰਾਤ ਬਰਾਤੇ ਕਰੱਸ਼ਰ ਚਲਾਉਣ ਦਾ ਜ਼ਿਕਰ ਕੀਤਾ ਹੈ। ਨੀਤੂ ਨੇ ਦਸਿਆ ਕਿ ਹਦਬਸਤ ਨੰਬਰ 617 ਦੇ ਖਸਰਾ ਨੰਬਰ 204, 205 ਆਦਿ ਕੁੱਲ ਰਕਬਾ 150 ਕਨਾਲ ਗ੍ਰਾਮ ਪੰਚਾਇਤ ਅਮਰੋਹ ਦੀ ਮਾਲਕੀ ਹੈ। ਇਹ ਸਾਰੀ ਜ਼ਮੀਨ 'ਤੇ ਉਕਤ ਸਟੋਨ ਕਰੱਸ਼ਰ ਨੇ 80 ਤੋਂ 100 ਫੁੱਟ ਤੱਕ ਖੁਦਾਈ ਕਰਕੇ ਟੋਏ ਪਾ ਦਿੱਤੇ ਹਨ, ਉਥੇ ਹੀ ਦਰੱਖਤਾਂ ਨੂੰ ਮੁੱਢੋਂ ਹੀ ਪੁੱਟ ਦਿੱਤਾ ਹੈ। ਸੰਬੰਧਤ ਵਿਭਾਗਾਂ ਨੂੰ ਸ਼ਿਕਾਇਤ ਕਰਨ ਦੇ ਬਾਵਜੂਦ ਅਧਿਕਾਰੀਆਂ ਨੇ ਚੁੱਪੀ ਧਾਰੀ ਹੋਈ ਹੈ। ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਤੋਂ ਨਿਯਮਾਂ ਤਹਿਤ ਉਕਤ ਸਟੋਨ ਕਰੱਸ਼ਰ ਨੂੰ ਤੁਰੰਤ ਡਿਸਮੈਂਟਲ ਕਰਨ, ਕੀਤੀ ਖੁਦਾਈ ਦੀ ਪੈਮਾਇਸ਼ ਕਰਕੇ ਬਣਦਾ ਮੁਆਵਜ਼ਾ ਪੰਚਾਇਤ ਨੂੰ ਦੇਣ ਦੀ ਮੰਗ ਕੀਤੀ ਹੈ।ਜ਼ਿਲ੍ਹਾ ਮਾਈਨਿੰਗ ਅਫ਼ਸਰ ਤੁਸ਼ਾਰ ਗੋਇਲ ਨੇ ਕਿਹਾ ਕਿ ਕਰੱਸ਼ਰ ਖੁਲਣਾ ਅਤੇ ਬੰਦ ਕਰਨਾ ਉਨ੍ਹਾਂ ਦੇ ਅਧਿਕਾਰ ਖੇਤਰ ਅਧੀਨ ਨਹੀਂ ਆਉਂਦਾ ਹੈ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਵੱਲੋਂ ਫੋਨ ਨਾ ਉਠਾਏ ਜਾਣ ਕਾਰਨ ਗੱਲ ਨਹੀਂ ਹੋ ਸਕੀ।ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਹੁਸ਼ਿਆਰਪੁਰ ਦੇ ਐਕਸਿਅਨ ਨਿਖਿਲ ਗੁਪਤਾ ਨੇ ਕਿਹਾ ਕਿ ਉਹ ਬਦਲ ਕੇ ਨਵੇਂ ਆਏ ਹਨ, ਉਨਾਂ ਜਲਦ ਹੀ ਫਾਈਲ ਕੱਢਵਾ ਕੇ ਨਿਯਮਾਂ ਮੁਤਾਬਕ ਕਾਰਵਾਈ ਕਰਨ ਦੀ ਗੱਲ ਕਹੀ।



# ਐੱਚ ਐੱਮ ਵੀ ਦੀਆਂ ਵਿਦਿਆਰਥਣਾਂ ਨੇ 'ਵਰਸਿਟੀ ਪ੍ਰੀਖਿਆਵਾਂ 'ਚ ਮਾਰੀਆਂ ਮੱਲਾਂ

**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੀਆਂ ਬੀ ਐਸ ਸੀ ਮੈਡੀਕਲ ਅਤੇ ਨਾਨ-ਮੈਡੀਕਲ (ਸਮੈਸਟਰ-6) ਦੀਆਂ ਵਿਦਿਆਰਥਣਾਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ। ਇਹਨਾਂ ਨਤੀਜਿਆਂ ਵਿੱਚ ਗੁਰਲੀਨ ਕੌਰ ਚਨਾ ਨੇ 8.46 ਸੀ ਜੀ ਪੀ ਏ, ਤਾਨੀਆ ਨੇ 8.41 ਸੀ ਜੀ ਪੀ ਏ, ਹਿਮਾਂਸ਼ੀ ਨੇ 8.38 ਸੀ ਜੀ ਪੀ ਏ, ਕੋਮਲ ਨੇ 8.3 ਸੀ ਜੀ ਪੀ ਏ ਅਤੇ ਕੋਮਲ ਮਹਿਰਾ ਨੇ 8.2 ਸੀ ਜੀ ਪੀ ਏ, ਹਾਸਲ ਕਰਕੇ ਪ੍ਰਮੁੱਖ ਸਥਾਨ ਪ੍ਰਾਪਤ ਕੀਤੇ ਹਨ। ?ਇਸ ਸ਼ਾਨਦਾਰ ਪ੍ਰਾਪਤੀ 'ਤੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਹੋਣਹਾਰ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਸੰਬੰਧਤ ਵਿਭਾਗਾਂ ਦੇ ਅਧਿਆਪਕਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਇਹ ਨਤੀਜਾ ਵਿਦਿਆਰਥਣਾਂ ਦੀ ਦਿਨ-ਰਾਤ ਦੀ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਸਿੱਟਾ ਹੈ। ਐਚ ਐਮ ਵੀ ਹਮੇਸ਼ਾ ਹੀ ਆਪਣੀਆਂ ਅਕਾਦਮਿਕ ਪ੍ਰਾਪਤੀਆਂ ਲਈ ਜਾਣਿਆ ਜਾਂਦਾ ਹੈ ਅਤੇ ਸਾਡੇ ਵਿਦਿਆਰਥੀ ਹਰ ਸਾਲ ਵਧੀਆ ਨਤੀਜੇ ਲਿਆ ਕੇ ਸੰਸਥਾ ਦਾ ਮਾਣ ਵਧਾਉਂਦੇ ਹਨ। ਇਸ ਮੌਕੇ ਦੀਪਸ਼ਿਖਾ (ਮੁਖੀ, ਕੈਮਿਸਟਰੀ ਵਿਭਾਗ), ਡਾ. ਅੰਜਨਾ ਭਾਟੀਆ (ਡੀਨ ਆਈ ਕਿਊ ਏ ਸੀ ਅਤੇ ਮੁਖੀ ਬੌਟਨੀ ਵਿਭਾਗ) ਅਤੇ ਡਾ. ਹਰਪ੍ਰੀਤ ਸਿੰਘ (ਮੁਖੀ, ਬਾਇਓ ਇਨਫਾਰਮੈਟਿਕਸ ਵਿਭਾਗ) ਨੇ ਵੀ ਵਿਦਿਆਰਥਣਾਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਬਾਕੀ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣੇਗੀ। ਉਨ੍ਹਾਂ ਇਹ ਵੀ ਕਿਹਾ ਕਿ ਵਿਭਾਗ ਭਵਿੱਖ ਵਿੱਚ ਵੀ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਅਤੇ ਗੁਣਾਤਮਕ ਸਿੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗਾ।



# ਚੋਰਾਂ ਨੇ ਨਗਦੀ ਤੇ ਗਹਿਣੇ ਕੀਤੇ ਚੋਰੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਚੋਰਾਂ ਨੇ ਚੰਡੀਗੜ੍ਹ ਕਲੋਨੀ ਟਾਂਡਾ ਵਿੱਚ ਇੱਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਨਗਦੀ ਅਤੇ ਗਹਿਣੇ ਚੋਰੀ ਕਰ ਲਏ। ਵਰਿੰਦਰ ਲਾਲ ਪੁੱਤਰ ਪਰਸ਼ੋਤਮ ਲਾਲ ਦੇ ਘਰ ਨੂੰ ਉਸ ਵੇਲੇ ਨਿਸ਼ਾਨਾ ਬਣਾਇਆ ਜਦੋਂ ਉਹ ਆਪਣੇ ਪਰਿਵਾਰ ਸਮੇਤ ਆਪਣੀ ਭੈਣ ਨੂੰ ਮਿਲਣ ਗਏ ਹੋਏ ਸਨ ਜਦੋਂ ਉਹ ਵਾਪਸ ਪਰਤੇ ਤਾਂ ਘਰ ਵਿੱਚ ਚੋਰੀ ਹੋ ਚੁੱਕੀ ਸੀ। ਵਰਿੰਦਰ ਨੇ ਦੱਸਿਆ ਕਿ ਚੋਰ ਘਰ ਵਿੱਚੋਂ ਲਗਭਗ ਇੱਕ ਤੋਲੇ ਦੇ ਮੁੰਦਰੀ ਅਤੇ ਕੰਨਾਂ ਦੇ ਟੋਪਸ ਚੋਰੀ ਕਰਨ ਦੇ ਨਾਲ ਨਾਲ 40 ਹਜ਼ਾਰ ਰੁਪਏ ਦੀ ਨਗਦੀ ਵੀ ਚੋਰੀ ਕਰਕੇ ਲੈ ਗਏ ਹਨ। ਇਸ ਸੰਬੰਧੀ ਉਨ੍ਹਾਂ ਟਾਂਡਾ ਪੁਲਸ ਨੂੰ ਸੂਚਨਾ ਦੇ ਦਿੱਤੀ ਹੈ ਤੇ ਪੁਲਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



# ਗੁੱਜਰ ਮਹਾਂ ਸਭਾ ਵੱਲੋਂ ਸਮਾਗਮ 13 ਨੂੰ

**ਮੁਕੇਰੀਆਂ (ਜਗਤਾਰ ਸਿੰਘ ਭੁੰਗਰਨੀ)**- ਗੁੱਜਰ ਮਹਾਂਸਭਾ ਹੁਸ਼ਿਆਰਪੁਰ ਵੱਲੋਂ 13 ਸਤੰਬਰ ਨੂੰ ਸਵੇਰੇ 11 ਵਜੇ ਪੰਜਾਬ ਪੱਧਰ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਰਿਸ਼ਭ ਬੀਟਨ ਅਤੇ ਹੋਰਨਾਂ ਨੇ ਦੱਸਿਆ ਕਿ ਸਮੂਹ ਗੁੱਜਰ ਭਾਈਚਾਰੇ ਦੇ ਮੈਂਬਰਾਂ ਨੂੰ ਇਸ ਸਮਾਗਮ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਗੁੱਜਰ ਬਰਾਦਰੀ ਦੇ ਲੋਕਾਂ ਨੂੰ ਜਾਗਰੂਕ ਕਰਨਾ, ਭਾਈਚਾਰੇ ਨੂੰ ਇਕਜੁੱਟ ਕਰਨਾ ਅਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਸਾਰਿਆਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਹੈ। ਇਸ ਮੌਕੇ ਭਾਈਚਾਰੇ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗੁੱਜਰ ਬਰਾਦਰੀ ਦੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਸਮਾਜਿਕ ਮੁੱਦਿਆਂ ਸਬੰਧੀ ਵੱਧ ਤੋਂ ਵੱਧ ਜਾਣਕਾਰੀ ਦਿੱਤੀ ਜਾਵੇਗੀ।



# ਪਿਸਤੌਲ ਦੀ ਨੋਕ 'ਤੇ ਰਿਟਾਇਰਡ ਕੈਪਟਨ ਤੋਂ ਮੋਬਾਇਲ ਖੋਹਿਆ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)** ਟਾਂਡਾ ਖੇਤਰ ਵਿੱਚ ਲੁੱਟ-ਖੋਹ ਦੀਆਂ ਵਾਰਦਾਤਾਂ ਲਗਾਤਾਰ ਸਾਹਮਣੇ ਆ ਰਹੀਆਂ ਹਨ। ਐਤਵਾਰ ਸ਼ਾਮ ਕਰੀਬ 5:30 ਵਜੇ ਗਰੀਨ ਕਾਲੋਨੀ ਵਿੱਚ ਸੈਰ ਕਰ ਰਹੇ ਇੱਕ ਰਿਟਾਇਰਡ ਕੈਪਟਨ ਨੂੰ ਪਿਸਤੌਲ ਦੀ ਨੋਕ 'ਤੇ ਲੁੱਟਣ ਦਾ ਮਾਮਲਾ ਸਾਹਮਣੇ ਆਇਆ ਹੈ। ਵਾਰਦਾਤ ਤੋਂ ਬਾਅਦ ਦੋਵੇਂ ਕਥਿਤ ਲੁਟੇਰੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਫਰਾਰ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਲੁੱਟ ਦੀ ਇਹ ਵਾਰਦਾਤ ਸੀ ਸੀ ਟੀ ਵੀ ਕੈਮਰਿਆਂ ਵਿੱਚ ਵੀ ਕੈਦ ਹੋ ਗਈ ਹੈ। ਜਾਣਕਾਰੀ ਦਿੰਦਿਆਂ ਰਿਟਾਇਰਡ ਕੈਪਟਨ ਗੁਰਨਾਮ ਸਿੰਘ ਭੰਗੂ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਸ਼ਾਮ ਸਮੇਂ ਆਪਣੀ ਕਾਲੋਨੀ ਵਿੱਚ ਸੈਰ ਕਰ ਰਹੇ ਸਨ। ਇਸ ਦੌਰਾਨ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਉਨ੍ਹਾਂ ਕੋਲ ਆਏ। ਦੋਸ਼ ਹੈ ਕਿ ਪਿੱਛੇ ਬੈਠੇ ਨੌਜਵਾਨ ਨੇ ਉਨ੍ਹਾਂ ਨੂੰ ਫੜ ਲਿਆ ਅਤੇ ਪਿਸਤੌਲ ਉਨ੍ਹਾਂ ਦੀ ਕਮਰ ਨਾਲ ਲਗਾ ਦਿੱਤੀ। ਇਸ ਤੋਂ ਬਾਅਦ ਕਥਿਤ ਦੋਸ਼ੀਆਂ ਨੇ ਉਨ੍ਹਾਂ ਦੇ ਹੱਥ ਵਿੱਚ ਫੜਿਆ ਮੋਬਾਈਲ ਫੋਨ ਖੋਹ ਲਿਆ ਅਤੇ ਦੋਵੇਂ ਮੋਟਰਸਾਈਕਲ 'ਤੇ ਫਰਾਰ ਹੋ ਗਏ। ਵਾਰਦਾਤ ਤੋਂ ਬਾਅਦ ਕੈਪਟਨ ਗੁਰਨਾਮ ਸਿੰਘ ਨੇ ਇਸ ਦੀ ਸੂਚਨਾ ਟਾਂਡਾ ਪੁਲਸ ਨੂੰ ਦਿੱਤੀ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।



ਪੁਲਸ ਦੇ ਹੱਥ ਸੀ ਸੀ ਟੀ ਵੀ ਫੁਟੇਜ ਵੀ ਲੱਗੀ ਹੈ, ਜਿਸ ਵਿੱਚ ਕਥਿਤ ਲੁਟੇਰੇ ਵਾਰਦਾਤ ਤੋਂ ਬਾਅਦ ਮੋਟਰਸਾਈਕਲ 'ਤੇ ਜਾਂਦੇ ਹੋਏ ਨਜ਼ਰ ਆ ਰਹੇ ਹਨ। ਪੁਲਿਸ ਇਨ੍ਹਾਂ ਫੁਟੇਜ ਦੇ ਆਧਾਰ 'ਤੇ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਦੇ ਯਤਨ ਕਰ ਰਹੀ ਹੈ। ਹੁਣ ਦੇਖਣਾ ਹੋਵੇਗਾ ਕਿ ਸੀ ਸੀ ਟੀ ਵੀ ਫੁਟੇਜ ਮਿਲਣ ਤੋਂ ਬਾਅਦ ਪੁਲਿਸ ਕਥਿਤ ਲੁਟੇਰਿਆਂ ਤੱਕ ਕਦੋਂ ਤੱਕ ਪਹੁੰਚਦੀ ਹੈ।

# ਚੰਨ ਗੁਰਾਇਆ ਵਾਲਾ ਐਵਾਰਡ ਨਾਲ ਮਦਨ ਜਲੰਧਰੀ ਸਨਮਾਨਤ



**ਗੁਰਾਇਆ (ਬਿੰਦਰ ਸੁਮਨ)** ਨਵੀਂ ਚੇਤਨਾ ਪੰਜਾਬੀ ਲੇਖਕ ਮੰਚ ਪੰਜਾਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਸਹਿਯੋਗ ਨਾਲ ਗੁਰਾਇਆਂ ਵਿਖੇ ਇੱਕ ਸ਼ਾਨਦਾਰ ਤੇ ਪ੍ਰਭਾਵਸ਼ਾਲੀ ਸਾਹਿਤਕ ਇਕੱਠ ਕੀਤਾ ਗਿਆ ਜਿਸ ਦੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ, ਜਨ ਸਕੱਤਰ ਪ੍ਰੋ. ਸੰਧੂ ਵਰਿਆਣਵੀ, ਪ੍ਰਗਤੀਸ਼ੀਲ ਲੇਖਕ ਸੰਘ ਦੇ ਪ੍ਰਧਾਨ ਪ੍ਰੋ. ਸੁਰਜੀਤ ਜੱਜ, ਪ੍ਰਿੰਸੀਪਲ ਨਵਤੇਜ ਸਿੰਘ ਗੜ੍ਹਦੀਵਾਲਾ, ਮੰਚ ਦੇ ਪ੍ਰਧਾਨ ਸ਼ਾਮ ਸਰਗੂੰਦੀ, ਚੰਨ ਗੁਰਾਇਆ ਵਾਲਾ ਦੇ ਭਾਣਜਾ ਨਿਰਮਲ ਕੁਮਾਰ ਆਦਿ ਵਿਰਾਜਮਾਨ ਰਹੇ। ਵਿਸ਼ੇਸ਼ ਤੌਰ ਤੇ ਅਸ਼ੀਰਵਾਦ ਅਤੇ ਸ਼ੁੱਭ ਕਾਮਨਾਵਾਂ ਦੇਣ ਲਈ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਪੰਜਾਬ ਦੇ ਪ੍ਰਧਾਨ ਸੰਤ ਕੁਲਵੰਤ ਰਾਮ ਭਰੋਮਜਾਰਾ ਅਤੇ ਵਿਸ਼ਵ ਪ੍ਰਸਿੱਧ ਗਾਇਕ ਬੂਟਾ ਮੁਹੰਮਦ ਪਹੁੰਚੇ। ਮੰਚ ਸੰਚਾਲਨ ਕਰ ਰਹੇ ਜਨ ਸਕੱਤਰ ਉੱਘੇ ਲੋਕ ਸ਼ਾਇਰ ਜਗਦੀਸ਼ ਰਾਣਾ ਨੇ ਮੰਚ ਦੀਆਂ ਗਤੀਵਿਧੀਆਂ ਬਾਰੇ ਦੱਸਦਿਆਂ ਕਿਹਾ ਕਿ ਅਮਰੀਕਾ ਰਹਿੰਦੇ ਪ੍ਰਸਿੱਧ ਗੀਤਕਾਰ ਮੱਖਣ ਲੁਹਾਰ ਦੁਆਰਾ ਇਹ ਮੰਚ ਤਿਆਰ ਕੀਤਾ ਗਿਆ ਜਿਸ ਦੇ ਉਹ ਚੇਅਰਮੈਨ ਵੀ ਹਨ ਅਤੇ ਮੰਚ ਵੱਲੋਂ ਸਮੇਂ-ਸਮੇਂ 'ਤੇ ਸਾਹਿਤਕ ਪ੍ਰੋਗਰਾਮ ਕਰਨ ਦੇ ਨਾਲ ਨਾਲ ਲੋੜਵੰਦ ਵਿਅਕਤੀਆਂ ਦੀ ਆਰਥਿਕ ਮਦਦ ਵੀ ਕੀਤੀ ਜਾਂਦੀ ਹੈ। ਮੰਚ ਦੇ ਖਜਾਨਚੀ ਗੁਰਮੁਖ ਲੁਹਾਰ ਵਲੋਂ ਸਭ ਨੂੰ ਜੀ ਆਇਆਂ ਨੂੰ ਆਖਦਿਆਂ ਇਕ ਰਚਨਾ ਨਾਲ ਸਾਂਝ ਪਾਈ। ਚੰਨ ਗੁਰਾਇਆਂ ਵਾਲਾ ਬਾਰੇ ਪ੍ਰਿੰਸੀਪਲ ਨਵਤੇਜ ਗੜ੍ਹਦੀਵਾਲਾ ਨੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਹਨਾਂ ਵਰਗਾ ਗੀਤਕਾਰ ਹਰ ਕੋਈ ਨਹੀਂ ਹੋ ਸਕਦਾ। ਸ਼ਾਇਦ ਹੀ ਕੋਈ ਗਾਇਕ ਹੋਵੇ ਜਿਸਨੇ ਚੰਨ ਗੁਰਾਇਆਂ ਵਾਲਾ ਦਾ ਗੀਤ ਨਾ ਗਾਇਆ ਹੋਵੇ। ਅੱਜ ਗੁਰਾਇਆਂ ਦੀ ਪਹਿਚਾਣ ਚੰਨ ਦੇ ਨਾਂਅ ਕਰਕੇ ਵੀ ਬਣ ਗਈ ਹੈ। ਇਸ ਮੌਕੇ ਮੰਚ ਵਲੋਂ ਸਨਮਾਨ ਪੱਤਰ, ਨਕਦ ਰਾਸ਼ੀ, ਲੋਈ ਅਤੇ ਕਿਤਾਬਾਂ ਦੇ ਕੇ ਨਾਮਵਰ ਗੀਤਕਾਰ ਮਦਨ ਜਲੰਧਰੀ ਨੂੰ ਪਹਿਲਾ ਚੰਨ ਗੁਰਾਇਆਂ ਵਾਲਾ ਯਾਦਗਾਰੀ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਮਦਨ ਜਲੰਧਰੀ ਨੇ ਮੌਕੇ ਤੇ ਜਿੱਥੇ ਮੰਚ ਦਾ ਧੰਨਵਾਦ ਕੀਤਾ ਓਥੇ ਹੀ ਚੰਨ ਗੁਰਾਇਆ ਵਾਲਾ ਨਾਲ ਆਪਣੀਆਂ ਸਾਂਝਾਂ ਦਾ ਵੀ ਜ਼ਿਕਰ ਕੀਤਾ। ਇਸ ਮੌਕੇ ਹੋਏ ਸ਼ਾਨਦਾਰ ਕਵੀ ਦਰਬਾਰ ਵਿੱਚ ਸਤਪਾਲ ਸਾਹਲੋਂ, ਕੇ ਸਾਧੂ ਸਿੰਘ, ਸੁਖਦੇਵ ਸਿੰਘ ਔਲਖ, ਕੁਲਵੰਤ ਸਿੰਘ ਬੂੰਗਾ, ਵਿੰਦਰ ਮਾਝੀ, ਗੁਰਜੀਤ ਸਿੰਘ ਸਹੋਤਾ, ਹਰਦਿਆਲ ਹੁਸ਼ਿਆਰਪੁਰੀ, ਬਲਵੰਤ ਚਿਰਾਗ਼, ਅਜੀਤ ਪਿਆਸਾ, ਦੇਵ ਰਾਜ ਦਾਦਰ, ਬਿੰਦਰ ਬਕਾਪੁਰੀ, ਦਵਿੰਦਰ ਜੱਸਲ, ਸੁਰਿੰਦਰ ਸਾਗਰ, ਹਰਮੇਸ਼ ਗਹੌਰੀਆ, ਗੁਰਦਿਆਲ ਸਿੰਘ ਮੁਠੱਡਾ, ਧਰਮਿੰਦਰ ਮਸਾਣੀ ਆਦਿ ਕਵੀਆਂ ਗਾਇਕਾਂ ਨੇ ਆਪਣੀਆਂ ਰਚਨਾਵਾਂ ਨਾਲ ਚਾਰ ਚੰਨ ਲਾ ਦਿੱਤੇ। ਇਸ ਮੌਕੇ ਨੱਕਾਸ਼ ਚਿੱਤੇਵਾਣੀ, ਰਵਿੰਦਰ ਚੋਟ, ਬਲਦੇਵ ਰਾਜ ਕੋਮਲ, ਦਿਲਬਹਾਰ ਸ਼ੌਕਤ, ਪੰਮੀ ਰੁੜਕਾ, ਬਲਵਿੰਦਰ ਕੌਰ ਹੀਰ (ਐਮ ਸੀ), ਨਿਰਮਲ ਗੁੜੇ, ਮਿੱਤਰ ਮਨਜੀਤ, ਸੋਹਣ ਸਿੰਘ ਭਿੰਡਰ, ਟੋਨੀ ਦੁਸਾਂਝ, ਜਸਵਿੰਦਰ ਫਗਵਾੜਾ, ਬੱਬੂ ਸੈਣੀ, ਸੋਢੀ ਰਾਣਾ, ਸੂਦ ਵਿਰਕ, ਜਿੰਗਾ ਸਿੰਘ, ਵਿੱਕੀ ਬਹਾਦਰਕੇ, ਦਲਜੀਤ ਮਹਿਮੀ, ਲਾਲੀ ਕਰਤਾਰਪੁਰੀ, ਮੁਲਖ ਰਾਜ ਜੱਖੂ, ਸੰਜੀਵ ਸਿੱਧੂ, ਰਾਜੀਵ ਭਾਰਤੀ, ਸ਼ਿੰਗਾਰਾ ਮਸਾਣੀ, ਜਿੰਮੀ ਗੁਰਾਇਆਂ, ਹੈਪੀ ਗੁਰਾਇਆਂ, ਸ਼ਿੰਦਾ ਗੁਰਾਇਆਂ, ਸੁਰਿੰਦਰ ਕੁਮਾਰ, ਰਵੀ ਕੁਮਾਰ, ਸੋਹਣ ਲਾਲ, ਰਣਦੀਪ ਜੱਸੀ, ਵਰਦਾਨ ਰਾਜ ਤੇ ਹੋਰ ਵੀ ਸਾਹਿਤਕਾਰ ਅਤੇ ਸਾਹਿਤ ਪ੍ਰੇਮੀ ਹਾਜ਼ਿਰ ਰਹੇ। ਮੰਚ ਵੱਲੋਂ ਪ੍ਰਧਾਨਗੀ ਮੰਡਲ ਦੇ ਨਾਲ ਨਾਲ ਮੌਜੂਦ ਕਵੀਆਂ ਦਾ ਵੀ ਸਨਮਾਨ ਕੀਤਾ ਗਿਆ।

# ਦਰਬਾਰ ਸਾਈਂ ਜੁਮਲੇ ਸ਼ਾਹ ਦੇ ਮੇਲੇ ਦਾ ਬੈਨਰ ਰਿਲੀਜ਼

**ਆਦਮਪੁਰ (ਪਰਮਜੀਤ ਸਿੰਘ)**- ਪਿੰਡ ਉਦੇਸੀਆਂ ਵਿਖੇ ਸਥਿਤ ਦਰਬਾਰ ਸਾਂਈ ਜੁਮਲੇ ਸ਼ਾਹ ਵਿਖੇ ਕਰਵਾਏ ਦਾ ਰਹੇ 22 ਤੋਂ 24 ਸਤੰਬਰ ਤੱਕ ਮੇਲੇ ਦਾ ਬੈਨਰ ਪ੍ਰਬੰਧਕਾਂ ਅਤੇ ਸੰਗਤਾਂ ਵਲੋਂ ਰਿਲੀਜ਼ ਕੀਤਾ ਗਿਆ। ਪ੍ਰਬੰਧਕਾਂ ਨੇ ਦੱਸਿਆ ਕਿ ਸਾਂਈ ਜੁਮਲੇ ਸ਼ਾਹ ਦਾ 60ਵਾਂ ਅਤੇ ਸੱਯਦ ਫਕੀਰ ਬੀਬੀ ਸ਼ਰੀਫਾਂ ਦਾ ਦੂਜਾ ਮੇਲਾ 22,23, 24 ਸਤੰਬਰ ਨੂੰ ਬੜ੍ਹੇ ਉਤਸ਼ਾਹ ਨਾਲ ਹਜ਼ਰਤ ਬਾਬਾ ਸ਼ਾਹ ਕਮਾਲ ਦੇ ਅਸ਼ੀਰਵਾਦ ਸਦਕਾ ਹਜ਼ਰਤ ਬਾਬਾ ਸ਼ਾਹ ਕਮਾਲ, ਸਾਂਈ ਜੁਮਲੇ ਸ਼ਾਹ ਵੈਲਫੇਅਰ ਸੁਸਾਇਟੀ ਵੱਲੋਂ ਸੰਗਤਾਂ ਅਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ 22 ਸ਼ਾਮ ਨੂੰ ਚਿਰਾਗ ਰੋਸ਼ਨ ਕੀਤੇ ਜਾਣਗੇ ਤੇ ਉਪਰੰਤ ਕਵਾਲੀਆਂ ਹੋਣਗੀਆਂ, 23 ਨੂੰ ਸਵੇਰੇ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ ਤੇ ਦਿਨ ਰਾਤ ਕਵਾਲੀਆਂ ਅਤੇ ਹੋਣਗੀਆਂ। 24 ਨੂੰ ਗਾਇਕ ਸੂਫੀਆਨਾ ਕਲਾਮਾਂ ਰਾਹੀਂ ਦਰਬਾਰ ਵਿਚ ਹਾਜ਼ਰੀ ਲਗਵਾਉਣਗੇ।ਇਸ ਮੌਕੇ ਇਸ਼ਾ, ਗੁਰਨਾਮ ਸਿੰਘ, ਜਸਵੀਰ ਸਿੰਘ, ਸੋਨੂੰ, ਵਿੱਕਰ ਲੇਸੜੀਵਾਲ, ਅੰਤਪ੍ਰੀਤ ਮੱਦੀ, ਲਵਪ੍ਰੀਤ ਲਵੀ, ਨਿਸ਼ਚੇ ਮਹਿਤਾ, ਹਤਿੰਦਰ ਮਹਿਤਾ, ਸੁੱਖ, ਗੀਤ, ਰਾਜ ਰਾਣੀ, ਕੁਲਵਿੰਦਰ ਕੌਰ, ਮੰਗਾ ਅਤੇ ਹੋਰ ਸੰਗਤਾਂ ਹਾਜ਼ਰ ਸਨ।



# ਮੂਰਤੀ ਸਥਾਪਨਾ ਦਿਵਸ ਮੌਕੇ 'ਆਪ' ਆਗੂ ਨੇ 1 ਲੱਖ ਦਾ ਚੈੱਕ ਕੀਤਾ ਭੇਟ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਸ੍ਰੀ ਗੀਤਾ ਭਵਨ ਨਰਮਦੇਸ਼ਵਰ ਮਹਾਦੇਵ ਮੰਦਰ ਲੋਹੀਆਂ ਖਾਸ ਵਿਖੇ ਪਹਿਲਾ ਮੂਰਤੀ ਸਥਾਪਨਾ ਦਿਵਸ ਅਤੇ ਨੰਦ ਉਤਸਵ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੀ ਆਗੂ ਬੀਬੀ ਰਣਜੀਤ ਕੌਰ ਕਾਕੜ ਨੇ ਸ਼ਿਰਕਤ ਕੀਤੀ। ਬੀਬੀ ਰਣਜੀਤ ਕੌਰ, ਜੋ ਕਿ ਡਾਇਰੈਕਟਰ ਇੰਫੋਟੈਕ ਪੰਜਾਬ, ਵਾਈਸ ਪ੍ਰਧਾਨ ਮਹਿਲਾ ਵਿੰਗ ਪੰਜਾਬ ਅਤੇ ਜ਼ਿਲ੍ਹਾ ਪ੍ਰਧਾਨ ਐਜੂਕੇਸ਼ਨ ਵਿੰਗ ਜਲੰਧਰ, ਆਮ ਆਦਮੀ ਪਾਰਟੀ ਹਲਕਾ ਸ਼ਾਹਕੋਟ ਹਨ, ਨੇ ਆਪਣੇ ਸੰਬੋਧਨ ਦੌਰਾਨ ਸ੍ਰੀ ਗੀਤਾ ਭਵਨ ਦੀ ਉਸਾਰੀ ਅਤੇ ਮੰਦਰ ਕਮੇਟੀ ਵੱਲੋਂ ਕੀਤੇ ਜਾ ਰਹੇ ਧਾਰਮਿਕ ਤੇ ਸਮਾਜ ਸੇਵੀ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਨੇ ਸ੍ਰੀ ਗੀਤਾ ਭਵਨ ਸੋਸਾਇਟੀ ਨੂੰ 1 ਲੱਖ ਦਾ ਚੈੱਕ ਭੇਟ ਕਰਕੇ ਕਮੇਟੀ ਦਾ ਮਾਣ ਵਧਾਇਆ। ਇਸ ਮੌਕੇ ਗੀਤਾ ਭਵਨ ਦੇ ਪ੍ਰਧਾਨ ਦਰਸ਼ਨ ਕੁਮਾਰ ਸੱਦੀ ਅਤੇ ਸਮੂਹ ਸੇਵਾਦਾਰਾਂ ਵੱਲੋਂ ਬੀਬੀ ਰਣਜੀਤ ਕੌਰ ਕਾਕੜ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।



# ਟੌਫਲ ਪੜ੍ਹਾਉਣ ਸੰਬੰਧੀ ਸਿਖਲਾਈ ਸੈਸ਼ਨ ਤੇ ਡਾਇਰੈਕਟਰਾਂ ਦੀ ਮੀਟਿੰਗ

**ਜਲੰਧਰ (ਇਕਬਾਲ ਸਿੰਘ ਉਭੀ)**- ਵਿਸ਼ਵ ਪੱਧਰੀ ਸਿੱਖਿਆ ਅਤੇ ਪ੍ਰਤਿਭਾ ਹੱਲ ਪ੍ਰਦਾਨ ਕਰਨ ਵਾਲੀ ਸੰਸਥਾ, ਨੇ ਟੌਫਲ, ਆਈ ਬੀ ਟੀ ਟੈਸਟ ਦੀ ਨਿਰਮਾਤਾ, ਈ ਟੀ ਐਸ ਟੌਫਲ ਸਿਖਲਾਈ ਅਤੇ ਡਾਇਰੈਕਟਰਾਂ ਦੀ ਇੱਕ ਮੀਟਿੰਗ ਦਾ ਆਯੋਜਨ ਕੀਤਾ। ਇਸ ਮੌਕੇ 250 ਤੋਂ ਵੱਧ ਭਾਗੀਦਾਰਾਂ ਨੇ ਹਿੱਸਾ ਲਿਆ। ਇਨ੍ਹਾਂ ਵਿੱਚ ਅੰਗਰੇਜ਼ੀ ਭਾਸ਼ਾ ਦੇ ਇੰਸਟ੍ਰਕਟਰ, ਫੈਕਲਟੀ ਮੈਂਬਰ, ਟੌਫਲ ਦੀ ਤਿਆਰੀ ਕਰਵਾਉਣ ਵਾਲੇ ਮਾਹਰ, ਸਿੱਖਿਆ ਸਲਾਹਕਾਰ, ਸਿਖਲਾਈ ਸੰਸਥਾਵਾਂ ਦੇ ਮੁਖੀ ਅਤੇ ਪੰਜਾਬ ਦੇ ਅੰਤਰਰਾਸ਼ਟਰੀ ਸਿੱਖਿਆ ਖੇਤਰ ਨਾਲ ਜੁੜੇ ਹੋਰ ਨੁਮਾਇੰਦੇ ਸ਼ਾਮਲ ਸਨ। ਵਰਤਮਾਨ ਵਿੱਚ, ਪੰਜਾਬ ਵਿੱਚ ਛੇ ਅਧਿਕਾਰਤ ਟੌਫਲ, ਆਈ ਬੀ ਟੀ ਟੈਸਟ ਕੇਂਦਰ ਮੌਜੂਦ ਹਨ। ਮਾਰਕੀਟ ਅੰਬੈਸਡਰਾਂ ਅਤੇ ਚੈਨਲ ਭਾਈਵਾਲਾਂ ਸਮੇਤ 1,300 ਤੋਂ ਵੱਧ ਭਾਈਵਾਲਾਂ ਅਤੇ ਸਿੱਖਿਆ ਖੇਤਰ ਦੇ ਹਿੱਸੇਦਾਰਾਂ ਦੇ ਨੈੱਟਵਰਕ ਰਾਹੀਂ, ਈ ਟੀ ਐੱਸ ਲਗਾਤਾਰ ਜਾਗਰੂਕਤਾ ਵਧਾ ਰਿਹਾ ਹੈ ਅਤੇ ਇਸ ਵਿਸ਼ਵ-ਪੱਧਰੀ ਮਾਨਤਾ ਪ੍ਰਾਪਤ ਅੰਗਰੇਜ਼ੀ ਭਾਸ਼ਾ ਦੀ ਮੁਹਾਰਤ ਪਰਖਣ ਵਾਲੇ ਟੈਸਟ ਦੀ ਉਪਲਬਧਤਾ ਦਾ ਵਿਸਥਾਰ ਕਰ ਰਿਹਾ ਹੈ। ਇਸ ਮੌਕੇ 'ਤੇ ਬੋਲਦਿਆਂ, ਈ ਟੀ ਐੱਸ ਦੱਖਣੀ ਏਸ਼ੀਆ ਦੇ ਟੌਫਲ ਅਤੇ ਜੀ ਆਰ ਕਾਰਜਕਾਰੀ ਨਿਰਦੇਸ਼ਕ ਕਰਨ ਲਲਿਤ ਨੇ ਕਿਹਾ, 'ਅਧਿਆਪਕ, ਸਲਾਹਕਾਰ ਅਤੇ ਸਿੱਖਿਆ ਖੇਤਰ ਦੇ ਭਾਈਵਾਲ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਸਿੱਖਿਆ ਬਾਰੇ ਸੂਝ-ਬੂਝ ਭਰੇ ਫੈਸਲੇ ਲੈਣ ਵਿੱਚ ਮਦਦ ਕਰਨ ਲਈ ਅਹਿਮ ਭੂਮਿਕਾ ਨਿਭਾਉਂਦੇ ਹਨ।ਜਲੰਧਰ ਵਿਖੇ ਆਯੋਜਿਤ ਟੌਫਲ ਸਕਿੱਲਜ਼ ਟ੍ਰੇਨਿੰਗ ਅਤੇ ਡਾਇਰੈਕਟਰਜ਼ ਮੀਟ ਰਾਹੀਂ, ਸਾਡਾ ਉਦੇਸ਼ ਅਧਿਆਪਕਾਂ ਅਤੇ ਸਿਖਲਾਈ ਦੇਣ ਵਾਲਿਆਂ ਨੂੰ ਵਿਹਾਰਕ ਸਾਧਨਾਂ ਅਤੇ ਨਵੀਂ ਜਾਣਕਾਰੀ ਨਾਲ ਸਮਰੱਥ ਬਣਾਉਣਾ ਹੈ, ਤਾਂ ਜੋ ਉਹ ਵਿਦਿਆਰਥੀਆਂ ਦੀ ਤਿਆਰੀ ਵਿੱਚ ਉਨ੍ਹਾਂ ਦੀ ਬਿਹਤਰ ਢੰਗ ਨਾਲ ਮਦਦ ਕਰ ਸਕਣ। ਵਿਦੇਸ਼ੀ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਭਾਰਤ ਦਾ ਇੱਕ ਅਹਿਮ ਖੇਤਰ ਹੈ। ਇੱਥੋਂ ਦੇ ਵਿਦਿਆਰਥੀ ਕੈਨੇਡਾ, ਯੂਨਾਈਟਿਡ ਕਿੰਗਡਮ, ਆਸਟ੍ਰੇਲੀਆ ਅਤੇ ਅਮਰੀਕਾ ਵਰਗੇ ਦੇਸ਼ਾਂ ਵਿੱਚ ਉੱਚ-ਸਿੱਖਿਆ ਦੇ ਮੌਕਿਆਂ ਵਿੱਚ ਲਗਾਤਾਰ ਦਿਲਚਸਪੀ ਦਿਖਾਉਂਦੇ ਹਨ। ਅੰਤਰਰਾਸ਼ਟਰੀ ਸਿੱਖਿਆ ਪ੍ਰਤੀ ਇਸ ਵਧਦੀ ਦਿਲਚਸਪੀ ਦੇ ਦੌਰਾਨ, ਅੰਗਰੇਜ਼ੀ ਭਾਸ਼ਾ ਦੇ ਭਰੋਸੇਯੋਗ ਮੁਲਾਂਕਣ ਅਤੇ ਯੋਜਨਾਬੱਧ ਤਿਆਰੀ ਸਬੰਧੀ ਸਹਾਇਤਾ, ਦਾਖਲੇ ਦੀ ਮੁਕਾਬਲੇਬਾਜ਼ੀ ਵਾਲੀ ਪ੍ਰਕਿਰਿਆ ਵਿੱਚੋਂ ਲੰਘ ਰਹੇ ਵਿਦਿਆਰਥੀਆਂ ਲਈ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਸਿਖਲਾਈ ਵਿੱਚ ਟੈਸਟ ਦੇ ਭਾਸ਼ਾ-ਸਬੰਧੀ ਚਾਰ ਮੁੱਖ ਹੁਨਰਾਂ-ਪੜ੍ਹਨਾ, ਸੁਣਨਾ, ਬੋਲਣਾ ਅਤੇ ਲਿਖਣਾ-ਦੇ ਨਾਲ-ਨਾਲ ਜਮਾਤ ਵਿੱਚ ਵਿਦਿਆਰਥੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਤਿਆਰ ਕਰਨ ਲਈ ਲਾਹੇਵੰਦ ਰਣਨੀਤੀਆਂ ਨੂੰ ਵੀ ਸ਼ਾਮਲ ਕੀਤਾ ਗਿਆ ਸੀ। ਟੌਫਲ ਦੀ ਤਿਆਰੀ ਲਈ ਸਰੋਤ, ਲਾਈਵ ਮੌਕ ਟੈਸਟ, ਮਾਹਰਾਂ ਵੱਲੋਂ ਸੁਝਾਅ ਅਤੇ ਸਵਾਲ-ਜਵਾਬ ਦੇ ਸੈਸ਼ਨ ਸ਼ਾਮਲ ਸਨ, ਅਤੇ ਸਿਖਲਾਈ ਪੂਰੀ ਹੋਣ 'ਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ।



# ਏ ਆਈ ਨੇ ਲਾਂਚ ਕੀਤਾ ਨੈਕਸਟ ਕੁਆਂਟਮ ਓ ਐੱਸ 1.1

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਏ ਆਈ+ਸਮਾਰਟਫੋਨ ਐੱਨ ਐੱਕਸ ਟੀ ਕੁਆਂਟਮ ਓ ਐੱਸ 1.1 ਨੂੰ ਰੋਲ ਆਊਟ ਕਰਦਾ ਹੈ ਜੋ ਇਸਦੇ ਗੋਪਨੀਯਤਾ ਢਾਂਚੇ ਨੂੰ ਮਜ਼ਬੂਤ ਕਰਦਾ ਹੈ ਅਤੇ ਉਪਭੋਗਤਾਵਾਂ ਨੂੰ ਐਪਲੀਕੇਸ਼ਨਾਂ ਆਪਣੇ ਡਿਵਾਈਸਾਂ ਅਤੇ ਡੇਟਾ ਤੱਕ ਕਿਵੇਂ ਪਹੁੰਚ ਕਰਦੀਆਂ ਹਨ ਇਸ 'ਤੇ ਵਧੇਰੇ ਦ੍ਰਿਸ਼ਟੀ ਅਤੇ ਨਿਯੰਤਰਣ ਦਿੰਦਾ ਹੈ।

ਡੇਟਾ ਪ੍ਰਭੂਸੱਤਾ ਅਤੇ ਸੁਰੱਖਿਆ ਪ੍ਰਤੀ ਵਚਨਬੱਧਤਾ ਦੇ ਹਿੱਸੇ ਵਜੋਂ, ਐੱਨ ਐੱਕਸ ਟੀ ਕੁਆਂਟਮ ਇੱਕ ਸਖ਼ਤ ਪ੍ਰਭੂਸੱਤਾ ਡੇਟਾ ਸੀਮਾ ਲਾਗੂ ਕਰਦਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਐਪਲੀਕੇਸ਼ਨ ਡੇਟਾ ਟ੍ਰੈਫਿਕ ਦਾ 100% ਸਥਾਨਕ, ਭਾਰਤ-ਹੋਸਟ ਕੀਤੇ ਬੁਨਿਆਦੀ ਢਾਂਚੇ ਰਾਹੀਂ ਰੂਟ ਕੀਤਾ ਜਾਂਦਾ ਹੈ। ਇਹ ਮਜ਼ਬੂਤ ਸਿਸਟਮ ਘੇਰੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ 1,000 ਤੋਂ ਵੱਧ ਕਨੈਕਸ਼ਨਾਂ ਅਤੇ 172 ਵਿਲੱਖਣ ਮੰਜ਼ਿਲ ਆ ਪੀ ਵਿੱਚ ਸਰੋਤ ਨਿਯਮਾਂ ਦਾ ਸਵੈਚਾਲਿਤ ਵਿਸ਼ਲੇਸ਼ਣ ਕਰਦਾ ਹੈ। ਖਾਸ ਤੌਰ 'ਤੇ, ਸਾਰੇ ਡੇਟਾ ਟ੍ਰੈਫਿਕ ਅਤੇ ਆਈ ਪੀ ਪਿੰਗ ਭਾਰਤ ਦੇ ਅੰਦਰ ਹੀ ਸ਼ਾਮਲ ਹਨ, ਬਾਹਰੀ ਟ੍ਰੈਫਿਕ ਸਿਰਫ਼ ਕੈਲੀਫੋਰਨੀਆ ਅਤੇ ਸਿੰਗਾਪੁਰ ਨੂੰ ਨਿਰਦੇਸ਼ਤ ਜ਼ਰੂਰੀ ਗੂਗਲ ਕੋਰ ਸੇਵਾਵਾਂ ਤੱਕ ਸੀਮਿਤ ਹੈ, ਜੋ ਕਿ ਮਿਆਰੀ ਓਪਰੇਟਿੰਗ ਸਿਸਟਮ ਫੰਕਸ਼ਨਾਂ ਲਈ ਜ਼ਰੂਰੀ ਹਨ। ਇਹ ਪਹੁੰਚ ਨਾ ਸਿਰਫ਼ ਡੇਟਾ ਇਕਸਾਰਤਾ ਨੂੰ ਤਰਜੀਹ ਦਿੰਦੀ ਹੈ ਬਲਕਿ ਐਨ ਐਕਸ ਟੀ ਕੁਆਂਟਮ ਓ ਐੱਸ ਢਾਂਚੇ ਦੇ ਅਨੁਸਾਰ ਉਪਭੋਗਤਾ ਜਾਣਕਾਰੀ ਦੀ ਸੁਰੱਖਿਆ ਲਈ ਸਾਡੀ ਵਚਨਬੱਧਤਾ ਨੂੰ ਵੀ ਮਜ਼ਬੂਤੀ ਦਿੰਦੀ ਹੈ।

# ਸਾਲਾਨਾ ਮੇਲਾ 11 ਤੋਂ




**ਕਪੂਰਥਲਾ (ਮਨਜੀਤ ਮਾਨ)**- ਦਰਬਾਰ ਦੇ ਸੇਵਾਦਾਰ ਲਵ ਇਟਲੀ ਨੇ ਦਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਇੱਛਿਆਧਾਰੀ ਜੀ ਸ਼ਿਵ ਮੰਦਿਰ ਮੇਲਾ ਪ੍ਰਬੰਧਕ ਕਮੇਟੀ ਪਿੰਡ ਅਠੌਲਾ, ਜ਼ਿਲ੍ਹਾ ਜਲੰਧਰ ਦੇ ਗੱਦੀ ਨਸ਼ੀਨ ਬਾਬਾ ਜਸਪਾਲ ਕੌਰ ਵੱਲੋਂ 11,12 ਅਤੇ 13 ਸਤੰਬਰ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।ਉਹਨਾਂ ਜਾਣਕਾਰੀ ਦਿੰਦਿਆ ਦਸਿਆ ਕਿ ਇਹ ਮੇਲਾ ਸਰਬ ਸਾਂਝਾ ਹੈ ਤੇ ਮੇਲੇ ਦੌਰਾਨ ਸਿੰਘ ਸ਼ਹੀਦਾਂ ਨੂੰ ਵੀ ਯਾਦ ਕੀਤਾ ਜਾਂਦਾ ਹੈ। ਮੇਲਾ ਹਰ ਸਾਲ ਸ਼ਹੀਦ ਬਾਬਾ ਨੱਥਾ ਸਿੰਘ ਨੂੰ ਸਮਰਪਿਤ ਕੀਤਾ ਜਾਂਦਾ ਹੈ। ਮੇਲੇ ਵਿੱਚ ਕਿਸੇ ਵੀ ਕਿਸਮ ਦਾ ਨਸ਼ਾ ਕਰਕੇ ਆਉਣ ਜਾਂ ਹਥਿਆਰ ਲੈਕੇ ਆਉਣ ਦੀ ਸਖ਼ਤ ਮਨਾਹੀ ਕੀਤੀ ਜਾਂਦੀ ਹੈ । ਬਾਬਾ ਜੀ ਦਾ ਅੱਤੁਟ ਲੰਗਰ ਵਰਤਾਇਆ ਜਾਂਦਾ ਹੈ ਅਤੇ ਠੰਡੇ ਮਿੱਠੇ ਜਲ ਦੀ ਸੇਵਾ ਕੀਤੀ ਜਾਂਦੀ ਹੈ। ਮੇਲੇ ਵਿੱਚ ਬਾਬਾ ਦੇ ਗੁਣਗਾਨ ਕਰਨ ਲਈ ਪੰਜਾਬ ਦੇ ਮਸ਼ਹੂਰ ਗਾਇਕ ਬੂਟਾ ਮੁਹੰਮਦ, ਅਮਰੀਕ ਮਾਈਕਲ , ਪਰਵੇਜ਼ ਆਲਮ, ਗੁਰਪ੍ਰੀਤ ਗੋਪੀ, ਬੰਟੀ ਕਵਾਲ, ਕੁਲਵਿੰਦਰ ਕਿੰਦਾ, ਪਾਲੀ ਦੇਤਵਾਲੀਆ, ਰਾਣਾ ਲਹਿਰੀ, ਮੰਤਰੀ ਸਾਹਿਬ, ਗੋਪੀ ਸਰਪੰਚ, ਨੂਰ ਸਿੱਧੂ, ਨਿਮਰ ਗਿੱਲ ਅਤੇ ਇਸ ਤੋ ਇਲਾਵਾ ਮਨਜੀਤ ਨੂਰਪੁਰੀ ਅਤੇ ਪਾਰਟੀ ਵੱਲੋਂ ਧੰਨ ਧੰਨ ਬਾਬਾ ਗੁੱਗਾ ਜਾਹਰ ਪੀਰ ਦੇ ਸੋਹਲੇ ਗਾਏ ਜਾਣਗੇ । ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਸ਼ਿਰਕਤ ਕਰਨਗੇ।

# ਮਾਡਲ ਕੈਰੀਅਰ ਸੈਂਟਰ ਵੱਲੋਂ ਪਲੇਸਮੈਂਟ ਕੈਂਪ ਅੱਜ ਤੋਂ

**ਮੁਹਾਲੀ (ਗੁਰਜੀਤ ਬਿੱਲਾ)**- ਮਾਡਲ ਕਰੀਅਰ ਸੈਂਟਰ, ਐੱਸ ਏ ਐੱਸ ਨਗਰ ਵੱਲੋਂ 8 ਸਤੰਬਰ ਦਿਨ ਮੰਗਲਵਾਰ ਤੋਂ ਮਿਤੀ 12 ਸਤੰਬਰ ਦਿਨ ਸ਼ਨੀਵਾਰ ਤੱਕ ਰੋਜ਼ਾਨਾ ਸਵੇਰੇ 10 ਤੋਂ 4 ਵਜੇ ਤੱਕ ਪਲੇਸਮੈਂਟ ਕੈਂਪ ਦਾ ਆਯੋਜਨ ਡਿਜੀਟੈਕ ਕਾਲ ਸਿਸਟਮ ਪ੍ਰਾਈ. ਲਿਮ., ਸੀ-157, ਬੇਸਮੈਂਟ, ਫੇਜ਼-7, ਇੰਡਸਟਰੀਅਲ ਏਰੀਆਂ ਐਸ ਏ ਐਸ ਨਗਰ ਵਿਖੇ ਕੀਤਾ ਜਾ ਰਿਹਾ ਹੈ।ਮਾਡਲ ਕਰੀਅਰ ਸੈਂਟਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਉਕਤ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਡਿਜੀਟੈਕ ਕਾਲ ਸਿਸਟਮ ਪ੍ਰਾਈ. ਲਿਮ ਦੀਆਂ ਵੱਖ ਵੱਖ ਅਸਾਮੀਆਂ ਇੰਡਬਾਊਡ ਕਾਲਿੰਗ ਪ੍ਰੋਸੈਸ ਲਈ 12ਵੀਂ ਪਾਸ ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਨੋਰਮਜ਼ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ।ਉਨ੍ਹਾਂ ਉਮੀਦਵਾਰਾਂ ਨੂੰ ਅਪੀਲ ਕਰਦਿਆ ਕਿਹਾ ਕਿ ਇਸ ਮੌਕੇ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ। ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿਚ ਭਾਗ ਲੈਣ ਲਈ ਆਪ ਦੀ ਯੋਗਤਾ ਦੇ ਸਾਰੇ ਅਸਲ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋ ਕਾਪੀਆਂ, ਰੀਜ਼ਿਊਮ ਸਮੇਤ ਫਾਰਮਲ ਡਰੈੱਸ ਵਿੱਚ ਸਮੇਂ ਸਿਰ ਆਉਣ ਦੀ ਖੇਚਲ ਕਰਨ। ਵਧੇਰੇ ਜਾਣਕਾਰੀ ਲਈ 98151-74150 ਜਸਪਾਲ ਬਰਾੜ ਨਾਲ ਸੰਪਰਕ ਕੀਤਾ ਜਾਵੇ।ਇਸ ਪਲੇਸਮੈਂਟ ਕੈਂਪ ਲਈ ਕੋਈ ਟੀ.ਏ./ਡੀ.ਏ. ਮਿਲਣਯੋਗ ਨਹੀਂ ਹੋਵੇਗਾ।

# ਸਾਲਾਨਾ ਖੇਡ ਮੇਲਾ ਸੰਪੰਨ

**ਆਦਮਪੁਰ, (ਪਰਮਜੀਤ ਸਿੰਘ)**- ਆਦਮਪੁਰ ਦੇ ਇਤਿਹਾਸਕ ਪਿੰਡ ਵਿਖੇ ਸ਼ਹੀਦ ਬਾਬਾ ਮੱਤੀ ਜੀ ਮੈਮੋਰੀਅਲ ਸੋਸਾਇਟੀ ਡਰੋਲੀ ਕਲਾ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਪ੍ਰਬੰਧਕ ਕਮੇਟੀ ਡਰੋਲੀ ਕਲਾਂ ਦੇ ਸਹਿਯੋਗ ਨਾਲ ਪਿੰਡ ਡਰੋਲੀ ਕਲਾਂ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਗਿਆ 7 ਰੋਜ਼ਾ ਸ਼ਹੀਦ ਬਾਬਾ ਮੱਤੀ ਜੀ ਯਾਦਗਾਰੀ ਖੇਡ ਮੇਲਾ ਗੁਰੂ ਮਹਾਰਾਜ ਜੀ ਦਾ ਓਟ ਆਸਰੇ ਨਾਲ ਅਮਿੱਟ ਯਾਦਾਂ ਛੱਡਦਾ ਸਮਾਪਤ ਗਿਆ। ਮੇਲੇ ਸਬੰਧੀ ਕੁਲਵਿੰਦਰ ਸਿੰਘ ਪ੍ਰਧਾਨ, ਗੁਰਮੀਤ ਸਿੰਘ ਉੱਪ ਪ੍ਰਧਾਨ, ਹਰਮਿੰਦਰ ਸਿੰਘ ਸੈਕਟਰੀ, ਦਵਿੰਦਰ ਸਿੰਘ ਖਜ਼ਾਨਚੀ, ਰਣਵੀਰ ਸਿੰਘ ਸਹਾਇਕ ਖਜ਼ਾਨਚੀ, ਅਮਰੀਕ ਸਿੰਘ ਡਰੋਲੀ, ਅਮਰਜੀਤ ਸਿੰਘ ਕੁੱਕੂ ਮੁੱਖ ਸੰਚਾਲਕ, ਸਟੇਜ ਸਕੱਤਰ ਹਰਜਾਪ ਸਿੰਘ ਅਕਾਲੀ ਨੇ ਦੱਸਿਆ ਕਿ ਫੁੱਟਬਾਲ ਓਪਨ ਪਿੰਡ ਪੱਧਰ ਦੇ ਹੋਏ ਫਾਈਨਲ ਮੈਚ ਦੌਰਾਨ ਰਿਹਾਣਾ ਜੱਟਾ ਨੇ ਚੂਹੜਵਾਲੀ ਨੂੰ ਤੇ ਫੁੱਟਬਾਲ ਆਲ ਓਪਨ ਫਾਈਨਲ ਮੈਚ 'ਚ ਪੰਜਾਬ ਸਟੇਟ ਪਾਵਰਕਾਮ ਲਿਮਿਟਿਡ ਨੇ ਕੈਲੇਫੋਰਨੀਆਂ ਕਲੱਬ ਯੂ ਐੱਸ ਏ ਤੇ ਫੁੱਟਬਾਲ 2009 ਫਾਇਨਲ ਮੈਚ 'ਚ ਪੰਜੌੜਾ ਦੀ ਟੀਮ ਨੇ ਕਾਲਰਾ, 2012 'ਚ ਰਿਹਾਣਾ ਜੱਟਾਂ ਦੀ ਟੀਮ, ਕਬੱਡੀ ਆਲ ਓਪਨ ਦੇ ਫਾਈਨਲ ਮੈਚ ਦੌਰਾਨ ਚੌੜਾ ਮੱਧਰਾਂ ਨੇ ਠਾਣਾ ਤੇ 72 ਕਿਲੋ ਵਰਗ 'ਚ ਅੱਜਲਾ ਨੇ ਸ਼ਾਮਚੁਰਾਸੀ ਦੀ ਟੀਮ ਨੂੰ ਹਰਾ ਕੇ ਨਕਦ ਰਾਸ਼ੀ ਤੇ ਕੱਪ ਤੇ ਕਬਜ਼ਾ ਕੀਤਾ। ਖੇਡ ਮੇਲੇ ਦੀਆਂ ਜੇਤੂ ਟੀਮਾਂ ਨੂੰ ਜੱਥੇਦਾਰ ਮਨੋਹਰ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਪ੍ਰਬੰਧਕ, ਰਸ਼ਪਾਲ ਸਿੰਘ ਸਰਪੰਚ ਇਨਾਮਾ ਦੀ ਵੰਡ ਡਰੋਲੀ ਕਲਾਂ ਨੇ ਕੀਤੀ। ਖੇਡ ਮੇਲੇ ਦੇ ਸਮਾਪਤੀ ਸਮਾਰੋਹ ਦੌਰਾਨ ਪੰਜਾਬ ਦੇ ਪ੍ਰਸਿੱਧ ਪੰਜਾਬੀ ਗਾਇਕ ਸੁਰਜੀਤ ਭੁੱਲਰ ਨੇ ਆਪਣੀ ਗਾਇਕੀ ਨਾਲ ਆਏ ਹੋਏ ਦਰਸ਼ਕਾਂ ਨੂੰ ਨੱਚਣ 'ਤੇ ਮਜਬੂਰ ਕਰ ਦਿੱਤਾ।ਇਸ ਮੌਕੇ ਕੁਲਵਿੰਦਰ ਸਿੰਘ ਪ੍ਰਧਾਨ, ਗੁਰਮੀਤ ਸਿੰਘ ਉੱਪ ਪ੍ਰਧਾਨ, ਹਰਮਿੰਦਰ ਸਿੰਘ ਸੈਕਟਰੀ, ਦਵਿੰਦਰ ਸਿੰਘ ਖਜਾਨਚੀ, ਰਣਵੀਰ ਸਿੰਘ, ਅਮਰੀਕ ਸਿੰਘ ਡਰੋਲੀ ਤੇ ਹਰਜਾਪ ਸਿੰਘ (ਦੋਵੇਂ ਸਟੇਜ ਸਕੱਤਰ), ਮਨਿਦਰ ਸਿੰਘ ਬਾਬੂ, ਹਰਪ੍ਰੀਤ ਸਿੰਘ ਬੱਬਲਾ, ਗੁਰਪ੍ਰੀਤ ਸਿੰਘ ਮਨੀ, ਅਜੇ ਸਿੰਘ (ਚਾਰੋ ਫੁੱਟਬਾਲ ਇੰਚਾਰਜ), ਅਵਤਾਰ ਸਿੰਘ ਤਾਰੂ, ਗੁਰਜੀਤ ਸਿੰਘ ਤੇ ਬਲਵੀਰ ਸਿੰਘ (ਤਿੰਨੋ ਬੈਲ ਗੱਡੀਆਂ ਤੇ ਕਬੱਡੀ ਇੰਚਾਰਜ) ਕਮਲਜੀਤ ਸਿੰਘ, ਸਵਰਨ ਸਿੰਘ, ਜਥੇਦਾਰ ਮਨੋਹਰ ਸਿੰਘ ਡਰੋਲੀ, ਡਾ. ਰਣਧੀਰ ਸਿੰਘ ਰੰਧਾਵਾ, ਚਰਨਜੀਤ ਸਿੰਘ ਯੂ ਐੱਸ ਏ, ਮਨਪ੍ਰੀਤ ਸਿੰਘ ਕਾਲਰਾ ਕਮੇਟੀ ਮੈਂਬਰ, ਕੁਲਵੰਰਨ ਸਿੰਘ ਅੰਬਾ ਸਾਬਕਾ ਬਲਾਕ ਸੰਮਤੀ ਮੈਂਬਰ, ਸਵਰਨ ਸਿੰਘ, ਦਲਜੀਤ ਸਿੰਘ, ਗੁਰਮਿੰਦਰ ਸਿੰਘ (ਚਾਰੋ ਲੰਗਰ ਕਮੇਟੀ ਇੰਚਾਰਜ), ਰਸ਼ਪਾਲ ਸਿੰਘ ਸਰਪੰਚ, ਰਣਵੀਰ ਪਾਲ ਸਿੰਘ, ਜਰਨੈਲ ਸਿੰਘ ਡਰੋਲੀ, ਜਸਵਿੰਦਰ ਕੁਮਾਰ, ਬਲਜਿੰਦਰ ਸਿੰਘ ਮੰਟੀ ਤੇ ਹੋਰ ਖੇਡ ਪ੍ਰੇਮੀ ਹਾਜ਼ਰ ਸਨ।



# ਸਕਾਲਰਸ਼ਿਪ ਵੰਡ ਤੇ ਅਧਿਆਪਕ ਸਨਮਾਨ ਸਮਾਰੋਹ ਕਰਵਾਇਆ

**ਗੁਰਾਇਆ/ਫਿਲੌਰ (ਬਿੰਦਰ ਸੁਮਨ, ਨਿਰਮਲ, ਹਰਜਿੰਦਰ ਕੌਰ ਚਾਹਲ)**- ਸਰਕਾਰੀ ਹਾਈ ਸਮਾਰਟ ਸਕੂਲ ਦਿਆਲਪੁਰ (ਜਲੰਧਰ) ਨੇੜੇ ਫਿਲੌਰ ਵਿੱਚ ਸੁੱਚਾ ਸਿੰਘ ਰਾਹੀ (ਯੂ ਐੱਸ ਏ) ਪਿੰਡ ਰਾਜਪੁਰਾ ਵੱਲੋਂ ਤੀਜਾ ਅਕਾਦਮਿਕ ਸਕਾਲਰਸ਼ਿਪ ਵੰਡ ਅਤੇ ਅਧਿਆਪਕ ਸਨਮਾਨ ਸਮਾਰੋਹ ਕਰਾਇਆ ਗਿਆ। ਅਧਿਆਪਕ ਦਿਵਸ ਨੂੰ ਸਮਰਪਿਤ ਸਮਾਗਮ ਵਿੱਚ ਅਨੁਦੀਪ ਸ਼ਰਮਾ ਤਹਿਸੀਲਦਾਰ ਫਿਲੌਰ ਅਤੇ ਡਾ. ਦੀਪਕ ਭਾਟੀਆ ਐੱਸ ਡੀ ਐੱਮ ਫਿਲੌਰ ਵੱਲੋਂ ਉਂਕਾਰ ਸਿੰਘ ਨਾਇਬ ਤਹਿਸੀਲਦਾਰ ਫਿਲੌਰ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਇਸ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਫਿਲੌਰ ਤਹਿਸੀਲ ਦੇ ਉਹਨਾਂ 11 ਅਧਿਆਪਕਾਂ ਨੂੰ ਮੋਮੈਂਟੋ, ਲੋਈ ਅਤੇ ਸ਼ਾਨਦਾਰ ਤੋਹਫੇ ਦੇ ਕੇ ਸਨਮਾਨਤ ਕੀਤਾ ਗਿਆ ਜਿਹਨਾਂ ਨੇ ਆਪਣੀ ਮਿਹਨਤ ਨਾਲ ਸਿੱਖਿਆ ਅਤੇ ਸਮਾਜ ਸੇਵਾ ਵਿੱਚ ਵਿਸ਼ੇਸ਼ ਯੋਗਦਾਨ ਪਾਇਆ ਹੈ। ਪ੍ਰੋਗਰਾਮ ਦੇ ਸ਼ੁਰੂ ਵਿੱਚ ਅਧਿਆਪਕ ਆਗੂ ਸੁਰਿੰਦਰ ਕੁਮਾਰ ਪੁਆਰੀ ਨੇ ਜੀ ਆਇਆਂ ਕਿਹਾ ਅਤੇ ਪ੍ਰੋਗਰਾਮ ਦੀ ਰੂਪਰੇਖਾ ਤੇ ਚਾਨਣਾ ਪਾਇਆ। ਸਨਮਾਨਤ ਹੋਣ ਵਾਲੇ ਅਧਿਆਪਕਾਂ ਵਿੱਚ ਪ੍ਰਿੰਸੀਪਲ ਸੁਖਵਿੰਦਰ ਲਾਲ, ਅੰਤਾ ਰਾਣੀ ਮੈਥ ਮਿਸਟ੍ਰੈਸ, ਮੀਨਾ ਬੇਰੀ ਕੰਪਿਊਟਰ ਫੈਕਲਟੀ, ਮੀਨਾ ਕੁਮਾਰੀ ਸਾਇੰਸ ਮਿਸਟਰੈਸ, ਸੁਮਨ ਕੋਮਲ ਮੈਥ ਮਿਸਟਰੈੱਸ, ਮਨਜੀਤ ਕੁਮਾਰੀ ਪੰਜਾਬੀ ਮਿਸਟਰੈਸ, ਕਰਨੈਲ ਸਿੰਘ ਸਾਇੰਸ ਮਾਸਟਰ, ਰਜਿੰਦਰ ਕੌਰ ਹਿੰਦੀ ਮਿਸਟਰੈਸ, ਏਕਤਾ ਜਨੋਤਰਾ ਸਾਇੰਸ ਮਿਸਟਰੈਸ, ਹਰਕਮਲ ਸਿੰਘ ਹੈੱਡ ਟੀਚਰ ਅਤੇ ਜਗਜੀਤ ਸਿੰਘ ਰੰਧਾਵਾ ਹੈੱਡ ਟੀਚਰ ਸ਼ਾਮਲ ਸਨ। ਇਸ ਪ੍ਰੋਗਰਾਮ ਵਿੱਚ ਫਿਲੌਰ ਤਹਿਸੀਲ ਦੇ 18 ਸਰਕਾਰੀ ਸਕੂਲਾਂ ਦੇ 45 ਵਿਦਿਆਰਥੀਆਂ ਨੂੰ ਨਗਦ ਸਕਾਲਰਸ਼ਿਪ ਪ੍ਰਤੀ ਵਿਦਿਆਰਥੀ 2000 ਰੁਪਏ, ਸ਼ਾਨਦਾਰ ਮੋਮੈਂਟੋ ਅਤੇ ਇੱਕ ਸਾਹਿਤਕ ਕਿਤਾਬ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮਾਰੋਹ ਵਿੱਚ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀ ਦਮਨ ਕੁਮਾਰ ਸਰਕਾਰੀ ਹਾਈ ਸਕੂਲ ਗੁਣਾਚੌਰ ਨੇ ਆਪਣੀ ਕਲਾ ਪ੍ਰਦਰਸ਼ਨੀ ਲਗਾਈ। ਉਸ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਸੁਖਵੀਰ ਸਿੰਘ ਸਰਕਾਰੀ ਹਾਈ ਸਕੂਲ ਨਗਰ ਨੂੰ ਉਸ ਦੀ ਪੜ੍ਹਾਈ ਲਈ ਸ. ਸੁੱਚਾ ਸਿੰਘ ਰਾਹੀ ਵੱਲੋਂ 5000 ਰੁਪਏ ਦੀ ਨਗਦ ਸਕਾਲਰਸ਼ਿਪ ਦਿੱਤੀ ਗਈ। ਇਸ ਸਮਾਰੋਹ ਵਿੱਚ ਬਲਵੰਤ ਸਿੰਘ ਗੜ੍ਹੀ ਮਹਾਂਸਿੰਘ ਨੇ ਆਪਣੇ ਸਕੂਲ ਸਮੇਂ ਦੀਆਂ ਯਾਦਾਂ ਵਿਦਿਆਰਥੀਆਂ ਨਾਲ ਸਾਂਝੀਆਂ ਕੀਤੀਆਂ। ਪ੍ਰਿੰਸੀਪਲ ਸੁਭਾਸ਼ ਚੰਦਰ ਅੱਟਾ, ਲੈਕਚਰਾਰ ਅਵਤਾਰ ਲਾਲ, ਮਾਸਟਰ ਸੁਰਿੰਦਰ ਕੁਮਾਰ ਪੁਆਰੀ, ਸੰਗੀਤ ਨਾਲ ਜੁੜੀ ਉੱਘੀ ਸ਼ਖਸ਼ੀਅਤ ਡਾਕਟਰ ਹਰਗੁਣ, ਮਾਸਟਰ ਕਰਨੈਲ ਸਿੰਘ, ਜਸਵਿੰਦਰ ਸਿੰਘ ਵਿਰਕ, ਕਰਮਜੀਤ ਸਿੰਘ ਵਿਰਕ, ਬਲਜੀਤ ਕੌਰ ਵਿਰਕ , ਅਸ਼ੋਕ ਮਹਿਮੀ ਅਤੇ ਪ੍ਰਿੰਸੀਪਲ ਸੁਖਵਿੰਦਰ ਕੁਮਾਰ, ਮਨਜੀਤ ਕੌਰ ਰਾਜਪੁਰਾ, ਦਲਵਿੰਦਰ ਸਿੰਘ ਅੱਪਰਾ ਨੇ ਸੁੱਚਾ ਸਿੰਘ ਰਾਹੀ ਦੇ ਇਸ ਨਿਵੇਕਲੇ ਉਪਰਾਲੇ ਲਈ ਸ਼ਲਾਘਾ ਕੀਤੀ। ਯਾਦ ਰਹੇ ਸੁੱਚਾ ਸਿੰਘ ਰਾਹੀ ਇਸੇ ਸਾਲ ਮਈ 2026 ਵਿੱਚ ਵੀ ਬੜਾ ਪਿੰਡ ਸਕੂਲ ਵਿਖੇ ਅਜਿਹਾ ਇਨਾਮ ਵੰਡ ਸਮਾਰੋਹ ਕਰਵਾ ਚੁੱਕੇ ਹਨ। ਜਿਸ ਵਿੱਚ 45 ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਗਈ ਸੀ।ਉਹ ਕਈ ਵਿਦਿਆਰਥੀਆਂ ਨੂੰ ਫੀਸ ਵਿੱਚ ਸਹਾਇਤਾ ਦੇ ਚੁੱਕੇ ਹਨ। ਸਮਾਗਮ ਵਿਚ ਦਿਆਲਪੁਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ ਦੇ ਵਿਦਿਆਰਥੀਆਂ ਵੱਲੋਂ ਪ੍ਰਭਾਵਸ਼ਾਲੀ ਪੇਸ਼ਕਾਰੀਆਂ ਗੀਤ, ਕੋਰਿਓਗ੍ਰਾਫੀਆਂ, ਐਕਸ਼ਨ ਸੌਂਗ ਅਤੇ ਗਿੱਧਾ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਲੈਕਚਰਾਰ ਪਰਦੀਪ ਸਿੰਘ ਰਾਜਪੁਰਾ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ ।

ਮੁੱਖ ਮਹਿਮਾਨ ਮੈਡਮ ਅਨੁਦੀਪ ਸ਼ਰਮਾ ਤਹਿਸੀਲਦਾਰ ਫ਼ਿਲੌਰ ਅਤੇ ਓਂਕਾਰ ਸਿੰਘ ਨਾਇਬ ਤਹਿਸੀਲਦਾਰ ਨੇ ਇਸ ਪ੍ਰੋਗਰਾਮ ਵਿੱਚ ਹਾਜ਼ਰ ਹੋ ਕੇ ਸੇਵਾ ਮੁਕਤ ਲੈਕਚਰਾਰ ਪ੍ਰਦੀਪ ਸਿੰਘ ਦੀ ਸਵੈ ਜੀਵਨੀ 'ਜ਼ਿੰਦਗੀ ਦੇ ਰਾਹ ਤੁਰਦਿਆਂ' ਦਾ ਦੂਜਾ ਐਡੀਸ਼ਨ ਰਿਲੀਜ਼ ਕੀਤਾ। ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਨਮਾਨਿਤ ਕੀਤਾ ਅਤੇ ਪੜ੍ਹਾਈ ਦੇ ਖੇਤਰ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਮੁੱਖ ਅਧਿਆਪਿਕਾ ਆਸ਼ਾ ਸ਼ਰਮਾ ਨੇ ਸੁੱਚਾ ਸਿੰਘ ਰਾਹੀ ਅਤੇ ਹੋਰ ਮਹਿਮਾਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਇਹ ਪ੍ਰੋਗਰਾਮ ਯਾਦਗਾਰੀ ਹੋ ਨਿਬੜਿਆ। ਇਲਾਕਾ ਨਿਵਾਸੀਆਂ ਵਲੋਂ ਸ੍ਰੀ ਸੁੱਚਾ ਸਿੰਘ ਰਾਹੀ ਦੇ ਇਸ ਨਿਵੇਕਲੇ ਉਪਰਾਲੇ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ।



# ਰੋਜ਼ਲੀਨ ਸਕੁਏਅਰ ਦੇ ਖਰੀਦਦਾਰਾਂ ਵੱਲੋਂ ਬਿਲਡਰ ਖ਼ਿਲਾਫ਼ ਰੋਸ ਪ੍ਰਦਰਸ਼ਨ

**ਕਰੋੜਾਂ ਰੁਪਏ ਦੇਣ ਦੇ ਬਾਵਜੂਦ ਕਬਜ਼ਾ ਨਾ ਮਿਲਣ ਦਾ ਲਗਾਇਆ ਦੋਸ਼**

**ਜ਼ੀਰਕਪੁਰ (ਰਜਿੰਦਰ ਕੁਮਾਰ)**- ਰੋਜ਼ਲੀਨ ਸਕੁਏਅਰ ਪ੍ਰੋਜੈਕਟ ਵਿੱਚ ਯੂਨਿਟ ਖਰੀਦਣ ਵਾਲੇ ਖਰੀਦਦਾਰਾਂ ਨੇ ਐਤਵਾਰ ਨੂੰ ਪ੍ਰੋਜੈਕਟ ਸਥਾਨ 'ਤੇ ਇਕੱਠੇ ਹੋ ਕੇ ਮੀਟਿੰਗ ਕਰਨ ਉਪਰੰਤ ਬਿਲਡਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ। ਖਰੀਦਦਾਰਾਂ ਨੇ ਦੋਸ਼ ਲਾਇਆ ਕਿ ਉਨ੍ਹਾਂ ਨੇ ਆਪਣੀ ਮਿਹਨਤ ਦੀ ਕਮਾਈ ਦੇ ਕਰੋੜਾਂ ਰੁਪਏ ਪ੍ਰੋਜੈਕਟ ਵਿੱਚ ਯੂਨਿਟ ਖਰੀਦਣ ਲਈ ਲਗਾਏ ਸਨ, ਪਰ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਨੂੰ ਅੱਜ ਤੱਕ ਯੂਨਿਟਾਂ ਦਾ ਕਬਜ਼ਾ ਨਹੀਂ ਮਿਲਿਆ। ਇਸ ਪ੍ਰਦਰਸ਼ਨ ਵਿੱਚ ਸ਼ਾਮਲ ਅਸ਼ੋਕ ਕੁਮਾਰ ਲੂੰਬਾ, ਹਰਮਿੰਦਰ ਸਿੰਘ, ਮਦਨ ਪਾਲ, ਬਨਾਰਸੀ ਦਾਸ, ਕ੍ਰਿਸ਼ਨ ਕੁਮਾਰ, ਸੁਖਵਿੰਦਰ ਸਿੰਘ, ਪਾਰਸ ਸ਼ਰਮਾ, ਆਰਤੀ ਸੈਣੀ, ਅਵਤਾਰ ਸਿੰਘ, ਸੰਦੀਪ ਅਗਰਵਾਲ, ਗੋਪਾਲ ਸ਼ਰਮਾ, ਐਸ. ਕੇ. ਕਾਲੜਾ, ਲਤਾ ਰਾਣੀ, ਬਲਬੀਰ ਸਿੰਘ ਅਤੇ ਨਿਰੁਲ ਗਰਗ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਪ੍ਰੋਜੈਕਟ ਵਿੱਚ ਯੂਨਿਟ ਖਰੀਦਣ ਲਈ ਬਿਲਡਰ ਨੂੰ ਕੁੱਲ ਮਿਲਾ ਕੇ ਲਗਭਗ 60 ਤੋਂ 70 ਕਰੋੜ ਰੁਪਏ ਦਿੱਤੇ ਜਾ ਚੁੱਕੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਤੋਂ ਇਲਾਵਾ ਵੀ ਦਰਜਨਾਂ ਹੋਰ ਲੋਕਾਂ ਨੇ ਇਸ ਪ੍ਰੋਜੈਕਟ ਵਿੱਚ ਯੂਨਿਟ ਖਰੀਦੇ ਹੋਏ ਹਨ ਅਤੇ ਉਨ੍ਹਾਂ ਦੇ ਵੀ ਕਰੋੜਾਂ ਰੁਪਏ ਫਸੇ ਹੋਏ ਹਨ।ਖਰੀਦਦਾਰਾਂ ਦਾ ਕਹਿਣਾ ਸੀ ਕਿ ਯੂਨਿਟ ਖਰੀਦਣ ਸਮੇਂ ਉਨ੍ਹਾਂ ਨੂੰ ਪ੍ਰੋਜੈਕਟ ਮੁਕੰਮਲ ਕਰਕੇ ਕਬਜ਼ਾ ਦੇਣ ਦੇ ਭਰੋਸੇ ਦਿੱਤੇ ਗਏ ਸਨ। ਇਸੇ ਭਰੋਸੇ 'ਤੇ ਕਿਸੇ ਨੇ ਆਪਣੀ ਬੱਚਤ ਅਤੇ ਕਿਸੇ ਨੇ ਹੋਰ ਵਸੀਲਿਆਂ ਰਾਹੀਂ ਪੈਸਿਆਂ ਦਾ ਪ੍ਰਬੰਧ ਕਰਕੇ ਯੂਨਿਟ ਖਰੀਦੇ, ਪਰ ਕਬਜ਼ਾ ਨਾ ਮਿਲਣ ਕਾਰਨ ਹੁਣ ਉਨ੍ਹਾਂ ਨੂੰ ਆਰਥਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਸੰਬੰਧਤ ਅਧਿਕਾਰੀ ਮਾਮਲੇ ਵਿੱਚ ਦਖ਼ਲ ਦੇ ਕੇ ਖਰੀਦਦਾਰਾਂ ਦੇ ਹਿੱਤਾਂ ਦੀ ਰੱਖਿਆ ਕਰਨ ਅਤੇ ਉਨ੍ਹਾਂ ਨੂੰ ਜਾਂ ਤਾਂ ਯੂਨਿਟਾਂ ਦਾ ਕਬਜ਼ਾ ਦਿਵਾਉਣ ਜਾਂ ਉਨ੍ਹਾਂ ਵੱਲੋਂ ਅਦਾ ਕੀਤੀ ਰਕਮ ਵਾਪਸ ਕਰਵਾਉਣ ਲਈ ਕਾਰਵਾਈ ਕਰਨ। ਜ਼ਿਕਰਯੋਗ ਹੈ ਕਿ ਅਸ਼ੋਕ ਕੁਮਾਰ ਲੂੰਬਾ ਦੀ ਸ਼ਿਕਾਇਤ 'ਤੇ ਜ਼ੀਰਕਪੁਰ ਪੁਲਸ ਨੇ ਉਨ੍ਹਾਂ ਨਾਲ 5 ਕਰੋੜ 34 ਲੱਖ ਰੁਪਏ ਦੀ ਧੋਖਾਧੜੀ ਕਰਨ ਦੇ ਦੋਸ਼ ਹੇਠ ਇਸ ਪ੍ਰੋਜੈਕਟ ਦੇ ਬਿਲਡਰ ਭੁਪਿੰਦਰ ਸਿੰਗਲਾ ਖ਼ਿਲਾਫ਼ ਕੇਸ ਦਰਜ ਕੀਤਾ ਸੀ। ਪੁਲਸ ਵੱਲੋਂ ਭੁਪਿੰਦਰ ਸਿੰਗਲਾ ਨੂੰ 5 ਮਈ 2026 ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਖਰੀਦਦਾਰਾਂ ਮੁਤਾਬਕ ਉਹ ਅਜੇ ਵੀ ਜੇਲ੍ਹ ਵਿੱਚ ਬੰਦ ਹੈ, ਜਦਕਿ ਇਸ ਮਾਮਲੇ ਵਿੱਚ ਨਾਮਜ਼ਦ ਉਸ ਦੀ ਪਤਨੀ ਰੋਜ਼ੀ ਸਿੰਗਲਾ ਫਰਾਰ ਦੱਸੀ ਜਾ ਰਹੀ ਹੈ।



# ਚੰਨੀ ਨੂੰ ਮੁੜ ਮਿਲੇਗਾ 'ਸੰਸਦ ਰਤਨ' ਐਵਾਰਡ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਜਲੰਧਰ ਤੋਂ ਲੋਕ ਸਭਾ ਮੈਂਬਰ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਇਕ ਵਾਰ ਫਿਰ 'ਸੰਸਦ ਰਤਨ' ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ। ਉਨ੍ਹਾਂ ਨੂੰ 9 ਸਤੰਬਰ ਨੂੰ ਸੰਸਦ 'ਚ ਹੋਣ ਵਾਲੇ ਸਮਾਗਮ ਦੌਰਾਨ ਇਸ ਵੱਕਾਰੀ ਐਵਾਰਡ ਨਾਲ ਨਿਵਾਜਿਆ ਜਾਵੇਗਾ। ਇਸ ਉਪਲਬਧੀ ਨਾਲ ਉਹ ਪੰਜਾਬ ਦੇ ਪਹਿਲੇ ਸਿੱਖ ਅਤੇ ਦਲਿਤ ਸਿੱਖ ਸੰਸਦ ਮੈਂਬਰ ਬਣ ਗਏ ਹਨ, ਜਿਨ੍ਹਾਂ ਨੂੰ ਇਹ ਸਨਮਾਨ ਮਿਲਣ ਜਾ ਰਿਹਾ ਹੈ। ਉਹ ਇਸ ਸਮੇਂ ਪਾਰਲੀਮੈਂਟਰੀ ਸਟੈਂਡਿੰਗ ਕਮੇਟੀ ਆਨ ਐਗਰੀਕਲਚਰ ਐਂਡ ਫੂਡ ਪ੍ਰੋਸੈਸਿੰਗ ਦੇ ਚੇਅਰਮੈਨ ਹਨ। ਕਮੇਟੀ ਦੇ ਚੇਅਰਮੈਨ ਵਜੋਂ ਉਨ੍ਹਾਂ ਵੱਲੋਂ ਖੇਤੀਬਾੜੀ ਨਾਲ ਸਬੰਧਤ ਕਈ ਅਹਿਮ ਮੁੱਦਿਆਂ 'ਤੇ ਰਿਪੋਰਟਾਂ ਤਿਆਰ ਕੀਤੀਆਂ ਗਈਆਂ ਹਨ। ਖੇਤੀਬਾੜੀ ਨੂੰ ਹੋਰ ਪ੍ਰਫੁੱਲਿਤ ਕਰਨ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਫਸਲਾਂ ਦੀ ਰਹਿੰਦ-ਖੂੰਹਦ ਨੂੰ ਫੂਡ ਪ੍ਰੋਸੈਸਿੰਗ ਰਾਹੀਂ ਵਰਤੋਂ 'ਚ ਲਿਆਉਣ ਵਰਗੇ ਮੁੱਦਿਆਂ 'ਤੇ ਵੀ ਉਨ੍ਹਾਂ ਵੱਲੋਂ ਕੰਮ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਅਧਿਕਾਰੀਆਂ ਅਤੇ ਸਬੰਧਤ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕਰ ਕੇ ਖੇਤੀਬਾੜੀ ਖੇਤਰ 'ਚ ਬਿਹਤਰ ਨਤੀਜੇ ਲਿਆਉਣ ਲਈ ਕਈ ਸੁਝਾਅ ਅਤੇ ਰਿਪੋਰਟਾਂ ਸਾਹਮਣੇ ਰੱਖੀਆਂ ਗਈਆਂ ਹਨ। ਸੰਸਦੀ ਕੰਮਕਾਜ 'ਚ ਉਨ੍ਹਾਂ ਦੀ ਕਾਰਗੁਜ਼ਾਰੀ ਦੇ ਆਧਾਰ 'ਤੇ ਉਨ੍ਹਾਂ ਨੂੰ ਮੁੜ 'ਸੰਸਦ ਰਤਨ' ਐਵਾਰਡ ਲਈ ਨਾਮਜ਼ਦ ਕੀਤਾ ਗਿਆ ਹੈ। ਉਨ੍ਹਾਂ ਨੂੰ ਇਸ ਤੋਂ ਪਹਿਲਾਂ ਵੀ 'ਸੰਸਦ ਰਤਨ' ਐਵਾਰਡ ਮਿਲ ਚੁੱਕਾ ਹੈ।



# ਨਸ਼ਿਆਂ ਦੀ ਰੋਕਥਾਮ ਲਈ ਸਿਆਸੀ ਪਾਰਟੀਆਂ ਦਾ ਵਫ਼ਦ ਐੱਸ ਐੱਸ ਪੀ ਨੂੰ ਮਿਲਿਆ

**ਬੰਗਾ (ਅਵਤਾਰ ਕਲੇਰ)**- ਜ਼ਿਲ੍ਹਾ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਚੱਲ ਰਹੇ ਨਸ਼ਿਆਂ ਦੇ ਗੈਰ ਕਾਨੂੰਨੀ ਕਾਰੋਬਾਰ ਨੂੰ ਰੋਕਣ ਸਬੰਧੀ ਅਤੇ ਅੱਜ ਇਲਾਕੇ ਵਿੱਚ ਨਸ਼ਾ ਵੇਚਣ ਦੇ ਕਥਿਤ ਤੌਰ ਤੇ ਸੰਮਿਲਤ ਵਿਅਕਤੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕਰਦੇ ਧਰਨਾ ਲਾਈ ਬੈਠੇ ਕਮਲਜੀਤ ਕੌਂਡ ਉਰਫ਼ ਸਾਜਨ ਵਾਸੀ ਅੱਪਰ ਉਸਦੇ ਸਾਥੀਆਂ ਉੱਪਰ ਲੰਘੀ 19/20 ਅਗਸਤ ਦੀ ਰਾਤ ਨੂੰ ਹੋਏ ਜਾਨਲੇਵਾ ਹਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਨੂੰ ਲੈ ਕੇ ਸਿਆਸੀ ਪਾਰਟੀਆਂ ,ਜਨਤਕ ਜਥੇਬੰਦੀਆਂ ਅਤੇ ਸਮਾਜ ਸੇਵੀਆਂ ਦਾ ਵਫ਼ਦ ਐਸ ਐਸ ਪੀ ਸ਼ਹੀਦ ਭਗਤ ਸਿੰਘ ਨਗਰ ਤੁਸ਼ਾਰ ਗੁਪਤਾ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ।ਇਸ ਵਫ਼ਦ ਵਿੱਚ ਸੀ ਪੀ ਆਈ (ਐਮ ਐਲ)ਨਿਊ ਡੈਮੋਕ੍ਰੇਸੀ ਦੇ ਆਗੂ ਦਲਜੀਤ ਸਿੰਘ ਐਡਵੋਕੇਟ, ਸੀ ਪੀ ਐਮ ਦੇ ਜ਼ਿਲ੍ਹਾ ਸਕੱਤਰ ਚਰਨਜੀਤ ਸਿੰਘ ਦੌਲਤਪੁਰ, ਤਹਿਸੀਲ ਸਕੱਤਰ ਸੁਖਦੇਵ ਸਿੰਘ ਗਰਚਾ, ਆਰ ਐਮ ਪੀ ਆਈ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਸਿੰਘ ਦੌੜਕਾ, ਸੀ ਪੀ ਆਈ ਦੇ ਆਗੂ ਬਲਜਿੰਦਰ ਸਿੰਘ ਦਿਆਲ, ਜਮਹੂਰੀ ਅਧਿਕਾਰ ਸਭਾ ਦੇ ਸੂਬਾ ਕਮੇਟੀ ਮੈਂਬਰ ਬੂਟਾ ਸਿੰਘ ਮਹਿਮੂਦਪੁਰ, ਇਫਟੂ ਦੇ ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਮਲਾਗਰ ਸਿੰਘ ਗੜ੍ਹਪੜ, ਸਮਿੰਦਰ ਸਿੰਘ ਅੱਜ ਅਤੇ ਸਤਨਾਮ ਸਿੰਘ ਸੁੱਜੋਂ ਸ਼ਾਮਲ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਨਸ਼ੇ ਬੰਦ ਕਰਾਉਣ ਲਈ ਆਪਣੇ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਚਲਾ ਰਹੀ ਹੈ ਦੂਜੇ ਪਾਸੇ ਪਿਛਲੇ ਚਾਰ ਸਾਲਾਂ ਤੋਂ ਅੱਜ ਇਲਾਕੇ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਰਿਹਾ ਵਿਅਕਤੀ ਕਮਲਜੀਤ ਕੌਂਡ ਉਰਫ਼ ਸਾਜਨ ਵਾਸੀ ਅੱਪਰ ਅਤੇ ਉਸਦੇ ਸਾਥੀਆਂ ਸਮੇਤ ਅੱਜ ਇਲਾਕੇ ਵਿੱਚ ਨਸ਼ਾ ਵੇਚਣ ਦੇ ਕਾਰੋਬਾਰ ਵਿਚ ਸੰਮਿਲਤ ਵਿਅਕਤੀਆਂ ਖ਼ਿਲਾਫ਼ ਕਾਰਵਾਈ ਦੀ ਮੰਗ ਕਰਦੇ ਹੋਏ ਬੱਸ ਅੱਡਾ ਅੱਜ ਵਿਖੇ ਧਰਨਾ ਲਾਈ ਬੈਠਾ ਸੀ, ਨੂੰ ਪਹਿਲਾਂ ਪੁਲਸ ਮੁਲਾਜ਼ਮਾਂ ਵੱਲੋਂ ਧਰਨਾ ਚੁੱਕ ਲੈਣ ਲਈ ਡਰਾਇਆ ਧਮਕਾਇਆ ਜਾਂਦਾ ਹੈ। 18-19 ਅਗਸਤ ਉਸ ਨੂੰ ਕਿਸੇ 2 ਅਗਸਤ ਦੀ ਘਟਨਾ ਨਾਲ ਜੋੜਕੇ ਉਸ ਖਿਲਾਫ ਸੰਗੀਨ ਧਾਰਾਵਾਂ ਹੇਠ ਐਫ ਆਈ ਆਰ ਦਰਜ ਕਰਨ ਲਈ ਆਧਾਰ ਤਿਆਰ ਕਰਨ ਦੇ ਯਤਨ ਕੀਤੇ ਜਾਂਦੇ ਹਨ ਜੋ ਸਰਪੰਚ ਅੱਜ ਦੇ ਦਖਲ ਤੋਂ ਬਾਅਦ ਬੰਦ ਹੁੰਦੇ ਹਨ ਅਤੇ ਫਿਰ 19- 20 ਅਗਸਤ ਦੀ ਦਰਮਿਆਨੀ ਰਾਤ ਨੂੰ ਕਮਲਜੀਤ ਕੌਂਡ ਉਰਫ਼ ਸਾਜਨ ਅਤੇ ਉਸ ਦੇ ਸਾਥੀਆਂ ਉਤੇ ਜਾਨਲੇਵਾ ਹਮਲਾ ਹੋ ਜਾਂਦਾ ਹੈ। ਇਸ ਉਪਰੰਤ 20 ਅਗਸਤ ਦੁਕਾਨਾਂ ਤੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਫੁਟੇਜ ਥਾਣਾ ਅੱਜ ਦੀ ਪੁਲਿਸ ਡੀ ਵੀ ਆਰ ਅਤੇ ਐਨ ਵੀ ਆਰ ਲੈ ਜਾਂਦੀ ਹੈ ਪਰ ਪੂਰੇ ਦੋਸ਼ੀ ਨਹੀਂ ਫੜੇ ਜਾਂਦੇ। ਜਮਹੂਰੀ ਧਰਨਾ ਦੇਣਾ ਹਰ ਭਾਰਤੀ ਨਾਗਰਿਕ ਦਾ ਸੰਵਿਧਾਨਿਕ ਹੱਕ ਹੈ ਅਤੇ ਉਸ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਪੁਲਸ ਦੀ ਹੈ। ਧਰਨੇ ਤੇ ਬੈਠੇ ਵਿਅਕਤੀਆਂ ਨੂੰ ਸੁਰੱਖਿਆ ਕਿਉਂ ਨਹੀਂ ਦਿੱਤੀ ਗਈ। ਇਸ ਲਈ ਕੌਣ ਪੁਲਸ ਅਧਿਕਾਰੀ ਜ਼ਿੰਮੇਵਾਰ ਹੈ। ਉਸ ਦੇ ਖਿਲਾਫ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।



# ਚੰਡੀਗੜ੍ਹ ਤੇ ਮੋਹਾਲੀ ਦੇ ਮੁਲਾਜ਼ਮ ਅੱਜ ਭੁੱਖ ਹੜਤਾਲ ਕਰਨਗੇ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਿਵਲ ਸਕੱਤਰੇਤ, ਐੱਚ ਸੀ ਆਰ, ਸਮੂਹ ਡਾਇਰੈਕਟੋਰੇਟ ਅਤੇ ਮੋਹਾਲੀ ਦੇ ਸਮੂਹ ਸਰਕਾਰੀ ਦਫ਼ਤਰਾਂ ਦੀਆਂ ਜਥੇਬੰਦੀਆਂ, ਐਸੋਸੀਏਸ਼ਨ ਦੇ ਆਗੂਆਂ ਦੀ ਸਾਂਝੀ ਮੀਟਿੰਗ ਵਾਈ ਪੀ ਐਸ ਚੌਂਕ, ਮੋਹਾਲੀ ਵਿਖੇ ਹੋਈ। ਸਾਂਝਾ ਮੁਲਾਜ਼ਮ ਮੰਚ ਪੰਜਾਬ ਅਤੇ ਪੰਜਾਬ ਮੁਲਾਜ਼ਮ-ਪੈਨਸ਼ਨਰ ਸਾਂਝਾ ਫਰੰਟ ਦੀ ਅਗਵਾਈ ਹੇਠ ਭਰਾਤਰੀ ਜਥੇਬੰਦੀਆਂ ਨਾਲ ਲੁਧਿਆਣਾ ਵਿਖੇ ਹੋਈ ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ 8 ਸਤੰਬਰ ਨੂੰ ਮੁਕੰਮਲ ਕੰਮ ਬੰਦ ਅਤੇ ਇੱਕ ਦਿਨ ਦੀ ਭੁੱਖ ਹੜਤਾਲ ਕੀਤੀ ਜਾਵੇਗੀ। ਆਗੂਆਂ ਵੱਲੋਂ ਸਮੂਹ ਮੁਲਾਜ਼ਮਾਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ-ਆਪਣੇ ਦਫ਼ਤਰਾਂ ਵਿੱਚ ਹਾਜ਼ਰ ਹੋ ਕੇ ਮੁਕੰਮਲ ਕੰਮ ਬੰਦ ਕਰਨ ਅਤੇ ਜਥੇਬੰਦੀ ਦੇ 1-2 ਨੁਮਾਇੰਦਿਆਂ ਨਾਲ ਪ੍ਰਤੀਕਾਤਮਕ ਇੱਕ ਦਿਨ ਦੀ ਭੁੱਖ ਹੜਤਾਲ ਵਿੱਚ ਲਾਜ਼ਮੀ ਸ਼ਾਮਲ ਹੋਣ। ਭੁੱਖ ਹੜਤਾਲ ਦੌਰਾਨ ਸਮੂਹ ਮੁਲਾਜ਼ਮ ਕਾਲੇ ਕੱਪੜੇ ਜਾਂ ਕਾਲੇ ਬਿੱਲੇ ਲਗਾ ਕੇ ਸਰਕਾਰ ਦੀਆਂ ਨੀਤੀਆਂ ਵਿਰੁੱਧ ਸ਼ਾਂਤਮਈ ਅਤੇ ਅਨੁਸ਼ਾਸਿਤ ਢੰਗ ਨਾਲ ਰੋਸ ਪ੍ਰਗਟ ਕਰਨਗੇ। ਇਸ ਐਕਸ਼ਨ ਨੂੰ ਸਫ਼ਲ ਬਣਾਉਣ ਲਈ ਮੰਚ ਨਾਲ ਜੁੜੇ ਰਿਟਾਇਰਡ ਸਾਥੀਆਂ ਦੀ ਇੱਕ ਵਿਸ਼ੇਸ਼ ਟੀਮ ਬਣਾਈ ਗਈ ਹੈ, ਜੋ ਵੱਖ-ਵੱਖ ਦਫ਼ਤਰਾਂ ਦਾ ਦੌਰਾ ਕਰਕੇ ਐਕਸ਼ਨ ਦੀ ਸਮੀਖਿਆ ਕਰੇਗੀ, ਮੁਲਾਜ਼ਮਾਂ ਦਾ ਹੌਸਲਾ ਵਧਾਏਗੀ ਅਤੇ ਐਕਸ਼ਨ ਨੂੰ ਸਫ਼ਲ ਬਣਾਉਣ ਲਈ ਲੋੜੀਂਦੇ ਉਪਰਾਲੇ ਕਰੇਗੀ। ਸਮੂਹ ਜਥੇਬੰਦੀਆਂ ਨੂੰ ਆਪਣੇ-ਆਪਣੇ ਵਿਭਾਗਾਂ ਵਿੱਚ ਵੱਧ ਤੋਂ ਵੱਧ ਮੁਲਾਜ਼ਮਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਅਤੇ ਐਕਸ਼ਨ ਨੂੰ ਪੂਰੀ ਤਰ੍ਹਾਂ ਸਫ਼ਲ ਬਣਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਮੁਲਾਜ਼ਮ ਆਗੂ ਸੁਸ਼ੀਲ ਫੌਜੀ ਨੇ 18% ਡੀ.ਏ. ਦੇ ਬਕਾਏ ਸਬੰਧੀ ਸੋਮ ਦੱਤ ਡੈਡ ਬਨਾਮ ਵਧੀਕ ਮੁੱਖ ਸਕੱਤਰ ਵਿੱਤ ਪੰਜਾਬ ਵਿੱਚ 7 ਨਵੰਬਰ 2026 ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਮਾਣਯੋਗ ਚੀਫ ਜਸਟਿਸ ਦੀ ਅਦਾਲਤ ਵਿੱਚ ਹੋਈ ਸੁਣਵਾਈ ਦੌਰਾਨ ਇਸ ਕੇਸ ਦੀ ਅਗਲੀ ਮਿਤੀ 10 ਸਤੰਬਰ ਨਿਸ਼ਚਿਤ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਇਹ 95 ਸਾਲ ਪੈਨਸ਼ਨਰ ਪਟੀਸ਼ਨਰ ਸੁਣਵਾਈ ਮੌਕੇ ਅਦਾਲਤ ਵਿੱਚ ਹਾਜ਼ਰ ਸੀ।



# ਪ੍ਰਕਾਸ਼ ਪੁਰਬ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਮਹਾਨ ਕੀਰਤਨ ਦਰਬਾਰ ਦਾਣਾ ਮੰਡੀ ਆਦਮਪੁਰ ਵਿਖੇ ਕਰਵਾਇਆ ਗਿਆ। ਜਿਸ ਵਿੱਚ ਗੁਰਬਾਣੀ ਕੀਰਤਨ ਤੇ ਧਾਰਮਿਕ ਭਜਨਾਂ ਨੇ ਵੱਡੀ ਗਿਣਤੀ ਵਿੱਚ ਸ਼ਾਮਲ ਸੰਗਤਾਂ ਨੂੰ ਰੂਹਾਨੀ ਤੇ ਅਧਿਆਤਮਿਕਤਾ ਦੇ ਰੰਗ ਵਿੱਚ ਰੰਗਿਆ। ਮਹਾਨ ਕੀਰਤਨ ਸਮਾਗਮ ਦੌਰਾਨ ਸੰਤਾਂ ਵੱਲੋਂ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ। ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਅਜੋਕੇ ਸਮੇਂ ਵਿੱਚ ਵੀ ਸਮਾਜ ਲਈ ਬਹੁਤ ਸਾਰਥਕ ਹਨ,ਕਿਉਂਕਿ ਇਹ ਲੋਕਾਂ ਨੂੰ ਜਾਤ-ਪਾਤ ,ਸਮਾਜਿਕ ਵੰਡ ਤੋਂ ਉਪਰ ਉਠ ਕੇ ਸਮਾਨਤਾ, ਸਮਾਜਿਕ ਨਿਆਂ, ਸਦਭਾਵਨਾ ਅਤੇ ਵਿਸ਼ਵਵਿਆਪੀ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਮਿੱਲ ਕੇ ਕੰਮ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ,ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬੇ ਭਰ ਵਿੱਚ ਅਜਿਹੇ ਸਮਾਗਮ ਵੱਡੇ ਪੱਧਰ 'ਤੇ ਕਰਵਾਏ ਜਾ ਰਹੇ ਹਨ। ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਨਾਲ ਸ੍ਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫ਼ੇ ਅਤੇ ਸਿੱਖਿਆਵਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਅਨੇਆਂ ਅਜਿਹੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਵਿੱਤ ਮੰਤਰੀ ਨੇ ਕਿਹਾ ਕਿ ਇਕ ਹੋਰ ਮਹੱਤਵਪੂਰਨ ਪਹਿਲਕਦਮੀ ਰਾਹੀਂ ਪੰਜਾਬ ਸਰਕਾਰ ਵਲੋਂ ਗੁਰੂ ਸਾਹਿਬ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ 6.50 ਲੱਖ ਪੌਦੇ ਸੂਬੇ ਭਰ ਵਿੱਚ ਲਗਾਏ ਜਾ ਰਹੇ ਹਨ ਤੇ ਇਸ ਤੋਂ ਇਲਾਵਾ ਸੂਬੇ ਦੇ ਸਕੂਲਾਂ ਵਿੱਚ ਸਕੂਲ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ। ਡੇਰਾ ਸੱਚਖੰਡ ਬੱਲਾਂ ਦੇ ਮੁਖੀ ਸੰਤ ਨਿਰੰਜਣ ਦਾਸ ਜੀ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ ਅਤੇ ਉਨ੍ਹਾਂ ਨੇ ਸੰਗਤਾਂ ਨੂੰ ਅਸ਼ੀਰਵਾਦ ਦਿੰਦਿਆਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਅਧਿਆਤਮਿਕ ਅਤੇ ਸਮਾਜਿਕ ਸੰਦੇਸ਼ ਨੂੰ ਅੱਗੇ ਵਧਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਅਤੇ ਹਲਕਾ ਇੰਚਾਰਜ ਆਦਮਪੁਰ ਪਵਨ ਕੁਮਾਰ ਟੀਨੂੰ ਜਿਨ੍ਹਾਂ ਸਮਾਗਮ ਦੀ ਮੇਜ਼ਬਾਨੀ ਕੀਤੀ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸੰਤ ਨਿਰੰਜਣ ਦਾਸ ਜੀ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਉੱਘੀਆਂ ਸ਼ਖ਼ਸੀਅਤਾਂ, ਸੰਤਾਂ ਅਤੇ ਸੰਗਤਾਂ ਦਾ ਕੀਰਤਨ ਦਰਬਾਰ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਪ੍ਰਗਟ ਕੀਤਾ। ਇਸੇ ਤਰ੍ਹਾਂ ਪ੍ਰਸਿੱਧ ਕਲਾਕਾਰ ਦਲਵਿੰਦਰ ਦਿਆਲਪੁਰੀ, ਕੰਠ ਕਲੇਰ, ਸੂਫ਼ੀ ਕਲਾਕਾਰ ਕੁਲਵਿੰਦਰ ਕਿੰਦਾ, ਪਰਵੇਜ਼ ਆਲਮ ਵਲੋਂ ਵੀ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੇ ਜੀਵਨ ਫਲਸਫ਼ੇ ਨਾਲ ਜੋੜਨ ਲਈ ਸ਼ਾਨਦਾਰ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ।



# ਅਧਿਆਪਕ ਦਿਵਸ ਮਨਾਇਆ

**ਕਰਤਾਰਪੁਰ (ਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ, ਕਰਤਾਰਪੁਰ ਵਿਖੇ ਅਧਿਆਪਕ ਦਿਵਸ ਮੌਕੇ ਤੇ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਮਨਪਸੰਦ ਅਧਿਆਪਕਾਂ ਬਾਰੇ ਕਵਿਤਾਵਾਂ ਗਾਈਆਂ, ਗੀਤ ਤੇ ਨਾਚ ਪੇਸ਼ ਕੀਤੇ। ਵਿਦਿਆਰਥੀਆਂ ਨੇ ਆਪਣੇ ਪਿਆਰੇ ਅਧਿਆਪਕਾਂ ਦਾ ਉਨ੍ਹਾਂ ਦੇ ਮਾਰਗਦਰਸ਼ਨ ਅਤੇ ਸਿੱਖਿਆ ਲਈ ਧੰਨਵਾਦ ਕੀਤਾ। ਅਧਿਆਪਕ ਦਿਵਸ ਦੇ ਮੌਕੇ ਤੇ ਵਿਦਿਆਰਥੀਆਂ ਵੱਲੋਂ ਸਕੂਲ ਚੇਅਰਪਰਸਨ ਮੈਡਮ ਅਤੇ ਸਰ ਨੂੰ ਵਿਸ਼ੇਸ਼ ਤੋਹਫ਼ੇ ਭੇਟ ਕੀਤੇ ਗਏ। ਇਸ ਮੌਕੇ ਸਕੂਲ ਚੇਅਰਪਰਸਨ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ ਅਤੇ ਪਰਵਿੰਦਰ ਕੌਰ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



## ਫਰੀ ਮੈਡੀਕਲ ਕੈਂਪ 'ਚ 49 ਮਰੀਜ਼ਾਂ ਦੀ ਜਾਂਚ

**ਕਰਤਾਰਪੁਰ (ਰਮੇਸ਼ ਦੱਤ)**- ਆਈ ਚੈਰੀਟੇਬਲ ਹਸਪਤਾਲ ਕਰਤਾਰਪੁਰ ਵੱਲੋਂ 169 ਵਾਂ ਐੱਸ ਵੀ ਪੀ ਫਰੀ ਮੈਡੀਕਲ ਕੈਂਪ ਦਾ ਆਯੋਜਨ ਸੈਕਟਰੀ ਸੁਮਨ ਲਤਾ ਕਲਹਣ ਦੀ ਦੇਖ ਰੇਖ ਹੇਠ ਕੀਤਾ ਗਿਆ। ਕੈਂਪ ਵਿੱਚ ਮਾਹਰ ਡਾਕਟਰਾਂ ਦੀ ਟੀਮ ਵੱਲੋਂ 49 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ ਤੇ ਫਰੀ ਟੈਸਟ ਅਤੇ ਦਵਾਈਆਂ ਵੰਡੀਆਂ ਗਈਆਂ। ਇਸ ਦੌਰਾਨ ਸੁਮਨ ਲਤਾ ਕਲਹਣ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਸਪਤਾਲ ਵੱਲੋਂ ਫਰੀ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਧਾਨ ਵਿਮਲ ਜੈਨ, ਸੈਕਟਰੀ ਮੈਡਮ ਸੁਮਨ ਲਤਾ ਕਲਹਣ, ਸਤੀਸ਼ ਗੁਪਤਾ, ਬਲਪ੍ਰੀਤ ਜੱਸੀ, ਕੌਂਸਲਰ ਅਮਰਜੀਤ ਕੌਰ, ਕੌਂਸਲਰ ਸਤਨਾਮ ਕੌਰ, ਕੌਂਸਲਰ ਜਸਲੀਨ ਕੌਰ, ਡਾ. ਰੋਹਿਤ, ਡਾ. ਨੀਰਜ, ਡਾ. ਰੋਹਿਤ ਡੋਗਰਾ, ਡਾ. ਅਮਨਦੀਪ, ਸੋਡੀ ਸਿੰਘ, ਸੁਰਿੰਦਰ ਕੁਮਾਰ, ਸਰਬਜੀਤ ਕੌਰ, ਮੁਕਤਾ, ਹਰਪ੍ਰੀਤ, ਜਸਪ੍ਰੀਤ, ਜਸਵੀਰ, ਕਵਿਤਾ, ਸਤਨਾਮ ਆਦਿ ਹਾਜ਼ਰ ਸਨ।



# ਭਾਈ ਜੈਤਾ ਜੀ ਦੀ ਯਾਦ 'ਚ ਗੁਰਮਤਿ ਸਮਾਗਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਜੈਤਾ ਜੀ, ਜਿਨ੍ਹਾਂ ਨੂੰ ਬਾਬਾ ਜੀਵਨ ਸਿੰਘ ਜੀ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ, ਦੀ ਯਾਦ ਵਿੱਚ ਉਨ੍ਹਾਂ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਤਪ ਅਸਥਾਨ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਭਾਈ ਸਾਹਿਬ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕੀਤਾ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਧਨੌਲਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਸਮੇਤ ਕਈ ਪੰਥਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਗੁਰਦੁਆਰਾ ਸ੍ਰੀ ਤਪ ਅਸਥਾਨ ਸਾਹਿਬ ਦੇ ਮੁਖੀ ਬਾਬਾ ਤੀਰਥ ਸਿੰਘ ਅਤੇ ਮੁੱਖ ਪ੍ਰਬੰਧਕ ਬਾਬਾ ਅਮਨਦੀਪ ਸਿੰਘ ਵੱਲੋਂ ਪੰਥਕ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਮਾਗਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਸਥਾਨਕ ਸੰਗਤਾਂ ਤੋਂ ਇਲਾਵਾ ਵੱਖ-ਵੱਖ ਇਲਾਕਿਆਂ ਤੋਂ ਦਸ ਨਗਰ ਕੀਰਤਨ ਜੈਕਾਰਿਆਂ ਦੀ ਗੂੰਜ ਵਿੱਚ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ। ਨਗਰ ਕੀਰਤਨਾਂ ਨੇ ਸਮਾਗਮ ਦੀਆਂ ਰੌਣਕਾਂ ਵਿੱਚ ਹੋਰ ਵਾਧਾ ਕੀਤਾ। ਸਮਾਗਮ ਦੌਰਾਨ ਉਸ ਸਮੇਂ ਮਾਹੌਲ ਕੁਝ ਤਣਾਅਪੂਰਨ ਹੋ ਗਿਆ ਜਦੋਂ ਕੁਝ ਵਿਅਕਤੀਆਂ ਨੇ ਸੰਗਤ ਵਿੱਚ ਹੀ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲ ਪਹੁੰਚ ਕੇ ਸ਼੍ਰੋਮਣੀ ਕਮੇਟੀ ਵੱਲੋਂ ਕਮਰੇ ਨਾ ਦਿੱਤੇ ਜਾਣ ਸੰਬੰਧੀ ਸ਼ਿਕਾਇਤ ਕਰਨੀ ਸ਼ੁਰੂ ਕਰ ਦਿੱਤੀ। ਸਿੰਘ ਸਾਹਿਬ ਨੇ ਉਨ੍ਹਾਂ ਨੂੰ ਮਾਮਲੇ ਸੰਬੰਧੀ ਸਾਈਡ 'ਤੇ ਹੋ ਕੇ ਬਾਅਦ ਵਿੱਚ ਗੱਲ ਕਰਨ ਲਈ ਕਿਹਾ, ਪਰ ਉਕਤ ਵਿਅਕਤੀਆਂ ਵੱਲੋਂ ਉੱਚੀ ਆਵਾਜ਼ ਵਿੱਚ ਬੋਲਣਾ ਜਾਰੀ ਰੱਖਿਆ ਗਿਆ। ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਭਾਈ ਅਮਰਜੀਤ ਸਿੰਘ ਚਾਵਲਾ, ਬਾਬਾ ਤੀਰਥ ਸਿੰਘ ਅਤੇ ਬਾਬਾ ਅਮਨਦੀਪ ਸਿੰਘ ਦੀ ਸੂਝ-ਬੂਝ ਸਦਕਾ ਮਾਮਲੇ ਨੂੰ ਸੰਭਾਲ ਲਿਆ ਗਿਆ। ਹਾਲਾਂਕਿ ਇਸ ਵਿਵਾਦ ਕਾਰਨ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਭਾਈ ਅਮਰਜੀਤ ਸਿੰਘ ਚਾਵਲਾ ਸੰਗਤਾਂ ਨੂੰ ਸੰਬੋਧਨ ਕੀਤੇ ਬਿਨਾਂ ਹੀ ਵਾਪਸ ਚਲੇ ਗਏ।

ਇਸ ਸੰਬੰਧੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸਰਬ ਦਿਆਲ ਸਿੰਘ ਨੇ ਕਿਹਾ ਕਿ ਮੈਨੇਜਮੈਂਟ ਵੱਲੋਂ ਸੰਗਤਾਂ ਲਈ ਉਚਿਤ ਪ੍ਰਬੰਧ ਕੀਤੇ ਗਏ ਸਨ। ਬਾਬਾ ਤੀਰਥ ਸਿੰਘ ਅਤੇ ਬਾਬਾ ਅਮਨਦੀਪ ਸਿੰਘ ਵੱਲੋਂ ਜਿਹੜੀ ਵੀ ਮੰਗ ਕੀਤੀ ਗਈ ਸੀ, ਉਸ ਅਨੁਸਾਰ ਸਰਾਵਾਂ ਵਿੱਚ ਏ ਸੀ ਹਾਲ ਅਤੇ ਏ ਸੀ ਕਮਰੇ ਮੁਹੱਈਆ ਕਰਵਾਏ ਗਏ ਸਨ। ਦੂਜੇ ਪਾਸੇ ਗੁਰਦੁਆਰਾ ਸਾਹਿਬ ਦੇ ਮੁਖੀ ਬਾਬਾ ਤੀਰਥ ਸਿੰਘ ਅਤੇ ਬਾਬਾ ਅਮਨਦੀਪ ਸਿੰਘ ਨੇ ਵੀ ਸ਼੍ਰੋਮਣੀ ਕਮੇਟੀ ਦੀ ਕਾਰਗੁਜ਼ਾਰੀ 'ਤੇ ਤਸੱਲੀ ਪ੍ਰਗਟ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਲਈ ਕਮਰਿਆਂ ਜਾਂ ਹੋਰ ਲੋੜੀਂਦੀਆਂ ਸਹੂਲਤਾਂ ਸਬੰਧੀ ਜਦੋਂ ਵੀ ਮੰਗ ਕੀਤੀ ਜਾਂਦੀ ਹੈ, ਉਸ ਨੂੰ ਪੂਰਾ ਕੀਤਾ ਜਾਂਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਇਸੇ ਤਰ੍ਹਾਂ ਸਹਿਯੋਗ ਮਿਲਦਾ ਰਹੇਗਾ।



# ਬਲਜਿੰਦਰ ਕੌਰ ਸ਼ੇਰਗਿੱਲ 'ਸੰਤ ਵਿਨੋਬਾ ਭਾਵੇ' ਐਵਾਰਡ ਨਾਲ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)** : ਨਵਾਂ ਪੰਧ ਨਵੀਂ ਸੋਚ ਸਾਹਿਤਕ ਸੰਸਥਾ ਮੋਹਾਲੀ ਦੇ ਸੰਸਥਾਪਕ ਨੂੰ ਸਾਹਿਤ ਅਤੇ ਸਮਾਜ ਸੇਵਾ ਵਿਚ ਯੋਗਦਾਨ ਪਾਉਣ ਲਈ ਸੈਕਟਰ-43 ਚੰਡੀਗੜ੍ਹ ਵਿਖੇ ਨਾਮੀ ਸੰਸਥਾ ਅਚਾਰੀਆ ਕੁਲ ਚੰਡੀਗੜ੍ਹ ਵਲੋਂ 'ਸੰਤ ਵਿਨੋਬਾ ਭਾਵੇ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਇਹ ਐਵਾਰਡ ਇਕ ਸਾਹਿਤਕਾਰ ਅਤੇ ਪੱਤਰਕਾਰ ਵਜੋਂ ਭੇਟ ਕੀਤਾ ਗਿਆ। ਇਸ ਸਮਾਗਮ ਦੌਰਾਨ ਚੰਡੀਗੜ੍ਹ ਦੇ ਆਸ ਪਾਸ ਦੇ ਪ੍ਰਸਿੱਧ ਹੋਰ ਪੱਤਰਕਾਰ ਅਤੇ ਸਾਹਿਤਕਾਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਹ ਸਨਮਾਨ ਚੰਡੀਗੜ੍ਹ ਤੋਂ ਐੱਮ ਪੀ ਸ੍ਰੀ ਮਨੀਸ਼ ਤਿਵਾੜੀ, ਕੇ ਕੇ ਸਾਰਧਾ, ਪ੍ਰੇਮ ਲਤਾ ਅਤੇ ਪ੍ਰੇਮ ਵਿਜ ਵਲੋਂ ਬਲਜਿੰਦਰ ਕੌਰ ਸ਼ੇਰਗਿੱਲ ਨੂੰ ਇਕ ਵਿਸ਼ੇਸ਼ ਸਨਮਾਨ ਚਿੰਨ ਅਤੇ ਸ਼ਾਲ ਦੇ ਕੇ ਭੇਟ ਕੀਤਾ ਗਿਆ। ਇਸ ਮੌਕੇ 'ਤੇ ਪ੍ਰਿੰ ਬਹਾਦਰ ਸਿੰਘ ਗੋਸਲ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਦੇ ਪ੍ਰਧਾਨ ਅਤੇ 125 ਕਿਤਾਬਾਂ ਦੇ ਰਚਨਹਾਰ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਜੋਗ, ਕਾਰਜਕਾਰੀ ਜਨਰਲ ਸਕੱਤਰ ਅਤੇ ਸਾਬਕਾ ਡਿਪਟੀ ਸੈਕਟਰੀ ਸੈਕਟਰੀ ਪੰਜਾਬ ਸਰਕਾਰ ਸ੍ਰੀ ਰਾਜ ਕੁਮਾਰ ਸਾਹੋਵਾਲੀਆ ਅਤੇ ਸਲਾਹਕਾਰ ਬਲਵਿੰਦਰ ਸਿੰਘ, ਅਜੈਬ ਸਿੰਘ ਔਜਲਾ ਆਦਿ ਵੀ ਹਾਜ਼ਰ ਸਨ।ਇਸ ਵੱਡੇ ਐਵਾਰਡ ਲਈ ਬਲਜਿੰਦਰ ਕੌਰ ਸ਼ੇਰਗਿੱਲ ਨੇ ਸੰਸਥਾ ਅਚਾਰੀਆ ਕੁਲ ਚੰਡੀਗੜ੍ਹ ਦਾ ਉਨ੍ਹਾਂ ਦੀ ਚੋਣ ਕਰਨ ਲਈ ਧੰਨਵਾਦ ਕੀਤਾ।



# ਹਲਕਾ ਫਿਲੌਰ 'ਚ ਅਕਾਲੀ ਦਲ ਵੱਲੋਂ ਨਵੀਆਂ ਨਿਯੁਕਤੀਆਂ

**ਫਿਲੌਰ, (ਨਿਰਮਲ, ਹਰਜਿੰਦਰ ਕੌਰ ਚਾਹਲ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਫਿਲੌਰ 'ਚ ਨੌਜਵਾਨਾਂ ਨੂੰ ਪਾਰਟੀ ਦੀਆਂ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਤੇ ਨਵ-ਨਿਯੁਕਤ ਸਰਕਲ ਪ੍ਰਧਾਨਾਂ ਨੂੰ ਦਿਲੋਂ ਵਧਾਈਆਂ ਅਤੇ ਉਨ੍ਹਾਂ ਦੇ ਸਫਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਹਲਕਾ ਫਿਲੌਰ ਚ ਕੀਤੀਆਂ ਨਿਯੁਕਤੀਆਂ ਜਿਨ੍ਹਾਂ ਚ ਨਵ-ਨਿਯੁਕਤ ਸਰਕਲ ਪ੍ਰਧਾਨ ਰਵਿਸ਼ ਮਲਹੋਤਰਾ-ਫਿਲੌਰ (ਸ਼ਹਿਰੀ), ਜਸਪਾਲ ਸਿੰਘ-ਫਿਲੌਰ (ਸ਼ਹਿਰੀ ) , ਤਜਿੰਦਰ ਸਿੰਘ-ਮਾਓ ਸਾਹਿਬ, ਜਸਵਿੰਦਰ ਸਿੰਘ ਪੰਚ ਬੁੰਡਾਲਾ, ਸੁਖਪ੍ਰੀਤ ਸਿੰਘ (ਸੁੱਖੀ) ਰੁੜਕਾ ਕਲਾਂ, ਜਸਕਰਨ ਸਿੰਘ ਸੰਗ ਢੇਸੀਆਂ, ਗੁਰਪਿੰਦਰ ਸਿੰਘ ਗੁਰਾਇਆ (ਦਿਹਾਤੀ ), ਰਮਨਪ੍ਰੀਤ ਸਿੰਘ ਵਿਰਕ ਪਰਮਿੰਦਰ ਸਿੰਘ ਨਗਰ, ਪ੍ਰਭਜੀਤ ਸਿੰਘ ਤੇਹਿੰਗ ਹਨ।



# ਜਰਨੈਲ ਸਿੰਘ ਖ਼ਾਲਸਾ ਬੱਡੋਂ ਐੱਸ ਸੀ ਵਿੰਗ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਣੇ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਚੱਬੇਵਾਲ ਤੋਂ ਪਾਰਟੀ ਦੇ ਸੀਨੀਅਰ ਆਗੂ ਜਥੇਦਾਰ ਜਰਨੈਲ ਸਿੰਘ ਖ਼ਾਲਸਾ ਬੱਡੋਂ ਨੂੰ ਐੱਸ ਸੀ ਵਿੰਗ ਦਾ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ। ਆਪਣੀ ਇਸ ਨਿਯੁਕਤੀ 'ਤੇ ਜਥੇਦਾਰ ਜਰਨੈਲ ਸਿੰਘ ਖ਼ਾਲਸਾ ਬੱਡੋਂ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਐੱਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ, ਐੱਸ ਸੀ ਵਿੰਗ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਸੋਹਣ ਸਿੰਘ ਠੰਡਲ, ਜ਼ਿਲ੍ਹਾ ਪ੍ਰਧਾਨ (ਦਿਹਾਤੀ) ਲਖਵਿੰਦਰ ਸਿੰਘ ਲੱਖੀ ਗਿਲਜੀਆਂ, ਐੱਸ ਸੀ ਵਿੰਗ ਦੋਆਬਾ ਜੋਨ ਦੇ ਪ੍ਰਧਾਨ ਕੁਲਦੀਪ ਸਿੰਘ ਬੂਲੇ ਅਤੇ ਜ਼ਿਲ੍ਹਾ ਪ੍ਰਧਾਨ ਐਸ.ਸੀ. ਵਿੰਗ ਸਰਬਜੀਤ ਸਿੰਘ ਮੋਮੀ ਸਮੇਤ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।

# ਤਰਕਸ਼ੀਲ ਸੋਸਾਇਟੀ ਦੀ ਮੀਟਿੰਗ



**ਬੰਗਾ (ਅਵਤਾਰ ਕਲੇਰ)**- ਤਰਕਸ਼ੀਲ ਸੋਸਾਇਟੀ ਪੰਜਾਬ ਇਕਾਈ ਬੰਗਾ ਦੀ ਮੀਟਿੰਗ ਕਾਮਰੇਡ ਨੱਥਾ ਸਿੰਘ ਮੰਢਾਲੀ ਭਵਨ ਬੰਗਾ ਵਿਖੇ ਕੀਤੀ ਗਈ।

ਪ੍ਰਧਾਨ ਹਰਜਿੰਦਰ ਸੂੰਨੀ ਵੱਲੋਂ ਵੱਖ ਵੱਖ ਮੁੱਦਿਆਂ ਤੇ ਗੱਲਬਾਤ ਕੀਤੀ ਗਈ। ਤਰਕਸ਼ੀਲ ਮੈਗਜ਼ੀਨ ਅੰਕ ਸਤੰਬਰ-ਅਕਤੂਬਰ ਦੀ ਵੰਡ ਕੀਤੀ।

ਤਰਕਸ਼ੀਲ ਆਗੂਆਂ ਮੋਹਨ ਬੀਕਾ, ਮਾ. ਜਗਦੀਸ਼ ਰਾਏਪੁਰਡੱਬਾ ਅਤੇ ਸੁਰੇਸ਼ ਕਰਨਾਣਾ ਨੇ ਕਿਹਾ ਲੋਕਾਂ ਦੇ ਟੈਕਸਾਂ ਦਾ ਪੈਸਾ ਸਰਕਾਰਾਂ ਵੱਲੋਂ ਧਾਰਮਿਕ ਯਾਤਰਾਵਾਂ 'ਤੇ ਫਜ਼ੂਲ ਖਰਚ ਕਰਨ ਦੀ ਬਜਾਏ ਲੋਕਾਂ ਦੀਆਂ ਸਿਹਤ ਅਤੇ ਸਿੱਖਿਆ ਸਹੂਲਤਾਂ ਲਈ ਖ਼ਰਚ ਕਰਨਾ ਚਾਹੀਦਾ ਹੈ। ਸੁਖਵਿੰਦਰ ਲੰਗੇਰੀ ਵਲੋਂ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੋਏ 3 ਦਿਨਾਂ ਪੁਸਤਕ ਮੇਲੇ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆਦਾਇਕ ਪ੍ਰੋਗਰਾਮਾਂ ਚ, ਸਾਰਿਆ ਨੂੰ ਪਰਵਾਰਾਂ ਸਮੇਤ ਸ਼ਮੂਲੀਅਤ ਕਰਨੀ ਚਾਹੀਦੀ ਹੈ। ਕੁਲਵਿੰਦਰ ਖਟਕੜ ਨੇ ਕਿਹਾ ਕਿ ਤਰਕਸ਼ੀਲ ਸਾਹਿਤ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਲਈ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ। ਮੀਟਿੰਗ ਵਿੱਚ ਖੇਤੀਬਾੜੀ ਮਾਹਿਰ ਮਹਿੰਦਰ ਸਿੰਘ ਦੁਸਾਂਝ ਦੀ ਪਿਛਲੇ ਦਿਨੀਂ ਹੋਈ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਬਲਜੀਤ ਖਟਕੜ, ਮਾ. ਪਰਮਜੀਤ ਖਮਾਚੋਂ, ਸੰਤੋਸ਼ ਖਟਕੜ, ਰੂਬੀ ਬੰਗਾ ਅਤੇ ਸਤਨਾਮ ਖਟਕੜ ਆਦਿ ਹਾਜ਼ਰ ਸਨ।

# ਅਧਿਆਪਕ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਅਧਿਆਪਕ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਮੂਹ ਸਟਾਫ ਅਤੇ ਬੱਚਿਆਂ ਵੱਲੋਂ ਇਹ ਸ਼ੁਭ ਦਿਨ ਬੜੇ ਹੀ ਚਾਅ ਦੇ ਨਾਲ ਮਨਾਇਆ ਗਿਆ। ਇਸ ਖਾਸ ਮੌਕੇ ਤੇ ਸੰਸਥਾ ਦੇ ਚੈਅਰਮੈਨ ਤਰਲੋਚਨ ਸਿੰਘ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ । ਉਹਨਾਂ ਦੱਸਿਆ ਕਿ ਅਧਿਆਪਕ ਦਿਵਸ ਦੇ ਮੌਕੇ ਤੇ ਹਮੇਸ਼ਾ ਉਹਨਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਉਹ ਆਪਣੇ ਸਕੂਲ ਦੇ ਅਧਿਆਪਕਾਂ ਦੇ ਨਾਲ ਮਿਲ ਕੇ ਇਹ ਦਿਹਾੜਾ ਮਨਾਉਣ। ਇਸ ਮੌਕੇ ਤੇ ਉਨਾਂ ਨੇ ਦੱਸਿਆ ਕਿ ਉਹਨਾਂ ਨੇ ਅੱਜ ਤੱਕ ਜੋ ਵੀ ਹਾਸਲ ਕੀਤਾ ਹੈ ਆਪਣੇ ਅਧਿਆਪਕਾਂ ਤੇ ਦਰਸਾਏ ਹੋਏ ਮਿਹਨਤ ਦੇ ਮਾਰਗ ਉੱਤੇ ਚਲ ਕੇ ਹੀ ਹਾਸਲ ਕੀਤਾ ਹੈ।

ਉਹਨਾਂ ਸਕੂਲ ਦੇ ਸਮੂਹ ਅਧਿਆਪਕਾਂ ਨੂੰ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਇਸ ਨੂੰ ਸਵਾਰਨਾ ਅਧਿਆਪਕਾਂ ਦੇ ਹੱਥਾਂ ਵਿੱਚ ਹੀ ਹੁੰਦਾ ਹੈ। ਇਸ ਮੌਕੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਵੀ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਦੱਸਿਆ ਕਿ ਦੁਨੀਆਂ ਦੇ ਸਾਰੇ ਕਿੱਤਿਆਂ ਦੇ ਵਿੱਚ ਸਿਰਫ ਅਧਿਆਪਕ ਦਾ ਅਜਿਹਾ ਕਿੱਤਾ ਹੁੰਦਾ ਹੈ ਜਿਸ ਵਿੱਚ ਉਸ ਨੂੰ ਹਜ਼ਾਰਾਂ ਬੱਚਿਆਂ ਵੱਲੋਂ ਸਤਿਕਾਰ ਮਿਲਦਾ ਹੈ ਅਤੇ ਇਹ ਕਿੱਤਾ ਬਹੁਤ ਹੀ ਪਵਿੱਤਰ ਮੰਨਿਆ ਗਿਆ ਹੈ। ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਨੇ ਵੀ ਅਧਿਆਪਕਾਂ ਨੂੰ ਇਸ ਮੌਕੇ ਤੇ ਮੁਬਾਰਕਬਾਦ ਦਿੱਤੀ। ਸਟਾਫ਼ ਨੇ ਇਸ ਪ੍ਰੋਗਰਾਮ ਦੌਰਾਨ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਬਦਲਾਵਾਂ ਦੇ ਉੱਤੇ ਚਰਚਾ ਕੀਤੀ। ਇਸ ਮੌਕੇ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ ਰਾਜਵਿੰਦਰ, ਜਗਬੰਧਨ ਸਿੰਘ, ਰਵਿੰਦਰ ਕੁਮਾਰ, ਪੰਕਜ, ਬਲਦੇਵ, ਸੁਸ਼ੀਲ, ਅਰਚਨਾ, ਗੁਰਪ੍ਰੀਤ, ਵਿਸ਼ਾਲੀ, ਚੇਤਨਾ, ਨੀਨਾ, ਅਨੁਰਾਧਾ, ਮਨੀਸ਼ਾ, ਰੁਪਿੰਦਰ, ਪੂਜਾ ਸਵੇਤਾ, ਪਰਵੀਨ, ਅਮਰ,ਪੁਸ਼ਪਾ, ਰਾਜਿੰਦਰ, ਗਰਿੰਦਰ, ਹਰਜਿੰਦਰ, ਈਸਾ, ਅਮਨ, ਪਰਮਜੀਤ, ਬਲਜੀਤ ਕੰਚਨ, ਹਰਮਿੰਦਰ, ਹਰਜੀਤ ਅਤੇ ਬਾਕੀ ਸਟਾਫ ਮੌਜੂਦ ਸੀ।



# ਜੀਵਨ ਰਕਸ਼ਾ ਪਦਕ ਐਵਾਰਡਜ਼-2026 ਲਈ ਸਿਫ਼ਾਰਸ਼ਾਂ ਭੇਜਣ ਦੀ ਆਖਰੀ ਤਰੀਕ 30

**ਕਪੂਰਥਲਾ (ਮਨਜੀਤ ਮਾਨ)**- ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ 'ਜੀਵਨ ਰਕਸ਼ਾ ਪਦਕ ਐਵਾਰਡਜ਼-2026' ਲਈ ਯੋਗ ਵਿਅਕਤੀਆਂ ਦੀਆਂ ਸਿਫ਼ਾਰਸ਼ਾਂ ਮੰਗੀਆਂ ਗਈਆਂ ਹਨ। ਇਨ੍ਹਾਂ ਸਿਫ਼ਾਰਸ਼ਾਂ ਨੂੰ ਦਫ਼ਤਰ ਡਿਪਟੀ ਕਮਿਸ਼ਨਰ ਵੱਲੋਂ ਅੱਗੇ ਰਾਜ ਸਰਕਾਰ ਨੂੰ ਭੇਜਣ ਦੀ ਆਖਰੀ ਮਿਤੀ ਹੁਣ 30 ਸਤੰਬਰ 2026 ਨਿਰਧਾਰਿਤ ਕੀਤੀ ਗਈ ਹੈ। ਇਸ ਲਈ ਜ਼ਿਲ੍ਹੇ ਦੇ ਯੋਗ ਵਿਅਕਤੀਆਂ ਦੀਆਂ ਸਿਫ਼ਾਰਸ਼ਾਂ ਤੈਅ ਸਮੇਂ ਤੋਂ ਪਹਿਲਾਂ ਦਫ਼ਤਰ ਵਿਖੇ ਪਹੁੰਚਣੀਆਂ ਲਾਜ਼ਮੀ ਹਨ, ਤਾਂ ਜੋ ਪ੍ਰਸ਼ਾਸਨ ਵੱਲੋਂ ਇਨ੍ਹਾਂ ਨੂੰ ਸਮੇਂ ਸਿਰ ਅੱਗੇ ਭੇਜਿਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਿਫ਼ਾਰਸ਼ਾਂ ਭੇਜਣ ਸਮੇਂ ਨਿਰਧਾਰਿਤ ਨੁਕਤਿਆਂ ਅਤੇ ਸ਼ਰਤਾਂ ਦਾ ਖਾਸ ਧਿਆਨ ਰੱਖਿਆ ਜਾਵੇ। ਸਿਫ਼ਾਰਸ਼ਾਂ ਦੇ ਨਾਲ ਸਾਈਟੇਸ਼ਨ, ਪਾਸਪੋਰਟ ਸਾਈਜ਼ ਫੋਟੋਆਂ ਸਮੇਤ, ਅੰਗਰੇਜ਼ੀ ਅਤੇ ਪੰਜਾਬੀ ਦੋਵਾਂ ਭਾਸ਼ਾਵਾਂ ਵਿੱਚ 2-2 ਕਾਪੀਆਂ ਦੇ ਰੂਪ ਵਿੱਚ ਭੇਜਣੀ ਲਾਜ਼ਮੀ ਹੈ।ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਿਸ ਵੀ ਵਿਅਕਤੀ ਦੇ ਨਾਂਅ ਦੀ ਸਿਫ਼ਾਰਸ਼ ਕੀਤੀ ਜਾਣੀ ਹੈ, ਉਸ ਵੱਲੋਂ ਕੀਤੇ ਗਏ ਬਹਾਦਰੀ ਦੇ ਕੰਮਾਂ ਦੀ ਪੂਰੀ ਤਰ੍ਹਾਂ ਨਾਲ ਪੜਤਾਲ ਕਰ ਲਈ ਜਾਵੇ। ਪੂਰੀ ਤਸੱਲੀ ਹੋਣ ਉਪਰੰਤ ਹੀ ਨਾਂਅ ਅੱਗੇ ਭੇਜਿਆ ਜਾਵੇ ਤਾਂ ਜੋ ਸਬੰਧਤ ਵਿਅਕਤੀ ਦੀ ਯੋਗਤਾ ਸਾਬਤ ਹੋ ਸਕੇ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਸਰਕਾਰੀ ਅਧਿਕਾਰੀਆਂ ਜਾਂ ਕਰਮਚਾਰੀਆਂ ਬਾਰੇ ਸਿਫ਼ਾਰਸ਼ਾਂ ਸਬੰਧਤ ਵਿਭਾਗ ਦੇ ਪ੍ਰਬੰਧਕੀ ਸਕੱਤਰ ਜਾਂ ਪ੍ਰਮੁੱਖ ਸਕੱਤਰ ਰਾਹੀਂ ਹੀ ਭੇਜੀਆਂ ਜਾਣੀਆਂ ਯਕੀਨੀ ਬਣਾਈਆਂ ਜਾਣ।ਜ਼ਿਕਰਯੋਗ ਹੈ ਕਿ ਇਹ ਵੱਕਾਰੀ ਪੁਰਸਕਾਰ ਉਨ੍ਹਾਂ ਬਹਾਦਰ ਲੋਕਾਂ ਨੂੰ ਦਿੱਤਾ ਜਾਂਦਾ ਹੈ, ਜਿਨ੍ਹਾਂ ਨੇ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਡੁੱਬਣ, ਅੱਗ ਲੱਗਣ, ਕਰੰਟ ਲੱਗਣ, ਕੁਦਰਤੀ ਆਫ਼ਤਾਂ ਜਾਂ ਕਿਸੇ ਹਾਦਸੇ ਸਮੇਂ ਦੂਜਿਆਂ ਦੀ ਜਾਨ ਬਚਾਈ ਹੋਵੇ।

# ਯੂਥ ਕਾਂਗਰਸ ਦੀ ਮੀਟਿੰਗ ਨੇ ਵਰਕਰਾਂ 'ਚ ਭਰਿਆ ਨਵਾਂ ਜੋਸ਼



**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਯੂਥ ਕਾਂਗਰਸ ਦੀ ਇੱਕ ਵਿਸ਼ੇਸ਼ ਅਤੇ ਅਹਿਮ ਕਾਰਜਕਾਰਨੀ ਮੀਟਿੰਗ ਬਲਾਚੌਰ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਜ਼ਿਲ੍ਹੇ ਭਰ ਦੇ ਪ੍ਰਮੁੱਖ ਆਗੂਆਂ ਨੇ ਭਾਗ ਲਿਆ। ਇਹ ਮੀਟਿੰਗ ਪੰਜਾਬ ਯੂਥ ਕਾਂਗਰਸ ਦੇ ਕੋ-ਇੰਚਾਰਜ ਭਰਤ ਸ਼ੰਕਰ ਜੋਸ਼ੀ ਅਤੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਹਿਤਰਾਜ ਚੌਧਰੀ ਜੰਡੀ ਦੀ ਸਾਂਝੀ ਅਗਵਾਈ ਹੇਠ ਸਫ਼ਲਤਾਪੂਰਵਕ ਸੰਪੰਨ ਹੋਈ।

ਮੀਟਿੰਗ ਦੌਰਾਨ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਨੌਜਵਾਨਾਂ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਅਤੇ ਜਨਤਕ ਮੁੱਦਿਆਂ 'ਤੇ ਸੰਘਰਸ਼ ਤੇਜ਼ ਕਰਨ ਲਈ ਅਹਿਮ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਤੋਂ ਇਲਾਵਾ 'ਹਰ ਘਰ ਤਿਰੰਗਾ' ਮੁਹਿੰਮ ਨੂੰ ਹਰ ਪਿੰਡ ਅਤੇ ਵਾਰਡ ਦੇ ਘਰ-ਘਰ ਤੱਕ ਪਹੁੰਚਾਉਣ ਲਈ ਵਿਸ਼ੇਸ਼ ਰਣਨੀਤੀ ਉਲੀਕੀ ਗਈ, ਜਿਸ ਵਿੱਚ ਸਾਰੇ ਅਹੁਦੇਦਾਰਾਂ ਨੇ ਆਪਣੇ ਕੀਮਤੀ ਸੁਝਾਅ ਸਾਂਝੇ ਕੀਤੇ। ਇਸ ਮੌਕੇ ਆਗੂਆਂ ਨੇ ਪਿਛਲੇ ਸਮੇਂ ਦੌਰਾਨ ਕੀਤੇ ਗਏ ਸੰਗਠਨਾਤਮਕ ਕਾਰਜਾਂ ਦੀ ਗੰਭੀਰਤਾ ਨਾਲ ਸਮੀਖਿਆ ਵੀ ਕੀਤੀ।

ਵਰਕਰਾਂ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰਿਆਂ ਨੇ ਕਿਹਾ ਕਿ ਯੂਥ ਕਾਂਗਰਸ ਹਮੇਸ਼ਾ ਲੋਕਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ। ਇਸ ਮੌਕੇ ਚੇਅਰਮੈਨ ਦੇਸਰਾਜ ਹੱਕਲਾ, ਨਵੀਨ ਆਦੋਆਣਾ, ਜਨਰਲ ਸਕੱਤਰ ਫਰੀਨ ਚੇਚੀ, ਹਲਕਾ ਬਲਾਚੌਰ ਯੂਥ ਕਾਂਗਰਸ ਪ੍ਰਧਾਨ ਨਿਰਮਲ ਪਵਾਰ, ਨਵਾਂਸ਼ਹਿਰ ਯੂਥ ਕਾਂਗਰਸ ਪ੍ਰਧਾਨ ਸੰਜੇ ਰਾਣਾ, ਵਿਵੇਕ ਰਾਣਾ, ਰੰਮੀ, ਰਾਹੁਲ, ਅਤੇ ਅਰੁਨ ਚੌਧਰੀ ਸਮੇਤ ਵੱਡੀ ਗਿਣਤੀ ਵਿੱਚ ਯੂਥ ਕਾਂਗਰਸ ਦੇ ਅਹੁਦੇਦਾਰ ਅਤੇ ਜੁਝਾਰੂ ਵਰਕਰ ਹਾਜ਼ਰ ਸਨ।

# ਵਿਆਹ ਪੁਰਬ ਦੀਆਂ ਖੁਸ਼ੀਆਂ ਨਾਲ ਗੂੰਜੀ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਦੀ ਮੁਕੱਦਸ ਧਰਤੀ ਗੁਰੂ ਸਾਹਿਬ ਦੇ ਚਰਨਾਂ ਦੀਆਂ ਯਾਦਾਂ ਅਤੇ ਗੁਰਬਾਣੀ ਦੇ ਰਸ ਨਾਲ ਸਰਸ਼ਾਰ ਨਜ਼ਰ ਆਈ। ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਅਤੇ ਮਾਤਾ ਦਮੋਦਰੀ ਜੀ ਦੇ ਪਵਿੱਤਰ ਵਿਆਹ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਸਜਾਇਆ ਗਿਆ।ਨਗਰ ਕੀਰਤਨ ਦੀ ਆਰੰਭਤਾ ਗੁਰਦੁਆਰਾ ਸਿਹਰਾ ਸਾਹਿਬ ਤੋਂ ਹੋਈ, ਜਿੱਥੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿੱਚ ਨਗਰ ਕੀਰਤਨ ਅੱਗੇ ਵਧਿਆ।ਨਗਰ ਕੀਰਤਨ ਦੀ ਸੰਪੂਰਨਤਾ ਗੁਰਦੁਆਰਾ ਮਾਤਾ ਦਮੋਦਰੀ ਜੀ ਡੱਲਾ ਸਾਹਿਬ ਵਿਖੇ ਹੋਵੇਗੀ।ਇਸ ਪਵਿੱਤਰ ਮੌਕੇ 'ਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕਰਦਿਆਂ ਗੁਰੂ ਘਰ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ।ਹਰ ਪਾਸੇ 'ਸਤਿਨਾਮ ਸ੍ਰੀ ਵਾਹਿਗੁਰੂ' ਦੇ ਜਾਪ ਅਤੇ ਗੁਰਬਾਣੀ ਦੇ ਇਲਾਹੀ ਕੀਰਤਨ ਦੀਆਂ ਧੁਨਾਂ ਗੂੰਜਦੀਆਂ ਰਹੀਆਂ। ਸੰਗਤਾਂ ਗੁਰੂ ਸਾਹਿਬ ਦਾ ਜਸ ਕਰਦੀਆਂ ਹੋਈਆਂ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਨਗਰ ਕੀਰਤਨ ਵਿੱਚ ਸ਼ਾਮਲ ਹੋਈਆਂ।ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵਾਲੀ ਪਾਲਕੀ ਸਾਹਿਬ ਨੂੰ ਸੁੰਦਰ ਫੁੱਲਾਂ ਨਾਲ ਬੇਹੱਦ ਮਨਮੋਹਕ ਢੰਗ ਨਾਲ ਸਜਾਇਆ ਗਿਆ, ਜਿਸ ਦੇ ਦਰਸ਼ਨ ਕਰਕੇ ਸੰਗਤਾਂ ਨੇ ਆਪਣੇ ਆਪ ਨੂੰ ਵਡਭਾਗਾ ਸਮਝਿਆ। ਸੰਗਤਾਂ ਵੱਲੋਂ ਪਾਲਕੀ ਸਾਹਿਬ ਦੇ ਦਰਸ਼ਨ ਕਰਕੇ ਨਤਮਸਤਕ ਹੁੰਦਿਆਂ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਗਿਆ।ਇਸ ਮੌਕੇ ਨੌਜਵਾਨਾਂ ਵੱਲੋਂ ਗਤਕੇ ਦੇ ਜੌਹਰ ਵੀ ਦਿਖਾਏ ਗਏ। ਗਤਕਾ ਸਿੰਘਾਂ ਵੱਲੋਂ ਦਿਖਾਏ ਗਏ ਦਲੇਰੀ ਅਤੇ ਜੰਗਜੂ ਕਲਾ ਦੇ ਪ੍ਰਦਰਸ਼ਨ ਨੇ ਸੰਗਤਾਂ ਵਿੱਚ ਵਿਸ਼ੇਸ਼ ਜੋਸ਼ ਭਰ ਦਿੱਤਾ। ਨੌਜਵਾਨਾਂ ਨੇ ਸਿੱਖ ਇਤਿਹਾਸ ਦੀ ਬਹਾਦਰੀ ਅਤੇ ਵਿਰਾਸਤ ਨੂੰ ਆਪਣੀ ਕਲਾ ਰਾਹੀਂ ਜੀਵੰਤ ਕੀਤਾ।ਨਗਰ ਕੀਰਤਨ ਦੇ ਰਸਤੇ ਵਿੱਚ ਸੰਗਤਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ ਅਤੇ ਵੱਖ-ਵੱਖ ਥਾਵਾਂ 'ਤੇ ਲੰਗਰ ਅਤੇ ਹੋਰ ਸੇਵਾਵਾਂ ਵੀ ਕੀਤੀਆਂ ਗਈਆਂ। ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਵਰਗ ਦੇ ਲੋਕਾਂ ਨੇ ਇਸ ਪਵਿੱਤਰ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਆਸਥਾ ਦਾ ਪ੍ਰਗਟਾਵਾ ਕੀਤਾ। ਵਿਆਹ ਪੁਰਬ ਨੂੰ ਸਮਰਪਿਤ ਇਹ ਵਿਸ਼ਾਲ ਨਗਰ ਕੀਰਤਨ ਸੰਗਤਾਂ ਲਈ ਸ਼ਰਧਾ, ਸੇਵਾ ਅਤੇ ਸਿੱਖ ਵਿਰਾਸਤ ਨਾਲ ਜੁੜਨ ਦਾ ਇੱਕ ਅਨਮੋਲ ਮੌਕਾ ਬਣਿਆ।



# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਸਮਾਗਮ ਆਰੰਭ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਸਭਾ ਸਾਊਥਹਾਲ ਯੂ ਕੇ ਵੱਲੋਂ ਸ੍ਰੀ ਗੁਰੂ ਰਵਿਦਾਸ ਦੇ 2027 ਵਿੱਚ ਆ ਰਹੇ 650 ਸਾਲਾ ਪ੍ਰਕਾਸ਼ ਉਤਸਵ ਮਨਾਉਣ ਸੰਬੰਧੀ ਹੁਣ ਤੋਂ ਹੀਂ ਹਰ ਐਤਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠਾਂ ਦੇ ਭੋਗ ਅਰੰਭੇ ਗਏ ਹਨ ।ਇਸ ਸਬੰਧੀ ਵਿਸ਼ੇਸ਼ ਸਮਾਗਮ ਕਰਵਾਏ ਗਏ ਜਿਸ ਵਿੱਚ ਸ੍ਰੀ ਗੁਰੂ ਰਵਿਦਾਸ ਸਭਾ ਯੂ ਕੇ ਯੂਰਪ ਐਂਡ ਅਬਰੌਡ ਦੇ ਨਵੇਂ ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਵਿਸ਼ੇਸ਼ ਤੌਰ ਤੇ ਸਾਂਮਲ ਹੋਏ । ਇਸ ਮੌਕੇ ਸਭਾ ਦੇ ਪ੍ਰਧਾਨ ਆਰ ਕੇ ਮਹਿਮੀ, ਸਾਬਕਾ ਪ੍ਰਧਾਨ ਦਿਲਾਵਰ ਰਾਮ ਬਾਘਾ, ਸੀਨੀਅਰ ਮੀਤ ਪ੍ਰਧਾਨ ਸਿੰਗਾਰਾ ਰਾਮ ਬੰਗੜ, ਗਿਆਨ ਚੰਦ ਦੀਵਾਲੀ, ਰਾਜ ਕੁਮਾਰ ਬਾਘਾ, ਬਲਦੇਵ ਰਾਜ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ । ਪ੍ਰੋਗਰਾਮ ਦੀ ਅਰੰਭਤਾ ਮੌਕੇ ਸਾਊਥਹਾਲ ਗੁਰੂ ਘਰ ਦੀ ਕਮੇਟੀ ਦੇ ਪ੍ਰਧਾਨ ਆਤਮਾ ਰਾਮ ਢੰਡਾ,ਜਰਨਲ ਸਕੱਤਰ ਸ਼ਿਵ ਕੁਮਾਰ ਰਤੂ ਅਤੇ ਸਟੇਜ ਸਕੱਤਰ ਮੋਹਨ ਲਾਲ ਚੁੰਬਰ ਵਲੋਂ ਗੁਲਦਸਤਾ ਭੇਟ ਕਰਕੇ ਗੁਰੂ ਰਵਿਦਾਸ ਸਭਾ ਯੂ ਕੇ ਯੂਰਪ ਐਂਡ ਅਬਰੌਡ ਦੇ ਪ੍ਰਧਾਨ ਆਰ ਕੇ ਮਹਿਮੀ ਅਤੇ ਸਾਥੀਆਂ ਦਾ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਗਿਆ ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਤੋਂ ਉਪਰੰਤ ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਸਾਥੀ ਬੁੱਧ ਸਿੰਘ, ਬੀਬੀ ਰਵਿੰਦਰ ਕੌਰ ਅਤੇ ਬੀਬੀ ਦੀਪਕਾ ਦੇ ਜਥੇ ਵਲੋਂ ਬੀਰ ਰਸੀ ਗਾਥਾਵਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦਾ ਇਤਿਹਾਸ ਸੁਣਾਇਆ ਗਿਆ ।ਗੁਰੂ ਘਰ ਦੇ ਜੱਥੇ ਵਲੋਂ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ।ਗੁਰੂ ਘਰ ਦੀ ਕਮੇਟੀ ਦੇ ਪ੍ਰਧਾਨ ਆਤਮਾ ਰਾਮ ਢੰਡਾ ਵਲੋਂ ਜਿੱਥੇ ਸ੍ਰੀ ਗੁਰੂ ਰਵਿਦਾਸ ਸਭਾ ਯੂ ਕੇ ਦੀ ਨਵੀਂ ਚੁਣੀ ਗਈ ਕਮੇਟੀ ਦੇ ਅਹੁਦੇਦਾਰਾਂ ਵਲੋਂ ਪ੍ਰੋਗਰਾਮ ਵਿੱਚ ਹਾਜਰੀ ਭਰਨ ਤੇ ਜੀ ਆਇਆਂ ਕਿਹਾ ਉੱਥੇ ਨਵੇਂ ਪ੍ਰਧਾਨ ਆਰ ਕੇ ਮਹਿਮੀ ਦੀਆਂ ਸਮਾਜ ਪ੍ਰਤੀ ਕੀਤੀਆਂ ਸੇਵਾਵਾਂ ਬਾਰੇ ਵੀ ਹਾਜਰ ਸੰਗਤ ਨੂੰ ਜਾਣੂੰ ਕਰਵਾਇਆ।ਇਸ ਮੌਕੇ ਸ੍ਰੀ ਮਹਿਮੀ ਵਲੋਂ ਸਾਊਥਹਾਲ ਦੀ ਸਮੁੱਚੀ ਕਮੇਟੀ ਦਾ ਪ੍ਰੋਗਰਾਮ ਆਯੋਜਿਤ ਕਰਨ ਲਈ ਧੰਨਵਾਦ ਅਤੇ ਸ਼ਲਾਘਾ ਵੀ ਕੀਤੀ।

ਉਨ੍ਹਾਂ ਨੇ ਯੂ ਕੇ ਯੂਰਪ ਐਂਡ ਅਬਰੌਡ ਸਭਾ ਵਲੋਂ ਆਉਣ ਵਾਲੇ ਸਮੇਂ ਲਈ ਉਲੀਕੇ ਗਏ ਏਜੰਡੇ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ ।



# ਡੋਲੀ ਗੁਲੇਰੀਆ ਨੂੰ ਸਦਮਾ, ਪਤੀ ਦਾ ਦੇਹਾਂਤ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਇਪਟਾ ਪੰਜਾਬ ਦੀ ਸਲਾਹਕਾਰ, ਪੰਜਾਬ ਦੀ ਕੋਇਲ ਅਤੇ ਇਪਟਾ ਦੇ ਮੁੱਢਲੇ ਕਾਰਕੁਨ ਸੁਰਿੰਦਰ ਕੌਰ ਦੀ ਧੀ ਡੋਲੀ ਗੁਲੇਰੀਆ ਦੇ ਪਤੀ ਸਾਹਿਤ ਅਤੇ ਸੰਗੀਤ ਵਿਚ ਦਿਲਚਸਪੀ ਰੱਖਣ ਵਾਲੇ ਕਰਨਲ ਐੱਸ ਐੱਸ ਗੁਲੇਰੀਆ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਪਟਾ, ਪੰਜਾਬ ਦੇ ਪ੍ਰਧਾਨ ਨਾਟਕਰਮੀ ਸੰਜੀਵਨ ਸਿੰਘ ਨੇ ਕਿਹਾ ਕਿ ਲੰਮਾ ਸਮਾਂ ਭਾਰਤੀ ਫੌਜ ਵਿਚ ਉੱਚ ਅਹੁੱਦਿਆਂ 'ਤੇ ਰਹਿ ਕੇ ਸੇਵਾ-ਮੁਕਤ ਹੋਏ ਕਰਨਲ ਗੁਲੇਰੀਆਂ ਆਪਣੀ ਜੀਵਣ ਸਾਥਣ ਡੋਲੀ ਗੁਲੇਰੀਆਂ ਦੇ ਸਭ ਤੋਂ ਵੱਡੇ ਅਲੋਚਕ ਅਤੇ ਸਹਿਯੋਗੀ ਸਨ।ਪਤੀ ਦੀ ਫੌਜ ਵਿਚ ਨੌਕਰੀ ਦੌਰਾਨ ਡੋਲੀ ਹੋਰਾਂ ਘਰ-ਪਰਵਾਰ ਦੀ ਜ਼ਿੰਮੇਵਾਰੀ ਬਾਖ਼ੂਬੀ ਅਦਾ ਕੀਤੀਆਂ ਅਤੇ ਸੇਵਾ-ਮੁਕਤੀ ਤੋਂ ਬਾਅਦ ਕਰਨਲ ਨੇ ਉਹ ਡੋਲੀ ਗੁਲੇਰੀਆ ਨੂੰ ਉਨਾਂ ਦੇ ਸੰਗੀਤਕ ਖੇਤਰ ਵਿਚ ਵਿਚਰਣ ਲਈ ਹੌਸਲਾ ਅਫ਼ਜ਼ਾਈ ਕੀਤੀ।ਦੋਵਾਂ ਨੇ ਰਲਕੇ ਨਾਈਟਿੰਗੇਲ ਸੰਗੀਤ ਅਕੈਡਮੀ ਵੀ ਸ਼ੁਰੂ ਕੀਤੀ। ਇਪਟਾ, ਪੰਜਾਬ ਦੇ ਜਰਨਲ ਸਕੱਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਤੇ ਜਨਰਲ ਸਕੱਤਰ ਕਮਲ ਨੈਨ ਸਿੰਘ ਸੇਖੋਂ ਤੇ ਇਪਟਾ, ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਅਬੋਹਰ ਤੋਂ ਪੁਨਤਿ ਵਾਟਸ, ਮਾਨਸਾ ਤੋਂ ਮੇਘ ਰਾਜ ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਨਰਿੰਦਰਪਾਲ ਨੀਨਾ ਅਤੇ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ, ਪਠਾਨਕੋਟ ਤੋਂ ਸੁਰੇਸ਼ ਮਹਿਤਾ, ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾਂ, ਮੋਗੇ ਤੋਂ ਇੰਦਰਜੀਤ ਮੋਗਾ ਅਤੇ ਅਵਤਾਰ ਸਿੰਘ ਮੋਗਾ, ਜਲੰਧਰ ਤੋਂ ਨੀਰਜ ਕੌਸ਼ਿਕ ਤੇ ਗੁਰਵਿੰਦਰ ਸਿੰਘ, ਹੁਸ਼ਿਆਰਪੁਰ ਤੋਂ ਅਸ਼ੋਕ ਪੁਰੀ ਅਤੇ ਸਰਘੀ ਪ੍ਰੀਵਾਰ ਦੇ ਰੰਗਕਰਮੀ ਕੁੱਕੂ ਦੀਵਾਨ, ਰੰਜੀਵਨ ਸਿੰਘ, ਨਰਿੰਦਰ ਨਸਰੀਨ, ਲਖਵਿੰਦਰ ਸਿੰਘ ਅਤੇ ਰਿੱਤੂ ਰਾਗ ਨੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।



# ਪ੍ਰਜਾਪਤ ਸਮਾਜ ਦੀ ਮੀਟਿੰਗ 'ਚ ਗੰਭੀਰ ਮੁੱਦਿਆਂ 'ਤੇ ਚਰਚਾ

## ਨਵੰਬਰ 'ਚ ਹੋਵੇਗੀ ਪ੍ਰਧਾਨ ਦੀ ਚੋਣ

**ਕੋਟਕਪੂਰਾ (ਰਛਪਾਲ ਭੁੱਲਰ) :** ਪ੍ਰਜਾਪਤ ਧਰਮਸ਼ਾਲਾ ਵਿਖੇ ਸਮੂਹ ਪ੍ਰਜਾਪਤ ਸਮਾਜ ਦੀ ਇੱਕ ਬਹੁਤ ਹੀ ਵਿਸ਼ੇਸ਼ ਤੇ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸਮਾਜ ਦੇ ਪਹੁੰਚੇ ਵੱਡੀ ਗਿਣਤੀ ਮੈਂਬਰਾਂ, ਬਜ਼ੁਰਗਾਂ, ਮੁਅੱਜ਼ਜ਼ ਸ਼ਖ਼ਸੀਅਤਾਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਸਮਾਜ ਨੂੰ ਦਰਪੇਸ਼ ਆ ਰਹੀਆਂ ਵੱਖ-ਵੱਖ ਮੌਜੂਦਾ ਸਮੱਸਿਆਵਾਂ 'ਤੇ ਗੰਭੀਰਤਾ ਨਾਲ ਚਰਚਾ ਕੀਤੀ ਗਈ।ਹਾਜ਼ਰ ਮੈਂਬਰਾਂ ਨੇ ਆਪਣੇ-ਆਪਣੇ ਵਿਚਾਰ ਤੇ ਸੁਝਾਅ ਪੇਸ਼ ਕਰਦਿਆਂ ਸਮਾਜ ਦੀ ਬਿਹਤਰੀ ਲਈ ਇੱਕਜੁੱਟ ਹੋ ਕੇ ਕੰਮ ਕਰਨ 'ਤੇ ਜ਼ੋਰ ਦਿੱਤਾ। ਮੀਟਿੰਗ ਵਿੱਚ ਪਹੁੰਚੇ ਸਮੂਹ ਭਾਈਚਾਰੇ ਦੀ ਇੱਕੋ-ਇੱਕ ਮੁੱਖ ਮੰਗ ਸੀ ਕਿ ਪੂਰੇ ਪ੍ਰਜਾਪਤ ਸਮਾਜ ਨੂੰ ਇੱਕਜੁੱਟ ਕਰਕੇ ਇੱਕੋ ਪਲੇਟਫ਼ਾਰਮ 'ਤੇ ਲਿਆਂਦਾ ਜਾਵੇ, ਤਾਂ ਕਿ ਸਮਾਜਿਕ ਏਕਤਾ ਨੂੰ ਮਜ਼ਬੂਤ ਕੀਤਾ ਜਾ ਸਕੇ, ਸਮਾਜ ਦੇ ਹੱਕਾਂ ਤੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚੁੱਕਿਆ ਜਾ ਸਕੇ।ਇਸ ਗੱਲ 'ਤੇ ਪੂਰਨ ਸਹਿਮਤੀ ਬਣੀ ਕਿ ਸਮਾਜ ਦੀ ਅਗਵਾਈ ਲਈ ਸਾਰੇ ਭਾਈਚਾਰੇ ਦੀ ਆਪਸੀ ਸਹਿਮਤੀ ਨਾਲ ਹੀ ਇੱਕ ਯੋਗ ਤੇ ਸਮਰਪਿਤ ਪ੍ਰਧਾਨ ਦੀ ਨਿਯੁਕਤੀ ਕੀਤੀ ਜਾਵੇਗੀ।ਉਪਰੰਤ ਫੈਸਲਾ ਲਿਆ ਗਿਆ ਕਿ ਆਉਣ ਵਾਲੇ ਨਵੰਬਰ ਮਹੀਨੇ ਦੇ ਐਤਵਾਰ ਨੂੰ ਇੱਕ ਵਿਸ਼ੇਸ਼ ਮੀਟਿੰਗ ਰੱਖ ਕੇ ਪ੍ਰਧਾਨਗੀ ਦੀ ਚੋਣ ਪ੍ਰਕਿਰਿਆ ਨੇਪਰੇ ਚਾੜ੍ਹੀ ਜਾਵੇਗੀ।ਜੋ ਵੀ ਸੱਜਣ ਜਾਂ ਉਮੀਦਵਾਰ ਪ੍ਰਧਾਨਗੀ ਦੇ ਚਾਹਵਾਨ ਹਨ ਤੇ ਸਮਾਜ ਦੀ ਸੇਵਾ ਕਰਨ ਦੇ ਇੱਛੁਕ ਹਨ, ਉਹ ਆਪਣੇ ਨਾਮ ਚੋਣ ਕਮੇਟੀ ਕੋਲ ਦਰਜ ਕਰਵਾ ਸਕਦੇ ਹਨ।ਮੀਟਿੰਗ ਦੇ ਅੰਤ ਵਿੱਚ ਸਮਾਜ ਦੇ ਆਗੂਆਂ ਨੇ ਸਮੂਹ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਨਵੰਬਰ ਮਹੀਨੇ ਹੋਣ ਵਾਲੀ ਚੋਣ ਮੀਟਿੰਗ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਤੇ ਸਮਾਜਿਕ ਏਕਤਾ ਦਾ ਸਬੂਤ ਦੇਣ।



# ਮੁਕਤਸਰ ਵਿਕਾਸ ਮਿਸ਼ਨ ਸਥਾਪਨਾ ਦਿਵਸ ਸਮਾਰੋਹ 13 ਨੂੰ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੁਜਾ)-** ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਆਪਣਾ 13ਵਾਂ ਸਥਾਪਨਾ ਦਿਵਸ ਬੇਹੱਦ ਸ਼ਾਨਦਾਰ ਤਰੀਕੇ ਨਾਲ ਮਨਾਇਆ ਜਾਵੇਗਾ।ਇਸ ਸਬੰਧੀ ਆਉਂਦੀ 13 ਸਤੰਬਰ ਨੂੰ ਸਵੇਰੇ 11:00 ਵਜੇ ਸਥਾਨਕ ਸਿਟੀ ਹੋਟਲ ਵਿਖੇ ਪਰਿਵਾਰਕ ਮਿਲਣੀ ਸਮਾਰੋਹ ਕੀਤਾ ਜਾਵੇਗਾ।ਸਮਾਰੋਹ ਦੀ ਪ੍ਰਧਾਨਗੀ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਕਰਨਗੇ। ਇਹ ਫੈਸਲਾ ਇਥੇ ਮਿਸ਼ਨ ਆਗੂਆਂ ਦੀ ਉੱਚ ਪੱਧਰੀ ਮੀਟਿੰਗ ਵਿੱਚ ਕੀਤਾ ਗਿਆ।ਇਸ ਮੀਟਿੰਗ ਵਿੱਚ ਪ੍ਰਧਾਨ ਢੋਸੀਵਾਲ ਤੋਂ ਇਲਾਵਾ ਮਿਸ਼ਨ ਗਾਈਡ ਇੰਜ: ਅਸ਼ੋਕ ਕੁਮਾਰ ਭਾਰਤੀ, ਵਿਜੇ ਸਿਡਾਨਾ, ਪੈਟਰਨ ਪ੍ਰਦੀਪ ਧੂੜੀਆ, ਬਲਜੀਤ ਸਿੰਘ ਅਰੋੜਾ, ਕੇ. ਐੱਲ. ਮਹਿੰਦਰਾ, ਅਮਰ ਨਾਥ ਸੇਤੀਆ, ਇੰਜ: ਸੁਖਪਾਲ ਮੱਕੜ, ਸ਼ਾਰੂ ਬੰਨਾ, ਜਗਦੀਸ਼ ਕੁਮਾਰ ਜੇ.ਈ., ਸਾਹਿਲ ਕੁਮਾਰ ਹੈਪੀ ਤੇ ਨਰਿੰਦਰ ਕਾਕਾ ਆਦਿ ਮੌਜੂਦ ਸਨ।ਸਮਾਰੋਹ ਦੌਰਾਨ ਸਿੱਖਿਆ ਸ਼ਾਸਤਰੀ ਤੇ ਮਿਸ਼ਨ ਮੈਂਬਰ ਪੂਨਮ ਗਿਰਧਰ ਸਟੇਜ ਸੰਚਾਲਨ ਕਰਨਗੇ। ਸਮਾਰੋਹ ਦੌਰਾਨ ਮਿਸ਼ਨ ਪ੍ਰੋਜੈਕਟ ਮੈਨੇਜਰ ਗਗਨ ਬੰਨਾ ਵੱਲੋਂ ਤਿਆਰ ਕਰਵਾਇਆ ਗਿਆ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਜਾਵੇਗਾ।ਸਭਿਆਚਾਰਕ ਪ੍ਰੋਗਰਾਮ ਵਿੱਚ ਮਿਸ਼ਨ ਮੈਂਬਰਾਂ ਦੇ ਬੱਚੇ ਆਪਣੀ ਕਲਾ ਦਾ ਜੌਹਰ ਦਿਖਾਉਣਗੇ।ਉਕਤ ਜਾਣਕਾਰੀ ਦਿੰਦੇ ਹੋਏ ਸ੍ਰੀ ਢੋਸੀਵਾਲ ਨੇ ਦੱਸਿਆ ਕਿ ਸਮਾਰੋਹ ਦੌਰਾਨ ਪਿਛਲੇ ਸਾਲ ਮਿਸ਼ਨ ਵੱਲੋਂ ਕੀਤੇ ਗਏ ਸਾਰੇ ਕੰਮਾਂ ਦੀ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਸਮਾਰੋਹ ਮੌਕੇ ਜ਼ਿਲ੍ਹੇ ਦੇ ਪ੍ਰਸਿੱਧ ਹਾਕੀ ਕੋਚ ਗੁਰਮੀਤ ਸਿੰਘ ਗੱਗੂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਸਮਾਰੋਹ ਦੀ ਤਿਆਰੀ ਸਬੰਧੀ ਸਾਰੇ ਮੈਂਬਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।

# ਸਰਮਾਏਦਾਰੀ ਕਾਰਨ ਮਨੁੱਖੀ ਕਦਰਾਂ-ਕੀਮਤਾਂ ਤਬਾਹ ਹੋ ਰਹੀਆਂ : ਰਜਿੰਦਰ ਭਦੌੜ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)-** ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇਕ ਅਹਿਮ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿੱਚ ਹੋਈ, ਜਿਸ ਵਿਚ ਸੁਸਾਇਟੀ ਦੇ ਸੂਬਾ ਜਥੇਬੰਦਕ ਮੁਖੀ ਸ੍ਰੀ ਰਜਿੰਦਰ ਭਦੌੜ ਮੁੱਖ ਬੁਲਾਰੇ ਦੇ ਤੌਰ 'ਤੇ ਪਹੁੰਚੇ।ਇਸ ਭਰਵੀਂ ਮੀਟਿੰਗ ਵਿੱਚ ਐਡਵੋਕੇਟ ਰਾਜੀਵ ਲੋਹਟਬੱਦੀ, ਐਡਵੋਕੇਟ ਬਲਵੰਤ ਸਿੰਘ, ਭਗਵਾਨ ਸਿੰਘ, ਭੁਪਿੰਦਰ ਸਿੰਘ, ਜ਼ੋਨ ਆਗੂ ਬੀਬੀ ਕੁਲਵੰਤ ਕੌਰ, ਸਨੇਹ ਲਤਾ ਤੇ ਗੁਰਤੇਜ ਸਿੰਘ ਘਨੌਰ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਇਸ ਮੌਕੇ ਬੋਲਦਿਆਂ ਸ੍ਰੀ ਰਜਿੰਦਰ ਭਦੌੜ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਜਿੱਥੇ ਸਰਮਾਏਦਾਰੀ ਆਪਣਾ ਭਿਆਨਕ ਰੂਪ ਦਿਖਾ ਰਹੀ ਹੈ, ਉਥੇ ਮਨੁੱਖੀ ਕਦਰਾਂ ਕੀਮਤਾਂ ਨਿਘਾਰ ਵੱਲ ਜਾ ਰਹੀਆਂ ਹਨ। ਮੌਜੂਦਾ ਸਰਕਾਰਾਂ ਲੋਕਾਂ ਦਾ ਪੱਖ ਪੂਰਨ ਦੀ ਥਾਂ ਵੱਡੇ ਧਨਾਢਾਂ ਦੀ ਪੁਸ਼ਤਪਨਾਹੀ ਕਰਦੀਆਂ ਨਜ਼ਰ ਆ ਰਹੀਆਂ ਹਨ ਅਤੇ ਨਵੀਂ ਤਕਨਾਲੋਜੀ ਹਰ ਖੇਤਰ ਵਿੱਚ ਕੰਮ ਕਰਨ ਦੇ ਮੌਕੇ ਤਬਾਹ ਕਰ ਰਹੀ ਹੈ, ਜਿਸ ਦਾ ਮਾੜੂ ਅਸਰ ਨੌਜਵਾਨ ਪੀੜ੍ਹੀ 'ਤੇ ਸਪੱਸ਼ਟ ਨਜ਼ਰ ਆ ਰਿਹਾ ਹੈ।

ਇਸ ਮੌਕੇ ਉਨ੍ਹਾਂ ਕਿਹਾ ਕਿ ਸਮੇਂ ਦੇ ਪ੍ਰਭਾਵ ਤੋਂ ਬਚਣ ਲਈ ਅਗਾਂਹਵਧੂ ਤੇ ਚੇਤਨ ਲੋਕਾਂ ਨੂੰ ਆਮ ਖ਼ਲਕਤ ਦੀ ਯੋਗ ਅਗਵਾਈ ਕਰਨੀ ਚਾਹੀਦੀ ਹੈ ਤਾਂ ਕਿ ਲੋਕ ਆਪਣੀ ਜ਼ਿੰਦਗੀ ਦਾ ਮੁੱਲਾਂਕਣ ਆਪ ਕਰਨ ਅਤੇ ਸੰਘਰਸ਼ ਤੇ ਤਰਕਸ਼ੀਲਤਾ ਰਾਹੀਂ ਇਸ ਮਾੜੂ ਦੌਰ ਵਿੱਚੋਂ ਨਿਕਲਣ ਲਈ ਲਾਮਬੰਦ ਹੋਣ।ਉਨ੍ਹਾਂ ਕਿਹਾ ਕਿ ਬੇਲੋੜੀਆਂ ਰਸਮਾਂ, ਰਿਵਾਜ਼ਾਂ ਤੇ ਪੈਸਾ ਬਰਬਾਦ ਕਰਨ ਦੀ ਥਾਂ ਲੋਕਾਂ ਤੇ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਉਸਾਰੂ ਤੇ ਤਰਕਸ਼ੀਲ ਸਾਹਿਤ ਪੜ੍ਹਨਾ ਸਮੇਂ ਦੀ ਲੋੜ ਹੈ ਅਤੇ ਮੀਡੀਆ ਦੇ ਬੁਰੇ ਪ੍ਰਭਾਵਾਂ ਤੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣਾ ਚਾਹੀਦਾ ਹੈ।

ਮੀਟਿੰਗ ਨੂੰ ਸ੍ਰੀ ਰਾਮ ਕੁਮਾਰ ਨੇ ਵੀ ਸੰਬੋਧਨ ਕੀਤਾ ਤੇ ਸਾਥੀ ਮਨਪ੍ਰੀਤ ਸਿੰਘ ਨੇ ਇਕ ਬਾ-ਤਰਨੁਮ ਲੋਕ ਗੀਤ ਪੇਸ਼ ਕੀਤਾ।ਇਸ ਸਮੇਂ ਜ਼ੋਨ ਮੀਡੀਆ ਆਗੂ ਰਾਮ ਸਿੰਘ ਬੰਗ, ਜਾਗਨ ਸਿੰਘ, ਗੁਰਬਚਨ ਸਿੰਘ, ਗੁਲਜ਼ਾਰ ਸਿੰਘ, ਚੰਦ ਸਿੰਘ, ਪਰਮਜੀਤ ਸਿੰਘ, ਸੁਰਜੀਤ ਸਿੰਘ, ਹਰਜਿੰਦਰ ਸਿੰਘ, ਮਨੋਜ ਘਈ, ਮਨਪ੍ਰੀਤ ਸਿੰਘ, ਰਾਜਿੰਦਰ ਸਿੰਘ ਆਦਿ ਹਾਜ਼ਰ ਸਨ।



# ਜ਼ੂਮ ਐਪ 'ਤੇ ਸਾਹਿਤਕ ਢੰਗ ਨਾਲ ਮਨਾਇਆ ਕਹਾਣੀਕਾਰ ਨਿਰੰਜਣ ਬੋਹਾ ਦਾ ਜਨਮ ਦਿਨ

**ਬੁਢਲਾਡਾ (ਅਸ਼ੋਕ ਲਾਕੜਾ)-** ਕਹਾਣੀਕਾਰ ਤੇ ਆਲੋਚਕ ਨਿਰੰਜਣ ਬੋਹਾ ਦੇ ਬੇਟਿਆਂ ਵੱਲੋਂ ਉਨ੍ਹਾਂ ਦਾ 70ਵਾਂ ਜਨਮ ਦਿਨ ਉਨ੍ਹਾਂ ਦੇ ਲੇਖਕ ਦੋਸਤਾਂ ਨਾਲ ਮਿਲ ਕੇ ਜ਼ੂਮ ਐਪ ਦੀ ਮੱਦਦ ਨਾਲ ਮਨਾਇਆ ਗਿਆ ਤਾਂ ਜਨਮ ਦਿਨ ਮਨਾਉਣ ਦਾ ਢੰਗ ਪਰਿਵਾਰਕ ਸਾਹਿਤਕ ਸਮਾਗਮ ਦਾ ਰੂਪ ਧਾਰ ਗਿਆ।ਕੇਕ ਕੱਟਣ ਦੀ ਰਸਮ ਤੋਂ ਬਾਅਦ ਸਮਾਗਮ ਦੀ ਰਸਮ ਤੋਂ ਬਾਅਦ ਨਿਰੰਜਣ ਬੋਹਾ ਦੇ ਬੇਟੇ ਨਵਨੀਤ ਕੱਕੜ ਤੇ ਮਨਮੀਤ ਕੱਕੜ ਨੇ ਇਸ ਸਮਾਗਮ ਵਿੱਚ ਜ਼ੂਮ ਐਪ ਰਾਹੀਂ ਹਾਜ਼ਰ ਹੋਏ ਲੇਖਕਾਂ ਦਾ ਸਵਾਗਤ ਕੀਤਾ।ਇਸ ਸਮੇਂ ਕਹਾਣੀਕਾਰ ਭਗਵੰਤ ਰਸੂਲਪੁਰੀ, ਦਰਸ਼ਨ ਜੋਗਾ, ਚਿੰਤਕ ਡਾ. ਕੁਲਦੀਪ ਸਿੰਘ ਦੀਪ, ਡਾ. ਅਮਰਜੀਤ ਸਿੰਘ ਕੌਂਕੇ, ਨਾਵਲਕਾਰ ਧਰਮ ਕੰਮੇਆਣਾ, ਪ੍ਰੋ. ਗੁਰਦੀਪ ਸਿੰਘ ਢਿੱਲੋਂ, ਡੇਅਰੀ ਵਿਕਾਸ ਵਿਭਾਗ ਪੰਜਾਬ ਦੇ ਸਾਬਕਾ ਨਿਰਦੇਸ਼ਕ ਸ੍ਰ. ਇੰਦਰਜੀਤ ਸਰਾਂ, ਨਾਵਲਕਾਰ ਜਸਵਿੰਦਰ ਜੱਸ, ਕਹਾਣੀਕਾਰ ਜਸਵਿੰਦਰ ਧਰਮਕੋਟ, ਜਗਦੀਸ਼ ਕੁਲਰੀਆਂ, ਦਰਸ਼ਨ ਬਰੇਟਾ, ਰਮੇਸ਼ ਸੇਠੀ ਬਾਦਲ, ਗੁਲ ਆਬ, ਰੰਗਕਰਮੀ ਸੁਰਿੰਦਰ ਸਾਗਰ, ਵਿਜੇ ਕੱਕੜ ਤੇ ਅਸ਼ੋਕ ਕੱਕੜ ਆਦਿ ਨੇ ਨਿਰੰਜਣ ਬੋਹਾ ਨਾਲ ਆਪਣੀਆਂ ਸਾਂਝਾਂ ਦੇ ਜ਼ਿਕਰ ਕਰਦਿਆਂ ਸਾਹਿਤ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਅਣਥੱਕ ਰੂਪ ਵਿੱਚ ਕੀਤੇ ਜਾ ਰਹੇ ਕਾਰਜ ਦੀ ਸ਼ਲਾਘਾ ਕੀਤੀ।ਸਮਾਗਮ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਮੈਡੀਕਲ ਪ੍ਰੈਕਟੀਸ਼ਨਰ ਐਸੋਸ਼ੀਏਸ਼ਨ ਦੇ ਜ਼ਿਲ੍ਹਾ ਖਜ਼ਾਨਚੀ ਅਸ਼ੋਕ ਕੁਮਾਰ ਗਾਮੀਵਾਲਾ ਨੇ ਆਪਣੇ ਤੇ ਲੇਖਕ ਭਾਈਚਾਰੇ ਵੱਲੋਂ ਨਿਰੰਜਣ ਬੋਹਾ ਦਾ ਸਨਮਾਨ ਕੀਤਾ।



# ਹੋਲੀ ਹਾਰਟ ਸਕੂਲ ਵਿਖੇ ਅਧਿਆਪਕ ਦਿਵਸ ਧੂਮਧਾਮ ਨਾਲ ਮਨਾਇਆ

**ਅਜੀਤਵਾਲ (ਨਛੱਤਰ ਸੰਧੂ) :** ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਅਧਿਆਪਕ ਦਿਵਸ ਬੜੀ ਧੂਮਧਾਮ, ਉਤਸ਼ਾਹ ਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਭਾਰਤ ਦੇ ਸਾਬਕਾ ਰਾਸ਼ਟਰਪਤੀ ਤੇ ਮਹਾਨ ਸਿੱਖਿਆ ਸ਼ਾਸਤਰੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਟ ਕਰਕੇ ਕੀਤੀ ਗਈ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੇ ਅਧਿਆਪਕਾਂ ਦੇ ਸਤਿਕਾਰ ਤੇ ਸਨਮਾਨ ਵਿੱਚ ਇੱਕ ਵਿਸ਼ੇਸ਼ ਰੰਗਾਰੰਗ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਸੱਭਿਆਚਾਰਕ ਵੰਨਗੀਆਂ ਪੇਸ਼ ਕਰਦਿਆਂ ਕੋਰੀਓਗ੍ਰਾਫੀ, ਭੰਗੜਾ, ਗਿੱਧਾ, ਕਵਿਤਾਵਾਂ, ਨਾਟਕ ਤੇ ਭਾਸ਼ਣਾਂ ਰਾਹੀਂ ਅਧਿਆਪਕ ਦੇ ਸਮਾਜ ਤੇ ਜੀਵਨ ਵਿੱਚ ਮਹੱਤਵ ਨੂੰ ਬਹੁਤ ਹੀ ਖੂਬਸੂਰਤ ਢੰਗ ਨਾਲ ਦਰਸਾਇਆ।ਵੱਡੀਆਂ ਜਮਾਤਾਂ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਦੀ ਭੂਮਿਕਾ ਨਿਭਾਉਂਦੇ ਹੋਏ ਛੋਟੀਆਂ ਜਮਾਤਾਂ ਨੂੰ ਪੜ੍ਹਾਇਆ ਤੇ ਸਕੂਲ ਦੀ ਅਨੁਸ਼ਾਸਨੀ ਵਿਵਸਥਾ ਨੂੰ ਬੜੀ ਜ਼ਿੰਮੇਵਾਰੀ ਨਾਲ ਸੰਭਾਲਿਆ।ਵਿਦਿਆਰਥੀਆਂ ਨੇ ਆਪਣੇ ਪਿਆਰੇ ਅਧਿਆਪਕਾਂ ਲਈ ਵੱਖ-ਵੱਖ ਮਜ਼ੇਦਾਰ ਖੇਡਾਂ, ਕੁਇਜ਼ ਮੁਕਾਬਲੇ ਤੇ ਗਤੀਵਿਧੀਆਂ ਵੀ ਆਯੋਜਿਤ ਕੀਤੀਆਂ, ਜਿਨ੍ਹਾਂ ਦਾ ਸਾਰੇ ਅਧਿਆਪਕਾਂ ਨੇ ਭਰਪੂਰ ਆਨੰਦ ਲਿਆ।ਇਸ ਮੌਕੇ ਬੱਚਿਆਂ ਨੇ ਅਧਿਆਪਕਾਂ ਨੂੰ ਆਪਣੇ ਹੱਥਾਂ ਨਾਲ ਬਣਾਏ ਖ਼ੂਬਸੂਰਤ ਗ੍ਰੀਟਿੰਗ ਕਾਰਡ ਤੇ ਤੋਹਫ਼ੇ ਭੇਟ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਕੂਲ ਪ੍ਰਬੰਧਕ ਚੇਅਰਮੈਨ ਸ਼ੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ ਅਤੇ ਪ੍ਰਿੰਸੀਪਲ ਸ਼ਾਰਦਾ ਗੁਲੇਰੀਆ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅਧਿਆਪਕ ਸਮਾਜ ਦਾ ਨਿਰਮਾਤਾ ਹੁੰਦਾ ਹੈ, ਜੋ ਬੱਚਿਆਂ ਨੂੰ ਸਹੀ ਮਾਰਗਦਰਸ਼ਨ ਦੇ ਕੇ ਉਨ੍ਹਾਂ ਦੇ ਭਵਿੱਖ ਨੂੰ ਉੱਜਵਲ ਬਣਾਉਂਦਾ ਹੈ।ਉਨ੍ਹਾਂ ਅਧਿਆਪਕਾਂ ਦੀ ਮਿਹਨਤ, ਲਗਨ ਤੇ ਸਮਰਪਣ ਭਾਵਨਾ ਦੀ ਭਰਪੂਰ ਸ਼ਲਾਘਾ ਕੀਤੀ।ਅੰਤ ਵਿੱਚ ਅਧਿਆਪਕਾਂ ਲਈ ਇੱਕ ਵਿਸ਼ੇਸ਼ ਪ੍ਰੀਤੀ ਭੋਜ ਦਾ ਆਯੋਜਨ ਕੀਤਾ ਗਿਆ ਤੇ ਪ੍ਰਬੰਧਕ ਕਮੇਟੀ ਵੱਲੋਂ ਸਾਰੇ ਅਧਿਆਪਕਾਂ ਨੂੰ ਵਿਸ਼ੇਸ਼ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਗਿਆ।



# ਸਰਕਾਰੀ ਹਸਪਤਾਲ 'ਚ ਦੂਰਬੀਨ ਨਾਲ ਅਪ੍ਰੇਸ਼ਨ ਸ਼ੁਰੂ

**ਮਲੋਟ (ਰਜਿੰਦਰ ਜੁਨੇਜਾ)-** ਮਲੋਟ ਦੇ ਸਰਕਾਰੀ ਹਸਪਤਾਲ ਨੂੰ ਇਲਾਕੇ ਦਾ ਪਹਿਲਾ ਹਸਪਤਾਲ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ, ਜਿੱਥੇ ਕਿ ਲੇਪ੍ਰੋਸਕੋਪਿਕ ਸਰਜਰੀ ਰਾਹੀਂ ਆਪ੍ਰੇਸ਼ਨ ਕੀਤਾ ਗਿਆ।ਹਸਪਤਾਲ ਦੇ ਸੂਤਰਾਂ ਅਨੁਸਾਰ ਨਵ-ਨਿਯੁਕਤ ਸਰਜਨ ਡਾ. ਸਿਮਰਨਪ੍ਰੀਤ ਸਿੰਘ ਨੇ ਲੇਪ੍ਰੋਸਕੋਪਿਕ ਕੋਲਿਸਿਸਟੈਕਟੋਮੀ (ਪਿੱਤੇ ਨੂੰ ਦੂਰਬੀਨ ਨਾਲ ਬਾਹਰ ਕੱਢਣਾ) ਦਾ ਸਫਲਤਾਪੂਰਵਕ ਆਪ੍ਰੇਸ਼ਨ ਕੀਤਾ, ਜਿਸ ਕਰਕੇ ਖੁਦ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਐੱਸ ਐੱਮ ਓ ਤੇ ਬਾਕੀ ਸਟਾਫ਼ ਨੂੰ ਮੁਬਾਰਕਬਾਦ ਦਿੱਤੀ। ਜ਼ਿਕਰਯੋਗ ਹੈ ਕਿ ਡਾ. ਸਿਮਰਨਪ੍ਰੀਤ ਸਿੰਘ ਇਲਾਕੇ ਦੇ ਮੰਨੇ ਪ੍ਰਮੰਨੇ ਸਰਜਨ ਡਾ. ਆਰ ਪੀ ਸਿੰਘ ਦੇ ਬੇਟੇ ਹਨ।

# ਇਨਵਾਇਰਮੈਂਟ ਪਾਰਕ 'ਚ ਨਗਰ ਕੌਂਸਲ ਵੱਲੋਂ ਵਿਸ਼ੇਸ਼ ਸਵੱਛਤਾ ਮੁਹਿੰਮ

## ਓਪਨ ਜਿੰਮ ਲਈ ਇੱਕ ਲੱਖ ਰੁਪਏ ਦੇਣ ਦਾ ਕੀਤਾ ਐਲਾਨ

**ਸਮਾਣਾ, (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)** ਇਨਵਾਇਰਮੈਂਟ ਪਾਰਕ ਨੂੰ ਹੋਰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਦੇ ਉਦੇਸ਼ ਨਾਲ ਨਗਰ ਕੌਂਸਲ ਵੱਲੋਂ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਦੀ ਅਗਵਾਈ ਹੇਠ ਵਿਸ਼ੇਸ਼ ਸਵੱਛਤਾ ਮੁਹਿੰਮ ਚਲਾਈ ਗਈ।ਮੁਹਿੰਮ ਦੌਰਾਨ ਨਗਰ ਕੌਂਸਲਰ ਸਾਹਿਬਾਨ, ਨਗਰ ਕੌਂਸਲ ਦੇ ਅਧਿਕਾਰੀ, ਆਮ ਆਦਮੀ ਪਾਰਟੀ ਦੇ ਆਗੂ ਅਤੇ ਵੱਡੀ ਗਿਣਤੀ ਵਿੱਚ ਸਫ਼ਾਈ ਸੇਵਕ ਮੌਜੂਦ ਰਹੇ। ਸਵੱਛਤਾ ਮੁਹਿੰਮ ਦੌਰਾਨ ਪਾਰਕ ਦੇ ਅੰਦਰ ਤੇ ਬਾਹਰ ਪੱਟੜੀ ਦੀ ਵਿਸ਼ੇਸ਼ ਤੌਰ 'ਤੇ ਸਫ਼ਾਈ ਕਰਾਈ ਗਈ।ਇਸ ਦੇ ਨਾਲ ਹੀ ਪਾਰਕ ਵਿੱਚ ਪਏ ਕੂੜੇ ਦੇ ਢੇਰ ਨੂੰ ਚੁਕਵਾਉਣ ਦੇ ਕਾਰਜ ਦੀ ਵੀ ਸ਼ੁਰੂਆਤ ਕੀਤੀ ਗਈ।ਨਗਰ ਕੌਂਸਲ ਵੱਲੋਂ ਪਾਰਕ ਦੀ ਸਫ਼ਾਈ ਤੇ ਸੁੰਦਰਤਾ ਨੂੰ ਬਰਕਰਾਰ ਰੱਖਣ ਲਈ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਦੀ ਪਾਰਕ ਪ੍ਰੇਮੀਆਂ ਵੱਲੋਂ ਸ਼ਲਾਘਾ ਕੀਤੀ ਗਈ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਨੇ ਪਾਰਕ ਨੂੰ ਹੋਰ ਸੁੰਦਰ ਬਣਾਉਣ ਅਤੇ ਇੱਥੇ ਸੈਰ 'ਤੇ ਕਸਰਤ ਕਰਨ ਵਾਲੇ ਲੋਕਾਂ ਦੀ ਸਹੂਲਤ ਲਈ ਇੱਕ ਲੱਖ ਰੁਪਏ ਦੀ ਲਾਗਤ ਨਾਲ ਓਪਨ ਜਿੰਮ ਜਾਂ ਬੱਚਿਆਂ ਵਾਲੇ ਝੂਲੇ ਮੁਹੱਈਆ ਕਰਾਉਣ ਦਾ ਐਲਾਨ ਕੀਤਾ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ, ਹਰਿਆਲੀ ਤੇ ਲੋਕਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਾਉਣਾ ਨਗਰ ਕੌਂਸਲ ਦੀ ਪਹਿਲ ਹੈ। ਪ੍ਰਧਾਨ ਸ੍ਰੀ ਕਪੂਰ ਚੰਦ ਬਾਂਸਲ ਤੇ ਕੌਂਸਲਰ ਸਾਹਿਬਾਨ ਵੱਲੋਂ ਆਪਣੇ ਹੱਥੀਂ ਪੌਦੇ ਵੀ ਲਾਏ ਗਏ।ਪੱਤਰਕਾਰ ਹਰਜਿੰਦਰ ਸਿੰਘ ਜਵੰਦਾ, ਸ੍ਰੀ ਨਰਿੰਦਰ ਗਰਗ ਤੇ ਪਾਰਕ ਪ੍ਰੇਮੀਆਂ ਵੱਲੋਂ ਪ੍ਰਧਾਨ ਬਾਂਸਲ ਨੂੰ ਫੁਲਕਾਰੀ ਭੇਟ ਕਰਕੇ ਅਤੇ ਗਮਲਾ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।



# ਭਾਜਪਾ ਆਗੂ ਗੁਰਬਿੰਦਰ ਭਗਤਾ ਨੇ ਹਲਕਾ ਰਾਮਪੁਰਾ ਫੂਲ ਤੋਂ ਦਾਅਵੇਦਾਰੀ ਠੋਕੀ

## ਕੈਨੇਡਾ ਫੇਰੀ ਤੋਂ ਬਾਅਦ ਵਰਕਰਾਂ ਨਾਲ ਹੰਗਾਮੀ ਮੀਟਿੰਗ

**ਬਠਿੰਡਾ, (ਰਾਜੀਵ ਗੋਇਲ) :** ਪਿਛਲੇ ਕਾਫੀ ਲੰਮੇ ਸਮੇਂ ਭਾਵ ਦੋ ਦਹਾਕਿਆਂ ਤੋਂ ਵੱਧ ਦੇ ਵਕਫੇ ਦਰਮਿਆਨ ਭਾਜਪਾ ਲਈ ਮਿਹਨਤ ਤੇ ਪ੍ਰਚਾਰ ਕਰਨ ਵਾਲੇ ਜ਼ਿਲ੍ਹਾ ਬਠਿੰਡਾ ਦਿਹਾਤੀ ਦੇ ਸਾਬਕਾ ਪ੍ਰਧਾਨ ਤੇ ਕਿਸਾਨ ਮੋਰਚੇ ਦੇ ਆਗੂ ਗੁਰਬਿੰਦਰ ਸਿੰਘ ਸਿੱਧੂ (ਗੁਰਬਿੰਦਰ ਭਗਤਾ) ਵੱਲੋਂ ਆਪਣੀ ਕੈਨੇਡਾ ਫੇਰੀ ਤੋਂ ਬਾਅਦ ਆਪਣੇ ਵਰਕਰਾਂ ਨਾਲ ਹੰਗਾਮੀ ਮੀਟਿੰਗ ਕਰਦਿਆਂ 2027 ਦੀਆਂ ਚੋਣਾਂ ਲਈ ਹਲਕਾ ਰਾਮਪੁਰਾ ਫੂਲ ਤੋਂ ਆਪਣੀ ਦਾਅਵੇਦਾਰੀ ਠੋਕੀ ਗਈ ਹੈ। ਭਾਵੇਂ ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਆਖੀਰਲਾ ਫੈਸਲਾ ਪਾਰਟੀ ਦਾ ਹੀ ਹੋਵੇਗਾ ਅਤੇ ਜੋ ਵੀ ਫੈਸਲਾ ਪਾਰਟੀ ਕਰੇਗੀ, ਉਸ ਨੂੰ ਖਿੜੇ ਮੱਥੇ ਪ੍ਰਵਾਨ ਕੀਤਾ ਜਾਵੇਗਾ, ਪਰ ਇੱਕ ਵਾਰ ਮੁੜ ਭਗਤਾ ਵੱਲੋਂ ਆਪਣੇ ਸਮਰਥਕਾਂ ਨੂੰ ਨਵਾਂ ਸੁਨੇਹਾ ਦਿੱਤਾ ਗਿਆ ਹੈ। ਇਸ ਮੌਕੇ ਉਨ੍ਹਾਂ ਵੱਲੋਂ 21 ਸਤੰਬਰ ਤੋਂ ਨਸ਼ਿਆਂ ਨੂੰ ਲੈ ਕੇ ਜੋ ਯਾਤਰਾ ਭਾਜਪਾ ਵੱਲੋਂ ਤਲਵੰਡੀ ਸਾਬੋ ਤੋਂ ਸ਼ੁਰੂ ਕੀਤੀ ਜਾ ਰਹੀ ਹੈ, ਉਸ ਵਿੱਚ ਸ਼ਿਰਕਤ ਕਰਨ ਲਈ ਆਪਣੇ ਸਾਥੀਆਂ ਨੂੰ ਤਿਆਰ ਰਹਿਣ ਲਈ ਪ੍ਰੇਰਿਆ ਗਿਆ। ਇਸ ਮੌਕੇ ਇਕੱਤਰ ਹੋਏ ਭਾਜਪਾਈਆਂ ਵੱਲੋਂ ਗੁਰਬਿੰਦਰ ਭਗਤਾ ਨੂੰ ਪਾਰਟੀ ਵੱਲੋਂ ਹਲਕਾ ਕਨਵੀਨਰ ਨਿਯੁਕਤ ਕੀਤੇ ਜਾਣ 'ਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਜਗਸੀਰ ਸਿੰਘ ਪੱਪੂ ਗੰਗਾਨਗਰੀਆ ਸਕੱਤਰ, ਮਿੰਟੂ ਪਲੰਬਰ ਮੀਤ ਪ੍ਰਧਾਨ ਐੱਸ ਸੀ ਮੋਰਚਾ, ਕੇਵਲ ਕ੍ਰਿਸ਼ਨ ਕਮਰਾ, ਪਰਮਿੰਦਰ ਸਿੰਘ, ਬਲਤੇਜ ਸਿੰਘ ਕਾਲਾ, ਸੁਖਚੈਨ ਸਿੰਘ ਧੂੰਨਾ, ਰਾਧੇ ਸ਼ਾਮ, ਡਾ. ਬੰਗਾਲੀ, ਕੇਵਲ ਸਿੰਘ ਡਿੱਪੂ ਵਾਲਾ ਸਮੇਤ ਸਮੂਹ ਭਾਜਪਾਈ ਹਾਜ਼ਰ ਸਨ।



# ਖਸਤਾ ਸੜਕ ਦੀ ਮੁਰੰਮਤ ਲਈ ਮੁਹੱਲਾ ਸੁਧਾਰ ਕਮੇਟੀ ਵੱਲੋਂ ਕਾਰਜ ਸਾਧਕ ਅਫ਼ਸਰ ਨੂੰ ਮੰਗ ਪੱਤਰ

**ਦੋਰਾਹਾ, (ਹਰਮਿੰਦਰ ਸੇਠ)** ਸ਼ਿਵ ਦਿਆਲਾ ਮੰਦਰ ਨੇੜੇ ਪਾਣੀ ਵਾਲੀ ਟੈਂਕੀ ਤੋਂ ਗਲੀ ਨੰਬਰ 8 ਵੱਲ ਜਾਣ ਵਾਲੀ ਲਗਭਗ 250-300 ਮੀਟਰ ਲੰਬੀ ਸੜਕ ਦੀ ਖਸਤਾ ਹਾਲਤ ਮੁਹੱਲਾ ਵਾਸੀਆਂ ਲਈ ਗੰਭੀਰ ਸਮੱਸਿਆ ਬਣੀ ਹੋਈ ਹੈ।ਸੜਕ 'ਤੇ ਥਾਂ-ਥਾਂ ਡੂੰਘੇ ਟੋਏ, ਉਖੜਿਆ ਫਰਸ਼, ਖਿੱਲਰੇ ਰੋੜੇ ਤੇ ਟੁੱਟੀਆਂ ਟਾਈਲਾਂ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਲਈ ਹਾਦਸੇ ਦਾ ਖ਼ਤਰਾ ਬਣਿਆ ਹੋਇਆ ਹੈ।ਤਿਉਹਾਰਾਂ ਦੌਰਾਨ ਸ਼ਿਵ ਦਿਆਲਾ ਮੰਦਰ ਵੱਲ ਆਉਣ-ਜਾਣ ਵਾਲੀ ਸੰਗਤ ਵਧਣ ਕਾਰਨ ਇਸ ਰਸਤੇ ਦੀ ਮਹੱਤਤਾ ਹੋਰ ਵਧ ਜਾਂਦੀ ਹੈ। ਸਥਾਨਕ ਵਾਸੀਆਂ ਨੇ ਮੰਗ ਕੀਤੀ ਹੈ ਕਿ ਕਿਸੇ ਵੱਡੇ ਹਾਦਸੇ ਦੀ ਉਡੀਕ ਕਰਨ ਦੀ ਬਜਾਏ ਸੜਕ ਦੀ ਤੁਰੰਤ ਪੱਕੀ ਮੁਰੰਮਤ, ਕਿਨਾਰਿਆਂ ਦੀ ਸਫ਼ਾਈ ਤੇ ਪਾਣੀ ਦੀ ਨਿਕਾਸੀ ਦਾ ਢੁੱਕਵਾਂ ਪ੍ਰਬੰਧ ਕੀਤਾ ਜਾਵੇ।ਇਸ ਸਬੰਧੀ ਮੁਹੱਲਾ ਸੁਧਾਰ ਕਮੇਟੀ ਵੱਲੋਂ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਹਰਨਰਿੰਦਰ ਸਿੰਘ ਸ਼ੇਰਗਿੱਲ ਤੇ ਨਗਰ ਕੌਂਸਲ ਪ੍ਰਧਾਨ ਸ੍ਰੀ ਅਨਮੋਲ ਸ਼ਰਮਾ ਨੂੰ ਮੰਗ-ਪੱਤਰ ਸੌਂਪਿਆ ਗਿਆ। ਕਮੇਟੀ ਮੈਂਬਰਾਂ ਅਨੁਸਾਰ ਇਸ ਮਾਮਲੇ ਸਬੰਧੀ ਪਹਿਲਾਂ ਵੀ ਕਈ ਵਾਰ ਮੰਗ-ਪੱਤਰ ਦਿੱਤੇ ਜਾ ਚੁੱਕੇ ਹਨ ਤੇ ਇਹ ਚੌਥਾ ਮੰਗ-ਪੱਤਰ ਹੈ।ਮੁਹੱਲਾ ਵਾਸੀਆਂ ਅਨੁਸਾਰ ਸੜਕ ਦੇ ਕੰਮ ਦਾ ਟੈਂਡਰ ਪਿਛਲੀਆਂ ਨਗਰ ਕੌਂਸਲ ਚੋਣਾਂ ਤੋਂ ਪਹਿਲਾਂ ਹੀ ਹੋ ਚੁੱਕਾ ਦੱਸਿਆ ਜਾਂਦਾ ਹੈ, ਪਰ ਕੰਮ ਅਜੇ ਤੱਕ ਸ਼ੁਰੂ ਨਹੀਂ ਹੋਇਆ।ਨਵ-ਨਿਯੁਕਤ ਕੌਂਸਲਰ ਪੰਕਜ ਗੌਤਮ ਨੂੰ ਵੀ ਕਈ ਵਾਰ ਇਸ ਸਮੱਸਿਆ ਤੋਂ ਜਾਣੂ ਕਰਾਇਆ ਗਿਆ ਹੈ ਅਤੇ ਉਨ੍ਹਾਂ ਵੱਲੋਂ ਵੀ ਮਾਮਲਾ ਨਗਰ ਕੌਂਸਲ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ। ਕਾਰਜਸਾਧਕ ਅਫ਼ਸਰ ਹਰਨਰਿੰਦਰ ਸਿੰਘ ਸ਼ੇਰਗਿੱਲ ਨੇ ਕਮੇਟੀ ਨੂੰ ਭਰੋਸਾ ਦਿਵਾਇਆ ਕਿ 2-3 ਦਿਨਾਂ ਵਿੱਚ ਸੜਕ ਦੀ ਮੁਰੰਮਤ ਕਰਾ ਦਿੱਤੀ ਜਾਵੇਗੀ।ਹੁਣ ਦੇਖਣਾ ਹੋਵੇਗਾ ਕਿ ਚੌਥੇ ਮੰਗ-ਪੱਤਰ ਮਗਰੋਂ ਮਿਲਿਆ ਇਹ ਭਰੋਸਾ ਜ਼ਮੀਨੀ ਪੱਧਰ 'ਤੇ ਕਦੋਂ ਅਮਲ ਵਿੱਚ ਆਉਂਦਾ ਹੈ।



# ਸਚਿਨ ਪਾਇਲਟ ਦੇ ਆਉਣ ਨਾਲ ਪੰਜਾਬ ਕਾਂਗਰਸ 'ਚ ਚੱਲ ਰਹੀ ਧੜੇਬੰਦੀ ਖ਼ਤਮ ਹੋਵੇਗੀ : ਸ਼ਮਸਪੁਰ

## ਪੰਜਾਬ 'ਚ ਕਾਂਗਰਸ ਹੀ ਬਣਾਵੇਗੀ ਸਰਕਾਰ

**ਸਨੌਰ (ਰਾਜਿੰਦਰ ਸਿੰਘ ਥਿੰਦ)-**ਹਲਕਾ ਸਨੌਰ ਤੋਂ ਸੀਨੀਅਰ ਆਗੂ ਬਲਿਹਾਰ ਸਿੰਘ ਸ਼ਮਸਪੁਰ ਨੇ ਸਚਿਨ ਪਾਇਲਟ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੰਜਾਬ ਕਾਂਗਰਸ 'ਚ ਪਿਛਲੇ ਸਮੇਂ ਤੋਂ ਚੱਲ ਰਹੀ ਧੜੇਬੰਦੀ ਸਚਿਨ ਪਾਇਲਟ ਦੇ ਆਉਣ ਨਾਲ ਖ਼ਤਮ ਹੋਵੇਗੀ, ਕਿਉਂਕਿ ਸ੍ਰੀ ਪਾਇਲਟ ਇੱਕ ਨੌਜਵਾਨ, ਤਜਰਬੇਕਾਰ ਤੇ ਸਰਗਰਮ ਆਗੂ ਹਨ, ਜਿਨ੍ਹਾਂ ਦੀ ਅਗਵਾਈ ਹੇਠ ਪੰਜਾਬ ਕਾਂਗਰਸ ਹੋਰ ਮਜ਼ਬੂਤ ਹੋਵੇਗੀ। ਸ਼ਮਸਪੁਰ ਨੇ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਲਗਾਤਾਰ ਆਪਣੀ ਆਵਾਜ਼ ਬੁਲੰਦ ਕਰ ਰਹੀ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਨੂੰ ਮਜ਼ਬੂਤ ਕਰਨ ਦੀ ਦਿਸ਼ਾ 'ਚ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਭਰੋਸਾ ਜ਼ਾਹਰ ਕੀਤਾ ਕਿ ਸਚਿਨ ਪਾਇਲਟ ਦੇ ਪੰਜਾਬ ਕਾਂਗਰਸ ਦਾ ਇੰਚਾਰਜ ਬਣਨ ਨਾਲ ਪਾਰਟੀ ਆਗੂਆਂ ਤੇ ਵਰਕਰਾਂ 'ਚ ਨਵਾਂ ਜੋਸ਼ ਪੈਦਾ ਹੋਵੇਗਾ ਅਤੇ ਕਾਂਗਰਸ 2027 ਦੀਆਂ ਚੋਣਾਂ 'ਚ ਪੰਜਾਬ 'ਚ ਸਰਕਾਰ ਬਣਾਏਗੀ।ਉਨ੍ਹਾਂ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਤੇ ਕਾਂਗਰਸ ਦੇ ਕੌਮੀ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਸਚਿਨ ਪਾਇਲਟ ਵਰਗੇ ਨੌਜਵਾਨ ਆਗੂ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਉਣਾ ਪਾਰਟੀ ਦੇ ਹਿੱਤ 'ਚ ਲਿਆ ਗਿਆ ਇਕ ਮਹੱਤਵਪੂਰਨ ਫੈਸਲਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਦੇਣ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ।



# ਡਾ. ਨਿਰਮਲ ਕੌਸ਼ਿਕ ਦੀ ਪੁਸਤਕ 'ਸੰਸਕ੍ਰਿਤ ਭਾਸ਼ਾ ਤੇ ਸਨਾਤਨ ਸੰਸਕ੍ਰਿਤੀ' ਲੋਕ ਅਰਪਣ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ) :** ਸਥਾਨਕ ਰਾਧਾ ਕ੍ਰਿਸ਼ਨ ਧਾਮ ਫਰੀਦਕੋਟ ਵਿਖੇ ਐੱਸ.ਕੇ.ਸੀ. ਐਜੂਕੇਸ਼ਨਜ਼ ਪ੍ਰਾਈਵੇਟ ਲਿਮਟਿਡ ਫਰੀਦਕੋਟ ਦੇ ਮੈਨੇਜਿੰਗ ਡਾਇਰੈਕਟਰ ਅਨਮੋਲ ਗੋਇਲ ਤੇ ਰਿਸ਼ਭ ਗੋਇਲ (ਸੰਕਲਪ ਕੋਟਾ ਕਲਾਸਿਜ਼) ਵੱਲੋਂ ਅਧਿਆਪਕ ਦਿਵਸ ਸਬੰਧੀ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉੱਘੇ ਵਿਦਵਾਨ ਤੇ ਲੇਖਕ ਡਾ. ਨਿਰਮਲ ਕੌਸ਼ਿਕ ਵੱਲੋਂ ਰਚਿਤ ਪੁਸਤਕ 'ਸੰਸਕ੍ਰਿਤ ਭਾਸ਼ਾ ਤੇ ਸਨਾਤਨ ਸੰਸਕ੍ਰਿਤੀ' ਨੂੰ ਮੁੱਖ ਮਹਿਮਾਨ ਕੁਲਤਾਰ ਸਿੰਘ ਸੰਧਵਾਂ ਵੱਲੋਂ ਲੋਕ ਅਰਪਣ ਕੀਤਾ ਗਿਆ।ਪੁਸਤਕ ਲੋਕ ਅਰਪਣ ਮੌਕੇ ਸਟੇਟ ਐਵਾਰਡੀ ਕੁਲਜੀਤ ਸਿੰਘ ਵਾਲੀਆ ਤੇ ਰੋਟੇਰੀਅਨ ਕੇ. ਪੀ. ਸਿੰਘ ਸਰਾਂ ਸਮੇਤ ਹੋਰ ਪਤਵੰਤੇ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਕੁਲਜੀਤ ਸਿੰਘ ਵਾਲੀਆ ਨੇ ਕਿਹਾ ਕਿ ਡਾ. ਨਿਰਮਲ ਕੌਸ਼ਿਕ ਪੰਜਾਬੀ, ਹਿੰਦੀ ਤੇ ਸੰਸਕ੍ਰਿਤ ਭਾਸ਼ਾਵਾਂ ਦੇ ਉੱਘੇ ਵਿਦਵਾਨ ਹੋਣ ਦੇ ਨਾਲ-ਨਾਲ ਪ੍ਰਸਿੱਧ ਲੇਖਕ ਵੀ ਹਨ।ਉਹ ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ ਤੋਂ ਪ੍ਰਾ-ਅਧਿਆਪਕ ਵਜੋਂ ਸੇਵਾ ਮੁਕਤ ਹੋਏ ਹਨ ਤੇ ਸੇਵਾਮੁਕਤੀ ਤੋਂ ਬਾਅਦ ਵੀ ਸਾਹਿਤਕ ਤੇ ਵਿੱਦਿਅਕ ਖੇਤਰ ਵਿੱਚ ਆਪਣੀਆਂ ਸੇਵਾਵਾਂ ਨਿਰੰਤਰ ਜਾਰੀ ਰੱਖ ਰਹੇ ਹਨ।ਰੋਟੇਰੀਅਨ ਕੇ. ਪੀ. ਸਿੰਘ ਸਰਾਂ ਨੇ ਕਿਹਾ ਕਿ ਡਾ. ਨਿਰਮਲ ਕੌਸ਼ਿਕ ਨੇ ਹੁਣ ਤੱਕ 70 ਦੇ ਕਰੀਬ ਪੁਸਤਕਾਂ ਪਾਠਕਾਂ ਦੀ ਝੋਲੀ ਪਾਈਆਂ ਹਨ ਅਤੇ ਉਹ ਨਿਰੰਤਰ ਸਾਹਿਤ ਸਿਰਜਣਾ ਵਿੱਚ ਲੱਗੇ ਹੋਏ ਹਨ।ਉਨ੍ਹਾਂ ਦੱਸਿਆ ਕਿ ਡਾ. ਕੌਸ਼ਿਕ ਵੱਲੋਂ ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ ਵਿਖੇ ਵੀ ਨਿਸ਼ਕਾਮ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸਮਾਗਮ ਦੌਰਾਨ ਡਾ. ਨਿਰਮਲ ਕੌਸ਼ਿਕ ਨੂੰ ਉਨ੍ਹਾਂ ਦੀਆਂ ਸਾਹਿਤਕ ਤੇ ਵਿੱਦਿਅਕ ਸੇਵਾਵਾਂ ਲਈ ਸਨਮਾਨਤ ਵੀ ਕੀਤਾ ਗਿਆ।ਹਾਜ਼ਰ ਸ਼ਖ਼ਸੀਅਤਾਂ ਨੇ ਉਨ੍ਹਾਂ ਨੂੰ ਨਵੀਂ ਪੁਸਤਕ ਲਈ ਵਧਾਈ ਦਿੰਦਿਆਂ ਸਾਹਿਤਕ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।



# ਮਿਹਨਤੀ ਅਧਿਆਪਕਾਂ ਦਾ ਸਨਮਾਨ ਕਰਕੇ ਮਨਾਇਆ ਅਧਿਆਪਕ ਦਿਵਸ

**ਭਵਾਨੀਗੜ੍ਹ, (ਰਾਜ ਖੁਰਮੀ) :** ਦੀਵਾਨ ਟੋਡਰ ਮੱਲ ਪਬਲਿਕ ਸਕੂਲ ਕਾਕੜਾ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ, ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਸਕੂਲ ਦੀ ਬਿਹਤਰੀ ਲਈ ਮਿਹਨਤ ਤੇ ਲਗਨ ਨਾਲ ਸੇਵਾਵਾਂ ਨਿਭਾਅ ਰਹੇ ਸਮੂਹ ਅਧਿਆਪਕਾਂ ਨੂੰ ਟ੍ਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਧਿਆਪਕ ਦਿਵਸ ਮੌਕੇ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੇ ਅਧਿਆਪਕਾਂ ਪ੍ਰਤੀ ਆਪਣੇ ਸਤਿਕਾਰ ਤੇ ਪਿਆਰ ਦਾ ਪ੍ਰਗਟਾਵਾ ਕਰਦਿਆਂ ਲੇਖ, ਕਵਿਤਾਵਾਂ ਤੇ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ। ਪੰਜਾਬੀ ਅਧਿਆਪਕ ਸੰਦੀਪ ਸਿੰਘ ਵੱਲੋਂ ਅਧਿਆਪਕ ਦਿਵਸ ਦੀ ਮਹੱਤਤਾ ਨੂੰ ਦਰਸਾਉਂਦੀ ਕਵਿਤਾ ਪੇਸ਼ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਅਧਿਆਪਕਾਂ ਦੇ ਸਤਿਕਾਰ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਉਪਰੰਤ ਪ੍ਰਿੰਸੀਪਲ ਮਨਜੀਤ ਕੌਰ ਨੇ ਵਿਦਿਆਰਥੀਆਂ ਨਾਲ ਆਪਣੇ ਨਿੱਜੀ ਜੀਵਨ ਦੇ ਤਜਰਬੇ ਸਾਂਝੇ ਕਰਦਿਆਂ ਉਨ੍ਹਾਂ ਨੂੰ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨ ਤੇ ਅਧਿਆਪਕਾਂ ਵੱਲੋਂ ਦਿੱਤੀ ਸਿੱਖਿਆ ਨੂੰ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਅਧਿਆਪਕ ਦਿਵਸ ਨੂੰ ਲੈ ਕੇ ਵਿਦਿਆਰਥੀਆਂ ਵਿੱਚ ਵੀ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ। ਵਿਦਿਆਰਥੀਆਂ ਨੇ ਆਪਣੇ ਅਧਿਆਪਕਾਂ ਨੂੰ ਕਾਰਡ, ਗਿਫ਼ਟ ਅਤੇ ਤੋਹਫ਼ੇ ਭੇਟ ਕੀਤੇ। ਇਸ ਦੇ ਨਾਲ ਹੀ ਕਲਾਸਰੂਮਾਂ ਨੂੰ ਖੂਬਸੂਰਤ ਢੰਗ ਨਾਲ ਸਜਾਇਆ ਗਿਆ ਤੇ ਅਧਿਆਪਕਾਂ ਤੋਂ ਕੇਕ ਕਟਵਾ ਕੇ ਇਸ ਦਿਨ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਸਕੂਲ ਦੇ ਪ੍ਰਬੰਧਕ ਡਾਇਰੈਕਟਰ ਡਾ. ਗੁਰਮੀਤ ਸਿੰਘ ਵੱਲੋਂ ਸਮੂਹ ਅਧਿਆਪਕਾਂ ਲਈ ਲੰਚ ਪਾਰਟੀ ਦਾ ਵੀ ਆਯੋਜਨ ਕੀਤਾ ਗਿਆ।ਇਸ ਮੌਕੇ ਸਕੂਲ ਦੀ ਬਿਹਤਰੀ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਨਿਰੰਤਰ ਮਿਹਨਤ ਕਰ ਰਹੇ ਅਧਿਆਪਕਾਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਟ੍ਰਾਫੀਆਂ ਨਾਲ ਸਨਮਾਨਤ ਕੀਤਾ ਗਿਆ।ਸਨਮਾਨਤ ਅਧਿਆਪਕਾਂ ਨੇ ਮੈਨੇਜਮੈਂਟ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਪੂਰੀ ਮਿਹਨਤ ਤੇ ਲਗਨ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦਾ ਭਰੋਸਾ ਦਿੱਤਾ। ਇਸ ਮੌਕੇ ਸਕੂਲ ਚੇਅਰਮੈਨ ਬਾਬਾ ਕਿਰਪਾਲ ਸਿੰਘ, ਮੈਨੇਜਰ ਸਰਬਜੀਤ ਸਿੰਘ, ਪ੍ਰਬੰਧਕ ਡਾਇਰੈਕਟਰ ਡਾ. ਗੁਰਮੀਤ ਸਿੰਘ ਤੇ ਮੈਨੇਜਮੈਂਟ ਮੈਂਬਰ ਦਵਿੰਦਰ ਸਿੰਘ ਨੇ ਅਧਿਆਪਕ ਦਿਵਸ ਦੀ ਵਧਾਈ ਦਿੰਦਿਆਂ ਅਧਿਆਪਕਾਂ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕੀਤੀ।ਇਸ ਮੌਕੇ ਸਕੂਲ ਕੋਆਰਡੀਨੇਟਰ ਮੈਡਮ ਬਲਜੀਤ ਕੌਰ, ਹਰਗਿੰਦਰ ਕੌਰ, ਸਨਮੀਤ, ਸੰਦੀਪ, ਹਰਿੰਦਰ, ਪ੍ਰਭਜੋਤ, ਅਵਰਿੰਦਰ, ਸੰਦੀਪ, ਰਾਜ਼ਨੀ ਤੇ ਸਮੀਤਾ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।



# ਜੱਜ ਦੀ ਸਰਕਾਰੀ ਰਿਹਾਇਸ਼ ਵਾਲੀ ਕੋਠੀ 'ਤੇ ਚੋਰਾਂ ਨੇ ਕੀਤਾ ਹੱਥ ਸਾਫ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-** ਫਰੀਦਕੋਟ ਵਿੱਚ ਚੋਰਾਂ ਨੇ ਇੱਕ ਵੱਡਾ ਕਾਰਨਾਮਾ ਕਰ ਦਿੱਤਾ, ਜਦੋਂ ਇਤਿਹਾਸਕ ਲਾਲ ਕੋਠੀ, ਜੋ ਅੱਜਕੱਲ੍ਹ ਜੱਜ ਸਾਹਿਬਾਨਾਂ ਨੂੰ ਰਿਹਾਇਸ਼ ਲਈ ਅਲਾਟ ਕੀਤੀ ਜਾਂਦੀ ਹੈ, ਵਿੱਚ ਪੂਰੀ ਤਰ੍ਹਾਂ ਹੱਥ ਸਾਫ ਕਰ ਗਏ।ਚੋਰ ਇਥੋਂ ਏ ਸੀ, ਪੱਖੇ, ਬਲਬ, ਟਿਊਬਾਂ, ਸੈਨਟਰੀ ਦਾ ਸਾਰਾ ਸਾਮਾਨ, ਅਲਮਾਰੀਆਂ, ਦਰਵਾਜ਼ੇ ਤੇ ਖਿੜਕੀਆਂ ਸਮੇਤ ਹੋਰ ਬਹੁਤ ਸਾਰਾ ਸਾਮਾਨ ਚੋਰੀ ਕਰਕੇ ਲੈ ਗਏ। ਇਹ ਘਟਨਾ 1 ਸਤੰਬਰ ਦੀ ਹੈ, ਪਰ ਹੁਣ ਪਤਾ ਲੱਗਣ ਕਰਕੇ ਪੁਲਸ ਨੂੰ ਜ਼ਿਲ੍ਹਾ ਸੈਸ਼ਨ ਜੱਜ ਦੇ ਨਾਜਰ ਨੇ ਇਸ ਚੋਰੀ ਬਾਰੇ ਸੂਚਨਾ ਦਿੱਤੀ ਤੇ ਪੁਲਸ ਨੇ ਹੁਣ ਇਸ ਮਾਮਲੇ ਵਿੱਚ ਪਰਚਾ ਦਰਜ ਕਰਕੇ ਕਾਰਵਾਈ ਸ਼ੁਰੂ ਕੀਤੀ ਹੈ।ਦੱਸਣਯੋਗ ਹੈ ਕਿ ਮਹਾਰਾਜਾ ਫਰੀਦਕੋਟ ਨਾਲ ਸੰਬੰਧਤ ਤੇ ਇਤਿਹਾਸਕ ਲਾਲ ਕੋਠੀ ਨੂੰ ਨਵੇਂ ਸਿਰਿਓਂ ਰੈਨੋਵੇਟ ਕਰਕੇ ਬਣਾਇਆ ਗਿਆ ਹੈ ਤੇ ਇਹ ਅੱਜਕੱਲ੍ਹ ਜੱਜ ਸਾਹਿਬਾਨਾਂ ਨੂੰ ਰਿਹਾਇਸ਼ ਲਈ ਅਲਾਟ ਕੀਤੀ ਜਾਂਦੀ ਹੈ।ਇਸ ਕੋਠੀ ਵਿੱਚ ਰਹਿੰਦੇ ਜੱਜ ਸਾਹਿਬਾਨ ਦੀ ਛੇ ਮਹੀਨੇ ਪਹਿਲਾਂ ਬਦਲੀ ਹੋ ਗਈ ਸੀ ਤੇ ਉਹ ਇਥੋਂ ਸ਼ਿਫਟ ਕਰ ਗਏ, ਇਸ ਕਰਕੇ ਇਹ ਕੋਠੀ ਹੁਣ ਖਾਲੀ ਪਈ ਸੀ, ਜਿਸ ਦਾ ਚੋਰਾਂ ਨੇ ਫਾਇਦਾ ਉਠਾ ਲਿਆ।ਜ਼ਿਕਰਯੋਗ ਹੈ ਕਿ ਇਸ ਕੋਠੀ ਦੇ ਆਲੇ ਦੁਆਲੇ ਸਾਰੇ ਵੱਡੇ ਪੁਲਸ ਅਫਸਰ, ਕਈ ਸਰਕਾਰੀ ਮੁਲਾਜ਼ਮਾਂ ਦੇ ਕੁਆਟਰ ਤੇ ਆਈ ਜੀ ਦੀ ਰਿਹਾਇਸ਼ ਵੀ ਹੈ।

# ਪਾਇਲਟ ਦੀ ਨਿਯੁਕਤੀ ਪੰਜਾਬ 'ਚ ਸਰਕਾਰ ਬਣਾਉਣ ਲਈ ਅਹਿਮ ਸਿੱਧ ਹੋਵੇਗੀ : ਗੁਰਸ਼ਰਨ ਰੰਧਾਵਾ

**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਗੁਰਪਿਆਰ ਸਿੰਘ ਬੱਲ)-** ਜ਼ਿਲ੍ਹਾ ਕਾਂਗਰਸ ਪਟਿਆਲਾ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਨੇ ਦੇਸ਼ ਵਿੱਚ ਅਗਾਂਹਵਧੂ ਸੋਚ ਰੱਖਣ ਵਾਲੇ ਨੌਜਵਾਨ ਲੀਡਰ ਤੇ ਰਾਜਸਥਾਨ ਦੇ ਸਾਬਕਾ ਉੱਪ-ਮੁੱਖ ਮੰਤਰੀ ਸ੍ਰੀ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਹੋਣ 'ਤੇ ਜਿੱਥੇ ਸ੍ਰੀ ਪਾਇਲਟ ਨੂੰ ਵਧਾਈ ਦਿੱਤੀ, ਉੱਥੇ ਹੀ ਦੇਸ਼ ਦੀ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ, ਸਰਵ ਭਾਰਤੀ ਕਾਂਗਰਸ ਦੇ ਪ੍ਰਧਾਨ ਸ੍ਰੀ ਮਲਿਕਾਰਜੁਨ ਖੜਗੇ ਤੇ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਵੀ ਕੀਤਾ।ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਸਚਿਨ ਪਾਇਲਟ ਦੀ ਨਿਯੁਕਤੀ ਨਾਲ ਪੰਜਾਬ ਕਾਂਗਰਸ ਦੇ ਨੌਜਵਾਨ ਤੇ ਕਿਸਾਨ ਵਰਗ ਵਿੱਚ ਭਾਰੀ ਜੋਸ਼ ਦੇਖਣ ਨੂੰ ਮਿਲਿਆ ਹੈ, ਜਿਹੜਾ ਕਾਂਗਰਸ ਦੀ ਸਰਕਾਰ ਬਣਾਉਣ ਲਈ ਸਹਾਈ ਸਿੱਧ ਹੋਵੇਗਾ। ਇਸ ਮੌਕੇ ਬੀਬੀ ਰੰਧਾਵਾ ਨੇ ਪੰਜਾਬ ਕਾਂਗਰਸ ਦੇ ਸਾਬਕਾ ਇੰਚਾਰਜ ਸ੍ਰੀ ਭੁਪੇਸ਼ ਬਘੇਲ ਨੂੰ ਉਨ੍ਹਾਂ ਵੱਲੋਂ ਦਿੱਤੀਆਂ ਸੇਵਾਵਾਂ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਅਸਾਮ ਕਾਂਗਰਸ ਦਾ ਇੰਚਾਰਜ ਬਣਨ ਦੀ ਵਧਾਈ ਦਿੱਤੀ।

ਬੀਬੀ ਰੰਧਾਵਾ ਨੇ ਕਿਹਾ ਕਿ ਸਚਿਨ ਪਾਇਲਟ ਦੇਸ਼ ਦਾ ਉਹ ਨੌਜਵਾਨ ਆਗੂ ਹੈ, ਜਿਸ ਦਾ ਸਿਆਸੀ ਜੀਵਨ ਸੰਘਰਸ਼ਸ਼ੀਲ ਰਿਹਾ ਹੈ।ਉਹ ਰਾਜਸਥਾਨ ਦੇ ਸਾਬਕਾ ਉੱਪ-ਮੁੱਖ ਮੰਤਰੀ ਤੇ ਰਾਜਸਥਾਨ ਕਾਂਗਰਸ ਦੇ ਪ੍ਰਧਾਨ ਦੇ ਨਾਲ ਨਾਲ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਕਾਂਗਰਸ ਪਾਰਟੀ ਲਈ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।

ਜ਼ਿਲ੍ਹਾ ਕਾਂਗਰਸ ਪਟਿਆਲਾ ਵੱਲੋਂ ਸਚਿਨ ਪਾਇਲਟ ਦੀ ਨਿਯੁਕਤੀ ਦਾ ਸਵਾਗਤ ਕਰਨ ਵਾਲਿਆਂ ਵਿੱਚ ਨਿਰਮਲ ਸਿੰਘ ਭੱਟੀਆਂ, ਦੀਦਾਰ ਸਿੰਘ ਦੌਣਕਲਾਂ, ਹਰਵਿੰਦਰ ਸਿੰਘ ਰਾਠੀਆ, ਪਰਮਜੀਤ ਚੌਹਾਨ ਰਤਨਜੀਤ ਜਾਹਲਾਂ, ਟਿੰਕਾ ਗਾਜੇਵਾਸ ਵਿਜੇ ਅਗਰਵਾਲ, ਸਵਰਨ ਮਠਾੜੂ, ਲੱਕੀ ਗਰਗ, ਪੂਜਾ ਗਰਗ, ਨਵੀਨ ਸਿੰਗਲਾ, ਸ਼ਿਵਜੀ ਸ਼ਰਮਾ, ਹਰਦੀਪ ਸਿੰਘ ਕਲਾਰਾ, ਨਛੱਤਰ ਸਿੰਘ ਰਾਈਮਾਜਰਾ, ਕੀਮਤ ਸਿੰਘ ਹਰਚੰਦਪੁਰਾ, ਮਨਦੀਪ ਕੌਰ ਚੌਹਾਨ ਆਦਿ ਸ਼ਾਮਲ ਸਨ।

# ਗੁੱਗਾ ਮਾੜੀ ਦਰਬਾਰ ਮਰਦਾਹੇੜੀ ਵਿਖੇ ਨਤਮਸਤਕ ਹੋਏ ਨਿਰਮਲ ਭੱਟੀਆਂ



**ਸਨੌਰ (ਰਾਜਿੰਦਰ ਸਿੰਘ ਥਿੰਦ)-**ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਤੇ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆਂ ਨੇ ਪਿੰਡ ਮਰਦਾਹੇੜੀ ਵਿਖੇ ਸਥਿਤ ਗੁੱਗਾ ਮਾੜੀ ਦਰਬਾਰ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ। ਇਸ ਮੌਕੇ ਭੱਟੀਆਂ ਨੇ ਕਿਹਾ ਕਿ ਧਾਰਮਿਕ ਸਥਾਨ ਸਾਨੂੰ ਆਪਸੀ ਪਿਆਰ, ਭਾਈਚਾਰੇ, ਸਦਭਾਵਨਾ ਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੇ ਹਨ।ਉਨ੍ਹਾਂ ਕਿਹਾ ਕਿ ਇਲਾਕੇ ਦੀ ਖ਼ੁਸ਼ਹਾਲੀ, ਅਮਨ-ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਹਮੇਸ਼ਾ ਕਾਮਨਾ ਕਰਦੇ ਰਹਿਣਾ ਚਾਹੀਦਾ ਹੈ, ਉਨ੍ਹਾਂ ਦਰਬਾਰ ਵਿਖੇ ਮੱਥਾ ਟੇਕਣ ਉਪਰੰਤ ਪਿੰਡ ਵਾਸੀਆਂ ਤੇ ਸੰਗਤ ਨਾਲ ਮੁਲਾਕਾਤ ਕੀਤੀ। ਇਸ ਮੌਕੇ ਦਵਿੰਦਰ ਸਿੰਘ ਸਰਪੰਚ, ਰੁੱਲਦਾ ਸਿੰਘ, ਸੁੱਖੀ ਨੰਬਰਦਾਰ, ਅਮਰਜੀਤ ਨੰਬਰਦਾਰ, ਹਾਕਮ ਸਿੰਘ, ਦਰਸ਼ਨ ਸਿੰਘ, ਸੰਤ ਰਾਮ, ਮਹਿੰਦਰ ਸਿੰਘ ਸਾਬਕਾ ਸਰਪੰਚ, ਚਰਨ ਦਾਸ, ਜਗਿੰਦਰ ਸਿੰਘ, ਭੰਤ ਸਿੰਘ, ਸਰੂਪ ਸਿੰਘ, ਬੁੱਧੂ ਪੰਚ, ਮਸੀਂ ਪੰਚ, ਰੁੱਲਦੂ ਖਾਨ, ਕੁਲਦੀਪ ਸਿੰਘ ਕਾਲਾ ਸਨੌਰ, ਕਾਹਨ ਸਿੰਘ ਰਾਣਾ ਮੰਜਾਲ, ਰਾਮ ਸਿੰਘ ਵਾਲੀਆ ਸਨੌਰ, ਬਿਕਰਮ ਸਿੰਘ ਮੰਜਾਲ, ਕਾਲਾ ਰਾਏਪੁਰ ਤੇ ਗੁਰਮੀਤ ਬਾਵਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਸੰਗਤ ਹਾਜ਼ਰ ਸਨ।

# ਸਾਹਿਤਕ ਸਮਾਗਮ 'ਚ ਪਵਨ ਹੋਸ਼ੀ ਦਾ ਗ਼ਜ਼ਲ ਸੰਗ੍ਰਹਿ ਲੋਕ ਅਰਪਣ

**ਸੰਗਰੂਰ, (ਪ੍ਰਵੀਨ ਸਿੰਘ)-**ਮਾਲਵਾ ਲਿਖਾਰੀ ਸਭਾ ਸੰਗਰੂਰ (ਰਜਿ:) ਵੱਲੋਂ ਲੇਖਕ ਭਵਨ ਸੰਗਰੂਰ ਵਿਖੇ ਮਹੀਨਾਵਾਰ ਸਾਹਿਤਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਾਹਿਤਕਾਰਾਂ ਦੇ ਵਿਆਪਕ ਇਕੱਠ ਵਿੱਚ ਉੱਭਰਦੇ ਗ਼ਜ਼ਲਕਾਰ ਪਵਨ ਕੁਮਾਰ ਹੋਸ਼ੀ ਦਾ ਪਲੇਠਾ ਗ਼ਜ਼ਲ-ਸੰਗ੍ਰਹਿ 'ਦਿਲ ਦੇ ਨੇੜੇ' ਲੋਕ ਅਰਪਣ ਕੀਤਾ ਗਿਆ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਉੱਘੇ ਗ਼ਜ਼ਲਕਾਰ ਤੇਜਿੰਦਰ ਮਾਰਕੰਡਾ ਨੇ ਕਿਹਾ ਕਿ ਸੂਝ-ਬੂਝ ਦੀ ਵਿਆਪਕਤਾ ਲਈ ਲੇਖਕ ਦਾ ਬਹੁਤ ਸਾਰੀਆਂ ਵਿਚਾਰਧਾਰਾਵਾਂ ਦਾ ਸੁਮੇਲ ਹੋਣਾ ਜ਼ਰੂਰੀ ਹੈ।ਪੁਸਤਕ ਸਬੰਧੀ ਪੜ੍ਹੇ ਆਪਣੇ ਖੋਜਪੂਰਨ ਪਰਚੇ ਵਿੱਚ ਲੇਖਕ ਤੇ ਆਲੋਚਕ ਤਰਲੋਚਨ ਮੀਰ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਦੀ ਗ਼ਜ਼ਲ ਅਜੋਕੇ ਭ੍ਰਿਸ਼ਟ ਸਿਸਟਮ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਦੀ ਹੈ।ਵਿਚਾਰ-ਚਰਚਾ ਨੂੰ ਅੱਗੇ ਤੋਰਦਿਆਂ ਪ੍ਰਿੰ. ਸੰਤ ਸਿੰਘ ਬੀਹਲਾ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਆਪਣੀ ਗ਼ਜ਼ਲ ਵਿੱਚ ਸਰੀਰ, ਮਨ ਤੇ ਚੇਤਨਾ ਦੀ ਗੱਲ ਕਰਦੇ ਹਨ। ਜੰਗੀਰ ਸਿੰਘ ਰਤਨ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਸੰਜੀਦਾ ਸਮਾਜ-ਚਿੰਤਕ ਹਨ।ਡਾ. ਰਾਕੇਸ਼ ਕੁਮਾਰ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਆਤਮ ਪੜਚੋਲ ਦੀ ਗੱਲ ਕਰਨ ਵਾਲੇ ਕਲਮਕਾਰ ਹਨ।ਡਾ. ਮੀਤ ਖਟੜਾ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਨੇ ਆਮ ਆਦਮੀ ਦੇ ਦੁੱਖਾਂ-ਦਰਦਾਂ ਦੀ ਗੱਲ ਕੀਤੀ ਹੈ। ਸੁਖਵਿੰਦਰ ਸਿੰਘ ਲੋਟੇ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਗ਼ਜ਼ਲ ਦੀਆਂ ਬਾਰੀਕੀਆਂ ਨੂੰ ਸਮਝਣ ਵਾਲੇ ਗ਼ਜ਼ਲਕਾਰ ਹਨ।ਪਵਨ ਕੁਮਾਰ ਹੋਸ਼ੀ ਨੇ ਆਪਣੇ ਜੀਵਨ ਤੇ ਲਿਖਣ ਪ੍ਰਕਿਰਿਆ ਬਾਰੇ ਗੱਲਬਾਤ ਕਰਦਿਆਂ ਆਪਣੀਆਂ ਕੁੱਝ ਚੋਣਵੀਆਂ ਗ਼ਜ਼ਲਾਂ ਵੀ ਪੜ੍ਹ ਕੇ ਸੁਣਾਈਆਂ।ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਪ੍ਰਫੁੱਲਤਾ ਲਈ ਪਾਏ ਵਡਮੁੱਲੇ ਯੋਗਦਾਨ ਲਈ ਉਨ੍ਹਾਂ ਨੂੰ ਸਭਾ ਵੱਲੋਂ ਸਨਮਾਨਤ ਕੀਤਾ ਗਿਆ।ਇਸ ਮੌਕੇ ਚਰਚਿਤ ਗੀਤਕਾਰ ਬੱਲੀ ਬਲਜਿੰਦਰ ਈਲਵਾਲ ਦਾ ਗਾਇਆ ਬੇਹੱਦ ਖ਼ੂਬਸੂਰਤ ਗੀਤ 'ਪਿੰਡ ਈਲਵਾਲ' ਵੀ ਲੋਕ ਅਰਪਣ ਕੀਤਾ ਗਿਆ। ਉਪਰੰਤ ਜਨਮ ਅਸ਼ਟਮੀ ਅਤੇ ਅਧਿਆਪਕ ਦਿਵਸ ਨੂੰ ਸਮਰਪਿਤ ਵਿਸ਼ਾਲ ਕਵੀ ਦਰਬਾਰ ਹੋਇਆ, ਜਿਸ ਵਿੱਚ ਸੁਰਿੰਦਰਪਾਲ ਸਿੰਘ ਸਿਦਕੀ, ਜਸਵੀਰ ਸ਼ਰਮਾ ਦੱਧਾਹੂਰ, ਰਣਜੀਤ ਆਜ਼ਾਦ ਕਾਂਝਲਾ, ਅਮਰ ਗਰਗ ਕਲਮਦਾਨ, ਰਤਨਪਾਲ ਡੂਡੀਆਂ, ਜਗਵੀਰ ਸਿੰਘ ਗਾਗਾ, ਖ਼ੁਸ਼ਪ੍ਰੀਤ ਸਿੰਘ ਹਰੀਗੜ੍ਹ, ਮੀਤ ਸਕਰੌਦੀ, ਗੁਰਦੀਪ ਸਿੰਘ ਕੈਂਥ, ਦੇਵੀ ਸਰੂਪ ਮੀਮਸਾ, ਪੇਂਟਰ ਸੁਖਦੇਵ ਧੂਰੀ, ਜੰਗੀਰ ਸਿੰਘ ਰਤਨ, ਬਲਜੀਤ ਸਿੰਘ ਬਾਂਸਲ, ਰਮਨ ਸਿੰਗਲਾ, ਹਨੀ ਸੰਗਰਾਮੀ, ਭੋਲਾ ਸਿੰਘ ਸੰਗਰਾਮੀ, ਮਲਕੀਤ ਸਿੰਘ, ਰਾਜ ਰਾਣੀ, ਨੂਰਪ੍ਰੀਤ ਕੌਰ, ਭੁਪਿੰਦਰ ਨਾਗਪਾਲ, ਹਰਵੀਰ ਸਿੰਘ ਬਾਗ਼ੀ, ਤੇਜਿੰਦਰ ਮਾਰਕੰਡਾ, ਡਾ. ਮੀਤ ਖਟੜਾ, ਡਾ. ਰਾਕੇਸ਼ ਸ਼ਰਮਾ, ਪਵਨ ਕੁਮਾਰ ਹੋਸ਼ੀ, ਗੁਰਜੰਟ ਸਿੰਘ ਮੀਮਸਾ, ਲਵਲੀ ਬਡਰੁੱਖਾਂ ਆਦਿ ਕਵੀਆਂ ਨੇ ਹਿੱਸਾ ਲਿਆ।ਅੰਤ ਵਿੱਚ ਕਰਮ ਸਿੰਘ ਜ਼ਖ਼ਮੀ ਨੇ ਸਾਰੇ ਆਏ ਸਾਹਿਤਕਾਰਾਂ ਲਈ ਧੰਨਵਾਦੀ ਸ਼ਬਦ ਕਹੇ ਤੇ ਮੰਚ ਸੰਚਾਲਨ ਦੀ ਭੂਮਿਕਾ ਰਜਿੰਦਰ ਸਿੰਘ ਰਾਜਨ ਨੇ ਬਾਖ਼ੂਬੀ ਨਿਭਾਈ।



# ਨਵਨਿਯੁਕਤ ਜ਼ਿਲ੍ਹਾ ਪ੍ਰਧਾਨ ਨਵਲਦੀਪ ਮੌਲਵੀਵਾਲਾ ਦਾ ਸਨਮਾਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-** ਆਮ ਆਦਮੀ ਪਾਰਟੀ ਹਲਕਾ ਸ਼ੁਤਰਾਣਾ ਵੱਲੋਂ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਤੇ ਸੀਨੀਅਰ ਆਪ ਆਗੂ ਡੀਟੀਓ ਕਰਨ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਤੇਗ ਬਹਾਦਰ ਸਾਹਿਬ ਵਿਖੇ ਸਨਮਾਨ ਸਮਾਰੋਹ ਕਰਾਇਆ ਗਿਆ।ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਉਣ ਉਪਰੰਤ ਆਪ ਦੇ ਨਵਨਿਯੁਕਤ ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ ਮੌਲਵੀਵਾਲਾ ਦਾ ਵਿਸ਼ੇਸ਼ ਸਨਮਾਨ ਦੇ ਨਾਲ ਨਾਲ ਪੀਆਰਟੀਸੀ ਦੇ ਡਾਇਰੈਕਟਰ ਬਣੇ ਬੂਟਾ ਸਿੰਘ ਵਿਰਕ ਸ਼ੁਤਰਾਣਾ ਤੇ ਪਾਰਸ ਸ਼ਰਮਾ ਮੀਤ ਪ੍ਰਧਾਨ ਨਗਰ ਕੌਂਸਲ ਸਮਾਣਾ ਨੂੰ ਵੀ ਸਨਮਾਨਤ ਕੀਤਾ ਗਿਆ।ਸਨਮਾਨ ਹਾਸਲ ਕਰਨ ਮਗਰੋਂ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਨਵਲਦੀਪ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਹੀ ਰਾਜਨੀਤੀ ਦੇ ਖੇਤਰ ਵਿੱਚ ਇੱਕੋ ਇੱਕ ਅਜਿਹੀ ਪਾਰਟੀ ਹੈ, ਜਿਹੜੀ ਆਮ ਘਰਾਂ ਦੇ ਮਿਹਨਤੀ ਨੌਜਵਾਨਾਂ ਨੂੰ ਮਾਨ ਸਨਮਾਨ ਦਿੰਦੀ ਹੈ।ਉਨ੍ਹਾਂ ਸੌਂਪੀ ਗਈ ਜ਼ਿੰਮੇਵਾਰੀ ਲਈ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਤੇ ਸੂਬਾ ਪ੍ਰਧਾਨ ਅਮਨ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪੂਰੀ ਤਰ੍ਹਾਂ ਪ੍ਰਭਾਵਤ ਹਨ ਤੇ ਆਗਾਮੀ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਦੀ ਵਾਂਗ ਡੋਰ ਮੁੜ ਤੋਂ ਆਪ ਨੂੰ ਸੌਂਪਣ ਦਾ ਮਨ ਬਣਾਈ ਬੈਠੇ ਹਨ।ਉਨ੍ਹਾਂ ਵਲੰਟੀਅਰਾਂ ਨੂੰ ਆਪਸੀ ਗਿਲੇ ਸ਼ਿਕਵੇ ਭੁਲਾ ਕੇ ਪਾਰਟੀ ਲਈ ਵਧ-ਚੜ੍ਹ ਕੇ ਕੰਮ ਕਰਨ ਦਾ ਸੱਦਾ ਦਿੱਤਾ।

## 2 ਕਿੱਲੋ 760 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ



ਗੁਰਦਾਸਪੁਰ (ਜਨਕ ਮਹਾਜਨ, **ਬਲਵਿੰਦਰ ਬਿੱਲਾ**)- ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ੇ ਦੇ ਵਿਰੁੱਧ ਮੁਹਿੰਮ ਤਹਿਤ ਅਤੇ ਡਾਇਰੈਕਟਰ ਜਨਰਲ ਪੁਲਸ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਗੁਰਦਾਸਪੁਰ ਪੁਲਸ ਨੇ ਇੰਸਪੈਕਟਰ ਜਨਰਲ ਪੁਲਸ, ਬਾਰਡਰ ਰੇਂਜ, ਅੰਮ੍ਰਿਤਸਰ ਦੀ ਨਿਗਰਾਨੀ ਹੇਠ ਸਰਹੱਦੀ ਖੇਤਰ ਵਿੱਚ ਸਰਗਰਮ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਇੱਕ ਵੱਡਾ ਝਟਕਾ ਦਿੰਦੇ ਹੋਏ 1 ਮੁਲਜ਼ਮ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 2 ਕਿੱਲੋ 760 ਗ੍ਰਾਮ ਹੈਰੋਇਨ ਅਤੇ 1 ਮੋਟਰਸਾਈਕਲ ਬਰਾਮਦ ਕੀਤਾ ਹੈ। ਹੈਰੋਇਨ ਦੀ ਇਹ ਖੇਪ ਡਰੋਨ ਰਾਹੀਂ ਮੰਗਵਾਈ ਗਈ ਸੀ। ਆਦਿੱਤਯ, ਸੀਨੀਅਰ ਕਪਤਾਨ ਪੁਲਸ, ਗੁਰਦਾਸਪੁਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਹੱਦੀ ਖੇਤਰ ਵਿੱਚ ਡਰੋਨ ਐਕਟੀਵਿਟੀ ਦੇਖੀ ਗਈ ਸੀ। ਇਸ ਖੁਫੀਆ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਸਪੈਸ਼ਲ ਬ੍ਰਾਂਚ, ਗੁਰਦਾਸਪੁਰ ਅਤੇ ਥਾਣਾ ਬਹਿਰਾਮਪੁਰ ਦੀ ਪੁਲਸ ਟੀਮ ਵੱਲੋਂ ਰਾਵੀ ਦਰਿਆ ਦੇ ਕੰਢੇ 'ਤੇ ਨਾਕਾਬੰਦੀ ਕਰਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਸੀ। ਇਸ ਚੈਕਿੰਗ ਦੌਰਾਨ, ਮੋਟਰਸਾਈਕਲ 'ਤੇ ਸਵਾਰ ਇੱਕ ਸ਼ੱਕੀ ਨੌਜਵਾਨ ਨੂੰ ਪੁਲਸ ਪਾਰਟੀ ਵੱਲੋਂ ਕਾਬੂ ਕੀਤਾ ਗਿਆ। ਉਪ ਕਪਤਾਨ ਪੁਲਸ, ਦੀਨਾਨਗਰ ਦੀ ਹਾਜ਼ਰੀ ਵਿੱਚ ਕੀਤੀ ਗਈ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 5 ਪੈਕਟ ਹੈਰੋਇਨ, ਜਿਸ ਦਾ ਵਜ਼ਨ 2 ਕਿੱਲੋ 760 ਗ੍ਰਾਮ ਸੀ, ਬ੍ਰਾਮਦ ਕੀਤੀ ਗਈ। ਇਸ ਦੇ ਆਧਾਰ 'ਤੇ ਮੁਕੱਦਮਾ ਥਾਣਾ ਬਹਿਰਾਮਪੁਰ ਵਿਖੇ ਦਰਜ ਕੀਤਾ ਗਿਆ ਹੈ। ਮੁਢਲੀ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਮੁਲਜ਼ਮ ਨੇ ਹੈਰੋਇਨ ਦੀ ਇਹ ਖੇਪ ਡਰੋਨ ਰਾਹੀਂ ਮੰਗਵਾਈ ਸੀ। ਪੁਲਸ ਵੱਲੋਂ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਤਾਂ ਜੋ ਵੱਡੇ ਨਸ਼ਾ ਤਸਕਰੀ ਨੈੱਟਵਰਕ ਅਤੇ ਇਸ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦਾ ਪਤਾ ਲਗਾਇਆ ਜਾ ਸਕੇ। ਇਸ ਨੈੱਟਵਰਕ ਦੇ ਹੋਰ ਮੈਂਬਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਅਤੇ ਪੂਰੀ ਸਪਲਾਈ ਚੇਨ ਨੂੰ ਤੋੜਨ ਲਈ ਠੋਸ ਯਤਨ ਕੀਤੇ ਜਾਣਗੇ।

## ਲਿਖਤੀ ਤੇ ਫਿਜ਼ੀਕਲ ਦੀ ਮੁਫ਼ਤ ਟ੍ਰੇਨਿੰਗ ਲਈ ਕੈਂਪ ਸ਼ੁਰੂ

ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਸੀ-ਪਾਈਟ ਕੈਂਪ, ਪੱਟੀ (ਤਰਨ ਤਾਰਨ) ਦੇ ਕੈਂਪ ਟ੍ਰੇਨਿੰਗ ਅਫ਼ਸਰ ਕੈਪਟਨ (ਸੇਵਾਮੁਕਤ) ਗੁਰਦਰਸ਼ਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਵੱਖ-ਵੱਖ ਫੋਰਸਾਂ ਵਿੱਚ 25487 ਪੋਸਟਾਂ ਸੀ. ਏ. ਪੀ. ਐਫ (ਜੀ ਡੀ), ਬੀ ਐਸ ਐਫ, ਸੀ ਆਈ ਐਸ ਐਫ, ਸੀ ਆਰ ਪੀ ਐਫ, ਐਸ ਐਸ ਬੀ, ਆਈ ਟੀ ਬੀ ਪੀ, ਏ ਆਰ ਐਸ ਐਸ ਐਫ ਅਤੇ ਐਨ ਆਈ ਏ ਲਈ ਕੱਢੀਆਂ ਜਾ ਰਹੀਆਂ ਹਨ। ਇਨ੍ਹਾਂ ਪੋਸਟਾਂ ਲਈ ਰਜਿਸਟ੍ਰੇਸ਼ਨ ਨਵੰਬਰ ਅਤੇ ਅਕਤੂਬਰ 2026 ਵਿੱਚ ਹੋਣ ਜਾ ਰਹੀ ਹੈ। ਇਨ੍ਹਾਂ ਪੋਸਟਾਂ ਵਿੱਚ ਕੇਵਲ ਲੜਕਿਆਂ ਨੂੰ ਕੈਂਪ ਵਿਖੇ ਲਿਖਤੀ ਪੇਪਰ ਅਤੇ ਫਿਜ਼ੀਕਲ ਦੀ ਮੁਫ਼ਤ ਟ੍ਰੇਨਿੰਗ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਸੀ-ਪਾਈਟ ਕੈਂਪ ਪੱਟੀ ਵਿਖੇ ਤਰਨ ਤਾਰਨ ਜ਼ਿਲ੍ਹੇ ਦੇ ਯੁਵਕ, ਜਿਨ੍ਹਾਂ ਨੇ ਉਪਰੋਕਤ ਪੋਸਟਾਂ ਲਈ ਲਿਖਤੀ ਅਤੇ ਫਿਜ਼ੀਕਲ ਦੀ ਤਿਆਰੀ ਕਰਨੀ ਹੈ, ਉਹ ਜਲਦੀ ਤੋਂ ਜਲਦੀ ਸਵੇਰੇ 9.30 ਵਜੇ ਤੋਂ 11.30 ਵਜੇ ਤੱਕ (ਸੋਮਵਾਰ ਤੋਂ ਸ਼ੁੱਕਰਵਾਰ ਤੱਕ) ਸੀ-ਪਾਈਟ ਕੈਂਪ, ਪੱਟੀ ਵਿਖੇ ਆਪਣਾ ਨਾਮ ਦਰਜ ਕਰਵਾਉਣ ਲਈ ਰਿਪੋਰਟ ਕਰਨ। ਉਨ੍ਹਾਂ ਕਿਹਾ ਕਿ ਯੁਵਕ ਸੀ-ਪਾਈਟ ਕੈਂਪ, ਪੱਟੀ ਵਿਖੇ ਆਪਣਾ ਨਾਮ ਦਰਜ ਕਰਵਾਉਣ/ਟ੍ਰੇਨਿੰਗ ਲੈਣ ਲਈ ਦਸਤਾਵੇਜ਼ ਨਾਲ ਲੈ ਕੇ ਰਿਪੋਰਟ ਕਰਨ।ਉਨ੍ਹਾਂ ਕਿਹਾ ਕਿ ਕੈਂਪ ਵਿੱਚ ਆਉਣ ਸਮੇਂ ਉਪਰੋਕਤ ਕਿਸੇ ਵੀ ਭਰਤੀ, ਜਿਸ ਲਈ ਆਨਲਾਈਨ ਅਪਲਾਈ ਕੀਤਾ ਹੈ, ਉਸ ਦੀ ਫੋਟੋ ਸਟੇਟ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਰੈਜ਼ੀਡੈਂਸ ਦੀ ਫੋਟੋ ਸਟੇਟ ਕਾਪੀ, ਜਾਤੀ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖ਼ਾਤੇ ਦੀ ਫੋਟੋ ਸਟੇਟ ਕਾਪੀ (ਖ਼ਾਤਾ ਚਾਲੂ ਹਾਲਤ ਵਿੱਚ ਹੋਵੇ) ਅਤੇ ਇਕ ਪਾਸਪੋਰਟ ਸਾਈਜ਼ ਦੀ ਫੋਟੋ, ਇਕ ਕਾਪੀ, ਇਕ ਪੈੱਨ, ਖਾਣੇ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ।ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁਲ ਮੁਫ਼ਤ ਦਿੱਤੀ ਜਾਵੇਗੀ ਅਤੇ ਫਿਜ਼ੀਕਲ ਦੀ ਤਿਆਰੀ ਦੀ ਕੋਈ ਵੀ ਫ਼ੀਸ ਨਹੀਂ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਵਧੇਰੇ ਜਾਣਕਾਰੀ ਲਈ 94647-56808 ਅਤੇ 98760-30372 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਹਾਦਸੇ ਦੌਰਾਨ 2 ਕਾਰ ਸਵਾਰਾਂ ਦੀ ਮੌਤ, ਤਿੰਨ ਗੰਭੀਰ ਜ਼ਖ਼ਮੀ



ਧਾਰੀਵਾਲ (ਮਨਦੀਪ ਵਿੱਕੀ)- ਇੱਥੇ ਨੈਸ਼ਨਲ ਹਾਈਵੇ ਅੰਮ੍ਰਿਤਸਰ- ਪਠਾਨਕੋਟ ਰੋਡ ਉਪਰ ਇੱਥੋਂ ਨਜ਼ਦੀਕ ਪਿੰਡ ਸੋਹਲ ਨੇੜੇ ਮਾਤਾ ਵੈਸ਼ਨੋ ਦੇ ਦਰਸ਼ਨ ਕਰਕੇ ਵਾਪਸ ਜਾ ਰਹੀ ਮਰੂਤੀ ਅਰਟਿਗਾ ਕਾਰ ਗਲਤ ਸਾਈਡ ਤੇ ਖੜੇ ਟਰੱਕ ਵਿੱਚ ਟਕਰਾ ਜਾਣ ਨਾਲ ਹਾਦਸਾ ਗ੍ਰਸਤ ਹੋ ਗਈ।ਇਸ ਹਾਦਸੇ ਦੌਰਾਨ ਕਾਰ ਸਵਾਰ ਚਾਲਕ ਸਮੇਤ ਪੰਜ ਜਣਿਆਂ ਵਿੱਚੋਂ ਦੋ ਵਿਅਕਤੀਆਂ ਦੀ ਮੌਕੇ 'ਤੇ ਮੌਤ ਹੋ ਗਈ, ਜਦ ਕਿ ਬਾਕੀ ਤਿੰਨ ਗੰਭੀਰ ਸੱਟਾਂ ਲੱਗੀਆਂ ਹਨ।ਮ੍ਰਿਤਕਾਂ ਦੀ ਪਛਾਣ ਗੇਂਦਾ ਲਾਲ (55) ਪੁੱਤਰ ਖ਼ੁਸ਼ੀ ਲਾਲ ਅਤੇ ਮਹਰਵਾਨ ਸਿੰਘ (58) ਪੁੱਤਰ ਹਰਨਾਮ ਸਿੰਘ ਵਾਸੀਆਂਨ ਖਜੂਰੀਆ ਥਾਣਾ ਇਛਾਵਰ ਜ਼ਿਲ੍ਹਾ ਸਿਹੋਰ (ਮੱਧ ਪ੍ਰਦੇਸ਼) ਵਜੋਂ ਹੋਈ।ਥਾਣਾ ਧਾਰੀਵਾਲ ਦੇ ਐਸ ਐਚ ਓ ਇੰਸਪੈਕਟਰ ਜਤਿੰਦਰ ਪਾਲ ਸਿੰਘ ਨੇ ਦੱਸਿਆ ਕਿ ਹਾਦਸੇ ਦੌਰਾਨ ਜ਼ਖਮੀ ਹੋਏ ਦੌਲਤ ਰਾਮ ਪੁੱਤਰ ਹਰੀ ਰਾਮ ਵਾਸੀ ਸੱਟ ਖੇੜੀ ਥਾਣਾ ਇਛਾਵਰ ਜ਼ਿਲ੍ਹਾ ਸਿਹੋਰ (ਮੱਧ ਪ੍ਰਦੇਸ਼) ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਸਮੇਤ ਨਰਵਤ ਸਿੰਘ ਪੁੱਤਰ ਤਖ਼ਤ ਸਿੰਘ, ਗੇਂਦਾ ਲਾਲ (ਉਮਰ 55 ਸਾਲ) ਪੁੱਤਰ ਖ਼ੁਸ਼ੀ ਲਾਲ , ਮਹਰਵਾਨ ਸਿੰਘ (ਉਮਰ 58 ਸਾਲ) ਪੁੱਤਰ ਹਰਨਾਮ ਸਿੰਘ, ਰਾਮ ਸਿੰਘ ਪੁੱਤਰ ਗਿਰਧਾਰੀ ਸਿੰਘ ਵਾਸੀਆਨ ਖਜੂਰੀਆ ਥਾਣਾ ਇਛਾਵਰ ਜ਼ਿਲ੍ਹਾ ਸਿਹੋਰ (ਮੱਧ ਪ੍ਰਦੇਸ਼) ਇੱਕ ਅਰਟਿਗਾ ਕਾਰ ਨੰਬਰ ਐਮਪੀ-04-ਸੀ ਜੇ -8642 ਵਿੱਚ ਸਵਾਰ ਹੋ ਕੇ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨ ਕਰਕੇ ਸਵੇਰੇ ਸਵੱਖਤੇ ਵਾਪਿਸ ਘਰ ਨੂੰ ਜਾ ਰਹੇ ਸੀ, ਕਾਰ ਨੂੰ ਨਰਵਤ ਸਿੰਘ ਚਲਾ ਰਿਹਾ ਸੀ, ਜਦੋਂ ਉਹ ਸਵੇਰੇ 4 ਵਜੇ ਪਿੰਡ ਸੋਹਲ ਪੁੱਲ ਹਾਈਵੇ ਤੋਂ ਥੋੜਾ ਪਿੱਛੇ ਪੁੱਜੇ ਤਾਂ ਇੱਕ ਟਰੱਕ ਹਾਈਵੇ ਸੜਕ ਤੇ ਗਲਤ ਸਾਈਡ 'ਤੇ ਖੜਾ ਸੀ ਜਿਸ ਦੀ ਕੋਈ ਵੀ ਪਾਰਕਿੰਗ ਲਾਈਟ ਨਹੀਂ ਸੀ ਜਗ ਰਹੀ ਜਿਸ ਕਾਰ ਟਰੱਕ ਦੇ ਪਿੱਛੇ ਟਕਰਾ ਗਈ।ਹਾਦਸੇ ਦੌਰਾਨ ਗੇਂਦਾ ਲਾਲ ਅਤੇ ਮਹਰਵਾਨ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਤਿੰਨ ਜਣਿਆਂ ਬਿਆਨ ਕਰਤਾ (ਦੌਲਤ ਰਾਮ), ਸਮੇਤ ਚਾਲਕ ਨਰਵਤ ਸਿੰਘ, ਰਾਮ ਸਿੰਘ ਅਤੇ ਬਿਆਨ ਕਰਤਾ ਦੌਲਤ ਰਾਮ ਦੇ ਸੱਟਾਂ ਲੱਗ ਗਈਆਂ ਅਤੇ ਕਾਰ ਦਾ ਕਾਫੀ ਨੁਕਸਾਨ ਹੋਇਆ ਹੈ।ਹਾਦਸਾ ਮਗਰੋਂ ਅਣਪਛਾਤਾ ਟਰੱਕ ਡਰਾਈਵਰ ਮੌਕੇ ਤੋਂ ਟਰੱਕ ਸਮੇਤ ਭੱਜ ਗਿਆ। ਇਸ ਸਬੰਧੀ ਜਾਂਚ ਅਧਿਕਾਰੀ ਥਾਣਾ ਧਾਰੀਵਾਲ ਦੇ ਸਬ ਇੰਸਪੈਕਟਰ ਰਛਪਾਲ ਸਿੰਘ ਨੇ ਦੌਲਤ ਰਾਮ ਦੇ ਬਿਆਨਾਂ ਅਨੁਸਾਰ ਅਣਪਛਾਤੇ ਟਰੱਕ ਡਰਾਈਵਰ ਵਿਰੁੱਧ ਵੱਖ ਵੱਖ ਧਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ ਅਤੇ ਲਾਸ਼ਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਭੇਜ ਦਿੱਤਾ। ਟਰੱਕ ਡਰਾਈਵਰ ਦੀ ਭਾਲ ਜਾਰੀ ਹੈ।

## ਨਵੀਆਂ ਵੋਟਾਂ ਬਣਾਉਣ ਲਈ ਬੂਥਾਂ 'ਤੇ ਕੈਂਪ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਡਿਪਟੀ ਕਮਿਸ਼ਨਰ ਅੰਮ੍ਰਿਤਸਰ / ਜ਼ਿਲਾ ਚੋਣ ਅਫ਼ਸਰ ਅੰਮ੍ਰਿਤਸਰ ਅਤੇ ਐਸ.ਡੀ.ਐਮ.- 2 / ਰਿਟਰਨਿੰਗ ਅਫ਼ਸਰ ਗੁਰਮੰਦਰ ਸਿੰਘ ਵਿਧਾਨ ਸਭਾ ਹਲਕਾ 20 ਦੀਆਂ ਹਦਾਇਤਾਂ 'ਤੇ ਇਲੈਕਸ਼ਨ ਕਾਨੂੰਗੋ ਮੈਡਮ ਹਰਜੀਤ ਕੌਰ ਅਤੇ ਇਲੈਕਸ਼ਨ ਸੈਕਟਰ ਅਫਸਰ ਪ੍ਰਦੀਪ ਸਿੰਘ ਗਿੱਲ ਚੇਤਨਪੁਰਾ ਵੱਲੋਂ ਵਿਧਾਨ ਸਭਾ ਹਲਕਾ ਸੈਕਟਰ 20 ਦੇ ਬੂਥਾਂ ਦਾ ਦੌਰਾ ਕੀਤਾ ਗਿਆ। ਇਲੈਕਸ਼ਨ ਸੈਕਟਰ ਅਫਸਰ ਪ੍ਰਦੀਪ ਸਿੰਘ ਗਿੱਲ, ਈ.ਆਰ.ਓ. ਅਵਤਾਰ ਸਿੰਘ ਅਤੇ ਇਲੈਕਸ਼ਨ ਸੈਕਟਰ ਅਫ਼ਸਰ ਹਰਪ੍ਰੀਤ ਸਿੰਘ ਵੇਰਕਾ ਨੇ ਨਵੀਆਂ ਵੋਟਾਂ ਬਣਾਉਣ ਲਈ ਫਾਰਮ 6, 7, 8 ਆਦਿ ਭਰਵਾਏ। ਇਸ ਮੌਕੇ ਇਲੈਕਸ਼ਨ ਕਾਨੂੰਗੋ ਹਰਜੀਤ ਕੌਰ ਨੇ ਕਿਹਾ ਕਿ ਕੰਮ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇ। ਇਹਨਾਂ ਕੈਂਪਾਂ ਸਮੇਂ ਇਲੈਕਸ਼ਨ ਸੈਕਟਰ ਅਫਸਰ ਪ੍ਰਦੀਪ ਸਿੰਘ ਗਿੱਲ ਚੇਤਨਪੁਰਾ, ਹਰਪ੍ਰੀਤ ਸਿੰਘ ਵੇਰਕਾ, ਈ.ਆਰ.ਓ. ਅਵਤਾਰ ਸਿੰਘ ਐਸ.ਡੀ.ਓ. ਅੰਮ੍ਰਿਤਪਾਲ ਸਿੰਘ ਬਾਜਵਾ, ਰਵਿੰਦਰ ਸਿੰਘ ਸੰਧੂ, ਮਹਿੰਦਰਪਾਲ ਸਿੰਘ, ਗੁਰਲੀਨ ਕੌਰ, ਸੁਖਪਾਲ ਸਿੰਘ ਸੰਧੂ, ਮਨਦੀਪ ਸਿੰਘ ਬੁੱਟਰ, ਅਮਨਦੀਪ ਸਿੰਘ ਭਕਨਾ, ਸਰਬਜੀਤ ਸਿੰਘ, ਤੇਜਬੀਰ ਸਿੰਘ, ਸਿਮਰਦੀਪ ਸਿੰਘ, ਪਰਮਿੰਦਰ ਸਿੰਘ, ਰਕੇਸ਼ ਗੁਪਤਾ ਆਦਿ ਸਾਰੇ ਈ.ਆਰ.ਓ ਅਤੇ ਇਲੈਕਸ਼ਨ ਸੈਕਟਰ ਅਫਸਰਾਂ ਨੇ ਆਪਣੇ ਸੈਕਟਰਾਂ ਵਿੱਚ ਨਵੀਆਂ ਵੋਟਾਂ ਬਣਾਉਣ ਲਈ ਫਾਰਮ ਨੰਬਰ 6, 7, 8 ਭਰਵਾਏ।



## ਸ਼ੇਰੋਂ ਖੰਡ ਮਿੱਲ ਮੋਰਚਾ 110ਵੇਂ ਦਿਨ ਵੀ ਜਾਰੀ



ਤਰਨ ਤਾਰਨ (ਨ ਜ਼ ਸ)-ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਦੀ ਮੰਗ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦੀ ਸਥਾਨਕ ਜ਼ਿਲ੍ਹਾ ਇਕਾਈ ਵੱਲੋਂ 21 ਮਈ ਤੋਂ ਲਗਾਏ ਪੱਕੇ ਮੋਰਚੇ ਦੇ 110ਵੇਂ ਦਿਨ ਸੋਮਵਾਰ ਨੂੰ ਕਿਸਾਨ ਆਗੂਆਂ ਨੇ ਮਾਨ ਸਰਕਾਰ ਦੀ ਲੋਕਾਂ ਦੇ ਮਸਲਿਆਂ ਵੱਲ ਪਿੱਠ ਕਰਨ ਦੀ ਲੋਕ ਵਿਰੋਧੀ ਨੀਤੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਇਸ ਮੌਕੇ ਹਾਜ਼ਰ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਜੱਸਾ ਸਿੰਘ ਕੱਦਗਿੱਲ, ਤਰਸੇਮ ਸਿੰਘ ਲੁਹਾਰ, ਮਨਜੀਤ ਸਿੰਘ ਬੱਗੂ, ਗੁਰਪ੍ਰੀਤ ਸਿੰਘ ਗੰਡੀਵਿੰਡ, ਡਾਕਟਰ ਇੰਦਰਜੀਤ ਸਿੰਘ ਮਰਹਾਣਾ, ਜਸਬੀਰ ਸਿੰਘ ਨਿੱਝਰ ਆਦਿ ਨੇ ਕਿਹਾ ਕਿ ਸ਼ੇਰੋਂ ਖੰਡ ਮਿੱਲ ਦੇ ਮਸਲੇ 'ਤੇ ਪੰਜਾਬ ਦੀ ਮਾਨ ਸਰਕਾਰ ਦਾ ਰਵੱਈਆ ਬੇਹੱਦ ਗੈਰ ਜ਼ਿੰਮੇਵਾਰਾਨਾ ਅਤੇ ਗੈਰ ਸੰਜੀਦਾ ਹੈ ਕਿਉਂਕਿ ਆਮ ਆਦਮੀ ਪਾਰਟੀ ਦੇ ਸਥਾਨਕ ਜ਼ਿਲ੍ਹੇ ਨਾਲ ਸੰਬੰਧਤ ਐਮ ਐਲ ਏ ਲੋਕਾਂ ਦੇ ਇਸ ਮਹੱਤਵਪੂਰਨ ਮੁੱਦੇ 'ਤੇ ਸੰਯੁਕਤ ਕਿਸਾਨ ਮੋਰਚੇ ਦੀ ਲੀਡਰਸ਼ਿਪ ਨਾਲ ਪਿਛਲੇ ਇਕ ਸਾਲ ਤੋਂ ਗੱਲਬਾਤ ਕਰਨ ਲਈ ਵੀ ਤਿਆਰ ਨਹੀਂ ਹੋਏ। ਜਿਸ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਨੇ 21 ਮਈ ਤੋਂ ਪੱਕਾ ਮੋਰਚਾ ਲਗਾਇਆ ਹੈ ਜੋ ਵਿਧਾਨ ਸਭਾ ਚੋਣਾਂ ਤੱਕ ਲਗਾਤਾਰ ਜਾਰੀ ਰਹੇਗਾ ਅਤੇ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੇ ਚੋਣਾਂ ਲੜਨ ਵਾਲੇ ਲੀਡਰਾਂ ਨੂੰ ਖੰਡ ਮਿੱਲ ਦੇ ਮਸਲੇ 'ਤੇ ਜਵਾਬ ਦੇਣ ਲਈ ਮਜਬੂਰ ਕਰੇਗਾ।ਇਸ ਮੌਕੇ ਤੇ ਹਾਜ਼ਰ ਹੋਰ ਕਿਸਾਨ ਆਗੂਆਂ ਰੇਸ਼ਮ ਸਿੰਘ ਫੈਲੋਕੇ, ਗੁਰਚਰਨ ਸਿੰਘ ਸਭਰਾ, ਕਸ਼ਮੀਰ ਸਿੰਘ ਸ਼ੇਰੋਂ, ਪ੍ਰਿੰਸੀਪਲ ਦਲਬੀਰ ਸਿੰਘ ਦਿਓਲ, ਕਾ .ਚਰਨ ਸਿੰਘ ਤਰਨ ਤਾਰਨ, ਬਲਦੇਵ ਸਿੰਘ ਸ਼ੇਰੋਂ, ਗੁਰਮੇਜ ਸਿੰਘ ਗੋਰਖਾ, ਸੁਖਰਾਜ ਸਿੰਘ ਠੱਠੀਆਂ ਮਹੰਤਾਂ, ਬਲਵਿੰਦਰ ਸਿੰਘ ਮੁੰਡਾ ਪਿੰਡ, ਸਰਪੰਚ ਦਿਲਬਾਗ ਸਿੰਘ, ਕੈਪਟਨ ਸਿੰਘ ਬਘਿਆੜੀ, ਮਾਸਟਰ ਗੁਰਨਾਮ ਸਿੰਘ, ਹਰਭਜਨ ਸਿੰਘ ਚੂਸਲੇਵੜ, ਹਰਭਜਨ ਸਿੰਘ ਖਾਰਾ ਆਦਿ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਹਠ ਧਰਮੀ ਵਾਲੇ ਰਵੱਈਏ ਖਿਲਾਫ ਲੜੇ ਜਾ ਰਹੇ ਸੰਘਰਸ਼ ਨੂੰ ਹੋਰ ਮਜ਼ਬੂਤੀ ਨਾਲ ਲੜਨ ਦਾ ਅਹਿਦ ਲਿਆ।

## ਨਾਟਕਕਾਰ ਗੁਰਸ਼ਰਨ ਸਿੰਘ ਦੇ 97ਵੇਂ ਜਨਮ ਦਿਵਸ ਮੌਕੇ ਗੀਤ-ਸੰਗੀਤ ਤੇ ਨਾਟਕ ਸਮਾਗਮ 16 ਨੂੰ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ/ਕੰਵਲਜੀਤ ਸਿੰਘ)-ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਅਤੇ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ ਵੱਲੋਂ ਮੰਚ-ਰੰਗ ਮੰਚ ਦੇ ਸਹਿਯੋਗ ਨਾਲ ਪ੍ਰਸਿੱਧ ਲੋਕ ਪੱਖੀ ਇਨਕਲਾਬੀ ਨਾਟਕਕਾਰ ਅਤੇ ਸਮਾਜਿਕ ਚਿੰਤਕ ਗੁਰਸ਼ਰਨ ਭਾਅ ਜੀ ਦੇ 97ਵੇਂ ਜਨਮ ਦਿਨ ਮੌਕੇ 16 ਸਤੰਬਰ ਨੂੰ ਬਾਅਦ ਦੁਪਹਿਰ ਢਾਈ ਵਜੇ ਉਨ੍ਹਾਂ ਦੇ ਅੰਮ੍ਰਿਤਸਰ ਸਥਿਤ ਜੱਦੀ ਘਰ ਗੁਰੂ ਖਾਲਸਾ ਨਿਵਾਸ, ਨਜ਼ਦੀਕ ਰਣਜੀਤਪੁਰਾ ਵਿਖੇ ਇਕ ਲੋਕ ਪੱਖੀ ਗੀਤ ਸੰਗੀਤ ਅਤੇ ਨਾਟਕ ਦਾ ਸੱਭਿਆਚਾਰਕ ਸਮਾਗਮ ਕਰਵਾਇਆ ਜਾਵੇਗਾ।ਇਸ ਸਮਾਗਮ ਦੀ ਤਿਆਰੀ ਸੰਬੰਧੀ ਹੋਈ ਇਕ ਵਿਸ਼ੇਸ਼ ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਕਮੇਟੀ ਦੇ ਕਨਵੀਨਰ ਡਾ. ਪਰਮਿੰਦਰ ਸਿੰਘ ਅਤੇ ਮੈਂਬਰ ਸੁਮੀਤ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਨਾਮਵਰ ਮਨੁੱਖੀ ਅਧਿਕਾਰ ਕਾਰਕੁਨ ਡਾ. ਨਵਸ਼ਰਨ ਅਤੇ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਵੱਲੋਂ ਜਿੱਥੇ ਗੁਰਸ਼ਰਨ ਭਾਅ ਜੀ ਵੱਲੋਂ ਇਨਕਲਾਬੀ ਰੰਗਮੰਚ ਦੇ ਖੇਤਰ ਵਿੱਚ ਪਾਏ ਅਮੁੱਲੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ, ਉਥੇ ਹੀ ਪ੍ਰਸਿੱਧ ਲੋਕ ਪੱਖੀ ਗਾਇਕ ਜੋੜੀ ਵਿਨੇ- ਚਾਰੁਲ ਅਤੇ ਪਿੱਠਵਰਤੀ ਗਾਇਕ ਕੁਸ਼ਾਗਰ ਕਾਲੀਆ ਤੇ ਸਾਥੀਆਂ ਵੱਲੋਂ ਲੋਕ ਪੱਖੀ ਗੀਤ ਸੰਗੀਤ ਦੀ ਪੇਸ਼ਕਾਰੀ ਦੇ ਇਲਾਵਾ ਨਾਟਕਕਾਰ ਅਨੀਤਾ ਸ਼ਬਦੀਸ਼ ਵੱਲੋਂ ਨਾਟਕ 'ਨਵਾਂ ਜਨਮ' ਦਾ ਮੰਚਨ ਕੀਤਾ ਜਾਵੇਗਾ।ਇਸ ਮੌਕੇ ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਵੱਲੋਂ ਲੋਕ ਪੱਖੀ ਇਨਕਲਾਬੀ ਸੱਭਿਆਚਾਰਕ ਲਹਿਰ ਨੂੰ ਅੱਗੇ ਵਧਾਉਣ ਵਿੱਚ ਆਜੀਵਨ ਘਾਲਣਾ ਘਾਲਣ ਵਾਲੇ ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਪ੍ਰਧਾਨ ਅਤੇ ਅਣਥੱਕ ਕਾਮੇ ਅਮੋਲਕ ਸਿੰਘ ਨੂੰ 'ਗੁਰਸ਼ਰਨ ਸਿੰਘ ਸਿਮਰਤੀ ਚਿੰਨ੍ਹ' ਨਾਲ ਸਲਾਮ ਕੀਤਾ ਜਾਵੇਗਾ।

ਇਸ ਉਪਰੰਤ ਰਾਤ 8 ਵਜੇ ਪ੍ਰਸਿੱਧ ਦਸਤਾਵੇਜ਼ੀ ਫਿਲਮ ਨਿਰਮਾਤਾ ਨਕੁਲ ਸਾਹਨੀ ਵੱਲੋਂ ਇਤਿਹਾਸਕ ਕਿਸਾਨ ਅੰਦੋਲਨ ਉਤੇ ਬਣਾਈ ਵਿਸ਼ੇਸ਼ ਦਸਤਾਵੇਜ਼ੀ ਫਿਲਮ 'ਲੱਖਾਂ ਬਗਾਵਤਾਂ' ਦਾ ਪ੍ਰਸਾਰਨ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਹਾਜ਼ਰ ਜਮਹੂਰੀ ਅਧਿਕਾਰ ਸਭਾ ਦੇ ਆਗੂ ਯਸ਼ਪਾਲ ਝਬਾਲ, ਪ੍ਰਮੋਦ ਕੁਮਾਰ, ਜਮਹੂਰੀ ਕਿਸਾਨ ਸਭਾ ਤੋਂ ਮੰਗਲ ਟਾਂਡਾ ਅਤੇ ਨਿਰਮਲ ਸਿੰਘ, ਤਰਕਸ਼ੀਲ ਸੁਸਾਇਟੀ ਤੋਂ ਪ੍ਰਿ. ਮੇਲਾ ਰਾਮ ਅਤੇ ਮੰਚ-ਰੰਗ ਮੰਚ ਤੋਂ ਅਦਾਕਾਰ ਜਸਵੰਤ ਜੱਸ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਆਪਣੇ ਵਿਚਾਰ ਸਾਂਝੇ ਕੀਤੇ। ਇਸ ਦੇ ਇਲਾਵਾ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ), ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ,ਕਿਰਤੀ ਕਿਸਾਨ ਯੂਨੀਅਨ ਪੰਜਾਬ, ਆਲ ਇੰਡੀਆ ਕਿਸਾਨ ਸਭਾ ਸਮੇਤ ਰੰਗ ਮੰਚ, ਡੈਮੋਕ੍ਰੇਟਿਕ ਟੀਚਰਜ਼ ਫਰੰਟ, ਸਾਹਿਤਕ, ਮੁਲਾਜ਼ਮ ਅਤੇ ਮਜ਼ਦੂਰ ਸੰਸਥਾਵਾਂ ਨੇ ਟੈਲੀਫੋਨ ਰਾਹੀਂ 16 ਸਤੰਬਰ ਨੂੰ ਭਰਵੀਂ ਸ਼ਮੂਲੀਅਤ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਨੇ ਸਮੂਹ ਰੰਗਕਰਮੀਆਂ, ਨਾਟਕ ਪ੍ਰੇਮੀਆਂ, ਸੱਭਿਆਚਾਰ ਤੇ ਤਰਕਸ਼ੀਲ ਕਾਰਕੁਨਾਂ, ਲੇਖਕਾਂ ਸਮੇਤ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਿਦਿਆਰਥੀਆਂ, ਔਰਤਾਂ, ਅਧਿਆਪਕਾਂ ਆਦਿ ਅਤੇ ਲੋਕ ਪੱਖੀ ਜਨਤਕ ਤੇ ਜਮਹੂਰੀ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।

## ਤਰਨ ਤਾਰਨ ਤੋਂ ਪਟਿਆਲੇ ਲਈ ਐਨ ਐਚ ਐਮ ਮੁਲਾਜ਼ਮ ਅੱਜ ਹੋਣਗੇ ਰਵਾਨਾ

### * ਪੰਜਾਬ ਦੇ ਮੁਲਾਜ਼ਮਾਂ ਵੱਲੋਂ ਸਿਹਤ ਮੰਤਰੀ ਦਾ ਕੀਤਾ ਜਾਵੇਗਾ ਘਿਰਾਓ : ਚੌਹਾਨ



ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਡਾ) ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ ਤੇ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਾਲੇ ਐਨ ਐਚ ਐਮ ਕਰਮਚਾਰੀ ਪ੍ਰਸ਼ਾਸਨ ਦੇ ਲਾਰਿਆਂ ਦਾ ਸ਼ਿਕਾਰ ਹੋ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਐਨ ਐਮ ਐਚ ਯੂਨੀਅਨ ਤਰਨ ਤਾਰਨ ਜ਼ਿਲ੍ਹਾ ਜਰਨਲ ਸਕੱਤਰ ਮਨਦੀਪ ਸਿੰਘ ਚੌਹਾਨ ਨੇ ਕੀਤਾ। ਉਹਨਾਂ ਦੱਸਿਆ ਕਿ ਐਨ ਐਚ ਐਮ ਕਰਮਚਾਰੀਆਂ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਹਨਾਂ ਨੂੰ ਰੈਗੂਲਰ ਕਰਨ ਦਾ ਵਾਅਦਾ ਕੀਤਾ ਸੀ ਪਰ ਹੁਣ ਸਮੇਂ ਸਮੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਨ ਐਚ ਐਮ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਜਗ੍ਹਾ ਉਹਨਾਂ ਨੂੰ ਲਾਰੇ ਤੇ ਲਾਰਾ ਲਗਾਇਆ ਜਾ ਰਿਹਾ ਹੈ।ਉਹਨਾਂ ਦੱਸਿਆ ਕਿ ਹੱਕੀ ਮੰਗਾਂ ਖਾਤਰ ਅੱਜ ਪੂਰੇ ਪੰਜਾਬ ਭਰ ਦੇ ਐਨ ਐਚ ਐਮ ਕਰਮਚਾਰੀ ਪਟਿਆਲਾ ਵਿਖੇ ਸਿਹਤ ਮੰਤਰੀ ਦਾ ਘਿਰਾਓ ਕਰਨ ਲਈ ਅੱਜ ਪਟਿਆਲਾ ਵਿਖੇ ਪਹੁੰਚੇ ਰਹੇ ਹਨ। ਉਹਨਾਂ ਦੱਸਿਆ ਕਿ ਜੇਕਰ ਮੁੱਖ ਮੰਤਰੀ ਮਾਨ ਵੱਲੋਂ ਉਹਨਾਂ ਨੂੰ ਰੈਗੂਲਰ ਨਾ ਕੀਤਾ ਤਾਂ ਵੱਡੇ ਪੱਧਰ ਤੇ ਸੰਘਰਸ਼ ਵਿੱਢਿਆ ਜਾਵੇਗਾ। ਇਸ ਸਮੇਂ ਜ਼ਿਲ੍ਹਾ ਤਰਨ ਤਾਰਨ ਅਧੀਨ ਆਉਂਦੇ ਵੱਖ ਵੱਖ ਬਲਾਕਾਂ ਦੇ ਐਸ ਐਮ ਓ ਸਾਹਿਬਾਨ ਨੂੰ ਮਾਸ ਲੀਵ ਸਬੰਧੀ ਪੱਤਰ ਵੀ ਸੌਂਪੇ ਗਏ ਹਨ। ਇਸ ਸਮੇਂ ਪ੍ਰਧਾਨ ਜੈਸਮੀਨ ਕੌਰ, ਪ੍ਰਧਾਨ ਜੁਗਰਾਜ ਕੌਰ, ਪ੍ਰਧਾਨ ਰਵਿੰਦਰ ਕੌਰ, ਸਿਮਰਜੀਤ ਸਿੰਘ ਤਰਨ ਤਾਰਨ, ਕਵਲਜੀਤ ਕੌਰ ਤਰਨ ਤਾਰਨ, ਸੰਦੀਪ ਸਿੰਘ ਤਰਨ ਤਾਰਨ, ਮੈਡਮ ਰਜਨੀ ਤਰਨ ਤਾਰਨ, ਤੇਜਿੰਦਰ ਸਿੰਘ ਤਰਨ ਤਾਰਨ, ਅਮਨਦੀਪ ਸਿੰਘ ਘਰਿਆਲਾ, ਅਮਨਦੀਪ ਸਿੰਘ ਝਬਾਲ, ਸਨਦੀਪ ਕੈਰੋਂ, ਡਾਕਟਰ ਤਰਸੇਮ ਕੈਰੋਂ, ਕੇ ਪੀ ਕੈਰੋਂ, ਜਗਦੀਪ ਕੌਰ ਕਸੇਲ, ਅਮਰਜੀਤ ਕੌਰ ਕੈਰੋਂ, ਕੁਲਵੰਤ ਕੌਰ ਸਰਹਾਲੀ, ਵਿਸ਼ਾਲ ਕੁਮਾਰ ਸਰਹਾਲੀ, ਸੁਪਰੀਤ ਕੌਰ ਸੀ ਐਚ ਓ ਆਦਿ ਹਾਜ਼ਰ ਸਨ।

## ਵਿਆਹ ਪੁਰਬ ਸਮਾਗਮ ਨੂੰ ਮੁੱਖ ਰੱਖਦਿਆਂ ਸ਼ਹਿਰ ਅੰਦਰ ਵੱਖ-ਵੱਖ ਕਾਰਜ ਜਾਰੀ



ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਨਹਿਰੂ ਗੇਟ ਵਿਖੇ ਬਾਬਾ ਜੀ ਦੇ ਵਿਆਹ ਸਮਾਗਮ ਨੂੰ ਮੱਦੇਨਜ਼ਰ ਰੱਖਦਿਆਂ ਸੰਗਤਾਂ ਦੀ ਆਵਾਜਾਈ ਦੀ ਸਹੂਲਤ ਤਹਿਤ ਨਹਿਰੂ ਗੇਟ ਦੇ ਰਸਤੇ ਵਿੱਚ ਆ ਰਹੇ ਟਰਾਂਸਫਾਰਮਰ ਨੂੰ ਸਾਈਡ 'ਤੇ ਕਰਵਾਇਆ ਗਿਆ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਇਸ ਉਪਰਾਲੇ ਦਾ ਮੁੱਖ ਮਕਸਦ ਸਮਾਗਮ ਦੌਰਾਨ ਆਉਣ ਵਾਲੀ ਸੰਗਤ ਲਈ ਰਸਤਾ ਖੁੱਲ੍ਹਾ ਅਤੇ ਸੁਚੱਜਾ ਬਣਾਉਣਾ ਹੈ, ਤਾਂ ਜੋ ਸੰਗਤ ਨੂੰ ਆਉਣ-ਜਾਣ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਅੱਗੇ ਕਿਹਾ ਕਿ ਵਿਆਹ ਪੁਰਬ ਸਮਾਗਮ ਦੇ ਸੰਬੰਧ ਵਿੱਚ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਟਾਲਾ ਸ਼ਹਿਰ ਅੰਦਰ ਵੱਖ ਵੱਖ ਵਿਕਾਸ ਕਾਰਜ ਜਾਰੀ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਸੀਵਰੇਜ ਦੀ ਸਫਾਈ, ਗਲੀਆਂ ਦਾ ਨਿਰਮਾਣ ਅਤੇ ਸਫਾਈ ਸਮੇਤ ਵੱਖ ਵੱਖ ਕਾਰਜ ਜਾਰੀ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸਾਰੀਆਂ ਵਾਰਡਾਂ ਵਿੱਚ ਵੱਖ ਵੱਖ ਵਿਕਾਸ ਕੰਮ ਪਾਰਦਰਸ਼ੀ ਢੰਗ ਨਾਲ ਚੱਲ ਰਹੇ ਹਨ ਅਤੇ ਪਿਛਲੇ ਸਾਢੇ ਚਾਰ ਸਾਲਾਂ ਅੰਦਰ ਹਰ ਵਰਗ ਦੀ ਭਲਾਈ ਲਈ ਵਿਕਾਸ ਕੰਮ ਕੀਤੇ ਗਏ ਹਨ।

## ਸਚਿਨ ਪਾਇਲਟ ਨੂੰ ਮਿਲੇ ਔਜਲਾ, ਚੋਣਾਂ 'ਤੇ ਹੋਈ ਚਰਚਾ



**ਛੇਹਰਟਾ/ਜੈਂਤੀਪੁਰ (ਮਨੋਜ ਕੁਮਾਰ, ਸੁਖਬੀਰ ਸਿੱਧੂ)**-ਪੰਜਾਬ ਕਾਂਗਰਸ ਦਾ ਨਵਾਂ ਇੰਚਾਰਜ ਨਿਯੁਕਤ ਕੀਤੇ ਜਾਣ ਤੋਂ ਬਾਅਦ ਰਾਜਸਥਾਨ ਦੇ ਸੀਨੀਅਰ ਕਾਂਗਰਸੀ ਆਗੂ ਸਚਿਨ ਪਾਇਲਟ ਨਾਲ ਸੋਮਵਾਰ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਮੁਲਾਕਾਤ ਕੀਤੀ। ਇਸ ਦੌਰਾਨ ਔਜਲਾ ਨੇ ਸਚਿਨ ਪਾਇਲਟ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਉਨ੍ਹਾਂ ਦੇ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਪੰਜਾਬ ਕਾਂਗਰਸ ਦਾ ਇੰਚਾਰਜ ਬਣਾਏ ਜਾਣ 'ਤੇ ਵੀ ਸ਼ੁੱਭਕਾਮਨਾਵਾਂ ਦਿੱਤੀਆਂ। ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਾਲੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ, ਕਾਂਗਰਸ ਸੰਗਠਨ ਦੀ ਮਜ਼ਬੂਤੀ ਅਤੇ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਚਰਚਾ ਹੋਈ।ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਸਚਿਨ ਪਾਇਲਟ ਇਕ ਨੌਜਵਾਨ, ਊਰਜਾਵਾਨ ਅਤੇ ਤਜਰਬੇਕਾਰ ਆਗੂ ਹਨ। ਉਨ੍ਹਾਂ ਦੇ ਲੰਬੇ ਸਿਆਸੀ ਅਤੇ ਸੰਗਠਨਾਤਮਕ ਤਜਰਬੇ ਦਾ ਲਾਭ ਪੰਜਾਬ ਕਾਂਗਰਸ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਪਾਇਲਟ ਦੀ ਅਗਵਾਈ ਅਤੇ ਮਾਰਗਦਰਸ਼ਨ ਹੇਠ ਪਾਰਟੀ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਕਾਂਗਰਸ ਨਾਲ ਜੋੜਿਆ ਜਾਵੇਗਾ।ਕਾਂਗਰਸ ਇਕਜੁੱਟ ਹੋ ਕੇ ਚੋਣ ਮੈਦਾਨ ਵਿੱਚ ਉਤਰੇਗੀ ਅਤੇ ਪੰਜਾਬ ਵਿੱਚ ਮਜ਼ਬੂਤੀ ਨਾਲ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਪਾਰਟੀ ਦਾ ਟੀਚਾ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪ੍ਰਮੁੱਖਤਾ ਨਾਲ ਉਠਾਉਣਾ ਅਤੇ ਬੂਥ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਅਤੇ ਵਰਕਰਾਂ ਵਿੱਚ ਨਵੇਂ ਇੰਚਾਰਜ ਦੀ ਨਿਯੁਕਤੀ ਨੂੰ ਲੈ ਕੇ ਉਤਸ਼ਾਹ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਸਮੇਤ ਪਾਰਟੀ ਦੇ ਸੀਨੀਅਰ ਆਗੂਆਂ ਨੇ ਵੀ ਸਚਿਨ ਪਾਇਲਟ ਦੀ ਨਿਯੁਕਤੀ ਦਾ ਸਵਾਗਤ ਕੀਤਾ ਹੈ। ਪਾਰਟੀ ਲੀਡਰਸ਼ਿਪ ਇਕਜੁੱਟ ਹੋ ਕੇ ਆਉਣ ਵਾਲੀਆਂ ਚੋਣਾਂ ਦੀਆਂ ਤਿਆਰੀਆਂ ਨੂੰ ਅੱਗੇ ਵਧਾਏਗੀ।ਸੰਸਦ ਮੈਂਬਰ ਔਜਲਾ ਨੇ ਕਾਂਗਰਸ ਆਗੂ ਰਾਹੁਲ ਗਾਂਧੀ ਦੇ ਆਉਣ ਵਾਲੇ ਪੰਜਾਬ ਦੌਰੇ ਨੂੰ ਲੈ ਕੇ ਵੀ ਚਰਚਾ ਦਾ ਜ਼ਿਕਰ ਕੀਤਾ। ਰਾਹੁਲ ਗਾਂਧੀ ਦੇ ਪੰਜਾਬ ਦੌਰੇ, ਸਚਿਨ ਪਾਇਲਟ ਦੇ ਸੰਗਠਨਾਤਮਕ ਤਜਰਬੇ ਅਤੇ ਪਾਰਟੀ ਆਗੂਆਂ ਦੀ ਇਕਜੁੱਟਤਾ ਨਾਲ ਕਾਂਗਰਸ ਦੀਆਂ 2027 ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਨੂੰ ਨਵੀਂ ਗਤੀ ਮਿਲੇਗੀ।ਔਜਲਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਬਦਲਾਅ ਚਾਹੁੰਦੀ ਹੈ ਅਤੇ ਕਾਂਗਰਸ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਏਗੀ। ਪਾਰਟੀ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਕਰਦਿਆਂ ਸਾਲ 2027 ਵਿੱਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਉਣ ਦੇ ਟੀਚੇ ਨਾਲ ਕੰਮ ਕਰੇਗੀ।

## ਇੰਡੀਅਨ ਆਇਲ ਕਾਰਪੋਰੇਸ਼ਨ ਵੱਲੋਂ ਪੇਂਡੂ ਇਲਾਕੇ 'ਚ ਬੁਕਿੰਗ ਦਾ ਸਮਾਂ ਘੱਟ ਕੀਤਾ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)- ਸਥਾਨਕ ਗੈਸ ਏਜੰਸੀ ਮਹਾਰਾਜਾ ਗੈਸ ਸਰਵਿਸ ਦੇ ਪੋਰਪ੍ਰੈਟਰ ਸਿਮਰਜੀਤ ਕੌਰ ਨੇ ਇੰਡੀਅਨ ਆਇਲ ਦੇ ਗਾਹਕਾਂ ਨੂੰ ਸੂਚਿਤ ਕਰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇੰਡੀਅਨ ਆਇਲ ਕਾਰਪੋਰੇਸ਼ਨ ਨੇ ਆਪਣੇ ਗਾਹਕਾਂ ਨੂੰ ਡਿਲੀਵਰੀ ਤੋਂ ਡਿਲੀਵਰੀ ਦਾ ਸਮਾਂ ਘੱਟ ਕਰ ਦਿੱਤਾ ਹੈ। ਹੁਣ ਡਿਲੀਵਰੀ ਤੋਂ ਡਿਲੀਵਰੀ 25 ਦਿਨ ਬਾਅਦ ਕਰ ਦਿੱਤੀ ਗਈ ਹੈ। ਕਸਟਮਰ ਪਹਿਲੀ ਡਿਲੀਵਰੀ ਤੋਂ 25 ਦਿਨ ਬਾਅਦ ਦੂਸਰਾ ਸਿਲੰਡਰ ਬੁੱਕ ਕਰ ਸਕਦਾ ਹੈ ਅਤੇ ਗੈਸ ਲੈ ਸਕਦਾ ਹੈ। ਪਹਿਲਾਂ ਸਰਕਾਰ ਦੁਆਰਾ ਸ਼ਹਿਰੀ ਏਰੀਏ ਵਿੱਚ 25 ਦਿਨ ਅਤੇ ਪੇਂਡੂ ਏਰੀਏ ਵਿੱਚ 45 ਦਿਨ ਦਾ ਸਮਾਂ ਮਿਥਿਆ ਗਿਆ ਸੀ ਜੋ ਕਿ ਖਤਮ ਕਰ ਦਿੱਤਾ ਗਿਆ ਹੈ। ਹੁਣ ਪੇਂਡੂ ਏਰੀਏ ਅਤੇ ਸ਼ਹਿਰੀ ਏਰੀਏ ਨੂੰ ਬਰਾਬਰ ਸਹੂਲਤ ਮੁਹੱਈਆ ਕੀਤੀ ਜਾ ਰਹੀ ਹੈ। ਸੋ ਗਾਹਕ ਆਪਣੀ ਜ਼ਰੂਰਤ ਮੁਤਾਬਕ ਪਹਿਲਾ ਸਿਲੰਡਰ ਲਏ ਨੂੰ 25 ਦਿਨ ਬਾਅਦ ਦੂਸਰਾ ਸਿਲੰਡਰ ਬੁੱਕ ਕਰਕੇ ਮੌਕੇ 'ਤੇ ਹੀ ਸਪਲਾਈ ਲੈ ਸਕਦੇ ਹਨ।

## ਸਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸਕੂਲ 'ਚ ਅਧਿਆਪਕ ਦਿਵਸ ਮਨਾਇਆ



ਧਾਰੀਵਾਲ (ਮਨਦੀਪ ਵਿੱਕੀ)- ਸਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿੱਚ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਉਪਰੰਤ ਭਾਰਤ ਦੇ ਸਾਬਕਾ ਰਾਸ਼ਟਰਪਤੀ ਅਤੇ ਮਹਾਨ ਸਿੱਖਿਆ ਸ਼ਾਸਤਰੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਇੱਕ ਸ਼ਾਨਦਾਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਕਵਿਤਾਵਾਂ, ਨਾਚ ਅਤੇ ਸਕਿੱਟਾਂ ਰਾਹੀਂ ਆਪਣੀ ਕਲਾ ਦਾ ਸੁੰਦਰ ਪ੍ਰਦਰਸ਼ਨ ਕੀਤਾ। ਸਮਾਗਮ ਦਾ ਮੁੱਖ ਆਕਰਸ਼ਣ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਵਿਸ਼ੇਸ਼ ਕੋਰੀਓਗ੍ਰਾਫੀ ਰਹੀ । ਵਿਦਿਆਰਥੀਆਂ ਵੱਲੋਂ ਅਧਿਆਪਕਾਂ ਲਈ ਵੱਖ-ਵੱਖ ਮਨੋਰੰਜਕ ਖੇਡਾਂ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਆਪਕਾਂ ਲਈ ਵਿਸ਼ੇਸ਼ ਟਾਈਟਲ ਅਤੇ ਕੁਮੈਂਟ ਵੀ ਤਿਆਰ ਕੀਤੇ ਗਏ, ਜੋ ਅਧਿਆਪਕਾਂ ਨੂੰ ਸਟੇਜ 'ਤੇ ਬੁਲਾ ਕੇ ਪ੍ਰਦਾਨ ਕੀਤੇ ਗਏ। ਸਮਾਗਮ ਦੀ ਵਿਸ਼ੇਸ਼ ਖਿੱਚ ਵਿਦਿਆਰਥੀਆਂ ਵੱਲੋਂ ਵੋਟਿੰਗ ਰਾਹੀਂ ਚੁਣੇ ਗਏ 'ਬੈਸਟ ਟੀਚਰ ਟਾਈਟਲ' ਰਹੇ। ਇਸ ਦੌਰਾਨ ਸ੍ਰੀਮਤੀ ਰੇਨੂ ਦਿਵਾਸ ਨੂੰ 'ਸਪਿਰਿਟ ਬੂਸਟਰ', ਕੁਲਵਿੰਦਰ ਕੌਰ ਨੂੰ 'ਸਭ ਤੋਂ ਪਾਪੂਲਰ ਅਧਿਆਪਕ, ਅਰਜਿੰਦਰ ਕੌਰ ਨੂੰ 'ਸਭ ਤੋਂ ਪਿਆਰਾ ਅਧਿਆਪਕ', ਅਮਨਦੀਪ ਕੌਰ ਨੂੰ 'ਸਭ ਤੋਂ ਵੱਧ ਅਨੁਸ਼ਾਸਨ ਵਾਲਾ ਅਧਿਆਪਕ' ਅਤੇ ਸ਼ਿਵਪ੍ਰੀਤ ਸਿੰਘ ਨੂੰ 'ਬੈਸਟ ਡਰੈੱਸਡ ਅਧਿਆਪਕ' ਦੇ ਖਿਤਾਬ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਮੁੱਖ ਪ੍ਰਿੰਸੀਪਲ ਡਾ. ਗਗਨਜੀਤ ਕੌਰ ਵੱਲੋਂ ਇੱਕ ਵਿਸ਼ੇਸ਼ 'ਸਪੈਸ਼ਲ ਟੇਲੈਂਟ ਅਵਾਰਡ' ਵੀ ਪ੍ਰਦਾਨ ਕੀਤਾ ਗਿਆ। ਇਹ ਪੁਰਸਕਾਰ ਫਿਜ਼ੀਕਲ ਐਜੂਕੇਸ਼ਨ ਦੇ ਅਧਿਆਪਕ ਸੋਨੀਆ ਨੂੰ ਉਨ੍ਹਾਂ ਦੀ ਪ੍ਰਤਿਭਾ ਅਤੇ ਸਮਰਪਣ ਲਈ ਦਿੱਤਾ ਗਿਆ। ਸਮਾਗਮ ਦੇ ਅੰਤ ਵਿੱਚ ਸਕੂਲ ਵੱਲੋਂ ਸਮੂਹ ਅਧਿਆਪਕਾਂ ਲਈ ਖਾਣ-ਪੀਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ।

ਇਸ ਮੌਕੇ ਪ੍ਰਿੰਸੀਪਲ ਡਾ. ਗਗਨਜੀਤ ਕੌਰ ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਧਿਆਪਕ ਸਿਰਫ਼ ਗਿਆਨ ਦੇਣ ਵਾਲੇ ਨਹੀਂ, ਸਗੋਂ ਵਿਦਿਆਰਥੀਆਂ ਦੇ ਜੀਵਨ ਵਿੱਚ ਪ੍ਰੇਰਣਾ ਦੇ ਸਰੋਤ ਅਤੇ ਮਾਰਗਦਰਸ਼ਕ ਵੀ ਹੁੰਦੇ ਹਨ। ਉਨ੍ਹਾਂ ਨੇ ਅਧਿਆਪਕਾਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਨਿਸ਼ਠਾ ਨਾਲ ਨਿਭਾਉਂਦੇ ਹੋਏ ਬੱਚਿਆਂ ਲਈ ਇੱਕ ਚੰਗੀ ਮਿਸਾਲ ਬਣਨ ਲਈ ਪ੍ਰੇਰਿਤ ਕੀਤਾ।

## ਬਜ਼ੁਰਗਾਂ ਵਿਹੜੇ ਆਸ਼ਰਮ ਪ੍ਰਧਾਨ ਨੇ ਮਨਾਈ ਵਿਆਹ ਦੀ ਵਰ੍ਹੇਗੰਢ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਨਿਭਾ ਰਿਹਾ ਹੈ, ਬਜ਼ੁਰਗਾਂ ਦੇ ਵਿਹੜੇ ਵਿੱਚ ਪ੍ਰਧਾਨ ਸਤਨਾਮ ਸਿੰਘ ਵੱਲੋਂ ਆਪਣੇ ਵਿਆਹ ਦੀ ਸਾਲਗਿਰ੍ਹਾ ਮਨਾਈ ਗਈ। ਸਾਰੇ ਬਜ਼ੁਰਗਾਂ, ਪ੍ਰਬੰਧਕਾਂ ਤੇ ਸਮੂਹ ਸਟਾਫ ਨੇ ਮਿਲ ਕੇ ਕੇਕ ਕੱਟਣ ਦੀ ਰਸਮ ਪੂਰੀ ਕੀਤੀ ਅਤੇ ਬਜ਼ੁਰਗਾਂ ਨੇ ਸਤਨਾਮ ਸਿੰਘ ਤੇ ਉਹਨਾਂ ਦੇ ਪਰਵਾਰਕ ਮੈਂਬਰਾਂ ਨੂੰ ਮੁਬਾਰਕਾਂ ਦਿੱਤੀਆਂ।ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਤੇ ਚੇਅਰਪਰਸਨ ਮੈਡਮ ਰੀਨਾ ਸਰਮਾਲ਼ ਵੱਲੋਂ ਬਜ਼ੁਰਗਾਂ ਲਈ ਗੋਲਗੱਪਿਆਂ ਦਾ ਲੰਗਰ ਲਗਾਇਆ ਗਿਆ। ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਸਮੂਹ ਸਟਾਫ਼ ਨੇ ਪ੍ਰਧਾਨ ਸਤਨਾਮ ਸਿੰਘ, ਚੇਅਰਪਰਸਨ ਮੈਡਮ ਰੀਨਾ ਸਰਮਾਲ ਨੂੰ ਵਿਆਹ ਦੀ ਸਾਲਗਿਰ੍ਹਾ ਦੇ ਮੌਕੇ ਮੁਬਾਰਕਾਂ ਦਿੱਤੀਆਂ। ਇਸ ਮੌਕੇ ਆਸ਼ਰਮ ਚੇਅਰਪਰਸਨ ਮੈਡਮ ਰੀਨਾ ਸਨਮਾਨ, ਪ੍ਰਧਾਨ ਸਤਨਾਮ ਸਿੰਘ, ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ, ਸਮੂਹ ਸਟਾਫ ਮਮਤਾ, ਸਵਿਤਾ, ਵਿਪਨ ਕੁਮਾਰ, ਸੁਰਜੀਤ ਕੌਰ, ਸ਼ਾਰਦਾ, ਆਸ਼ਾ ਰਾਣੀ,ਆਦਿ ਮੌਜੂਦ ਸਨ।

## ਅਮਾਇਰਾ ਨੇ ਯੋਗਾਸਨ ਅਚੀਵਮੈਂਟਸ ਮੁਕਾਬਲੇ 'ਚ ਵਿਸ਼ਵ ਰਿਕਾਰਡ ਕੀਤਾ ਹਾਸਲ



ਬਟਾਲਾ (ਮਲਵਿੰਦਰ ਸਿੰਘ)-ਆਰ.ਡੀ. ਖੋਸਲਾ ਡੀ.ਏ.ਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਪ੍ਰਤਿਭਾਸ਼ਾਲੀ ਵਿਦਿਆਰਥਣ ਓਮੈਰਾ ਨੇ ਯੋਗਾਸਨ ਦੇ ਖੇਤਰ ਵਿੱਚ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕਰਕੇ ਸਕੂਲ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ।

ਵਿਦਿਆਰਥਣ ਨੂੰ ਵਰਲਡ ਯੋਗਾਸਨ ਸਪੋਰਟਸ ਰਿਕਾਰਡ ਬੁੱਕ ਵੱਲੋਂ ਆਯੋਜਿਤ ਉਸ ਦੀ ਯੋਗਾਸਨ ਪ੍ਰਾਪਤੀ ਲਈ ਵਰਲਡ ਯੋਗਾਸਨ ਸਪੋਰਟਸ ਰਿਕਾਰਡ ਅਵਾਰਡ ਨਾਲ ਸਨਮਾਨਤ ਕੀਤਾ ਗਿਆ। ਅੰਡਰ-10 ਉਮਰ ਵਰਗ ਵਿੱਚ ਤੀਜੀ ਜਮਾਤ ਦੀ ਵਿਦਿਆਰਥਣ ਅਮਾਇਰਾ ਨੇ 20 ਮਿੰਟ ਤੱਕ ਲਗਾਤਾਰ ਮੱਤਸਅ ਆਸਣ ਕਰਕੇ ਇਹ ਰਿਕਾਰਡ ਕਾਇਮ ਕੀਤਾ। ਇਹ ਪ੍ਰਾਪਤੀ ਯੋਗਾਸਨ ਦੇ ਖੇਤਰ ਵਿੱਚ ਵਿਦਿਆਰਥੀ ਦੇ ਸਮਰਪਣ, ਅਨੁਸ਼ਾਸਨ ਅਤੇ ਨਿਰੰਤਰ ਅਭਿਆਸ ਨੂੰ ਦਰਸਾਉਂਦੀ ਹੈ। ਇੰਨੀ ਛੋਟੀ ਉਮਰ ਵਿੱਚ ਯੋਗਾਸਨ ਦੇ ਖੇਤਰ ਵਿੱਚ ਇੱਕ ਸ਼ਾਨਦਾਰ ਪ੍ਰਾਪਤੀ ਪ੍ਰਾਪਤ ਕਰਨਾ ਨਾ ਸਿਰਫ਼ ਵਿਦਿਆਰਥੀ ਲਈ ਸਗੋਂ ਪੂਰੇ ਸਕੂਲ ਪਰਵਾਰ ਲਈ ਮਾਣ ਵਾਲੀ ਗੱਲ ਹੈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣ, ਉਸ ਦੇ ਮਾਪਿਆਂ ਅਤੇ ਕੋਚ ਊਸ਼ਾ ਕਿਰਨ ਨੂੰ ਵਧਾਈ ਦਿੱਤੀ ਅਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਦੂਜੇ ਵਿਦਿਆਰਥੀਆਂ ਨੂੰ ਖੇਡਾਂ, ਯੋਗਾ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਨਾਉਣ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਾਮਨਾ ਕੀਤੀ ਕਿ ਵਿਦਿਆਰਥੀ ਭਵਿੱਖ ਵਿੱਚ ਸਖ਼ਤ ਮਿਹਨਤ ਜਾਰੀ ਰੱਖੇ ਅਤੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦਾ ਨਾਮ ਰੌਸ਼ਨ ਕਰੇ। ਇਹ ਪ੍ਰਾਪਤੀ ਸਕੂਲ ਲਈ ਯਕੀਨਨ ਮਾਣ ਵਾਲੀ ਗੱਲ ਹੈ।

## ਬਾਬਾ ਅਜੈਬ ਸਿੰਘ ਵੱਲੋਂ ਆਪਣੇ ਗੁਰੂ ਮਾਸਟਰ ਸ਼ੰਭੂ ਨਾਥ ਦਾ ਸਨਮਾਨ



ਧਾਰੀਵਾਲ (ਮਨਦੀਪ ਵਿੱਕੀ)-ਪਿੰਡ ਧਾਰੀਵਾਲ ਕਲਾਂ ਦੇ ਰਹਿਣ ਵਾਲੇ ਇਲਾਕੇ ਦੇ ਪ੍ਰਸਿੱਧ ਸਮਾਜਸੇਵੀ ਬਾਬਾ ਅਜੈਬ ਸਿੰਘ ਵੱਲੋਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਇੱਕ ਵਿਲੱਖਣ ਅਤੇ ਮਿਸਾਲੀ ਕਾਰਜ ਕੀਤਾ ਗਿਆ ਹੈ। ਉਨ੍ਹਾਂ ਆਪਣੇ ਸਕੂਲ ਦੇ ਦਿਨਾਂ ਦੇ ਅਧਿਆਪਕ ਰਹੇ ਮਾਸਟਰ ਸ਼ੰਭੂ ਨਾਥ ਦੇ ਗ੍ਰਹਿ ਪਿੰਡ ਡੇਹਰੀਵਾਲ ਦਰੋਗਾ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਅਧਿਆਪਕ ਦਿਵਸ ਮੌਕੇ ਉਨ੍ਹਾਂ ਦਾ ਨਿੱਘਾ ਸਨਮਾਨ ਕੀਤਾ। ਇਸ ਮੌਕੇ ਬਾਬਾ ਅਜੈਬ ਸਿੰਘ ਨੇ ਮਾਸਟਰ ਸ਼ੰਭੂ ਨਾਥ ਨੂੰ ਸਿਰੋਪਾਓ, ਸਨਮਾਨ ਚਿੰਨ੍ਹ, ਗਿਫਟ ਪੈਕ ਅਤੇ ਬਰਫੀ ਦਾ ਡੱਬਾ ਭੇਟ ਕਰਕੇ ਉਨ੍ਹਾਂ ਦਾ ਆਸ਼ੀਰਵਾਦ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਬਾਬਾ ਅਜੈਬ ਸਿੰਘ ਨੇ ਕਿਹਾ ਕਿ ਅੱਜ ਉਹ ਸਮਾਜ ਵਿੱਚ ਜਿਸ ਮੁਕਾਮ 'ਤੇ ਵੀ ਪਹੁੰਚੇ ਹਨ, ਉਸ ਪਿੱਛੇ ਉਨ੍ਹਾਂ ਦੇ ਅਧਿਆਪਕਾਂ ਵੱਲੋਂ ਦਿੱਤੀ ਗਈ ਸਿੱਖਿਆ ਅਤੇ ਸੰਸਕਾਰਾਂ ਦਾ ਸਭ ਤੋਂ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਮਾਪੇ ਸਾਨੂੰ ਜਨਮ ਦਿੰਦੇ ਹਨ, ਪਰ ਇੱਕ ਅਧਿਆਪਕ ਸਾਨੂੰ ਸਮਾਜ ਵਿੱਚ ਜਿਊਣ ਦੀ ਜਾਂਚ ਅਤੇ ਸਹੀ ਮਾਰਗਦਰਸ਼ਨ ਦਿੰਦਾ ਹੈ। ਅਧਿਆਪਕ ਦਾ ਦੇਣ ਜ਼ਿੰਦਗੀ ਵਿੱਚ ਕਦੇ ਵੀ ਚੁਕਾਇਆ ਨਹੀਂ ਜਾ ਸਕਦਾ। ਇਸ ਸਨਮਾਨ ਤੋਂ ਗਦਗਦ ਹੋਏ 85 ਸਾਲ ਦੇ ਬਜ਼ੁਰਗ ਅਧਿਆਪਕ ਮਾਸਟਰ ਸ਼ੰਭੂ ਨਾਥ ਨੇ ਆਪਣੇ ਪੁਰਾਣੇ ਵਿਦਿਆਰਥੀ ਨੂੰ ਅਸੀਸਾਂ ਦਿੱਤੀਆਂ ਅਤੇ ਸਕੂਲ ਸਮੇਂ ਦੇ ਪੁਰਾਣੇ ਦਿਨਾਂ ਦੀਆਂ ਯਾਦਾਂ ਤਾਜ਼ੀਆਂ ਕੀਤੀਆਂ। ਮਾਸਟਰ ਸ਼ੰਭੂ ਨਾਥ ਨੇ ਕਿਹਾ ਕਿ ਇੱਕ ਅਧਿਆਪਕ ਲਈ ਇਸ ਤੋਂ ਵੱਡੀ ਖ਼ੁਸ਼ੀ ਅਤੇ ਮਾਣ ਵਾਲੀ ਗੱਲ ਕੋਈ ਨਹੀਂ ਹੋ ਸਕਦੀ ਕਿ ਉਸ ਦਾ ਪੜ੍ਹਾਇਆ ਹੋਇਆ ਵਿਦਿਆਰਥੀ ਚੰਗੇ ਮੁਕਾਮ 'ਤੇ ਪਹੁੰਚਣ ਦੇ ਨਾਲ ਨਾਲ ਆਪਣੇ ਗੁਰੂਆਂ ਨੂੰ ਯਾਦ ਰੱਖੇ ਅਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਮੋਹਰੀ ਹੋਵੇ।ਇਸ ਮੌਕੇ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਬਾਬਾ ਅਜੈਬ ਸਿੰਘ ਦੇ ਇਸ ਕਦਮ ਦੀ ਪੁਰਜ਼ੋਰ ਸ਼ਲਾਘਾ ਕਰਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ, ਜਿੱਥੇ ਨੈਤਿਕ ਕਦਰਾਂ-ਕੀਮਤਾਂ ਘਟ ਰਹੀਆਂ ਹਨ, ਉੱਥੇ ਬਾਬਾ ਅਜੈਬ ਸਿੰਘ ਨੇ ਆਪਣੇ ਅਧਿਆਪਕ ਦਾ ਸਨਮਾਨ ਕਰਕੇ ਨਵੀਂ ਪੀੜ੍ਹੀ ਨੂੰ ਇੱਕ ਬਹੁਤ ਵੱਡਾ ਅਤੇ ਸਕਾਰਾਤਮਕ ਸੁਨੇਹਾ ਦਿੱਤਾ ਹੈ।

## ਘੱਟ ਕਣਕ ਵੰਡ ਮਾਮਲੇ 'ਤੇ ਵਿਭਾਗ ਨੇ ਕੀਤੀ ਜਾਂਚ, ਲਾਭਪਾਤਰੀਆਂ ਦੇ ਬਿਆਨ ਕਲਮਬੰਦ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਝਬਾਲ ਦੇ ਲਾਭਪਾਤਰੀਆਂ ਨੂੰ ਨਿਰਧਾਰਤ ਮਾਤਰਾ ਤੋਂ ਘੱਟ ਕਣਕ ਮਿਲਣ ਸੰਬੰਧੀ ਪੇਸ਼ ਕੀਤੀ ਦਰਖਾਸਤ 'ਤੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀ ਮਾਤਾ ਭਾਗ ਕੌਰ ਜੀ ਗੁਰਦੁਆਰਾ ਸਾਹਿਬ ਵਿਖੇ ਪਹੁੰਚੇ। ਅਧਿਕਾਰੀਆਂ ਨੇ ਲਾਭਪਾਤਰੀਆਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਉਨ੍ਹਾਂ ਦੇ ਬਿਆਨ ਕਲਮਬੰਦ ਕੀਤੇ।ਮੌਕੇ 'ਤੇ ਡੀ ਐਫ ਐਸ ਓ ਅਮੇਸ਼ ਕੁਮਾਰ, ਏ ਐਫ ਐਸ ਓ ਮੋਹਨ ਸਿੰਘ, ਇੰਸਪੈਕਟਰ ਰਜਿੰਦਰ ਬੈਂਸ, ਇੰਸਪੈਕਟਰ ਹਰਮਨਪ੍ਰੀਤ ਸਿੰਘ, ਇੰਸਪੈਕਟਰ ਰਣਜੀਤ ਸਿੰਘ, ਇੰਸਪੈਕਟਰ ਹਰਪ੍ਰੀਤ ਸਿੰਘ ਅਤੇ ਇੰਸਪੈਕਟਰ ਰਣਧੀਰ ਸਿੰਘ ਹਾਜ਼ਰ ਸਨ।ਲਾਭਪਾਤਰੀਆਂ ਵੱਲੋਂ ਇੱਕ ਡੀਪੂ ਹੋਲਡਰ ਅਧੀਨ ਚੱਲ ਰਹੇ ਤਿੰਨ ਡੀਪੂਆਂ ਵਿੱਚ ਕਣਕ ਦੀ ਕਥਿਤ ਘੱਟ ਵੰਡ ਅਤੇ ਕਟੌਤੀ ਸੰਬੰਧੀ ਸ਼ਿਕਾਇਤਾਂ ਵਿਭਾਗ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਯੂਨੀਅਨ ਵੱਲੋਂ ਮਾਮਲੇ ਦੀ ਜਾਂਚ ਕਰਕੇ ਤੱਥਾਂ ਦੇ ਆਧਾਰ 'ਤੇ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਕਿਹਾ ਕਿ ਇਨ੍ਹਾਂ ਡੀਪੂਆਂ ਸੰਬੰਧੀ ਪਹਿਲਾਂ ਵੀ ਸ਼ਿਕਾਇਤਾਂ ਅਤੇ ਜਾਂਚ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਲਾਭਪਾਤਰੀਆਂ ਅਨੁਸਾਰ ਪ੍ਰਤੀ ਮੈਂਬਰ 20 ਕਿਲੋ ਕਣਕ ਡੀਪੂ 'ਤੇ ਪਹੁੰਚੀ ਸੀ, ਪਰ ਉਨ੍ਹਾਂ ਨੂੰ ਪ੍ਰਤੀ ਮੈਂਬਰ 13 ਕਿਲੋ ਕਣਕ ਹੀ ਦਿੱਤੀ ਗਈ। ਇਸ ਤਰ੍ਹਾਂ ਲਾਭਪਾਤਰੀਆਂ ਵੱਲੋਂ ਪ੍ਰਤੀ ਮੈਂਬਰ 7 ਕਿਲੋ ਕਣਕ ਦੀ ਕਥਿਤ ਘਾਟ ਜਾਂ ਕਟੌਤੀ ਦਾ ਮਾਮਲਾ ਉਠਾਇਆ ਗਿਆ ਹੈ। ਕਾਮਰੇਡ ਮਨਜੀਤ ਸਿੰਘ ਝਬਾਲ ਨੇ ਮੰਗ ਕੀਤੀ ਕਿ ਜਾਂਚ ਦੇ ਆਧਾਰ 'ਤੇ ਜੇਕਰ ਕਿਸੇ ਕਿਸਮ ਦੀ ਬੇਨਿਯਮੀ ਸਾਹਮਣੇ ਆਉਂਦੀ ਹੈ ਤਾਂ ਸੰਬੰਧਤ ਡੀਪੂ ਹੋਲਡਰਾਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਹੱਕ ਅਨੁਸਾਰ ਕਣਕ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਮਾਮਲੇ ਦਾ ਢੁੱਕਵਾਂ ਹੱਲ ਨਾ ਹੋਇਆ ਤਾਂ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਮੇਜਰ ਸਿੰਘ ਝਬਾਲ, ਜਸਪਾਲ ਸਿੰਘ, ਮਾਸਟਰ ਬਲਦੇਵ ਸਿੰਘ, ਬਲਕਾਰ ਸਿੰਘ, ਸੁਖਜਿੰਦਰ ਸਿੰਘ, ਬਲਜੀਤ ਕੌਰ, ਕਵਲਦੀਪ ਕੌਰ, ਕਵਲਦੀਪ ਸਿੰਘ ਝਬਾਲ ਅਤੇ ਸਤਨਾਮ ਸਿੰਘ ਮੀਰਪੁਰ ਆਦਿ ਹਾਜ਼ਰ ਸਨ ।

## ਖੇਡਾਂ ਵਤਨ ਪੰਜਾਬ ਸੀਜ਼ਨ-4 ਦਾ ਆਗਾਜ਼, ਰੰਧਾਵਾ ਨੇ ਕਰਵਾਈ ਸ਼ੁਰੂਆਤ



ਡੇਰਾ ਬਾਬਾ ਨਾਨਕ ( ਰਮੇਸ਼ ਸ਼ਰਮਾ)-ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਖੇਡਾਂ ਵਤਨ ਪੰਜਾਬ ਸੀਜ਼ਨ-4 ਤਹਿਤ ਪਿੰਡ ਘੁੰਮਣ ਕਲਾਂ ਦੇ ਖੇਡ ਮੈਦਾਨ ਤੋਂ ਸ਼ਾਨਦਾਰ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਮਨਦੀਪ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ, ਸਿਮਰਨਜੀਤ ਸਿੰਘ ਜ਼ਿਲ੍ਹਾ ਖੇਡ ਅਫਸਰ ਸਮੇਤ ਨੇੜਲੇ ਪਿੰਡਾਂ ਦੇ ਬੱਚੇ ਸਰਪੰਚ ਅਤੇ ਖਿਡਾਰੀ ਮੌਜੂਦ ਸਨ। ਅੱਜ ਬਲਾਕ ਪੱਧਰੀ ਖੇਡਾਂ ਬਲਾਕ ਧਾਰੀਵਾਲ, ਸ੍ਰੀ ਹਰਗੋਬਿੰਦਪੁਰ ਸਾਹਿਬ, ਕਾਦੀਆਂ ਅਤੇ ਬਟਾਲਾ ਵਿਖੇ ਵੱਖ-ਵੱਖ ਖੇਡਾਂ ਅਤੇ ਵੱਖ-ਵੱਖ ਉਮਰ ਵਰਗ ਵਿੱਚ ਸ਼ੁਰੂ ਕਰਵਾਈਆਂ ਗਈਆਂ ।

ਇਸ ਮੌਕੇ ਵਿਧਾਇਕ ਰੰਧਾਵਾ ਵਲੋਂ ਨੌਜਵਾਨ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਖੇਡਾਂ ਪ੍ਰਤੀ ਉਨ੍ਹਾਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਤੰਦਰੁਸਤ ਜੀਵਨਸ਼ੈਲੀ ਅਪਨਾਉਣ ਅਤੇ ਆਪਣੀ ਪ੍ਰਤਿਭਾ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਸਾਰੇ ਖਿਡਾਰੀਆਂ ਨੂੰ ਆਉਣ ਵਾਲੇ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਪੂਰੇ ਜੋਸ਼ ਤੇ ਖੇਡ ਭਾਵਨਾ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਇਹ ਚੌਥਾ ਸੀਜ਼ਨ 14 ਤੋਂ 70 ਸਾਲ ਤੋਂ ਵੱਧ ਉਮਰ ਦੇ ਲਗਭਗ 10 ਲੱਖ ਖਿਡਾਰੀਆਂ ਨੂੰ 39 ਖੇਡ ਮੁਕਾਬਲਿਆਂ ਅਤੇ ਚਾਰ ਪੈਰਾ-ਖੇਡਾਂ ਖੇਡਣ ਲਈ ਖੇਡ ਮੈਦਾਨ ਵਿੱਚ ਉਤਾਰੇਗਾ। ਇਹ ਖੇਡਾਂ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤ ਹੋਣਗੀਆਂ, ਜਿਨ੍ਹਾਂ ਵਿੱਚ ਜੇਤੂਆਂ ਲਈ 12.50 ਕਰੋੜ ਰੁਪਏ ਦੇ ਨਕਦ ਇਨਾਮ ਰੱਖੇ ਗਏ ਹਨ, ਜਿਸ ਵਿੱਚ ਪਹਿਲੀ ਵਾਰ ਵੈਟਰਨ ਖਿਡਾਰੀਆਂ ਲਈ ਵੀ ਨਕਦ ਇਨਾਮ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਸ ਸਾਲ ਕੁੱਲ 39 ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਅਥਲੇਟਿਕਸ, ਪਾਵਰਲਿਫਟਿੰਗ, ਬੈਡਮਿੰਟਨ ਅਤੇ ਵ੍ਹੀਲਚੇਅਰ ਬਾਸਕਟਬਾਲ ਸਮੇਤ ਚਾਰ ਪੈਰਾ-ਖੇਡਾਂ ਸ਼ਾਮਲ ਹਨ।

## ਅਧਿਆਪਕ ਦਿਵਸ ਮੌਕੇ ਸੈਂਟ ਕਬੀਰ ਪਬਲਿਕ ਸਕੂਲ 'ਚ ਸ਼ਾਨਦਾਰ ਸਮਾਰੋਹ




ਧਾਰੀਵਾਲ (ਮਨਦੀਪ ਵਿੱਕੀ)- ਅਧਿਆਪਕ ਆਉਣ ਵਾਲੇ ਭਵਿੱਖ ਦੇ ਨਿਰਮਾਤਾ ਹੁੰਦੇ ਹਨ ਇਸ ਨੂੰ ਮੁੱਖ ਰੱਖਦਿਆਂ ਸੈਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਅਧਿਆਪਕ ਦਿਵਸ ਬਹੁਤ ਹੀ ਦਿਲ ਖਿੱਚਵੇ ਅੰਦਾਜ਼ ਵਿੱਚ ਮਨਾਇਆ ਗਿਆ।ਇਸ ਮੌਕੇ ਪ੍ਰਿੰਸੀਪਲ ਐਸ.ਬੀ.ਨਾਯਰ ਦੀ ਪ੍ਰਧਾਨਗੀ ਹੇਠ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਦਾ ਅਗਾਜ ਸਕੂਲ ਦੇ ਸੰਸਥਾਪਕ ਸਵਰਗੀ ਸਰਦਾਰ ਹਰਪਾਲ ਸਿੰਘ ਨੂੰ ਯਾਦ ਕਰਦਿਆਂ ਅਤੇ ਉਹਨਾਂ ਦੀਆਂ ਸਕੂਲ ਪ੍ਰਤੀ ਇੱਛਾਵਾਂ ਨੂੰ ਪੂਰਾ ਕਰਨ ਦਾ ਪ੍ਰਣ ਕਰਦਿਆਂ ਕੀਤਾ ਗਿਆ।ਇਸ ਉਪਰੰਤ ਸਕੂਲ ਅਧਿਆਪਕਾ ਸੁਨੀਤ ਠਾਕੁਰ ਨੇ ਮੰਚ ਦਾ ਸੰਚਾਲਨ ਕੀਤਾ ਅਤੇ ਪੰਜਾਬੀ ਵਿਭਾਗ ਦੇ ਅਧਿਆਪਕ ਗੁਲਾਬ ਸਿੰਘ ਨੇ ਅਧਿਆਪਕ ਦਿਵਸ ਦੀ ਮਹਾਨਤਾ ਦੱਸਦਿਆਂ ਆਪਣੇ ਵਿਚਾਰ ਸਾਰਿਆਂ ਸਨਮੁਖ ਰੱਖੇ। ਪ੍ਰੋਗ੍ਰਾਮ ਦੀ ਸ਼ੁੱਭ ਸ਼ੁਰੂਆਤ ਕਰਦੇ ਹੋਏ ਪ੍ਰਿੰਸੀਪਲ ਐਸ.ਬੀ ਨਾਯਰ ਦੁਆਰਾ ਸਾਰੇ ਅਧਿਆਪਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਸ ਉਪਰੰਤ ਹਿੰਦੀ ਵਿਭਾਗ ਦੇ ਅਧਿਆਪਕ ਦੀਪਤੀ ਖੰਨਾ ਨੇ ਆਪਣੀ ਮਧੁਰ ਆਵਾਜ਼ ਵਿੱਚ ਭਜਨ ਦਾ ਗਾਇਨ ਕੀਤਾ।

ਅਧਿਆਪਕ ਰਾਹੁਲ ਕੁਮਾਰ ਨੇ ਗਿਟਾਰ ਦੀਆਂ ਧੁਨਾਂ ਤੇ ਗੀਤਾਂ ਦੀ ਪੇਸ਼ਕਾਰੀ ਕਰਕੇ ਮਾਹੌਲ ਵਿੱਚ ਖੂਬ ਰੰਗ ਬੰਨਿਆ। ਸਮਾਗਮ ਵਿਚ ਵਿਸ਼ੇਸ਼ ਆਕਰਸ਼ਣ ਸਕੂਲੀ ਅਧਿਆਪਕ ਮਿਸਟਰ ਸ਼ਬੀਰ ਜੀ ਦੁਆਰਾ ਅਧਿਆਪਕਾਂ ਲਈ ਕਰਵਾਈਆਂ ਗਈਆਂ ਮਨੋਰੰਜਕ ਖੇਡਾਂ ਅਤੇ ਗਤੀ ਵਿਧੀਆਂ ਰਹੀਆਂ।ਉਪਰੰਤ ਅਧਿਆਪਕ ਪਵਨਦੀਪ ਕੌਰ ਦੁਆਰਾ ਅਧਿਆਪਕਾਂ ਦੀ ਅਣਥੱਕ ਮਿਹਨਤ ਸਬੰਧੀ ਦਿਲ ਖਿੱਚਵੇਂ ਗੀਤ ਦੀ ਪੇਸ਼ਕਾਰੀ ਕੀਤੀ ਗਈ। ਇਸ ਖਾਸ ਮੌਕੇ ਤੇ ਸਕੂਲ ਵਿੱਚ 15 ਸਾਲ ਤੱਕ ਆਪਣੀ ਸੇਵਾ ਨਿਭਾਉਣ ਵਾਲੇ ਲਗਭਗ 24 ਦੇ ਕਰੀਬ ਅਧਿਆਪਕਾਂ ਨੂੰ ਸਨਮਾਨ ਪੱਤਰ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਮਿਹਨਤੀ ਸੁਭਾਅ ਅਤੇ ਸਕੂਲ ਪ੍ਰਤੀ ਆਪਣੇ ਸਮਰਪਣ ਨੂੰ ਮੱਦੇ ਨਜ਼ਰ ਰੱਖਦਿਆਂ ਹੋਇਆ। ਵੱਖ ਵੱਖ ਖੇਤਰ ਵਿੱਚ ਵੱਖਰੀ ਭੂਮਿਕਾ ਨਿਭਾਉਣ ਵਾਲੇ 15 ਹੋਣਹਾਰ ਅਧਿਆਪਕਾਂ ਨੂੰ ਵੀ ਉਨ੍ਹਾਂ ਦੀ ਕਾਬਲੀਅਤ ਅਤੇ ਮਿਹਨਤੀ ਸੁਭਾਅ ਕਾਰਨ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਵਿਦਿਆਰਥੀਆਂ ਦੁਆਰਾ ਹਾਊਸ ਬੋਰਡਾਂ ਨੂੰ ਸੁੰਦਰ ਕਲਾਕ੍ਰਿਤੀਆਂ ਨਾਲ ਸਜਾਇਆ ਗਿਆ। ਸਕੂਲ ਪ੍ਰਬੰਧਕਾਂ ਦੁਆਰਾ ਅਧਿਆਪਕਾਂ ਦੇ ਖਾਣ- ਪੀਣ ਦਾ ਉਚੇਚਾ ਪ੍ਰਬੰਧ ਕੀਤਾ ਗਿਆ।ਸਮੁੱਚੇ ਰੂਪ ਵਿੱਚ ਅਧਿਆਪਕ ਦਿਵਸ ਮੌਕੇ ਸਾਰਿਆਂ ਨੇ ਖ਼ੂਬ ਮਨੋਰੰਜਨ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਐਸ.ਬੀ.ਨਾਯਰ ਪ੍ਰਬੰਧਕ ਮੈਂਬਰ ਮੈਡਮ ਨਵਦੀਪ ਕੌਰ ਅਤੇ ਮੈਡਮ ਕੁਲਦੀਪ ਕੌਰ ਵੱਲੋਂ ਸਾਰੇ ਅਧਿਆਪਕਾਂ ਅਤੇ ਸਕੂਲੀ ਵਿਦਿਆਰਥੀਆਂ ਨੂੰ ਅਧਿਆਪਕ ਦਿਵਸ ਦੀਆਂ ਹਾਰਦਿਕ ਵਧਾਈਆਂ ਦਿੱਤੀਆਂ ਗਈਆਂ।ਅਧਿਆਪਕਾਂ ਨੂੰ ਹਮੇਸ਼ਾ ਸੱਚੇ ਮਨ ਨਾਲ ਆਪਣਾ ਕਰਤੱਵ ਨਿਭਾਉਂਦੇ

## ਗੁਰਪੁਰਬ ਸਮਾਗਮਾਂ ਸੰਬੰਧੀ ਸਭਾ-ਸੁਸਾਇਟੀਆਂ ਨਾਲ ਇੱਕਤਰਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ 12 ਸਤੰਬਰ ਅਤੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ 27 ਅਕਤੂਬਰ ਨੂੰ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾਵੇਗਾ। ਇਸ ਸੰਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਅਧਿਕਾਰੀਆਂ ਨੇ ਅੰਮ੍ਰਿਤਸਰ ਸ਼ਹਿਰ ਦੀਆਂ ਧਾਰਮਿਕ ਸਭਾ-ਸੁਸਾਇਟੀਆਂ ਦੇ ਪ੍ਰਤੀਨਿਧਾਂ ਨਾਲ ਇਕੱਤਰਤਾ ਕਰਕੇ ਗੁਰਪੁਰਬ ਸੰਬੰਧੀ ਹੋਣ ਵਾਲੇ ਸਮਾਗਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਸਭਾ-ਸੁਸਾਇਟੀਆਂ ਦੇ ਵੱਖ-ਵੱਖ ਨੁਮਾਇੰਦਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਅਤੇ ਚੌਥੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਕੀਤੇ ਜਾਣ ਵਾਲੇ ਸਮਾਗਮਾਂ ਸਬੰਧੀ ਸੁਝਾਅ ਦਿੱਤੇ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ। ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜਾਇਬ ਸਿੰਘ ਅਭਿਆਸੀ, ਵਧੀਕ ਸਕੱਤਰ ਜਸਵਿੰਦਰ ਸਿੰਘ ਜੱਸੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਮੇਜਰ ਸਿੰਘ ਨੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਮਾਗਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਵਾਰ ਵੀ ਗੁਰਪੁਰਬ ਮੌਕੇ ਨਗਰ ਕੀਰਤਨ, ਰਾਗ ਅਤੇ ਪੜਤਾਲ ਗਾਇਨ ਸਮਾਗਮ ਆਯੋਜਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਗੁਰਪੁਰਬ ਵਾਲੇ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਜਾਣਗੇ ਅਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ, ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਹੋਣਗੇ। ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਤ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਗੁਰਮਤਿ ਸਮਾਗਮਾਂ ਦੀ ਲੜੀ ਆਰੰਭ ਹੋਵੇਗੀ, ਜੋ ਗੁਰਪੁਰਬ ਤੱਕ ਨਿਰੰਤਰ ਜਾਰੀ ਰਹੇਗੀ। ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਬਾਵਾ ਸਿੰਘ ਗੁਮਾਨਪੁਰਾ, ਭਾਈ ਮਨਜੀਤ ਸਿੰਘ, ਵਧੀਕ ਸਕੱਤਰ ਜਸਵਿੰਦਰ ਸਿੰਘ ਜੱਸੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਮੇਜਰ ਸਿੰਘ, ਮੈਨੇਜਰ ਜਤਿੰਦਰਪਾਲ ਸਿੰਘ, ਵਧੀਕ ਮੈਨੇਜਰ ਗੁਰਿੰਦਰ ਸਿੰਘ, ਗਿਆਨੀ ਕਿਸ਼ਨ ਸਿੰਘ ਸੰਤਨ ਕੀ ਕੁਟੀਆ, ਸੰਤੋਖ ਸਿੰਘ ਸੇਠੀ ਚੀਫ਼ ਖਾਲਸਾ ਦੀਵਾਨ, ਕੁਲਦੀਪ ਸਿੰਘ ਪੰਡੋਰੀ, ਜਗਜੀਤ ਸਿੰਘ ਖਾਲਸਾ, ਤਰਨਜੀਤ ਸਿੰਘ, ਸਤਿੰਦਰਪਾਲ ਸਿੰਘ, ਬਾਬਾ ਅਵਤਾਰ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਜਤਿੰਦਰ ਸਿੰਘ, ਬੀਬੀ ਪਰਮਜੀਤ ਕੌਰ ਪਿੰਕੀ, ਭਾਈ ਗੁਰਪਾਲ ਸਿੰਘ, ਭਾਈ ਹਰੀ ਸਿੰਘ, ਜਸਬੀਰ ਸਿੰਘ, ਲਖਬੀਰ ਸਿੰਘ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਮਜੀਠਾ ਰੋਡ, ਸੁਰਿੰਦਰਪਾਲ ਸਿੰਘ, ਹਰਦੀਪ ਸਿੰਘ, ਜਗਜੀਤ ਸਿੰਘ ਖਾਲਸਾ, ਭੁਪਿੰਦਰ ਸਿੰਘ, ਭਾਈ ਸਤਨਾਮ ਸਿੰਘ ਮੱਲ੍ਹੀ, ਹਰਪ੍ਰੀਤ ਸਿੰਘ, ਕੁਲਵੰਤ ਸਿੰਘ, ਨਵਤੇਜ ਸਿੰਘ, ਚਰਨਜੀਤ ਸਿੰਘ, ਸੁਖਦੇਵ ਸਿੰਘ, ਭਾਈ ਤਰਸੇਮ ਸਿੰਘ, ਅਮਰ ਸਿੰਘ ਭੰਗੂ ਅਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

## ਫੈਕਟਰੀ ਮਜ਼ਦੂਰਾਂ ਦੀਆਂ ਮੰਗਾਂ ਦੇ ਹੱਕ 'ਚ ਰੈਲੀਆਂ



**ਬਟਾਲਾ (ਤਰਲੋਕ ਬੱਗਾ)**- ਫਾਊਂਡਰੀ ਅਤੇ ਵਰਕਸ਼ਾਪ ਵਰਕਰ ਯੂਨੀਅਨ (ਏਕਟੂ) ਵੱਲੋਂ ਬਟਾਲੇ ਦੀਆਂ ਕਰੀਬ ਦਰਜਨ ਫੈਕਟਰੀਆਂ ਵਿੱਚ ਮਜ਼ਦੂਰ ਮੰਗਾਂ ਦੇ ਹੱਕ ਵਿੱਚ ਰੈਲੀਆਂ ਕੀਤੀਆਂ ਗਈਆਂ। ਇਹਨਾਂ ਰੈਲੀਆਂ ਨੂੰ ਸੰਬੋਧਨ ਕਰਦਿਆਂ ਏਕਟੂ ਦੇ ਸੂਬਾ ਸਕੱਤਰ ਗੁਲਜਾਰ ਸਿੰਘ ਭੁੰਬਲੀ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਵੇਂ ਬਟਾਲੇ ਅੰਦਰ ਕਿਰਤ ਦਫਤਰ, ਈ ਐਸ ਆਈ ਅਤੇ ਪ੍ਰਾਵੀਡੈਂਟ ਫੰਡ ਦਫਤਰ ਸਥਿਤ ਹੈ, ਪਰ ਇਸ ਦੇ ਬਾਵਜੂਦ ਬਟਾਲੇ ਦੇ 99 ਫੀਸਦੀ ਵਰਕਰਾਂ ਦੇ ਹਿੱਤ ਵਿੱਚ ਕੋਈ ਵੀ ਕਿਰਤ ਨੂੰ ਲਾਗੂ ਨਹੀਂ ਕਰਵਾਇਆ ਜਾਂਦਾ, ਜਦੋਂ ਕਿ ਅਸੀਂ ਬਹੁਤ ਵਾਰ ਸੰਬੰਧਤ ਦਫਤਰਾਂ ਨੂੰ ਕਈ ਮੰਗ ਪੱਤਰ ਦੇ ਚੁੱਕੇ ਹਾਂ ਕਿ ਬਟਾਲੇ ਅੰਦਰ ਹਜ਼ਾਰਾਂ ਵਰਕਰ ਕੰਮ ਕਰਦੇ ਹਨ, ਜਿਨ੍ਹਾਂ ਦੀ ਕੋਈ ਹਾਜ਼ਰੀ ਨਹੀਂ ਲਾਈ ਜਾਂਦੀ, ਕੋਈ ਈ ਐਸ ਆਈ ਅਤੇ ਨਾ ਹੀ ਕੋਈ ਪ੍ਰੋਵੀਡੈਂਟ ਫੰਡ ਲਾਗੂ ਹੈ, ਨਿਤ ਹੀ ਵਰਕਰਾਂ ਨੂੰ ਸੱਟਾਂ ਪੇਟਾਂ ਲੱਗਦੀਆਂ, ਜਿਨ੍ਹਾਂ ਨੂੰ ਕਾਨੂੰਨੀ ਮਦਦ ਡਿਪਟੀ ਡਾਇਰੈਕਟਰ ਫੈਕਟਰੀ ਨੇ ਦੇਣੀ ਹੁੰਦੀ ਹੈ ਪਰ ਅਫਸੋਸ ਸਰਕਾਰ ਨੇ ਡਿਪਟੀ ਡਾਇਰੈਕਟਰ ਫੈਕਟਰੀ ਦਾ ਦਫਤਰ ਬਟਾਲੇ ਤੋਂ ਗੁਰਦਾਸਪੁਰ ਬਦਲ ਦਿੱਤਾ, ਜਿਸ ਸ਼ਹਿਰ ਵਿਚ ਡਿਪਟੀ ਡਾਇਰੈਕਟਰ ਫੈਕਟਰੀ ਦਾ ਕੋਈ ਕੰਮ ਹੀ ਨਹੀਂ ਹੈ, ਜਦੋਂ ਕਿ ਬਟਾਲਾ ਪੁਰਾਣਾ ਸਨਅਤੀ ਸ਼ਹਿਰ ਹੈ। ਜਦੋਂ ਵੀ ਕਿਰਤ ਦਫਤਰ ਵਿੱਚ ਮਾਲਕਾਂ ਦੀ ਕੋਈ ਸ਼ਿਕਾਇਤ ਦਿੱਤੀ ਜਾਂਦੀ ਹੈ ਤਾਂ ਇਨ੍ਹਾਂ ਕਾਨੂੰਨੀ ਕੇਸਾਂ ਵਿੱਚ ਬਟਾਲੇ ਦੇ ਫਾਊਂਡਰੀ ਮਾਲਕ ਆਪਣੀ ਫਾਊਂਡਰੀ ਵਿੱਚ ਸਾਲਾਂ ਤੋਂ ਕੰਮ ਕਰ ਰਹੇ ਆਪਣੇ ਵਰਕਰ ਨੂੰ ਆਪਣਾ ਵਰਕਰ ਵੀ ਮੰਨਣ ਤੋਂ ਇਨਕਾਰੀ ਹੋ ਜਾਂਦੇ ਹਨ, ਜਿਸ ਕਾਰਨ ਵਰਕਰ ਆਪਣਾ ਕੇਸ ਹਾਰ ਜਾਂਦੇ ਹਨ।ਆਗੂਆਂ ਮੰਗ ਕੀਤੀ ਕਿ ਪੰਜਾਬ ਸਰਕਾਰ ਬਟਾਲੇ ਦੇ ਕਿਰਤ ਦਫਤਰਾਂ ਨੂੰ ਹਰਕਤ ਵਿਚ ਲੈ ਕੇ ਆਵੇ, ਡਿਪਟੀ ਡਾਇਰੈਕਟਰ ਫੈਕਟਰੀਜ਼ ਦਾ ਦਫਤਰ ਗੁਰਦਾਸਪੁਰ ਤੋਂ ਬਟਾਲੇ ਵਿੱਚ ਲਿਆਂਦਾ ਜਾਵੇ, ਕਿਰਤ ਵਿਭਾਗ ਦੇ ਦਫਤਰਾਂ ਦੇ ਮੁਲਾਜ਼ਮਾਂ ਦੀ ਹਾਜ਼ਰੀ ਯਕੀਨੀ ਬਣਾਈ ਜਾਵੇ, ਸਮੁੱਚੇ ਕਿਰਤ ਕਾਨੂੰਨਾਂ ਨੂੰ ਗਾਰੰਟੀ ਨਾਲ ਲਾਗੂ ਕਰਵਾਇਆ ਜਾਵੇ।ਰੈਲੀਆਂ ਨੂੰ ਪ੍ਰੇਮ ਮਸੀਹ ਸੋਨਾ, ਫੂਲ ਚੰਦ, ਜੋਗਿੰਦਰ ਪਾਲ ਲੇਹਲ ਅਤੇ ਬਚਨ ਸਿੰਘ ਬੋਪਾਰਾਏ ਨੇ ਵੀ ਸੰਬੋਧਨ ਕੀਤਾ।

# ਕੁਲ ਹਿੰਦ ਕਿਸਾਨ ਸਭਾ ਵੱਲੋਂ ਰੋਸ ਧਰਨਾ



**ਨੰਗਲ (ਸੁਰਜੀਤ ਸਿੰਘ ਢੇਰ)**- ਅੱਜ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਕਮੇਟੀ ਦੇ ਸੱਦੇ ਤੇ ਸਬ ਡਿਵੀਜ਼ਨ ਨੰਗਲ ਵਿਖੇ ਕਿਸਾਨਾਂ ਵੱਲੋਂ ਰੋਹ ਭਰਪੂਰ ਧਰਨਾ ਮਾਰਿਆ ਗਿਆ ਅਤੇ ਮੰਗ ਪੱਤਰ ਸਥਾਨਕ ਉਪ ਮੰਡਲ ਮੈਜਿਸਟਰੇਟ ਦਫਤਰ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਅਤੇ ਸੂਬੇ ਦੇ ਮੁੱਖ ਮੰਤਰੀ ਨੂੰ ਭੇਜਿਆ ਗਿਆ। ਜਿਸ ਵਿੱਚ ਮੰਗ ਕੀਤੀ ਗਈ ਤੇ ਕਿਸਾਨੀ ਨਾਲ ਸੰਬੰਧਿਤ ਮੰਗਾਂ ਨੂੰ ਫੌਰੀ ਤੌਰ ਤੇ ਪੂਰਾ ਕੀਤਾ ਜਾਵੇ। ਧਰਨੇ ਦੀ ਅਗਵਾਈ ਤਹਿਸੀਲ ਦੇ ਪ੍ਰਧਾਨ ਗਿਆਨੀ ਰਾਮਪਾਲ ਸਿੰਘ ਭਲਾਨ, ਸਕੱਤਰ ਮਹਿੰਦਰ ਸਿੰਘ ਸੰਗਤਪੁਰ ਨੇ ਕੀਤੀ। ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਦੇ ਕਿਸਾਨਾਂ ਤੇ ਲਗਾਤਾਰ ਮਾਰੂ ਹਮਲੇ ਕਰ ਰਹੀ ਹੈ ਇਹ ਇੱਕ ਪਾਸੇ ਕਾਰਪੋਰੇਟ ਘਰਾਣਿਆਂ ਦਾ ਅਰਬਾਂ ਖਰਬਾਂ ਦਾ ਕਰਜਾ ਮਾਫ ਕੀਤਾ ਜਾ ਰਿਹਾ ਦੂਜੇ ਪਾਸੇ ਦੇਸ਼ ਦਾ ਕਿਸਾਨ ਕਰਜੇ ਦੇ ਕਾਰਨ ਖੁਦਕੁਸ਼ੀਆਂ ਕਰਨ ਲਈ ਮਜਬੂਰ ਹੋ ਰਿਹਾ ਹੈ।ਇਸ ਮੌਕੇ ਤੇ ਮੰਗ ਕੀਤੀ ਗਈ ਕਿ ਮੰਗਾਂ ਦਾ ਨਿਪਟਾਰਾ ਤੁਰੰਤ ਕੀਤਾ ਜਾਵੇ। ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਮੁਕਤ ਵਪਾਰ ਸਮਝੌਤਾ ਰੱਦ ਕੀਤਾ ਜਾਵੇ,ਪੰਜਾਬ ਦੇ ਪਾਣੀਆਂ ਦੀ ਨਿਆਂਇਕ ਵੰਡ ਕੀਤੀ ਜਾਵੇ, ਹਰ ਖੇਤ ਨੂੰ ਨਹਿਰੀ ਪਾਣੀ ਦਿੱਤਾ ਜਾਵੇ, ਹਰ ਘਰ ਨੂੰ ਸ਼ੁੱਧ ਪੀਣ ਵਾਲਾ ਪਾਣੀ ਦਿੱਤਾ ਜਾਵੇ, ਕਿਸਾਨਾਂ ਨੂੰ ਫਸਲਾਂ ਦਾ ਘੱਟੋ ਘੱਟ ਸਮਰਥਨ ਮੁੱਲ ਸੀ 2+50 ਪ੍ਰਤੀਸ਼ਤ ਲਾਭ ਦੇ ਆਧਾਰ 'ਤੇ ਦਿੱਤਾ ਜਾਵੇ, ਤਜਵੀਜ਼ਤ ਬਿਜਲੀ ਸੋਧ ਬਿੱਲ 2025 ਅਤੇ ਤਜਵੀਜ਼ਤ ਬੀਜ ਸੋਧ ਬਿੱਲ ਵਾਪਸ ਲਿਆ ਜਾਵੇ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਸਹਿਕਾਰੀ ਸੁਸਾਇਟੀਆਂ 'ਚ ਕਰਜ਼ੇ ਦੀ ਹੱਦ ਵਧਾਈ ਜਾਵੇ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਸਮੁੱਚੇ ਕਰਜ਼ੇ ਮਾਫ਼ ਕੀਤੇ ਜਾਣ, ਪਿਛਲੇ ਸਾਲ ਹੜ੍ਹਾਂ ਕਾਰਨ ਫਸਲਾਂ ਤੇ ਮਕਾਨਾਂ ਦੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ, ਡੀਜ਼ਲ-ਪੈਟਰੋਲ ਅਤੇ ਰਸੋਈ ਗੈਸ ਦੀਆਂ ਕੀਮਤਾਂ 'ਚ ਕੀਤਾ ਵਾਧਾ ਵਾਪਸ ਲਿਆ ਜਾਵੇ, ਯੂਰੀਆ ਤੇ ਡੀ ਏ ਪੀ ਖਾਦ ਨਾਲ ਹੋਰ ਸਮੱਗਰੀ ਦੇਣ ਦੇ ਨਾਂਅ ਤੇ ਲੁੱਟ ਬੰਦ ਕੀਤੀ ਜਾਵੇ, ਵੱਧ ਰਹੀ ਮਹਿੰਗਾਈ ਨੂੰ ਸਰਕਾਰ ਠੱਲ੍ਹ ਪਾਵੇ, ਦਿੱਲੀ ਕਿਸਾਨ ਮੋਰਚੇ ਦੌਰਾਨ ਸ਼ਹੀਦਾਂ ਦੀ ਯਾਦਗਾਰ ਵਾਸਤੇ ਜ਼ਮੀਨ ਮੁਹੱਈਆ ਕਰਵਾਈ ਜਾਵੇ।ਧਰਨਾਕਾਰੀ ਸਵੇਰ ਤੋਂ ਹੀ ਗੇਟ ਤੇ ਬੈਠੇ ਹੋਏ ਸਨ ਤੇ ਉਹਨਾਂ ਨੇ ਮੰਗ ਪੱਤਰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸੁਪਰਡੈਂਟ ਹਰਨੇਕ ਕੌਰ ਰਾਹੀਂ ਭੇਜਿਆ ਗਿਆ।ਇਸ ਮੌਕੇ ਤੇ ਸਤਨਾਮ ਸਿੰਘ ਨੰਗਲ, ਬਲਵੀਰ ਸਿੰਘ ਸੰਗਤਪੁਰ, ਗੁਰਮੇਲ ਸਿੰਘ ਕਲਸੇੜਾ, ਹਰਦੇਵ ਸਿੰਘ ਐਲਗਰਾ, ਜੀਤ ਸਿੰਘ ਪੱਟੀ, ਮੇਹਰ ਕਰਤਾਰ ਰਾਏਪੁਰ, ਰਘਵੀਰ ਸਿੰਘ ਦਰਸ਼ੀ, ਭੁਪਿੰਦਰ ਸਿੰਘ ਦੜੌਲੀ, ਤਰਸੇਮ ਲਾਲ ਸੁਖਸਾਲ, ਜਰਨੈਲ ਸਿੰਘ ਸੰਧੂ, ਬਰਜਿੰਦਰ ਸਿੰਘ ਡੋਡ, ਹਰਨੇਕ ਸਿੰਘ, ਪਰਮਜੀਤ ਸਿੰਘ ਕਾਕੂ ਢੇਰ, ਕੇਵਲ ਕ੍ਰਿਸ਼ਨ ਦੁਬੇਟਾ ਸਮੇਤ ਹੋਰ ਕਿਸਾਨ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ : ਗੋਲਡੀ



**ਖਰੜ (ਹਰਨਾਮ ਸਿੰਘ ਡੱਲਾ)**- ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਵਿਸ਼ੇਸ਼ ਸਫ਼ਾਈ ਅਭਿਆਨ ਤਹਿਤ ਦੁਸਹਿਰਾ ਗਰਾਊਂਡ ਅਤੇ ਬਾਂਸਾਂ ਵਾਲੀ ਚੁੰਗੀ ਅਤੇ ਸਿਟੀ ਹਾਰਟ, ਸਾਹਮਣੇ ਮੇਨ ਸੜਕ 'ਤੇ ਖਰੜ ਸ਼ਹਿਰ ਦੀ ਨੁਹਾਰ ਬਦਲਣ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਦੇ ਮਨੋਰਥ ਨਾਲ ਇੱਕ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ ਗਿਆ। ਇਸ ਅਭਿਆਨ ਦੀ ਅਗਵਾਈ ਪਰਮਿੰਦਰ ਸਿੰਘ ਗੋਲਡੀ, ਚੇਅਰਮੈਨ, ਪੰਜਾਬ ਯੂਥ ਡਿਵੈਲਪਮੈਂਟ ਬੋਰਡ ਵੱਲੋਂ ਕੀਤੀ ਗਈ।

ਇਸ ਮੌਕੇ ਪਰਮਿੰਦਰ ਸਿੰਘ ਗੋਲਡੀ ਅਤੇ ਉਨ੍ਹਾਂ ਦੀ ਟੀਮ ਨੇ ਖੁਦ ਸਫ਼ਾਈ ਸੇਵਕਾਂ ਨਾਲ ਮਿਲ ਕੇ ਸਫ਼ਾਈ ਅਭਿਆਨ ਵਿੱਚ ਹਿੱਸਾ ਲਿਆ ਅਤੇ ਸਫ਼ਾਈ ਸੇਵਕਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਫ਼ਾਈ ਕੀਤੀ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨੂੰ ਵੀ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣਾ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਖਰੜ ਸ਼ਹਿਰ ਦੀ ਬਿਹਤਰੀ ਅਤੇ ਸੁੰਦਰਤਾ ਲਈ ਅਜਿਹੇ ਸਫ਼ਾਈ ਅਭਿਆਨ ਲਗਾਤਾਰ ਜਾਰੀ ਰੱਖੇ ਜਾਣਗੇ।ਉਨ੍ਹਾਂ ਕਿਹਾ, ਸਾਡੇ ਇਸ ਉਪਰਾਲੇ ਦੇ ਅਸਲ ਨਾਇਕ ਸਾਡੇ ਸਫ਼ਾਈ ਸੇਵਕ ਹਨ, ਜਿਨ੍ਹਾਂ ਦੀ ਦਿਨ-ਰਾਤ ਦੀ ਮਿਹਨਤ ਲਈ ਅਸੀਂ ਉਨ੍ਹਾਂ ਦੇ ਤਹਿ ਦਿਲੋਂ ਧੰਨਵਾਦੀ ਹਾਂ।

ਇਸ ਮੌਕੇ ਕਾਰਜ ਸਾਧਕ ਅਧਿਕਾਰੀ ਅਸ਼ੋਕ ਪਥਰੀਆ ਸਮੇਤ ਨਗਰ ਕੌਂਸਲ ਦਾ ਦਫ਼ਤਰੀ ਸਟਾਫ਼, ਗੁਰਸ਼ਰਨ ਸਿੰਘ (ਸੰਗਠਨ ਇੰਚਾਰਜ), ਰਾਮ ਸਰੂਪ, ਰਾਜਵੀਰ ਸਿੰਘ ਰਾਜੀ, ਜੁਝਾਰ ਸਿੰਘ (ਬਲਾਕ ਪ੍ਰਧਾਨ), ਪ੍ਰਿੰਸ ਧਾਲੀਵਾਲ, ਸਫ਼ਾਈ ਸੇਵਕ, ਪਾਰਟੀ ਆਗੂ, ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਰਹੇ।

# ਲੈਬ ਟੈਕਨੀਸ਼ੀਅਨ ਸਨਮਾਨਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਨੂੰ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ ਨੂੰ ਸੰਸਥਾ ਦੀ ਟੀਮ ਵਲੋਂ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨੂਰੜ ਵਿਖੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਬਲਜੀਤ ਸਿੰਘ ਬਿੱਲਾ ਅਜਨੋਹਾ, ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ, ਪ੍ਰੀਆ ਨੂਰੜ, ਸੰਦੀਪ ਕੌਰ ਪਾਸ਼ਟਾਂ, ਹਰਜੋਤ ਕੌਰ, ਕੁਲਵੰਤ ਕੌਰ,ਰਾਜ ਰਾਣੀ, ਸਤਨਾਮ ਕੌਰ, ਗੁਰਪ੍ਰੀਤ ਕੌਰ ਅਤੇ ਹਰਮੇਸ਼ ਲਾਲ ਆਦਿ ਹਾਜ਼ਰ ਸਨ।

# ਮੇਹਰਚੰਦ ਪੋਲੀਟੈਕਨਿਕ ਕਾਲਜ ਵਿਖੇ ਅਧਿਆਪਕ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**- ਮੇਹਰਚੰਦ ਪੋਲੀਟੈਕਨਿਕ ਕਾਲਜ ਵਿਖੇ ਅਧਿਆਪਕ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ ਅਤੇ ਇਸ ਦਿਨ ਵਿਭਾਗ ਵਿੱਚ ਵਿਦਿਆਰਥੀਆਂ ਨੇ ਅਧਿਆਪਕ ਬਣ ਕੇ ਕਲਾਸਾਂ ਲਈਆਂ ਜਿਸ ਨੂੰ ਟੀਚਰਾਂ ਨੇ ਵਿਦਿਆਰਥੀਆਂ ਨਾਲ ਬਹਿ ਕੇ ਸੁਣਿਆ ਅਤੇ ਮਾਣਿਆ। ਕਈ ਵਿਭਾਗਾਂ ਨੇ ਕੇਕ ਕੱਟਕੇ ਅਤੇ ਕੁਝ ਨੇ ਵਿਦਿਆਰਥੀ ਮੁਕਾਬਲੇ ਕਰਾ ਕੇ ਅਧਿਆਪਕ ਦਿਵਸ ਮਨਾਇਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਮੂਹ ਵਿਭਾਗਾ ਦੇ ਮੁੱਖੀਆ ਨੂੰ ਇਸ ਢੰਗ ਨਾਲ ਅਧਿਆਪਕ ਦਿਵਸ ਮਨਾਉਣ ਲਈ ਮੁਬਾਰਕਬਾਦ ਦਿੱਤੀ । ਉਹਨਾਂ ਕਿਹਾ ਕਿ ਵਿਦਿਆਰਥੀ ਜਦੋਂ ਅਧਿਆਪਕ ਬਣ ਕੇ ਵਿਚਰਦੇ ਹਨ ਤਾਂ ਉਹਨਾਂ ਵਿੱਚ ਆਤਮ ਵਿਸ਼ਵਾਸ ਦੇ ਨਾਲ-ਨਾਲ ਹੋਰ ਅਹਿਮ ਤਬਦੀਲੀਆਂ ਵੀ ਆਉਂਦੀਆਂ ਹਨ। ਉਹ ਜ਼ਿੰਮੇਵਾਰੀ ਦਾ ਅਹਿਸਾਸ ਕਰਦੇ ਹਨ। ਕਈ ਵਿਦਿਆਰਥੀਆਂ ਨੇ ਕਿਹਾ ਕਿ ਉਹ ਰਾਤ ਭਰ ਜਾਗੇ ਤਾਂ ਕਿ ਉਹ ਵਿਸ਼ੇ ਨੂੰ ਸਵੇਰੇ ਵਿਦਿਆਰਥੀਆਂ ਨੂੰ ਲੈਕਚਰ ਦੇਣਾ ਸੀ।ਇਸ ਲਈ ਪੜ੍ਹਨ ਵਿੱਚ ਲੱਗੇ ਰਹੇ। ਕਈ ਵਿਦਿਆਰਥੀਆਂ ਨੇ ਇਹ ਵੀ ਕਿਹਾ ਕਿ ਹੁਣ ਅਸੀ ਸਮਝੇ ਹਾਂ ਕਿ ਅਧਿਆਪਕ ਦਾ ਰੋਲ ਕਿੰਨਾ ਔਖਾ ਤੇ ਅਹਿਮ ਹੈ।

ਇਸ ਤਰ੍ਹਾਂ ਦੇ ਪ੍ਰੋਗ੍ਰਾਮ ਨਾਲ ਵਿਦਿਆਰਥੀ-ਅਧਿਆਪਕ ਦਾ ਰਿਸ਼ਤਾ ਮਜ਼ਬੂਤ ਹੁੰਦਾ ਹੈ।ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਉਹ ਜਲਦ ਹੀ ਵਿਦਿਆਰਥੀਆਂ ਨਾਲ ਆਪਣਾ ਨਵਾਂ ਚਰਚਿਤ ਪ੍ਰੋਗ੍ਰਾਮ ਲੰਚ ਐਂਡ ਲਰਨ ਸ਼ੁਰੂ ਕਰਨ ਜਾ ਰਹੇ ਹਨ ਤਾਂ ਕਿ ਉਹ ਉਹਨਾਂ ਦੇ ਦਿਲ ਦੀਆਂ ਗੱਲਾ ਸਮਝ ਕੇ ਮੰਥਨ ਕਰਨ ਤਾਂ ਜੋ ਉਹਨਾਂ ਲਈ ਇੱਕ ਬੇਹਤਰੀਨ ਅਤੇ ਖੁਸ਼ਨੁਮਾ ਮਾਹੌਲ ਕਾਲਜ ਵਿੱਚ ਸਿਰਜਿਆ ਜਾ ਸਕੇ।

# ਜ਼ਿਲ੍ਹਾ ਖੇਡ ਅਫ਼ਸਰ ਵੱਲੋਂ ਬਲਾਕ ਪੱਧਰੀ ਖੇਡਾਂ ਦਾ ਰਿਵਾਈਜ਼ਡ ਸ਼ਡਿਊਲ ਜਾਰੀ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਖੇਡ ਅਫ਼ਸਰ ਕੁਲਵਿੰਦਰ ਸਿੰਘ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਜ਼ਿਲ੍ਹੇ ਵਿੱਚ 'ਖੇਡਾਂ ਵਤਨ ਪੰਜਾਬ ਦੀਆਂ 2026' ਅਧੀਨ ਬਲਾਕ ਪੱਧਰੀ ਖੇਡਾਂ ਦਾ ਰਿਵਾਈਜ਼ਡ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਇਨ੍ਹਾਂ ਖੇਡਾਂ ਵਿੱਚ ਐਥਲੈਟਿਕਸ, ਖੋ-ਖੋ, ਕਬੱਡੀ (ਨੈਸ਼ਨਲ ਅਤੇ ਸਰਕਲ), ਵਾਲੀਬਾਲ (ਸ਼ੂਟਿੰਗ ਤੇ ਸਮੈਸ਼ਿੰਗ) ਅਤੇ ਫੁੱਟਬਾਲ ਦੇ ਮੁਕਾਬਲੇ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਵਰਗਾਂ ਵਿੱਚ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਬਲਾਕ ਪੱਧਰੀ ਖੇਡਾਂ ਦੀ ਸ਼ੁਰੂਆਤ ਕਪੂਰਥਲਾ ਬਲਾਕ ਤੋਂ 7 ਸਤੰਬਰ ਤੋਂ ਹੋ ਚੁੱਕੀ ਹੈ, ਜਿਸ ਤਹਿਤ 7 ਸਤੰਬਰ ਨੂੰ ਲੜਕਿਆਂ ਤੇ 8 ਸਤੰਬਰ ਨੂੰ ਲੜਕੀਆਂ ਦੇ ਮੁਕਾਬਲੇ ਗੁਰੂ ਨਾਨਕ ਸਟੇਡੀਅਮ ਕਪੂਰਥਲਾ ਵਿਖੇ ਕਰਵਾਏ ਜਾਣਗੇ। ਇਸੇ ਤਰ੍ਹਾਂ ਫਗਵਾੜਾ ਬਲਾਕ ਵਿੱਚ 9 ਸਤੰਬਰ (ਲੜਕੇ) ਅਤੇ 10 ਸਤੰਬਰ (ਲੜਕੀਆਂ) ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ ਅਤੇ ਪਿੰਡ ਮੇਹਟਾਂ ਮੁੱਖ ਮੈਦਾਨੀ ਖੇਡ ਗਰਾਊਂਡ ਵਿਖੇ ਮੁਕਾਬਲੇ ਹੋਣਗੇ।

ਉਨ੍ਹਾਂ ਅੱਗੇ ਦੱਸਿਆ ਕਿ ਸੁਲਤਾਨਪੁਰ ਲੋਧੀ ਬਲਾਕ ਦੇ ਮੁਕਾਬਲੇ 11 ਸਤੰਬਰ (ਲੜਕੇ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਡਵਿੰਡੀ ਵਿਖੇ ਕਬੱਡੀ, ਵਾਲੀਬਾਲ ਤੇ ਖੋ-ਖੋ ਅਤੇ 12 ਸਤੰਬਰ (ਲੜਕੀਆਂ) ਦੇ ਅਥਲੈਟਿਕਸ ਤੇ ਫੁੱਟਬਾਲ ਦੇ ਮੁਕਾਬਲੇ ਮਾਤਾ ਦਲਜੀਤ ਕੌਰ ਖੇਡ ਸਟੇਡੀਅਮ ਮੈਰੀਪੁਰ ਵਿਖੇ ਹੋਣਗੇ। ਇਸ ਤੋਂ ਇਲਾਵਾ ਨਡਾਲਾ ਬਲਾਕ ਦੇ ਖੇਡ ਮੁਕਾਬਲੇ 14 ਸਤੰਬਰ (ਲੜਕੇ) ਅਤੇ 15 ਸਤੰਬਰ (ਲੜਕੀਆਂ) ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੱਸਣ ਵਿਖੇ ਅਤੇ ਢਿਲਵਾਂ ਬਲਾਕ ਦੇ ਮੁਕਾਬਲੇ ਇਨ੍ਹਾਂ ਹੀ ਮਿਤੀਆਂ (14 ਅਤੇ 15 ਸਤੰਬਰ) ਦੌਰਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢਿਲਵਾਂ ਵਿਖੇ ਕਰਵਾਏ ਜਾਣਗੇ।

# ਨਗਰ ਕੌਂਸਲ ਦੀ ਦੁਕਾਨ 'ਤੇ ਨਾਜਾਇਜ਼ ਕਬਜ਼ੇ ਦੀ ਕੋਸ਼ਿਸ਼

**ਸ਼ਰਾਰਤੀ ਅਨਸਰਾਂ ਨੇ ਤੋੜਿਆ ਸ਼ਟਰ ਤੇ ਲੈਂਟਰ**



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਲੇਬਰ ਚੌਂਕ ਨੇੜੇ ਨਗਰ ਕੌਂਸਲ ਦੀ ਮਾਲਕੀ ਵਾਲੀ ਸਰਕਾਰੀ ਦੁਕਾਨ 'ਤੇ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸ਼ਰੇਆਮ ਨਜਾਇਜ਼ ਕਬਜ਼ਾ ਕਰਨ ਦੀ ਕੋਸ਼ਿਸ਼ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਇਸ ਸੰਬੰਧੀ ਇਲਾਕਾ ਨਿਵਾਸੀਆਂ ਵੱਲੋਂ ਨਗਰ ਕੌਂਸਲ ਪ੍ਰਸ਼ਾਸਨ ਨੂੰ ਲਿਖਤੀ ਇਤਲਾਹ ਪੱਤਰ ਭੇਜ ਕੇ ਤੁਰੰਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਲੇਬਰ ਚੌਂਕ ਦੇ ਨਾਲ ਲੱਗਦੀਆਂ ਨਗਰ ਕੌਂਸਲ ਦੀਆਂ ਦੁਕਾਨਾਂ ਵਿੱਚੋਂ ਦੁਕਾਨ ਨੰਬਰ 26, ਜਿਸ ਦੇ ਖੱਬੇ ਪਾਸੇ 'ਆਜ਼ਾਦ ਆਟੋ', ਸੱਜੇ ਪਾਸੇ 'ਸਤੀਸ਼ ਟਾਇਰ ਵਰਕਸ', ਸਾਹਮਣੇ ਅੰਬਾਲਾ-ਚੰਡੀਗੜ੍ਹ ਮੁੱਖ ਹਾਈਵੇਅ ਅਤੇ ਪਿਛਲੇ ਪਾਸੇ ਜਨਤਕ ਪਾਰਕ ਸਥਿਤ ਹੈ, 'ਤੇ ਕੁਝ ਅਣਪਛਾਤੇ ਸ਼ਰਾਰਤੀ ਅਨਸਰਾਂ ਵੱਲੋਂ ਜ਼ਬਰਦਸਤੀ ਕਬਜ਼ਾ ਕੀਤਾ ਜਾ ਰਿਹਾ ਹੈ। ਪ੍ਰਾਪਤ ਸ਼ਿਕਾਇਤ ਅਨੁਸਾਰ ਇਹ ਸ਼ਰਾਰਤੀ ਅਨਸਰ ਦੁਕਾਨ ਦੇ ਸ਼ਟਰ ਦਾ ਤਾਲਾ ਤੋੜ ਕੇ ਅੰਦਰ ਦਾਖਲ ਹੋਏ ਅਤੇ ਦੁਕਾਨ ਦਾ ਲੈਂਟਰ ਵੀ ਤੋੜ ਰਹੇ ਹਨ, ਤਾਂ ਜੋ ਇਸ 'ਤੇ ਆਪਣਾ ਹੱਕ ਜਤਾਇਆ ਜਾ ਸਕੇ। ਸਥਾਨਕ ਵਸਨੀਕਾਂ ਨੇ ਦੱਸਿਆ ਕਿ ਇਹ ਸੰਪੱਤੀ ਪੂਰੀ ਤਰ੍ਹਾਂ ਨਗਰ ਕੌਂਸਲ ਦੀ ਮਾਲਕੀ ਹੈ, ਪਰ ਸ਼ਰਾਰਤੀ ਅਨਸਰ ਕਾਨੂੰਨ ਦੀਆਂ ਧੱਜੀਆਂ ਉਡਾਉਂਦੇ ਹੋਏ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾ ਰਹੇ ਹਨ। ਘਟਨਾ ਦੀ ਗੰਭੀਰਤਾ ਨੂੰ ਵੇਖਦੇ ਹੋਏ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਨਜਾਇਜ਼ ਕਬਜ਼ੇ ਨੂੰ ਤੁਰੰਤ ਰੋਕਿਆ ਜਾਵੇ ਅਤੇ ਦੋਸ਼ੀਆਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਇਸ ਦੇ ਨਾਲ ਹੀ ਇਲਾਕਾ ਵਾਸੀਆਂ ਨੇ ਮੰਗ ਕੀਤੀ ਹੈ ਕਿ ਇਸ ਦੁਕਾਨ 'ਤੇ ਨਗਰ ਕੌਂਸਲ ਦੀ ਮਾਲਕੀ ਦਾ ਸਰਕਾਰੀ ਬੋਰਡ ਤੁਰੰਤ ਲਗਾਇਆ ਜਾਵੇ, ਤਾਂ ਜੋ ਭਵਿੱਖ ਵਿੱਚ ਵੀ ਕੋਈ ਸ਼ਰਾਰਤੀ ਅਨਸਰ ਇਸ ਜਾਇਦਾਦ 'ਤੇ ਕਬਜ਼ਾ ਕਰਨ ਦੀ ਜੁਰਅਤ ਨਾ ਕਰ ਸਕੇ।

# 150 ਪਰਵਾਰ 'ਆਪ' 'ਚ ਸ਼ਾਮਲ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਆਮ ਆਦਮੀ ਪਾਰਟੀ ਦਾ ਕਾਫਲਾ ਦਿਨੋ-ਦਿਨ ਵੱਧ ਰਿਹਾ ਹੈ।ਹਲਕਾ ਨਕੋਦਰ ਵਾਸੀ ਲਗਾਤਾਰ ਦੂਸਰੀਆਂ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ ਜਿਸ ਦੀ ਮਿਸਾਲ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਦਿੱਤਿਆ ਆਖਿਆ ਕਿ ਨਕੋਦਰ ਦੇ ਸ਼ਹੀਦ ਊਧਮ ਸਿੰਘ ਨਗਰ ਵਿਖੇ 150 ਪਰਵਾਰ 'ਆਪ' ਵਿੱਚ ਸ਼ਾਮਲ ਹੋਏ ਹਨ। ਬੀਬੀ ਮਾਨ ਨੇ ਕਿਹਾ ਅਜੇ ਨਕੋਦਰ ਦੇ ਹੋਰ ਬਹੁਤ ਸਾਰੇ ਲੋਕ ਸਾਡੇ ਸੰਪਰਕ ਵਿੱਚ ਹਨ ਜਿਹਨਾਂ ਨੂੰ ਅਸੀਂ ਆਮ ਆਦਮੀ ਪਾਰਟੀ ਦਾ ਹਿੱਸਾ ਜਲਦ ਬਣਾਉਣ ਜਾ ਰਹੇ ਹਾਂ।

ਬੀਬੀ ਮਾਨ ਨੇ ਕਿਹਾ ਸਾਬੀ ਮਹੇੜੂ ਦੇ ਯਤਨਾ ਸਦਕਾ 150 ਪਰਵਾਰ ਸ਼ਾਮਲ ਹੋਏ ਜਿਹਨਾਂ ਵਿੱਚ ਲੱਕੀ ਧਾਰੀਵਾਲ, ਵਿਜੇ ਕੁਮਾਰ, ਕੁਲਵਿੰਦਰ ਸਿੰਘ, ਮੰਗਲ ਦਾਸ, ਅਮਰਜੀਤ ਸਿੰਘ, ਬਲਵੀਰ, ਮਨਜਿੰਦਰ ਸਿੰਘ, ਜਸਪਾਲ, ਗੁਰਪ੍ਰੀਤ, ਸਾਜਨ, ਗੌਰਵ, ਰਾਮ, ਰੂਪ ਲਾਲ, ਸਾਹਿਲ ਸਿੱਧੂ, ਕੇਵਲ, ਆਨੰਦ, ਸੋਨੀ, ਪਵਨ ਕੁਮਾਰ, ਸੁਮਨਜੀਤ ਕੁਮਾਰ, ਮਹਿਲਾਵਾਂ 'ਚ ਸੰਤੋਸ਼, ਰੀਆ, ਕਮਲਜੀਤ, ਪੂਜਾ, ਪ੍ਰਵੀਨ, ਸੁਖਵਿੰਦਰ ਕੌਰ, ਮੀਨਾ, ਕਿਰਨ, ਸਰਬਜੀਤ, ਸਰੀਤਾ, ਜੋਤੀ, ਲਛਮੀ, ਮਿੰਦੋ, ਊਸ਼ਾ, ਸਤਨਾਮ ਪਿੰਦਰ ਬਿੰਨੀ ਮਮਤਾ ਰਾਜ ਰਾਣੀ ਬਿਮਲਾ ਸੁਖਵਿੰਦਰ, ਪਿੰਦਰ, ਵਿੰਨੀ, ਮਮਤਾ, ਰਜਨੀ, ਬਿਮਲਾ, ਸੁਖਵਿੰਦਰ, ਦੀਪਾ, ਰਾਣੀ, ਕੁਲਵਿੰਦਰ, ਕਮਲ, ਮਾਹੀ, ਅਮਨਦੀਪ ਕੌਰ, ਰਾਜ ਕੌਰ, ਸੁਰਿੰਦਰ ਕੌਰ ਆਦਿ ਹਾਜ਼ਰ ਸਨ ਜਿਹਨਾਂ ਦਾ ਜੋਰਦਾਰ ਸਵਾਗਤ ਕਰਦਿਆਂ ਵਿਧਾਇਕਾ ਬੀਬੀ ਮਾਨ ਨੇ ਜੀ ਆਇਆ ਆਖਿਆ ਤੇ ਇਹ ਵਿਸ਼ਵਾਸ ਦਿਵਾਇਆ ਕਿ ਪਾਰਟੀ ਅੰਦਰ ਹਰੇਕ ਨੂੰ ਪੂਰਾ ਮਾਣ ਸਤਿਕਾਰ ਮਿਲੇਗਾ। ਇਸ ਸਮੇਂ ਨਕੋਦਰ ਸ਼ਹਿਰ ਦੀ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਹਾਜ਼ਰ ਸੀ।

# 'ਖੇਡਾਂ ਵਤਨ ਪੰਜਾਬ ਦੀਆਂ-2026' ਦੇ ਬਲਾਕ ਪੱਧਰੀ ਮੁਕਾਬਲਿਆਂ ਦਾ ਆਗਾਜ਼



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਦੇ ਖੇਡ ਵਿਭਾਗ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026, ਸੀਜ਼ਨ-4' ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਹੋਈ। ਪਹਿਲੇ ਦਿਨ ਖਿਡਾਰੀਆਂ ਨੇ ਐਥਲੈਟਿਕਸ, ਖੋ-ਖੋ, ਕਬੱਡੀ (ਸਰਕਲ ਸਟਾਈਲ), ਕਬੱਡੀ (ਨੈਸ਼ਨਲ ਸਟਾਈਲ), ਵਾਲੀਬਾਲ (ਸ਼ੂਟਿੰਗ ਅਤੇ ਸਮੈਸ਼ਿੰਗ) ਅਤੇ ਫੁੱਟਬਾਲ ਸਮੇਤ ਵੱਖ-ਵੱਖ ਖੇਡਾਂ ਵਿੱਚ ਪੂਰੇ ਉਤਸ਼ਾਹ ਨਾਲ ਭਾਗ ਲਿਆ।ਜ਼ਿਲ੍ਹਾ ਖੇਡ ਅਫ਼ਸਰ ਹੁਸ਼ਿਆਰਪੁਰ ਸੁਰਜੀਤ ਸਿੰਘ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 9 ਸਤੰਬਰ ਤੱਕ ਕਰਵਾਏ ਜਾ ਰਹੇ ਹਨ। ਪਹਿਲੇ ਦਿਨ ਜ਼ਿਲ੍ਹੇ ਵਿੱਚ ਕਰੀਬ 1500 ਖਿਡਾਰੀਆਂ ਨੇ ਭਾਗ ਲਿਆ, ਜੋ ਕਿ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਵੱਧ ਰਹੇ ਉਤਸ਼ਾਹ ਨੂੰ ਦਰਸਾਉਂਦਾ ਹੈ।ਬਲਾਕ ਹੁਸ਼ਿਆਰਪੁਰ-2 ਦੇ ਪਿੰਡ ਬੋਹਣ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਖੇਡ ਮੁਕਾਬਲਿਆਂ ਦਾ ਉਦਘਾਟਨ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇੱਥੇ ਅੰਡਰ-21 ਐਥਲੈਟਿਕਸ ਦੀ 100 ਮੀਟਰ ਦੌੜ ਵਿੱਚ ਗੋਪੀ ਨੇ ਪਹਿਲਾ, ਜਸਕਰਨ ਸਿੰਘ ਨੇ ਦੂਜਾ ਅਤੇ ਹਰਮਨਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ।ਬਲਾਕ ਗੜ੍ਹਸ਼ੰਕਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਖੇਡ ਮੁਕਾਬਲਿਆਂ ਦਾ ਉਦਘਾਟਨ ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ ਤੇ ਓਐਸਡੀ ਚਰਨਜੀਤ ਸਿੰਘ ਚੰਨੀ ਨੇ ਕੀਤਾ। ਇਸ ਮੌਕੇ ਐਸ ਡੀ ਐਮ ਗੜ੍ਹਸ਼ੰਕਰ ਸੰਜੀਵ ਕੁਮਾਰ ਵੀ ਮੌਜੂਦ ਰਹੇ। ਅੰਡਰ-17 ਲੜਕਿਆਂ ਦੀ 100 ਮੀਟਰ ਦੌੜ ਵਿੱਚ ਰੋਹਿਤ ਸ਼ਰਮਾ ਨੇ ਪਹਿਲਾ, ਹਰਜਾਪ ਸਿੰਘ ਨੇ ਦੂਜਾ ਅਤੇ ਤੁਸ਼ਾਰ ਚੌਧਰੀ ਨੇ ਤੀਜਾ ਸਥਾਨ ਹਾਸਲ ਕੀਤਾ।ਬਲਾਕ ਟਾਂਡਾ ਦੇ ਗਿਆਨੀ ਕਰਤਾਰ ਸਿੰਘ ਮੈਮੋਰੀਅਲ ਕਾਲਜ ਵਿੱਚ ਵਿਧਾਇਕ ਟਾਂਡਾ ਜਸਬੀਰ ਸਿੰਘ ਰਾਜਾ ਨੇ ਖੇਡਾਂ ਦਾ ਉਦਘਾਟਨ ਕੀਤਾ। ਅੰਡਰ-14 ਲੜਕੀਆਂ ਦੀ 600 ਮੀਟਰ ਦੌੜ ਵਿੱਚ ਦੀਪਿਕਾ ਨੇ ਪਹਿਲਾ, ਮਾਨਵੀ ਸੈਣੀ ਨੇ ਦੂਜਾ ਅਤੇ ਮਨਰੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਬਲਾਕ ਮੁਕੇਰੀਆਂ ਦੇ ਕੈਂਪ ਗਰਾਊਂਡ ਵਿੱਚ ਹਲਕਾ ਇੰਚਾਰਜ ਮੁਕੇਰੀਆਂ ਸਰਬਜੀਤ ਸਿੰਘ ਸਾਬੀ ਨੇ ਖੇਡ ਮੁਕਾਬਲਿਆਂ ਦਾ ਉਦਘਾਟਨ ਕੀਤਾ। ਅੰਡਰ-21 ਤੋਂ 30 ਸਾਲ ਉਮਰ ਵਰਗ ਦੇ ਲੜਕਿਆਂ ਦੀ 800 ਮੀਟਰ ਦੌੜ ਵਿੱਚ ਸਾਹਿਲਪ੍ਰੀਤ ਸਿੰਘ ਨੇ ਪਹਿਲਾ, ਰਾਹੁਲ ਸਿੰਘ ਨੇ ਦੂਜਾ ਅਤੇ ਮਨਹਰਦੀਪ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਵਾਲੀਬਾਲ ਅੰਡਰ-17 ਲੜਕਿਆਂ ਦੇ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰਸੇ ਕਲੋਤਾ ਦੀ ਟੀਮ ਨੇ ਪਹਿਲਾ, ਹਰਦੋ ਖੁੰਦਪੁਰ ਨੇ ਦੂਜਾ ਅਤੇ ਹਰਸੇ ਮਾਨਸਰ ਕਲੱਬ ਨੇ ਤੀਜਾ ਸਥਾਨ ਹਾਸਲ ਕੀਤਾ।

# ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਸੰਬੰਧਤ ਮਾਮਲਿਆਂ ਦੀ ਸਮੀਖਿਆ

**ਸਹਾਇਕ ਕਮਿਸ਼ਨਰ ਵੱਲੋਂ ਵਿਭਾਗਾਂ ਨੂੰ ਸਮਾਂਬੱਧ ਕਾਰਵਾਈ ਦੇ ਨਿਰਦੇਸ਼**



**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਰਣਜੀਤ ਪਾਲ ਸਿੰਘ ਵੱਲੋਂ ਜ਼ਿਲ੍ਹੇ ਦੇ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਸਬੰਧਤ ਵੱਖ-ਵੱਖ ਮਾਮਲਿਆਂ ਦੀ ਸਮੀਖਿਆ ਕਰਨ ਲਈ ਸਬੰਧਤ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਹਾਇਕ ਕਮਿਸ਼ਨਰ (ਜਨਰਲ) ਡਾ. ਅੰਕਿਤਾ ਕਾਂਸਲ ਨੇ ਵਿਭਾਗਵਾਰ ਜਾਣਕਾਰੀ ਹਾਸਲ ਕੀਤੀ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੰਬੰਧਤ ਮਾਮਲਿਆਂ 'ਤੇ ਨਿਰਧਾਰਤ ਨਿਯਮਾਂ ਅਤੇ ਸਮਾਂ-ਸੀਮਾ ਅਨੁਸਾਰ ਤਰਜੀਹ ਦੇ ਆਧਾਰ 'ਤੇ ਲੋੜੀਂਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਨੇ ਬੇਲੋੜੀ ਦੇਰੀ ਤੋਂ ਬਚਣ ਲਈ ਵਿਭਾਗਾਂ ਦਰਮਿਆਨ ਪ੍ਰਭਾਵਸ਼ਾਲੀ ਤਾਲਮੇਲ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ।ਡਾ. ਅੰਕਿਤਾ ਕਾਂਸਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਪਾਰਕ ਭਾਈਚਾਰੇ ਲਈ ਸੁਖਾਵਾਂ ਮਾਹੌਲ ਯਕੀਨੀ ਬਣਾਉਣ ਅਤੇ ਵਪਾਰੀਆਂ ਤੇ ਸਰਕਾਰੀ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਸਥਾਪਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਅਧਿਕਾਰੀਆਂ ਨੂੰ ਆਪਣੇ-ਆਪਣੇ ਅਧਿਕਾਰ ਖੇਤਰ ਨਾਲ ਸਬੰਧਤ ਮਾਮਲਿਆਂ 'ਤੇ ਸੰਵੇਦਨਸ਼ੀਲ ਅਤੇ ਤੁਰੰਤ ਪਹੁੰਚ ਅਪਣਾਉਣ ਲਈ ਕਿਹਾ।ਇਸ ਮੌਕੇ ਚੇਅਰਮੈਨ ਸ੍ਰੀ ਰਣਜੀਤ ਪਾਲ ਸਿੰਘ ਅਤੇ ਟਰੇਡਰਜ਼ ਕਮਿਸ਼ਨ ਦੇ ਹੋਰ ਨੁਮਾਇੰਦਿਆਂ ਵੱਲੋਂ ਵਪਾਰਕ ਭਾਈਚਾਰੇ ਨਾਲ ਸਬੰਧਤ ਵੱਖ-ਵੱਖ ਮੁੱਦੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੇ ਗਏ। ਸਬੰਧਤ ਅਧਿਕਾਰੀਆਂ ਨੇ ਵੱਖ-ਵੱਖ ਮਾਮਲਿਆਂ ਵਿੱਚ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦਿੱਤੀ ਅਤੇ ਜਿੱਥੇ ਲੋੜ ਸੀ, ਉੱਥੇ ਪ੍ਰਕਿਰਿਆ ਸਬੰਧੀ ਜਾਣਕਾਰੀ ਵੀ ਸਾਂਝੀ ਕੀਤੀ।ਮੀਟਿੰਗ ਵਿੱਚ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਦੇ ਵਾਈਸ ਚੇਅਰਮੈਨ ਤਰਲੋਚਨ ਸਿੰਘ ਬੈਦਵਾਨ, ਮੋਹਾਲੀ ਹਲਕੇ ਦੇ ਚੇਅਰਮੈਨ ਅਕਵਿੰਦਰ ਸਿੰਘ ਗੋਸਲ, ਖਰੜ ਤੋਂ ਯਸ਼ਪਾਲ ਬਾਂਸਲ, ਤੋਂ ਇਲਾਵਾ ਜੁਆਇੰਟ ਡਿਪਟੀ ਡਾਇਰੈਕਟਰ, ਲੋਕਲ ਬਾਡੀਜ਼ ਵਰਿੰਦਰ ਜੈਨ, ਸਹਾਇਕ ਕਮਿਸ਼ਨਰ, ਨਗਰ ਨਿਗਮ ਮੋਹਾਲੀ ਮਨਪ੍ਰੀਤ ਸਿੰਘ, ਕਾਰਜਕਾਰੀ ਇੰਜੀਨੀਅਰ, ਪੀ ਐਸ ਪੀ ਸੀ ਐਲ ਸ਼ਵਿੰਦਰ ਸਿੰਘ ਅਤੇ ਹੋਰ ਅਧਿਕਾਰੀ ਤੇ ਨੁਮਾਇੰਦੇ ਹਾਜ਼ਰ ਸਨ।ਸਹਾਇਕ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਟਰੇਡਰਜ਼ ਕਮਿਸ਼ਨ ਨਾਲ ਨਿਰੰਤਰ ਤਾਲਮੇਲ ਬਣਾਈ ਰੱਖਣ ਅਤੇ ਵਿਭਾਗੀ ਕਾਰਵਾਈ ਦੀ ਸਮੇਂ ਸਿਰ ਪੈਰਵੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।



# ਸਕੱਤਰੇਤ ਦੇ ਮੁਲਾਜ਼ਮ ਆਗੂ ਸੁਸ਼ੀਲ ਕੁਮਾਰ ਫੌਜੀ ਦਾ ਤਬਾਦਲਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਚਰਚਿਤ ਮੁਲਾਜ਼ਮ ਆਗੂ ਸੁਸ਼ੀਲ ਕੁਮਾਰ ਫੌਜੀ ਨੂੰ ਮੋਹਾਲੀ ਵਿਖੇ ਅਧੀਨ ਸੇਵਾਵਾਂ ਚੋਣ ਬੋਰਡ ਦੇ ਦਫਤਰ ਵਿਖੇ ਬਤੌਰ ਸੀਨੀਅਰ ਸਹਾਇਤ ਬਦਲ ਦਿੱਤਾ ਗਿਆ ਹੈ। ਯਾਦ ਰਹੇ ਕਿ ਇਸ ਤੋਂ ਪਹਿਲਾਂ ਸਾਂਝਾਂ ਮੁਲਾਜ਼ਮ ਮੰਚ ਦੇ ਆਗੂ ਸੁਖਚੈਨ ਸਿੰਘ ਖਹਿਰਾ ਨੂੰ ਸਕੱਤਰੇਤ ਤੋਂ ਬਾਹਰ ਸੈਕਟਰ 33 ਦੇ ਵਿੱਤ ਭਵਨ ਵਿਖੇ ਯੋਜਨਾ ਸ਼ਾਖਾ ਵਿੱਚ ਬਦਲ ਦਿੱਤਾ ਗਿਆ ਸੀ।

ਮੁਲਾਜ਼ਮ ਆਗੂਆਂ ਦੀਆਂ ਸਕੱਤਰੇਤ ਤੋਂ ਬਾਹਰ ਕੀਤੀਆਂ ਇਨ੍ਹਾਂ ਬਦਲੀਆਂ ਨੂੰ ਮੁਲਾਜ਼ਮ ਸੰਘਰਸ਼ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ, ਜਿਸ ਨਾਲ ਮੁਲਾਜ਼ਮ ਜਥੇਬੰਦੀਆਂ ਅਤੇ ਸਰਕਾਰ ਦਰਮਿਆਨ ਟਕਰਾਓ ਦਿਨ-ਬ-ਦਿਨ ਉਗਰ ਹੁੰਦਾ ਜਾ ਰਿਹਾ ਦਿਖਾਈ ਦਿੰਦਾ ਹੈ। ਸਕੱਤਰ, ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਜਾਰੀ ਕੀਤੇ ਗਏ ਤਾਜ਼ਾ ਹੁਕਮਾਂ ਵਿੱਚ ਪ੍ਰਬੰਧਕੀ ਜ਼ਰੂਰਤਾਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਿਵਲ ਸਕੱਤਰੇਤ ਵਿੱਚ ਕੰਮ ਕਰ ਰਹੇ ਸੀਨੀਅਰ ਸਹਾਇਕ ਸੁਮਿਤ ਬਾਂਸਲ ਨੂੰ ਸੈਰ ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ, ਦਵਿੰਦਰ ਸਿੰਘ ਨੂੰ ਅਦਾਲਤੀ-2 ਸ਼ਾਖਾ, ਸੰਜੀਵ ਲਤਾ ਸਿੰਗਲਾ ਨੂੰ ਲੇਖਾ-1 ਸ਼ਾਖਾ ਅਤੇ ਸੁਸ਼ੀਲ ਕੁਮਾਰ ਨੂੰ ਅਧੀਨ ਸੇਵਾਵਾਂ ਚੋਣ ਬੋਰਡ ਵਿਖੇ ਤਾਇਨਾਤ ਕੀਤਾ ਗਿਆ ਹੈ।

# ਸਕੂਲ ਬੱਸਾਂ ਦੀ ਅਚਨਚੇਤ ਚੈਕਿੰਗ

**ਨਿਯਮਾਂ ਦੀ ਉਲੰਘਣਾ ਕਰਨ 'ਤੇ 3 ਬੱਸਾਂ ਦੇ ਚਲਾਨ**



**ਕਪੂਰਥਲਾ (ਮਨਜੀਤ ਮਾਨ)** ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਅਤੇ 'ਸੇਫ ਸਕੂਲ ਵਾਹਨ ਪਾਲਿਸੀ' ਤਹਿਤ ਰੀਜਨਲ ਟਰਾਂਸਪੋਰਟ ਅਫਸਰ ਹਰਕਰਮ ਸਿੰਘ ਰੰਧਾਵਾ ਦੀ ਅਗਵਾਈ ਹੇਠ ਟਰਾਂਸਪੋਰਟ ਵਿਭਾਗ ਦੀ ਟੀਮ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਸਕੂਲੀ ਬੱਸਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਅਭਿਆਨ ਦੌਰਾਨ ਬੱਸਾਂ ਦੇ ਦਸਤਾਵੇਜ਼, ਫਿਟਨੈੱਸ ਅਤੇ ਸੁਰੱਖਿਆ ਦੇ ਮਾਪਦੰਡਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।

ਆਰ ਟੀ ਓ ਹਰਕਰਮ ਸਿੰਘ ਨੇ ਦੱਸਿਆ ਕਿ ਚੈਕਿੰਗ ਦੌਰਾਨ ਸੈਕਰਡ ਹਾਰਟ ਸਕੂਲ ਦੀਆਂ ਬੱਸਾਂ ਦੀ ਜਾਂਚ ਕਰਨ 'ਤੇ ਨਿਯਮਾਂ ਦੀਆਂ ਗੰਭੀਰ ਉਲੰਘਣਾਵਾਂ ਸਾਹਮਣੇ ਆਈਆਂ। ਬੱਸਾਂ ਵਿੱਚ ਨਿਰਧਾਰਤ ਸਮਰੱਥਾ ਤੋਂ ਵੱਧ ਬੱਚੇ ਬਿਠਾਏ ਗਏ ਸਨ ਅਤੇ 2 ਬੱਸਾਂ ਬਿਨਾਂ ਕਿਸੇ ਵੈਧ ਕਾਗਜ਼ਾਤ ਦੇ ਹੀ ਸੜਕ 'ਤੇ ਚੱਲ ਰਹੀਆਂ ਸਨ। ਇਨ੍ਹਾਂ ਅਣਗਹਿਲੀਆਂ 'ਤੇ ਤੁਰੰਤ ਕਾਰਵਾਈ ਕਰਦਿਆਂ ਮੌਕੇ 'ਤੇ ਹੀ ਸੈਕਰਡ ਹਾਰਟ ਸਕੂਲ ਦੀਆਂ 3 ਬੱਸਾਂ ਦੇ ਚਲਾਨ ਕੱਟੇ ਗਏ।

ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਕੀਮਤ 'ਤੇ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਵੀ ਅਜਿਹੀ ਚੈਕਿੰਗ ਜਾਰੀ ਰਹੇਗੀ। ਉਨ੍ਹਾਂ ਸਮੂਹ ਸਕੂਲ ਪ੍ਰਬੰਧਕਾਂ ਅਤੇ ਬੱਸ ਚਾਲਕਾਂ ਨੂੰ ਚੇਤਾਵਨੀ ਦਿੱਤੀ ਕਿ ਵਾਹਨਾਂ ਦੇ ਕਾਗਜ਼ਾਤ ਪੂਰੇ ਰੱਖੇ ਜਾਣ ਅਤੇ ਬੱਸਾਂ ਵਿੱਚ ਓਵਰਲੋਡਿੰਗ ਨਾ ਕੀਤੀ ਜਾਵੇ, ਨਹੀਂ ਤਾਂ ਉਲੰਘਣਾ ਕਰਨ ਵਾਲਿਆਂ ਵਿਰੁੱਧ ਹੋਰ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਪਾਸ਼-ਹੰਸਰਾਜ ਯਾਦਗਾਰੀ ਕੰਪਲੈਕਸ 'ਚ ਮਜ਼ਦੂਰ, ਕਿਸਾਨ ਕਾਰਕੁਨ ਪਹੁੰਚੇ

**ਸ਼ਾਹਕੋਟ (ਗਿਆਨ ਸੈਦਪੁਰੀ)** ਅਵਤਾਰ ਪਾਸ਼ ਦੇ 76 ਵੇਂ ਜਨਮ ਦਿਹਾੜਾ ਸਮਾਗਮ ਦੀਆਂ ਤਿਆਰੀਆਂ ਲਈ ਇਥੇ ਸੈਂਕੜੇ ਵਲੰਟੀਅਰ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਵਿੱਚ ਜੁੜੇ ਹੋਏ ਹਨ।ਆਮ ਆਦਮੀ ਪਾਰਟੀ ਨਾਲ ਸੰਬੰਧਿਤ ਪਿੰਡ ਦੇ ਸਰਪੰਚ ਤੇ ਉਸ ਦੀ ਹਮਾਇਤੀਆਂ ਵੱਲੋਂ ਹਮਲੇ ਦਾ ਖਤਰਾ ਬਰਕਰਾਰ ਹੈ। ਕਿਸਾਨ ਆਗੂ ਝੰਡਾ ਸਿੰਘ ਜੇਠੂਕੇ ਅਤੇ

**• ਸਰਪੰਚ ਤੇ ਉਸ ਦੇ ਹਮਾਇਤੀਆਂ ਵੱਲੋਂ ਗਾਲੀ ਗਲੋਚ ਤੇ ਹਮਲਾ ਕਰਨ ਦੀ ਕੋਸ਼ਿਸ਼**

ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਲਛਮਣ ਸਿੰਘ ਸੇਵੇਵਾਲਾ ਤੇ ਹਰਮੇਸ਼ ਮਾਲੜੀ ਨੇ ਕਿਹਾ ਹੈ ਕਿ ਤਿਆਰੀਆਂ ਦੇ ਕੰਮ ਵਿੱਚ ਵਿਘਨ ਪਾਉਣ ਅਤੇ ਇੱਥੇ ਜੁੜੇ ਕਿਸਾਨ ਮਜ਼ਦੂਰ ਕਾਰਕੁਨਾਂ 'ਤੇ ਕਿਸੇ ਵੀ ਤਰ੍ਹਾਂ ਦੇ ਹਮਲੇ ਦੀ ਜਿੰਮੇਵਾਰੀ ਪੁਲਸ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਵੇਗੀ। ਅੱਜ ਸਵੇਰੇ ਪਾਸ਼ ਹੰਸ ਰਾਜ ਯਾਦਗਾਰੀ ਕੰਪਲੈਕਸ ਤਲਵੰਡੀ ਸਲੇਮ ਵਿਖੇ ਜਦੋਂ ਇਕੱਠੇ ਹੋ ਰਹੇ ਸਨ ਤਾਂ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਨੇ ਆਪਣੇ ਸਾਥੀਆਂ ਸਮੇਤ ਆਉਂਦਿਆਂ ਹੀ ਗਾਲੀ ਗਲੋਚ ਅਤੇ ਆਪਣੇ ਹਮਾਇਤੀਆਂ ਹਮਲਾ ਕਰਨ ਕੋਸ਼ਿਸ਼ ਕੀਤੀ ਅਤੇ ਮਜ਼ਦੂਰ ਆਗੂ ਹਰਮੇਸ਼ ਮਾਲੜੀ ਨੂੰ ਗੰਦੀਆਂ ਗਾਲਾਂ ਕੱਢਦਿਆਂ ਜਾਤੀ ਸੂਚਕ ਸ਼ਬਦ ਬੋਲੇ ਗਏ ਅਤੇ ਲੱਤਾਂ ਤੋੜਨ ਦੀ ਧਮਕੀ ਦਿੱਤੀ ਗਈ, ਪੁਲਸ ਦੀ ਹਾਜ਼ਰੀ ਵਿੱਚ ਵੀ ਸਰਪੰਚ ਦੇ ਹਮਾਇਤੀ ਲਗਾਤਾਰ ਗਾਲੀ ਗਲੋਚ ਕਰਦੇ ਹੋਏ ਧਮਕੀਆਂ ਦਿੰਦੇ ਰਹੇ ਪਰ ਪੁਲਸ ਉਹਨਾਂ ਦੇ ਬਚਾਅ 'ਚ ਮੂਕ ਦਰਸ਼ਕ ਬਣੀ ਰਹੀ। ਕਿਸਾਨ ਮਜ਼ਦੂਰ ਆਗੂਆਂ ਤੇ ਕਾਰਕੁੰਨਾਂ ਵੱਲੋਂ ਧੜੱਲੇ ਨਾਲ ਡਟ ਜਾਣ ਮਗਰੋਂ ਹੀ ਸਰਪੰਚ ਤੇ ਉਸ ਦੇ ਹਮਾਇਤੀ ਅਨਸਰਾਂ ਨੂੰ ਪਿੱਛੇ ਹਟਣਾ ਪਿਆ। ਆਗੂਆਂ ਨੇ ਪੰਜਾਬ ਦੇ ਸਭਨਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ 9 ਸਤੰਬਰ ਨੂੰ ਜਨਮ ਦਿਹਾੜਾ ਸਮਾਗਮ ਲਈ ਤਲਵੰਡੀ ਸਲੇਮ ਵਿਖੇ ਹਜ਼ਾਰਾਂ ਦੀ ਗਿਣਤੀ ਚ ਹੁੰਮ ਹੁਮਾ ਕੇ ਪਹੁੰਚਣ। ਆਗੂਆਂ ਨੇ ਮੰਗ ਕੀਤੀ ਕਿ ਇਸ ਗਲਤ ਵਿਹਾਰ ਖਿਲਾਫ ਸਰਪੰਚ ਅਤੇ ਉਸਦੇ ਹਮਾਇਤੀ ਅਨਸਰਾਂ ਖਿਲਾਫ ਬਣਦੀਆਂ ਧਰਾਵਾਂ ਤਹਿਤ ਕੇਸ ਦਰਜ ਕਰਕੇ ਸਖਤ ਕਾਰਵਾਈ ਕੀਤੀ ਜਾਵੇ। ਜ਼ਿਕਰਯੋਗ ਹੈ ਕਿ 9 ਸਤੰਬਰ ਨੂੰ ਅਵਤਾਰ ਪਾਸ਼ ਦੇ 76 ਵੇਂ ਜਨਮ ਦਿਹਾੜੇ ਮੌਕੇ ਤਲਵੰਡੀ ਸਲੇਮ ਵਿਖੇ ਪੰਜਾਬ ਪੱਧਰ ਦਾ ਸਮਾਗਮ ਹੋ ਰਿਹਾ ਹੈ।ਜ਼ਿਕਰਯੋਗ ਹੈ ਕਿ ਸਰਪੰਚ ਅਤੇ ਉਸਦੇ ਹਮਾਇਤੀਆਂ ਵਲੋਂ ਪਹਿਲਾਂ ਯਾਦਗਾਰ ਦੇ ਤਾਲੇ ਤੋੜ ਕੇ ਕੰਪਲੈਕਸ ਅੰਦਰ ਜਿੰਮ ਵਾਲੀਆਂ ਮਸ਼ੀਨਾਂ ਲਗਾ ਦਿੱਤੀਆਂ ਗਈਆਂ ਸਨ, ਤੇ ਹੁਣ ਲਗਾਤਾਰ ਝੂਠੇ ਦਾਅਵਿਆਂ ਰਾਹੀਂ ਕੰਪਲੈਕਸ 'ਤੇ ਮੁਕੰਮਲ ਕਬਜ਼ੇ ਦਾ ਦਾਅਵਾ ਜਤਾਇਆ ਹੈ, ਪਰ ਸ਼ਹੀਦਾਂ ਦੇ ਵਾਰਸਾਂ ਵਲੋਂ ਸਰਪੰਚ ਅਤੇ ਉਸ ਦੇ ਹਮਾਇਤੀਆਂ ਦੀ ਇਸ ਬਦਨੀਅਤ ਨੂੰ ਬੂਰ ਨਹੀਂ ਪੈਣ ਦਿੱਤਾ ਗਿਆ। ਸੈਂਕੜਿਆਂ ਦੀ ਗਿਣਤੀ ਵਿੱਚ ਵਲੰਟੀਅਰ ਕੰਪਲੈਕਸ ਅੰਦਰ ਜੁੜ ਗਏ ਹਨ ਤੇ ਸਮਾਗਮ ਲਈ ਪੰਡਾਲ ਲਗਾਉਣ ਦੀਆਂ ਤਿਆਰੀਆਂ ਵਿਢ ਦਿੱਤੀਆਂ ਹਨ। ਕਿਸਾਨ ਆਗੂ ਝੰਡਾ ਸਿੰਘ ਜੇਠੂਕੇ ਅਤੇ ਮਜ਼ਦੂਰ ਆਗੂ ਲਛਮਣ ਸਿੰਘ ਸੇਵੇਵਾਲਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸਮਾਗਮ ਦੀਆਂ ਤਿਆਰੀਆਂ ਲਈ ਉਹਨਾਂ ਦੇ ਕਾਰਕੁਨ ਸਾਥੀ ਆਪਣਾ ਕੰਮ ਕਰ ਰਹੇ ਹਨ ਪਰ ਸਰਪੰਚ ਅਤੇ ਉਸ ਦੇ ਹਮਾਇਤੀ ਵਲੋਂ ਉਹਨਾਂ 'ਤੇ ਹਮਲੇ ਦਾ ਖ਼ਤਰਾ ਹੈ, ਅਜਿਹੀ ਹਾਲਤ ਵਿੱਚ ਟਕਰਾਅ ਦੀ ਕੋਈ ਵੀ ਘਟਨਾ ਵਾਪਰਨ ਦੀ ਜਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਪੁੱਜੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਉਕਤ ਘਟਨਾ ਦੀ ਜ਼ੋਰਦਾਰ ਨਿੰਦਾ ਕੀਤੀ। ਹੋਰਨਾਂ ਤੋਂ ਇਲਾਵਾ ਇਸ ਪਾਸ਼ ਹੰਸ ਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਕਨਵੀਨਰ ਮੋਹਨ ਸਿੰਘ ਬੱਲ, ਕਮੇਟੀ ਮੈਂਬਰ, ਹਰਪਾਲ ਬਿੱਟੂ, ਸਤਨਾਮ ਉੱਗੀ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਆਗੂ ਸੁਖਵਿੰਦਰ ਬਾਗਪੁਰ, ਸਾਬਕਾ ਮੁਲਾਜ਼ਮ ਆਗੂ ਹਿੰਮਤ ਸਿੰਘ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਔਰਤ ਵਿੰਗ ਦੇ ਆਗੂ ਹਰਿੰਦਰ ਕੌਰ ਬਿੰਦੂ ਸਮੇਂਤ ਸਾਥੀ ਮੌਜੂਦ ਸਨ।



# ਮਾਤਾ ਕਰਤਾਰ ਕੌਰ ਰਾਮਗੜ੍ਹੀਆ ਦੀ ਬਰਸੀ 'ਤੇ ਪੌਦੇ ਲਗਾਏ



**ਬੰਗਾ (ਅਵਤਾਰ ਕਲੇਰ)**- ਪਿੰਡ ਹੀਉਂ ਵਿਖੇ ਮਾਤਾ ਕਰਤਾਰ ਕੌਰ ਰਾਮਗੜ੍ਹੀਆ ਪਤਨੀ ਸਵ: ਨਾਇਕ ਪ੍ਰਕਾਸ਼ ਸਿੰਘ ਰਾਮਗੜ੍ਹੀਆ ਸੈਨਿਕ ਦੂਸਰਾ ਸੰਸਾਰ ਯੁੱਧ (1939-45) ਦੀ 20ਵੀਂ ਸਾਲਾਨਾ ਬਰਸੀ ਫਲੋਰਾ ਪਰਵਾਰ ਵੱਲੋਂ ਬੜੀ ਸ਼ਰਧਾ ਨਾਲ ਮਨਾਈ ਗਈ। ਅੰਮ੍ਰਿਤ ਵੇਲੇ ਪਰਵਾਰ ਵੱਲੋਂ ਸ੍ਰੀ ਸੁਖਮਨੀ ਸਾਹਿਬ ਦਾ ਜਾਪ ਆਪ ਕੀਤਾ ਗਿਆ। ਗੁਰਦੁਆਰਾ ਸਾਹਿਬ ਜਾ ਕੇ ਦੇਗ ਭੇਟ ਕੀਤੀ ਗਈ ਤੇ ਰੁਮਾਲਾ ਅਰਪਣ ਕੀਤਾ ਗਿਆ। ਮਾਤਾ ਜੀ ਦੀ ਯਾਦ ਵਿੱਚ ਫਲਦਾਰ, ਫੁੱਲਦਾਰ, ਅਸ਼ੁਧੀ ਵਰਧਕ ਅਤੇ ਛਾਂਦਾਰ ਬੂਟੇ ਲਗਾਏ ਗਏ। ਆਂਗੜਵਾੜੀ ਸੈਂਟਰ ਵਾਸਤੇ ਰਸੋਈ ਉਸਾਰੀ ਲਈ 5000/-ਰੁਪਏ ਦਾ ਯੋਗਦਾਨ ਪਾਇਆ ਗਿਆ। ਮਾਤਾ ਜੀ ਦੇ ਵੱਡੇ ਪੁੱਤਰ ਸੇਵਾਮੁਕਤ ਲੈਕਚਰਾਰ ਤਰਲੋਕ ਸਿੰਘ ਫਲੋਰਾ ਨੇ ਦੱਸਿਆ ਕਿ ਸਾਡੇ ਪਿਤਾ ਜੀ ਸਾਡੀ ਛੋਟੀ ਉਮਰ ਵਿੱਚ ਹੀ ਸਵਰਗਵਾਸ ਹੋ ਗਏ ਸਨ। ਮਾਤਾ ਜੀ ਨੇ ਹੀ ਮਿਹਨਤ ਕਰਕੇ ਸਾਡੇ ਚਾਰ ਭੈਣਾਂ-ਭਰਾਵਾਂ ਦੀ ਪਾਲਣਾ ਕੀਤੀ ਅਤੇ ਉੱਚ ਵਿੱਦਿਆ ਦੁਆਈ। ਅੱਜ ਮਾਤਾ ਜੀ ਦੀ ਫੁੱਲਵਾੜੀ ਖਿੜੀ ਹੋਈ ਹੈ ਤੇ ਮਾਤਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀ ਹੈ। ਮਾਤਾ ਜੀ ਕਰਤਾਰ ਕੌਰ ਰਾਮਗੜ੍ਹੀਆ ਧਾਰਮਿਕ ਬਿਰਤੀ ਦੇ ਮਾਲਕ ਸਨ। ਅੰਮ੍ਰਿਤਧਾਰੀ ਮਾਤਾ ਨੇ ਆਪਣੇ ਜੀਵਨ ਵਿੱਚ ਪੰਜ ਤਖਤ ਸਾਹਿਬਾਨ ਦੇ ਦਰਸ਼ਨ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਕੀਤੇ ਸਨ। ਉਹ 6 ਸਤੰਬਰ 2005 ਨੂੰ ਸ਼ਾਮ ਨੂੰ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਪ੍ਰਸਾਰਿਤ ਹੋ ਰਹੇ ਸ੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਦੀ ਸਮਾਪਤੀ ਤੋਂ ਉਪਰੰਤ ਆਪਣੇ ਛੋਟੇ ਬੇਟੇ ਸੁਰਿੰਦਰ ਸਿੰਘ ਫਲੋਰਾ ਦੇ ਗ੍ਰਹਿ ਵਿਖੇ ਦਿੱਲੀ ਵਿੱਚ ਗੁਰ ਚਰਨਾਂ ਵਿੱਚ ਜਾ ਵਿਰਾਜੇ ਸਨ।

# ਰੂਪੋਵਾਲ ਦੇ ਸਾਲਾਨਾ ਛਿੰਝ ਮੇਲੇ ਦੀਆਂ ਤਿਆਰੀਆ ਮੁਕੰਮਲ



**ਗੁਰਾਇਆ (ਬਿੰਦਰ ਸੁਮਨ)**- ਡੇਰਾ ਦੁੱਧਾਧਰੀ ਬਾਬਾ ਬਸਾਊ ਨੂੰ ਸਮਰਪਿਤ ਪਿੰਡ ਰੂਪੋਵਾਲ ਵਿਖੇ 166ਵਾਂ ਸਾਲਾਨਾ ਛਿੰਝ ਮੇਲਾ 19 ਅਤੇ 20 ਸਤੰਬਰ ਨੂੰ ਕਰਵਾਉਣ ਸਬੰਧੀ ਪ੍ਰਬੰਧਕ ਕਮੇਟੀ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਪ੍ਰਧਾਨ ਗੁਰਦੀਪ ਸਿੰਘ ਢੇਸੀ ਦੀ ਅਗਵਾਈ ਹੇਠ ਡੇਰੇ ਵਿਖੇ ਕੀਤੀ ਗਈ। ਇਸ ਮੌਕੇ ਮੇਲੇ ਦੀਆਂ ਤਿਆਰੀਆਂ, ਪ੍ਰਬੰਧਾਂ ਅਤੇ ਵੱਖ-ਵੱਖ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪ੍ਰਬੰਧਕਾਂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਛਿੰਝ ਮੇਲਾ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਇਆ ਜਾਵੇਗਾ। ਪ੍ਰਬੰਧਕ ਕਮੇਟੀ ਵੱਲੋਂ ਮੇਲੇ ਵਿੱਚ ਆਉਣ ਵਾਲੀਆਂ ਸੰਗਤਾਂ ਅਤੇ ਦਰਸ਼ਕਾਂ ਦੇ ਬੈਠਨ ਲਈ, ਪੀਣ ਵਾਲੇ ਪਾਣੀ, ਟ੍ਰੈਫਿਕ, ਸੁਰੱਖਿਆ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਸਬੰਧੀ ਵੀ ਵਿਚਾਰ ਕੀਤਾ ਗਿਆ। ਇਸ ਤੋਂ ਇਲਾਵਾ ਮੇਲੇ ਦੌਰਾਨ ਹੋਣ ਵਾਲੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮਾਂ ਸਬੰਧੀ ਵੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। 15 ਸਤੰਬਰ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਵੀ ਆਰੰਭ ਹੋਣਗੇ। 17 ਸਤੰਬਰ ਨੂੰ ਸ੍ਰੀ ਆਖੰਡ ਪਾਠ ਦੇ ਭੋਗ ਪਾਏ ਜਾਣਗੇ, ਇਸੇ ਦਿਨ ਦੂਜੀ ਲੜੀ ਸ੍ਰੀ ਅਖੰਡ ਪਾਠ ਸਾਹਿਬ ਹੋਣਗੇ, 19 ਸ੍ਰੀ ਅਖੰਡ ਪਾਠ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਦੌਰਾਨ ਢਾਡੀ ਜਥਾ ਜਸਵਿੰਦਰ ਸਿੰਘ ਸਿੱਧੂ ਢਾਡੀ ਵਾਰਾਂ ਨਾਲ ਹਾਜ਼ਰੀ ਭਰਨਗੇ। ਸੱਭਿਆਚਾਰਕ ਪ੍ਰੋਗਰਾਮ ਦੌਰਾਨ ਨਾਮਵਾਰ ਗਾਇਕ ਹਸਨ ਮਾਣਕ ਹਾਜ਼ਰੀ ਭਰਨਗੇ। ਉਪਰੰਤ ਛਿੰਝ ਮੇਲੇ ਦੇ ਪਿੜ ਦੌਰਾਨ ਨਾਮਵਾਰ ਪਹਿਲਵਾਨਾਂ ਦੀ ਕੁਸ਼ਤੀਆਂ ਕਰਵਾਈਆਂ ਜਾਣਗੀਆਂ, ਇਸ ਮੌਕੇ ਪਟਕੇ ਦੀ ਕੁਸ਼ਤੀ ਵੀ ਕਰਵਾਈ ਜਾਵੇਗੀ। ਰਾਤ ਸਮੇਂ ਧਰਮਵੀਰ ਪ੍ਰਦੇਸ਼ੀ ਡਰਾਮਾ ਪਾਰਟੀ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। 20 ਸਤੰਸਰ ਨੂੰ ਦੁਪਿਹਰ ਬਾਦ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਨਾਮਵਰ ਗਾਇਕ ਜੋੜੀ ਸੁਰਜੀਤ ਭੁੱਲਰ ਤੇ ਜੰਨਤ ਕੌਰ ਸੱਭਿਆਚਾਰਕ ਗੀਤਾਂ ਨਾਲ ਹਾਜ਼ਰੀ ਭਰਨਗੇ। ਛਿੰਝ ਮੇਲੇ ਦੌਰਾਨ ਉਤਰੀ ਭਾਰਤ ਦੇ ਨਾਮਵਰ ਪਹਿਲਵਾਨ ਪਹੁੰਚ ਰਹੇ ਹਨ, ਪਟਕੇ ਦੀ ਕੁਸ਼ਤੀ ਦਾ ਪਹਿਲਾ ਇਨਾਮ ਅਲਟੋ ਕਾਰ ਅਵਾਤਰ ਸਿੰਘ ਸਰਾਨਾ ਦੇ ਪਰਵਾਰ ਵਲੋਂ ਦਿੱਤੀ ਜਾਵੇਗੀ। ਦੂਜਾ ਇਨਾਮ 3600 ਫੋਰਡ ਟਰੈਕਟਰ ਰਵਿੰਦਰ ਸਿੰਘ ਗਰੇਵਾਲ ਵਲੋਂ ਦਿੱਤਾ ਜਾਵੇਗਾ। ਇਸ ਤੋ ਇਲਾਵਾ ਗੁਰਦੀਪ ਸਿੰਘ ਢੇਸੀ, ਕੁਲਦੀਪ ਸਿੰਘ ਢੇਸੀ ਦੇ ਪਰਵਾਰ, ਕਸ਼ਮੀਰੀ ਲਾਲ ਅਹੂਜਾ ਪਰਵਾਰ, ਗੈਬਰ ਡੱਬ ਸਿੰਘ ਦੇ ਪਰਵਾਰਾਂ ਵਲੋ ਚਾਰ ਬੁਲਟ ਮੋਟਰਸਾਈਕਲ ਇਨਾਮ ਦਿੱਤੇ ਜਾਣਗੇ। ਨਾਨਕ ਕਟਾਰੀਆਂ ਦੇ ਪਰਵਾਰ ਵਲੋਂ ਸਪਲੈਂਡਰ ਮੋਟਰਸਾਈਕਲ ਵੀ ਦਿੱਤਾ ਜਾਵੇਗਾ। ਰਾਤ ਸਮੇਂ ਸੱਭਿਆਚਰਕ ਪ੍ਰੋਗਰਾਮ ਦੌਰਾਨ ਨਾਮਵਾਰ ਗਾਇਕ ਸੱਬਾ ਆਪਣਾ ਪ੍ਰੋਗਰਾਮ ਪੇਸ਼ ਕਰਨਗੇ।

ਇਸ ਮੌਕੇ ਸਰਪੰਚ ਪਰਮਜੀਤ ਕੌਰ ਢੇਸੀ, ਪ੍ਰਧਾਨ ਗੁਰਦੀਪ ਸਿੰਘ ਢੇਸੀ, ਕੈਸ਼ੀਅਰ ਤਲਜੀਤ ਸਿੰਘ ਢੇਸੀ, ਮਨਵੀਰ ਸਿੰਘ ਭੋਗਲ, ਜਨਰਲ ਸਕੱਤਰ ਸੰਦੀਪ ਵਿਰਦੀ, ਬਲਵਿੰਦਰ ਸਿੰਘ ਭੋਗਲ, ਸਟੇਜ ਸਕੱਤਰ ਜਗਦੀਸ਼ ਮਹਿਮੀ, ਜਸਵਿੰਦਰ ਸਿੰਘ ਢੇਸੀ, ਕੁਲਵਿੰਦਰ ਸਿੰਘ ਗਰੇਵਾਲ, ਸੋਮ ਪਾਲ ਮਹਿਮੀ, ਭਾਗ ਰਾਮ, ਲੇਖ ਰਾਜ, ਜਸਵੰਤ ਸਿੰਘ ਢੇਸੀ, ਇਕਬਾਲ ਸਿੰਘ ਸਰਾਨਾ, ਪਰਮਿੰਦਰ ਰਾਮ, ਹਰਮੇਲ ਸਿੰਘ, ਸੁਖਦੇਵ ਕੁਮਾਰ, ਹਰਵਿੰਦਰ ਸਿੰਘ ਸਰਾਨਾ, ਕੁਲਵਿੰਦਰ ਸਿੰਘ ਸਰਾਨਾ, ਹਰਜੀਤ ਸਿੰਘ, ਸੁਰਿੰਦਰ ਸਿੰਘ ਮਹਿਮੀ, ਬਲਦੇਵ ਸਿੰਘ, ਤਾਰਾ ਸਿੰਘ, ਦਰਸ਼ਨ ਸਿੰਘ, ਸਰਬਜੀਤ ਸਿੰਘ, ਨਿਰਮਲ ਦਾਸ, ਸੰਤੋਖ ਸਿੰਘ, ਨਰਿੰਦਰ ਕੌਰ ਪੰਚ, ਨਛੱਤਰ ਕੌਰ ਪੰਚ, ਬਲਿਹਾਰ ਰਾਮ, ਤਰਲੋਚਨ ਸਿੰਘ ਆਦਿ ਹਾਜ਼ਰ ਸਨ।

# ਅਧਿਆਪਕ ਦਿਵਸ 'ਤੇ ਤਿੰਨ ਅਧਿਆਪਕ 'ਨੇਸ਼ਨ ਬਿਲਡਰ ਐਵਾਰਡ' ਨਾਲ ਸਨਮਾਨਤ



**ਹੁਸ਼ਿਆਰਪੁਰ (ਓ ਪੀ ਰਾਣਾ)**- ਅਧਿਆਪਕ ਦਿਵਸ ਦੇ ਉਪਲੱਖ ਵਿੱਚ ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵੱਲੋਂ ਐਤਵਾਰ ਨੂੰ ਇੱਕ ਸਥਾਨਕ ਹੋਟਲ ਵਿੱਚ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾ ਰਹੇ ਜ਼ਿਲ੍ਹੇ ਦੇ ਤਿੰਨ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਨੂੰ 'ਨੇਸ਼ਨ ਬਿਲਡਰ ਐਵਾਰਡ' ਨਾਲ ਸਨਮਾਨਤ ਕੀਤਾ ਗਿਆ। ਸਨਮਾਨਤ ਹੋਣ ਵਾਲੇ ਅਧਿਆਪਕਾਂ ਵਿੱਚ ਜਤਿੰਦਰ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਸੀ ਕਲਾਂ, ਸਤੀਸ਼ ਕੁਮਾਰ ਸ਼ਰਮਾ, ਸਰਕਾਰੀ ਪ੍ਰਾਇਮਰੀ ਸਕੂਲ ਪੰਜਢੇਰ ਕਲਾਂ ਅਤੇ ਵੰਦਨਾ ਹੀਰ, ਸਰਕਾਰੀ ਪ੍ਰਾਇਮਰੀ ਸਕੂਲ ਚਡਿਆਲ ਸ਼ਾਮਲ ਸਨ।

ਸਮਾਗਮ ਦੀ ਸ਼ੁਰੂਆਤ ਰੋਟੇਰੀਅਨ ਰਜਨੀਸ਼ ਗੁਲਿਆਨੀ ਵੱਲੋਂ ਅਧਿਆਪਕ ਦਿਵਸ ਦੀ ਮਹੱਤਤਾ ਅਤੇ ਰਾਸ਼ਟਰ ਨਿਰਮਾਣ ਵਿੱਚ ਅਧਿਆਪਕਾਂ ਦੀ ਭੂਮਿਕਾ ਬਾਰੇ ਵਿਚਾਰ ਸਾਂਝੇ ਕਰਕੇ ਕੀਤੀ ਗਈ। ਉਨ੍ਹਾਂ ਕਿਹਾ ਕਿ ਇੱਕ ਅਧਿਆਪਕ ਹੀ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿੰਦਾ ਹੈ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਸਮਾਜ ਨੂੰ ਅੱਗੇ ਵਧਾਉਣ ਵਿੱਚ ਅਧਿਆਪਕਾਂ ਦਾ ਯੋਗਦਾਨ ਬੇਮਿਸਾਲ ਹੈ, ਜਿਸ ਕਾਰਨ ਅਜਿਹੇ ਸਮਰਪਿਤ ਅਧਿਆਪਕਾਂ ਦਾ ਸਨਮਾਨ ਕਰਨਾ ਮਾਣ ਵਾਲੀ ਗੱਲ ਹੈ।

ਕਲੱਬ ਦੇ ਪ੍ਰਧਾਨ ਰਾਕੇਸ਼ ਕਪੂਰ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਸਨਮਾਨਤ ਕੀਤੇ ਗਏ ਤਿੰਨੇ ਅਧਿਆਪਕ ਸਿੱਖਿਆ ਦੀ ਗੁਣਵੱਤਾ ਵਧਾਉਣ ਦੇ ਨਾਲ-ਨਾਲ ਆਪਣੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਵਿੱਚ ਵੀ ਅਹਿਮ ਯੋਗਦਾਨ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਜਤਿੰਦਰ ਸਿੰਘ ਪੰਜਾਬ ਸਰਕਾਰ ਵੱਲੋਂ ਸਿੰਗਾਪੁਰ ਵਿੱਚ ਵਿਸ਼ੇਸ਼ ਸਿਖਲਾਈ ਪ੍ਰਾਪਤ ਕਰ ਚੁੱਕੇ ਹਨ ਅਤੇ ਸੈਕੰਡਰੀ ਸਕੂਲਾਂ ਵਿੱਚ ਸਮਾਰਟ ਕਲਾਸਰੂਮਾਂ ਦੇ ਵਿਕਾਸ ਅਤੇ ਆਧੁਨਿਕ ਤਕਨਾਲੋਜੀ ਅਧਾਰਿਤ ਸਿੱਖਿਆ ਨੂੰ ਪ੍ਰਫੁੱਲਤ ਕਰਨ ਵਿੱਚ ਵਿਸ਼ੇਸ਼ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਤੀਸ਼ ਕੁਮਾਰ ਸ਼ਰਮਾ ਅਤੇ ਵੰਦਨਾ ਹੀਰ ਫਿਨਲੈਂਡ ਵਿੱਚ ਵਿਸ਼ੇਸ਼ ਅੰਤਰਰਾਸ਼ਟਰੀ ਸਿਖਲਾਈ ਪ੍ਰਾਪਤ ਕਰ ਚੁੱਕੇ ਹਨ। ਸਤੀਸ਼ ਕੁਮਾਰ ਸ਼ਰਮਾ ਐਲੀਮੈਂਟਰੀ ਸਕੂਲਾਂ ਵਿੱਚ ਸਮਾਰਟ ਕਲਾਸਰੂਮ ਸਥਾਪਿਤ ਕਰਨ ਅਤੇ ਨਵੀਨਤਾਕਾਰੀ ਸਿੱਖਣ ਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਜਾਣੇ ਜਾਂਦੇ ਹਨ। ਇਸੇ ਤਰ੍ਹਾਂ ਵੰਦਨਾ ਹੀਰ ਵੱਲੋਂ ਲਗਾਈਆਂ ਜਾ ਰਹੀਆਂ ਵਿਸ਼ੇਸ਼ ਕਲਾਸਾਂ ਸਦਕਾ ਸੈਂਕੜੇ ਵਿਦਿਆਰਥੀਆਂ ਨੇ ਨਵੋਦਯਾ ਵਿਦਿਆਲਿਆਂ ਵਿੱਚ ਦਾਖਲਾ ਪ੍ਰਾਪਤ ਕੀਤਾ ਹੈ, ਜੋ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਦਾ ਪ੍ਰਮਾਣ ਹੈ। ਇਸ ਮੌਕੇ ਤਿੰਨਾਂ ਅਧਿਆਪਕਾਂ ਨੂੰ ਦੋਸ਼ਾਲਾ ਓੜ੍ਹਾ ਕੇ ਅਤੇ ਯਾਦਗਾਰੀ ਚਿੰਨ੍ਹ (ਮੋਮੈਂਟੋ) ਭੇਟ ਕਰਕੇ ਸਨਮਾਨਤ ਕੀਤਾ ਗਿਆ।

ਸਮਾਗਮ ਦਾ ਸੰਚਾਲਨ ਕਲੱਬ ਦੇ ਸਕੱਤਰ ਇੰਦਰਪਾਲ ਸਚਦੇਵਾ ਨੇ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ। ਇਸ ਮੌਕੇ ਮਨੋਜ ਓਹਰੀ, ਜਗਮੀਤ ਸਿੰਘ ਸੇਠੀ, ਡੀ ਪੀ ਕਥੂਰੀਆ, ਐਲ.ਐਨ. ਵਰਮਾ, ਅਮਰਜੀਤ ਸਿੰਘ ਅਨੇਜਾ, ਬਿੰਦਰ ਸਿੰਘ, ਜਤਿੰਦਰ ਕੁਮਾਰ, ਪਰਵੀਨ ਪਾਲਿਆਲ, ਜਤਿੰਦਰ ਦੁੱਗਲ, ਪਰਵੀਨ ਪੱਬੀ, ਸੰਜੀਵ ਓਹਰੀ, ਰਮੇਸ਼ ਕੁਮਾਰ ਚੱਢਾ, ਤਜਿੰਦਰ ਓਹਰੀ, ਅਸ਼ੋਕ ਸ਼ਰਮਾ, ਅਵਤਾਰ ਸਿੰਘ, ਜਸਵੰਤ ਸਿੰਘ ਭੋਗਲ, ਕੁਲਜੀਤ ਸਿੰਘ, ਰਜਨੀਸ਼ ਗੁਲਿਆਨੀ , ਵਿਕਰਮ ਸ਼ਰਮਾ, ਜੋਗਿੰਦਰ ਸਿੰਘ ਸਮੇਤ ਕਲੱਬ ਦੇ ਹੋਰ ਮੈਂਬਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।